ਸੋਮਵਾਰ, 5 ਅਕਤੂਬਰ, 2026
19 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 125

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 5 OCTOBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਏ ਸੀ ਪੀ 'ਤੇ ਪੱਤਰਕਾਰ ਦੀਆਂ ਛਾਤੀਆਂ ਨੂੰ ਹੱਥ ਪਾਉਣ ਦਾ ਦੋਸ਼

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਜੰਤਰ-ਮੰਤਰ 'ਤੇ 3 ਅਕਤੂਬਰ ਨੂੰ ਹੋਏ ਵਿਰੋਧ ਪ੍ਰਦਰਸ਼ਨ ਦੌਰਾਨ ਤਿੰਨ ਮਹਿਲਾ ਪੱਤਰਕਾਰਾਂ ਵੱਲੋਂ ਡਿਊਟੀ 'ਤੇ ਤੈਨਾਤ ਪੁਲਸ ਅਧਿਕਾਰੀ ਏ ਸੀ ਪੀ ਵਿਵੇਕ ਭਗਤ 'ਤੇ ਜਿਨਸੀ ਸ਼ੋਸ਼ਣ ਦੇ ਗੰਭੀਰ ਦੋਸ਼ ਲਗਾਏ ਗਏ ਹਨ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਅਤੇ ਨਿਰਪੱਖ ਜਾਂਚ ਯਕੀਨੀ ਬਣਾਉਣ ਲਈ ਨਵੀਂ ਦਿੱਲੀ ਜ਼ਿਲ੍ਹਾ ਪੁਲਸ ਨੇ ਇਹ ਸ਼ਿਕਾਇਤਾਂ ਦਿੱਲੀ ਪੁਲਸ ਦੀ ਕਰਾਈਮ ਬਰਾਂਚ (ਅਪਰਾਧ ਸ਼ਾਖਾ) ਨੂੰ ਤਬਦੀਲ ਕਰ ਦਿੱਤੀਆਂ ਹਨ। ਦਿਲਚਸਪ ਗੱਲ ਹੈ ਕਿ ਮਾਮਲਾ ਠੰਢਾ ਕਰਨ ਲਈ ਭਗਤ ਦਾ ਤਬਾਦਲਾ ਵੀ ਕਰਾਈਮ ਬਰਾਂਚ ਕਰ ਦਿੱਤਾ ਗਿਆ ਹੈ। ਇੱਕ ਮਹਿਲਾ ਪੱਤਰਕਾਰ ਨੇ ਏ ਸੀ ਪੀ 'ਤੇ ਛਾਤੀਆਂ ਨੂੰ ਹੱਥ ਪਾਉਣ ਦਾ ਦੋਸ਼ ਲਾਇਆ ਹੈ।

ਇੱਕ ਸੀਨੀਅਰ ਪੁਲਸ ਅਧਿਕਾਰੀ ਨੇ ਐਤਵਾਰ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਮਨ-ਕਾਨੂੰਨ ਦੀ ਸਥਿਤੀ ਬਣਾਏ ਰੱਖਣ ਲਈ ਤਾਇਨਾਤ ਪੁਲੀਸ ਵਾਲਿਆਂ ਖ਼ਿਲਾਫ਼ ਮਹਿਲਾ ਪੱਤਰਕਾਰਾਂ ਵੱਲੋਂ ਸ਼ਿਕਾਇਤਾਂ ਦਰਜ ਕਰਵਾਈਆਂ ਗਈਆਂ ਸਨ। ਪਾਰਦਰਸ਼ੀ ਜਾਂਚ

### ਜਿੱਥੇ ਸ਼ਿਕਾਇਤਾਂ ਭੇਜੀਆਂ, ਉੱਥੇ ਹੀ ਤਬਾਦਲਾ



ਲਈ ਇਹ ਮਾਮਲਾ ਕਰਾਈਮ ਬਰਾਂਚ ਨੂੰ ਸੌਂਪਿਆ ਗਿਆ ਹੈ, ਜੋ ਇਨ੍ਹਾਂ ਦੋਸ਼ਾਂ ਦੀ ਡੂੰਘਾਈ ਨਾਲ ਜਾਂਚ ਕਰੇਗੀ ਅਤੇ ਸ਼ਿਕਾਇਤਕਰਤਾ ਮਹਿਲਾ ਪੱਤਰਕਾਰਾਂ ਸਮੇਤ ਸੰਬੰਧਤ ਵਿਅਕਤੀਆਂ ਦੇ ਬਿਆਨ ਕਲਮਬੱਧ ਕਰੇਗੀ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾ ਸੋਸ਼ਲ ਮੀਡੀਆ 'ਤੇ ਲਿਖਿਆ ਕਿ ਜੰਤਰ-ਮੰਤਰ 'ਤੇ ਮਹਿਲਾ ਪੱਤਰਕਾਰ ਨੇ ਪੁਲਸ ਅਧਿਕਾਰੀ 'ਤੇ ਬਦਸਲੂਕੀ ਦੇ ਦੋਸ਼ ਲਾਏ ਹਨ ਅਤੇ ਸੈਂਕੜੇ ਪੱਤਰਕਾਰ ਘੰਟਿਆਂ ਤੋਂ ਸਿਰਫ਼ ਐੱਫ ਆਈ ਆਰ ਦਰਜ ਕਰਨ ਦੀ ਮੰਗ ਨੂੰ ਲੈ ਕੇ ਧਰਨੇ 'ਤੇ ਬੈਠੇ ਹਨ, ਪਰ ਪੁਲਸ ਆਪਣੀ ਮੁਢਲੀ ਜ਼ਿੰਮੇਵਾਰੀ ਤੋਂ • ਬਾਕੀ ਸਫਾ 2 'ਤੇ

### ਏ ਸੀ ਪੀ ਨੂੰ ਮੁਅੱਤਲ ਕਰਕੇ ਨਿਰਪੱਖ ਜਾਂਚ ਕਰਾਓ : ਜੰਮੂ

**ਬੰਗਾ (ਅਵਤਾਰ ਕਲੇਰ)**-ਇੰਡੀਅਨ ਜਰਨਲਿਸਟਸ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ, ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਸੂਬਾ ਪ੍ਰਧਾਨ ਜੈ ਸਿੰਘ ਛਿੱਬਰ, ਸਕੱਤਰ ਜਨਰਲ ਸੰਤੋਖ ਗਿੱਲ, ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਨੂਰਪੁਰ ਅਤੇ ਜ਼ਿਲ੍ਹਾ ਜਨਰਲ ਸਕੱਤਰ ਡਾ. ਨਵਕਾਂਤ ਭਰੋਮਜਾਰਾ ਨੇ ਜੰਤਰ-ਮੰਤਰ ਅੰਦੋਲਨ ਸਮੇਂ ਸ਼ਨੀਵਾਰ ਨੂੰ ਮਹਿਲਾ ਪੱਤਰਕਾਰ ਨਾਲ ਏ ਸੀ ਪੀ ਵਿਵੇਕ ਭਗਤ ਵੱਲੋਂ ਕੀਤੀ ਗਈ ਕਥਿਤ ਜਿਨਸੀ ਛੇੜਛਾੜ ਦੀ ਘਟਨਾ ਦੀ ਜ਼ੋਰਦਾਰ ਨਿੰਦਾ ਕੀਤੀ ਹੈ। ਉਨ੍ਹਾ ਕਿਹਾ ਕਿ ਡਿਊਟੀ ਨਿਭਾ ਰਹੀ ਮਹਿਲਾ ਪੱਤਰਕਾਰ ਨਾਲ ਅਜਿਹਾ ਵਿਹਾਰ ਬੇਹੱਦ ਗੰਭੀਰ ਮਾਮਲਾ ਹੈ ਅਤੇ ਇਸ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ • ਬਾਕੀ ਸਫਾ 2 'ਤੇ

## ਬੱਬਰ ਅਕਾਲੀ ਲਹਿਰ ਦੀਆਂ ਸ਼ਹਾਦਤਾਂ ਨੂੰ ਸਮਰਪਤ ਹੋਏਗਾ 'ਮੇਲਾ ਗ਼ਦਰੀ ਬਾਬਿਆਂ ਦਾ'



**ਜਲੰਧਰ (ਕੇਸਰ)**-ਸਾਡੇ ਮੁਲਕ ਦੇ ਆਜ਼ਾਦੀ ਸੰਗਰਾਮ ਦੇ ਇਤਿਹਾਸ ਅੰਦਰ ਮਾਣਮੱਤਾ ਸਥਾਨ ਰੱਖਦੀ ਬੱਬਰ ਅਕਾਲੀ ਲਹਿਰ ਦੀ ਸ਼ਹਾਦਤ ਸ਼ਤਾਬਦੀ ਨੂੰ ਸਮਰਪਤ ਮੇਲਾ ਗ਼ਦਰੀ ਬਾਬਿਆਂ ਦਾ ਮੁਲਕ ਅੰਦਰ ਭਖੇ ਸਵਾਲਾਂ ਨੂੰ ਮੁਖ਼ਾਤਬ ਹੋਵੇਗਾ।30 ਅਕਤੂਬਰ ਸ਼ਾਮ 4 ਵਜੇ ਤੋਂ ਸ਼ੁਰੂ ਹੋਣ ਵਾਲਾ ਮੇਲਾ ਇਕ ਨਵੰਬਰ ਨੂੰ ਸਿਖਰਾਂ ਛੋਹੇਗਾ।30 ਅਕਤੂਬਰ ਸ਼ਾਮ ਪੁਸਤਕ ਪ੍ਰਦਰਸ਼ਨੀ ਵਾਲੇ ਪੰਡਾਲ 'ਚ ਇਤਿਹਾਸ, ਸਾਹਿਤ, ਪੁਸਤਕਾਂ ਅਤੇ ਵਿਗਿਆਨਕ ਸਿਲੇਬਸ ਦੀਆਂ ਜੜ੍ਹਾਂ ਵੱਢ ਕੇ ਆਪਣਾ ਮਨਪਸੰਦ ਭਗਵਾਂ ਇਤਿਹਾਸ ਸਾਹਿਤ ਅਤੇ ਸੱਭਿਆਚਾਰ ਲੋਕਾਂ ਉਪਰ ਮੜ੍ਹਨ ਲਈ ਬੋਲੇ ਜਾ ਰਹੇ ਹੱਲੇ ਤੋਂ ਚੇਤਨ ਕਰਨ ਲਈ ਪੈਨਲ ਵਿਚਾਰ-ਚਰਚਾ ਹੋਏਗੀ।

ਇਸ ਮੌਕੇ ਮੇਲੇ ਅਤੇ ਦੇਸ ਭਗਤ ਯਾਦਗਾਰ ਹਾਲ ਨਾਲ਼ ਜੁੜੇ ਉਹਨਾਂ ਸਭਨਾਂ ਸੰਗੀਆਂ-ਸਾਥੀਆਂ ਨੂੰ 'ਉਹਨਾਂ ਮਿੱਤਰਾਂ ਦੀ ਯਾਦ ਪਿਆਰੀ' ਦਾ ਨਾਂਅ ਦਿੰਦਿਆਂ ਯਾਦ ਕੀਤਾ ਜਾਏਗਾ, ਜਿਹੜੇ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ।31 ਅਕਤੂਬਰ ਨੂੰ ਕੁਇਜ਼, ਪੇਂਟਿੰਗ ਮੁਕਾਬਲਾ, ਕਵੀ ਦਰਬਾਰ ਅਤੇ ਫਿਲਮ ਸ਼ੋਅ ਤੋਂ ਇਲਾਵਾ ਉਚੇਚੇ ਤੌਰ 'ਤੇ ਦੋ ਵਿਦਵਾਨਾਂ ਪ੍ਰਸ਼ਾਂਤ ਭੂਸ਼ਣ ਅਤੇ ਸੀਮਾ ਚਿਸ਼ਤੀ ਨੂੰ ਬੁਲਾਵਾ ਭੇਜਿਆ ਜਾ ਰਿਹਾ ਹੈ।

ਪਹਿਲੀ ਨਵੰਬਰ ਸਵੇਰੇ 10 ਵਜੇ ਗ਼ਦਰੀ ਝੰਡਾ ਲਹਿਰਾਉਣ ਦੀ ਰਸਮ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਦਰਸ਼ਨ ਖਟਕੜ ਅਦਾ ਕਰਨ ਉਪਰੰਤ ਮੇਲੇ ਨੂੰ ਸੰਬੋਧਨ ਕਰਨਗੇ।ਮੇਲੇ ਦਾ ਸੁਨੇਹਾ ਦੇਣਗੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ ਅਤੇ ਜਨਰਲ ਸਕੱਤਰ ਗੁਰਮੀਤ ਸਿੰਘ।ਉਪਰੰਤ ਕਮੇਟੀ ਦੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਦਾ ਲਿਖਿਆ ਸੰਗੀਤ ਨਾਟ ਓਪੇਰਾ ਰੂਪੀ ਝੰਡੇ ਦਾ ਗੀਤ ਹੋਏਗਾ।ਇਸ ਵਾਰ ਝੰਡੇ ਦਾ ਗੀਤ ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਦੇ ਨਿਰਦੇਸ਼ਕ ਹਰਕੇਸ਼ ਚੌਧਰੀ ਦੀ ਨਿਰਦੇਸ਼ਨਾ ਹੇਠ ਵਰਕਸ਼ਾਪ ਵਿੱਚ ਤਿਆਰ ਕੀਤਾ ਜਾਏਗਾ।ਪਹਿਲੀ ਨਵੰਬਰ ਡੇਢ ਵਜੇ ਮੇਲੇ ਨੂੰ ਸੰਬੋਧਨ ਕਰਨ ਲਈ ਵਿਦਿਆਰਥੀ ਆਗੂ ਨੇਹਾ ਬੋਰਾ ਨੂੰ ਬੁਲਾਵਾ • ਬਾਕੀ ਸਫਾ 2 'ਤੇ

## ਗਿਆਨੇਸ਼ ਕੁਮਾਰ ਖਿਲਾਫ 20 ਸਾਲ ਪੁਰਾਣਾ ਮਾਮਲਾ ਖੁੱਲ੍ਹਿਆ



**ਤ੍ਰਿਵਿੰਦਰਮ** : ਕੇਰਲ ਦੇ ਗ੍ਰਹਿ ਮੰਤਰੀ ਰਮੇਸ਼ ਚੇਨੀਥਾਲਾ ਨੇ ਦੇਸ਼ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਵਿਜੀਲੈਂਸ ਜਾਂਚ ਦੇ ਹੁਕਮ ਦਿੱਤੇ ਹਨ। ਇਹ ਮਾਮਲਾ ਸਾਲ 2006 ਦਾ ਹੈ, ਜਦੋਂ ਗਿਆਨੇਸ਼ ਕੁਮਾਰ ਕੇਰਲ ਦੇ ਲੋਕ ਨਿਰਮਾਣ ਵਿਭਾਗ ਵਿੱਚ ਸਕੱਤਰ ਵਜੋਂ ਤਾਇਨਾਤ ਸਨ। ਜਾਂਚ ਦੇ ਆਦੇਸ਼ਾਂ ਤੋਂ ਬਾਅਦ ਸਿਆਸੀ ਹਲਚਲ ਕਾਫ਼ੀ ਵਧ ਗਈ ਹੈ। ਇਹ ਪੂਰਾ ਮਾਮਲਾ ਕੇਰਲ ਦੇ ਇੱਕ ਸੜਕ ਪ੍ਰੋਜੈਕਟ ਵਿੱਚ ਕੰਮ ਕਰਦੇ ਮਲੇਸ਼ੀਅਨ ਇੰਜੀਨੀਅਰ ਲੀ ਸੀ ਬੀਨ ਦੀ ਖ਼ੁਦਕੁਸ਼ੀ ਨਾਲ ਜੁੜਿਆ ਹੋਇਆ ਹੈ। ਮ੍ਰਿਤਕ ਇੰਜੀਨੀਅਰ ਦੇ ਖ਼ੁਦਕੁਸ਼ੀ ਨੋਟ ਵਿੱਚ ਗਿਆਨੇਸ਼ ਕੁਮਾਰ ਦਾ ਨਾਂਅ ਲਿਖਿਆ ਹੋਇਆ ਸੀ। ਇਲਜ਼ਾਮ ਹਨ ਕਿ 2006 ਵਿੱਚ ਇਸ ਮਾਮਲੇ ਦੀ ਸ਼ੁਰੂਆਤੀ ਜਾਂਚ ਨੂੰ ਬਾਹਰੀ ਦਬਾਅ ਪਾ ਕੇ ਰੋਕ ਦਿੱਤਾ ਗਿਆ ਸੀ, ਜਿਸ ਕਰਕੇ ਹੁਣ ਇਸ ਦੀ ਨਵੇਂ ਸਿਰੇ ਤੋਂ ਜਾਂਚ ਸ਼ੁਰੂ ਕੀਤੀ ਗਈ ਹੈ। ਕੇਰਲ ਦੇ ਗ੍ਰਹਿ ਮੰਤਰਾਲੇ ਨੇ 2006 ਦੀ ਜਾਂਚ ਨਾਲ ਸੰਬੰਧਤ ਸਾਰੀਆਂ ਫ਼ਾਈਲਾਂ ਮੰਗਵਾ ਲਈਆਂ ਹਨ।

## ਮੁੱਖ ਮੰਤਰੀ ਵੱਲੋਂ 'ਪੰਜਾਬ ਦਾ ਇਤਿਹਾਸ' ਦੀਆਂ ਤਿੰਨ ਜਿਲਦਾਂ ਲੋਕ ਅਰਪਣ

**ਚੰਡੀਗੜ੍ਹ (ਸੁਰਜੀਤ ਸੁਮਨ)**

ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵੱਲੋਂ ਸੰਪਾਦਿਤ ਤੇ ਪ੍ਰਕਾਸ਼ਿਤ 'ਪੰਜਾਬ ਦਾ ਇਤਿਹਾਸ' ਅੱਜ ਪੰਜਾਬ ਕਲਾ ਭਵਨ, ਸੈਕਟਰ-16 ਵਿਖੇ ਹੋਏ ਸਮਾਗਮ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਵੱਲੋਂ ਲੋਕ ਅਰਪਣ ਕੀਤਾ ਗਿਆ।ਤਿੰਨ ਜਿਲਦਾਂ ਵਿੱਚ ਪ੍ਰਕਾਸ਼ਿਤ ਇਹ ਵਿਸ਼ਾਲ ਪੁਸਤਕ 1980 ਸਫ਼ਿਆਂ ਵਿੱਚ ਪੰਜਾਬ ਦੀ ਧਰਤੀ, ਇਸ ਦੇ ਇਤਿਹਾਸਕ ਸੰਘਰਸ਼ਾਂ, ਸਮਾਜਿਕ ਤਬਦੀਲੀਆਂ ਅਤੇ ਪੰਜਾਬੀ ਲੋਕ-ਚੇਤਨਾ ਦੇ ਵੱਖ-ਵੱਖ ਪੱਖਾਂ ਨੂੰ ਸਮੇਟਦੀ ਹੈ।ਸਮਾਗਮ ਦੀ ਪ੍ਰਧਾਨਗੀ ਉੱਘੇ ਇਤਿਹਾਸਕਾਰ ਪ੍ਰੋ. ਇੰਦੂ ਬਾਂਗਾ ਨੇ ਕੀਤੀ।



ਇਸ ਮੌਕੇ ਪੰਜਾਬ ਕਲਾ ਪਰਿਸ਼ਦ ਦੇ ਚੇਅਰਮੈਨ, ਉੱਘੇ ਸ਼ਾਇਰ ਤੇ ਚਿੱਤਰਕਾਰ ਸਵਰਨਜੀਤ ਸਵੀ ਨੇ ਸਾਰੇ ਆਏ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ 'ਪੰਜਾਬ ਦਾ ਇਤਿਹਾਸ' ਤਿਆਰ ਕਰਨ ਦਾ ਮਕਸਦ ਪੰਜਾਬ ਦੇ ਅਤੀਤ ਨੂੰ ਵੱਖ-ਵੱਖ ਪੱਖਾਂ ਤੋਂ ਸਮਝਣ ਅਤੇ ਇਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਹੈ।ਉਨ੍ਹਾ ਦੱਸਿਆ ਕਿ ਇਹ ਪੁਸਤਕਾਂ ਅੱਠ ਮਹੀਨਿਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹਨ ਅਤੇ ਪੰਜਾਬੀ ਦੇ ਪ੍ਰਮੁੱਖ ਵਿਦਵਾਨਾਂ ਨੇ ਆਪਣੀਆਂ ਮੁੱਲਵਾਨ ਲਿਖਤਾਂ ਰਾਹੀਂ ਇਨ੍ਹਾਂ ਨੂੰ ਸਮੱਗਰੀ ਪੱਖੋਂ ਸਮਰੱਥ ਬਣਾਇਆ ਹੈ। ਮੁੱਖ ਭਾਸ਼ਣ ਦਿੰਦਿਆਂ ਉੱਘੇ ਚਿੰਤਕ ਅਮਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ 'ਪੰਜਾਬ ਦਾ ਇਤਿਹਾਸ' ਦੀਆਂ ਜਿਲਦਾਂ ਵਿੱਚ ਉਨ੍ਹਾਂ ਤਾਕਤਾਂ ਨੂੰ ਪਛਾਨਣ ਦੀ ਕੋਸ਼ਿਸ਼ ਨਜ਼ਰ ਆਉਂਦੀ ਹੈ, ਜੋ ਇਤਿਹਾਸਕ ਧਾਰਾ ਨੂੰ ਰੂਪ ਦਿੰਦੀਆਂ ਹਨ।ਇਹ ਸਿਰਫ਼ 'ਉਤਪਾਦਨ ਦੇ ਸਾਧਨਾਂ' ਦੀ ਨਹੀਂ, ਸਗੋਂ 'ਸੰਭਾਵਨਾਵਾਂ ਦੇ ਸਾਧਨਾਂ' ਨੂੰ ਸਮਝਣ ਵੱਲ ਵੀ ਇੱਕ ਸ਼ੁਰੂਆਤ ਹੈ।ਉਨ੍ਹਾ ਇਸ ਨੂੰ ਪੰਜਾਬ ਦੇ ਨਾਲ-ਨਾਲ ਭਾਰਤ ਅਤੇ ਵਿਸ਼ਵ ਦੇ ਇਤਿਹਾਸ ਨੂੰ ਨਵੇਂ ਨਜ਼ਰੀਏ ਨਾਲ ਪੜ੍ਹਨ ਵੱਲ ਮਹੱਤਵਪੂਰਨ ਕਦਮ ਦੱਸਿਆ।ਪ੍ਰਧਾਨਗੀ ਮੰਡਲ ਵਿੱਚੋਂ ਕਿਤਾਬ ਦੀ ਇਕ ਸੰਪਾਦਕ ਡਾ. ਅਕਾਲ ਅੰਮ੍ਰਿਤ ਕੌਰ ਨੇ • ਬਾਕੀ ਸਫਾ 2 'ਤੇ

## ਕੇ ਐੱਲ ਗਰਗ ਨਮਿੱਤ ਹੋਇਆ ਸ਼ਰਧਾਂਜਲੀ ਸਮਾਗਮ



**ਮੋਗਾ (ਇਕਬਾਲ ਸਿੰਘ ਖਹਿਰਾ)**

ਹਾਸ ਵਿਅੰਗ ਦੇ ਬਾਦਸ਼ਾਹ ਕੇ ਐਲ ਗਰਗ ਨਮਿੱਤ ਉਠਾਲਾ ਤੇ ਰਸਮ ਪਗੜੀ ਮੌਕੇ ਚੋਖਾ ਪੈਲੇਸ ਵਿਖੇ ਸ਼ਰਧਾਂਜਲੀ ਸਮਾਰੋਹ ਹੋਇਆ। ਇਸ ਮੌਕੇ ਵੱਡੀ ਗਿਣਤੀ ਵਿਚ ਵੱਖ ਵੱਖ ਵਰਗਾਂ ਦੇ ਲੋਕ ਪੂਰੇ ਪੰਜਾਬ ਵਿਚੋਂ ਸ਼ਾਮਲ ਹੋਏ। ਸ੍ਰੀ ਕੇ ਐਲ ਗਰਗ 30 ਸਤੰਬਰ ਨੂੰ ਲੁਧਿਆਣਾ ਵਿਖੇ ਪ੍ਰਾਈਵੇਟ ਹਸਪਤਾਲ ਵਿਚ ਸਦਾ ਲਈ ਵਿਛੋੜਾ ਦੇ ਗਏ ਸਨ।ਸ਼ਰਧਾਂਜਲੀ ਸਮਾਗਮ ਦਾ ਆਰੰਭ ਰਾਮ ਸ਼ਰਨਮ ਦੀ ਭਜਨ ਮੰਡਲੀ ਵੱਲੋਂ ਅੰਮ੍ਰਿਤ ਬਾਣੀ ਨਾਲ ਹੋਇਆ। ਅਲਕਾ ਗਰਗ, ਸੁਨੀਤਾ ਮਿੱਤਲ, ਬੌਬੀ ਨਰੂਲਾ ਤੇ ਵਿਨੋਦ ਮਿੱਤਲ ਨੇ • ਬਾਕੀ ਸਫਾ 2 'ਤੇ

## ਪਰਗਟ ਸਿੰਘ ਵੱਲੋਂ ਗੁਰਸ਼ਰਨ ਕੌਰ ਨਾਲ ਮੁਲਾਕਾਤ



**ਨਵੀਂ ਦਿੱਲੀ (ਨ ਜ਼ ਸ)**-ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਨੇ ਐਤਵਾਰ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਪਤਨੀ ਗੁਰਸ਼ਰਨ ਕੌਰ ਨਾਲ ਉਨ੍ਹਾ ਦੀ ਰਿਹਾਇਸ਼ 'ਤੇ ਮੁਲਾਕਾਤ ਕੀਤੀ। ਉਨ੍ਹਾ ਨਵੀਂ ਸਿਆਸੀ ਪਾਰੀ ਸ਼ੁਰੂ ਕਰਨ ਤੋਂ ਪਹਿਲਾਂ ਗੁਰਸ਼ਰਨ ਕੌਰ ਤੋਂ ਆਸ਼ੀਰਵਾਦ ਲਿਆ ਅਤੇ ਉਨ੍ਹਾ ਨੂੰ ਗੁਲਦਸਤਾ ਭੇਟ ਕੀਤਾ। ਕਾਂਗਰਸ ਪ੍ਰਧਾਨ ਨੇ ਕਿਹਾ ਕਿ ਉਨ੍ਹਾ ਲਈ ਡਾ. ਮਨਮੋਹਨ ਸਿੰਘ ਦੀ ਸਾਦਗੀ, ਸਮਰਪਣ ਅਤੇ ਇਮਾਨਦਾਰੀ ਹਮੇਸ਼ਾ ਪ੍ਰੇਰਨਾ-ਸਰੋਤ ਰਹੀ ਹੈ।

## ਅਰੂਪ੍ਰੀਤ ਨੂੰ ਧਮਕੀ



**ਚੰਡੀਗੜ੍ਹ** : ਜਾਨੋਂ ਮਾਰਨ ਦੀ ਧਮਕੀ ਮਿਲਣ ਤੋਂ ਬਾਅਦ ਸੋਸ਼ਲ ਮੀਡੀਆ ਇਨਫਲੂਐਂਸਰ ਅਰੂਪ੍ਰੀਤ ਨੇ ਇੰਸਟਾਗ੍ਰਾਮ ਖਾਤਾ ਪ੍ਰਾਈਵੇਟ ਕਰਕੇ ਪ੍ਰੋਫਾਈਲ 'ਤੇ ਆਪਣਾ ਨਾਂਅ 'ਅਰਸ਼ਦੀਪ ਸਿੰਘ' ਕਰ ਲਿਆ ਹੈ। ਹਾਲਾਂਕਿ ਧਮਕੀ ਪਿੱਛੇ ਅਸਲ ਵਿਅਕਤੀ ਕੌਣ ਹੈ ਅਤੇ ਇਸ ਦਾ ਕਾਰਨ ਕੀ ਹੈ, ਇਸ ਬਾਰੇ ਪੁਲਸ ਵੱਲੋਂ ਕੋਈ ਅਧਿਕਾਰਤ ਜਾਣਕਾਰੀ ਸਾਹਮਣੇ ਨਹੀਂ ਆਈ। ਇਸ ਲਈ ਮਾਮਲੇ ਨਾਲ ਜੁੜੇ ਸੋਸ਼ਲ ਮੀਡੀਆ ਦਾਅਵਿਆਂ ਨੂੰ ਫਿਲਹਾਲ ਜਾਂਚ ਦੇ ਪੱਧਰ 'ਤੇ ਹੀ ਦੇਖਿਆ ਜਾ ਰਿਹਾ ਹੈ।

## ਸੋਨ ਤਮਗਿਆਂ 'ਚ ਕੁੜੀਆਂ ਨੇ ਮੁੰਡਿਆਂ ਨੂੰ ਪਿੱਛੇ ਛੱਡਿਆ

**ਆਈਚੀ-ਨਾਗੋਆ (ਨਵਾਂ ਜ਼ਮਾਨਾ ਸਰਵਿਸ)**

ਏਸ਼ੀਆਈ ਖੇਡਾਂ ਵਿੱਚ 21 ਸੋਨ ਤਮਗਿਆਂ ਸਮੇਤ ਕੁੱਲ 85 ਤਮਗੇ ਜਿੱਤੇ। 2002 ਤੋਂ ਬਾਅਦ ਪਹਿਲੀ ਵਾਰ ਭਾਰਤੀ ਕੁੜੀਆਂ ਨੇ ਜ਼ਿਆਦਾ ਤਮਗੇ ਜਿੱਤੇ। ਕੁੜੀਆਂ ਨੇ 11 ਸੋਨ ਤਮਗੇ ਜਿੱਤੇ, ਜਦਕਿ ਮੁੰਡਿਆਂ ਨੂੰ 7 ਸੋਨ ਤਮਗਿਆਂ 'ਤੇ ਸਬਰ ਕਰਨਾ ਪਿਆ। ਤਿੰਨ ਸੋਨ ਤਮਗੇ ਮਿਕਸਡ ਈਵੈਂਟਸ ਵਿੱਚ ਆਏ। ਇਸ ਤੋਂ ਪਹਿਲਾਂ ਭਾਰਤ ਦੀਆਂ ਕੁੜੀਆਂ 2002 ਵਿੱਚ ਬੁਸਾਨ ਵਿੱਚ ਹੋਈਆਂ ਏਸ਼ੀਆਈ ਖੇਡਾਂ ਵਿੱਚ ਅੱਗੇ ਸਨ। ਉਸ ਸਮੇਂ ਭਾਰਤ ਨੇ ਕੁੜੀਆਂ ਦੇ ਮੁਕਾਬਲੇ ਵਿੱਚ ਛੇ ਅਤੇ ਮੁੰਡਿਆਂ ਦੇ ਮੁਕਾਬਲੇ ਵਿੱਚ ਪੰਜ ਸੋਨ ਤਮਗੇ ਜਿੱਤੇ ਸਨ।

ਭਾਰਤ ਨੇ 2023 ਵਿੱਚ ਚੀਨ ਦੇ ਗੁਆਂਗਜ਼ੂ ਵਿੱਚ ਹੋਈਆਂ ਏਸ਼ੀਆਈ ਖੇਡਾਂ ਵਿੱਚ 28 ਸੋਨ ਤਮਗਿਆਂ ਸਮੇਤ 106 ਤਮਗੇ ਜਿੱਤੇ ਸਨ। ਉਸ ਸਮੇਂ ਭਾਰਤ ਨੇ ਸ਼ੂਟਿੰਗ ਵਿੱਚ 7 ਅਤੇ ਐਥਲੈਟਿਕਸ ਵਿੱਚ 6 ਸੋਨ ਤਮਗੇ ਜਿੱਤੇ ਸਨ। ਇਸ ਵਾਰ ਸ਼ੂਟਿੰਗ ਵਿੱਚ ਸਿਰਫ 3 ਅਤੇ ਐਥਲੈਟਿਕਸ ਵਿੱਚ ਇੱਕ ਸੋਨ ਤਮਗਾ ਜਿੱਤਿਆ। ਇਸ ਦਾ ਮਤਲਬ ਹੈ ਕਿ ਭਾਰਤ ਨੇ ਇਨ੍ਹਾਂ ਦੋ ਖੇਡਾਂ ਵਿੱਚ 9 ਸੋਨ ਤਮਗੇ ਗੁਆਏ। ਪਿਛਲੀ ਵਾਰ ਭਾਰਤ ਨੇ ਸਕੁਐਸ਼ ਵਿੱਚ 2 ਅਤੇ ਟੈਨਿਸ, ਬੈਡਮਿੰਟਨ ਅਤੇ ਘੋੜਸਵਾਰੀ ਵਿੱਚ 1-1 ਸੋਨ ਤਮਗਾ ਜਿੱਤਿਆ ਸੀ। ਇਸ ਵਾਰ ਭਾਰਤ ਨੇ ਇਨ੍ਹਾਂ ਖੇਡਾਂ ਵਿੱਚ ਕੋਈ ਸੋਨ ਤਮਗਾ ਨਹੀਂ ਜਿੱਤਿਆ।

ਮੁੱਕੇਬਾਜ਼ੀ ਅਤੇ ਕੁਸ਼ਤੀ ਵਿੱਚ ਸ਼ਾਨਦਾਰ ਪ੍ਰਦਰਸ਼ਨ ਨੇ ਸੋਨੇ ਦੇ ਤਮਗਿਆਂ ਦੀ ਘਾਟ ਨੂੰ ਕੁਝ ਹੱਦ ਤੱਕ ਪੂਰਾ ਕਰ ਦਿੱਤਾ ਹੈ। ਪਿਛਲੀ ਵਾਰ ਭਾਰਤ ਨੇ ਇਨ੍ਹਾਂ ਦੋਵਾਂ ਖੇਡਾਂ ਵਿੱਚ ਇੱਕ ਵੀ ਸੋਨ ਤਮਗਾ ਨਹੀਂ ਜਿੱਤਿਆ ਸੀ। ਇਸ ਵਾਰ ਮੁੱਕੇਬਾਜ਼ੀ ਵਿੱਚ ਤਿੰਨ ਅਤੇ ਕੁਸ਼ਤੀ ਵਿੱਚ ਦੋ ਸੋਨ ਤਮਗੇ ਜਿੱਤੇ। ਭਾਰਤ ਨੇ ਤੀਰਅੰਦਾਜ਼ੀ ਵਿੱਚ ਆਪਣੇ ਪਿਛਲੇ ਪ੍ਰਦਰਸ਼ਨ • ਬਾਕੀ ਸਫਾ 2 'ਤੇ




## ਅੱਜ-ਨਾਮਾ

ਵਧਦਾ ਜਾਂਦਾ ਦਬਾਅ ਜਿਹਾ ਬੱਚਿਆਂ 'ਤੇ,
ਮਾਪੇ ਪੜ੍ਹਨ ਲਈ ਦੇਂਦੇ ਆ ਜ਼ੋਰ ਮੀਆਂ।
ਫਸਿਆ ਰਹੇ ਸਿਲੇਬਸ ਵਿੱਚ ਜਦੋਂ ਬੱਚਾ,
ਕੰਨਾਂ ਨੂੰ ਚੈਪਟਰਾਂ ਦਾ ਖਾਂਦਾ ਸ਼ੋਰ ਮੀਆਂ।
ਹਰ ਆਦੇਸ਼ ਦੀ ਚਾਹੁੰਦੇ ਆ ਯੈੱਸ ਮਾਪੇ,
ਵਿਗੜਦੀ ਜਾਂਦੀ ਸਮਾਜ ਦੀ ਤੋਰ ਮੀਆਂ।
ਚਾਹਿਆ ਸੋਚਿਆ ਜਦੋਂ ਨਾ ਸਿਰੇ ਚੜ੍ਹਦਾ,
ਸਿੱਟਾ ਈ ਨਿਕਲਦਾ ਹੋਰ ਦਾ ਹੋਰ ਮੀਆਂ।
ਮੁਕਾਬਲੇਬਾਜ਼ੀ ਦੀ ਜਿੰਦਾਂ ਦੀ ਦੌੜ ਲੱਗੀ,
ਸਭ ਦਾ ਜਾਂਦੀ ਨਿਚੋੜੀ ਇਹ ਸੱਤ ਮੀਆਂ।
ਲੰਘਣਾ ਮੂਹਰੇ ਹੈ ਬਾਕੀਆਂ ਸਾਰਿਆਂ ਤੋਂ,
ਇਹੀਓ ਸੋਚ ਨੇ ਮਾਰੀ ਪਈ ਮੱਤ ਮੀਆਂ।

-ਤੀਸ ਮਾਰ ਖਾਂ

## ਆਉਣ ਵਾਲੇ ਸਮੇਂ 'ਚ ਕਮਿਊਨਿਸਟ ਅੰਦੋਲਨ ਹੋਰ ਜ਼ੋਰ ਫੜੇਗਾ : ਗਰੀਸ਼ ਸ਼ਰਮਾ

### ਮੋਦੀ ਨੇ ਮਜ਼ਦੂਰ ਵਰਗ ਦੇ ਅਧਿਕਾਰ ਹਵਾ 'ਚ ਉਡਾਏ

**ਕਰਨਾਲ (ਗਿਆਨ ਸੈਦਪੁਰੀ)**

'ਆਉਂਦੇ ਨਵੰਬਰ-ਦਸੰਬਰ ਤੱਕ ਭਾਰਤ ਵਿੱਚ ਇੱਕ ਬਹੁਤ ਵੱਡਾ ਅੰਦੋਲਨ ਹੋਵੇਗਾ ਤੇ ਇਸ ਦੀ ਅਗਵਾਈ ਭਾਰਤੀ ਕਮਿਊਨਿਸਟ ਪਾਰਟੀ ਕਰੇਗੀ।ਮੌਜੂਦਾ ਸਮਿਆਂ ਵਿੱਚ ਕਮਿਊਨਿਸਟ ਪਿੱਛੇ ਨਹੀਂ, ਸਗੋਂ ਅੱਗੇ ਵੱਲ ਵਧ ਰਿਹਾ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਸਕੱਤਰ ਡਾ. ਗਰੀਸ਼ ਸ਼ਰਮਾ ਨੇ ਕੀਤਾ। ਉਹ ਐਤਵਾਰ ਇੱਥੇ ਬਣੇ ਕਾਮਰੇਡ ਪੀ ਸੀ ਜੋਸ਼ੀ ਭਵਨ ਵਿੱਚ ਬਣੇ ਕਾਮਰੇਡ ਮੱਖਣ ਸਿੰਘ ਯਾਦਗਾਰ ਤੇ ਭਗਤ ਸਿੰਘ ਕਾਨਫਰੰਸ ਹਾਲ ਵਿੱਚ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ ਕੇਂਦਰੀ ਕਾਰਜਕਰਨੀ ਦੀ 4 ਤੇ 5 ਅਕਤੂਬਰ ਨੂੰ ਕੀਤੀ ਜਾ ਰਹੀ ਮੀਟਿੰਗ ਵਿੱਚ ਉਦਘਾਟਨੀ ਤਕਰੀਰ ਕਰ ਰਹੇ ਸਨ। ਉਹਨਾ ਸੀ ਪੀ ਆਈ ਦੇ ਸ਼ਾਨਦਾਰ ਸੰਘਰਸ਼ੀ ਇਤਿਹਾਸ ਦੇ ਹਵਾਲੇ ਨਾਲ ਦਾਅਵਾ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਕਮਿਊਨਿਸਟ ਅੰਦੋਲਨ ਜ਼ੋਰ ਫੜੇਗਾ। ਉਹਨਾ ਕਿਹਾ ਕਿ ਬੀਤੇ ਸਮਿਆਂ ਵਿੱਚ




ਸੀ ਪੀ ਆਈ ਨੇ ਕਿਸਾਨਾਂ, ਮਜ਼ਦੂਰਾਂ ਤੇ ਹੋਰ ਮਿਹਨਤਕਸ਼ ਲੋਕਾਂ ਦੀ ਛਤਰੀ ਤਿਆਰ ਕੀਤੀ ਸੀ। ਪੂੰਜੀਵਾਦ ਦੇ ਵੱਡੇ ਅਸਰਾਂ ਤੇ ਭਾਜਪਾ ਦੀ ਪਛਾਣ ਦੀ ਸਿਆਸਤ ਨੇ ਇਸ ਛਤਰੀ ਨੂੰ ਨੁਕਸਾਨਿਆ ਸੀ। ਇਹਨਾਂ ਤਾਕਤਾਂ ਨੇ ਸੰਪਰਦਾਇਕਤਾ ਦੇ ਆਧਾਰ 'ਤੇ ਛਤਰੀ ਤਿਆਰ ਕੀਤੀ ਸੀ, ਉਹ ਹੁਣ ਟੁੱਟ ਰਹੀ ਹੈ। ਇਸ ਵਰਤਾਰੇ ਤੋਂ ਸਪੱਸ਼ਟ ਹੁੰਦਾ ਹੈ ਕਿ ਸੀ ਪੀ ਆਈ ਆਪਣੇ ਲੋਕਾਂ ਲਈ ਅੱਗੇ ਵਧੇਗੀ।

ਡਾ. ਗਰੀਸ਼ ਸ਼ਰਮਾ ਨੇ ਕਿਹਾ ਕਿ ਇੰਡੀਆ ਗੱਠਜੋੜ ਤਾਕਤਵਰ • ਬਾਕੀ ਸਫਾ 2 'ਤੇ

## ਪਤਨੀ ਵੇਖ ਕੇ ਪ੍ਰੇਮਿਕਾ ਨਾਲ ਬੈਠੇ ਪਤੀ ਨੇ ਗੱਡੀ ਭਜਾਈ

**ਲਖਨਊ** : ਉਤਰ ਪ੍ਰਦੇਸ਼ ਦੇ ਮੇਰਠ ਤੋਂ ਇੱਕ ਹੈਰਾਨ ਕਰ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਲੋਹੀਆ ਨਗਰ ਥਾਣਾ ਖੇਤਰ ਵਿੱਚ ਇੱਕ ਮਹਿਲਾ ਚਲਦੀ ਕਾਰ ਦੇ ਬੋਨਟ 'ਤੇ ਲਟਕੀ ਹੋਈ ਦਿਖਾਈ ਦਿੱਤੀ। ਇਸ ਖੌਫ਼ਨਾਕ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਪੀੜਤ ਮਹਿਲਾ ਨੇ ਦੋਸ਼ ਲਾਇਆ ਹੈ ਕਿ ਕਾਰ ਉਸ ਦਾ ਪਤੀ ਚਲਾ ਰਿਹਾ ਸੀ ਅਤੇ ਜਦੋਂ ਉਸ ਨੇ ਕਾਰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਪਤੀ ਨੇ ਗੱਡੀ ਰੋਕਣ ਦੀ ਬਜਾਏ ਉਸ ਦੀ ਜਾਨ ਜੋਖਮ ਵਿੱਚ ਪਾਉਂਦਿਆਂ ਕਾਰ ਦੀ ਰਫ਼ਤਾਰ ਵਧਾ ਦਿੱਤੀ। ਮਹਿਲਾ ਦੀ ਪਛਾਣ ਸੁਨੀਤਾ ਵਜੋਂ ਹੋਈ ਹੈ। ਉਸ ਦਾ ਦੋਸ਼ ਹੈ ਕਿ ਉਸ ਦੇ ਪਤੀ ਮਿਅੰਕ ਨੇ ਗੱਡੀ ਰੋਕਣ ਦੀ ਥਾਂ ਤੇਜ਼ ਕਰ ਦਿੱਤੀ, ਜਿਸ 'ਤੇ ਸੁਨੀਤਾ ਨੇ ਆਪਣੀ ਜਾਨ ਬਚਾਉਣ ਲਈ ਬੋਨਟ 'ਤੇ ਛਾਲ ਮਾਰ ਦਿੱਤੀ। ਵਾਇਰਲ



ਵੀਡੀਓ ਵਿੱਚ ਮਹਿਲਾ ਚਲਦੀ ਹੋਈ ਕਾਰ ਦੇ ਅਗਲੇ ਹਿੱਸੇ 'ਤੇ ਲਟਕੀ ਹੋਈ ਨਜ਼ਰ ਆ ਰਹੀ ਹੈ, ਜਦੋਂ ਕਿ ਆਸ-ਪਾਸ ਦੇ ਲੋਕਾਂ ਨੇ ਇਸ ਦੀ ਵੀਡੀਓ ਬਣਾ ਕੇ ਪੁਲਸ ਨੂੰ ਸੂਚਨਾ ਦਿੱਤੀ। ਪੁਲਸ ਨੇ ਤੁਰੰਤ ਮਾਮਲਾ ਦਰਜ ਕਰਕੇ ਮੁਲਜ਼ਮ ਪਤੀ ਮਿਅੰਕ ਅਤੇ ਉਸ ਦੀ ਮਹਿਲਾ ਦੋਸਤ ਮਾਹੀ ਵਰਮਾ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

## ਵਰਕਸ਼ਾਪ ਰਾਹੀਂ ਸਵੱਛਤਾ ਤੇ ਵਾਤਾਵਰਣ ਸੰਭਾਲ ਦਾ ਸੁਨੇਹਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਬਾਟਨੀ ਅਤੇ ਵਾਤਾਵਰਣ ਵਿਗਿਆਨ ਵਿਭਾਗ ਵੱਲੋਂ ਬਾਟਨੀ ਅਤੇ ਵਾਤਾਵਰਣ ਐਸੋਸੀਏਸ਼ਨ ਦੀ ਅਗਵਾਈ ਹੇਠ ਅਤੇ ਸਵੱਛ ਭਾਰਤ ਮਿਸ਼ਨ ਕਮੇਟੀ ਦੇ ਸਹਿਯੋਗ ਨਾਲ ਸਵੱਛਤਾ ਹੀ ਸੇਵਾ-2026ਤਹਿਤ 'ਬੈਸਟ ਆਊਟ ਆਫ਼ ਵੇਸਟ' ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਨੂੰ 'ਰਿਡਿਊਸ, ਰਿਯੂਜ਼ ਅਤੇ ਰਿਸਾਈਕਲ' ਦੇ ਸਿਧਾਂਤਾਂ ਪ੍ਰਤੀ ਜਾਗਰੂਕ ਕਰਨਾ ਅਤੇ ਬੇਕਾਰ ਸਮੱਗਰੀ ਦੀ ਮੁੜ ਰਚਨਾਤਮਕ ਵਰਤੋਂ ਕਰਨ ਲਈ ਪ੍ਰੇਰਿਤ ਕਰਨਾ ਸੀ। ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਵੱਛਤਾ ਅਤੇ ਵਾਤਾਵਰਣ ਸੰਭਾਲ ਲਈ ਵਿਅਕਤੀਗਤ ਜ਼ਿੰਮੇਵਾਰੀ ਅਤੇ ਸਰਗਰਮ ਭਾਗੀਦਾਰੀ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਣ-ਪੱਖੀ ਜੀਵਨ ਸ਼ੈਲੀ ਅਪਣਾਉਣ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਲਈ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਬਾਟਨੀ ਅਤੇ ਵਾਤਾਵਰਣ ਵਿਗਿਆਨ ਵਿਭਾਗ ਦੀ ਮੁਖੀ ਅਤੇ ਸਵੱਛ ਭਾਰਤ ਅਭਿਆਨ ਕਮੇਟੀ ਦੀ ਕਨਵੀਨਰ ਡਾ. ਲਵਨੀਤ ਕੌਰ ਨੇ ਕਿਹਾ ਕਿ ਬੇਕਾਰ ਸਮੱਗਰੀ ਨੂੰ ਸਰੋਤ ਵਜੋਂ ਦੇਖਣ ਅਤੇ ਇਸ ਦੀ ਰਚਨਾਤਮਕ ਮੁੜ ਵਰਤੋਂ ਕਰਨ ਨਾਲ ਕੂੜਾ ਪ੍ਰਬੰਧਨ ਦੇ ਨਾਲ-ਨਾਲ ਵਿਦਿਆਰਥੀਆਂ ਦੀ ਰਚਨਾਤਮਕਤਾ ਨੂੰ ਵੀ ਉਤਸ਼ਾਹ ਮਿਲਦਾ ਹੈ। ਇਸ ਮੌਕੇ ਕਾਲਜ ਦੇ ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ, ਡਾ. ਤਰਨਪ੍ਰੀਤ ਕੌਰ, ਡਾ. ਕਿਰਨ, ਸ੍ਰੀਮਤੀ ਜਸਵਿੰਦਰ ਕੌਰ, ਡਾ. ਅਵਨੀਤ ਕੌਰ, ਡਾ. ਜੁਝਾਰ ਸਿੰਘ, ਡਾ. ਵਿਜੈ ਸਿੰਘ, ਡਾ. ਪ੍ਰਦੀਪ ਕੁਮਾਰ, ਡਾ. ਹਰਲੀਨ ਕੌਰ ਅਤੇ ਪ੍ਰੋ. ਅਨਮੋਲ ਕੌਰ ਸਮੇਤ ਹੋਰ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਹਾਜ਼ਰ ਸਨ।

## ਹੋਲੀ ਹਾਰਟ ਸਕੂਲ 'ਚ ਫਲਾਂ ਦੀ ਮਹੱਤਤਾ ਬਾਰੇ ਦਿੱਤੀ ਜਾਣਕਾਰੀ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੇ ਪ੍ਰਸਿੱਧ ਸਕੂਲ ਹੋਲੀ ਹਾਰਟ ਅਜੀਤਵਾਲ ਵਿਖੇ ਵਿਖੇ ਨੰਨ੍ਹੇ-ਮੁੰਨੇ ਬੱਚਿਆਂ ਦੀ ਸਿਹਤ ਅਤੇ ਉਨ੍ਹਾਂ ਦੀ ਖਾਣ-ਪੀਣ ਦੀਆਂ ਆਦਤਾਂ ਵਿੱਚ ਸੁਧਾਰ ਲਿਆਉਣ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਅਤੇ ਪ੍ਰਭਾਵਸ਼ਾਲੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਖਾਸ ਮੌਕੇ 'ਤੇ ਸਕੂਲ ਸਟਾਫ ਅਤੇ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਫਲਾਂ ਦੀ ਸਾਡੀ ਜ਼ਿੰਦਗੀ ਵਿੱਚ ਮਹੱਤਤਾ ਅਤੇ ਉਨ੍ਹਾਂ ਤੋਂ ਮਿਲਣ ਵਾਲੇ ਪੌਸ਼ਟਿਕ ਤੱਤਾਂ ਬਾਰੇ ਬਹੁਤ ਹੀ ਸਰਲ ਅਤੇ ਰੋਚਕ ਤਰੀਕੇ ਨਾਲ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਪ੍ਰੋਗਰਾਮ ਦੌਰਾਨ ਸਕੂਲ ਦੇ ਹਾਲ ਨੂੰ ਵੱਖ-ਵੱਖ ਤਾਜ਼ੇ ਫਲਾਂ ਜਿਵੇਂ ਕਿ ਸੇਬ, ਕੇਲਾ, ਸੰਤਰਾ, ਅੰਗੂਰ, ਅੰਬ ਅਤੇ ਪਪੀਤੇ ਨਾਲ ਬਹੁਤ ਹੀ ਖੂਬਸੂਰਤ ਤਰੀਕੇ ਨਾਲ ਸਜਾਇਆ ਗਿਆ ਸੀ, ਜੋ ਬੱਚਿਆਂ ਦੇ ਆਕਰਸ਼ਣ ਦਾ ਮੁੱਖ ਕੇਂਦਰ ਬਣਿਆ ਰਿਹਾ।ਅਧਿਆਪਕਾਂ ਨੇ ਬੱਚਿਆਂ ਨੂੰ ਦੱਸਿਆ ਕਿ ਫਲ ਖਾਣ ਨਾਲ ਸਾਡਾ ਸਰੀਰ ਬਿਮਾਰੀਆਂ ਨਾਲ ਲੜਨ ਦੇ ਯੋਗ ਬਣਦਾ ਹੈ ਅਤੇ ਸਾਨੂੰ ਰੋਜ਼ਾਨਾ ਕੋਈ ਨਾ ਕੋਈ ਮੌਸਮੀ ਫਲ ਜ਼ਰੂਰ ਖਾਣਾ ਚਾਹੀਦਾ ਹੈ।ਇਸ ਦੌਰਾਨ ਬੱਚਿਆਂ ਨੂੰ ਫਲਾਂ ਦੇ ਵੱਖ-ਵੱਖ ਰੰਗਾਂ, ਸਵਾਦਾਂ ਅਤੇ ਉਨ੍ਹਾਂ ਦੇ ਨਾਵਾਂ ਬਾਰੇ ਪ੍ਰੈਕਟੀਕਲ ਤਰੀਕੇ ਨਾਲ ਪਛਾਣ ਕਰਵਾਈ ਗਈ। ਸਕੂਲ ਦੇ ਡਾਇਰੈਕਟਰ ਅਮਿਤ ਪਲਤਾ ਸ਼੍ਰੇਯਾ ਪਲਤਾ, ਸ਼ਿਵਾਨੀ ਅਰੋੜਾ, ਰਮਨ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਪਹੁੰਚੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨਾਲ ਮਿਲ ਕੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਬੱਚਿਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਦੇ ਹਨ।

## ਪ੍ਰਗਟ ਸਿੰਘ ਦੇ ਪੰਜਾਬ ਕਾਂਗਰਸ ਪ੍ਰਧਾਨ ਬਣਨ 'ਤੇ ਲੱਡੂ ਵੰਡੇ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਾਂਗਰਸ ਹਾਈ ਕਮਾਨ ਵੱਲੋਂ ਜਲੰਧਰ ਕੈਂਟ ਤੋਂ ਵਿਧਾਇਕ ਪਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਸੂਬਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਮਹਿਲ ਕਲਾਂ ਦੇ ਕਾਂਗਰਸੀ ਆਗੂਆਂ ਤੇ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਬਲਾਕ ਕਾਂਗਰਸ ਕਮੇਟੀ ਮਹਿਲ ਕਲਾਂ ਦੇ ਪ੍ਰਧਾਨ ਪਰਮਿੰਦਰ ਸਿੰਘ ਸੰਮੀ ਠੁੱਲੀਵਾਲ ਦੀ ਅਗਵਾਈ ਹੇਠ ਹੋਏ ਇਕੱਠ ਦੌਰਾਨ ਆਗੂਆਂ ਨੇ ਪ੍ਰਗਟ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਨਾਲ ਪੰਜਾਬ ਕਾਂਗਰਸ ਦੇ ਆਗੂਆਂ ਤੇ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ।ਸੰਮੀ ਠੁੱਲੀਵਾਲ ਨੇ ਕਿਹਾ ਕਿ ਪ੍ਰਗਟ ਸਿੰਘ ਦੀ ਅਗਵਾਈ ਹੇਠ ਪਾਰਟੀ ਹੋਰ ਮਜ਼ਬੂਤ ਹੋਵੇਗੀ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਜਿੱਤ ਦਾ ਮੁੱਢ ਬੱਝੇਗਾ। ਉਨ੍ਹਾਂ ਵਰਕਰਾਂ ਨੂੰ ਆਪਸੀ ਮਤਭੇਦ ਭੁਲਾ ਕੇ ਇਕਜੁੱਟ ਹੋਣ ਦੀ ਅਪੀਲ ਕੀਤੀ।ਇਸ ਮੌਕੇ ਕਿਸਾਨ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਆੜ੍ਹਤੀਏ ਸਰਬਜੀਤ ਸਿੰਘ ਸਰਬੀ, ਪੀਪੀਸੀ ਮੈਂਬਰ ਐਡਵੋਕੇਟ ਬਲਦੇਵ ਸਿੰਘ ਪੇਧਨੀ, ਐੱਸ.ਸੀ. ਡਿਪਾਰਟਮੈਂਟ ਦੇ ਸੂਬਾ ਕਾਰਜਕਾਰੀ ਚੇਅਰਮੈਨ ਬੰਨੀ ਖਹਿਰਾ, ਸੂਬਾ ਜਨਰਲ ਸਕੱਤਰ ਜਸਮੇਲ ਸਿੰਘ ਡੇਆਰੀ ਵਾਲਾ, ਸੀਨੀਅਰ ਆਗੂ ਕਮਲਜੀਤ ਸਿੰਘ ਚੱਕ, ਐਡਵੋਕੇਟ ਜਸਵੀਰ ਸਿੰਘ ਖੇੜੀ, ਸਾਬਕਾ ਮਾਰਕੀਟ ਕਮੇਟੀ ਚੇਅਰਮੈਨ ਬਾਬੂ ਰੋਸ਼ਨ ਲਾਲ ਬਾਂਸਲ, ਸਾਬਕਾ ਬਲਾਕ ਪ੍ਰਧਾਨ ਜਗਰੂਪ ਸਿੰਘ ਕਲਾਲ ਮਾਜਰਾ, ਸਾਉਣ ਸਿੰਘ ਗਹਿਲ, ਕਨੂੰਗੋ ਉਜਾਗਰ ਸਿੰਘ ਦਿਓਲ ਛਾਪਾ ਤੇ ਬਲਵੰਤ ਰਾਏ ਸ਼ਰਮਾ ਹਾਜ਼ਰ ਸਨ।ਆਗੂਆਂ ਨੇ ਕਾਂਗਰਸ ਹਾਈ ਕਮਾਨ ਦੇ ਫੈਸਲੇ ਦਾ ਸਵਾਗਤ ਕਰਦਿਆਂ ਪ੍ਰਗਟ ਸਿੰਘ ਦੀ ਅਗਵਾਈ ਹੇਠ ਪਾਰਟੀ ਨੂੰ ਮਜ਼ਬੂਤ ਕਰਨ ਦਾ ਅਹਿਦ ਲਿਆ।

## ਖੁੱਡੀਆਂ ਵੱਲੋਂ 'ਮਾਨ ਦੇ ਮੁਨਾਫ਼ੇ' ਤਹਿਤ ਡੋਰ-ਟੂ-ਡੋਰ ਪ੍ਰਚਾਰ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਦੀ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਕੈਬਨਿਟ ਮੰਤਰੀ ਸਰਦਾਰ ਗੁਰਮੀਤ ਸਿੰਘ ਖੁੱਡੀਆਂ ਨੇ ਆਪਣੇ ਜੱਦੀ ਹਲਕੇ ਲੰਬੀ ਦੇ ਪਿੰਡ ਕੱਟਿਆਂਵਾਲੀ ਵਿਖੇ ਘਰ-ਘਰ ਪਹੁੰਚ ਕੇ ਲੋਕਾਂ ਨਾਲ ਮੁਲਾਕਾਤ ਕੀਤੀ।ਇਸ ਦੌਰਾਨ ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਲੋਕਾਂ ਨੂੰ ਦਿੱਤੀਆਂ ਗਈਆਂ ਵੱਖ-ਵੱਖ ਸਹੂਲਤਾਂ ਤੇ ਲੋਕ-ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਸ੍ਰ. ਖੁੱਡੀਆਂ ਨੇ ਕਿਹਾ ਕਿ 'ਮਾਨ ਦੇ ਮੁਨਾਫ਼ੇ' ਮੁਹਿੰਮ ਦਾ ਮਕਸਦ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਰਾਹੀਂ ਆਮ ਪਰਿਵਾਰਾਂ ਨੂੰ ਮਿਲ ਰਹੇ ਸਿੱਧੇ ਵਿੱਤੀ ਤੇ ਸਮਾਜਿਕ ਲਾਭਾਂ ਦੀ ਜਾਣਕਾਰੀ ਘਰ-ਘਰ ਪਹੁੰਚਾਉਣਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲਾਗੂ ਕੀਤੀਆਂ ਗਈਆਂ ਵੱਖ-ਵੱਖ ਯੋਜਨਾਵਾਂ ਦਾ ਲਾਭ ਸੂਬੇ ਦੇ ਲੋਕਾਂ ਤੱਕ ਪਹੁੰਚ ਰਿਹਾ ਹੈ।ਉਨ੍ਹਾਂ ਵੱਲੋਂ ਲੋਕਾਂ ਨਾਲ ਸਾਂਝੇ ਕੀਤੇ ਗਏ ਮੁੱਖ ਲਾਭਾਂ ਵਿੱਚ ਇੱਕ ਆਮ ਪੰਜਾਬੀ ਪਰਿਵਾਰ ਲਈ ਵੱਖ-ਵੱਖ ਸਹੂਲਤਾਂ ਦੇ ਸਾਲਾਨਾ ਲਾਭ ਨੂੰ 1,82,000 ਤੱਕ ਦਰਸਾਇਆ ਗਿਆ ਹੈ।ਡੋਰ-ਟੂ-ਡੋਰ ਮੁਹਿੰਮ ਦੌਰਾਨ ਸ੍ਰ. ਖੁੱਡੀਆਂ ਨੇ ਪਿੰਡ ਵਾਸੀਆਂ ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਵੀ ਗੱਲਬਾਤ ਕੀਤੀ ਤੇ ਸਰਕਾਰੀ ਸਹੂਲਤਾਂ ਸਬੰਧੀ ਉਨ੍ਹਾਂ ਦੀ ਰਾਇ ਜਾਣੀ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਜ਼ਰੂਰਤਾਂ ਤੇ ਸਮੱਸਿਆਵਾਂ ਨੂੰ ਸਮਝ ਕੇ ਉਨ੍ਹਾਂ ਦੇ ਹੱਲ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਉਦੇਸ਼ ਔਰਤਾਂ ਨੂੰ ਆਰਥਿਕ ਰੂਪ 'ਚ ਮਜ਼ਬੂਤ ਕਰਨਾ : ਵਿਜੈ ਦਾਨਵ



**ਜਗਰਾਉਂ (ਅਮਿਤ ਖੰਨਾ)**-'ਮਾਵਾਂ ਤੇ ਧੀਆਂ ਸਤਿਕਾਰ ਯੋਜਨ ਦਾ ਮੁੱਖ ਮਕਸਦ ਪੰਜਾਬ ਦੀਆਂ ਮਾਵਾਂ ਤੇ ਧੀਆਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਤੇ ਮਜ਼ਬੂਤ ਬਣਾਉਣਾ ਹੈ।' ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਜੈ ਦਾਨਵ ਚੇਅਰਮੈਨ ਦਲਿਤ ਵਿਕਾਸ ਬੋਰਡ ਵੱਲੋਂ ਪਿੰਡ ਕੋਠੇ ਚੱਕ ਅਗਵਾੜ ਲੋਕ ਮਿਲਣੀ ਦੌਰਾਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਜਦੋਂ ਘਰ ਦੀ ਮਾਂ ਜਾਂ ਧੀ ਦੇ ਹੱਥ ਵਿੱਚ ਆਰਥਿਕ ਤਾਕਤ ਆਉਂਦੀ ਹੈ, ਤਾਂ ਪੂਰਾ ਪਰਿਵਾਰ ਤੇ ਸਮਾਜ ਤਰੱਕੀ ਕਰਦਾ ਹੈ, ਕਿਉਂਕਿ ਔਰਤਾਂ ਆਪਣੇ ਘਰ ਦੀ ਬਿਹਤਰੀ ਬਾਰੇ ਸਭ ਤੋਂ ਪਹਿਲਾਂ ਸੋਚਦੀਆਂ ਹਨ।ਉਨ੍ਹਾਂ ਦੱਸਿਆ ਕਿ ਲੋਕਾਂ ਦਾ ਪੈਸਾ ਬਿਨਾਂ ਕਿਸੇ ਵਿਚੋਲੇ ਜਾਂ ਕਟੌਤੀ ਦੇ ਸਿੱਧਾ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪਾਰਦਰਸ਼ੀ ਤਰੀਕੇ ਨਾਲ ਪਹੁੰਚਾਇਆ ਜਾ ਰਿਹਾ ਹੈ ਤੇ ਇਹ ਯੋਜਨਾ ਜ਼ਰੀਏ ਇਤਿਹਾਸ ਸਿਰਜ ਰਹੀ ਹੈ, ਇਸ ਯੋਜਨਾ ਤਹਿਤ ਹੁਣ ਤੱਕ ਕੁੱਲ ਵੰਡੀ ਗਈ ਰਾਸ਼ੀ ਦਾ ਅੰਕੜਾ 2,562 ਕਰੋੜ ਰੁਪਏ ਨੂੰ ਪਾਰ ਕਰ ਗਿਆ ਹੈ, ਜਿਸ ਨਾਲ ਲਗਭਗ 74 ਲੱਖ ਰਜਿਸਟਰਡ ਮਹਿਲਾਵਾਂ ਨੂੰ ਸਿੱਧਾ ਲਾਭ ਮਿਲ ਚੁੱਕਾ ਹੈ।ਉਨ੍ਹਾਂ ਕਿਹਾ ਕਿ ਨੌਜਵਾਨਾਂ ਲਈ ਰੁਜ਼ਗਾਰ, ਖੇਤੀ ਨੂੰ ਆਧੁਨਿਕ ਬਣਾਉਣ ਲਈ ਟੈਕਨਾਲੋਜੀ ਤੇ ਇਨਫਰਾਸਟ੍ਰਕਚਰ, ਔਰਤਾਂ ਤੇ ਬੱਚਿਆਂ ਲਈ ਸੁਰੱਖਿਆ ਤੇ ਸਸ਼ਕਤੀਕਰਨ, ਸਿੱਖਿਆ ਵਿਵਸਥਾ ਨੂੰ ਮਜ਼ਬੂਤ ਬਣਾਉਣਾ ਤੇ ਉਦਯੋਗਾਂ ਨੂੰ ਉਤਸ਼ਾਹਤ ਕਰਨਾ, ਟੇਲਾਂ ਤੱਕ ਪਾਣੀ, ਸਿਹਤ ਕ੍ਰਾਂਤੀ, ਸਿੱਖਿਆ ਕ੍ਰਾਂਤੀ ਸੰਬੰਧੀ ਮਾਨ ਸਰਕਾਰ ਨੇ ਹਰ ਖੇਤਰ ਵਿਚ ਲਾਸਾਨੀ ਕੰਮ ਕੀਤਾ ਹੈ।ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਲੋਕਾਂ ਦੀ ਭਲਾਈ ਲਈ ਕੰਮ ਕਰਨ ਵਾਲੀ ਸਰਕਾਰ ਸੰਭਵ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਹਰੇਕ ਵਰਗ ਦਾ ਆਮ ਆਦਮੀ ਪਾਰਟੀ ਨੂੰ ਸਮਰਥਨ ਮਿਲ ਰਿਹਾ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਪੰਜਾਬ ਜਨਤਾ ਫ਼ਿਰ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਬਣਾ ਕੇ ਭਗਵੰਤ ਮਾਨ ਨੂੰ ਦੁਬਾਰਾ ਮੁੱਖ ਮੰਤਰੀ ਬਣਾਏਗੀ।

## ਜ਼ਿਲ੍ਹਾ ਪੱਧਰੀ ਸ਼ਤਰੰਜ ਮੁਕਾਬਲੇ 'ਚ ਪਰਵਾਜ਼ ਨੇ ਜਿੱਤਿਆ ਸੋਨ ਤਮਗਾ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ, ਸੁਖਦੇਵ ਧੂਰੀ)**-ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਜ਼ਿਲ੍ਹਾ ਪੱਧਰੀ ਸ਼ਤਰੰਜ ਚੈਂਪੀਅਨਸ਼ਿਪ ਵਿੱਚ ਧੂਰੀ ਦੇ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਦੇ ਨੌਵੀਂ ਜਮਾਤ ਦੇ ਵਿਦਿਆਰਥੀ ਪਰਵਾਜ਼ ਭੰਡਾਰੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਸੋਨ ਤਗਮਾ ਜਿੱਤਿਆ ਹੈ।ਪਰਵਾਜ਼ ਭੰਡਾਰੀ ਨੇ ਅੰਡਰ-17 ਵਰਗ ਦੇ ਸ਼ਤਰੰਜ ਮੁਕਾਬਲੇ ਵਿੱਚ ਹਿੱਸਾ ਲੈਂਦਿਆਂ ਆਪਣੇ ਤੋਂ ਵੱਧ ਉਮਰ ਦੇ ਖਿਡਾਰੀਆਂ ਨੂੰ ਪਛਾੜ ਕੇ ਇਹ ਪ੍ਰਾਪਤੀ ਹਾਸਲ ਕੀਤੀ।ਖ਼ਾਸ ਗੱਲ ਇਹ ਹੈ ਕਿ ਪਰਵਾਜ਼ ਦੀ ਉਮਰ ਮਹਿਜ਼ 13 ਸਾਲ ਹੈ।ਜ਼ਿਲ੍ਹਾ ਪੱਧਰ 'ਤੇ ਪਹਿਲਾ ਸਥਾਨ ਹਾਸਲ ਕਰਨ ਨਾਲ ਉਸ ਨੇ ਪੰਜਾਬ ਰਾਜ ਪੱਧਰੀ ਮੁਕਾਬਲਿਆਂ ਲਈ ਵੀ ਆਪਣੀ ਜਗ੍ਹਾ ਪੱਕੀ ਕਰ ਲਈ ਹੈ।ਪਰਵਾਜ਼ ਦੀ ਇਸ ਪ੍ਰਾਪਤੀ ਨਾਲ ਸਕੂਲ, ਅਧਿਆਪਕਾਂ ਤੇ ਉਸ ਦੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਹੈ।ਸਕੂਲ ਪ੍ਰਬੰਧਕਾਂ ਨੇ ਹੋਣਹਾਰ ਵਿਦਿਆਰਥੀ ਨੂੰ ਵਧਾਈ ਦਿੰਦਿਆਂ ਰਾਜ ਪੱਧਰੀ ਮੁਕਾਬਲਿਆਂ ਵਿੱਚ ਵੀ ਬਿਹਤਰ ਪ੍ਰਦਰਸ਼ਨ ਕਰਨ ਦੀ ਆਸ ਪ੍ਰਗਟਾਈ।

# ਤੇਰਾਪੰਥ ਯੁਵਕ ਪ੍ਰੀਸ਼ਦ ਨੇ ਕਰਵਾਇਆ 596 ਯੂਨਿਟ ਖ਼ੂਨਦਾਨ



**ਜਗਰਾਉਂ (ਅਮਿਤ ਖੰਨਾ)**-ਅਖਿਲ ਭਾਰਤੀ ਤੇਰਾਪੰਥ ਯੁਵਕ ਪ੍ਰੀਸ਼ਦ ਨੇ ਆਪਣੇ 62ਵੇਂ ਸਥਾਪਨਾ ਦਿਵਸ 'ਤੇ ਸੱਤ ਦਿਨ ਖ਼ੂਨਦਾਨ ਅੰਮ੍ਰਿਤ ਮਹੋਤਸਵ 2026 ਮਨਾਇਆ।ਤੇਰਾਪੰਥ ਯੁਵਕ ਪ੍ਰੀਸ਼ਦ ਜਗਰਾਉਂ ਦੇ ਪ੍ਰਧਾਨ ਰਿਪਨ ਜੈਨ ਪਾਟਨੀ ਦੀ ਅਗਵਾਈ ਹੇਠ ਮਨੁੱਖਤਾ ਲਈ ਇੱਕ ਇਤਿਹਾਸਕ ਦਿਨ ਵਜੋਂ 10 ਖ਼ੂਨਦਾਨ ਕੈਂਪ ਲਗਾਏ ਗਏ।ਪੂਰੇ ਖੇਤਰ ਵਿੱਚ ਖ਼ੂਨ ਦਾਨ ਪ੍ਰਤੀ ਇੱਕ ਮਜ਼ਬੂਤ ਜਾਗਰੂਕਤਾ ਦਿਖਾਈ ਗਈ, ਜਿਸ ਵਿੱਚ ਸ਼ਹਿਰ ਤੇ ਆਲੇ ਦੁਆਲੇ ਦੇ ਪਿੰਡਾਂ ਦੇ ਵਸਨੀਕਾਂ ਨੇ ਉਤਸ਼ਾਹ ਨਾਲ ਮੁਹਿੰਮ ਵਿੱਚ ਹਿੱਸਾ ਲਿਆ।ਇਸ ਮੌਕੇ ਕੋਆਰਡੀਨੇਟਰ ਵੈਭਵ ਜੈਨ ਨੇ ਦੱਸਿਆ ਕਿ ਖ਼ੂਨ ਦਾਨ ਅਮ੍ਰਿਤ ਮਹੋਤਸਵ ਦੇ ਤਹਿਤ ਸਾਡੀ ਯੁਵਕ ਪ੍ਰੀਸ਼ਦ ਵੱਲੋਂ ਪੁਲਸ ਲਾਈਨ, ਸਨਮਤੀ ਵਿਮਲ ਮੁਨੀ ਹਾਲ, ਮਹਾਪ੍ਰਗਿਆ ਸਕੂਲ, ਮੁੱਲਾਂਪੁਰ, ਕਿਸ਼ਨਪੁਰਾ, ਨਿਹਾਲ ਸਿੰਘ ਵਾਲਾ, ਲੰਮਾ, ਡੱਲ੍ਹਾ, ਰੂਮੀ ਤੇ ਰਾਏਕੋਟ ਵਿਖੇ ਵੱਡੇ ਪੱਧਰ 'ਤੇ ਖ਼ੂਨਦਾਨ ਕੈਂਪ ਲਗਾਏ ਗਏ।ਉਨ੍ਹਾਂ ਦੱਸਿਆ ਕਿ ਕੈਂਪ ਲਈ ਕਈ ਹਸਪਤਾਲਾਂ ਤੋਂ ਟੀਮਾਂ ਆਈਆਂ ਹੋਈਆਂ ਸਨ।ਮੰਤਰੀ ਰਵੀਨ ਗੋਇਲ ਨੇ ਦੱਸਿਆ ਕਿ ਸਾਰੇ 10 ਕੈਂਪਾਂ ਤੋਂ ਕੁੱਲ 596 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ।ਭਾਰਤ ਤੋਂ ਇਲਾਵਾ, ਸੰਸਥਾ ਨੇ ਹੋਰ ਦੇਸ਼ਾਂ ਵਿੱਚ ਵੀ ਖ਼ੂਨਦਾਨ ਕੈਂਪ ਲਗਾਏ।ਸਾਰੇ ਕੈਂਪਾਂ ਤੇ ਖ਼ੂਨਦਾਨੀਆਂ ਦੀ ਰਜਿਸਟ੍ਰੇਸ਼ਨ ਈ-ਰਕਤਕੋਸ਼ (ਸਰਕਾਰੀ ਵੈੱਬਸਾਈਟ) ਰਾਹੀਂ ਕੀਤੀ ਗਈ ਸੀ। ਅਧਿਕਾਰੀਆਂ, ਆਗੂਆਂ ਤੇ ਸਮਾਜ ਸੇਵਕਾਂ ਨੇ ਨਿੱਜੀ ਤੌਰ 'ਤੇ ਖ਼ੂਨ ਦਾਨ ਕੀਤਾ ਤੇ ਪ੍ਰੇਰਨਾਦਾਇਕ ਸੰਦੇਸ਼ ਫੈਲਾਏ।ਸੰਸਥਾ ਦੇ ਪੰਜਾਬ ਪ੍ਰਭਾਰੀ ਵਿਸ਼ਾਲ ਜੈਨ ਪਾਟਨੀ ਨੇ ਸਾਰੇ ਵਰਕਰਾਂ, ਵਲੰਟੀਅਰਾਂ ਤੇ ਮੈਡੀਕਲ ਸਟਾਫ ਦਾ ਉਨ੍ਹਾਂ ਦੀ ਸ਼ਾਨਦਾਰ ਸੇਵਾ ਲਈ ਧੰਨਵਾਦ ਕੀਤਾ।ਉਨ੍ਹਾਂ ਨੇ ਸਭ ਦੇ ਸਹਿਯੋਗ ਤੇ ਸਾਰੇ ਖ਼ੂਨਦਾਨੀਆਂ ਦੇ ਜਜ਼ਬੇ ਨੂੰ ਸਲਾਮ ਕੀਤਾ।

## ਜੇ ਐੱਨ ਵੀ ਐਸੋਸੀਏਸ਼ਨ ਨੇ 'ਐਲੂਮਨੀ ਵੁੱਡਸ ਟ੍ਰੇਲ' ਤਹਿਤ ਬੂਟੇ ਲਗਾਏ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਵਾਤਾਵਰਣ ਦੀ ਸੰਭਾਲ ਤੇ ਹਰਿਆਵਲ ਲਹਿਰ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਜੇ.ਐੱਨ.ਵੀ. ਪਟਿਆਲਾ ਐਲੂਮਨੀ ਐਸੋਸੀਏਸ਼ਨ ਵੱਲੋਂ ਜਵਾਹਰ ਨਵੋਦਿਆ ਵਿਦਿਆਲਿਆ ਫਤਿਹਪੁਰ ਰਾਜਪੂਤਾਂ ਵਿਖੇ 'ਐਲੂਮਨੀ ਵੁੱਡਸ ਟ੍ਰੇਲ' ਤਹਿਤ ਲਗਭਗ 500 ਤੋਂ ਵੱਧ ਬੂਟੇ ਲਗਾਏ ਗਏ।ਇਸ ਮੁਹਿੰਮ ਵਿੱਚ ਸਕੂਲ ਦੇ ਪ੍ਰਿੰਸੀਪਲ ਗੁਰਜਿੰਦਰ ਸਿੰਘ, ਸਕੂਲ ਸਟਾਫ, ਸਾਬਕਾ ਵਿਦਿਆਰਥੀਆਂ, ਮੌਜੂਦਾ ਵਿਦਿਆਰਥੀਆਂ ਤੇ ਐੱਨ.ਸੀ.ਸੀ. ਕੈਡਿਟਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਸਕੂਲ ਦੇ ਸਾਬਕਾ ਵਿਦਿਆਰਥੀ ਤੇ ਪੰਜਾਬ ਸਰਕਾਰ ਦੇ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਵਾਤਾਵਰਣ ਦੀ ਸੰਭਾਲ ਲਈ ਅਜਿਹੀਆਂ ਮੁਹਿੰਮਾਂ ਨੂੰ ਸਮੇਂ ਦੀ ਲੋੜ ਦੱਸਿਆ।ਐਸੋਸੀਏਸ਼ਨ ਦੇ ਪ੍ਰਧਾਨ ਗੁਰਧਿਆਨ ਸਿੰਘ ਆਲੋਵਾਲ ਨੇ ਕਿਹਾ ਕਿ ਬੂਟੇ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸਾਂਭ-ਸੰਭਾਲ ਕਰਨਾ ਵੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।ਮੁਹਿੰਮ ਦੌਰਾਨ ਐਡਵੋਕੇਟ ਆਤਮਜੀਤ ਸਿੰਘ ਕਾਹਲੋਂ, ਅਮਨਦੀਪ ਕੁਮਾਰ ਨੰਦਪੁਰ ਕੇਸ਼ੋ, ਅਮਰਿੰਦਰ ਸਿੰਘ ਧਾਰੀਵਾਲ, ਮਨਦੀਪ ਕੌਰ ਮਾਹਲ, ਮਨਦੀਪ ਕੌਰ ਜੰਜੂਆ, ਰੁਪਿੰਦਰ ਕੌਰ ਨਾਗਰਾ, ਗੁਰਪ੍ਰੀਤ ਸਿੰਘ ਖਹਿਰਾ, ਵਰਿੰਦਰ ਟਾਂਡਾ, ਹਰਵਿੰਦਰ ਸਿੰਘ ਖੁੱਡਾ ਤੇ ਨਰਿੰਦਰ ਸਿੰਘ ਰਾਜਪੁਰਾ ਸਮੇਤ ਵੱਡੀ ਗਿਣਤੀ ਵਿੱਚ ਸਾਬਕਾ ਵਿਦਿਆਰਥੀ ਹਾਜ਼ਰ ਸਨ।

## ਸਪਰਿੰਗ ਫੀਲਡ ਦੇ ਖਿਡਾਰੀਆਂ ਦੀ ਜ਼ੋਨ ਐਥਲੈਟਿਕਸ ਖੇਡਾਂ 'ਚ ਹੂੰਝਾਫੇਰ ਜਿੱਤ

**ਬਾਘਾ ਪੁਰਾਣਾ (ਮਨੀ ਸਿਲਹ)**-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਦੇ ਬੱਚਿਆਂ ਨੇ ਜ਼ੋਨ ਬਾਘਾ ਪੁਰਾਣਾ ਦੀਆਂ 70ਵੀਆਂ ਖੇਡਾਂ ਵਿੱਚ ਹਿੱਸਾ ਲਿਆ ਤੇ ਵੱਖ-ਵੱਖ ਖੇਡਾਂ ਵਿੱਚ 23 ਗੋਲਡ ਮੈਡਲ 25 ਸਿਲਵਰ ਮੈਡਲ ਤੇ 25 ਬਰੌਂਜ ਮੈਡਲ ਜਿੱਤ ਕੇ ਟੂਰਨਾਮੈਂਟ ਵਿੱਚ ਰਿਕਾਰਡ ਕਾਇਮ ਕੀਤਾ, ਜਿਨ੍ਹਾਂ ਵਿੱਚ ਲੜਕਿਆਂ ਨੇ 9 ਗੋਲਡ ਮੈਡਲ 7 ਸਿਲਵਰ ਮੈਡਲ ਤੇ 16 ਬਰੌਂਜ ਮੈਡਲ ਜਿੱਤੇ ਤੇ ਲੜਕੀਆਂ ਨੇ 14 ਗੋਲਡ ਮੈਡਲ 18 ਸਿਲਵਰ ਮੈਡਲ ਤੇ 9 ਬਰੌਂਜ ਮੈਡਲ ਜਿੱਤੇ ਅਤੇ ਕੁੱਲ 73 ਮੈਡਲ ਸਕੂਲ ਦੇ ਬੱਚਿਆਂ ਵੱਲੋਂ ਜਿੱਤੇ ਗਏ। ਇਸ਼ਮੀਤ ਸਿੰਘ ਅੰਡਰ-17 ਨੇ 100 ਮੀਟਰ ਰੇਸ ਵਿੱਚ ਗੋਲਡ, 200 ਮੀਟਰ 'ਚ ਗੋਲਡ ਤੇ ਰੀਲੇਅ ਦੌੜ ਵਿੱਚ ਗੋਲਡ ਮੈਡਲ ਜਿੱਤਿਆ।ਸਾਜਨ ਸਿੰਘ ਨੇ ਅੰਡਰ-14 ਨੇ ਡਿਸਕਸ ਥ੍ਰੋ 'ਚ ਗੋਲਡ, ਸ਼ਾਟਪੁੱਟ 'ਚ ਸਿਲਵਰ ਮੈਡਲ, ਖੁਸ਼ਦੀਪ ਸਿੰਘ ਅੰਡਰ-14 ਨੇ 200 ਮੀਟਰ ਰੇਸ ਗੋਲਡ ਮੈਡਲ, ਸਾਇਨ ਅੰਡਰ-17 ਨੇ 100 ਮੀਟਰ ਰੇਸ ਗੋਲਡ ਮੈਡਲ ਤੇ ਹਰਡਲ 'ਚ ਗੋਲਡ ਮੈਡਲ ਜਿੱਤਿਆ। ਕਰਾਸ ਕੰਟਰੀ ਅੰਡਰ-19 ਲੜਕੀਆਂ ਨੈਨਸੀ, ਜੈਸਮੀਨ ਸੰਧੂ, ਦਿਲਪ੍ਰੀਤ ਕੌਰ, ਪੁਨੀਤ ਕੌਰ ਗੋਲਡ ਮੈਡਲ, ਰਾਜਦੀਪ ਕੌਰ ਨੇ ਅੰਡਰ-19 ਪੋਲ ਵਾਲਟ 'ਚ ਗੋਲਡ ਮੈਡਲ, 400 ਮੀਟਰ ਹਰਡਲ ਗੋਲਡ, ਹਰਸਿਮਰਨ ਕੌਰ ਅੰਡਰ-19 800 ਮੀਟਰ ਗੋਲਡ ਮੈਡਲ ਜੈਸਮੀਨ ਸੰਧੂ ਅੰਡਰ-17 400 ਮੀਟਰ ਗੋਲਡ ਤੇ 1500 ਮੀਟਰ 'ਚ ਗੋਲਡ ਜਿੱਤਿਆ।ਤਨਵੀਰ ਕੌਰ ਨੇ 200 ਮੀਟਰ ਗੋਲਡ ਤੇ 400 ਮੀਟਰ ਸਿਲਵਰ ਮੈਡਲ ਜਿੱਤਿਆ।ਬੱਚਿਆਂ ਦਾ ਵਧੀਆ ਪ੍ਰਦਰਸ਼ਨ ਹੋਣ 'ਤੇ ਸਕੂਲ ਚੇਅਰਮੈਨ ਨਰ ਸਿੰਘ ਬਰਾੜ ਨੇ ਦੱਸਿਆ ਕਿ ਪੜ੍ਹਾਈ ਦੇ ਨਾਲ ਨਾਲ ਬੱਚਿਆਂ ਨੂੰ ਖੇਡਾਂ ਲਈ ਵੀ ਪ੍ਰੇਰਿਤ ਕੀਤਾ ਜਾਂਦਾ ਹੈ।ਸਕੂਲ ਦੇ ਖੁੱਲ੍ਹੇ ਖੇਡ ਮੈਦਾਨ ਹੋਣ ਕਰਕੇ ਬੱਚੇ ਸਾਰਾ ਸਾਲ ਅਭਿਆਸ ਕਰਦੇ ਹਨ, ਜਿਸ ਕਰਕੇ ਜ਼ੋਨ ਖੇਡਾਂ ਵਿੱਚੋਂ ਹੂੰਝਾ ਫੇਰ ਜਿੱਤਾਂ ਹਾਸਲ ਹੋਈਆਂ, ਜਿਸ ਨਾਲ ਜਿੱਥੇ ਬੱਚਿਆਂ ਦੇ ਹੌਂਸਲੇ ਬੁਲੰਦ ਹੋਏ ਹਨ, ਉੱਥੇ ਸਕੂਲ ਦਾ ਨਾਮ ਰੌਸ਼ਨ ਹੋਇਆ ਅਤੇ ਮਾਪਿਆਂ ਦਾ ਮਾਣ ਵਧਿਆ।ਪ੍ਰਿੰਸੀਪਲ ਬਾਇਜੂ ਵਿਜੇ, ਕੁਆਰਡੀਨੇਟਰ ਮੈਡਮ ਅਨੁਪਮ ਸ਼ਰਮਾ ਤੇ ਸਕੂਲ ਸਟਾਫ ਨੇ ਬੱਚਿਆਂ ਤੇ ਡੀਪੀਈ ਹਰਜਿੰਦਰ ਸਿੰਘ ਅਤੇ ਡੀਪੀਈ ਹਰਦੀਪ ਕੌਰ ਨੂੰ ਸਖਤ ਮਿਹਨਤ ਕਰਨ ਦੀ ਪ੍ਰਸੰਸਾ ਕੀਤੀ ਤੇ ਵਧਾਈਆਂ ਦਿੱਤੀਆਂ।ਜ਼ੋਨ ਐਥਲੈਟਿਕਸ ਖੇਡਾਂ ਵਿੱਚ ਜਿੱਤਾਂ ਹਾਸਲ ਕਰਨ 'ਤੇ ਸਕੂਲ ਬੱਚਿਆਂ ਵਿਚ ਬਹੁਤ ਖੁਸ਼ੀ ਦਾ ਮਾਹੌਲ ਹੈ।

## ਲਿਟਲ ਫਲਾਵਰ ਸਕੂਲ ਦੀਆਂ ਬਾਸਕਟਬਾਲ ਟੀਮਾਂ ਨੇ ਮਾਰੀ ਬਾਜ਼ੀ



**ਗੁਰੂ ਹਰਸਹਾਏ (ਸਿਕਰੀ)**-ਸ਼ਹੀਦ ਭਗਤ ਸਿੰਘ ਸਟੇਡੀਅਮ ਫ਼ਿਰੋਜ਼ਪੁਰ ਵਿਖੇ ਕਰਵਾਈਆਂ ਗਈਆਂ ਜ਼ਿਲ੍ਹਾ ਪੱਧਰੀ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਲਿਟਲ ਫਲਾਵਰ ਕਾਨਵੈਂਟ ਸਕੂਲ ਗੁਰੂ ਹਰਸਹਾਏ ਦੇ ਬਾਸਕਟਬਾਲ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਅੰਡਰ-17 ਉਮਰ ਵਰਗ ਦੇ ਬਾਸਕਟਬਾਲ ਮੁਕਾਬਲਿਆਂ ਵਿੱਚ ਸਕੂਲ ਦੀਆਂ ਲੜਕਿਆਂ ਤੇ ਲੜਕੀਆਂ ਦੀਆਂ ਦੋਵੇਂ ਟੀਮਾਂ ਨੇ ਬਿਹਤਰੀਨ ਖੇਡ ਦਾ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ ਤੇ ਚਾਂਦੀ ਦੇ ਤਮਗ਼ੇ ਆਪਣੇ ਨਾਮ ਕੀਤੇ।ਖਿਡਾਰੀਆਂ ਨੇ ਪੂਰੇ ਟੂਰਨਾਮੈਂਟ ਦੌਰਾਨ ਸ਼ਾਨਦਾਰ ਖੇਡ ਭਾਵਨਾ, ਅਨੁਸ਼ਾਸਨ ਤੇ ਸਖ਼ਤ ਮਿਹਨਤ ਦਾ ਪ੍ਰਦਰਸ਼ਨ ਕੀਤਾ।ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਪ੍ਰਬੰਧਕਾਂ ਤੇ ਪ੍ਰਿੰਸੀਪਲ ਵੱਲੋਂ ਸਮੂਹ ਖਿਡਾਰੀਆਂ ਨੂੰ ਵਧਾਈ ਦਿੱਤੀ ਗਈ।ਇਸ ਦੇ ਨਾਲ ਹੀ ਟੀਮਾਂ ਦੇ ਕੋਚ ਕਰਨ ਤੇ ਲੜਕੀਆਂ ਦੀ ਟੀਮ ਨਾਲ ਇੰਚਾਰਜ ਵਜੋਂ ਗਈ ਅਧਿਆਪਕਾ ਮਿਸਿਜ਼ ਕੰਚਨ ਨੂੰ ਵੀ ਵਿਸ਼ੇਸ਼ ਤੌਰ 'ਤੇ ਮੁਬਾਰਕਬਾਦ ਦਿੱਤੀ ਗਈ।ਸਕੂਲ ਪ੍ਰਬੰਧਨ ਨੇ ਕਿਹਾ ਕਿ ਖਿਡਾਰੀਆਂ ਦੀ ਇਸ ਪ੍ਰਾਪਤੀ ਪਿੱਛੇ ਉਨ੍ਹਾਂ ਦੀ ਲਗਨ, ਮਿਹਨਤ ਤੇ ਕੋਚਾਂ ਦੀ ਯੋਗ ਅਗਵਾਈ ਦਾ ਅਹਿਮ ਯੋਗਦਾਨ ਹੈ।ਸਕੂਲ ਪ੍ਰਸ਼ਾਸਨ ਨੇ ਆਸ ਪ੍ਰਗਟਾਈ ਕਿ ਇਹ ਹੋਣਹਾਰ ਖਿਡਾਰੀ ਭਵਿੱਖ ਵਿੱਚ ਵੀ ਖੇਡਾਂ ਦੇ ਖੇਤਰ ਵਿੱਚ ਹੋਰ ਮਿਹਨਤ ਕਰਕੇ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਮ ਰੌਸ਼ਨ ਕਰਨਗੇ।

## ਰਾਮਲੀਲ੍ਹਾ ਦੀਆਂ ਤਿਆਰੀਆਂ ਮੁਕੰਮਲ, ਅਮਨ ਅਰੋੜਾ ਨੂੰ ਦਿੱਤਾ ਸੱਦਾ ਪੱਤਰ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ਼ਹਿਰ ਦੇ ਸਭ ਤੋਂ ਪ੍ਰਾਚੀਨ ਸ੍ਰੀ ਸਨਾਤਨ ਧਰਮ ਰਾਮਲੀਲ੍ਹਾ ਤੇ ਡਰਾਮਾਟਿਕ ਕਲੱਬ ਵੱਲੋਂ ਕਰਵਾਈ ਜਾਣ ਵਾਲੀ ਰਾਮਲੀਲ੍ਹਾ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਕਲੱਬ ਦੀ ਰਵਾਇਤ ਅਨੁਸਾਰ ਇਸ ਸਾਲ ਵੀ ਪਹਿਲੀ ਨਵਰਾਤਰੀ ਤੋਂ ਹੀ ਰਾਮਲੀਲ੍ਹਾ ਦੀ ਸ਼ੁਰੂਆਤ ਕੀਤੀ ਜਾਵੇਗੀ।ਰਾਮਲੀਲ੍ਹਾ ਕਲੱਬ ਦੇ ਪ੍ਰਧਾਨ ਸਵਾਮੀ ਦੇਵ ਸਿੰਘ ਤੇ ਪ੍ਰਧਾਨ ਮਨਜੀਤ ਸਿੰਘ ਕਾਕਾ ਦੀ ਅਗਵਾਈ ਹੇਠ ਕਲੱਬ ਮੈਂਬਰਾਂ ਨੇ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਰਾਮਲੀਲ੍ਹਾ ਵਿੱਚ ਸ਼ਾਮਲ ਹੋਣ ਦਾ ਸੱਦਾ ਪੱਤਰ ਸੌਂਪਿਆ।ਇਸ ਮੌਕੇ ਪ੍ਰਧਾਨ ਮਨਜੀਤ ਸਿੰਘ ਕਾਕਾ ਨੇ ਕਿਹਾ ਕਿ ਰਾਮਲੀਲ੍ਹਾ ਨੂੰ ਸਫਲ ਬਣਾਉਣ ਲਈ ਕਲੱਬ ਦੇ ਸਮੂਹ ਕਲਾਕਾਰ ਤੇ ਮੈਂਬਰ ਪੂਰੀ ਮਿਹਨਤ ਤੇ ਲਗਨ ਨਾਲ ਤਿਆਰੀਆਂ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਰਾਮਲੀਲ੍ਹਾ ਦੇ ਮੰਚਨ ਦੌਰਾਨ ਸਟੇਜ ਦੀ ਸਜਾਵਟ, ਧਾਰਮਿਕ ਭਾਵਨਾਵਾਂ ਤੇ ਸਮਾਜਿਕ ਕਦਰਾਂ-ਕੀਮਤਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇਗਾ।ਇਸ ਮੌਕੇ ਰਾਮਲੀਲ੍ਹਾ ਕਲੱਬ ਦੇ ਅਧਿਕਾਰੀ, ਕਲਾਕਾਰ ਤੇ ਸਮੂਹ ਮੈਂਬਰ ਹਾਜ਼ਰ ਸਨ।

## ਬੰਗੜ ਹਸਪਤਾਲ ਵਿਖੇ ਮੁਫ਼ਤ ਮੈਡੀਕਲ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਬੰਗੜ ਹਸਪਤਾਲ ਓਪ. ਰਾਏ ਸਿੱਖ ਭਵਨ, ਨੇੜੇ ਜ਼ੀਰਾ ਗੇਟ ਵਿਖੇ ਲਗਾਏ ਗਏ 'ਮੁਫ਼ਤ ਮੈਡੀਕਲ ਕੈਂਪ' ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ। ਕੈਂਪ ਦੌਰਾਨ 200 ਤੋਂ ਵੱਧ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ ਗਈ। ਇਸ ਮੌਕੇ ਪਰਮਿੰਦਰ ਸਿੰਘ ਪਿੰਕੀ ਸਾਬਕਾ ਵਿਧਾਇਕ ਫ਼ਿਰੋਜ਼ਪੁਰ ਤੇ ਕਾਂਗਰਸ ਆਗੂ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਤੋਂ ਇਲਾਵਾ ਫ਼ਿਰੋਜ਼ਪੁਰ ਦੇ ਮਿਊਂਸਪਲ ਕੌਂਸਲਰਾਂ ਨੇ ਵੀ ਕੈਂਪ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਐੱਮ ਸੀ ਪ੍ਰਧਾਨ ਸਚਦੇਵਾ, ਰਿੰਕੂ ਗਰੋਵਰ, ਅਟਾਰੀ ਤੇ ਹਾਂਡਾ ਸਮੇਤ ਹੋਰ ਪਤਵੰਤੇ ਹਾਜ਼ਰ ਰਹੇ। ਕੈਂਪ ਦੌਰਾਨ ਮਰੀਜ਼ਾਂ ਲਈ ਮੁਫ਼ਤ ਓਪੀਡੀ ਜਾਂਚ, ਫਾਇਬਰੋ ਸਕੈਨ ਤੇ ਬੀਐੱਮਡੀ ਟੈਸਟ ਕੀਤੇ ਗਏ। ਡਾਕਟਰਾਂ ਵੱਲੋਂ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਸਿਹਤ ਸਬੰਧੀ ਲੋੜੀਂਦੀ ਸਲਾਹ ਤੇ ਇਲਾਜ ਸਬੰਧੀ ਜਾਣਕਾਰੀ ਵੀ ਦਿੱਤੀ ਗਈ। ਬੰਗੜ ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਅਜਿਹੇ ਸਿਹਤ ਕੈਂਪਾਂ ਦਾ ਮਕਸਦ ਲੋਕਾਂ ਨੂੰ ਸਮੇਂ ਸਿਰ ਸਿਹਤ ਜਾਂਚ ਦੀ ਸਹੂਲਤ ਪ੍ਰਦਾਨ ਕਰਨਾ ਤੇ ਬਿਮਾਰੀਆਂ ਦੀ ਸ਼ੁਰੂਆਤੀ ਪੱਧਰ 'ਤੇ ਪਛਾਣ ਕਰਨਾ ਹੈ। ਕੈਂਪ ਦੀ ਸਫਲਤਾ 'ਤੇ ਬੰਗੜ ਹਸਪਤਾਲ ਦੀ ਸਮੁੱਚੀ ਟੀਮ ਵੱਲੋਂ ਪਹੁੰਚੇ ਸਾਰੇ ਮਹਿਮਾਨਾਂ, ਮਰੀਜ਼ਾਂ ਤੇ ਇਲਾਕਾ ਵਾਸੀਆਂ ਦਾ ਧੰਨਵਾਦ ਕੀਤਾ ਗਿਆ।

## ਐੱਸ ਐੱਚ ਓ ਰਾਜ ਕੁਮਾਰ ਨੇ ਚਾਰਜ ਸੰਭਾਲਿਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਚੀਮਾ ਥਾਣਾ ਦੇ ਨਵੇਂ ਆਏ ਐੱਸ ਐੱਚ ਓ ਸ੍ਰੀ ਰਾਜ ਕੁਮਾਰ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ। ਇਸ ਮੌਕੇ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਥਾਣੇ ਵਿੱਚ ਆਉਣ ਵਾਲੇ ਪਤਵੰਤਿਆਂ ਦਾ ਮਾਨ ਸਨਮਾਨ ਕੀਤਾ ਜਾਵੇਗਾ। ਉਨ੍ਹਾਂ ਪਿੰਡਾਂ ਦੇ ਮੋਹਤਵਰ ਸਰਪੰਚਾਂ, ਐੱਮ ਸੀਜ਼, ਨੰਬਰਦਾਰਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਨਸ਼ਾ ਵੇਚਣ ਵਾਲੇ ਜਾਂ ਨਸ਼ਾ ਖਾਣ ਵਾਲੇ ਦੀ ਉਹ ਸਿਫਾਰਸ਼ ਨਾ ਕਰਨ। ਉਨ੍ਹਾਂ ਕਿਹਾ ਕਿ ਕਿਸੇ ਵੀ ਨਸ਼ਾ ਤਸਕਰ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਚਲਾਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਵਿੱਚ ਹਰ ਇੱਕ ਨੂੰ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ, ਕਿਉਂਕਿ ਜੋ ਇਹ ਨਸ਼ੇ ਵੇਚਣ ਵਾਲੇ ਹਨ, ਉਹ ਆਉਣ ਵਾਲੀ ਪੀੜ੍ਹੀ ਦਾ ਬਹੁਤ ਹੀ ਜ਼ਿਆਦਾ ਨੁਕਸਾਨ ਕਰ ਰਹੇ ਹਨ। ਇਸ ਮੌਕੇ ਉਨ੍ਹਾਂ ਕਿਹਾ ਕਿ ਕੋਈ ਵੀ ਕਿਸੇ ਕੋਲ ਨਸ਼ਾ ਵੇਚਣ ਵਾਲੇ ਦੀ ਜਾਂ ਨਸ਼ਾ ਤਸਕਰ ਦੀ ਕੋਈ ਵੀ ਉਨ੍ਹਾਂ ਕੋਲੇ ਜਾਣਕਾਰੀ ਹੈ ਤਾਂ ਉਹ ਤੁਰੰਤ ਪੁਲਸ ਨਾਲ ਸੰਪਰਕ ਕਰਨ ਤੇ ਉਨ੍ਹਾਂ ਦਾ ਨਾਂ ਗੁਪਤ ਰੱਖਿਆ ਜਾਵੇਗਾ।

# ਸਫਾ 1 ਦੇ ਬਾਕੀ...

### ਏ ਸੀ ਪੀ 'ਤੇ ਪੱਤਰਕਾਰ...

ਵੀ ਭੱਜ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਪ੍ਰਦਰਸ਼ਨਕਾਰੀ ਮਹਿਲਾਵਾਂ ਨਾਲ ਦੁਰਵਿਹਾਰ ਕੀਤਾ ਗਿਆ, ਕੈਮਰੇ ਖੋਹੇ ਗਏ ਅਤੇ ਪੱਤਰਕਾਰਾਂ ਨੂੰ ਧੂਹਿਆ ਗਿਆ। ਰਾਹੁਲ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ ਨਿਸ਼ਾਨਾ ਸਾਧਦਿਆਂ ਸਵਾਲ ਕੀਤਾ ਕਿ ਦਿੱਲੀ ਦੀਆਂ ਮਹਿਲਾਵਾਂ ਅਤੇ ਵਿਦਿਆਰਥਣਾਂ ਆਪਣੀ ਸੁਰੱਖਿਆ ਨੂੰ ਲੈ ਕੇ ਚਿੰਤਤ ਹਨ, ਪਰ ਜਿਸ ਦਿੱਲੀ ਪੁਲਸ 'ਤੇ ਸੁਰੱਖਿਆ ਦੀ ਜ਼ਿੰਮੇਵਾਰੀ ਹੈ, ਉਹੀ ਮਹਿਲਾਵਾਂ 'ਤੇ ਹੱਥ ਚੁੱਕ ਰਹੀ ਹੈ। ਮਹਿਲਾ ਦੀ ਸ਼ਿਕਾਇਤ ਦਰਜ ਕਰਨ ਤੋਂ ਡਰਨ ਵਾਲੀ ਸਰਕਾਰ ਆਖ਼ਰ ਕਿਸ ਦੀ ਹਿਫ਼ਾਜ਼ਤ ਕਰ ਰਹੀ ਹੈ? ਦਿੱਲੀ ਪੁਲਸ ਗ੍ਰਹਿ ਮੰਤਰਾਲੇ ਅਧੀਨ ਆਉਂਦੀ ਹੈ, ਇਸ ਲਈ ਅਮਿਤ ਸ਼ਾਹ ਜੀ ਨੂੰ ਹੀ ਜਵਾਬ ਦੇਣਾ ਪਵੇਗਾ। ਪ੍ਰੈੱਸ ਕਲੱਬ ਆਫ਼ ਇੰਡੀਆ ਨੇ ਵੀ ਬਿਆਨ ਜਾਰੀ ਕਰਕੇ ਪੁਲਸ ਕਾਰਵਾਈ ਅਤੇ ਜੰਤਰ-ਮੰਤਰ ਦੇ ਆਸ-ਪਾਸ ਇੰਟਰਨੈੱਟ ਸੇਵਾਵਾਂ ਠੱਪ ਕਰਨ ਦੇ ਫੈਸਲੇ 'ਤੇ ਡੂੰਘੀ ਚਿੰਤਾ ਤੇ ਦੁੱਖ ਪ੍ਰਗਟਾਇਆ ਹੈ। ਸੰਸਥਾ ਨੇ ਆਖਿਆ ਕਿ ਮੁੱਖ ਚੋਣ ਕਮਿਸ਼ਨਰ ਵਿਰੁੱਧ ਹੋ ਰਹੇ ਪ੍ਰਦਰਸ਼ਨ ਨੂੰ ਕਵਰ ਕਰ ਰਹੇ ਪੱਤਰਕਾਰਾਂ ਨਾਲ ਅਜਿਹਾ ਵਤੀਰਾ ਲੋਕਤੰਤਰ ਵਿੱਚ ਸਵੀਕਾਰਯੋਗ ਨਹੀਂ ਹੈ।

### ਏ ਸੀ ਪੀ ਨੂੰ ਮੁਅੱਤਲ...

ਨਹੀਂ ਕੀਤਾ ਜਾ ਸਕਦਾ। ਉਨ੍ਹਾ ਮੰਗ ਕੀਤੀ ਕਿ ਮਹਿਲਾ ਪੱਤਰਕਾਰ ਦੀ ਸ਼ਿਕਾਇਤ 'ਤੇ ਏ ਸੀ ਪੀ ਵਿਵੇਕ ਭਗਤ ਖ਼ਿਲਾਫ਼ ਤੁਰੰਤ ਕੇਸ ਦਰਜ ਕਰਕੇ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਕੀਤੀ ਜਾਵੇ ਅਤੇ ਜਾਂਚ ਨੂੰ ਪ੍ਰਭਾਵਿਤ ਹੋਣ ਤੋਂ ਰੋਕਣ ਲਈ ਪੁਲਸ ਅਧਿਕਾਰੀ ਨੂੰ ਫ਼ੌਰੀ ਮੁਅੱਤਲ ਕੀਤਾ ਜਾਵੇ।ਆਗੂਆਂ ਕੁਝ ਹੋਰ ਪੱਤਰਕਾਰਾਂ ਵੱਲੋਂ ਵੀ ਕੀਤੀਆਂ ਅਜਿਹੀਆਂ ਸ਼ਿਕਾਇਤਾਂ ਦੀ ਵੀ ਗੰਭੀਰਤਾ ਨਾਲ ਜਾਂਚ ਕੀਤੀ ਜਾਵੇ।ਉਨ੍ਹਾ ਕਿਹਾ ਕਿ ਪੱਤਰਕਾਰ ਆਪਣੀ ਪੇਸ਼ੇਵਰ ਜ਼ਿੰਮੇਵਾਰੀ ਨਿਭਾਉਂਦੇ ਹੋਏ ਜਨਤਕ ਅੰਦੋਲਨਾਂ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ ਦੀ ਰਿਪੋਰਟਿੰਗ ਕਰਦੇ ਹਨ, ਇਸ ਲਈ ਉਨ੍ਹਾਂ ਨੂੰ ਸੁਰੱਖਿਅਤ ਅਤੇ ਸਨਮਾਨਜਨਕ ਮਾਹੌਲ ਦੇਣਾ ਪੁਲਸ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ।

### ਬੱਬਰ ਅਕਾਲੀ ਲਹਿਰ...

ਭੇਜਿਆ ਗਿਆ ਹੈ।ਪਹਿਲੀ ਨਵੰਬਰ ਸ਼ਾਮ 6 ਵਜੇ ਗੀਤ-ਸੰਗੀਤ ਨਾਲ਼ ਸ਼ੁਰੂ ਹੋਏਗੀ। ਉਪਰੰਤ 'ਹਨੇਰੇ ਤੋਂ ਰੋਸ਼ਨੀ ਵੱਲ ਸਫ਼ਰ ਦਾ ਪੈਗ਼ਾਮ' ਦਿੰਦੇ ਹੋਏ ਭਰਿਆ ਭੰਡਾਲ ਮੋਮਬਤੀਆਂ ਅਤੇ ਮੋਬਾਇਲ ਟਾਰਚ ਹੱਥ ਲੈ ਕੇ ਖੜ੍ਹੇ ਹੋ ਕੇ ਲੋਕਾਂ ਨੂੰ ਮੂੰਹ ਜ਼ੋਰ ਸਥਾਪਤੀ ਦੇ ਅੰਨ੍ਹੇ ਹਨੇਰੇ ਖ਼ਿਲਾਫ਼ ਉਠ ਖੜ੍ਹੇ ਹੋਣ ਦਾ ਪੈਗ਼ਾਮ ਦੇਵੇਗਾ।ਸੁਚੇਤਕ ਰੰਗਮੰਚ ਮੁਹਾਲੀ ਵੱਲੋਂ ਸ਼ਬਦੀਸ਼ ਦੀ ਰਚਨਾ ਅਤੇ ਅਨੀਤਾ ਦੀ ਨਿਰਦੇਸ਼ਨਾ 'ਚ 'ਖਿੜਦੇ ਰਹਿਣ ਗੁਲਾਬ' ਨਾਟਕ ਹੋਏਗਾ।ਇਸ ਉਪਰੰਤ ਕੇਵਲ ਧਾਲੀਵਾਲ ਦੀ ਨਿਰਦੇਸ਼ਨਾ 'ਚ ਮੰਚ ਰੰਗਮੰਚ ਅੰਮ੍ਰਿਤਸਰ ਡਾ. ਸਵਰਾਜਬੀਰ ਦਾ ਲਿਖਿਆ ਨਾਟਕ 'ਤੂੰ ਬੁੱਲ੍ਹੇ ਵਾਂਗੂ ਬੋਲ' ਪੇਸ਼ ਹੋਏਗਾ।ਗੁਰਸ਼ਰਨ ਭਾਅ ਜੀ ਦਾ ਲਿਖਿਆ, ਹਰਕੇਸ਼ ਚੌਧਰੀ ਦੀ ਨਿਰਦੇਸ਼ਨਾ 'ਚ ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਪੇਸ਼ ਕਰੇਗਾ ਨਾਟਕ 'ਅਸੀਂ ਯੁੱਗ ਸਿਰਜਾਂਗੇ।'

ਜ਼ਿਕਰਯੋਗ ਹੈ ਕਿ ਇਸ ਵਾਰ ਕਈ ਪੱਖਾਂ ਬਾਰੇ ਸੋਚਦਿਆਂ ਪਹਿਲੀ ਨਵੰਬਰ ਦੀ ਸ਼ਾਮ 6 ਵਜੇ ਤੋਂ ਲੈ ਕੇ 12 ਵਜੇ ਤੱਕ ਹੀ ਨਾਟਕ ਮੇਲਾ ਕਰਨ ਦਾ ਜਨਰਲ ਬਾਡੀ ਨੇ ਫੈਸਲਾ ਕੀਤਾ ਹੈ।ਜ਼ਿਕਰਯੋਗ ਹੈ ਕਿ ਮੇਲੇ ਦੇ ਦਿਨਾਂ ਵਿੱਚ ਦੇਸ਼ ਭਗਤ ਯਾਦਗਾਰ ਕੰਪਲੈਕਸ ਨੂੰ 'ਬੱਬਰ ਅਕਾਲੀ ਲਹਿਰ ਸ਼ਹਾਦਤ ਸ਼ਤਾਬਦੀ ਨਗਰ' ਦਾ ਨਾਂਅ ਦਿੱਤਾ ਜਾਏਗਾ।ਪੁਸਤਕ ਪ੍ਰਦਰਸ਼ਨੀ ਵਾਲੇ ਪੰਡਾਲ ਨੂੰ 'ਕਿਰਤੀ ਪੰਡਾਲ' ਅਤੇ ਵੱਡੇ ਪੰਡਾਲ ਨੂੰ ਕਾਕੋਰੀ ਕਾਂਡ ਅਤੇ ਨੌਜਵਾਨ ਭਾਰਤ ਸਭਾ ਪੰਡਾਲ ਦਾ ਨਾਂਅ ਦਿੱਤਾ ਜਾਏਗਾ।ਐਤਵਾਰ ਮੀਟਿੰਗ 'ਚ ਮਤਾ ਪਾਸ ਕਰਕੇ ਪਿਛਲੇ ਦਿਨਾਂ ਤੋਂ ਜੰਤਰ ਮੰਤਰ ਵਿਖੇ ਆਪਣੇ ਹੱਕ ਮੰਗਦੇ ਵਿਦਿਆਰਥੀਆਂ, ਨੌਜਵਾਨਾਂ ਉਪਰ ਵਹਿਸ਼ੀਆਨਾ ਕਹਿਰ ਢਾਹੁਣ ਦੀ ਜ਼ੋਰਦਾਰ ਨਿੰਦਾ ਕੀਤੀ ਗਈ। ਇਹ ਮਤਾ ਵੀ ਪਾਸ ਕੀਤਾ ਗਿਆ ਕਿ ਮਜ਼ਦੂਰ ਆਗੂ, ਕਹਾਣੀਕਾਰ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਹਰਬੰਸ ਮਾਲੜੀ ਉਪਰ ਹਮਲਾ ਬੋਲਣ ਅਤੇ ਜਾਤੀ ਸੂਚਕ ਸ਼ਬਦ ਬੋਲਣ ਵਾਲੇ ਤਲਵੰਡੀ ਸਲੇਮ ਦੇ ਸਰਪੰਚ ਪ੍ਰਦੀਪ ਸਿੰਘ 'ਤੇ ਪਰਚਾ ਦਰਜ ਕੀਤਾ ਜਾਏ। ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਦਾ ਮੁਹਾਂਦਰਾ ਬਦਲਣਾ ਬੰਦ ਕਰਕੇ ਉਸ ਨੂੰ ਯਾਦਗਾਰ ਦਾ ਦਰਜਾ ਦਿੱਤਾ ਜਾਵੇ।ਮੀਟਿੰਗ ਦਾ ਆਗਾਜ਼ ਕਮੇਟੀ ਦੇ ਸਾਬਕਾ ਪ੍ਰਧਾਨ ਅਜਮੇਰ ਸਿੰਘ, ਕਮੇਟੀ ਮੈਂਬਰ ਐਡਵੋਕੇਟ ਰਾਜਿੰਦਰ ਮੰਡ, 'ਨਵਾਂ ਜ਼ਮਾਨਾ' ਦੇ ਸੰਪਾਦਕ ਚੰਦ ਫਤਿਹਪੁਰੀ, ਮਜ਼ਦੂਰ ਆਗੂ ਗੁਰਨਾਮ ਸਿੰਘ ਦਾਊਦ, ਕਵੀ ਅਤੇ ਲੇਖਕ ਧਰਮਪਾਲ ਉਪਾਸ਼ਕ, ਫੋਟੋਕਾਰ ਅਤੇ ਸਾਹਿਤਕਾਰ ਹਰਭਜਨ ਬਾਜਵਾ, ਮਹਿੰਦਰ ਦੋਸਾਂਝ, ਮਨੋਹਰ ਸਿੰਘ ਖਹਿਰਾ, ਕੈਨੇਡਾ 'ਚ ਛਪਦੇ ਮਕਬੂਲ ਮੈਗਜ਼ੀਨ 'ਸਰੋਕਾਰਾਂ ਦੀ ਆਵਾਜ਼' ਦੇ ਸੰਪਾਦਕ ਹਰਬੰਸ ਸਿੰਘ, ਵਿਅੰਗਕਾਰ ਕੇ ਐੱਲ ਗਰਗ, ਹਰਮਿੰਦਰ ਰਾਏਪੁਰ ਡੱਬਾ, ਪ੍ਰਤਾਪ ਸਿੰਘ ਵੈਰੋਵਾਲ਼, ਅਜਾਇਬ ਸਿੰਘ ਚੱਕ ਸਿੰਘਾ, ਐਡਵੋਕੇਟ ਐੱਨ ਕੇ ਜੀਤ ਬਠਿੰਡਾ, ਔਰਤ ਆਗੂ ਧਰਮਜੀਤ ਕੌਰ ਨੂੰ ਖੜ੍ਹੇ ਹੋ ਕੇ ਸ਼ਰਧਾਂਜਲੀ ਭੇਟ ਕਰਨ ਨਾਲ਼ ਹੋਇਆ। ਇਹ ਜਾਣਕਾਰੀ ਕਮੇਟੀ ਦੇ ਮੀਤ ਪ੍ਰਧਾਨ ਡਾ. ਪਰਮਿੰਦਰ, ਜਨਰਲ ਸਕੱਤਰ ਗੁਰਮੀਤ ਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦਿੱਤੀ।

### ਮੁੱਖ ਮੰਤਰੀ ਵੱਲੋਂ 'ਪੰਜਾਬ...

ਕਿਹਾ ਕਿ 'ਪੰਜਾਬ ਦਾ ਇਤਿਹਸ' ਦੀਆਂ ਤਿੰਨ ਜਿਲਦਾਂ ਵਿੱਚ 33 ਅਧਿਆਏ ਅਤੇ 1980 ਸਫ਼ਿਆਂ ਦੀ ਸਮੱਗਰੀ ਸ਼ਾਮਲ ਹੈ। ਇਸ ਵਿੱਚ ਪੰਜਾਬ ਦੀ ਮਿੱਟੀ, ਨਦੀਆਂ, ਖੇਤੀਬਾੜੀ, ਭਾਸ਼ਾ, ਸਾਹਿਤ, ਧਰਮ, ਲੋਕਧਾਰਾ, ਸੱਭਿਆਚਾਰ, ਪ੍ਰਵਾਸ, ਕਲਾ, ਸੰਗੀਤ ਅਤੇ ਸਾਂਝੀਆਂ ਯਾਦਾਂ ਨੂੰ ਇਤਿਹਾਸ ਦੇ ਵੱਡੇ ਸੰਦਰਭ ਵਿੱਚ ਸਮਝਣ ਦਾ ਯਤਨ ਕੀਤਾ ਗਿਆ ਹੈ।ਉੱਘੇ ਇਤਿਹਾਸਕਾਰ ਡਾ. ਗੁਰਿੰਦਰ ਸਿੰਘ ਮਾਨ ਨੇ ਕਿਤਾਬ ਨਾਲ ਜੁੜੇ ਸਾਰੇ ਵਿਦਵਾਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪੰਜਾਬ ਦੀ ਲੰਮੀ ਇਤਿਹਾਸਕ ਯਾਤਰਾ ਨੂੰ ਸਮਝਣ ਵੱਲ ਇੱਕ ਮਹੱਤਵਪੂਰਨ ਕਦਮ ਹੈ।ਇਤਿਹਾਸਕਾਰ ਸੁਭਾਸ਼ ਪਰਿਹਾਰ ਨੇ ਕਿਹਾ ਕਿ ਇਹ ਇਕ ਵੱਖਰੀ ਕਿਸਮ ਦਾ ਵੱਡਾ ਉਪਰਾਲਾ ਹੈ। ਉਹਨਾਂ ਅਗਾਂਹ ਕਿਹਾ ਕਿ ਪੰਜਾਬ ਦੇ ਇਤਿਹਾਸ ਦੀ ਪੜ੍ਹਾਈ ਅਜੇ ਵੀ ਸੀਮਤ ਵਿਸ਼ਿਆਂ ਦੇ ਆਲੇ-ਦੁਆਲੇ ਘੁੰਮ ਰਹੀ ਹੈ।

ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਪੁਸਤਕ ਸੰਬੰਧੀ ਆਪਣੇ ਵਿਚਾਰ ਰੱਖੇ।ਕਿਤਾਬ ਵਿਚਲੇ ਹੋਰ ਲੇਖਕਾਂ ਨੇ ਵੀ ਆਪਣੀ ਗੱਲ ਰੱਖੀ।ਪੰਜਾਬ ਦੇ ਮੁੱਖ ਸ੍ਰੀ ਭਗਵੰਤ ਮਾਨ ਨੇ ਕਿਹਾ ਕਿ ਪੰਜਾਬੀ ਸਿਰਫ਼ ਇੱਕ ਭਾਸ਼ਾ ਨਹੀਂ, ਸਗੋਂ ਪੰਜਾਬ ਦੀ ਰੂਹ ਹੈ।ਉਹਨਾਂ ਪੰਜਾਬੀ ਸਾਹਿਤ ਨਾਲ ਆਪਣੇ ਪੁਰਾਣੇ ਰਿਸ਼ਤੇ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਲੇਖਕਾਂ, ਕਲਾਕਾਰਾਂ ਨਾਲ ਲੰਮੇ ਸਮੇਂ ਤੋਂ ਜੁੜੇ ਹਨ।ਪੰਜਾਬ ਦੇ ਇਤਿਹਾਸ ਬਾਰੇ ਗੱਲ ਕਰਦਿਆਂ ਉਨ੍ਹਾ ਕਿਹਾ ਕਿ ਇਤਿਹਾਸ ਸਿਰਫ਼ ਬੀਤੇ ਦੀ ਯਾਦ ਨਹੀਂ, ਸਗੋਂ ਅੱਜ ਵੀ ਇਤਿਹਾਸ ਬਣ ਰਿਹਾ ਹੈ।ਉਨ੍ਹਾ ਹੋਰ ਕਿਹਾ ਕਿ ਹਰ ਵਿਅਕਤੀ ਆਪਣੇ ਕੰਮਾਂ ਰਾਹੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਇਤਿਹਾਸ ਦਾ ਹਿੱਸਾ ਬਣਦਾ ਹੈ।ਉਹਨਾਂ 'ਪੰਜਾਬ ਦਾ ਇਤਿਹਾਸ' ਲਈ ਪੰਜਾਬੀਆਂ ਨੂੰ ਵਧਾਈ ਦਿੱਤੀ। ਪ੍ਰਧਾਨਗੀ ਭਾਸ਼ਣ ਦਿੰਦਿਆਂ ਉੱਘੇ ਇਤਿਹਾਸਕਾਰ ਪ੍ਰੋ. ਇੰਦੂ ਬਾਂਗਾ ਨੇ ਪਹਿਲਾਂ ਆਪਣੇ ਤੇ ਪੰਜਾਬੀ ਬਾਰੇ ਆਪਣੇ ਲਗਾਵ ਬਾਰੇ ਦੱਸਿਆ ਅਤੇ ਕੁਝ ਕਿਤਾਬਾਂ ਪੰਜਾਬੀ ਵਿਚ ਲਿਖਣ ਬਾਬਤ ਵੀ ਗੱਲ ਕੀਤੀ।ਉਹਨਾਂ ਮੁੱਖ ਮੰਤਰੀ ਵੱਲੋਂ ਪੰਜਾਬ ਦੇ ਪੁਨਰ ਨਿਰਮਾਣ ਕਰਨ ਲਈ ਕੀਤੀ ਜਾ ਰਹੀ ਮਿਹਨਤ ਦਾ ਜ਼ਿਕਰ ਕੀਤਾ।'ਪੰਜਾਬ ਦੇ ਇਤਿਹਾਸ' ਦੇ ਵੱਡੇ ਉਪਰਾਲੇ ਲਈ ਉਹਨਾਂ ਪੰਜਾਬ ਕਲਾ ਪਰਿਸ਼ਦ ਨੂੰ ਵਧਾਈ ਦਿੱਤੀ।ਪੰਜਾਬ ਕਲਾ ਪਰਿਸ਼ਦ ਚੇਅਰਮੈਨ ਡਾ. ਯੋਗਰਾਜ ਨੇ ਸਾਰੇ ਆਏ ਮਹਿਮਾਨਾਂ ਦਾ ਧੰਨਵਾਦ ਕਰਦੇ ਕਿਤਾਬ ਬਾਰੇ ਵੀ ਕੁਝ ਨੁਕਤੇ ਸਾਂਝੇ ਕੀਤੇ।ਸਾਰੇ ਸਮਾਗਮ ਦਾ ਸੰਚਾਲਨ ਉੱਘੇ ਲੇਖਕ ਤੇ ਪੱਤਰਕਾਰ ਸ੍ਰੀ ਪ੍ਰੀਤਮ ਰੁਪਾਲ ਨੇ ਬਾਖ਼ੂਬੀ ਕੀਤਾ।

### ਸੋਨ ਤਮਗਿਆਂ 'ਚ...

ਨੂੰ ਦੁਹਰਾਇਆ। ਭਾਰਤ ਨੇ ਕ੍ਰਿਕਟ, ਹਾਕੀ ਅਤੇ ਕਬੱਡੀ ਵਿੱਚ ਪੁਰਸ਼ਾਂ ਅਤੇ ਔਰਤਾਂ ਦੋਵਾਂ ਵਰਗਾਂ ਵਿੱਚ ਸੋਨ ਤਮਗੇ ਜਿੱਤੇ ਹਨ। ਹਾਕੀ ਵਿੱਚ ਏਸ਼ੀਅਨ ਖੇਡਾਂ ਦੇ ਸੋਨ ਤਮਗੇ ਜਿੱਤ ਕੇ ਦੋਵੇਂ ਭਾਰਤੀ ਹਾਕੀ ਟੀਮਾਂ 2028 ਦੀਆਂ ਲਾਸ ਏਂਜਲਸ ਉਲੰਪਿਕ ਲਈ ਸਿੱਧੀਆਂ ਕੁਆਲੀਫਾਈ ਕਰ ਗਈਆਂ ਹਨ। ਇਹ ਪਹਿਲਾ ਮੌਕਾ ਹੈ ਜਦੋਂ ਦੋਵੇਂ ਭਾਰਤੀ ਹਾਕੀ ਟੀਮਾਂ ਨੇ ਇੱਕੋ ਈਵੈਂਟ ਵਿੱਚ ਸੋਨ ਤਮਗਾ ਜਿੱਤਿਆ ਹੈ। ਚੀਨ ਨੇ ਇਸ ਵਾਰ 341 ਤਮਗੇ ਜਿੱਤੇ, ਜਿਨ੍ਹਾਂ ਵਿੱਚ 169 ਸੋਨ ਤਮਗੇ ਸ਼ਾਮਲ ਹਨ। ਦੂਜੇ ਸਥਾਨ 'ਤੇ ਰਹਿਣ ਵਾਲੇ ਜਾਪਾਨ ਨੇ 83 ਸੋਨ ਤਮਗੇ ਜਿੱਤੇ, ਜੋ ਕਿ ਚੀਨ ਨਾਲੋਂ ਅੱਧੇ ਤੋਂ ਵੀ ਘੱਟ ਹਨ। 1982 ਤੋਂ ਚੀਨ ਹਰ ਏਸ਼ੀਆਈ ਖੇਡਾਂ ਵਿੱਚ ਟੌਪਰ ਰਿਹਾ ਹੈ। ਭਾਰਤ ਨੇ ਪਿਛਲੀਆਂ ਏਸ਼ੀਆਈ ਖੇਡਾਂ ਦੇ ਪ੍ਰਦਰਸ਼ਨ ਦੀ ਬਰਾਬਰੀ ਕੀਤੀ, ਪਰ ਇਸ ਵਾਰ ਇਹ 7 ਸੋਨ ਤਮਗਿਆਂ ਸਮੇਤ 21 ਤਮਗਿਆਂ ਤੋਂ ਪਿੱਛੇ ਰਹਿ ਗਿਆ। ਭਾਰਤੀ ਮਹਿਲਾ ਕੰਪਾਊਂਡ ਤੀਰਅੰਦਾਜ਼ੀ ਟੀਮ ਨੇ ਚੀਨ ਵਿਰੁੱਧ ਫਾਈਨਲ ਵਿੱਚ 238 ਅੰਕ ਬਣਾਏ, ਜੋ ਵਿਸ਼ਵ ਰਿਕਾਰਡ ਦੀ ਬਰਾਬਰੀ ਕਰਦੇ ਹਨ। ਚਿਕਥਾ ਤਨਿਪਾਰਥੀ, ਪ੍ਰਤੀਕਾ ਪ੍ਰਦੀਪ ਅਤੇ ਜਯੋਤੀ ਸੁਰੇਖਾ ਵੇਨਮ ਦੀ ਤਿਕੜੀ ਨੇ ਚੀਨ ਨੂੰ 238-234 ਨਾਲ ਹਰਾ ਕੇ ਸੋਨ ਤਮਗਾ ਜਿੱਤਿਆ।

### ਆਉਣ ਵਾਲੇ ਸਮੇਂ 'ਚ ...

ਹੋ ਰਿਹਾ ਹੈ।ਭਾਰਤੀ ਖੇਤ ਮਜ਼ਦੂਰ ਯੂਨੀਅਨ ਨੂੰ ਕੇਂਦਰੀ ਕਾਰਜਕਾਰਨੀ ਦੀ ਮੀਟਿੰਗ ਦੀ ਵਧਾਈ ਦਿੰਦਿਆਂ ਸੀ ਪੀ ਆਈ ਦੇ ਕੌਮੀ ਸਕੱਤਰ ਨੇ ਆਸ ਪ੍ਰਗਟਾਈ ਕੇ ਮੀਟਿੰਗ ਚੰਗੇ ਨਤੀਜੇ ਕੱਢੇਗੀ।ਮੋਦੀ ਵੱਲੋਂ ਮਜ਼ਦੂਰ ਵਰਗ ਨਾਲ ਕੀਤੇ ਧ੍ਰੋਹ ਦੀ ਗੱਲ ਕਰਦਿਆਂ ਡਾ. ਸ਼ਰਮਾ ਨੇ ਕਿਹਾ ਕਿ ਮਨਰੇਗਾ ਇਸ ਵਰਗ ਦੀ ਤਾਕਤ ਤੇ ਸਨਮਾਨ ਸੀ।ਕਿਸੇ ਹੱਦ ਤੱਕ ਇਸ ਕਾਨੂੰਨ ਨੇ ਗਰੀਬ ਵਰਗ ਦੀ ਜ਼ਿੰਦਗੀ ਸੁਖਾਲੀ ਕੀਤੀ ਸੀ।ਮੋਦੀ ਸਰਕਾਰ ਨੇ ਮਨਰੇਗਾ ਨੂੰ ਖਤਮ ਕਰਕੇ ਮਜ਼ਦੂਰਾਂ ਦੇ ਅਧਿਕਾਰ ਹਵਾ ਵਿੱਚ ਉਡਾ ਦਿੱਤੇ। ਕਮਿਊਨਿਸਟ ਆਗੂ ਨੇ ਦੇਸ਼ ਦੀ ਸਮੁੱਚੀ ਸਿਆਸਤ ਦੀ ਚੀਰ-ਫਾੜ ਕਰਦਿਆਂ ਜੰਤਰ ਮੰਤਰ 'ਤੇ ਹੋਏ ਅੰਦੋਲਨ ਦੇ ਨਤੀਜੇ ਅਤੇ ਭਵਿੱਖ ਵਿੱਚ ਮੋਦੀ ਨੂੰ ਮਜ਼ਾ ਚਖਾਉਣ ਦੀਆਂ ਜੈਨ ਜ਼ੀ ਵੱਲੋਂ ਕੀਤੀਆਂ ਕੋਸ਼ਿਸ਼ਾਂ ਦੇ ਨਤੀਜੇ ਸਾਰਥਿਕ ਨਿਕਲਣ ਦੀ ਆਸ ਪ੍ਰਗਟ ਕੀਤੀ।ਉਦਘਾਟਨੀ ਸਮਾਗਮ ਨੂੰ ਸਾਬਕਾ ਐੱਮ ਪੀ ਅਤੇ ਮਜ਼ਦੂਰ ਆਗੂ ਨਗੇਂਦਰ ਨਾਥ ਓਝਾ ਨੇ ਵੀ ਸੰਬੋਧਨ ਕੀਤਾ। ਉਹਨਾ ਆਪਣੇ ਸੰਖੇਪ ਭਾਸ਼ਣ ਵਿੱਚ ਪੰਜਾਬ ਅਤੇ ਹਰਿਆਣਾ ਦੇ ਜੰਗਜੂ ਸੁਭਾਅ ਦਾ ਜ਼ਿਕਰ ਕਰਦਿਆਂ ਕਿਹਾ ਕਿ ਜਦੋਂ ਵੀ ਕਿਸੇ ਅੰਦੋਲਨ ਲਈ ਪ੍ਰੇਰਨਾ ਲੈਣੀ ਹੋਵੇ ਤਾਂ ਲੋਕ ਪੰਜਾਬ ਤੇ ਹਰਿਆਣਾ ਵਿੱਚ ਆਉਂਦੇ ਹਨ।ਉਹਨਾ ਕਿਹਾ ਕਿ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ ਸਥਾਪਨਾ ਵੀ 1968 ਵਿੱਚ ਪੰਜਾਬ ਵਿੱਚ ਹੋਈ ਸੀ। ਦੇਸ਼ ਵਿੱਚ ਮੋਦੀ ਅਤੇ ਅਮਿਤ ਸ਼ਾਹ ਦੇ ਵਿਅਕਤੀਤਵ ਨੂੰ ਲੱਗ ਰਹੀ ਢਾਹ ਦਾ ਜ਼ਿਕਰ ਕਰਦਿਆਂ ਕਾਮਰੇਡ ਓਝਾ ਨੇ ਕਿਹਾ ਕਿ ਜੋ ਸ਼ਬਦ ਲੋਕਾਂ ਵੱਲੋਂ ਇਹਨਾਂ ਭਾਜਪਾ ਆਗੂਆਂ ਲਈ ਪ੍ਰਯੋਗ ਕੀਤੇ ਜਾ ਰਹੇ ਹਨ, ਪਹਿਲਾਂ ਇਸ ਤਰ੍ਹਾਂ ਨਹੀਂ ਹੁੰਦਾ ਸੀ। ਜ਼ੁਬਾਨਬੰਦੀ ਦੀ ਗੱਲ ਕਰਦਿਆਂ ਉਹਨਾ ਕਿਹਾ ਕਿ ਪੱਤਰਕਾਰਾਂ ਤੇ ਹੋਰ ਲੇਖਕਾਂ ਨੂੰ ਕਤਲ ਕੀਤਾ ਜਾ ਰਿਹਾ ਹੈ।ਸੀ ਪੀ ਆਈ ਦੇ ਵੱਡੇ ਆਗੂ ਪੰਸਾਰੇ ਵੀ ਹਨੇਰੇ ਦਾ ਪਸਾਰ ਕਰਨ ਵਾਲਿਆਂ ਦਾ ਆਤਾਬ ਦਾ ਸ਼ਿਕਾਰ ਬਣੇ।ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਤੇ ਸਾਬਕਾ ਵਿਧਾਇਕ ਤਾਮਿਲਨਾਡੂ ਪੇਰੀਆਸਾਮੀ ਨੇ ਵੀ ਉਦਘਾਟਨ ਸਮਾਗਮ ਨੂੰ ਸੰਬੋਧਨ ਕੀਤਾ।ਇਸ ਤੋਂ ਪਹਿਲਾਂ ਸੀ ਪੀ ਆਈ ਹਰਿਆਣਾ ਸੂਬੇ ਦੇ ਸਕੱਤਰ ਅਤੇ ਮੀਟਿੰਗ ਦੇ ਮੁੱਖ ਪ੍ਰਬੰਧਕ ਨੇ ਹਰਿਆਣਾ ਦੇ ਆਗੂਆਂ ਵੱਲੋਂ ਬਾਹਰੋਂ ਆਏ ਮਹਿਮਾਨਾਂ ਦਾ ਸਨਮਾਨ ਕਰਵਾਇਆ।ਸਭ ਤੋਂ ਪਹਿਲਾਂ ਸੀ ਪੀ ਆਈ ਦੇ ਕੌਮੀ ਸਕੱਤਰ ਡਾਕਟਰ ਗਰੀਸ਼ ਸ਼ਰਮਾ ਦਾ ਸਨਮਾਨ ਹੋਇਆ।ਇਸੇ ਤਰ੍ਹਾਂ ਪੇਰੀਆਸਾਮੀ ਸਾਬਕਾ ਵਿਧਾਇਕ ਤਾਮਿਲਨਾਡੂ, ਨਗੇਂਦਰ ਨਾਥ ਓਝਾ, ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ, ਆਲ ਇੰਡੀਆ ਦਲਿਤ ਰਾਈਟਸ ਅੰਦੋਲਨ ਦੇ ਜਨਰਲ ਸਕੱਤਰ ਵੀ ਐੱਸ ਨਿਰਮਲ, ਕੇਰਲਾ ਤੋਂ ਸੀ ਪੀ ਆਈ ਦੇ ਵਿਧਾਇਕ ਗੋਵਿੰਦਨ ਪਾਲੀ, ਫੂਲ ਚੰਦ ਯਾਦਵ ਯੂ ਪੀ, ਪੀ ਗਣੇਸ਼ਅਨ ਤਾਮਿਲਨਾਡੂ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ, ਪ੍ਰਧਾਨ ਪ੍ਰੀਤਮ ਸਿੰਘ ਨਿਆਮਤਪੁਰ, ਖਰਪੱਤੂ ਰਾਜ ਭਰ ਯੂ ਪੀ, ਸ਼ਾਤਾ ਮਨੀਪੁਰ, ਏ. ਸ਼ੇਖਰ ਆਂਧਰਾ ਪ੍ਰਦੇਸ਼ ਤੇ ਅਮਰਜੀਤ ਕੌਰ ਗੋਰੀਆ ਦਾ ਵੀ ਸ਼ਾਲ ਤੇ ਸਨਮਾਨ ਚਿੰਨ੍ਹ ਨਾਲ ਸਨਮਾਨ ਹੋਇਆ।ਪ੍ਰਬੰਧਕਾਂ ਨੇ 'ਨਵਾਂ ਜ਼ਮਾਨਾ' ਦਾ ਵੀ ਮਾਣ-ਸਨਮਾਨ ਕੀਤਾ।ਉਦਘਾਟਨੀ ਸਮਾਗਮ ਦੇ ਸ਼ੁਰੂ ਵਿੱਚ 'ਨਵਾਂ ਜ਼ਮਾਨਾ' ਦੇ ਸੰਪਾਦਕ ਚੰਦ ਫਤਿਹਪੁਰੀ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।

### ਕੇ ਐੱਲ ਗਰਗ...

ਰੂਹ ਦੀ ਸ਼ਾਂਤੀ ਲਈ ਭਜਨਾਂ ਦਾ ਗਾਇਨ ਕੀਤਾ। ਉਪਰੰਤ ਪੰਡਤ ਕੁਨਾਲ ਨੇ ਕਥਾ ਰਾਹੀਂ ਜ਼ਿੰਦਗੀ ਸਬੰਧੀ ਸ਼ੁਰੂ ਤੋਂ ਅੰਤ ਤੱਕ ਦੇ ਸਫਰ ਬਾਰੇ ਬਿਆਨ ਕਰਦਿਆਂ ਪ੍ਰੇਰਨਾ ਕੀਤੀ ਕਿ ਸਾਨੂੰ ਜਿਊਂਦੇ ਜੀ ਮਨੁੱਖਤਾ ਦੀ ਭਲਾਈ ਤੇ ਸਮਾਜ ਲਈ ਕੰਮ ਕਰਨਾ ਚਾਹੀਦਾ ਹੈ।ਸਵਰਗੀ ਸ੍ਰੀ ਕੇ ਐੱਲ ਗਰਗ ਦੇ ਸਾਥੀ ਰਹੇ ਗੁਰਚਰਨ ਸਿੰਘ ਚਾਹਲ ਨੇ ਮੰਚ ਦਾ ਸੰਚਾਲਨ ਕਰਦਿਆਂ ਗਰਗ ਦੀ ਜੀਵਨੀ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਹਾਸ ਵਿਅੰਗ ਦੀ ਦੁਨੀਆ ਵਿੱਚ ਉਨ੍ਹਾਂ ਬਹੁਤ ਉੱਚਾ ਸਥਾਨ ਪ੍ਰਾਪਤ ਕੀਤਾ ਅਤੇ ਦੁਨੀਆਂ ਭਰ ਵਿੱਚ ਖੂਬ ਨਾਮ ਵੀ ਕਮਾਇਆ।ਉਸ ਨੇ ਹਾਸ ਵਿਅੰਗ ਦੀਆਂ 80 ਤੋਂ ਜਿਆਦਾ ਕਿਤਾਬਾਂ ਲਿਖੀਆਂ।ਉਹਨਾਂ ਬਤੌਰ ਅਧਿਆਪਕ ਬਹੁਤ ਦਿਆਨਦਾਰੀ ਨਾਲ ਕੰਮ ਕੀਤਾ।ਉਨ੍ਹਾਂ ਅਧਿਆਪਕ ਵਰਗ ਲਈ ਸੰਘਰਸ ਕੀਤਾ।ਉਨ੍ਹਾਂ ਨੇ ਇੰਗਲੈਂਡ, ਕੈਨੇਡਾ ਅਤੇ ਅਮਰੀਕਾ ਦੀ ਯਾਤਰਾ ਵੀ ਕੀਤੀ।ਉਹਨਾਂ ਮੋਗਾ ਵਿਖੇ ਪੰਜਾਬੀ ਹਾਸ ਵਿਅੰਗ ਅਕੈਡਮੀ ਪੰਜਾਬ ਸਥਾਪਿਤ ਕਰਵਾਈ।ਉਹ ਪਿਆਰਾ ਸਿੰਘ ਦਾਤਾ ਹਾਸ ਵਿਅੰਗ ਦੇ ਬਾਦਸ਼ਾਹ ਦੀ ਯਾਦ ਵਿਚ ਹਰ ਸਾਲ ਗੋਸ਼ਠੀ/ਸਮਾਗਮ ਕਰਵਾਉਂਦੇ ਸਨ।ਉਹਨਾਂ ਦੇ ਜਾਣ ਨਾਲ ਸਾਹਿਤ ਜਗਤ ਤੇ ਸਾਹਿਤਕ ਪ੍ਰੇਮੀਆਂ ਨੂੰ ਬਹੁਤ ਵੱਡਾ ਘਾਟਾ ਪਿਆ ਹੈ।ਉਹਨਾਂ ਦੀ ਕਾਮਯਾਬੀ ਪਿੱਛੇ ਉਨ੍ਹਾਂ ਦੀ ਧਰਮ ਪਤਨੀ ਜਨਕ ਰਾਣੀ ਗਰਗ ਦਾ ਬਹੁਤ ਵੱਡਾ ਯੋਗਦਾਨ ਹੈ।ਉਹ ਆਪਣੇ ਪਿਛੇ ਪਤਨੀ, ਪੁੱਤਰ ਗਗਨਦੀਪ ਗਰਗ ਤੇ ਨੂੰਹ ਅਨੂ ਗਰਗ (ਅਮਰੀਕਾ), ਪੁੱਤਰੀ ਕਰੁਨਾ ਅਗਰਵਾਲ ਤੇ ਜਵਾਈ ਸਤੀਸ਼ ਅਗਰਵਾਲ (ਅਮਰੀਕਾ), ਪੁੱਤਰੀ ਵਿਸ਼ਵ ਜੋਤੀ ਤੇ ਜਵਾਈ ਸੁਭਾਸ ਬਾਂਸਲ, ਪੋਤਰੇ, ਦੋਹਤਰੇ ਤੇ ਦੋਹਤੀ ਛੱਡ ਗਏ ਹਨ। ਸ਼ਰਧਾਂਜਲੀ ਸਮਾਰੋਹ ਵਿਚ ਪ੍ਰਮੁੱਖ ਹਸਤੀਆਂ ਸਾਬਕਾ ਮੰਤਰੀ ਡਾ ਮਾਲਤੀ ਥਾਪਰ, ਸਾਬਕਾ ਵਧਾਇਕ ਡਾ ਹਰਜੋਤ ਕਮਲ ਤੇ ਵਿਜੇ ਸਾਥੀ, ਮੋਗਾ ਹਲਕੇ ਤੋਂ ਕਾਂਗਰਸ ਦੇ ਇੰਚਾਰਜ ਸ੍ਰੀਮਤੀ ਮਾਲਵਿਕਾ ਸੂਦ ਤੇ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਸ ਸੰਜੀਤ ਸਿੰਘ ਸੰਨੀ ਗਿੱਲ, ਡਾ. ਇੰਦਰਬੀਰ ਗਿੱਲ, ਸੀ.ਪੀ.ਆਈ ਦੇ ਸਕੱਤਰ ਕੁਲਦੀਪ ਭੁੱਲ ਤੋਂ ਇਲਾਵਾ ਸਮਾਜ ਸੇਵੀ ਤੇ ਧਾਰਮਿਕ ਸੰਸਥਾਂਵਾਂ, ਲੋਕਾਂ ਦੇ ਚੁਣੇ ਨਗਰ ਕੌਂਸਲਰ, ਸਰਪੰਚ ਤੇ ਪੰਚ ਅਤੇ ਵੱਖ ਵੱਖ ਸਾਹਿਤ ਸਭਾਵਾਂ ਦੇ ਮੈਂਬਰ ਹਾਜਰ ਸਨ। ਇਸ ਮੌਕੇ ਡਾ ਹਰਜੋਤ ਕਮਲ, ਵਿਜੇ ਸਾਥੀ, ਡਾ ਸੁਰਜੀਤ ਬਰਾੜ ਤੇ ਨਾਟਕਕਾਰ ਅਮਰਜੀਤ ਮੋਹੀ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਕੇ ਐੱਲ ਗਰਗ ਜਿਸਮਾਨੀ ਤੌਰ 'ਤੇ ਬੇਸ਼ੱਕ ਸਾਡੇ ਵਿੱਚ ਨਹੀਂ ਰਹੇ ਪਰ ਉਹ ਆਪਣੀਆਂ ਸਾਹਿਤਕ ਰਚਨਾਵਾਂ ਰਾਹੀ ਹਮੇਸਾਂ ਜਿੰਦਾ ਰਹਿਣਗੇ।ਐਤਵਾਰ ਦੇ ਸ਼ਰਧਾਂਜਲੀ ਸਮਾਰੋਹ ਵਿਚ ਡਾ ਅਜੀਤਪਾਲ ਸਿੰਘ ਜਟਾਣਾ ਜਿਲ੍ਹਾ ਭਾਸ਼ਾ ਅਫਸਰ, ਡਾ ਅਸ਼ੋਕ ਸਿੰਗਲਾ ਸਿਵਲ ਸਰਜਨ, ਡਾ ਪਵਨ ਥਾਪਰ, ਉਘੇ ਲੇਖਕ ਬਲਦੇਵ ਸਿੰਘ ਸੜਕਨਾਮਾ, ਡਾ ਬਲਦੇਵ ਸਿੰਘ ਢਿਲੋ ਪ੍ਰਧਾਨ ਲਿਖਾਰੀ ਸਭਾ, ਸੁਰਿੰਦਰ ਘਣੀਆ, ਦਵਿੰਦਰ ਸਿੰਘ ਗਿੱਲ, ਕਮਲਜੀਤ ਭੋਲਾ, ਹਰਜੀਤ ਵਿਦਿਆਰਥੀ, ਅਜੈ ਸੂਦ, ਕ੍ਰਿਸ਼ਨ ਕੁਮਾਰ ਸੂਦ, ਵਿਜੇ ਧੀਰ ਐਡਵੋਕੇਟ ਪ੍ਰਧਾਨ ਖੱਤਰੀ ਸਭਾ, ਜਤਿੰਦਰਪਾਲ ਖੰਨਾ, ਜਸਵੀਰ ਕਲਸੀ ਧਰਮਕੋਟ, ਚਰਨਜੀਤ ਸਮਾਲਸਰ, ਅਵਤਾਰ ਸਮਾਲਸਰ, ਗੁਰਮੀਤ ਰੱਖੜਾ, ਪ੍ਰੇਮ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਲੇਖਕ, ਪਾਠਕ ਤੇ ਉਨ੍ਹਾਂ ਦੇ ਪ੍ਰਸ਼ੰਸਕ ਹਾਜਰ ਸਨ।ਸਾਬਕਾ ਪਿੰਸੀਪਲ ਪੂਰਨ ਸਿੰਘ ਸੰਧੂ ਨੇ ਪਰਿਵਾਰ ਵੱਲੋਂ ਸ਼ਰਧਾਂਜਲੀ ਸਮਾਰੋਹ ਵਿਚ ਸ਼ਾਮਲ ਵਿਅਕਤੀਆਂ ਦਾ ਧੰਨਵਾਦ ਕੀਤਾ।ਪਰਿਵਾਰ ਵਲੋਂ ਐਲਾਨ ਕੀਤਾ ਗਿਆ ਕਿ ਹਰ ਸਾਲ ਕੇ ਐਲ ਗਰਗ ਦੀ ਯਾਦ ਵਿਚ ਬੱਚਿਆਂ ਦਾ ਵਾਲੀਬਾਲ ਮੈਚ ਕਰਵਾਇਆ ਜਾਇਆ ਕਰੇਗਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਪਰਗਟ ਸਿੰਘ ਦੇ ਪ੍ਰਧਾਨ ਬਣਨ ਨਾਲ ਪੰਜਾਬ ਕਾਂਗਰਸ ਨੂੰ ਮਿਲੀ ਨਵੀਂ ਊਰਜਾ : ਸੱਚਰ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵੇਂ ਪ੍ਰਧਾਨ ਸ. ਪਰਗਟ ਸਿੰਘ ਜੀ ਨੂੰ ਜ਼ਿੰਮੇਵਾਰੀ ਮਿਲਣ 'ਤੇ ਹਲਕਾ ਮਜੀਠਾ ਦੇ ਇੰਚਾਰਜ ਸ. ਭਗਵੰਤ ਪਾਲ ਸਿੰਘ ਸੱਚਰ ਨੇ ਉਨ੍ਹਾਂ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਪ੍ਰਗਟ ਸਿੰਘ ਵਰਗੇ ਤਜਰਬੇਕਾਰ, ਸਪਸ਼ਟ ਸੋਚ ਵਾਲੇ ਅਤੇ ਲੋਕਾਂ ਨਾਲ ਜੁੜੇ ਆਗੂ ਨੂੰ ਪੰਜਾਬ ਕਾਂਗਰਸ ਦੀ ਅਗਵਾਈ ਮਿਲਣਾ ਪਾਰਟੀ ਲਈ ਇੱਕ ਮਹੱਤਵਪੂਰਨ ਮੌਕਾ ਹੈ।ਸੱਚਰ ਨੇ ਕਿਹਾ ਕਿ ਪਰਗਟ ਸਿੰਘ ਨੇ ਖੇਡ ਦੇ ਮੈਦਾਨ ਤੋਂ ਲੈ ਕੇ ਲੋਕ ਸੇਵਾ ਅਤੇ ਰਾਜਨੀਤੀ ਤੱਕ ਆਪਣੀ ਵੱਖਰੀ ਪਹਿਚਾਣ ਬਣਾਈ ਹੈ। ਹਾਕੀ ਦੇ ਮੈਦਾਨ ਵਿੱਚ ਦੇਸ਼ ਦੀ ਨੁਮਾਇੰਦਗੀ ਕਰਨ ਵਾਲੇ ਪ੍ਰਗਟ ਸਿੰਘ ਹੁਣ ਪੰਜਾਬ ਕਾਂਗਰਸ ਦੀ ਟੀਮ ਦੀ ਅਗਵਾਈ ਕਰਨਗੇ ਅਤੇ ਪਾਰਟੀ ਦੇ ਹਰ ਆਗੂ ਤੇ ਵਰਕਰ ਨੂੰ ਨਾਲ ਲੈ ਕੇ ਚੱਲਣ ਦੀ ਉਮੀਦ ਹੈ।ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਨੂੰ ਇਸ ਸਮੇਂ ਇਕਜੁੱਟਤਾ, ਮਜ਼ਬੂਤ ਜਥੇਬੰਦੀ ਅਤੇ ਜ਼ਮੀਨੀ ਪੱਧਰ 'ਤੇ ਸਰਗਰਮ ਵਰਕਰਾਂ ਦੀ ਲੋੜ ਹੈ।ਪਰਗਟ ਸਿੰਘ ਦੀ ਨਿਯੁਕਤੀ ਨਾਲ ਪਾਰਟੀ ਨੂੰ ਇਹ ਮੌਕਾ ਮਿਲਿਆ ਹੈ ਕਿ ਪੁਰਾਣੇ ਮਤਭੇਦਾਂ ਤੋਂ ਉੱਪਰ ਉੱਠ ਕੇ ਇੱਕ ਮਜ਼ਬੂਤ ਅਤੇ ਸਾਂਝੀ ਟੀਮ ਵਜੋਂ ਪੰਜਾਬ ਦੇ ਲੋਕਾਂ ਵਿੱਚ ਜਾਇਆ ਜਾਵੇ।ਸੱਚਰ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਦੂਰ ਨਹੀਂ ਹਨ। ਇਸ ਲਈ ਹੁਣ ਹਰ ਕਾਂਗਰਸੀ ਆਗੂ ਅਤੇ ਵਰਕਰ ਨੂੰ ਨਿੱਜੀ ਮਤਭੇਦਾਂ ਤੋਂ ਉੱਪਰ ਉੱਠ ਕੇ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਾ ਪਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦੇ—ਨੌਜਵਾਨਾਂ ਲਈ ਰੁਜ਼ਗਾਰ, ਨਸ਼ਿਆਂ ਦਾ ਖ਼ਾਤਮਾ, ਕਿਸਾਨਾਂ ਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ, ਉਦਯੋਗ ਅਤੇ ਵਪਾਰ ਦੀ ਤਰੱਕੀ, ਪੰਜਾਬ ਦੇ ਹੱਕ ਅਤੇ ਸੂਬੇ ਦੀ ਆਰਥਿਕ ਮਜ਼ਬੂਤੀ—ਕਾਂਗਰਸ ਦੀ ਸਿਆਸੀ



ਲੜਾਈ ਦੇ ਕੇਂਦਰ ਵਿੱਚ ਹੋਣੇ ਚਾਹੀਦੇ ਹਨ।ਸੱਚਰ ਨੇ ਕਿਹਾ, ਪ੍ਰਗਟ ਸਿੰਘ ਜੀ ਨੂੰ ਪੰਜਾਬ ਕਾਂਗਰਸ ਦੀ ਅਗਵਾਈ ਮਿਲਣਾ ਸਾਰਿਆਂ ਲਈ ਨਵੀਂ ਜ਼ਿੰਮੇਵਾਰੀ ਦਾ ਸੰਦੇਸ਼ ਹੈ। ਹੁਣ ਸਮਾਂ ਹੈ ਕਿ ਪੰਜਾਬ ਇੱਕ-ਦੂਜੇ ਨੂੰ ਪਿੱਛੇ ਖਿੱਚਣ ਦਾ ਨਹੀਂ, ਸਗੋਂ ਇੱਕ-ਦੂਜੇ ਦਾ ਹੱਥ ਫੜ ਕੇ ਅੱਗੇ ਵਧਣ ਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਦੀ ਜਿੱਤ ਕਿਸੇ ਇੱਕ ਆਗੂ ਦੀ ਨਹੀਂ, ਸਗੋਂ ਹਰ ਕਾਂਗਰਸੀ ਵਰਕਰ ਦੀ ਮਿਹਨਤ ਦੀ ਜਿੱਤ ਹੋਵੇਗੀ। ਆਓ, ਇਕਜੁੱਟ ਹੋ ਕੇ ਪੰਜਾਬ ਦੇ ਲੋਕਾਂ ਦੀ ਆਵਾਜ਼ ਬਣੀਏ।ਇਸ ਮੌਕੇ ਬਿਲਮਿਲ ਸਿੰਘ ਬਾਠ ਸਾਧਪੁਰ, ਪਰਮਜੀਤ ਸਿੰਘ ਭੋਏਵਾਲ, ਅਸ਼ੋਕ ਕੁਮਾਰ ਮੱਤੇਵਾਲ,ਸੁਖਵਿੰਦਰ ਸਿੰਘ ਰੰਧਾਵਾ ਤੇ ਡਾ ਮੋਹਨ ਸਿੰਘ ਵੀ ਹਾਜ਼ਰ ਸਨ।

## ਸੀ ਪੀ ਆਈ (ਐੱਮ) ਦੇ ਆਗੂਆਂ ਵਿਧਾਇਕ ਪੁਰੀ ਨੂੰ ਦਿੱਤਾ ਮੰਗ ਪੱਤਰ

**ਪਠਾਨਕੋਟ (ਰਵਿੰਦਰ ਸਿੰਘ)**- ਸੀ ਪੀ ਆਈ (ਐੱਮ) ਵੱਲੋਂ ਜ਼ਿਲ੍ਹਾ ਸਕੱਤਰ ਕਾ. ਸੁਰਿੰਦਰ ਸਹਿਗਲ ਦੀ ਅਗਵਾਈ ਵਿੱਚ ਹਲਕਾ ਸੁਜਾਨਪੁਰ ਤੋਂ ਵਿਧਾਇਕ ਪੁਰੀ ਨੂੰ ਮੰਗ ਪੱਤਰ ਦਿੱਤਾ ਗਿਆ। ਉਨ੍ਹਾਂ ਨਾਲ ਕਾ. ਸੁਧਾ ਰਾਣੀ, ਪਰਸ਼ੋਤਮ ਕੁਮਾਰ, ਬਿਕਰਮ ਜੀਤ, ਗੁੱਡੋ ਦੇਵੀ, ਦੇਵੀ ਮੈਨੀ, ਸੁਰੇਸ਼ ਕੁਮਾਰੀ, ਤਰਸੇਮ ਸਿੰਘ ਭੂਲੇਚੱਕ ਤੇ ਕੇਵਲ ਕਾਲੀਆ ਹਾਜ਼ਰ ਸਨ।ਮੰਗ ਪੱਤਰ ਵਿੱਚ ਦਰਜ ਮੰਗਾਂ ਦਾ ਵੇਰਵਾ ਦਿੰਦਿਆਂ ਕਾ. ਸਹਿਗਲ ਨੇ ਦੱਸਿਆ ਕਿ ਚਾਰ ਲੇਬਰ ਕੋਡ ਮਜ਼ਦੂਰ ਵਿਰੋਧੀ ਹਨ।



ਇਨ੍ਹਾਂ ਨੂੰ ਰੱਦ ਕਰਕੇ ਲੇਬਰ ਲਾਅ ਬਹਾਲ ਕੀਤੇ ਜਾਣ ਕਿਉਂਕਿ ਕੋਡ ਮਾਲਕਾਂ ਨੂੰ ਨਿਰਬਧ ਕਰਦੇ ਹਨ ਅਤੇ ਮਜ਼ਦੂਰਾਂ ਦੇ ਅਧਿਕਾਰ ਖੋਂਹਦੇ ਹਨ। ਮਨਰੇਗਾ ਤਹਿਤ ਕੰਮ ਦੀ ਗਰੰਟੀ ਅਤੇ ਮਜ਼ਦੂਰ ਵਰਗ ਦੇ ਹਿੱਤਾਂ ਦੀ ਰਾਖੀ ਕੀਤੀ ਜਾਵੇ। ਮਜ਼ਦੂਰਾਂ ਦੀ ਘੱਟੋ-ਘੱਟ ਦਿਹਾੜੀ ਵਧਾਈ ਜਾਵੇ ਅਤੇ ਬੁਢਾਪਾ ਪੈਨਸ਼ਨ 10000 ਦਿੱਤੀ ਜਾਵੇ। ਮਹਿੰਗਾਈ 'ਤੇ ਰੋਕ ਲਗਾਈ ਜਾਵੇ। ਭ੍ਰਿਸ਼ਟਾਚਾਰ ਰੋਕਿਆ ਜਾਵੇ।ਨਸ਼ੇ ਨੂੰ ਖ਼ਤਮ ਕੀਤਾ ਜਾਵੇ।ਪੰਜਾਬ ਵਿੱਚ ਅਮਨ ਕਾਨੂੰਨ ਦੀ ਹਾਲਤ ਬਹੁਤ ਨਾਜ਼ੁਕ ਹੈ।ਅਮਨ ਕਾਨੂੰਨ ਬਹਾਲ ਕੀਤਾ ਜਾਵੇ।ਇਹ ਮੰਗ ਪੱਤਰ ਜ਼ਿਲ੍ਹੇ ਦੇ ਸਾਰੇ ਵਿਧਾਇਕਾਂ ਇਨ੍ਹਾਂ ਨੂੰ ਦਿੱਤੇ ਗਏ ਹਨ।ਅਸੀਂ ਆਸ ਕਰਦੇ ਹਾਂ ਕਿ ਵਿਧਾਇਕ ਇਨ੍ਹਾਂ ਮੰਗਾਂ ਤੇ ਮਜ਼ਦੂਰਾਂ ਕਿਸਾਨਾਂ ਦੇ ਹਿੱਤਾਂ ਲਈ ਆਵਾਜ਼ ਬੁਲੰਦ ਕਰਨਗੇ। ਪਾਰਟੀ ਤਿੱਖੇ ਸੰਘਰਸ਼ ਰਾਹੀਂ ਲੋਕਾਂ ਦੇ ਹਿੱਤਾਂ ਦੀ ਰਾਖੀ ਕਰੇਗੀ।

ਜਾਵੇ।ਸਾਰੀਆਂ ਫ਼ਸਲਾਂ 'ਤੇ ਐੱਮ ਐੱਸ ਪੀ ਦਿੱਤੀ ਜਾਵੇ ਅਤੇ ਇਸ ਨੂੰ ਕਾਨੂੰਨੀ ਦਰਜਾ ਦਿੱਤਾ ਜਾਵੇ। ਮਜ਼ਦੂਰਾਂ ਕਿਸਾਨਾਂ ਦਾ ਕਰਜ਼ਾ ਮੁਆਫ਼ ਕੀਤਾ ਜਾਵੇ। ਚੰਡੀਗੜ੍ਹ ਪੰਜਾਬ ਨੂੰ ਦਿੱਤਾ ਜਾਵੇ। ਅੰਗਹੀਣ, ਵਿਧਵਾਵਾਂ ਅਤੇ

## ਗੁਰੂ ਤੇਗ ਬਹਾਦਰ ਸਾਹਿਬ ਤੇ ਮਾਤਾ ਗੁਜਰੀ ਦੇ ਵਿਆਹ ਪੁਰਬ ਸੰਬੰਧੀ ਸਜਾਇਆ ਨਗਰ ਕੀਰਤਨ

**ਬਿਆਸ (ਪਰਮਜੀਤ ਸਿੰਘ ਰੱਖੜਾ)** ਗੁ. ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਤੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਮਾਤਾ ਗੁਜਰੀ ਜੀ ਦੇ ਵਿਆਹ ਪੁਰਬ ਨੂੰ ਸਮਰਪਤ ਵਿਸ਼ਾਲ ਨਗਰ ਕੀਰਤਨ ਤਪ ਅਸਥਾਨ ਭੋਰਾ ਸਾਹਿਬ, ਬਾਬਾ ਬਕਾਲਾ ਸਾਹਿਬ ਤੋਂ ਕਰਤਾਰਪੁਰ ਸਾਹਿਬ (ਜਲੰਧਰ) ਤੱਕ ਸਜਾਇਆ ਗਿਆ, ਜਿਸ ਵਿੱਚ ਹਲਕਾ ਬਾਬਾ ਬਕਾਲਾ ਸਾਹਿਬ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਟਰੈਕਟਰ-ਟਰਾਲੀਆਂ, ਕਾਰਾਂ ਅਤੇ ਬੱਸਾਂ ਰਾਹੀਂ ਭਾਗ ਲਿਆ।

ਦੀਵਾਨ ਹਾਲ ਵਿਖੇ ਸਜੇ ਧਾਰਮਿਕ ਦੀਵਾਨਾਂ ਵਿੱਚ ਸ਼੍ਰੋਮਣੀ ਕਮੇਟੀ ਮੈਂਬਰ ਬਲਜੀਤ ਸਿੰਘ ਜਲਾਲ ਉਸਮਾਂ (ਸਾਬਕਾ ਵਿਧਾਇਕ), ਮਿਸਲ ਸ਼ਹੀਦਾਂ ਤਰਨਾ ਦਲ ਵੱਲੋਂ ਬਾਬਾ ਸੁੱਖਾ ਸਿੰਘ, ਬਾਬਾ ਅਵਤਾਰ ਸਿੰਘ ਬੱਢੂ, ਬਾਬਾ ਬਲਕਾਰ ਸਿੰਘ ਸੁਧਾਰ, ਮੈਨੇਜਰ ਭਾਈ ਨਿਸ਼ਾਨ ਸਿੰਘ ਜਫਰਵਾਲ, ਹੈੱਡ ਗ੍ਰੰਥੀ ਭਾਈ ਹਰਦੇਵ ਸਿੰਘ ਨੇ ਸੰਗਤਾਂ ਨੂੰ ਵਿਆਹ ਪੁਰਬ ਦੀ ਵਧਾਈ ਦਿੱਤੀ।

ਇਸ ਮੌਕੇ ਨਗਰ ਕੀਰਤਨ ਵਿੱਚ ਭਾਈ ਹਰਪ੍ਰੀਤ ਸਿੰਘ ਐੱਮ ਏ, ਜਸਪ੍ਰੀਤ ਸਿੰਘ ਗੋਰਾ ਹਿੰਦ ਦੀ ਚਾਦਰ ਬਿਰਧ ਆਸ਼ਰਮ, ਭਾਈ ਮਨਪ੍ਰੀਤ ਸਿੰਘ ਭੁੱਲਰ, ਸੁਰਜੀਤ ਸਿੰਘ ਕੰਗ ਪ੍ਰਧਾਨ ਨਗਰ ਪੰਚਾਇਤ, ਇੰਦਰਜੀਤ ਸਿੰਘ ਸੁਖਵਿੰਦਰ ਸਿੰਘ ਬੁਤਾਲਾ, ਕੌਂਸਲਰ ਕੁਲਵੰਤ ਸਿੰਘ ਰੰਧਾਵਾ, ਸੁਖਚੈਨ ਸਿੰਘ ਗਿੱਲ, ਮਨਜਿੰਦਰ ਸਿੰਘ, ਪਰਮਜੀਤ ਸਿੰਘ, ਕੁਲਦੀਪ ਸਿੰਘ ਧਾਮੀ, ਜੈਮਲ ਸਿੰਘ ਭੁੱਲਰ, ਕਰਮ ਸਿੰਘ, (ਸਾਰੇ ਐੱਮ ਸੀ), ਸੂਬੇਦਾਰ ਹਰਜੀਤ ਸਿੰਘ,



ਪਲਵਿੰਦਰ ਸਿੰਘ ਪੱਪਾ, ਹਰਗੋਪਾਲ ਸਿੰਘ ਰੰਧਾਵਾ, ਗੁਰਮੀਤ ਸਿੰਘ ਬੋਰ ਵਾਲੇ, ਜੋਵਿੰਦਰ ਸਿੰਘ ਭੁੱਲਰ, ਠੇਕੇਦਾਰ ਰਵੀ ਜੱਲੂਵਾਲ, ਭੁਪਿੰਦਰ ਸਿੰਘ ਬਾਬਾ ਬਕਾਲਾ ਸਾਹਿਬ ਮੰਡ, ਮੈਂਬਰ ਪ੍ਰਤਾਪ ਸਿੰਘ, ਬਾਬਾ ਨਿਰਮਲ ਸਿੰਘ ਉਸਮਾ ਨੰਗਲ, ਕਿਸਾਨ ਆਗੂ ਜੋਗਿੰਦਰ ਸਿੰਘ ਧਿਆਨਪੁਰ, ਬਲਜਿੰਦਰ ਸਿੰਘ ਬਿੰਦ, ਜੰਗੀ ਅੰਗਮ ਮੋਟਰ, ਤੇਜਿੰਦਰ ਸਿੰਘ ਅਠੌਲਾ, ਮਾਸਟਰ ਇਕਬਾਲ ਸਿੰਘ ਅਤੇ ਵੱਖ-ਵੱਖ ਜਥੇਬੰਦੀਆਂ ਨੇ ਹਿੱਸਾ ਲਿਆ।

ਇਸ ਮੌਕੇ ਇੰਦਰਜੀਤ ਸਿੰਘ, ਸੁਖਵਿੰਦਰ ਸਿੰਘ, ਜਸਵਿੰਦਰ ਸਿੰਘ (ਨੀਝਰ ਹੋਲਸੇਲ ਵਾਲੇ), ਜਗਜੀਤ ਸਿੰਘ ਢੀਂਗਾਬਾਰ, ਅੰਮ੍ਰਿਤਪਾਲ ਸਿੰਘ, ਗੁਰਬਚਨ ਸਿੰਘ ਬਾਠ, ਗੋਰਾ ਉਸਮਾ ਨੰਗਲ, ਪੱਪੂ ਚੀਮਾ ਬਾਠ, ਸੁਰਜੀਤ ਸਿੰਘ ਉਸਮਾ ਨੰਗਲ, ਰਣਜੀਤ ਸਿੰਘ ਕੰਟ ਮਹਿਤਾਬ, ਮਨਜੀਤ ਸਿੰਘ ਮੱਲ੍ਹੀ, ਗੁਰਮੀਤ ਸਿੰਘ ਬੁੱਟਰ, ਅਮਨਦੀਪ ਸਿੰਘ ਬਾਠ, ਗੁਰਮੀਤ ਸਿੰਘ ਬਾਠ ਅਤੇ ਹੋਰ ਸੰਗਤਾਂ ਨੇ ਹਾਜ਼ਰੀ ਭਰੀ।

ਬਾਬਾ ਬਕਾਲਾ ਸਾਹਿਬ ਮੋੜ ਪੁੱਜਣ 'ਤੇ ਸੁਖਵਿੰਦਰ ਕਰਿਆਨਾ ਸਟੋਰ, ਨੀਝਰ ਹੋਲਸੇਲ ਸਟੋਰ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।

## ਆੜ੍ਹਤੀ ਐਸੋਸੀਏਸ਼ਨ ਮੰਡੀ ਚੋਹਲਾ ਸਾਹਿਬ ਵੱਲੋਂ ਮੈਡਮ ਹਰਵੀਨ ਕੌਰ ਦਾ ਵਿਸ਼ੇਸ਼ ਸਨਮਾਨ

**ਚੋਹਲਾ ਸਾਹਿਬ (ਰਮਨ ਚੱਢਾ)** ਦਾਣਾ ਮੰਡੀ ਚੋਹਲਾ ਸਾਹਿਬ ਵਿਖੇ ਆੜ੍ਹਤੀ ਐਸੋਸੀਏਸ਼ਨ ਵੱਲੋਂ ਜ਼ਿਲ੍ਹਾ ਖੁਰਾਕ ਤੇ ਸਪਲਾਈ ਅਫ਼ਸਰ ਮੈਡਮ ਹਰਵੀਨ ਕੌਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ



ਗਿਆ।ਇਸ ਮੌਕੇ ਆੜ੍ਹਤੀਆਂ ਦੇ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰਦਿਆਂ ਮੈਡਮ ਹਰਵੀਨ ਕੌਰ ਨੇ ਭਰੋਸਾ ਦਵਾਇਆ ਕਿ ਚਾਲੂ ਝੋਨੇ ਦੇ ਸੀਜ਼ਨ ਦੌਰਾਨ ਮੰਡੀ ਵਿੱਚ ਆੜ੍ਹਤੀਆਂ, ਮਜ਼ਦੂਰਾਂ ਅਤੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਜਾਂ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਖਰੀਦ ਪ੍ਰਕਿਰਿਆ, ਚੁਕਾਈ (ਲਿਫਟਿੰਗ) ਅਤੇ ਅਦਾਇਗੀ ਨੂੰ ਬਿਨਾਂ ਕਿਸੇ ਰੁਕਾਵਟ ਦੇ ਸਮੇਂ ਸਿਰ ਮੁਕੰਮਲ ਕਰਨ ਲਈ ਪੁਖਤਾ ਇੰਤਜ਼ਾਮ ਕੀਤੇ ਗਏ ਹਨ।ਹਲਕਾ ਵਿਧਾਇਕ ਲਾਲਪੁਰਾ ਦੀ ਯੋਗ ਅਗਵਾਈ ਦੀ ਕੀਤੀ ਸ਼ਲਾਘਾ ਸਮਾਗਮ ਦੌਰਾਨ ਸਮੂਹ ਆੜ੍ਹਤੀ ਭਾਈਚਾਰੇ ਨੇ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਦਾ ਵਿਸ਼ੇਸ਼ ਧੰਨਵਾਦ ਪ੍ਰਗਟਾਇਆ।ਆੜ੍ਹਤੀ ਆਗੂਆਂ ਨੇ ਕਿਹਾ ਕਿ ਵਿਧਾਇਕ ਲਾਲਪੁਰਾ ਦੇ ਯਤਨਾਂ ਅਤੇ ਮੰਡੀ ਦੀਆਂ ਲੋੜਾਂ ਵੱਲ ਦਿੱਤੇ ਉਚੇਚੇ ਧਿਆਨ ਸਦਕਾ ਹੀ ਮੰਡੀ ਵਿੱਚ ਸਰਕਾਰੀ ਏਜੰਸੀਆਂ ਦੀ ਆਮਦ ਸੁਚਾਰੂ ਢੰਗ ਨਾਲ ਹੋ ਸਕੀ ਹੈ, ਜਿਸ ਨਾਲ ਇਲਾਕੇ ਦੇ ਕਿਸਾਨਾਂ ਅਤੇ ਆੜ੍ਹਤੀਆਂ ਵਿੱਚ ਖੁਸ਼ੀ ਦੀ ਲਹਿਰ ਹੈ।ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਅਮਿਤ ਕੁਮਾਰ ਨਈਅਰ, ਤਰਨ ਜੋਸ਼ੀ, ਸੁਖਜਿੰਦਰ ਸਿੰਘ ਬਿੱਟੂ (ਸਰਪੰਚ ਪੱਥਪੁਰ), ਦਿਆ ਸਿੰਘ (ਚੇਅਰਮੈਨ), ਜੁਗਰਾਜ ਸਿੰਘ ਸੰਧੂ (ਫੌਜੀ ਕਰਮੂਵਾਲਾ), ਲਵਜੀਤ ਸਿੰਘ ਰੂੜੀਵਾਲਾ ਸਮੇਤ ਵੱਡੀ ਗਿਣਤੀ ਵਿੱਚ ਆੜ੍ਹਤੀ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਆੜ੍ਹਤੀ ਐਸੋਸੀਏਸ਼ਨ ਵੱਲੋਂ ਮੈਡਮ ਹਰਵੀਨ ਕੌਰ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

## ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜੀ ਟੀ ਰੋਡ ਵਿਖੇ ਅਧਿਆਪਕ ਦਿਵਸ ਮਨਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜੀ. ਟੀ. ਰੋਡ ਦੇ ਕਲਗੀਧਰ ਆਡੀਟੋਰੀਅਮ ਵਿਖੇ ਅਧਿਆਪਕ ਦਿਵਸ ਨਾਲ ਸੰਬੰਧਿਤ ਭਾਸ਼ਣ ਪੇਸ਼ ਕੀਤਾ। ਵਿਦਿਆਰਥੀਆਂ ਵੱਲੋਂ ਸਵਾਗਤੀ ਗੀਤ ਰਾਹੀਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਉਪਰੰਤ



ਅਧਿਆਪਕ ਦਿਵਸ ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। ਸਕੂਲ ਦੇ ਮੈਂਬਰ ਇੰਚਾਰਜ ਰਬਿੰਦਰਬੀਰ ਸਿੰਘ ਭੱਲਾ, ਆਦਰਸ਼ ਪਿੰਦਰ ਸਿੰਘ ਮਾਨ ਅਤੇ ਸਰਜੀਤ ਸਿੰਘ ਸਾਹਨੀ ਨੇ ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਆਰੰਭ ਸਕੂਲ ਸਬਦ ਨਾਲ ਕੀਤਾ ਗਿਆ। ਮੁੱਖ ਅਧਿਆਪਕਾ ਨਿਸ਼ਚਿੰਤ ਕੌਰ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਅਤੇ ਅਧਿਆਪਕ ਦਿਵਸ ਦੀ ਵਧਾਈ ਦਿੱਤੀ। ਸਕੂਲ ਦੇ ਵਿਦਿਆਰਥੀ ਅਗਮਨੂਰ ਸਿੰਘ ਨੇ ਕਲਾਸੀਕਲ ਡਾਂਸ, ਭੰਗੜਾ ਅਤੇ ਸਕਿਟ ਰਾਹੀਂ ਪ੍ਰੋਗਰਾਮ ਨੂੰ ਚਾਰ ਚੰਨ ਲਾਏ ਗਏ। ਇਸ ਮੌਕੇ ਸਕੂਲ ਦੇ ਅਧਿਆਪਕਾਵਾਂ ਸੁਖਜੀਤ ਕੌਰ, ਪੂਜਾ ਤਿਵਾੜੀ, ਪੁਨੀਤ ਕੌਰ ਚਿਮਨੀ, ਰਮਿੰਦਰਜੀਤ ਕੌਰ ਢਿੱਲੋਂ, ਮੋਨਾ ਕਪਿਲ, ਨਵਦਿਲਜੀਤ ਕੌਰ, ਸ਼ਸ਼ੀ ਬਾਲਾ, ਹਰਜੀਤ ਕੌਰ, ਜਸਜੀਤ ਕੌਰ, ਰਾਜ ਕੁਮਾਰ ਅਤੇ ਸਿਮਰਨਜੀਤ ਕੌਰ ਨੂੰ ਉਨ੍ਹਾਂ ਦੀਆਂ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ ਜੋ ਪਿਛਲੇ ਤਕਰੀਬਰਨ 18 ਸਾਲਾਂ ਤੋਂ ਸਕੂਲ ਨੂੰ ਆਪਣੀਆਂ ਬਿਹਤਰੀਨ ਸੇਵਾਵਾਂ ਪ੍ਰਦਾਨ ਕਰ ਰਹੇ ਹਨ।ਐਡਮਿਨ ਸਟਾਫ਼ ਦੀਆਂ ਕੰਵਲਜੀਤ ਕੌਰ ਅਤੇ ਰਾਜਨ ਨੂੰ ਵੀ ਸਨਮਾਨਿਤ ਕੀਤਾ ਗਿਆ। ਮੈਂਬਰ ਇੰਚਾਰਜ ਰਬਿੰਦਰਬੀਰ ਸਿੰਘ ਭੱਲਾ ਨੇ ਭਾਰਤ ਦੇ ਮਹਾਨ ਸਿੱਖਿਆ ਸ਼ਾਸਤਰੀ ਅਤੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਯਾਦ ਕਰਦਿਆਂ ਉਨ੍ਹਾਂ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਪਾਏ ਯੋਗਦਾਨ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਅਧਿਆਪਕ ਇਕ ਮਾਲੀ ਦੀ ਤਰ੍ਹਾਂ ਵਿਦਿਆਰਥੀਆਂ ਵਿੱਚ ਇਮਾਨਦਾਰੀ ਅਤੇ ਚੰਗੇ ਇਨਸਾਨ ਬਣਨ ਦੇ ਬੀਜ ਬੀਜਦਾ ਹੈ। ਪ੍ਰੋਗਰਾਮ ਦੇ ਅੰਤ ਵਿੱਚ ਪੰਜ ਪੰਜਾਬ ਦੇ ਲੋਕ ਨਾਚ ਭੰਗੜੇ ਨੇ ਸਭ ਦਾ ਮਨ ਮੋਹ ਲਿਆ। ਪ੍ਰਿੰਸੀਪਲ ਕਵਲਪ੍ਰੀਤ ਕੌਰ ਨੇ ਅਧਿਆਪਕ ਦਿਵਸ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਵਿਦਿਆਰਥੀਆਂ ਨੂੰ ਅਧਿਆਪਕਾਂ ਦੇ ਰਿਣੀ ਹੋਣਾ ਚਾਹੀਦਾ ਹੈ ਜੋ ਦੀਵੇ ਦੀ ਤਰ੍ਹਾਂ ਜਗ ਕੇ ਚਾਨਣ ਪ੍ਰਦਾਨ ਕਰਦੇ ਹਨ ਅਤੇ ਵਿਦਿਆਰਥੀਆਂ ਵਿੱਚ ਚੰਗੇ ਗੁਣ ਪੈਦਾ ਕਰਦੇ ਹਨ। ਉਨ੍ਹਾਂ ਪ੍ਰੋਗਰਾਮ ਵਿੱਚ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਪ੍ਰੋਗਰਾਮ ਵਿੱਚ ਅਧਿਆਪਕਾਵਾਂ ਨਿਸ਼ਚਿੰਤ ਕੌਰ, ਗੁਰਸ਼ਰਨ ਕੌਰ, ਰਵਿੰਦਰ ਕੌਰ, ਮਨਿਵੰਦਰ ਕੌਰ ਭੁੱਲਰ ਅਤੇ ਅਧਿਆਪਕ ਸਾਹਿਬਾਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ ।

## ਟਿੱਪਰ ਤੇ ਟਰੱਕ ਦੀ ਆਹਮੋ-ਸਾਹਮਣੇ ਟੱਕਰ 'ਚ ਡਰਾਈਵਰ ਜ਼ਖ਼ਮੀ



**ਜੈਂਤੀਪੁਰ (ਸੁਖਬੀਰ ਸਿੰਘ)**- ਕਸਬਾ ਟਾਹਲੀ ਸਾਹਿਬ ਨੇ ਨੇੜਲੇ ਪਿੰਡ ਖੱਬੇ ਰਾਜਪੂਤਾਂ ਬਾਬਾ ਚੌਕ ਤੇ ਉਸ ਸਮੇਂ ਭਿਆਨਕ ਸੜਕ ਹਾਦਸਾ ਵਾਪਰਿਆ ਜਦੋਂ ਟਿੱਪਰ ਤੇ ਟਰੱਕ ਦੀ ਆਹਮੋ-ਸਾਹਮਣੇ ਜ਼ਬਰਦਸਤ ਟੱਕਰ ਹੋ ਗਈ।ਟੱਕਰ ਇੰਨੀ ਭਿਆਨਕ ਸੀ ਕਿ ਦੋਵੇਂ ਵਾਹਨਾਂ ਨੂੰ ਕਾਫ਼ੀ ਨੁਕਸਾਨ ਪਹੁੰਚਿਆ ਅਤੇ ਟਿੱਪਰ ਦੇ ਪਰਖੱਚੇ ਉੱਡ ਗਏ। ਦੋਵੇਂ ਗੱਡੀਆਂ ਦੇ ਡਰਾਈਵਰ ਜ਼ਖ਼ਮੀ ਹੋ ਗਏ। ਟਿੱਪਰ ਦੇ ਡਰਾਈਵਰ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ।ਹਾਦਸੇ ਤੋਂ ਬਾਅਦ ਸੜਕ 'ਤੇ ਹੜਬੜਾ-ਦੜਫੜੀ ਦਾ ਮਾਹੌਲ ਬਣ ਗਿਆ। ਰਾਹਗੀਰਾਂ ਦੀ ਮਦਦ ਨਾਲ ਜ਼ਖ਼ਮੀ ਡਰਾਈਵਰ ਨੂੰ ਤੁਰੰਤ ਅੰਮ੍ਰਿਤਸਰ ਹਸਪਤਾਲ ਵਿਖੇ ਪਹੁੰਚਾਇਆ ਗਿਆ, ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ।ਹਾਦਸੇ ਦੀ ਸੂਚਨਾ ਮਿਲਦੇ ਥਾਣਾ ਮੱਤੇਵਾਲ ਦੀ ਪੁਲਿਸ ਮੌਕੇ ਤੇ ਪਹੁੰਚ ਗਈ ਉਨ੍ਹਾਂ ਵੱਲੋਂ ਇਸ ਹਾਦਸੇ ਦੀ ਜਾਂਚ ਕੀਤੀ ਜਾ ਰਹੀ ਸੀ।

## 'ਰਨ ਫ਼ਾਰ ਡੀ ਏ ਵੀ' ਦੌੜ ਮੁਕਾਬਲੇ ਦਾ ਆਯੋਜਨ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਜੇ. ਆਰ. ਐੱਸ. ਡੀ. ਏ. ਵੀ. ਪਬਲਿਕ ਸਕੂਲ ਝਬਾਲ ਕਲਾਂ ਵਿਖੇ ਡੀ. ਏ. ਵੀ. ਕਾਲਜ ਮੈਨੇਜਿੰਗ ਕਮੇਟੀ, ਨਵੀਂ ਦਿੱਲੀ ਦੀ ਅਗਵਾਈ ਹੇਠ 'ਰਨ ਫਾਰ ਡੀਏਵੀ' ਦੌੜ ਮੁਕਾਬਲੇ ਦਾ ਆਯੋਜਨ ਬੜੇ ਉਤਸ਼ਾਹ ਅਤੇ ਜੋਸ਼ ਨਾਲ ਕੀਤਾ ਗਿਆ।ਆਯੋਜਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਿਹਤਮੰਦ ਜੀਵਨ-ਸ਼ੈਲੀ, ਸਰੀਰਕ ਸਰਗਰਮੀ, ਅਨੁਸ਼ਾਸਨ ਅਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨਾ ਸੀ।ਇਸ ਮੌਕੇ ਛੋਟੀ ਤੋਂ



ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਭਾਗ ਲਿਆ।ਵਿਦਿਆਰਥੀਆਂ ਨੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਦੌੜ ਵਿੱਚ ਹਿੱਸਾ ਲੈਂਦਿਆਂ ਆਪਣੀ ਸਰੀਰਕ ਸਮਰੱਥਾ ਅਤੇ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਦੌੜ ਦੌਰਾਨ ਵਿਦਿਆਰਥੀਆਂ ਵਿੱਚ ਸਿਹਤਮੰਦ ਮੁਕਾਬਲੇ ਦੀ ਭਾਵਨਾ ਦੇ ਨਾਲ-ਨਾਲ ਇੱਕ-ਦੂਜੇ ਦਾ ਹੌਸਲਾ ਵਧਾਉਣ ਦੀ ਭਾਵਨਾ ਵੀ ਦੇਖਣ ਨੂੰ ਮਿਲੀ।ਸਕੂਲ ਦੇ ਅਧਿਆਪਕਾਂ ਨੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕਰਦਿਆਂ ਉਨ੍ਹਾਂ ਨੂੰ ਨਿਯਮਿਤ ਕਸਰਤ ਅਤੇ ਖੇਡਾਂ ਨੂੰ ਆਪਣੇ ਜੀਵਨ ਦਾ ਅਹਿਮ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ।ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਕੁਮਾਰ ਨੇ ਵਿਦਿਆਰਥੀਆਂ ਦੇ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖੇਡਾਂ ਅਤੇ ਸਰੀਰਕ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

ਉਨ੍ਹਾਂ ਨੇ ਸਾਰੇ ਭਾਗੀਦਾਰਾਂ ਨੂੰ ਭਵਿੱਖ ਵਿੱਚ ਵੀ ਖੇਡਾਂ ਵਿੱਚ ਸਰਗਰਮੀ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ। 'ਰਨ ਫਾਰ ਡੀ ਏ ਵੀ' ਨੇ ਵਿਦਿਆਰਥੀਆਂ ਵਿੱਚ ਊਰਜਾ, ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਖੇਡ ਭਾਵਨਾ ਦਾ ਸੰਚਾਰ ਕੀਤਾ ਅਤੇ ਇਹ ਆਯੋਜਨ ਉਨ੍ਹਾਂ ਲਈ ਇੱਕ ਯਾਦਗਾਰੀ ਅਨੁਭਵ ਬਣ ਗਿਆ।

## ਗੁ. ਬੀੜ ਬਾਬਾ ਬੁੱਢਾ ਸਾਹਿਬ ਵਿਖੇ ਨਵੇਂ ਵਾਸ਼ਰੂਮ ਤੇ ਸਿਲੰਡਰ ਸਟੋਰ ਦਾ ਉਦਘਾਟਨ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਠੱਠਾ ਵਿਖੇ ਸੰਗਤ ਦੀ ਵਧਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੋਮਣੀ ਗੁਰਦੁਆ ਰਾ ਪ੍ਰਬੰਧਕ ਕਮੇਟੀ ਵੱਲੋਂ ਤਿਆਰ ਕਰਵਾਏ ਨਵੇਂ ਵਾਸ਼ਰੂਮ ਅਤੇ ਲੰਗਰ ਤੇ ਕੜਾਹ ਪ੍ਰਸ਼ਾਦ ਲਈ ਵਰਤੇ ਜਾਣ ਵਾਲੇ ਸਿਲੰਡਰਾਂ ਦੇ ਸੁਰੱਖਿਅਤ ਰੱਖ-ਰਖਾਅ ਲਈ ਬਣਾਏ ਸਟੋਰ ਦਾ ਅਰਦਾਸ ਉਪਰੰਤ ਉਦਘਾਟਨ ਕੀਤਾ ਗਿਆ। ਉਦਘਾਟਨ ਬਾਬਾ ਸੋਹਨ ਸਿੰਘ, ਬਾਬਾ ਅਵਤਾਰ ਸਿੰਘ ਧੱਤਲ, ਐਕਸੀਅਨ ਸੁਖਜਿੰਦਰ ਸਿੰਘ, ਮੈਨੇਜਰ ਧਰਵਿੰਦਰ ਸਿੰਘ ਮਾਨੋਚਾਹਲ, ਬਾਬਾ ਅਵਤਾਰ ਸਿੰਘ ਭੂਰੀ ਵਾਲੇ ਅਤੇ ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਨੇ ਸਾਂਝੇ ਤੌਰ 'ਤੇ ਕੀਤਾ।ਗੁਰਦੁਆਰਾ ਸਾਹਿਬ ਦੇ ਪ੍ਰਬੰਧ ਨੂੰ ਹੋਰ ਸੁਚਾਰੂ ਬਣਾਉਣ ਲਈ ਇਹ ਸੇਵਾ ਕਾਰਜ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ ਅਤੇ ਬਾਬਾ ਸੁਖਵਿੰਦਰ ਸਿੰਘ ਨੂੰ ਸੌਂਪੇ ਗਏ ਸਨ, ਜਿਨ੍ਹਾਂ ਨੂੰ ਅਤੀ ਆਧੁਨਿਕ ਤਕਨੀਕ ਨਾਲ ਪੜਾਅਵਾਰ ਮੁਕੰਮਲ ਕੀਤਾ ਜਾ ਰਿਹਾ ਹੈ।ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਧਰਵਿੰਦਰ ਸਿੰਘ ਮਾਨੋਚਾਹਲ ਨੇ ਮਹਾਂਪੁਰਸ਼ਾਂ ਨੂੰ ਸਿਰੋਪਾਓ ਨਾਲ ਸਨਮਾਨਿਤ ਕੀਤਾ। ਇਸ ਮੌਕੇ ਬਾਬਾ ਜੱਸਾ ਸਿੰਘ, ਮੀਤ ਮੈਨੇਜਰ ਦਿਲਬਾਗ ਸਿੰਘ ਅਤੇ ਗੁਰਜੀਤ ਸਿੰਘ, ਅਕਾਊਂਟੈਂਟ ਅਮਰਬੀਰ ਸਿੰਘ, ਅਰਵਨਪ੍ਰੀਤ ਸਿੰਘ ਆਰ. ਕੇ., ਜਤਿੰਦਰ ਸਿੰਘ ਐੱਸ. ਕੇ.,ਬਾਬਾ ਅਵਤਾਰ ਸਿੰਘ, ਬਾਬਾ ਕਰਨ ਸਿੰਘ, ਬਾਬਾ ਕੁੰਵਰ ਪ੍ਰਤਾਪ ਸਿੰਘ, ਬਾਬਾ ਪ੍ਰਦੀਪ ਸਿੰਘ ਪਲਾਹ ਸਾਹਿਬ, ਬਾਬਾ ਜਸਬੀਰ ਸਿੰਘ ਪਟਵਾਰੀ, ਬਾਬਾ ਫਤਿਹ ਸਿੰਘ, ਬਾਬਾ ਜਗਜੀਤ ਸਿੰਘ, ਬਾਬਾ ਨਿਰਮਲ ਸਿੰਘ, ਮਹਿਲ ਸਿੰਘ ਤੇ ਅਰਵੇਲ ਸਿੰਘ ਵੀ ਮੌਜੂਦ ਸਨ।

## ਪੰਚਰਤਨ ਸ਼੍ਰੀ ਕ੍ਰਿਸ਼ਨਾ ਮੰਦਰ ਵਿਖੇ ਵੇਦ ਮੰਤਰਾਂ ਦੀ ਗੂੰਜ ਨਾਲ ਭਗਵਤ ਪੁਰਾਣ ਕਥਾ ਸਮਾਪਤ

**ਅੰਮ੍ਰਿਤਸਰ (ਅਰੋੜਾ)**: ਸ਼੍ਰੀ ਪੰਚਰਤਨ ਕ੍ਰਿਸ਼ਨਾ ਮੰਦਰ ਨਾਰਾਇਣਗੜ੍ਹ ਛੇਹਰਟਾ ਵਿਖੇ ਚੱਲ ਰਹੇ ਭਗਵਤ ਪੁਰਾਣ ਕਥਾ ਦੇ ਸਮਾਪਨ ਸਮਾਗਮ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਗੁਰੂ ਦੀ ਨਗਰੀ ਦੇ ਪਤਵੰਤੇ ਸੱਜਣ ਅਤੇ ਅਧਿਕਾਰੀ ਭਗਵਤ ਕਥਾ ਸਰਵਣ ਕਰਨ ਅਤੇ ਬਾਂਕੇ ਬਿਹਾਰੀ ਦਾ ਆਸ਼ੀਰਵਾਦ ਪ੍ਰਾਪਤ ਕਰਨ ਲਈ ਹਾਜ਼ਰ ਹੋਏ।ਮੰਦਰ ਕਮੇਟੀ ਦੇ ਪ੍ਰਧਾਨ ਤਰਸੇਮ ਲਾਲ ਰੰਗੀਲਾ, ਚੇਅਰਮੈਨ ਪਰਸ਼ੋਤਮ ਪਾਲ, ਰਾਜ ਕੁਮਾਰ ਗੁਪਤਾ, ਪ੍ਰਦੀਪ ਅਗਨੀਹੋਤਰੀ, ਭੁਪਿੰਦਰ ਪਾਲ, ਬਲਜਿੰਦਰ ਕੁਮਾਰ, ਰਾਕੇਸ਼ ਕੁਮਾਰ, ਨਵਲ ਦੀਪ, ਰਾਮ ਮੂਰਤੀ, ਅਸ਼ਵਨੀ ਸ਼ਰਮਾ, ਸੁਸ਼ੀਲ ਕੁਮਾਰ, ਰਾਜੂ ਬਾਵਾ, ਕਾਂਤਾ ਪ੍ਰਸਾਦ, ਸੁਰਿੰਦਰ, ਦੀਪਕ, ਵਿਜੇ ਸੇਠ ਆਦਿ ਦੇ ਸ਼ਲਾਘਾਯੋਗ ਯਤਨਾਂ ਨਾਲ ਭਗਵਤ ਕਥਾ ਦਾ ਇਹ ਸਮਾਗਮ ਬਹੁਤ ਹੀ ਧਾਰਮਿਕ ਵਿਧੀ-ਵਿਧਾਨ ਨਾਲ ਸੰਪੰਨ ਹੋਇਆ।



ਅੰਤਿਮ ਦਿਨ ਵਿਸ਼ਵ ਸ਼ਾਂਤੀ ਲਈ ਮਹਾਯੱਗ ਦਾ ਆਯੋਜਨ ਵੀ ਕੀਤਾ ਗਿਆ।ਕਥਾਵਾਚਕਾਂ ਅਤੇ ਮਹਾਪੰਡਿਤਾਂ ਦੇ ਵੇਦ ਮੰਤਰਾਂ ਦੇ ਉਚਾਰਨ ਨਾਲ ਪੂਰਾ ਖੇਤਰ ਵੈਦਿਕ ਧੁਨਾਂ ਨਾਲ ਮਹਿਕ ਉੱਠਿਆ।ਅੰਤਿਮ ਦਿਨ ਧਾਰਮਿਕ ਆਗੂ ਰਾਕੇਸ਼ ਰਿੰਕੂ, ਸਮਾਜ ਸੇਵਕ ਅਰਵੀਨ ਭਕਨਾ, ਸਮਾਜ ਸੇਵਕ ਅੰਦੇਸ਼ ਭੱਲਾ, ਨਗਰ ਨਿਗਮ ਦੇ ਸਾਬਕਾ ਐਸ. ਡੀ. ਓ. ਮਹੇਸ਼ ਗਰੋਵਰ, ਪੰਨਾ ਲਾਲ ਭਾਰਦਵਾਜ, ਅਰਵਿੰਦ ਸ਼ਰਮਾ, ਰਮਨ ਰੰਮੀ, ਸਤੀਸ਼ ਮੰਟੂ ਸਮੇਤ ਖੇਤਰ ਦੇ ਕਈ ਪਤਵੰਤੇ ਭਗਵਾਨ ਸ਼੍ਰੀ ਕ੍ਰਿਸ਼ਨ ਦਾ ਆਸ਼ੀਰਵਾਦ ਲੈਣ ਪੁੱਜੇ।ਸਮਾਗਮ ਵਿੱਚ ਪੰਚਰਤਨ ਕ੍ਰਿਸ਼ਨਾ ਮੰਦਰ ਦੇ ਅਹੁਦੇਦਾਰਾਂ ਨੇ ਆਏ ਹੋਏ ਮਹਿਮਾਨਾਂ ਨੂੰ ਸਰੋਪੇ ਦੇ ਕੇ ਸਨਮਾਨਿਤ ਵੀ ਕੀਤਾ।

## ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਸੰਗਰੂਰ ਰੈਲੀ 'ਚ ਸ਼ਾਮਿਲ ਹੋਣ ਦਾ ਫੈਸਲਾ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਬੀਤੇ ਦਿਨ ਪੈਨਸ਼ਨਰਜ ਵੈੱਲਫੇਅਰ ਐਸੋਸੀਏਸ਼ਨ (ਰਜਿ) ਜ਼ਿਲ੍ਹਾ ਅੰਮ੍ਰਿਤਸਰ ਦੀ ਮਹੀਨਾਵਾਰ ਮੀਟਿੰਗ ਸਥਾਨਕ ਰਾਮ ਬਾਗ ਵਿਖੇ ਹੋਈ, ਜਿਸ ਸਮੇ ਵੱਡੀ ਗਿਣਤੀ ਵਿੱਚ ਪੈਨਸ਼ਨਰ ਸਾਥੀ ਹਾਜ਼ਰ ਹੋਏ।ਇਸ ਮੀਟਿੰਗ ਦੌਰਾਨ ਪੈਨਸ਼ਨਰਾਂ ਦੀਆਂ ਸਮੱਸਿਆਵਾਂ ਅਤੇ ਚਿਰਾਂ ਤੋਂ ਲਟਕਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਤੋਂ ਇਲਾਵਾ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ ਸਾਂਝੀਆਂ ਮੰਗਾਂ ਸਬੰਧੀ ਦਿੱਤੇ ਸੰਘਰਸ਼ ਦੇ ਸੱਦੇ ਨੂੰ ਕਾਮਯਾਬ ਕਰਨ ਲਈ ਵਿਚਾਰ ਚਰਚਾ ਵੀ ਕੀਤੀ ਗਈ।

ਯੂਨੀਅਨ ਵੱਲੋਂ 10 ਅਕਤੂਬਰ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਵਿਸ਼ਾਲ ਮਹਾ ਰੈਲੀ ਵਿੱਚ ਵੱਡੇ ਪੱਧਰ ਤੇ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ ਤਾਂ ਕਿ ਚੰਡੀਗੜ੍ਹ ਵਿਖੇ ਅਗਸਤ ਮਹੀਨੇ ਵਿੱਚ ਕੀਤੀ ਗਈ ਰੈਲੀ ਨੂੰ ਵੀ ਮਾਤ ਪਾਇਆ ਜਾ ਸਕੇ। ਸਾਰੇ ਪੈਨਸ਼ਨਰ ਸਾਥੀਆਂ ਨੂੰ ਅਪੀਲ ਕੀਤੀ ਗਈ ਕਿ ਸਾਰੇ ਸਾਥੀ ਵਲੰਟੀਅਰ ਤੌਰ ਤੇ ਆਪਣੇ ਨਾ ਰੈਲੀ ਵਿੱਚ ਸ਼ਾਮਲ ਹੋਣ ਲਈ ਭੇਜਣ ਤਾਂ ਕਿ ਉਨ੍ਹਾਂ ਨਾਵਾਂ ਦੀ ਗਿਣਤੀ ਮੁਤਾਬਕ ਬੱਸ ਵਗੈਰਾ ਕੀਤੀ ਜਾ ਸਕੇ।

## ਪਰਗਟ ਸਿੰਘ ਨੂੰ ਪ੍ਰਧਾਨ ਬਣਨ 'ਤੇ ਵਡਾਲਾ ਵੱਲੋਂ ਮੁਬਾਰਕਾਂ



**ਬਿਆਸ (ਪਰਮਜੀਤ ਸਿੰਘ ਰੱਖੜਾ)** ਆਲ ਇੰਡੀਆ ਕਾਂਗਰਸ ਕਮੇਟੀ ਨੈਸ਼ਨਲ ਸਕੱਤਰ ਐੱਸ ਸੀ ਸੈੱਲ ਦਿੱਲੀ ਦੇ ਸੀਨੀਅਰ ਆਗੂ ਅਤੇ ਚੇਅਰਮੈਨ ਪੰਜਾਬ ਬਲਕਾਰ ਸਿੰਘ ਵਡਾਲਾ ਨੇ ਕਾਂਗਰਸ ਪਾਰਟੀ ਦੇ ਨਵੇਂ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਪ੍ਰਗਟ ਸਿੰਘ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਮੁਬਾਰਕ ਦਿੰਦਿਆਂ ਕਿਹਾ ਕਿ ਅਸੀਂ ਸਮੂਹ ਕਾਂਗਰਸ ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਆਸ ਕਰਦੇ ਹਾਂ ਕਿ ਪੰਜਾਬ ਕਾਂਗਰਸ ਦੇ ਨਵੇਂ ਬਣੇ ਪ੍ਰਧਾਨ ਪਰਗਟ ਸਿੰਘ ਦੀ ਗਤੀਸ਼ੀਲ ਅਗਵਾਈ ਹੇਠ 2027 ਵਿੱਚ ਹੋਣ ਵਾਲੀਆਂ ਚੋਣਾਂ ਵਿੱਚ ਬੁਲੰਦੀਆਂ ਨੂੰ ਛੂਹੇਗੀ।

## ਈਕੋ ਕਲੱਬ ਨੇ ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਕਾਲਜ 'ਚ ਪੌਦੇ ਲਗਾਏ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਸ੍ਰੀ ਗੁਰੂ ਅਰਜਨ ਦੇਵ ਸਰਕਾਰੀ ਕਾਲਜ, ਤਰਨ ਤਾਰਨ ਵਿਖੇ ਕਾਲਜ ਦੇ ਈਕੋ ਕਲੱਬ ਵੱਲੋਂ ਸਵੱਛਤਾ ਭਾਰਤ ਅਭਿਆਨ ਤਹਿਤ ਪੌਦੇ ਲਗਾਏ ਗਏ।ਇਸ ਮੌਕੇ ਕਾਲਜ ਦੇ



ਵਿਦਿਆਰਥੀਆਂ ਅਤੇ ਸਟਾਫ਼ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਪੌਦੇ ਲਗਾਏ ਅਤੇ ਵਾਤਾਵਰਣ ਦੀ ਸੰਭਾਲ ਦਾ ਸੰਦੇਸ਼ ਦਿੱਤਾ।ਇਸ ਮੌਕੇ ਪ੍ਰੋਫੈਸਰ ਸੰਗੀਤਾ ਅਗਨੀਹੋਤਰੀ, ਡਾ. ਅਜੂਨੀ, ਪ੍ਰੋਫੈਸਰ ਰੀਤੂ, ਪ੍ਰੋਫੈਸਰ ਪ੍ਰਕਿਰਤੀ ਅਤੇ ਪ੍ਰੋਫੈਸਰ ਸਵਪਨਦੀਪ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੁਰੱਖਿਆ, ਸਫ਼ਾਈ ਅਤੇ ਰੁੱਖਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ।ਅਧਿਆਪਕਾਂ ਨੇ ਕਿਹਾ ਕਿ ਵਾਤਾਵਰਣ ਨੂੰ ਸਾਫ਼-ਸੁਥਰਾ ਅਤੇ ਪ੍ਰਦੂਸ਼ਣ ਮੁਕਤ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਕਰਨਾ ਵੀ ਬਹੁਤ ਜ਼ਰੂਰੀ ਹੈ। ਵਿਦਿਆਰਥੀਆਂ ਨੇ ਪੌਦਿਆਂ ਦੀ ਸਾਂਭ-ਸੰਭਾਲ ਕਰਨ ਅਤੇ ਕੁਦਰਤ ਨੂੰ ਹਰਾ-ਭਰਾ ਬਣਾਉਣ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਸੰਕਲਪ ਲਿਆ।ਈਕੋ ਕਲੱਬ ਦੀ ਇਸ ਪਹਿਲਕਦਮੀ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ, ਸਫ਼ਾਈ ਦੀ ਭਾਵਨਾ ਅਤੇ ਕੁਦਰਤ ਪ੍ਰਤੀ ਪਿਆਰ ਪੈਦਾ ਕਰਨਾ ਸੀ।

## ਮਹਾਤਮਾ ਗਾਂਧੀ ਦੇ ਜਨਮ ਦਿਵਸ ਮੌਕੇ ਸੱਚ ਤੇ ਅਹਿੰਸਾ ਦੇ ਰਾਹ 'ਤੇ ਚੱਲਣ ਦਾ ਸੁਨੇਹਾ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਗਿਆਨ ਜਯੋਤੀ ਪਬਲਿਕ ਸਕੂਲ ਝਬਾਲ ਵਿਖੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦਾ ਜਨਮ ਦਿਵਸ ਗਾਂਧੀ ਜਯੰਤੀ ਨੂੰ ਧੂਮ-ਧਾਮ ਨਾਲ ਮਨਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਅਮਰਜੀਤ ਸਿੰਘ ਅਤੇ ਪ੍ਰਿੰਸੀਪਲ ਮੈਡਮ ਸੁਖਬੀਰ ਕੌਰ ਵੱਲੋਂ ਮਹਾਤਮਾ ਗਾਂਧੀ ਮਹਾਨ ਸ਼ਖ਼ਸੀਅਤ ਦੇ ਚਿੱਤਰ 'ਤੇ ਫੁੱਲ ਭੇਟ ਕਰਕੇ ਕੀਤੀ ਗਈ।ਇਸ ਮੌਕੇ ਸਕੂਲ ਦੇ ਛੋਟੇ ਬੱਚੇ ਬੱਚੀਆਂ ਵਿਦਿਆਰਥੀਆਂ ਨੇ ਉਤਸ਼ਾਹ ਨਾਲ



ਭਾਗ ਲੈਂਦਿਆਂ ਮਹਾਤਮਾ ਗਾਂਧੀ ਦੇ ਜੀਵਨ,ਆਦਰਸ਼ਾਂ ਅਤੇ ਦੇਸ਼ ਪ੍ਰਤੀ ਯੋਗਦਾਨ ਬਾਰੇ ਪ੍ਰਭਾਵਸ਼ਾਲੀ ਸਲੋਗਨ ਲਿਖੇ ਕਾਰਡ ਪੇਸ਼ ਕੀਤੇ।ਆਪਣੀ ਬਾਣੀ ਰਾਹੀਂ ਗਾਂਧੀ ਦੇ ਸੱਚ, ਅਹਿੰਸਾ, ਸਫ਼ਾਈ ਅਤੇ ਸਾਦਗੀ ਆਦਰਸ਼ਾਂ ਨੂੰ ਬਾਖੂਬੀ ਪੇਸ਼ ਕੀਤਾ।

ਵਿਦਿਆਰਥੀਆਂ ਨੇ ਦੇਸ਼-ਭਗਤੀ ਨਾਲ ਭਰਪੂਰ ਕਵਿਤਾਵਾਂ, ਨਾਅਰੇ ਅਤੇ ਪ੍ਰੇਰਨਾਦਾਇਕ ਵਿਚਾਰ ਵੀ ਪੇਸ਼ ਕੀਤਾ ਦੌਰਾਨ ਵਿਦਿਆਰਥੀਆਂ ਨੇ ਜੈ ਜਵਾਨ, ਜੈ ਕਿਸਾਨ ਦੇ ਨਾਅਰੇ ਲਗਾਉਂਦਿਆਂ ਗਾਂਧੀ ਦੇ ਸੱਚ ਅਤੇ ਅਹਿੰਸਾ ਦੇ ਸੰਦੇਸ਼ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਲਿਆ।ਸਕੂਲ ਦੇ ਮੈਨੇਜਿੰਗ ਮੈਨੇਜਿੰਗ ਡਾਇਰੈਕਟਰ ਸ੍ਰ: ਅਮਰਜੀਤ ਸਿੰਘ ਅਤੇ ਪ੍ਰਿੰਸੀਪਲ ਸੁਖਬੀਰ ਕੌਰ ਨੇ ਵਿਦਿਆਰਥੀਆਂ ਨੂੰ ਸੱਚ, ਅਹਿੰਸਾ, ਅਨੁਸ਼ਾਸਨ, ਸਫ਼ਾਈ, ਸਾਦਗੀ ਅਤੇ ਰਾਸ਼ਟਰ ਸੇਵਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਰਾਸ਼ਟਰ ਦੀ ਏਕਤਾ, ਸਫ਼ਾਈ ਅਤੇ ਭਾਈਚਾਰਾ ਬਣਾਈ ਰੱਖਣ ਦਾ ਸੰਕਲਪ ਲਿਆ।

## ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਵੱਲੋਂ ਰੋਸ ਭਰਪੂਰ ਮੁਜ਼ਾਹਰਾ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਕਿਸਾਨ ਮਜ਼ਦੂਰ ਮੋਰਚਾ ਪੰਜਾਬ ਚੈਪਟਰ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਕਰਾਂਤੀਕਾਰੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੇ ਘਣੀਏ ਕੇ ਬਾਂਗਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਕੀਤੇ ਸਮਾਗਮ ਦੁਰਾਨ ਪਿੰਡ ਘਣੀਏ ਕੇ ਬਾਂਗਰ ਵਿੱਚ ਵਿਸ਼ਾਲ ਜ਼ਿਲ੍ਹਾ ਪੱਧਰੀ ਰੈਲੀ ਕਰਕੇ ਤੇ ਰੋਸ ਭਰਪੂਰ ਮੁਜ਼ਾਹਰਾ ਕੀਤਾ ਗਿਆ । ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਦਾਦੂਜੋਧ, ਜ਼ਿਲ੍ਹਾ ਸਕੱਤਰ ਕੁਲਵਿੰਦਰ ਜੀਤ ਸਿੰਘ ਅਟਵਾਲ, ਸੂਬਾ ਕਮੇਟੀ ਮੈਂਬਰ ਸਵਿੰਦਰ ਪਾਲ ਮੋਹਲੋਵਾਲੀ ਦੀ ਅਗਵਾਈ ਵਿੱਚ ਜ਼ਿਲੇ ਦੇ ਸਾਰੇ ਬਲਾਕਾਂ ਵਿੱਚੋ ਸੈਂਕੜਿਆਂ ਦੀ ਗਿਣਤੀ ਵਿੱਚ ਆਏ ਕਿਸਾਨਾਂ ਅਤੇ ਬੀਬੀਆਂ ਨੂੰ ਸੰਬੋਧਨ ਕਰਦਿਆਂ ਸਾਰੇ ਆਗੂਆਂ ਨੇ ਕਿਹਾ ਕਿ ਪੰਜਾਬ



ਸਰਕਾਰ ਪੰਜ ਸਾਲ ਪੂਰੇ ਕਰਨ ਜਾ ਰਹੀ ਹੈ। ਪੂਰੇ ਪੰਜਾਬ ਨੂੰ ਪੁਲਸ ਰਾਜ ਵਿੱਚ ਤਬਦੀਲ ਕਰਕੇ ਅੰਤਾਂ ਦਾ ਤਸ਼ੱਦਦ ਹੋ ਰਿਹਾ।

ਇਸ ਮੌਕੇ ਏ ਡੀ ਸੀ ਗੁਰਦਾਸਪੁਰ ਨੇ ਮੰਗ ਪੱਤਰ ਲਾਆ।ਇਸ ਮੌਕੇ ਕੈਪਟਨ ਅਜੀਤ ਸਿੰਘ ਸੈਰੋਵਾਲ, ਕੁਲਵਿੰਦਰ ਸਿੰਘ ਸੈਰੋਵਾਲ, ਸਿਕੰਦਰ ਸਿੰਘ ਚੀਮਾ ਖੁੱਡੀ, ਮਾਸਟਰ ਜਗੀਰ ਸਿੰਘ ਅਤੇਪੁਰ, ਹਰਜੰਤ ਸਿੰਘ ਪੰਨਵਾਂ, ਰਣਜੀਤ ਸਿੰਘ ਪੰਨਵਾਂ, ਦਿਲਬਾਗ ਸਿੰਘ ਕੋਟਲਾਬਾਮਾ, ਪਰਮਜੀਤ ਸਿੰਘ ਅਲੀਵਾਲ, ਹਰਦੇਵ ਸਿੰਘ ਘਣੀਏਆ, ਦਿਲਬਾਗ ਸਿੰਘ, ਗੁਰਨਾਮ ਸਿੰਘ, ਨਵਜੋਤ ਸਿੰਘ, ਗੁਰਨਾਮ ਸਿੰਘ, ਜਗਨਦੀਪ ਸਿੰਘ, ਗੁਰਪ੍ਰੀਤ ਸਿੰਘ ਪੱਬਾਂਰਾਲੀ, ਨਿਸ਼ਾਨ ਸਿੰਘ ਅਠਵਾਲ, ਗੁਰਚਰਨ ਸਿੰਘ ਟਾਹਲੀ, ਕੁਲਵਿੰਦਰ ਸਿੰਘ ਬਸਰਾਵਾਂ, ਹਰਭਿੰਦਰ ਸਿੰਘ ਮੰਗੂ ਅਤੇ ਡਾ. ਅਸ਼ੋਕ ਭਾਰਤੀ ਆਦਿ ਹਾਜ਼ਰ ਸਨ।

## ਕਾਦਰਾਬਾਦ ਬੋਹੜ ਸਾਹਿਬ ਦੇ ਸੇਵਾਦਾਰਾਂ ਵੱਲੋਂ ਕੋਈ ਉਗਰਾਹੀ ਨਹੀਂ ਕੀਤੀ ਜਾਂਦੀ : ਮਹੰਤ ਹਰੀ ਕੁੰਭ ਦਾਸ

**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**- ਤਪ ਅਸਥਾਨ ਮੰਦਰ ਭਗਵਾਨ ਸ੍ਰੀਚੰਦ ਜੀ ਨਾਨਕਚੱਕ ਦੇ ਮਹੰਤ ਹਰੀ ਕੁੰਭ ਦਾਸ ਨੇ ਦੱਸਿਆ ਕਿ ਤਪ ਅਸਥਾਨ ਮੰਦਰ ਨਾਨਕ ਚੱਕ ਤੋਂ ਥੋੜ੍ਹੀ ਹੀ ਦੂਰ ਮੰਦਰ ਨਾਨਕ ਚੱਕ ਦਾ ਇੱਕ ਹੋਰ ਅਸਥਾਨ ਕਾਦਰਾਬਾਦ ਬੋਹੜ ਸਾਹਿਬ ਸਥਾਪਿਤ ਹੈ।ਕਾਦਰਾਬਾਦ ਬੋਹੜ ਸਾਹਿਬ ਵੱਲੋਂ ਅਤੇ ਤਪ ਅਸਥਾਨ ਮੰਦਿਰ ਭਗਵਾਨ ਬਾਬਾ ਸ਼੍ਰੀਚੰਦ ਜੀ ਨਾਨਕ ਚੱਕ ਵੱਲੋਂ ਕਿਸੇ ਵੀ ਪ੍ਰਕਾਰ ਦੀ ਸੰਗਤਾਂ ਕੋਲੋਂ ਕੋਈ ਵੀ ਉਗਰਾਹੀ ਨਹੀਂ ਕੀਤੀ ਜਾਂਦੀ।ਜੇ ਕੋਈ ਵੀ ਵਿਅਕਤੀ ਬਾਬਾ ਸ਼੍ਰੀਚੰਦ ਜੀ ਨਾਨਕ ਚੱਕ ਜਾਂ ਕਾਦਰਾਬਾਦ ਦੇ ਨਾਂਅ ਤੇ ਉਗਰਾਹੀ ਕਰਦਾ ਹੈ ਤਾਂ ਉਸ ਨੂੰ ਉਗਰਾਹੀ ਨਾ ਦਿੱਤੀ ਜਾਵੇ।ਉਨ੍ਹਾਂ ਦੱਸਿਆ ਕਿ ਸੰਗਤ ਵੱਲੋਂ ਦੱਸਿਆ ਗਿਆ ਹੈ ਕਿ ਇਨਾਂ ਧਾਰਮਿਕ ਅਸਥਾਨਾਂ ਦੇ ਨਾਂਅ 'ਤੇ ਉਗਰਾਹੀ ਕੀਤੀ ਜਾਂਦੀ ਹੈ ਪਰ ਮਹੰਤ ਜੀ ਨੇ ਇਸ ਸੰਬੰਧੀ ਸਪੱਸ਼ਟ ਦੱਸਿਆ ਕਿ ਸਾਡਾ ਕੋਈ ਵੀ ਸੇਵਾਦਾਰ ਬਾਹਰ ਪਿੰਡਾਂ ਜਾ ਸ਼ਹਿਰਾਂ ਵਿੱਚ ਉਗਰਾਹੀ ਕਰਨ ਨਹੀਂ ਜਾਂਦਾ। ਉਨ੍ਹਾਂ ਸੰਗਤ ਨੂੰ ਬੇਨਤੀ ਕੀਤੀ ਕਿ ਜਿਸ ਨੇ ਵੀ ਸੇਵਾ ਕਰਨੀ ਹੈ ਉਹ ਆਪ ਮੰਦਿਰ ਨਾਨਕ ਚੱਕ ਆ ਕੇ ਦੇਵੇ ਅਤੇ ਅਰਦਾਸ ਕਰਵਾਏ।ਇਸ ਮੌਕੇ ਰਵਿੰਦਰ ਮੁਨੀ, ਦੁਰਗਾ ਦਾਸ, ਤਿਲਕ ਰਾਜ ਮਨੀ ਜਾਂਗਲਾ, ਰਾਜੂ ਬੇਦੀ, ਭਾਈ ਗੁਰਦੀਪ ਸਿੰਘ, ਮਾਸਟਰ ਸੰਦੀਪ ਸਿੰਘ ਜਾਂਗਲਾ, ਸੰਦੀਪ ਬੇਦੀ ਨਾਨਕਚੱਕ, ਯਾਦਵਿੰਦਰ ਸਿੰਘ ਕਾਦੀਆਂ ਰਾਜਪੂਤ, ਰਣਜੀਤ ਸਿੰਘ ਰੰਮੀ ਅਲੀਵਾਲ, ਇੰਦਰਜੀਤ ਸਿੰਘ ਨਾਨਕਚੱਕ, ਦੁਰਲੱਭਜੀਤ ਸਿੰਘ ਪੱਤੀ ਪਕੀਵਾਂ ਰਣਜੀਤ ਸਿੰਘ ਕੋਟਲੀ ਥਾਬਲਾਂ, ਪਿੰਸ ਢੱਲਾ ਘਣੀਆ, ਧਰਮਬੀਰ ਸਿੰਘ ਘਣੀਆ ਮਨਪ੍ਰੀਤ ਸਿੰਘ ਪਟਵਾਰੀ, ਗੁਰਵਿੰਦਰ ਸਿੰਘ ਪਟਵਾਰੀ, ਗੁਰਬੀਰ ਸਿੰਘ ਘਣੀਏ ਕੇ ਬਾਂਗਰ, ਰਣਜੋਧ ਸਿੰਘ ਘਣੀਆ, ਭਗਵੰਤ ਸਿੰਘ ਹੈਪੀ, ਦੀਪੂ ਅਲੀਵਾਲ, ਜੋਬਨ ਡੁਲਟ ਸਰਵਣ ਦੁਬਰਜ਼ੀ, ਅੰਮ੍ਰਿਤਪਾਲ ਸਿੰਘ ਸ਼ੈਕੀ ਕਾਲਾ ਅਫ਼ਗਾਨਾ, ਨੀਰਜ ਬੇਦੀ, ਜੱਸ ਲੋਧੀ ਨੰਗਲ, ਸਤਨਾਮ ਸਿੰਘ, ਹੈਪੀ ਨਾਨਕ ਚੱਕ, ਜੀਵਨ ਡੁੱਲਟ,ਜਸ਼ਨ ਜਾਂਗਲਾ, ਸਾਂਭਾ ਫ਼ਤਿਹਗੜ੍ਹ ਚੂੜੀਆਂ, ਗੁਰਲਾਲ ਸਿੰਘ ਫ਼ੌਜੀ, ਪਵਨ ਗੁੱਜਰਪੁਰਾ, ਜਸ਼ਨ ਪੰਨੂੰ, ਜੋਬਨ ਕੋਟਲਾ ਬਾਮਾ, ਰਮਨ ਬਾਜਵਾ, ਹਰਪ੍ਰੀਤ ਸਿੰਘ, ਕਰਨ ਕਿਲ੍ਹਾ, ਹਰਸ਼ ਸੀੜਾ, ਜੀਵਨ, ਹਰਮਨ ਘਣੀਆ, ਕਰਨ ਲੰਗਰਵਾਲ, ਗੁਰੀ ਅਰਮਾਨ, ਨਵਜੋਤ ਸਿੰਘ, ਪ੍ਰਿੰਸ ਕਾਦੀਆ ਤੇ ਹੋਰ ਸੇਵਾਦਾਰ ਹਾਜ਼ਰ ਸਨ।



## ਜ਼ਿਲ੍ਹਾ ਪੱਧਰੀ ਖੇਡਾਂ ਦਾ ਗਤਕਾ ਮੁਕਾਬਲਿਆਂ ਨਾਲ ਸ਼ਾਨਦਾਰ ਆਗਾਜ਼

**ਧਾਰੀਵਾਲ (ਮਨਦੀਪ ਵਿੱਕੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਦੇਖ-ਰੇਖ ਅਧੀਨ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ



ਪੰਜਾਬ ਦੀਆਂ ਦਾ ਅੱਜ ਮੀਤੀ 3 ਅਕਤੂਬਰ ਨੂੰ ਸ਼ਾਨਦਾਰ ਆਗਾਜ਼ ਹੋਇਆ। ਜ਼ਿਕਰਯੋਗ ਹੈ ਕਿ ਜ਼ਿਲ੍ਹਾ ਖੇਡ ਦਫ਼ਤਰ ਗੁਰਦਾਸਪੁਰ ਵੱਲੋਂ ਪਹਿਲਾਂ ਦੀ ਤਰਾਂ ਕਾਲਜ ਕੈਂਪਸ ਵਿਖੇ ਉਪਲਬਧ ਸਰਵਪੱਖੀ ਸਹੂਲਤਾਂ ਦੇ ਮੱਦੇਨਜ਼ਰ ਬਾਕਸਿੰਗ, ਕਿੱਕ ਬਾਕਸਿੰਗ, ਤਾਈਕਵਾਂਡੋ ਅਤੇ ਗਤਕਾ ਆਦਿ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੀ ਚੋਣ ਕੀਤੀ ਗਈ ਹੈ। ਅੱਜ ਮਿਤੀ 3 ਅਕਤੂਬਰ ਨੂੰ ਲੜਕੀਆਂ ਦੇ ਅੰਡਰ-14 ਅਤੇ ਅੰਡਰ-17 ਉਮਰ ਵਰਗ ਦੇ ਗਤਕਾ ਮੁਕਾਬਲੇ ਕਰਵਾਏ ਗਏ। ਇਸ ਵਿੱਚ ਗਤਕੇ ਨਾਲ ਸਬੰਧਤ ਵੱਖ-ਵੱਖ ਈਵੈਂਟ ਜਿਵੇਂ ਸਿੰਗਲ ਸੋਟੀ ਅਤੇ ਫਰੀ ਸੋਟੀ ਦੇ ਵਿਅਕਤੀਗਤ ਅਤੇ ਟੀਮ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੇ ਲਗਭਗ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਭਾਗ ਲਿਆ । ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਜੀ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਇਆ ਜਾ ਰਿਹਾ ਉਪਰੋਕਤ ਕਾਲਜ ਹਮੇਸ਼ਾ ਵਿਦਿਆਰਥੀਆ ਦੇ ਸਰਵਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨੂੰ ਵੀ ਪੂਰੀ ਤਰਜ਼ੀਹ ਦਿੰਦਾ ਰਿਹਾ ਹੈ।

ਕਾਲਜ ਵਿਖੇ ਹਾਕੀ, ਵਾਲੀਬਾਲ, ਫੁੱਟਬਾਲ, ਕਬੱਡੀ, ਰੱਸਾਕਸ਼ੀ, ਕ੍ਰਿਕਟ, ਅਥਲੈਟਿਕਸ, ਗਤਕਾ, ਵੁਸ਼ੂ, ਤਾਈਕਵਾਂਡੋ, ਕਿੱਕ ਬਾਕਸਿੰਗ ਆਦਿ ਖੇਡਾਂ ਲਈ ਗਰਾਊਂਡਾਂ ਅਤੇ ਲੋੜੀਂਦਾ ਸਮਾਨ ਉਪਲਬਧ ਹੈ ਤਾਂ ਕਿ ਖਿਡਾਰੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਆਪਣਾ ਨਾਮ ਰੌਸ਼ਨ ਕਰਕੇ ਆਪਣੇ ਭਵਿੱਖ ਨੂੰ ਉਜਵਲ ਬਣਾ ਸਕਣ।

## ਧੰਨ-ਧੰਨ ਬਾਬਾ ਭਾਈ ਸਾਲ੍ਹੋ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਾਲਾਨਾ ਜੋੜ ਮੇਲਾ ਕਰਵਾਇਆ

**ਮਜੀਠਾ/ਕੱਥੂਨੰਗਲ (ਸੋਇਮ ਅਨੰਦ/ਪ੍ਰੀਤਮ ਸਿੰਘ)**- ਸ਼੍ਰੀ ਗੁਰੂ ਰਾਮ ਦਾਸ ਜੀ ਦੇ ਅਨਿਨ ਸੇਵਕ ਧੰਨ ਧੰਨ ਬਾਬਾ ਭਾਈ ਸਾਲ੍ਹੋ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਾਲਾਨਾ



ਜੋੜ ਮੇਲਾ ਬਾਬਾ ਭਾਈ ਸਾਲ੍ਹੋ ਜੀ ਦੀ ਅੰਸ-ਬੰਸ ਬਾਬਾ ਹਰਪਿੰਦਰ ਸਿੰਘ ਦੀ ਅਗਵਾਈ ਵਿਚ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਡੇਰਾ ਬਾਬਾ ਭਾਈ ਸਾਲ੍ਹੋ ਜੀ ਮਜੀਠਾ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਚੱਲ ਰਹੇ ਲੜੀਵਾਰ ਸ਼੍ਰੀ ਅਖੰਡ ਪਾਠਾਂ ਦੇ ਭੋਗ ਪੈਣ ਉਪਰੰਤ ਵਿਸ਼ਾਲ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਅਤੇ ਕਥਾਵਾਚਕ ਜਿਨ੍ਹਾਂ ਵਿਚ ਹਜ਼ੂਰੀ ਰਾਗੀ ਭਾਈ ਸਰੂਪ ਸਿੰਘ ਦਾ ਰਾਗੀ ਜਥਾ, ਭਾਈ ਮਹਿਤਾਬ ਸਿੰਘ ਮਜੀਠਾ ਦਾ ਰਾਗੀ ਜਥਾ, ਭਾਈ ਮੰਗਤ ਸਿੰਘ ਝਾੜ ਸਾਹਿਬ ਵਾਲਿਆਂ ਦਾ ਰਾਗੀ ਜਥਾ, ਕਥਾਵਾਚਕ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਗਿਆਨੀ ਸਰੂਪ ਸਿੰਘ ਕਡਿਆਲਾ ਦਾ ਢਾਡੀ ਜਥਾ, ਭਾਈ ਸਰਬਜੀਤ ਸਿੰਘ ਢੋਟੀਆਂ ਕਥਾਵਾਚਕ ਨੇ ਮਨੋਹਰ ਗੁਰਬਾਣੀ ਕੀਰਤਨ, ਢਾਡੀ ਵਾਰਾਂ, ਅਤੇ ਗੁਰਮਤਿ ਵਿਚਾਰਾਂ ਰਾਹੀਜ਼ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਪ੍ਰਬੰਧਕਾਂ ਵੱਲੋ ਆਏ ਜਥਿਆਂ ਅਤੇ ਹੋਰ ਪਤਵੰਤਿਆਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਦੇਕੇ ਸਨਮਾਨਿਤ ਕੀਤਾ ਗਿਆ।ਸਟੇਜ ਸੰਭਾਲਣ ਦੀ ਭੂਮਿਕਾ ਬਾਬਾ ਸੁਖਪਾਲ ਸਿੰਘ ਨੇ ਨਿਭਾਈ ਗਈ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ, ਬਾਬਾ ਹਰਪਿੰਦਰ ਸਿੰਘ, ਬਾਬਾ ਕੁਲਦੀਪ ਸਿੰਘ, ਬਾਬਾ ਗੁਰਜੋਤ ਸਿੰਘ, ਬਾਬਾ ਬਲਦੇਵ ਸਿੰਘ, ਬਾਬਾ ਸੁਖਪਾਲ ਸਿੰਘ, ਐਡਵੋਕੇਟ ਰਕੇਸ਼ ਪ੍ਰਾਸਰ, ਸਾਬਕਾ ਪ੍ਰਧਾਨ ਤਰੁਣ ਅਬਰੋਲ, ਪ੍ਰਿੰਸ ਨਈਅਰ, ਗੁਰਪ੍ਰੀਤ ਸਿੰਘ ਪਿੰਟੂ, ਸੁਖਜਿੰਦਰ ਸਿੰਘ, ਭਗਵਾਨ ਸਿੰਘ, ਗੁਰਬਲਜੀਤ ਸਿੰਘ, ਸਵਿੰਦਰ ਸਿੰਘ, ਹਰਜਾਪ ਸਿੰਘ, ਸਤਨਾਮ ਸਿੰਘ, ਜਗਜੀਤ ਸਿੰਘ, ਬਾਬਾ ਤਰਲੋਕ ਸਿੰਘ, ਮਾ ਜਗਜੀਤ ਸਿੰਘ, ਸਿਮਰਜੀਤ ਸਿੰਘ, ਅਰਵਿੰਦਰ ਸਿੰਘ, ਗੁਰਬਿੰਦਰ ਸਿੰਘ, ਹੀਰਾ ਸਿੰਘ,ਕਰਨ ਸਿੰਘ, ਮਨਦੀਪ ਸਿੰਘ ਮੰਨਾ ਢਿੰਗਨੰਗਲ, ਬਲਜੀਤ ਸਿੰਘ, ਪ੍ਰਧਾਨ ਬਿਸ਼ਨ ਸਿੰਘ ਮਜੀਠਾ, ਕੁਲਦੀਪ ਸਿੰਘ ਮਹਿਲਾਂਵਾਲਾ, ਗਗਨਦੀਪ ਸਿੰਘ ਹਰੀਆਂ, ਸੁਨੀਲ ਕੁਮਾਰ, ਜਰਨੈਲ ਸਿੰਘ ਮੰਗਾ, ਸਤਨਾਮ ਸਿੰਘ, ਲਾਲ ਸਿੰਘ, ਸੁਖਵਿੰਦਰ ਸਿੰਘ ਬੇਗੇਵਾਲ, ਫਤਿਹ ਸਿੰਘ ਡੱਡੀਆਂ, ਮੇਜਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਸ਼ਾਮਲ ਸਨ। ਪ੍ਰਬੰਧਕਾਂ ਵੱਲੋਜ਼ ਗੁਰੂ ਦੇ ਅਤੁੱਟ ਲੰਗਰ ਲਗਾਏ ਗਏ।

## ਹਾੜ੍ਹੀ ਦੀਆਂ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ 'ਚ ਨਿਗੂਣੇ ਵਾਧੇ ਦੀ ਸਖ਼ਤ ਨਿਖੇਧੀ

**ਚੋਹਲਾ ਸਾਹਿਬ/ਰਮਨ ਚੱਢਾ)**- ਕੇਂਦਰ ਸਰਕਾਰ ਵੱਲੋਂ ਹਾੜ੍ਹੀ ਦੀਆਂ ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਕੀਤੇ ਵਾਧੇ ਅਧੀਨ ਕਣਕ ਦੇ ਰੇਟ ਵਿੱਚ ਮਹਿਜ਼ 25 ਰੁਪਏ ਪ੍ਰਤੀ ਕੁਇੰਟਲ ਦਾ ਮਾਮੂਲੀ ਵਾਧਾ ਕਰਨ ਤੇ ਕਿਸਾਨਾਂ ਵਿੱਚ ਭਾਰੀ ਰੋਸ ਦੀ ਲਹਿਰ ਫੈਲ ਗਈ ਹੈ।ਕਿਸਾਨ ਸੰਘਰਸ਼ ਕਮੇਟੀ ਪੰਜਾਬ (ਕੋਟ ਬੁੱਢਾ) ਨੇ ਕੇਂਦਰ ਸਰਕਾਰ ਦੇ ਇਸ ਫ਼ੈਸਲੇ ਨੂੰ ਦੇਸ਼ ਦੇ ਅੰਨਦਾਤੇ ਨਾਲ ਇੱਕ ਕੋਝਾ ਮਜ਼ਾਕ ਅਤੇ ਵੱਡਾ ਧੋਖਾ ਕਰਾਰ ਦਿੰਦਿਆਂ ਸਰਕਾਰ ਖ਼ਿਲਾਫ਼ ਤਿੱਖੇ ਨਿਸ਼ਾਨੇ ਸਾਧੇ ਹਨ।ਕਿਸਾਨ ਸੰਘਰਸ਼ ਕਮੇਟੀ ਪੰਜਾਬ (ਕੋਟ ਬੁੱਢਾ) ਦੇ ਸੂਬਾਈ ਆਗੂਆਂ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਡੀਜ਼ਲ, ਖ਼ਾਦਾਂ, ਕੀਟਨਾਸ਼ਕ ਦਵਾਈਆਂ, ਟਰੈਕਟਰਾਂ ਦੇ ਸਪੇਅਰ ਪਾਰਟਸ ਅਤੇ ਮਜ਼ਦੂਰੀ ਦੇ ਰੇਟ ਆਸਮਾਨ ਛੂਹ ਰਹੇ ਹਨ, ਅਜਿਹੇ ਦੌਰ ਵਿੱਚ ਕਣਕ ਦੇ ਮੁੱਲ ਵਿੱਚ ਮਹਿਜ਼ 25 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕਰਨਾ ਕਿਸਾਨਾਂ ਦੀ ਲਾਗਤ ਖਰਚੇ ਦੀ ਭਰਪਾਈ ਵੀ ਨਹੀਂ ਕਰਦਾ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਰਵੱਈਏ ਤੋਂ ਸਪੱਸ਼ਟ ਹੁੰਦਾ ਹੈ ਕਿ ਉਹ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੇ ਝੂਠੇ ਦਾਅਵੇ ਕਰਕੇ ਉਨ੍ਹਾਂ ਨੂੰ ਗੁੰਮਰਾਹ ਕਰ ਰਹੀ ਹੈ।ਜਥੇਬੰਦੀ ਦੇ ਆਗੂਆਂ ਨੇ ਆਖਿਆ ਕਿ ਕੇਂਦਰ ਸਰਕਾਰ 32+50% ਦੇ ਫਾਰਮੂਲੇ ਅਨੁਸਾਰ ਕਿਸਾਨਾਂ ਨੂੰ ਫ਼ਸਲਾਂ ਦੇ ਭਾਅ ਦੇਣ ਤੋਂ ਲਗਾਤਾਰ ਭੱਜ ਰਹੀ ਹੈ।ਡਾ. ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਰੱਦੀ ਦੀ ਟੋਕਰੀ ਵਿੱਚ ਸੁੱਟ ਰੱਜੇ-ਪੁੱਜੇ ਘਰਾਣਿਆਂ ਨੂੰ ਲਾਭ ਪਹੁੰਚਾਉਣ ਦੀਆਂ ਨੀਤੀਆਂ ਤਹਿਤ ਕੰਮ ਕੀਤਾ ਜਾ ਰਿਹਾ ਹੈ।ਜੇਕਰ ਲਾਗਤ ਖਰਚਿਆਂ ਦਾ ਹਿਸਾਬ ਲਾਇਆ ਜਾਵੇ ਤਾਂ ਕਣਕ ਦਾ ਭਾਅ ਘੱਟੋ-ਘੱਟ 3000 ਰੁਪਏ ਪ੍ਰਤੀ ਕੁਇੰਟਲ ਹੋਣਾ ਚਾਹੀਦਾ ਹੈ।ਕਿਸਾਨ ਸੰਘਰਸ਼ ਕਮੇਟੀ ਪੰਜਾਬ (ਕੋਟ ਬੁੱਢਾ) ਨੇ ਕੇਂਦਰ ਸਰਕਾਰ ਨੂੰ ਤਾੜਨਾ ਕਰਦਿਆਂ ਚੇਤਾਵਨੀ ਦਿੱਤੀ ਹੈ ਕਿ ਜੇਕਰ ਕਣਕ ਦੇ ਰੇਟ ਵਿੱਚ ਕੀਤਾ ਗਿਆ ਇਹ ਨਾਮਾਤਰ ਵਾਧਾ ਵਾਪਸ ਲੈ ਕੇ ਕਿਸਾਨਾਂ ਨੂੰ ਲਾਗਤ ਖਰਚੇ ਅਨੁਸਾਰ ਵਾਜਬ ਮੁੱਲ ਨਾ ਦਿੱਤਾ ਗਿਆ ਤਾਂ ਜਥੇਬੰਦੀ ਪੂਰੇ ਪੰਜਾਬ ਵਿੱਚ ਪਿੰਡ-ਪਿੰਡ ਲਾਮਬੰਦੀ ਕਰਕੇ ਕੇਂਦਰ ਸਰਕਾਰ ਵਿਰੁੱਧ ਇੱਕ ਵਾਰ ਫਿਰ ਵਿਸ਼ਾਲ ਅਤੇ ਤਿੱਖਾ ਅੰਦੋਲਨ ਉਲੀਕੇਗੀ।ਉਨ੍ਹਾਂ ਕਿਹਾ ਕਿ ਕਿਸਾਨ ਆਪਣੇ ਹੱਕਾਂ ਲਈ ਲੜਨਾ ਜਾਣਦੇ ਹਨ ਅਤੇ ਸਰਕਾਰ ਦੇ ਇਸ ਕਿਸਾਨ-ਵਿਰੋਧੀ ਰਵੱਈਏ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਡਾ. ਬਿਕਰਮਜੀਤ ਸਿੰਘ ਨੇ ਬੱਚਿਆਂ ਨੂੰ ਨਸ਼ਿਆਂ ਵਿਰੁੱਧ ਕੀਤਾ ਜਾਗਰੂਕ

**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**- ਸੂਬਾ ਸਰਕਾਰ ਯੁੱਧ ਨਸ਼ਿਆਂ ਵਿਰੁੱਧ, ਨੀਤੀ ਤਹਿਤ ਲੋਕਾਂ ਨੂੰ ਇਸ ਨਸ਼ੇ ਦੀ ਦਲਦਲ 'ਚੋਂ ਕੱਢਣ ਲਈ ਜੀ ਤੋੜ ਕੋਸ਼ਿਸ਼ਾਂ ਕਰ ਰਹੀ ਹੈ ।ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਵੀ ਬੱਚਿਆਂ ਨੂੰ ਸਵੇਰ ਦੀ ਪ੍ਰਾਰਥਨਾ ਤੋਂ ਬਾਅਦ ਸਕੂਲ ਪ੍ਰਿੰਸੀਪਲ ਅਤੇ ਮਾਸਟਰ ਸਾਹਿਬਾਨ ਵੱਲੋਂ ਬੱਚਿਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਜਾ ਰਿਹਾ ਹੈ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਵਿਖੇ ਪ੍ਰਿੰਸੀਪਲ ਨੀਨਾ ਚਾਵਲਾ ਅਤੇ ਮਾਸਟਰ ਰਜਿੰਦਰ ਸਿੰਘ ਦੇ ਸੱਦੇ ਤੇ ਪ੍ਰੈੱਸ ਐਸੋਸੀਏਸ਼ਨ ਫਤਿਹਗੜ੍ਹ ਚੂੜੀਆਂ ਦੇ ਪ੍ਰਧਾਨ ਡਾਕਟਰ ਬਿਕਰਮਜੀਤ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਸਕੂਲ 'ਚ ਬੱਚਿਆਂ ਦੀ ਪ੍ਰਾਰਥਨਾ ਤੋਂ ਬਾਅਦ ਡਾਕਟਰ ਬਿਕਰਮਜੀਤ ਸਿੰਘ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨਸ਼ਿਆਂ ਦੀ ਦਲਦਲ ਵਿੱਚ ਬੁਰੀ ਤਰ੍ਹਾਂ ਫਸ ਚੁੱਕੀ ਹੈ ਭਾਵੇਂ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਨੀਤੀ ਤਹਿਤ ਨਸਾ ਵੇਚਣ ਵਾਲਿਆਂ ਖਿਲਾਫ ਸਿਕੰਜਾ ਕਸਿਆ ਜਾ ਰਿਹਾ ਹੈ।ਉਨ੍ਹਾਂ ਵਿਦਿਆਰਥੀ ਵਰਗ ਨੂੰ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਗਰ ਕੋਈ ਆਪ ਨੂੰ ਕਹੇ ਕੀ ਇਹ ਨਸ਼ਾ ਟਰਾਈ ਕਰ, ਤੈਨੂੰ ਕੁਝ ਨਹੀਂ ਹੋਵੇਗਾ ਤਾਂ ਉਸ ਨੂੰ ਮੌਕੇ ਤੇ ਹੀ ਨਾਂਹ ਕਹੋ, ਕਿਉਂਕਿ ਤੁਹਾਡੇ ਵੱਲੋਂ ਮੌਕੇ ਤੇ ਕੀਤੀ ਹੋਈ ਨਾਂਹ ਹੀ ਤੁਹਾਡੀ ਪਹਿਲੀ ਜਿੱਤ ਗਿਣੀ ਜਾਵੇਗੀ। ਜਦੋਂ ਤੱਕ ਖੁਦ ਪੰਜਾਬ ਦੀ ਨੌਜਵਾਨ ਪੀੜ੍ਹੀ, ਸਮਾਜਸੇਵੀ ਜਥੇਬੰਦੀਆਂ, ਬੱਚਿਆਂ ਦੇ ਮਾਪੇ ਅਤੇ ਅਧਿਆਪਕ ਵਰਗ, ਸਾਰੇ ਰਲ ਕੇ ਨਸ਼ਿਆਂ ਖਿਲਾਫ ਹੰਭਲਾ ਨਹੀਂ ਮਾਰਨਗੇ ਤਦ ਤੱਕ ਇਸ ਤੋਂ ਨਿਜਾਤ ਨਹੀਂ ਪਾ ਸਕਦੇ ।ਹਰ ਕਿਸੇ ਨੂੰ ਆਪਣੀ ਜ਼ਿੰਮੇਵਾਰੀ ਸੰਭਾਲਣੀ ਪਵੇਗੀ ।ਉਨ੍ਹਾਂ ਸਕੂਲ ਮੁਖੀ ਨੂੰ ਬੇਨਤੀ ਕੀਤੀ ਕਿ ਸਕੂਲ ਦੇ ਆਲੇ ਦੁਆਲੇ ਦੀਆਂ ਦੁਕਾਨਾਂ ਤੇ ਖਾਸ ਨਜ਼ਰ ਰੱਖੀ ਜਾਏ ਕਿਉਂਕਿ ਅੱਜ ਕੱਲ ਦੇ ਬੱਚੇ ਸਟਿੰਗ, ਹੇਲਜ, ਰੈੱਡ ਬੁਲ ਵਰਗੀਆਂ ਕੋਲਡ ਡ੍ਰਿੰਕਸ ਪੀ ਕੇ ਗੁਮਰਾਹ ਹੋਰ ਰਹੇ ਹਨ।




ਉਨ੍ਹਾਂ ਅੱਗੇ ਕਿਹਾ ਕਿ ਅਗਰ ਕਿਸੇ ਬੱਚੇ ਦੇ ਮੁਹੱਲੇ ਚ ਜਾਂ ਆਲੇ ਦੁਆਲੇ ਕੋਈ ਵੀ ਨਸ਼ਾ ਵੇਚਦਾ ਹੈ ਜਾਂ ਕਰਦਾ ਹੈ ਤਾਂ ਇਸ ਬਾਰੇ ਆਪਣੇ ਮਾਪਿਆਂ ਨੂੰ ਅਤੇ ਸਕੂਲ 'ਚ ਆ ਕੇ ਅਧਿਆਪਕ ਸਾਹਿਬਾਨ ਨਾਲ ਗੱਲ ਕੀਤੀ ਜਾਵੇ ਤਾਂ ਜੋ ਆਪ ਦੀ ਇਸ ਕੋਸ਼ਿਸ਼ ਨਾਲ ਕਿਸੇ ਦੀ ਕੀਮਤੀ ਜਾਨ ਨੂੰ ਬਚਾਇਆ ਜਾ ਸਕੇ।ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਨੀਨਾ ਚਾਵਲਾ ਤੇ ਸਮੂਹ ਸਟਾਫ ਵੱਲੋਂ ਡਾਕਟਰ ਬਿਕਰਮਜੀਤ ਸਿੰਘ ਨੂੰ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਪ੍ਰਿੰਸੀਪਲ ਮੈਡਮ ਨੀਨਾ ਚਾਵਲਾ, ਮਾਸਟਰ ਨਰੇਸ ਸੋਢੀ, ਮਾਸਟਰ ਸੰਦੀਪ ਸੋਨੀ, ਮਾਸਟਰ ਇੰਦਰਪਾਲ ਸਿੰਘ, ਮਾਸਟਰ ਬਲਦੇਵ ਸਿੰਘ, ਮਾਸਟਰ ਤਰਲੋਚਨ ਪਾਠਕ, ਮਾਸਟਰ ਗੁਰਪ੍ਰੀਤ ਸਿੰਘ, ਮਾਸਟਰ ਨਵਦੀਪ ਦੀਪੂ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਸੋਮਵਾਰ, 5 ਅਕਤੂਬਰ 2026

# ਪਰਗਟ ਕੀ ਕਰੇ...

ਪੰਜਾਬ ਕਾਂਗਰਸ ਦੇ ਨਵੇਂ ਬਣਾਏ ਗਏ ਪ੍ਰਧਾਨ ਪਰਗਟ ਸਿੰਘ ਨੇ ਕਿਹਾ ਹੈ ਕਿ ਉਹ ਲੋਕ ਮੁੱਦਿਆਂ ਦੀ ਗੱਲ ਕਰਨਗੇ। ਪੰਜਾਬ ਕਾਂਗਰਸ ਵਿੱਚ ਕੋਈ ਧੜੇਬੰਦੀ ਨਹੀਂ, ਪਾਰਟੀ ਕੋਲ ਤਜਰਬੇਕਾਰ ਤੇ ਹੰਢੇ ਹੋਏ ਆਗੂ ਹਨ, ਜਿਨ੍ਹਾਂ ਨੂੰ ਨਾਲ ਲੈ ਕੇ ਉਹ ਚੋਣਾਂ ਲੜਨਗੇ ਤੇ ਜਿੱਤਣਗੇ। ਚੋਣਾਂ ਦਾ ਸਾਲ ਸ਼ੁਰੂ ਹੁੰਦਿਆਂ ਹੀ ਪੰਜਾਬ ਕਾਂਗਰਸ ਵਿੱਚ ਧੜੇਬੰਦਕ ਜੰਗ ਤੇਜ਼ ਹੋ ਗਈ ਸੀ। ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਪ੍ਰਧਾਨਗੀ ਖਿਲਾਫ ਚਰਨਜੀਤ ਸਿੰਘ ਚੰਨੀ ਤੇ ਸੁਖਜਿੰਦਰ ਸਿੰਘ ਰੰਧਾਵਾ ਵਰਗਿਆਂ ਨੇ ਤਿੱਖੀ ਲੜਾਈ ਛੇੜ ਦਿੱਤੀ ਸੀ, ਜਿਸ ਨੂੰ ਖਤਮ ਕਰਦਿਆਂ ਹਾਈ ਕਮਾਨ ਨੇ ਕਾਫੀ ਵਕਤ ਜ਼ਾਇਆ ਕਰ ਲਿਆ। ਚੋਣਾਂ ਵਿੱਚ ਸਮਾਂ ਥੋੜ੍ਹਾ ਰਹਿ ਗਿਆ ਹੈ। ਪੁਰਾਣੇ ਵੇਲਿਆਂ ਵਿੱਚ ਚੋਣ ਮੁੱਖ ਲੜਾਈ ਅਕਾਲੀਆਂ ਤੇ ਕਾਂਗਰਸ ਜਾਂ ਅਕਾਲੀ-ਭਾਜਪਾ ਗੱਠਜੋੜ ਤੇ ਕਾਂਗਰਸ ਵਿਚਾਲੇ ਹੁੰਦੀ ਸੀ। ਵਰਤਮਾਨ ਵਿੱਚ ਪਿਛਲੇ ਕਰੀਬ ਪੰਜ ਸਾਲ ਤੋਂ ਰਾਜ ਕਰ ਰਹੀ ਆਮ ਆਦਮੀ ਪਾਰਟੀ ਵੀ ਹੈ ਅਤੇ ਅਕਾਲੀਆਂ ਦੇ ਨਵੇਂ ਧੜੇ ਵੀ ਮੈਦਾਨ ਵਿੱਚ ਕੁੱਦੇ ਹੋਏ ਹਨ। ਸੋ, ਲੜਾਈ ਬਹੁਕੋਣੀ ਹੋ ਚੁੱਕੀ ਹੈ। ਨਤੀਜੇ ਵਜੋਂ ਜਿੱਤ-ਹਾਰ ਦਾ ਫਰਕ ਵੀ ਕਾਫੀ ਘਟ ਜਾਣਾ ਹੈ। ਇਨ੍ਹਾਂ ਹਾਲਤਾਂ ਵਿੱਚ ਕਾਂਗਰਸ ਨੂੰ 1998 ਦੀ ਆਦਮਪੁਰ ਹਲਕੇ ਦੀ ਜ਼ਿਮਨੀ ਚੋਣ ਯਾਦ ਰੱਖਣੀ ਪੈਣੀ ਹੈ, ਜਦੋਂ ਬਾਪੂ ਸੂਰਪ ਸਿੰਘ ਦੇ ਦੇਹਾਂਤ ਤੋਂ ਬਾਅਦ ਹੋਈ ਚੋਣ ਵਿੱਚ ਕਾਂਗਰਸ ਦੇ ਕੰਵਲਜੀਤ ਸਿੰਘ ਲਾਲੀ ਨੇ ਅਕਾਲੀ ਦਲ ਦੇ ਸਰਬਜੀਤ ਸਿੰਘ ਮੱਕੜ ਨੂੰ ਪੰਜ ਵੋਟਾਂ ਦੇ ਮਾਮੂਲੀ ਫਰਕ ਨਾਲ ਹਰਾਇਆ ਸੀ। ਇਹ ਚੋਣ ਕੈਪਟਨ ਅਮਰਿੰਦਰ ਸਿੰਘ ਦੇ ਪ੍ਰਧਾਨਗੀ ਸੰਭਾਲਣ ਤੋਂ ਕੁਝ ਦੇਰ ਬਾਅਦ ਹੋਈ ਸੀ। ਇਸ ਹਲਕੇ ਤੋਂ ਭਾਰਤੀ ਕਮਿਊਨਿਸਟ ਪਾਰਟੀ ਦੇ ਕੁਲਵੰਤ ਸਿੰਘ ਵੀ ਵਿਧਾਇਕ ਰਹਿ ਚੁੱਕੇ ਸਨ ਤੇ ਹਲਕੇ ਵਿੱਚ ਕਮਿਊਨਿਸਟਾਂ ਦੀ ਪੁੱਛ-ਪ੍ਰਤੀਤ ਵੀ ਕਾਫੀ ਸੀ। ਕਮਿਊਨਿਸਟਾਂ ਦਾ ਸਮਰਥਨ ਨਾ ਮਿਲਿਆ ਹੁੰਦਾ ਤਾਂ ਅੰਦਾਜ਼ਾ ਲਾਇਆ ਜਾ ਸਕਦਾ ਹੈ ਕਿ ਕੀ ਕਾਂਗਰਸ ਪਰਕਾਸ਼ ਸਿੰਘ ਬਾਦਲ ਦੇ ਰਾਜ ਵਿੱਚ ਜ਼ਿਮਨੀ ਚੋਣ ਜਿੱਤ ਸਕਦੀ ਸੀ? ਆਦਮਪੁਰ ਦੀ ਜ਼ਿਮਨੀ ਚੋਣ ਦੀ ਜਿੱਤ ਨੇ ਸੂਬੇ ਵਿੱਚ ਅਜਿਹਾ ਮਾਹੌਲ ਬਣਾਇਆ ਕਿ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਬਣ ਗਏ।

ਪਰਗਟ ਸਿੰਘ ਵੀ ਚੋਣਾਂ ਦੇ ਐਨ ਮੌਕੇ ਪ੍ਰਧਾਨ ਬਣੇ ਹਨ। ਉਨ੍ਹਾ ਨੂੰ ਆਪਣੀ ਚੋਣ ਮੁਹਿੰਮ ਵਿੱਢਣ ਤੋਂ ਪਹਿਲਾਂ ਇਹ ਜ਼ਰੂਰ ਸੋਚਣਾ ਪੈਣਾ ਕਿ ਪੰਜਾਬ ਦੇ ਹਿੱਤਾਂ ਵਿਰੁੱਧ ਕੰਮ ਕਰ ਰਹੀਆਂ ਤਾਕਤਾਂ ਨੂੰ ਪਛਾੜਨ ਲਈ ਕਿਨ੍ਹਾਂ ਸੈਕੂਲਰ ਤੇ ਜਮਹੂਰੀ ਤਾਕਤਾਂ ਦਾ ਸਾਥ ਜ਼ਰੂਰੀ ਹੈ। ਕਾਂਗਰਸ ਵਿੱਚ ਚਲਦੀ ਧੜੇਬੰਦੀ ਨੂੰ ਦੇਖਦਿਆਂ ਨਵੇਂ ਪ੍ਰਧਾਨ ਲਈ ਹੋਰ ਵੀ ਜ਼ਰੂਰੀ ਹੋ ਗਿਆ ਹੈ ਕਿ ਸੂਬੇ ਦੇ ਅਗਾਂਹਵਧੂ ਲੋਕਾਂ ਦੇ ਨਾਲ-ਨਾਲ ਸੂਬੇ ਦੇ ਹਿੱਤਾਂ ਲਈ ਹਮੇਸ਼ਾ ਲੜਾਈ ਲੜਦੀਆਂ ਆਈਆਂ ਸੈਕੂਲਰ ਤੇ ਜਮਹੂਰੀ ਤਾਕਤਾਂ ਨਾਲ ਤਾਲਮੇਲ ਬਿਠਾਉਣ। ਕੌਮੀ ਪੱਧਰ 'ਤੇ ਇੰਡੀਆ ਗੱਠਜੋੜ ਦਾ ਢਾਂਚਾ ਪਹਿਲਾਂ ਹੀ ਮੌਜੂਦ ਹੈ, ਇਸ ਨੂੰ ਪੰਜਾਬ ਵਿੱਚ ਅਮਲੀ ਸ਼ਕਲ ਦੇ ਕੇ ਪਰਗਟ ਆਪਣੀ ਪਾਰਟੀ ਦਾ ਵੀ ਤੇ ਪੰਜਾਬ ਦਾ ਵੀ ਭਲਾ ਕਰ ਸਕਦੇ ਹਨ। ਮੱਧ ਪ੍ਰਦੇਸ਼, ਮਹਾਰਾਸ਼ਟਰ ਤੇ ਗੁਜਰਾਤ ਵਰਗੇ ਸੂਬਿਆਂ ਵਿੱਚ ਕਾਂਗਰਸ ਇਕੱਲੀ ਲੜ ਕੇ ਨਤੀਜੇ ਦੇਖਦੀ ਹੀ ਆ ਰਹੀ ਹੈ। ਪੰਜਾਬ ਨੂੰ ਬਚਾਉਣ ਲਈ ਪਾਰਟੀ ਗਿਣਤੀਆਂ-ਮਿਣਤੀਆਂ ਤੋਂ ਉੱਪਰ ਉੱਠ ਕੇ ਸੂਬੇ ਦੀਆਂ ਸਾਰੀਆਂ ਸੈਕੂਲਰ ਤੇ ਜਮਹੂਰੀ ਤਾਕਤਾਂ ਨੂੰ ਨਾਲ ਲੈ ਕੇ ਚੱਲਣਾ ਹੀ ਪਰਗਟ ਲਈ ਸਹੀ ਰਾਹ ਹੋਵੇਗਾ।

## ਬੇਹੱਦ ਖਤਰਨਾਕ ਹੈ ਪਲਾਸਟਿਕ ਪ੍ਰਦੂਸ਼ਣ

ਅੱਜ ਪਲਾਸਟਿਕ ਸਾਡੇ ਜੀਵਨ ਦਾ ਅਨਿੱਖੜਵਾਂ ਅੰਗ ਬਣ ਚੁੱਕਿਆ ਹੈ।ਪਲਾਸਟਿਕ ਮਨੁੱਖੀ ਜੀਵਨ ਲਈ ਖ਼ਤਰਾ ਬਣਦਾ ਜਾ ਰਿਹਾ ਹੈ।ਇੱਕ ਤਾਜ਼ਾ ਸਰਵੇ ਮੁਤਾਬਕ ਦੁਨੀਆਂ ਭਰ ਵਿੱਚ ਹਰ ਦੋ ਮਿੰਟ ਵਿੱਚ 20 ਲੱਖ ਦੇ ਕਰੀਬ ਪਲਾਸਟਿਕ ਬੋਤਲਾਂ ਖਰੀਦੀਆਂ ਜਾਂਦੀਆਂ ਹਨ। ਲੁਧਿਆਣਾ, ਅੰਮ੍ਰਿਤਸਰ, ਪਟਿਆਲਾ ਵਰਗੇ ਵੱਡੇ ਸ਼ਹਿਰਾਂ ਵਿੱਚ ਕੂੜੇ ਦੇ ਵਿਸ਼ਾਲ ਪਹਾੜ ਬਣ ਚੁੱਕੇ ਹਨ, ਜਿਨ੍ਹਾਂ ਵਿੱਚ 25 ਫੀਸਦੀ ਤੋਂ ਵੱਧ ਇਕੱਲਾ ਪਲਾਸਟਿਕ ਹੀ ਹੈ। ਇਹ ਪਲਾਸਟਿਕ ਸਿਰਫ਼ ਵਾਤਾਵਰਨ ਲਈ ਹੀ ਨਹੀਂ ,ਸਗੋਂ ਜੀਵ ਜੰਤੂਆਂ ਲਈ ਵੀ ਘਾਤਕ ਸਿੱਧ ਹੋ ਰਿਹਾ ਹੈ। ਜਦੋਂ ਅਵਾਰਾ ਪਸ਼ੂ ਪਲਾਸਟਿਕ ਦੇ ਲਿਫ਼ਾਫ਼ੇ ਨਿਗਲ ਲੈਂਦੇ ਹਨ ਤਾਂ ਉਹਨਾਂ ਦੀ ਸਾਹ ਨਾਲੀ ਵਿੱਚ ਫਸਣ ਕਾਰਨ ਉਹਨਾਂ ਦੀ ਮੌਤ ਵੀ ਹੋ ਜਾਂਦੀ ਹੈ। ਇਹ ਪਲਾਸਟਿਕ ਕਦੇ ਵੀ ਨਸ਼ਟ ਨਹੀਂ ਹੁੰਦਾ, ਸਗੋਂ ਧਰਤੀ ਦੀ ਉਪਜਾਊ ਸ਼ਕਤੀ ਨੂੰ ਵੀ ਖ਼ਤਮ ਕਰ ਦਿੰਦਾ ਹੈ। ਅੱਜ ਪਲਾਸਟਿਕ ਦੇ ਬੈਗ, ਪਲੇਟ, ਗਲਾਸ, ਖਿਡੌਣੇ ਵੱਡੀ ਤਾਦਾਦ ਵਿੱਚ ਬਾਜ਼ਾਰਾਂ ਵਿੱਚ ਆਮ ਮਿਲਦੇ ਹਨ। ਇਹਨਾਂ ਦੀ ਵਰਤੋਂ ਕਰਕੇ ਇਹਨਾਂ ਨੂੰ ਖੁੱਲ੍ਹੇ ਵਿੱਚ ਸੁੱਟ ਦਿੱਤਾ ਜਾਂਦਾ ਹੈ, ਜਿਸ ਕਾਰਨ ਸ਼ਹਿਰਾਂ ਵਿੱਚ ਸੀਵਰੇਜ, ਨਾਲਿਆਂ ਦੇ ਬੰਦ ਹੋਣ ਦੀ ਸਮੱਸਿਆ ਆਮ ਬਣ ਗਈ ਹੈ। ਵਿਸ਼ਵ ਦੇ ਹਰ ਕੋਨੇ ਵਿੱਚ ਪਲਾਸਟਿਕ ਨੇ ਆਪਣਾ ਕਹਿਰ ਮਚਾ ਰੱਖਿਆ ਹੈ। ਦੁਨੀਆਂ ਵਿੱਚ ਸਾਧਾਰਨ ਪਲਾਸਟਿਕ ਦਾ 80 ਫੀਸਦੀ ਹਿੱਸਾ ਸਮੁੰਦਰ ਵਿੱਚ ਜਾ ਰਿਹਾ ਹੈ, ਜਿਸ ਕਾਰਨ ਥਣਧਾਰੀ ਜੀਵ ਬੇਵਕਤੀ ਮੌਤ ਦਾ ਸ਼ਿਕਾਰ ਹੋਣ ਲੱਗੇ ਹਨ। ਇੱਕ ਅੰਦਾਜ਼ੇ ਅਨੁਸਾਰ ਹਰ ਸਾਲ ਇਕ ਲੱਖ ਦੇ ਕਰੀਬ ਸਮੁੰਦਰੀ ਜਾਨਵਰਾਂ ਦੀ ਮੌਤ ਹੋ ਜਾਂਦੀ ਹੈ ।ਮਨੁੱਖੀ ਜੀਵਨ 'ਤੇ ਵੀ ਪਲਾਸਟਿਕ ਦਾ ਮਾੜਾ ਪ੍ਰਭਾਵ ਪੈ ਰਿਹਾ ਹੈ। ਪਲਾਸਟਿਕ ਨੂੰ ਸੜਨ ਲਈ 500 ਸਾਲ ਤੱਕ ਲੱਗ ਜਾਂਦੇ ਹਨ, ਨਾ ਇਹ ਗਲਦਾ ਹੈ ਤੇ ਨਾ ਹੀ ਸੜਦਾ ਹੈ।ਜਦੋਂ ਪਲਾਸਟਿਕ ਨੂੰ ਜਲਾਇਆ ਜਾਂਦਾ ਹੈ ਤਾਂ ਉਸ ਵਿੱਚੋਂ ਫਿਊਰਨ, ਮੀਥੇਨ, ਇਥਾਲੀਨ ਵਰਗੀਆਂ ਜ਼ਹਿਰੀਲੀਆਂ ਗੈਸਾਂ ਨਿਕਲਦੀਆਂ ਹਨ, ਜੋ ਗਲੋਬਲ ਵਾਰਮਿੰਗ ਵਿੱਚ ਵਾਧਾ ਕਰਦੀਆਂ ਹਨ ।ਜਿਨ੍ਹਾਂ ਨਾਲ ਸਾਹ, ਫੇਫੜਿਆਂ ਦੇ ਕੈਂਸਰ, ਜਿਗਰ ਕੈਂਸਰ ਤੱਕ ਹੋ ਰਹੇ ਹਨ। ਅਕਸਰ ਅਸੀਂ ਪਲਾਸਟਿਕ ਦੇ ਡੱਬਿਆਂ ਵਿੱਚ ਗਰਮ ਖਾਣਾ ਪੈਕ ਕਰਵਾ ਕੇ ਲੈ ਕੇ ਜਾਂਦੇ ਹਾਂ । ਪਲਾਸਟਿਕ ਵਿੱਚ ਮੌਜੂਦ ਬੀ ਪੀ ਏ ਯਾਨੀ ਬਿਸਫੇਨੋਲ ਏ ਵਰਗੇ ਹਾਨੀਕਾਰਕ ਰਸਾਇਣ ਹੁੰਦੇ ਹਨ । ਬੀ ਪੀ ਏ ਔਰਤਾਂ ਵਿੱਚ ਐਸਟ੍ਰੋਜਨ ਨੂੰ ਪ੍ਰਭਾਵਿਤ ਕਰਦਾ ਹੈ । ਹਾਰਮੋਨਲ ਬੈਲੇਂਸ ਨੂੰ ਵਿਗਾੜਦਾ ਹੈ। ਜਿਸ ਕਾਰਨ ਔਰਤਾਂ ਵਿੱਚ ਪ੍ਰਜਨਨ ਦੀ ਸਮੱਸਿਆ ਹੋ ਸਕਦੀ ਹੈ। ਇੱਕ ਹੋਰ ਘਾਤਕ ਰਸਾਇਣ ਫਥਾਲੇਟਸ ਹੁੰਦਾ ਹੈ, ਜੋ ਸਰੀਰ ਦੀ ਐਂਡੋਕ੍ਰੀਨ ਪ੍ਰਣਾਲੀ ਨੂੰ ਨਸ਼ਟ ਕਰ ਦਿੰਦਾ ਹੈ। ਸੰਗਠਨਾਤਮਕ ਪੱਧਰ 'ਤੇ 2025 ਤੱਕ ਪਲਾਸਟਿਕ ਪ੍ਰਦੂਸ਼ਣ ਨੂੰ ਘੱਟ ਕਰਨ ਦਾ ਟੀਚਾ ਰੱਖਿਆ ਗਿਆ ਸੀ। ਸਾਨੂੰ ਆਪਣੇ ਘਰ ਤੋਂ ਪਲਾਸਟਿਕ ਮੁਕਤ ਬਣਾਉਣ ਦੀ ਸ਼ੁਰੂਆਤ ਕਰਨੀ ਚਾਹੀਦੀ ਹੈ। ਸਾਡੀ ਦੇਖਾ-ਦੇਖੀ ਵਿੱਚ ਫਿਰ ਹੋਰ ਵੀ ਲੋਕ ਅੱਗੇ ਆਉਣਗੇ ,ਜਿਸ ਕਾਰਨ ਵਾਤਾਵਰਣ ਸੁਰੱਖਿਅਤ ਰਹੇਗਾ, ਕਿਉਂਕਿ ਵਾਤਾਵਰਣ ਨੂੰ ਹਰਾ ਭਰਿਆ ਰੱਖਣਾ ਸਾਡੀ ਸਭ ਦੀ ਨੈਤਿਕ ਜ਼ਿੰਮੇਵਾਰੀ ਬਣਦੀ ਹੈ।

-ਸੰਜੀਵ ਸਿੰਘ ਸੈਣੀ, ਮੋਹਾਲੀ, ਸੰਪਰਕ: 78889-66168

# ਸਿਆਸੀ ਘਮਸਾਨ ਤੇ ਦੂਸ਼ਣਬਾਜ਼ੀ ਵਿਚਕਾਰ ਆਮ ਆਦਮੀ



ਗੁਰਮੀਤ ਸਿੰਘ ਪਲਾਹੀ

ਇਸ ਵੇਲੇ ਭਾਰਤ ਦਾ ਚੋਣ ਕਮਿਸ਼ਨ ਵੱਡੀ ਚਰਚਾ ਵਿੱਚ ਹੈ ਅਤੇ ਮੁੱਖ ਚੋਣ ਕਮਿਸ਼ਨਰ 'ਤੇ ਗੰਭੀਰ ਸਵਾਲ ਉੱਠ ਰਹੇ ਹਨ। ਦੇਸ਼ ਦੀਆਂ ਵਿਰੋਧੀ ਧਿਰਾਂ ਵੱਲੋਂ ਕੇਂਦਰ ਦੀ ਮੌਜੂਦਾ ਸੱਤਾਧਾਰੀ ਧਿਰ 'ਤੇ ਇਹ ਸਿੱਧਾ ਇਲਜ਼ਾਮ ਲਗਾਇਆ ਜਾ ਰਿਹਾ ਹੈ ਕਿ ਉਸ ਨੇ ਈ ਡੀ, ਸੀ ਬੀ ਆਈ ਅਤੇ ਇਨਕਮ ਟੈਕਸ ਵਿਭਾਗ ਵਰਗੀਆਂ ਕੇਂਦਰੀ ਏਜੰਸੀਆਂ ਦੇ ਨਾਲ-ਨਾਲ ਭਾਰਤੀ ਚੋਣ ਕਮਿਸ਼ਨ ਵਰਗੀ ਸੰਵਿਧਾਨਕ ਸੰਸਥਾ ਨੂੰ ਵੀ ਪੂਰੀ ਤਰ੍ਹਾਂ ਹਾਈਜੈਕ ਕਰ ਲਿਆ ਹੈ। ਸਾਲ 2023 ਵਿੱਚ ਚੋਣ ਕਮਿਸ਼ਨਰਾਂ ਦੀ ਨਿਯੁਕਤੀ ਸੰਬੰਧੀ ਬਣਾਇਆ ਗਿਆ ਨਵਾਂ ਕਾਨੂੰਨ ਸਪੱਸ਼ਟ ਇਸ ਗੱਲ ਦਾ ਪ੍ਰਤੱਖ ਪ੍ਰਮਾਣ ਦਿਖਾਈ ਦਿੰਦਾ ਹੈ ਕਿ ਸੱਤਾ ਧਿਰ ਨੇ ਚੋਣ ਕਮਿਸ਼ਨ ਦੀ ਨਿਯੁਕਤੀ ਪ੍ਰਕਿਰਿਆ 'ਤੇ ਆਪਣਾ ਪੂਰਾ ਕਬਜ਼ਾ ਕਰ ਲਿਆ ਹੈ। ਇਸੇ ਕਾਨੂੰਨੀ ਢਾਂਚੇ ਕਾਰਨ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ 'ਤੇ ਸੱਤਾ ਧਿਰ ਨਾਲ ਰਲੇ ਹੋਣ ਅਤੇ ਉਨ੍ਹਾਂ ਦੇ ਇਸ਼ਾਰਿਆਂ 'ਤੇ ਆਪਣੀ ਮਨਮਰਜ਼ੀ ਨਾਲ ਫੈਸਲੇ ਲੈਣ ਦੇ ਦੋਸ਼ ਲੱਗ ਰਹੇ ਹਨ। ਵਿਰੋਧੀ ਧਿਰਾਂ ਦਾ ਕਹਿਣਾ ਹੈ ਕਿ ਉਹ ਬਾਕੀ ਦੋ ਚੋਣ ਕਮਿਸ਼ਨਰਾਂ ਦੀ ਗੱਲ ਸੁਣਨ ਦੀ ਬਜਾਏ ਇਕਤਰਫ਼ਾ ਫੈਸਲੇ ਲੈ ਰਹੇ ਹਨ।

ਚੋਣ ਕਮਿਸ਼ਨ ਵੱਲੋਂ ਐੱਸ ਆਈ ਆਰ ਪ੍ਰਕਿਰਿਆ ਰਾਹੀਂ ਲਗਭਗ 13 ਕਰੋੜ ਵੋਟਰਾਂ ਦੇ ਨਾਂਅ ਕੱਟੇ ਜਾਣ 'ਤੇ ਵੀ ਵੱਡੇ ਸਵਾਲ ਖੜ੍ਹੇ ਕੀਤੇ ਗਏ ਹਨ। ਮੁੱਖ ਚੋਣ ਕਮਿਸ਼ਨਰ ਤੋਂ ਅਸਤੀਫ਼ੇ ਲਈ ਦਬਾਅ ਲਗਾਤਾਰ ਵਧ ਰਿਹਾ ਹੈ ਅਤੇ 'ਕਾਕਰੋਚ ਜਨਤਾ ਪਾਰਟੀ' ਵੱਲੋਂ ਇਸ ਸਬੰਧੀ 48 ਘੰਟੇ ਦਾ ਮੈਮੋਰੈਂਡਮ ਦਿੱਤਾ ਗਿਆ ਸੀ।

ਬਿਲਕੁਲ ਇਸੇ ਤਰ੍ਹਾਂ ਪੰਜਾਬ ਵਿੱਚ 'ਗਮਾਡਾ' ਵਿੱਚ ਹੋਏ ਕਰੋੜਾਂ ਰੁਪਏ ਦੇ ਘੁਟਾਲੇ 'ਸਬੰਧੀ ਈ ਡੀ ਵੱਲੋਂ ਮਾਰੇ ਗਏ ਛਾਪੇ ਬੇਹੱਦ ਚਰਚਾ ਵਿੱਚ ਹਨ। ਇਸ ਵੱਡੇ ਘੁਟਾਲੇ ਅਤੇ ਕੇਂਦਰੀ ਏਜੰਸੀ ਦੀ ਕਾਰਵਾਈ ਨਾਲ ਸਿਆਸਤਦਾਨ ਉਬਲੇ ਪਏ ਹਨ- ਦੇਸ਼ ਵਿੱਚ ਵਿਰੋਧੀ ਧਿਰ ਅਤੇ ਪੰਜਾਬ ਵਿੱਚ ਸੱਤਾਧਾਰੀ ਧਿਰ ਆਹਮੋ-ਸਾਹਮਣੇ ਹਨ, ਪਰ ਇਸ ਸਾਰੇ ਰਾਜਨੀਤਕ ਘਮਸਾਨ, ਖਿੱਚੋਤਾਣ ਅਤੇ ਦੂਸ਼ਣਬਾਜ਼ੀ ਦੇ ਵਿਚਕਾਰ ਆਮ ਆਦਮੀ ਦੇ ਅਸਲ ਸਰੋਕਾਰ ਪੂਰੀ ਤਰ੍ਹਾਂ ਖੁੰਜੇ ਲੱਗ ਚੁੱਕੇ ਹਨ।

ਇੱਕ ਪਾਸੇ ਲੋੜਵੰਦ ਲੋਕਾਂ ਨੂੰ ਦੇਸ਼ ਵਿੱਚ ਇਲਾਜ ਨਹੀਂ ਮਿਲਦਾ, ਦੂਜੇ ਪਾਸੇ ਸਾਧਨਾਂ ਵਾਲੇ ਵਰਗ ਵਿੱਚ ਜ਼ਰੂਰਤ ਨਾਲੋਂ ਜ਼ਿਆਦਾ ਜਾਂਚ ਅਤੇ ਦਵਾਈਆਂ ਵਧ ਰਹੀਆਂ ਹਨ।

ਇੱਕ ਪਾਸੇ ਫਾਈਵ-ਸਟਾਰ ਹੋਟਲਾਂ ਵਰਗੀਆਂ ਸੁਵਿਧਾਵਾਂ ਵਾਲੇ ਨਿੱਜੀ ਸਕੂਲ, ਕਾਲਜ ਅਤੇ ਯੂਨੀਵਰਸਿਟੀਆਂ ਹਨ, ਜੋ ਸਿਰਫ਼ ਉੱਚ ਵਰਗ ਦੇ ਬੱਚਿਆਂ ਦੀ ਪਹੁੰਚ ਵਿੱਚ ਹਨ, ਦੂਜੇ ਪਾਸੇ ਆਮ ਅਤੇ ਗਰੀਬ ਪਰਵਾਰਾਂ ਦੇ ਬੱਚਿਆਂ ਨੂੰ ਮੁੱਢਲੀ ਸਿੱਖਿਆ ਤੋਂ ਵੀ ਵਾਂਝਾ ਕੀਤਾ ਜਾ ਰਿਹਾ ਹੈ। ਇੱਕ ਤਾਜ਼ਾ ਅਤੇ ਹੈਰਾਨਕੁੰਨ ਰਿਪੋਰਟ ਅਨੁਸਾਰ ਸਿੱਖਿਆ ਵਿਭਾਗ ਵੱਲੋਂ ਪਿਛਲੇ ਮਹਿਜ਼ 5 ਸਾਲਾਂ ਵਿੱਚ 17,141 ਸਰਕਾਰੀ ਸਕੂਲ ਬੰਦ ਕਰ ਦਿੱਤੇ ਗਏ।

ਸਿੱਖਿਆ ਖੇਤਰ ਪ੍ਰਤੀ ਸਰਕਾਰੀ ਬੇਰੁਖ਼ੀ ਦਾ ਸਭ ਤੋਂ ਵੱਡਾ ਸਬੂਤ ਬਜਟ ਦੇ ਅੰਕੜਿਆਂ ਤੋਂ ਮਿਲਦਾ ਹੈ। ਪਿਛਲੇ 12 ਸਾਲਾਂ ਵਿੱਚ ਕੁੱਲ ਸਰਕਾਰੀ ਬਜਟ ਵਿੱਚੋਂ ਸਿੱਖਿਆ ਦਾ ਹਿੱਸਾ 4.6 ਫ਼ੀਸਦੀ ਤੋਂ ਘਟਾ ਕੇ ਮਹਿਜ਼ 2.5 ਫ਼ੀਸਦੀ ਕਰ ਦਿੱਤਾ ਗਿਆ ਹੈ। ਇਹ ਕਟੌਤੀ ਦਰਸਾਉਂਦੀ ਹੈ ਕਿ ਸਾਡੀਆਂ ਸਰਕਾਰਾਂ ਲਈ ਸਿੱਖਿਆ ਹੁਣ ਕੋਈ ਪ੍ਰਾਥਮਿਕਤਾ ਨਹੀਂ ਰਹੀ। ਲੱਗਦਾ ਹੈ ਕਿ ਸਰਕਾਰਾਂ ਇਹ ਮੰਨ ਕੇ ਚੱਲ ਰਹੀਆਂ ਹਨ ਕਿ ਸਮਾਜ ਨੂੰ ਬੁੱਧੀਜੀਵੀ, ਸਿੱਖਿਅਤ ਅਤੇ ਜਾਗਰੂਕ ਨਾਗਰਿਕ ਬਣਾਉਣ ਦੀ ਲੋੜ ਨਹੀਂ, ਸਗੋਂ ਉਹਨਾਂ ਨੂੰ 'ਫ੍ਰੀਬੀਜ਼' (ਮੁਫ਼ਤ ਦੀਆਂ ਰੇਵੜੀਆਂ) ਦੇ ਕੇ ਵੋਟਾਂ ਬਟੋਰਨਾ ਹੀ ਕਾਫ਼ੀ ਹੈ। ਦੁਖਾਂਤ ਇਹ ਹੈ ਕਿ ਕੇਵਲ ਕੇਂਦਰ ਸਰਕਾਰ ਹੀ ਨਹੀਂ, ਸੂਬਾ ਸਰਕਾਰਾਂ ਵੀ ਸਿੱਖਿਆ ਬਜਟ ਵਿੱਚ ਨਿਵੇਸ਼ ਕਰਨ ਨੂੰ ਕੋਈ ਲਾਭਕਾਰੀ ਸਿਆਸੀ ਫ਼ਾਇਦਾ ਨਹੀਂ ਮੰਨਦੀਆਂ।

ਅੱਜ ਦਾ ਮੱਧ ਵਰਗੀ ਅਤੇ ਗਰੀਬ ਨੌਜਵਾਨ ਆਪਣੇ ਭਵਿੱਖ ਨੂੰ ਸੰਵਾਰਨ ਲਈ ਦਿਨ-ਰਾਤ ਸਿੱਖਿਆ, ਯੋਗਤਾ ਅਤੇ ਰੋਜ਼ਗਾਰ ਦੀ ਭਾਲ 'ਤੇ ਕੇਂਦਰਤ ਕਰਦਾ ਹੈ, ਪ੍ਰੰਤੂ ਜਦੋਂ ਉਸ ਦੀ ਸਖ਼ਤ ਮਿਹਨਤ ਦੇ ਬਾਵਜੂਦ ਉਸ ਦੇ ਪੱਲੇ ਨਿਰਾਸ਼ਾ ਪੈਂਦੀ ਹੈ, ਤਾਂ ਉਸ ਦੇ ਮਨ ਵਿੱਚ ਮੌਜੂਦਾ ਵਿਵਸਥਾ ਪ੍ਰਤੀ ਚੰਗਿਆੜੀ ਵਾਂਗ ਰੋਸ ਭੜਕਦਾ ਹੈ। ਬਦਕਿਸਮਤੀ ਨਾਲ ਸਾਡੇ ਸਿਆਸਤਦਾਨ ਅਤੇ ਸਰਕਾਰਾਂ ਨੌਜਵਾਨਾਂ ਦੀ ਇਸ ਮਾਨਸਿਕ ਪੀੜ ਅਤੇ ਨਿਰਾਸ਼ਾ ਨੂੰ ਸਮਝਣ ਵਿੱਚ ਨਾਕਾਮ ਰਹੇ ਹਨ ।

ਨਿੱਜੀ (ਪ੍ਰਾਈਵੇਟ) ਖੇਤਰ ਵੀ ਹੁਣ ਰੋਜ਼ਗਾਰ ਦੇਣ ਦੀ ਹਾਲਤ ਵਿੱਚ ਨਹੀਂ ਰਿਹਾ, ਉੱਥੇ ਵੀ ਨੌਕਰੀਆਂ ਦੀ ਲਗਾਤਾਰ ਛਾਂਟੀ ਹੋ ਰਹੀ ਹੈ। ਅਰਬਾਂ-ਖਰਬਾਂ ਰੁਪਏ ਦੇ ਨਿਵੇਸ਼ ਨਾਲ ਲੱਗਣ ਵਾਲੇ ਪੈਟਰੋਲੀਅਮ ਰਿਫਾਇਨਰੀ ਉਦਯੋਗ, ਚਮੜਾ ਉਦਯੋਗ ਜਾਂ ਮੈਨੂਫੈਕਚਰਿੰਗ ਖੇਤਰ ਵਿੱਚ ਕੁੱਲ ਨੌਜਵਾਨੀ ਦਾ ਮਸਾਂ 10 ਫ਼ੀਸਦੀ ਹਿੱਸਾ ਹੀ ਖਪ ਪਾਉਂਦਾ ਹੈ। ਸਾਫਟਵੇਅਰ ਡਿਵੈੱਲਪਮੈਂਟ ਅਤੇ ਮੋਬਾਇਲ ਮੈਨੂਫੈਕਚਰਿੰਗ ਵਰਗੇ ਉਦਯੋਗਾਂ ਵਿੱਚ ਸਿਰਫ਼ ਅੱਤ-ਆਧੁਨਿਕ ਤਕਨੀਕੀ ਸਿੱਖਿਆ ਪ੍ਰਾਪਤ ਲੋਕਾਂ ਨੂੰ ਹੀ ਥਾਂ ਮਿਲਦੀ ਹੈ। ਦੂਜੇ ਪਾਸੇ ਡਿਲੀਵਰੀ ਬੁਆਇਜ਼, ਟਰਾਂਸਪੋਰਟ, ਡਰਾਈਵਿੰਗ ਅਤੇ ਘਰੇਲੂ ਸੇਵਾਵਾਂ ਵਰਗੇ ਗੈਰ-ਸੰਗਠਿਤ ਖੇਤਰਾਂ ਵਿੱਚ ਲੱਗੇ ਕਰੋੜਾਂ ਨੌਜਵਾਨਾਂ ਕੋਲ ਨਾ ਤਾਂ ਕੋਈ ਪੱਕੀ ਨੌਕਰੀ ਹੈ, ਨਾ ਸਮਾਜਿਕ ਸੁਰੱਖਿਆ ਅਤੇ ਨਾ ਹੀ ਗੁਜ਼ਾਰੇਯੋਗ ਤਨਖਾਹ। ਅਜਿਹੇ ਅਸੁਰੱਖਿਅਤ ਭਵਿੱਖ ਕਾਰਨ ਨੌਜਵਾਨਾਂ ਵਿੱਚ ਰੋਸ ਦਾ ਫੈਲਣਾ ਕੁਦਰਤੀ ਹੈ।

ਸਿਰਫ਼ ਨੌਕਰੀਆਂ ਦੀ ਕਮੀ ਹੀ ਨਹੀਂ, ਸਗੋਂ ਸਿੱਖਿਆ ਪ੍ਰਣਾਲੀ ਅਤੇ ਪ੍ਰੀਖਿਆ ਪ੍ਰਬੰਧਨ ਵਿੱਚ ਫੈਲੇ ਅਥਾਹ ਭ੍ਰਿਸ਼ਟਾਚਾਰ ਨੇ ਨੌਜਵਾਨਾਂ ਦੇ ਸਬਰ ਦਾ ਪਿਆਲਾ ਭਰ ਦਿੱਤਾ ਹੈ। ਪ੍ਰਸ਼ਨ-ਪੱਤਰ ਲੀਕ ਹੋਣੇ, ਪ੍ਰੀਖਿਆ ਘੁਟਾਲੇ ਅਤੇ ਰਿਸ਼ਵਤਖੋਰੀ ਹੁਣ ਆਮ ਗੱਲ ਬਣ ਚੁੱਕੀ ਹੈ। ਇਸੇ ਕਾਰਨ ਹੀ ਦੇਸ਼ ਦੇ ਨੌਜਵਾਨਾਂ ਨੇ 'ਵਿਕਸਤ ਭਾਰਤ' ਅਤੇ 'ਅੰਮ੍ਰਿਤ ਕਾਲ' ਵਰਗੇ ਸਿਆਸੀ ਨਾਅਰਿਆਂ 'ਤੇ ਵਿਸ਼ਵਾਸ ਕਰਨਾ ਛੱਡ ਦਿੱਤਾ। ਨੌਜਵਾਨਾਂ ਨੇ ਦਿੱਲੀ ਦੇ ਜੰਤਰ-ਮੰਤਰ 'ਤੇ ਇਕੱਠੇ ਹੋ ਕੇ ਆਪਣੀ ਚੁੱਪੀ ਤੋੜੀ । ਉਹਨਾਂ ਨੇ ਪੁਲਸ ਦੇ ਲਾਠੀਚਾਰਜ, ਦਮਨਕਾਰੀ ਨੀਤੀਆਂ, ਸਰੀਰਕ ਕੁੱਟਮਾਰ ਅਤੇ ਆਪਣੇ ਕੈਰੀਅਰ 'ਤੇ ਲੱਗਣ ਵਾਲੇ ਦਾਗਾਂ ਦੀ ਪਰਵਾਹ ਕੀਤੇ ਬਿਨਾਂ ਨਿਡਰਤਾ ਅਤੇ ਚਿੰਤਾ-ਮੁਕਤ ਹੋ ਕੇ ਆਪਣੇ ਹੱਕਾਂ ਦੀ ਲੜਾਈ ਲੜੀ। ਇਹ ਅੰਦੋਲਨ ਇਸ ਗੱਲ ਦਾ ਪ੍ਰਤੀਕ ਹੈ ਕਿ ਜਦੋਂ ਦੇਸ਼ ਦਾ ਨੌਜਵਾਨ ਸੜਕਾਂ 'ਤੇ ਉਤਰਦਾ ਹੈ, ਤਾਂ ਉਹ ਸੱਤਾ ਦੇ ਹੰਕਾਰ ਨੂੰ ਝੁਕਣ ਲਈ ਮਜਬੂਰ ਕਰ ਦਿੰਦਾ ਹੈ।

ਜਨਤਾ ਅਤੇ ਸਿਆਸਤਦਾਨਾਂ ਵਿਚਕਾਰ ਭਰੋਸੇਯੋਗਤਾ ਹੀ ਲੋਕਤੰਤਰ ਦੀ ਅਸਲ ਤਾਕਤ ਹੁੰਦੀ ਹੈ, ਪਰ ਆਧੁਨਿਕ ਭਾਰਤੀ ਰਾਜਨੀਤੀ ਵਿੱਚ ਇਹ ਭਰੋਸਾ ਪੂਰੀ ਤਰ੍ਹਾਂ ਤਿੜਕ ਚੁੱਕਾ ਹੈ। ਆਮ ਲੋਕ ਅਤੇ ਖ਼ਾਸ ਕਰਕੇ ਨਵੀਂ ਪੀੜ੍ਹੀ, ਜਿਸ ਨੂੰ ਅਸੀਂ 'ਜਨਰੇਸ਼ਨ-ਜ਼ੀ' (ਜੇਨ-ਜ਼ੀ) ਕਹਿੰਦੇ ਹਾਂ, ਮੌਜੂਦਾ ਰਾਜਨੀਤਕ ਢਾਂਚੇ ਅਤੇ ਸਰਕਾਰਾਂ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਬੇਜ਼ਾਰ ਹੋ ਚੁੱਕੀ ਹੈ।

ਮੌਜੂਦਾ ਸਰਕਾਰ ਅਤੇ ਸਮੇਂ-ਸਮੇਂ 'ਤੇ ਆਜ਼ਾਦੀ ਤੋਂ ਬਾਅਦ 75 ਵਰ੍ਹਿਆਂ ਵਿੱਚ ਬਣੀਆਂ ਸਰਕਾਰਾਂ ਲੋਕਾਂ ਵਿੱਚ ਉਸ ਸਮੇਂ ਆਪਣਾ ਜਨਾਧਾਰ ਖ਼ਰਾਬ ਕਰ ਬੈਠੀਆਂ, ਜਦੋਂ ਉਹਨਾਂ ਲੋਕ-ਸਰੋਕਾਰਾਂ ਤੋਂ ਮੁੱਖ ਮੋੜਿਆ। ਇਹਨਾਂ ਸਰਕਾਰਾਂ ਦੇ ਜਿਹੜੇ ਨੇਤਾ ਕੁਰਸੀ ਨਾਲ ਹੱਦੋਂ ਵੱਧ ਮੋਹ ਪਾਲ ਬੈਠੇ, ਲੋਕਾਂ ਨੇ ਉਹਨਾਂ ਨੂੰ ਸੱਤਾ ਤੋਂ ਲਾਹ ਦਿੱਤਾ। 1975 ਵਿੱਚ ਐਮਰਜੈਂਸੀ ਅਤੇ ਨਾਗਰਿਕ ਅਧਿਕਾਰਾਂ ਦਾ ਦਮਨ ਇੰਦਰਾ ਗਾਂਧੀ ਦੀ ਹਾਰ ਦਾ ਕਾਰਨ ਬਣਿਆ। 1989 ਵਿੱਚ ਰਾਜੀਵ ਗਾਂਧੀ ਵੱਲੋਂ ਸ਼ਾਹ ਬਾਨੋ ਕੇਸ ਤੋਂ ਲੈ ਕੇ ਅਯੋਧਿਆ ਮਾਮਲੇ ਵਿੱਚ ਭੁੱਲਾਂ ਕਾਰਨ ਕੁਰਸੀ ਗੁਆਈ ਗਈ, ਅਟਲ ਬਿਹਾਰੀ ਵਾਜਪਾਈ 'ਭਾਰਤ ਉਦੇ' (ਇੰਡੀਆ ਸ਼ਾਈਨਿੰਗ) ਦੇ ਧੋਖੇ ਵਿੱਚ ਸਮੇਂ ਤੋਂ ਪਹਿਲਾਂ ਚੋਣਾਂ ਕਰਵਾ ਦਿੱਤੀਆਂ, ਪਰ ਗਰੀਬੀ ਅਤੇ ਬੇਰੁਜ਼ਗਾਰੀ ਨਾਲ ਜੂਝ ਰਹੇ ਆਮ ਲੋਕਾਂ ਨੇ ਇਸ ਦਿਖਾਵੇ ਨੂੰ ਨਿਕਾਰ ਦਿੱਤਾ ਅਤੇ ਵਾਜਪਾਈ ਨੂੰ ਗੱਦੀ ਛੱਡਣੀ ਪਈ। ਇੰਦਰਾ ਦੇ ਵਿਰੋਧ ਵਿੱਚ ਜੇ ਪੀ ਖੜ੍ਹੇ ਹੋਏ, ਰਾਜੀਵ ਦੇ ਵਿਰੋਧ ਵਿੱਚ ਵੀ ਪੀ ਸਿੰਘ ਖੜ੍ਹੇ ਹੋਏ । ਵੀ.ਪੀ. ਸਿੰਘ ਦੇ ਛੋਟੇ ਜਿਹੇ ਕਾਰਜਕਾਲ ਵਿੱਚ ਵਿਦਿਆਰਥੀਆਂ ਦਾ ਰਿਜ਼ਰਵੇਸ਼ਨ ਅੰਦੋਲਨ ਹਿੰਸਕ ਰਿਹਾ।

ਅੱਜ ਦੇ ਭਾਰਤੀ ਸਿਆਸਤਦਾਨਾਂ ਦੀ ਤਸਵੀਰ ਇਹ ਬਣ ਚੁੱਕੀ ਹੈ ਕਿ ਉਹ ਸਿਰਫ਼ ਮੌਕਾਪ੍ਰਸਤ ਹਨ। ਲੋਕਤੰਤਰ ਵਿੱਚ ਸੰਵਿਧਾਨ ਵੱਲੋਂ ਮਿਲੀਆਂ ਸ਼ਕਤੀਆਂ ਦੀ ਵਰਤੋਂ ਜਨਤਾ ਦੀ ਸੇਵਾ ਲਈ ਕਰਨ ਦੀ ਬਜਾਏ, ਉਹ ਇਹਨਾਂ ਦੀ ਵਰਤੋਂ ਲੋਕ-ਹਿੱਤਾਂ ਦੇ ਵਿਰੁੱਧ ਅਤੇ ਵਿਰੋਧੀ ਆਵਾਜ਼ਾਂ ਨੂੰ ਦਬਾਉਣ ਲਈ ਕਰ ਰਹੇ ਹਨ। ਅੱਜ ਦੀ ਸਥਿਤੀ ਇਹ ਹੈ ਕਿ 'ਗੋਦੀ ਮੀਡੀਆ' ਅਤੇ ਕਾਰਪੋਰੇਟ ਘਰਾਣੇ ਦੇਸ਼ ਦੀ ਰਾਜਨੀਤੀ ਅਤੇ ਅਰਥ ਵਿਵਸਥਾ 'ਤੇ ਪੂਰੀ ਤਰ੍ਹਾਂ ਹਾਵੀ ਹੋ ਚੁੱਕੇ ਹਨ । ਇਹ ਗਠਜੋੜ ਇੱਕ ਮਾਫੀਆ ਵਾਂਗ ਕੰਮ ਕਰਦਾ ਨਜ਼ਰ ਆਉਂਦਾ ਹੈ, ਜਿੱਥੇ ਦੇਸ਼ ਦੀਆਂ ਤਮਾਮ ਜਨਤਕ ਸੰਪਤੀਆਂ ਅਤੇ ਸ਼ਕਤੀਆਂ ਮੁੱਠੀਭਰ ਸਰਮਾਏਦਾਰਾਂ ਦੇ ਹੱਥਾਂ ਵਿੱਚ ਕੇਂਦਰਤ ਕੀਤੀਆਂ ਜਾ ਰਹੀਆਂ ਹਨ।

ਇਸ ਤੋਂ ਵੀ ਵੱਡਾ ਖ਼ਤਰਾ ਲੋਕਤੰਤਰੀ ਢਾਂਚੇ ਨੂੰ ਬਦਲਣ ਦੀਆਂ ਕੋਸ਼ਿਸ਼ਾਂ ਤੋਂ ਹੈ। ਸਰਕਾਰਾਂ ਵੱਲੋਂ ਸੰਵਿਧਾਨ ਵਿੱਚ ਆਪਣੀ ਮਰਜ਼ੀ ਮੁਤਾਬਕ ਸੋਧਾਂ ਕਰਨ ਜਾਂ ਦੋ-ਤਿਹਾਈ ਬਹੁਮਤ ਦੇ ਜ਼ੋਰ 'ਤੇ ਇਸ ਦੇ ਮੂਲ ਢਾਂਚੇ ਨੂੰ ਢਾਹ ਲਾਉਣ ਦੀਆਂ ਗੱਲਾਂ ਕੀਤੀਆਂ ਜਾ ਰਹੀਆਂ ਹਨ। ਸਿਆਸਤਦਾਨਾਂ ਦੀ ਇਹ ਸੋਚ ਦੇਸ਼ ਨੂੰ 'ਇੱਕ ਦੇਸ਼, ਇੱਕ ਪਾਰਟੀ' ਦੀ ਡਿਕਟੇਟਰਸ਼ਿਪ ਵੱਲ ਲੈ ਕੇ ਜਾ ਰਹੀ ਹੈ। ਸਵਾਲ ਇਹ ਉਠਦਾ ਹੈ ਕਿ ਕੀ ਇਹ ਇਕਾਧਿਕਾਰਵਾਦ ਆਮ ਲੋਕਾਂ ਦੇ ਹਿੱਤ ਵਿੱਚ ਹੈ? ਬਿਲਕੁਲ ਨਹੀਂ।

ਦੇਸ਼ ਵਿੱਚ ਫੈਲੀ ਬੇਰੋਜ਼ਗਾਰੀ, ਭ੍ਰਿਸ਼ਟਾਚਾਰ, ਗਰੀਬੀ ਅਤੇ ਭੁੱਖਮਰੀ ਵਰਗੀਆਂ ਗੰਭੀਰ ਚੁਣੌਤੀਆਂ ਨੂੰ ਨਜਿੱਠਣ ਲਈ ਸਿਆਸਤਦਾਨਾਂ ਨੂੰ ਆਪਣੀ ਨੀਅਤ ਅਤੇ ਨੀਤੀ ਵਿੱਚ ਨਵੀਂ ਦਿਸ਼ਾ ਵੱਲ ਕਦਮ ਪੁੱਟਣੇ ਪੈਣਗੇ। ਸਿਆਸਤਦਾਨਾਂ ਦੇ ਉਸ ਵਰਗ ਨੂੰ, ਜੋ ਸਿਰਫ਼ ਆਪਣੀ ਕੁਰਸੀ ਅਤੇ ਗੱਦੀ ਨੂੰ ਸੁਰੱਖਿਅਤ ਕਰਨ ਤੱਕ ਸੀਮਤ ਹੈ, ਲੋਕਤੰਤਰ ਦੇ ਅਸਲ ਅਰਥਾਂ ਨੂੰ ਸਮਝਣਾ ਪਵੇਗਾ ਅਤੇ ਸੰਵਿਧਾਨ ਦੇ ਦਾਇਰੇ ਵਿੱਚ ਰਹਿ ਕੇ ਜਨ-ਸੇਵਾ ਕਰਨੀ ਪਵੇਗੀ।

ਲੋਕਾਂ ਦਾ ਇੱਕ ਚੰਗੇ ਭਵਿੱਖ ਲਈ ਕੀਤਾ ਜਾ ਰਿਹਾ ਲੰਮਾ ਇੰਤਜ਼ਾਰ ਹੁਣ ਸਿਆਸੀ ਜਗਤ ਪ੍ਰਤੀ ਡੂੰਘੇ ਅਵਿਸ਼ਵਾਸ ਵਿੱਚ ਬਦਲ ਰਿਹਾ ਹੈ। ਜੇਕਰ ਇਸ ਅਵਿਸ਼ਵਾਸ ਨੂੰ ਨਾ ਠੱਲ੍ਹਿਆ ਗਿਆ, ਤਾਂ ਇਹ ਕਿਸੇ ਵੱਡੇ ਜਨ-ਵਿਸਫੋਟ ਦਾ ਰੂਪ ਧਾਰਨ ਕਰ ਸਕਦਾ ਹੈ। ਇਸ ਲਈ ਸ਼ਾਸਕਾਂ ਨੂੰ ਨਵੇਂ ਵਿਚਾਰਾਂ, ਇਮਾਨਦਾਰ ਸੋਚ ਅਤੇ ਲੋਕ-ਹਿੱਤੂ ਕਰਮਾਂ ਨਾਲ ਦੇਸ਼ ਦੀ ਨੌਜਵਾਨੀ ਅਤੇ ਆਮ ਲੋਕਾਂ ਦਾ ਭਰੋਸਾ ਮੁੜ ਜਿੱਤਣਾ ਹੋਵੇਗਾ।

# ਸੰਪਰਕ : 98158-02070

# ਕਦੀ ਸੋਚਿਆ ਸੀ ਪਾਣੀ ਵੀ ਮੁੱਲ ਖਰੀਦਣਾ ਪਵੇਗਾ



ਗੁਰਜਿੰਦਰ ਸਿੰਘ ਸਾਹਦੜਾ

ਉਹ ਵੀ ਸਮਾਂ ਸੀ, ਜਦੋਂ ਸਾਡੇ ਵਡੇਰੇ ਨਦੀਆਂ, ਝੀਲਾਂ ਤੇ ਦਰਿਆਵਾਂ ਦਾ ਪਾਣੀ ਪੀਂਦੇ ਸਨ । ਉਸ ਤੋਂ ਬਾਅਦ ਪੀਣ ਲਈ ਟੋਭਿਆਂ, ਖੂਹਾਂ ਦਾ ਪਾਣੀ ਵਰਤਿਆ ਜਾਣ ਲੱਗਾ । ਹਾਲਾਂਕਿ ਖੂਹਾਂ ਵਿੱਚ ਡੱਡੂ ਜਾਂ ਹੋਰ ਜੀਵ-ਜੰਤੂ ਵਗੈਰਾ ਵੀ ਡਿੱਗ ਜਾਂਦੇ ਸਨ, ਪਰ ਪਾਣੀ ਨੂੰ 'ਸਵਾ ਮਣ ਪਾਣੀ ਸੁੱਚਾ' ਦੇ ਆਧਾਰ 'ਤੇ ਜੂਠਾ ਜਾਂ ਗੰਦਾ ਨਹੀ ਮੰਨਿਆ ਜਾਂਦਾ ਸੀ। ਫਿਰ ਨਲਕੇ ਆ ਗਏ। ਮੋਟਰਾਂ ਲੱਗ ਗਈਆਂ। ਇਹਨਾਂ ਭਲੇ ਵੇਲਿਆਂ ਵਿੱਚ ਪਾਣੀ ਕੱਢਣ ਤੇ ਭਰਨ ਲਈ ਮਿਹਨਤ ਅਤੇ ਜ਼ੋਰ ਲੱਗਦਾ ਸੀ, ਪਰ ਹੁਣ ਤਾਂ ਸਬਮਰਸੀਬਲ ਬੋਰ ਹੋਏ ਨੇ, ਅੰਡਰਗ੍ਰਾਊਂਡ ਮੋਟਰਾਂ ਲੱਗੀਆਂ ਨੇ, ਸਵਿੱਚ ਦੱਬ ਕੇ ਹੀ ਸਰ ਜਾਂਦਾ ਹੈ। ਸ਼ਾਇਦ ਇਸੇ ਕਰਕੇ ਪਾਣੀ ਦੀ ਕਦਰ ਵੀ ਨਹੀਂ ਰਹੀ । ਅੱਜ ਸਾਡੇ ਪੂਰਵਜ਼, ਸਾਡੇ ਵੱਡੇ-ਵਡੇਰੇ ਇਸ ਦੁਨੀਆ 'ਤੇ ਮੁੜ ਪਰਤ ਕੇ ਆਉਣ ਤਾਂ ਮੱਥੇ 'ਤੇ ਹੱਥ ਮਾਰ ਕੇ ਸਾਨੂੰ ਗਾਲ੍ਹਾਂ ਕੱਢਣ।

ਚੇਤੇ ਆ ਰਿਹਾ ਹੈ, ਨਿੱਕੇ ਹੁੰਦਿਆਂ ਕਿਸੇ ਵਿਰਲੀ-ਟਾਵੀਂ ਦੁਕਾਨ 'ਤੇ ਬਿਸਲੇਰੀ ਜਾਂ ਕਿੰਨਲੇ ਦੀਆਂ ਬੋਤਲਾਂ, ਜਿਨ੍ਹਾਂ ਨੂੰ ਕਿ ਮਿਨਰਲ ਵਾਟਰ ਵੀ ਕਹਿੰਦੇ ਸਨ, ਪਈਆਂ ਦੇਖਦੇ ਸਾਂ। ਇਹਨਾਂ ਨੂੰ ਪੀਂਦੇ ਸਨ ਸਾਡੇ ਬਾਹਰੋਂ ਆਏ ਰਿਸ਼ਤੇਦਾਰ, ਸੱਜਣ, ਮਿੱਤਰ। ਕਾਰਨ ਚਿਰਾਂ ਬਾਅਦ ਆਉਣ ਕਾਰਨ ਉਨ੍ਹਾਂ ਦਾ ਪਾਣੀ ਬਦਲ ਹੋ ਜਾਂਦਾ ਸੀ। ਅਸਲ ਵਿੱਚ ਪਾਣੀ ਬਦਲ ਨਹੀਂ ਸੀ ਹੁੰਦਾ, ਉਨ੍ਹਾਂ ਦਾ ਸਿਸਟਮ ਹੀ ਬਦਲ ਹੋ ਚੁੱਕਾ ਹੁੰਦਾ ਸੀ। ਸਾਡਾ ਪਾਣੀ ਸ਼ੁੱਧ, ਭਾਰਾ ਤੇ ਤਾਕਤਵਰ ਹੋਣ ਕਾਰਨ ਉਨ੍ਹਾਂ ਨੂੰ ਪਚਦਾ ਨਹੀਂ ਸੀ। ਹੌਲੀ-ਹੌਲੀ ਪਾਣੀ ਦਾ ਇਹ ਵਪਾਰ ਵਧਦਾ ਗਿਆ। ਵੱਡੇ ਸ਼ਹਿਰਾਂ ਤੋਂ ਕਸਬਿਆਂ ਥਾਣੀ ਹੁੰਦਾ ਹੋਇਆ ਹੁਣ ਪਿੰਡਾਂ ਵਿੱਚ ਵੀ ਪੂਰੇ ਪੈਰ ਪਸਾਰ ਚੁੱਕਾ ਹੈ। ਕੋਈ ਭੋਗ, ਵਿਆਹ ਜਾਂ ਹੋਰ ਪ੍ਰੋਗਰਾਮ ਨਹੀਂ ਮਿਲਦਾ, ਜਿੱਥੇ ਇਹ ਪਲਾਸਟਿਕ ਦੀਆਂ ਬੋਤਲਾਂ ਵਿੱਚ ਸਜਿਆ ਪਾਣੀ ਨਾ ਹੋਵੇ। ਕਈ ਸੱਜਣ ਤਾਂ ਘਰੇ ਹੀ ਫਿਲਟਰ ਲਾ ਕੇ ਬੋਤਲਾਂ ਭਰਨ ਲੱਗੇ। ਦੁਕਾਨਾਂ, ਹਸਪਤਾਲਾਂ ਤੇ ਵੀਹ-ਪੱਚੀ ਲੀਟਰ ਦੇ ਕੈਂਪਰਾਂ ਵਿੱਚ ਸਪਲਾਈ ਵੀ ਆਮ ਜਿਹੀ ਗੱਲ ਹੋ ਗਈ ਹੈ।

ਰੀਸ ਕਹਿ ਲਓ, ਬਾਹਰਲਿਆਂ ਦੀਆਂ ਫਰਮਾਇਸ਼ਾਂ ਦੀ ਪੂਰਤੀ ਕਹਿ ਲਓ ਜਾਂ ਫਿਰ ਫੈਸ਼ਨ, ਅੱਜ ਪਾਣੀ ਸਾਫ ਕਰਨ ਵਾਲਾ ਫਿਲਟਰ ਤਕਰੀਬਨ ਹਰ ਘਰ ਵਿੱਚ ਲੱਗਾ ਮਿਲਦਾ ਹੈ, ਜੋ ਕਿ ਇੱਕ ਲੀਟਰ ਪਾਣੀ ਬਣਾਉਣ ਲਈ ਵੀਹ ਲੀਟਰ ਪਾਣੀ ਵਿਅਰਥ ਕੱਢ ਦਿੰਦਾ ਹੈ। ਇਹੀ ਸਾਡਾ ਭੁਲੇਖਾ ਹੈ ਇਹ ਆਰ ਓ ਇਕੱਲਾ ਪਾਣੀ ਹੀ ਬਾਹਰ ਨਹੀਂ ਕੱਢਦਾ, ਨਾਲ ਬਹੁਤ ਸਾਰੇ ਮਿਨਰਲ ਵੀ ਵਹਾ ਲੈ ਜਾਂਦਾ ਹੈ। ਪਹਿਲਾਂ ਲੋਕ ਇਕੱਲੇ ਪਾਣੀ ਦੇ ਸਿਰ 'ਤੇ ਸਾਰਾ-ਸਾਰਾ ਦਿਨ ਰੋਟੀ ਤੋਂ ਬਗੈਰ ਵੀ ਕੱਢ ਦਿੰਦੇ ਸਨ ਤੇ ਹੁਣ ਫਿਲਟਰ ਵਾਲੇ ਪਾਣੀ ਨਾਲ ਪਿਆਸ ਵੀ ਨਹੀਂ ਮਰਦੀ।

ਪਾਣੀ ਵਿਕਾਊ ਕਿਵੇਂ ਤੇ ਕਿਉਂ ਬਣਿਆ, ਇਹਦੇ 'ਤੇ ਵੀ ਚਾਨਣਾ ਪਾਉਣਾ ਜ਼ਰੂਰੀ ਹੈ। ਅਸਲ ਵਿੱਚ ਅਸੀਂ ਆਪਣੇ ਪਾਣੀ ਨੂੰ ਆਪ ਗੰਧਲਾ ਕੀਤਾ। ਫੈਕਟਰੀਆਂ, ਕਾਰਖਾਨਿਆਂ ਦੇ ਜ਼ਹਿਰੀਲੇ ਪਾਣੀ ਤੇ ਖੇਤਾਂ ਵਿੱਚ ਅੰਨ੍ਹੇਵਾਹ ਸਪਰੇਆਂ ਤੇ ਖਾਦਾਂ ਨੇ ਸਾਡੇ ਪਾਣੀ ਨੂੰ ਖਰਾਬ ਕਰ ਦਿੱਤਾ। ਤੇ ਮੁਨਾਫ਼ਾਖੋਰਾਂ ਵੱਲੋਂ ਇਸੇ ਡਰ ਨੂੰ ਵੇਚ ਕੇ ਵਪਾਰ ਬਣਾ ਲਿਆ ਗਿਆ। ਮਹਿਜ਼ ਪੈਸਾ ਕਮਾਉਣ ਲਈ ਵਪਾਰੀਆਂ ਨਾਲ ਡਾਕਟਰ ਵੀ ਜੁੜ ਗਏ ਨੇ, ਜਿਹਨਾਂ ਨੇ ਪਹਿਲਾਂ ਆਰ ਓ ਦਾ ਪਾਣੀ ਪੀਣ ਦੀ ਸਲਾਹ ਦਿੱਤੀ। ਹਰ ਡਾਕਟਰ ਕਹਿਣ ਲੱਗਾ ਸਿਰਫ ਫਿਲਟਰ ਵਾਲਾ ਪਾਣੀ ਪੀਓ।

ਆਪਣੇ ਘਰ ਦੀ ਗੱਲ ਕਰਾਂ ਤਾਂ 98-99 ਦੇ ਨੇੜੇ ਘਰੇ 'ਹੇਮਾ ਮਾਲਿਨੀ ਦੀ ਫੋਟੋ ਵਾਲਾ' ਫਿਲਟਰ (ਕੈਂਟ) ਲੱਗ ਗਿਆ ਸੀ। ਫਿਰ ਤਾਂ ਚਾਹ ਤੇ ਦਾਲ, ਸਬਜ਼ੀ ਵੀ ਉਸੇ ਪਾਣੀ ਨਾਲ ਹੀ ਬਣਨ ਲੱਗੀ। ਅੱਠ-ਦਸ ਸਾਲ ਖ਼ੂਬ ਚੱਲਿਆ ਫਿਲਟਰ ਵਾਲਾ ਪਾਣੀ, ਪਰ ਉਸ ਦਾ ਅਸਰ ਬਹੁਤ ਬਾਅਦ ਵਿੱਚ ਮਹਿਸੂਸ ਹੋਇਆ, ਜਦੋਂ ਚਮੜੀ ਨਾਲ ਸੰਬੰਧਤ ਰੋਗ ਸਾਹਮਣੇ ਆਉਣ ਲੱਗੇ।

ਮੁੱਕਦੀ ਗੱਲ ਇਹ ਬੋਤਲਾਂ ਵਾਲਾ ਪਾਣੀ ਮਹਿਜ਼ ਇੱਕ ਵਪਾਰ ਹੀ ਹੈ, ਜੋ ਪੂਰੀ ਤਰਾਂ ਪਾਣੀ ਮਾਫੀਆ ਦੇ ਕਬਜ਼ੇ ਹੇਠ ਆ ਚੁੱਕਾ ਹੈ। ਵੀਹ ਰੁਪਏ ਲੀਟਰ ਪਾਣੀ, ਪੰਜਾਹ ਰੁਪਏ ਲੀਟਰ ਕੋਲਾ ਤੇ ਚਾਲੀ ਰੁਪਏ ਕਿੱਲੋ ਦੁੱਧ। ਇਹ ਹਾਲਾਤ ਓਦੋਂ ਨੇ, ਜਦੋਂ ਘਰਾਂ ਵਿੱਚ ਆਰ ਓ ਲੱਗੇ ਨੇ, ਡੂੰਘੇ ਬੋਰ ਹੋਏ ਨੇ ਤੇ ਧਰਤੀ ਤੋਂ ਪਾਣੀ ਬਾਹਰ ਕੱਢਣ 'ਤੇ ਕੋਈ ਮੀਟਰ ਨਹੀਂ ਲੱਗਾ। ਸੋਚੋ! ਜੇਕਰ ਕੱਲ੍ਹ ਨੂੰ ਧਰਤੀ ਹੇਠਲਾ ਪਾਣੀ ਖਤਮ ਹੋ ਗਿਆ ਜਾਂ ਪਾਣੀ ਕੱਢਣ 'ਤੇ ਮੀਟਰ ਲੱਗ ਗਏ (ਜੋ ਕਿ ਇੱਕ ਨਾ ਇੱਕ ਦਿਨ ਹੋ ਕੇ ਰਹੇਗਾ) ਤਾਂ ਕੀ ਹੋਵੇਗਾ? ਅਸੀਂ ਇੱਕ ਕਿੱਲੋ ਚੌਲ, ਜੋ ਕਿ ਸਾਡੀ ਖੁਰਾਕ ਵੀ ਨਹੀਂ, ਪੈਦਾ ਕਰਨ ਲਈ ਮਣਾਂ ਮੂਹੀਂ ਪਾਣੀ ਅਜਾਈਂ ਡੋਲ ਰਹੇ ਹਾਂ। ਖੇਤਾਂ ਵਿੱਚ ਫਸਲਾਂ ਨੂੰ ਬੇਲੋੜਾ ਖੁੱਲ੍ਹਾ ਪਾਣੀ ਛੱਡ ਰਹੇ ਹਾਂ।

# ਸੰਪਰਕ : 98153-02341

# ਟਰੈਫ਼ਿਕ ਸਮੱਸਿਆ ਲਈ ਸਭ ਤੋਂ ਵੱਡੇ ਜ਼ਿੰਮੇਵਾਰ ਅਸੀਂ ਖ਼ੁਦ ਹਾਂ...

ਬੇਅੰਤ ਸਿੰਘ ਬਾਜਵਾ

ਪੰਜਾਬ ਦੇ ਸ਼ਹਿਰਾਂ ਵਿੱਚ ਟਰੈਫ਼ਿਕ ਦੀ ਸਮੱਸਿਆ ਦਿਨੋਂ-ਦਿਨ ਗੰਭੀਰ ਹੁੰਦੀ ਜਾ ਰਹੀ ਹੈ। ਲੁਧਿਆਣਾ, ਅੰਮ੍ਰਿਤਸਰ, ਜਲੰਧਰ, ਪਟਿਆਲਾ, ਬਠਿੰਡਾ, ਮੋਹਾਲੀ, ਹੁਸ਼ਿਆਰਪੁਰ, ਬਰਨਾਲਾ, ਸੰਗਰੂਰ ਜਾਂ ਕਿਸੇ ਹੋਰ ਸ਼ਹਿਰ ਦੀ ਗੱਲ ਕਰੀਏ ਤਾਂ ਬਾਜ਼ਾਰਾਂ ਅਤੇ ਮੁੱਖ ਸੜਕਾਂ 'ਤੇ ਜਾਮ ਆਮ ਗੱਲ ਬਣ ਚੁੱਕੀ ਹੈ। ਅਸੀਂ ਆਮ ਤੌਰ 'ਤੇ ਇਸ ਲਈ ਸਰਕਾਰ, ਨਗਰ ਨਿਗਮ ਜਾਂ ਟਰੈਫ਼ਿਕ ਪੁਲਸ ਨੂੰ ਜ਼ਿੰਮੇਵਾਰ ਮੰਨਦੇ ਹਾਂ, ਪਰ ਕੀ ਅਸੀਂ ਕਦੇ ਇਹ ਸੋਚਿਆ ਹੈ ਕਿ ਇਸ ਸਮੱਸਿਆ ਨੂੰ ਵਧਾਉਣ ਵਿੱਚ ਸਾਡੀ ਆਪਣੀ ਭੂਮਿਕਾ ਕਿੰਨੀ ਹੈ?

ਪੰਜਾਬ ਵਿੱਚ ਟਰੈਫ਼ਿਕ ਨਿਯਮਾਂ ਦੀ ਉਲੰਘਣਾ ਦੇ ਅੰਕੜੇ ਵੀ ਇਸ ਗੱਲ ਵੱਲ ਇਸ਼ਾਰਾ ਕਰਦੇ ਹਨ ।'ਦਿ ਟ੍ਰਿਬਿਊਨ' ਵੱਲੋਂ ਅਗਸਤ 2026 ਵਿੱਚ ਸਰਕਾਰੀ ਈ ਚਾਲਾਨ ਡਾਟੇ ਦੇ ਹਵਾਲੇ ਨਾਲ ਪ੍ਰਕਾਸ਼ਤ ਰਿਪੋਰਟ ਅਨੁਸਾਰ ਇਨ੍ਹਾਂ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ 2021 ਤੋਂ 2025 ਤੱਕ ਚਲਾਨਾਂ ਦੀ ਗਿਣਤੀ ਵਿੱਚ ਲਗਭਗ 148 ਫ਼ੀਸਦੀ ਦੀ ਸਾਲਾਨਾ ਸੰਯੁਕਤ ਵਿਕਾਸ ਦਰ (CAGR) ਦਰਜ ਹੋਈ। ਉਪਲੱਬਧ ਅੰਕੜਿਆਂ ਅਨੁਸਾਰ ਇਸ ਸਮੇਂ ਦੌਰਾਨ ਪੰਜਾਬ ਵਿੱਚ ਕੁੱਲ 67.61 ਲੱਖ ਚਲਾਨ ਕੀਤੇ ਗਏ ਅਤੇ ਇਨ੍ਹਾਂ ਰਾਹੀਂ 244.28 ਕਰੋੜ ਰੁਪਏ ਦਾ ਚਲਾਨੀ ਮਾਲੀਆ ਇਕੱਠਾ ਹੋਇਆ।

ਜੇਕਰ ਚਲਾਨ ਕੱਟਣ ਦੀ ਮੌਜੂਦਾ ਰਫ਼ਤਾਰ ਜਾਰੀ ਰਹਿੰਦੀ ਹੈ ਤਾਂ 2026 ਵਿੱਚ ਪੰਜਾਬ ਵਿੱਚ ਲਗਭਗ 69 ਲੱਖ ਚਲਾਨ ਹੋ ਸਕਦੇ ਹਨ, ਜਦਕਿ 2025 ਵਿੱਚ ਇਹ ਗਿਣਤੀ 20.47 ਲੱਖ ਸੀ । ਇਸ ਦੇ ਬਾਵਜੂਦ ਮੌਜੂਦਾ ਰੁਝਾਨ ਅਨੁਸਾਰ 2026 ਵਿੱਚ ਚਲਾਨਾਂ ਤੋਂ ਪ੍ਰਾਪਤ ਮਾਲੀਆ ਲਗਭਗ 82 ਕਰੋੜ ਰੁਪਏ ਰਹਿਣ ਦਾ ਅਨੁਮਾਨ ਹੈ, ਜੋ 2025 ਵਿੱਚ ਇਕੱਠੇ ਕੀਤੇ ਗਏ 123.04 ਕਰੋੜ ਰੁਪਏ ਨਾਲੋਂ ਕਾਫ਼ੀ ਘੱਟ ਹੈ। ਰਿਪੋਰਟ ਮੁਤਾਬਕ ਇਹ ਸਥਿਤੀ ਚਲਾਨਾਂ ਦੀ ਗਿਣਤੀ ਵਿੱਚ ਲਗਭਗ 238 ਫ਼ੀਸਦੀ ਵਾਧੇ, ਪਰ ਮਾਲੀਏ ਵਿੱਚ ਕਰੀਬ 33 ਫ਼ੀਸਦੀ ਕਮੀ ਵੱਲ ਇਸ਼ਾਰਾ ਕਰਦੀ ਹੈ।

ਇਸੇ ਤਰ੍ਹਾਂ 2024 ਦੌਰਾਨ ਲੁਧਿਆਣਾ ਕਮਿਸ਼ਨਰੇਟ ਪੁਲਿਸ ਵੱਲੋਂ ਟਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ 1,43,774 ਵਿਅਕਤੀਆਂ ਦੇ ਚਲਾਨ ਕੀਤੇ ਗਏ, ਜਿਨ੍ਹਾਂ ਵੱਲੋਂ ਕੁੱਲ 1,70,993 ਟਰੈਫ਼ਿਕ ਉਲੰਘਣਾਵਾਂ ਕੀਤੀਆਂ ਗਈਆਂ ਸਨ। ਇਨ੍ਹਾਂ ਉਲੰਘਣਾਵਾਂ ਲਈ 9.05 ਕਰੋੜ ਰੁਪਏ ਤੋਂ ਵੱਧ ਜੁਰਮਾਨਾ ਵਸੂਲਿਆ ਗਿਆ।ਇਨ੍ਹਾਂ ਵਿੱਚ ਬਿਨਾਂ ਹੈਲਮਟ ਵਾਹਨ ਚਲਾਉਣਾ, ਗਲਤ ਪਾਰਕਿੰਗ ਅਤੇ ਗਲਤ ਪਾਸੇ ਵਾਹਨ ਚਲਾਉਣਾ ਪ੍ਰਮੁੱਖ ਟਰੈਫ਼ਿਕ ਉਲੰਘਣਾਵਾਂ ਰਹੀਆਂ। ਇਸ ਤੋਂ ਇਲਾਵਾ 958 ਨਾਬਾਲਗ ਡਰਾਈਵਰਾਂ ਨੂੰ ਵੀ ਫੜ ਕੇ ਉਨ੍ਹਾਂ ਦੇ ਚਲਾਨ ਕੀਤੇ ਗਏ ਅਤੇ ਉਨ੍ਹਾਂ ਤੋਂ 15.95 ਲੱਖ ਰੁਪਏ ਜੁਰਮਾਨਾ ਵਸੂਲਿਆ ਗਿਆ। ਸ਼ਰਾਬ ਪੀ ਕੇ ਵਾਹਨ ਚਲਾਉਣ ਦੇ ਮਾਮਲਿਆਂ ਵਿੱਚ ਵੀ 2,482 ਚਲਾਨ ਕੀਤੇ ਗਏ ਅਤੇ 60.05 ਲੱਖ ਰੁਪਏ ਜੁਰਮਾਨਾ ਲਾਇਆ ਗਿਆ।ਅਧਿਕਾਰਤ ਅੰਕੜਿਆਂ ਅਨੁਸਾਰ 2024 ਵਿੱਚ ਕੀਤੇ ਗਏ ਚਲਾਨਾਂ ਦੀ ਗਿਣਤੀ ਅਤੇ ਵਸੂਲ ਕੀਤੇ ਗਏ ਜੁਰਮਾਨੇ ਦੀ ਰਕਮ ਪਿਛਲੇ ਪੰਜ ਸਾਲਾਂ ਵਿੱਚ ਸਭ ਤੋਂ ਵੱਧ ਰਹੀ।

ਇਹ ਸਿਰਫ਼ ਜੁਰਮਾਨਿਆਂ ਦੀ ਗਿਣਤੀ ਨਹੀਂ, ਸਗੋਂ ਸੜਕਾਂ 'ਤੇ ਵਿਚਰਦੇ ਸਮੇਂ ਸਾਡੇ ਵਿਹਾਰ ਦੀ ਇੱਕ ਤਸਵੀਰ ਵੀ ਹੈ।ਟਰੈਫ਼ਿਕ ਸਮੱਸਿਆ ਲਈ ਕਈ ਹੋਰ ਵੀ ਕਾਰਨ ਹਨ ਜਿਵੇਂ...

**ਬਾਜ਼ਾਰ ਵਿੱਚ ਕਾਰ ਪਾਰਕਿੰਗ ਕਿਉਂ?**

ਸਾਡੀ ਸਭ ਤੋਂ ਵੱਡੀ ਆਦਤ ਹੈ ਕਿ ਬਾਜ਼ਾਰ ਵਿੱਚ ਖ਼ਰੀਦਦਾਰੀ ਕਰਨ ਲਈ ਕਾਰ ਲੈ ਕੇ ਜਾਂਦੇ ਹਾਂ ਅਤੇ ਉਸ ਨੂੰ ਨਿਰਧਾਰਿਤ ਪਾਰਕਿੰਗ ਵਿੱਚ ਲਗਾਉਣ ਦੀ ਬਜਾਏ ਦੁਕਾਨ ਦੇ ਬਿਲਕੁਲ ਸਾਹਮਣੇ ਜਾਂ ਸੜਕ ਦੇ ਕਿਨਾਰੇ ਖੜ੍ਹਾ ਕਰ ਦਿੰਦੇ ਹਾਂ।

'ਪੰਜ ਮਿੰਟ ਹੀ ਤਾਂ ਲੱਗਣੇ ਹਨ' ਇਹ ਪੰਜ ਮਿੰਟ ਕਈ ਵਾਰ ਪਿੱਛੇ ਖੜ੍ਹੇ ਸੈਂਕੜੇ ਵਾਹਨਾਂ ਲਈ ਅੱਧੇ ਘੰਟੇ ਦਾ ਜਾਮ ਬਣ ਜਾਂਦੇ ਹਨ।ਅੰਮ੍ਰਿਤਸਰ ਵਿੱਚ 2024 ਦੌਰਾਨ ਗ਼ਲਤ ਪਾਰਕਿੰਗ ਦੇ 16,007 ਚਲਾਨ ਹੋਏ। ਰਿਪੋਰਟ ਵਿੱਚ ਵੀ ਦੱਸਿਆ ਗਿਆ ਕਿ ਸੜਕਾਂ ਦੇ ਕਿਨਾਰੇ ਗ਼ਲਤ ਪਾਰਕਿੰਗ ਟਰੈਫ਼ਿਕ ਜਾਮ ਨੂੰ ਹੋਰ ਵਧਾਉਂਦੀ ਹੈ।ਇਸੇ ਤਰ੍ਹਾਂ 2024 ਵਿੱਚ ਲੁਧਿਆਣਾ ਵਿੱਚ ਗ਼ਲਤ ਪਾਰਕਿੰਗ ਦੇ 22,700 ਚਲਾਨ ਹੋਏ। ਇਹ ਅੰਕੜੇ ਭਾਵੇਂ ਦੋ ਵੱਖ-ਵੱਖ ਸ਼ਹਿਰਾਂ ਨਾਲ ਸੰਬੰਧਤ ਹਨ, ਪਰ ਸਮੱਸਿਆ ਦੀ ਪ੍ਰਕਿਰਤੀ ਪੰਜਾਬ ਦੇ ਸ਼ਹਿਰੀ ਬਾਜ਼ਾਰਾਂ ਵਿੱਚ ਇੱਕੋ ਜਿਹੀ ਦਿਖਾਈ ਦਿੰਦੀ ਹੈ।

**ਜਿੱਥੇ ਦੋ ਪਹੀਆ ਕਾਫ਼ੀ ਹੈ, ਉਥੇ ਕਾਰ ਕਿਉਂ?**

ਕਈ ਵਾਰ ਸਾਨੂੰ ਸਿਰਫ਼ ਇੱਕ-ਅੱਧਾ ਕਿੱਲੋਮੀਟਰ ਦੂਰ ਜਾਣਾ ਹੁੰਦਾ ਹੈ, ਪਰ ਅਸੀਂ ਕਾਰ ਲੈ ਕੇ ਨਿਕਲ ਪੈਂਦੇ ਹਾਂ।ਬਾਜ਼ਾਰ ਤੋਂ ਕੁਝ ਸਮਾਨ ਲੈਣਾ ਹੋਵੇ, ਬੈਂਕ ਜਾਣਾ ਹੋਵੇ ਜਾਂ ਕੋਈ ਛੋਟਾ ਕੰਮ ਕਰਨਾ ਹੋਵੇ।ਹਰ ਕੰਮ ਲਈ ਕਾਰ ਦੀ ਵਰਤੋਂ ਸੜਕਾਂ 'ਤੇ ਵਾਹਨਾਂ ਦਾ ਗਿਣਤੀ ਵਧਾਉਂਦੀ ਹੈ, ਜਿਸ ਨਾਲ ਸੜਕਾਂ ਤੇ ਜ਼ਿਆਦਾ ਜਾਮ ਹੋ ਜਾਂਦਾ ਹੈ।ਇੱਕ ਕਾਰ ਸੜਕ 'ਤੇ ਦੋ ਪਹੀਏ ਨਾਲੋਂ ਕਾਫ਼ੀ ਵੱਧ ਜਗ੍ਹਾ ਘੇਰਦੀ ਹੈ।ਜੇ ਹਜ਼ਾਰਾਂ ਲੋਕ ਛੋਟੇ-ਛੋਟੇ ਕੰਮਾਂ ਲਈ ਵੀ ਕਾਰਾਂ ਦੀ ਵਰਤੋਂ ਕਰਨ ਤਾਂ ਸੜਕ ਚੌੜੀ ਕਰਨ ਦੇ ਬਾਵਜੂਦ ਸਮੱਸਿਆ ਪੂਰੀ ਤਰ੍ਹਾਂ ਹੱਲ ਨਹੀਂ ਹੋ ਸਕਦੀ।

**ਕਾਰ ਚਲਾਉਂਦੇ ਹੋਏ ਦੁਕਾਨ ਲੱਭਣਾ!**

ਬਾਜ਼ਾਰਾਂ ਵਿੱਚ ਇੱਕ ਹੋਰ ਆਮ ਵਰਤਾਰਾ ਹੈ।ਕਾਰ ਹੌਲੀ ਕਰਕੇ ਦੁਕਾਨਾਂ ਦੇ ਬੋਰਡ ਪੜ੍ਹਨੇ, ਦੁਕਾਨ ਲੱਭਣੀ, ਅਚਾਨਕ ਬ੍ਰੇਕ ਲਗਾਉਣੀ ਅਤੇ ਕਈ ਵਾਰ ਸੜਕ ਦੇ ਵਿਚਕਾਰ ਹੀ ਗੱਡੀ ਰੋਕ ਦੇਣੀ।ਪਿੱਛੋਂ ਆ ਰਹੇ ਵਾਹਨਾਂ ਨੂੰ ਵੀ ਬ੍ਰੇਕ ਲਗਾਉਣੀ ਪੈਂਦੀ ਹੈ।ਇੱਕ ਵਾਹਨ ਦੀ ਇਹ ਛੋਟੀ ਜਿਹੀ ਹਰਕਤ ਕੁਝ ਹੀ ਮਿੰਟਾਂ ਵਿੱਚ ਪੂਰੇ ਰਸਤੇ ਦੀ ਰਫ਼ਤਾਰ ਘਟਾ ਦਿੰਦੀ ਹੈ।

**ਫੋਕੀ ਟੌਹਰ ਬਨਾਮ ਟਰੈਫ਼ਿਕ ਸਮੱਸਿਆ!**

ਕਈ ਵਾਰ ਵਾਹਨ ਦੀ ਲੋੜ ਨਾਲੋਂ ਵੱਧ ਵਰਤੋਂ ਸਿਰਫ਼ ਦਿਖਾਵੇ ਲਈ ਕੀਤੀ ਜਾਂਦੀ ਹੈ।ਵੱਡੀ ਕਾਰ ਲੈ ਕੇ ਬਾਜ਼ਾਰ ਦੇ ਬਿਲਕੁਲ ਵਿਚਕਾਰ ਜਾਣਾ ਅਤੇ ਦੁਕਾਨ ਦੇ ਸਾਹਮਣੇ ਹੀ ਪਾਰਕ ਕਰਨ ਦੀ ਜ਼ਿੱਦ ਸੜਕ ਦੀ ਸਮਰੱਥਾ ਨੂੰ ਪ੍ਰਭਾਵਤ ਕਰਦੀ ਹੈ।ਸੜਕ ਸਿਰਫ਼ ਸਾਡੀ ਗੱਡੀ ਲਈ ਨਹੀਂ ਹੈ । ਇਸ 'ਤੇ ਐਂਬੂਲੈਂਸ, ਸਕੂਲ ਬੱਸ, ਸਰਕਾਰੀ ਵਾਹਨ, ਪੈਦਲ ਯਾਤਰੀ, ਦੋਪਹੀਆ ਵਾਹਨ ਅਤੇ ਹੋਰ ਹਜ਼ਾਰਾਂ ਲੋਕਾਂ ਦਾ ਹੱਕ ਹੈ, ਪਰ ਅਜੋਕੀ ਨੌਜਵਾਨ ਪੀੜ੍ਹੀ ਵਾਹਨਾਂ ਨੂੰ ਮੋਡੀਫ਼ਾਈ ਕਰਵਾ ਕੇ ਫ਼ਾਲਤੂ ਦੀਆਂ ਗੇੜੀਆਂ ਲਗਾਉਂਦੀ ਹੈ ।ਬੇਸ਼ੱਕ ਟਰੈਫ਼ਿਕ ਪੁਲਸ ਇਨ੍ਹਾਂ 'ਤੇ ਕਾਨੂੰਨੀ ਕਾਰਵਾਈ ਅਮਲ ਵਿੱਚ ਲੈ ਕੇ ਆਉਂਦੀ ਹੈ, ਪਰ ਦੇਖਿਆ ਜਾਵੇ ਨੌਜਵਾਨਾਂ ਦੇ ਇਸ ਵਰਤਾਰੇ ਨਾਲ ਟਰੈਫ਼ਿਕ ਸਮੱਸਿਆ ਤਾਂ ਬਣਦੀ ਹੀ ਹੈ।

**ਵਾਲੇਟ ਪਾਰਕਿੰਗ ਵੀ ਹਰ ਥਾਂ ਹੱਲ ਨਹੀਂ!**

ਵਾਲੇਟ ਪਾਰਕਿੰਗ ਸੁਵਿਧਾ ਹੋ ਸਕਦੀ ਹੈ, ਪਰ ਜੇ ਉਸ ਲਈ ਵਾਹਨਾਂ ਨੂੰ ਸੜਕ 'ਤੇ ਰੋਕਿਆ ਜਾਂਦਾ ਹੈ ਜਾਂ ਵਾਲੇਟ ਕਰਮਚਾਰੀ ਗੱਡੀਆਂ ਨੂੰ ਅੰਦਰ-ਬਾਹਰ ਕਰਨ ਲਈ ਸੜਕ ਦੀ ਲੇਨ ਵਰਤਦੇ ਹਨ ਤਾਂ ਇਹ ਵੀ ਜਾਮ ਦਾ ਕਾਰਨ ਬਣ ਸਕਦਾ ਹੈ।ਪਾਰਕਿੰਗ ਦੀ ਵਿਵਸਥਾ ਅਜਿਹੀ ਹੋਣੀ ਚਾਹੀਦੀ ਹੈ, ਜੋ ਮੁੱਖ ਸੜਕ ਦੀ ਆਵਾਜਾਈ ਨੂੰ ਪ੍ਰਭਾਵਤ ਨਾ ਕਰੇ।

**ਸਿਰਫ਼ ਲੋਕ ਨਹੀਂ, ਪ੍ਰਬੰਧ ਵੀ ਜ਼ਿੰਮੇਵਾਰ**

ਇਹ ਕਹਿਣਾ ਵੀ ਠੀਕ ਨਹੀਂ ਹੋਵੇਗਾ ਕਿ ਟਰੈਫ਼ਿਕ ਦੀ ਸਾਰੀ ਜ਼ਿੰਮੇਵਾਰੀ ਲੋਕਾਂ ਦੀ ਹੈ। ਪਾਰਕਿੰਗ ਦੀ ਘਾਟ, ਸੜਕਾਂ 'ਤੇ ਕਬਜ਼ੇ, ਬਾਜ਼ਾਰਾਂ ਦੀ ਗ਼ਲਤ ਯੋਜਨਾਬੰਦੀ, ਜਨਤਕ ਆਵਾਜਾਈ ਦੀ ਕਮੀ ਅਤੇ ਸੜਕਾਂ ਦੀ ਸਮਰੱਥਾ ਨਾਲੋਂ ਤੇਜ਼ੀ ਨਾਲ ਵਧਦੀ ਵਾਹਨਾਂ ਦੀ ਗਿਣਤੀ ਵੀ ਵੱਡੇ ਕਾਰਨ ਹਨ।ਪੰਜਾਬ ਟਰਾਂਸਪੋਰਟ ਵਿਭਾਗ ਦੇ ਅਨੁਸਾਰ ਰਾਜ ਵਿੱਚ ਵਾਹਨਾਂ ਅਤੇ ਡਰਾਈਵਿੰਗ ਲਾਇਸੈਂਸ ਨਾਲ ਸੰਬੰਧਤ ਡਾਟਾ ਵਾਹਨ ਅਤੇ ਸਾਰਥੀ ਪ੍ਰਣਾਲੀਆਂ ਰਾਹੀਂ ਡਿਜੀਟਲ ਕੀਤਾ ਗਿਆ ਹੈ ਅਤੇ ਰਾਜ ਵਿੱਚ 23 ਆਰ ਟੀ ਓ ਅਤੇ 32 ਆਟੋਮੈਟਿਕ ਡਰਾਈਵਿੰਗ ਟੈਸਟ ਟਰੈਕਸ ਹਨ।ਇਸ ਲਈ ਸਰਕਾਰ ਨੂੰ ਪਾਰਕਿੰਗ ਦੀ ਬਿਹਤਰ ਯੋਜਨਾਬੰਦੀ, ਜਨਤਕ ਆਵਾਜਾਈ, ਪੈਦਲ ਰਸਤਿਆਂ ਅਤੇ ਟਰੈਫ਼ਿਕ ਪ੍ਰਬੰਧਨ 'ਤੇ ਕੰਮ ਕਰਨਾ ਚਾਹੀਦਾ ਹੈ, ਪਰ ਇਸ ਦੇ ਨਾਲ ਲੋਕਾਂ ਨੂੰ ਵੀ ਆਪਣੀ ਜ਼ਿੰਮੇਵਾਰੀ ਸਮਝਣੀ ਪਵੇਗੀ।

**ਬਦਲਾਅ ਦੀ ਸ਼ੁਰੂਆਤ ਸਾਡੇ ਤੋਂ...**

ਟਰੈਫ਼ਿਕ ਜਾਮ ਦਾ ਹੱਲ ਸਿਰਫ਼ ਫਲਾਈਓਵਰ, ਚੌੜੀਆਂ ਸੜਕਾਂ ਜਾਂ ਹੋਰ ਟਰੈਫ਼ਿਕ ਮੁਲਾਜ਼ਮ ਨਹੀਂ ਹਨ। ਸਾਨੂੰ ਆਪਣੀਆਂ ਆਦਤਾਂ ਬਦਲਣੀਆਂ ਪੈਣਗੀਆਂ।ਬਾਜ਼ਾਰ ਵਿੱਚ ਜਾਈਏ ਤਾਂ ਨਿਰਧਾਰਿਤ ਪਾਰਕਿੰਗ ਵਰਤੀਏ। ਛੋਟੇ ਕੰਮਾਂ ਲਈ ਸੰਭਵ ਹੋਵੇ ਤਾਂ ਦੋਪਹੀਆ, ਪੈਦਲ ਜਾਂ ਜਨਤਕ ਆਵਾਜਾਈ ਵਰਤੀਏ।ਗੱਡੀ ਚਲਾਉਂਦੇ ਹੋਏ ਦੁਕਾਨ ਨਾ ਲੱਭੀਏ।ਨੋ-ਪਾਰਕਿੰਗ ਵਿੱਚ ਵਾਹਨ ਖੜ੍ਹਾ ਨਾ ਕਰੀਏ। ਸੜਕ 'ਤੇ ਗੱਡੀ ਰੋਕ ਕੇ ਖ਼ਰੀਦਦਾਰੀ ਜਾਂ ਗੱਲਬਾਤ ਨਾ ਕਰੀਏ।ਅਸਲ ਵਿੱਚ ਟਰੈਫ਼ਿਕ ਜਾਮ ਸਿਰਫ਼ ਸੜਕਾਂ ਦੀ ਸਮੱਸਿਆ ਨਹੀਂ, ਇਹ ਸਾਡੇ ਸਾਂਝੇ ਸੜਕ ਵਿਹਾਰ ਦੀ ਸਮੱਸਿਆ ਹੈ।ਅਗਲੀ ਵਾਰ ਜਦੋਂ ਅਸੀਂ ਕਿਸੇ ਜਾਮ ਵਿੱਚ ਫਸ ਕੇ ਪ੍ਰਸ਼ਾਸਨ ਨੂੰ ਕੋਸੀਏ ਤਾਂ ਇੱਕ ਵਾਰ ਆਪਣੇ ਆਪ ਨੂੰ ਵੀ ਪੁੱਛੀਏ 'ਕੀ ਇਸ ਜਾਮ ਨੂੰ ਪੈਦਾ ਕਰਨ ਵਿੱਚ ਮੇਰੀ ਗੱਡੀ ਦਾ ਵੀ ਕੋਈ ਹਿੱਸਾ ਹੈ?'

# ਸੰਪਰਕ : 99880-04940

# ਕੰਪਿਊਟਰ ਅਧਿਆਪਕਾਂ ਵੱਲੋਂ ਅਮਨ ਅਰੋੜਾ ਦੀ ਰਿਹਾਇਸ਼ ਅੱਗੇ ਰੋਸ ਪ੍ਰਦਰਸ਼ਨ

**ਕੈਬਨਿਟ ਮੰਤਰੀ ਨੇ ਧਰਨੇ 'ਚ ਪਹੁੰਚ ਕੇ 8 ਦੀ ਸਬ-ਕਮੇਟੀ ਮੀਟਿੰਗ 'ਚ ਮੰਗਾਂ 'ਤੇ ਵਿਚਾਰ ਕਰਨ ਦਾ ਦਿੱਤਾ ਭਰੋਸਾ**



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਸਰਕਾਰ ਵੱਲੋਂ ਵਾਰ-ਵਾਰ ਕੀਤੇ ਜਾ ਰਹੇ ਵਾਅਦਿਆਂ ਦੇ ਬਾਵਜੂਦ ਮੰਗਾਂ ਦਾ ਹੱਲ ਨਾ ਹੋਣ ਤੋਂ ਖ਼ਫ਼ਾ ਕੰਪਿਊਟਰ ਅਧਿਆਪਕਾਂ ਵੱਲੋਂ ਐਤਵਾਰ ਸੁਨਾਮ ਵਿਖੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਰਿਹਾਇਸ਼ ਦੇ ਬਾਹਰ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਗਿਆ।ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਹੋਏ ਇਸ ਪ੍ਰਦਰਸ਼ਨ ਦੌਰਾਨ ਵੱਡੀ ਗਿਣਤੀ ਵਿੱਚ ਕੰਪਿਊਟਰ ਅਧਿਆਪਕਾਂ ਨੇ ਸ਼ਮੂਲੀਅਤ ਕਰਦਿਆਂ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਯੂਨੀਅਨ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਡੀ. ਸੀ. ਦਫ਼ਤਰ ਦੇ ਬਾਹਰ ਸ਼ੁਰੂ ਕੀਤੇ ਪੱਕੇ ਧਰਨੇ ਦਾ ਅੱਜ 15ਵਾਂ ਦਿਨ ਸੀ।ਇਸੇ ਲੜੀ ਤਹਿਤ ਕੰਪਿਊਟਰ ਅਧਿਆਪਕ ਸੁਨਾਮ ਦੇ ਫਲਾਈਓਵਰ ਹੇਠ ਇਕੱਠੇ ਹੋਏ ਤੇ ਉੱਥੋਂ ਕਰੀਬ 2 ਵਜੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਰਿਹਾਇਸ਼ ਵੱਲ ਰੋਸ ਮਾਰਚ ਕੀਤਾ ਗਿਆ।ਰਿਹਾਇਸ਼ ਦੇ ਬਾਹਰ ਪਹੁੰਚ ਕੇ ਅਧਿਆਪਕਾਂ ਵੱਲੋਂ ਧਰਨਾ ਲਗਾਇਆ ਗਿਆ ਤੇ ਸਰਕਾਰ ਦੀ ਕਥਿਤ ਵਾਅਦਾਖਿਲਾਫ਼ੀ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

ਇਸ ਦੌਰਾਨ ਕੈਬਨਿਟ ਮੰਤਰੀ ਅਮਨ ਅਰੋੜਾ ਵੀ ਮੌਕੇ 'ਤੇ ਪਹੁੰਚੇ।ਉਨ੍ਹਾਂ ਪਹਿਲਾਂ ਜਥੇਬੰਦੀ ਦੇ ਪੰਜ ਨੁਮਾਇੰਦਿਆਂ ਨੂੰ ਆਪਣੀ ਰਿਹਾਇਸ਼ 'ਤੇ ਬੁਲਾ ਕੇ ਕੰਪਿਊਟਰ ਅਧਿਆਪਕਾਂ ਦੀਆਂ ਮੰਗਾਂ ਸਬੰਧੀ ਪਿਛਲੀਆਂ ਸਬ-ਕਮੇਟੀ ਮੀਟਿੰਗਾਂ ਤੇ 29 ਸਤੰਬਰ ਨੂੰ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨਾਲ ਹੋਈ ਪੈਨਲ ਮੀਟਿੰਗ ਦੌਰਾਨ ਹੋਈ ਗੱਲਬਾਤ ਬਾਰੇ ਜਾਣਕਾਰੀ ਲਈ।

ਯੂਨੀਅਨ ਆਗੂਆਂ ਨੇ ਅਮਨ ਅਰੋੜਾ, ਜੋ ਸਬ-ਕਮੇਟੀ ਦੇ ਮੈਂਬਰ ਵੀ ਹਨ, ਅੱਗੇ ਆਪਣੀਆਂ ਹੱਕੀ ਮੰਗਾਂ ਨੂੰ ਲਾਗੂ ਕਰਵਾਉਣ ਦੀ ਮੰਗ ਰੱਖੀ।ਇਸ ਤੋਂ ਬਾਅਦ ਅਮਨ ਅਰੋੜਾ ਖੁਦ ਧਰਨੇ ਵਾਲੀ ਥਾਂ 'ਤੇ ਪਹੁੰਚੇ ਤੇ ਜਥੇਬੰਦੀ ਦੇ ਆਗੂਆਂ ਨਾਲ ਗੱਲਬਾਤ ਕੀਤੀ।ਉਨ੍ਹਾਂ 8 ਅਕਤੂਬਰ ਨੂੰ ਸਬ-ਕਮੇਟੀ ਦੀ ਮੀਟਿੰਗ ਹੋਣ ਦਾ ਐਲਾਨ ਕਰਦਿਆਂ ਕੰਪਿਊਟਰ ਅਧਿਆਪਕਾਂ ਦੀਆਂ ਮੰਗਾਂ 'ਤੇ ਵਿਚਾਰ ਕਰਨ ਦਾ ਭਰੋਸਾ ਦਿੱਤਾ।ਉਨ੍ਹਾਂ ਵੱਲੋਂ 221 ਫੀਸਦੀ ਡੀ.ਏ. ਤੇ ਵਿਭਾਗ ਵਿੱਚ ਮਰਜਿੰਗ ਦੀ ਮੰਗ 'ਤੇ ਵੀ ਵਿਚਾਰ ਕਰਨ ਦਾ ਭਰੋਸਾ ਦਿੱਤਾ ਗਿਆ।ਇਸ ਸਬੰਧੀ ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਆਗੂ ਗੁਰਵਿੰਦਰ ਸਿੰਘ, ਜੋਨੀ ਸਿੰਗਲਾ ਤੇ ਨਰਦੀਪ ਸ਼ਰਮਾ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੇ ਲਗਭਗ 6640 ਕੰਪਿਊਟਰ ਅਧਿਆਪਕ ਪਿਛਲੇ ਸਾਢੇ ਚਾਰ ਸਾਲਾਂ ਤੋਂ ਸਰਕਾਰ ਨਾਲ ਲਗਾਤਾਰ ਮੀਟਿੰਗਾਂ ਕਰ ਰਹੇ ਹਨ, ਪਰ ਹਰ ਵਾਰ ਉਨ੍ਹਾਂ ਨੂੰ ਕਥਿਤ ਤੌਰ 'ਤੇ ਭਰੋਸੇ ਅਤੇ ਵਾਅਦਿਆਂ ਤੋਂ ਇਲਾਵਾ ਕੁਝ ਨਹੀਂ ਮਿਲਿਆ।ਕੰਪਿਊਟਰ ਅਧਿਆਪਕਾਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ 2 ਦਸੰਬਰ 2010 ਦਾ ਨੋਟੀਫਿਕੇਸ਼ਨ, ਚੋਣ ਮੈਨੀਫੈਸਟੋ ਵਿੱਚ ਕੀਤਾ ਵਾਅਦਾ ਤੇ 15 ਸਤੰਬਰ 2022 ਨੂੰ ਸਿੱਖਿਆ ਮੰਤਰੀ ਵੱਲੋਂ ਕੀਤਾ ਅਧਿਕਾਰਤ ਐਲਾਨ ਇੰਨ-ਬਿੰਨ ਲਾਗੂ ਨਹੀਂ ਕੀਤਾ ਜਾਂਦਾ, ਉਦੋਂ ਤੱਕ ਉਨ੍ਹਾਂ ਦਾ ਪੱਕਾ ਧਰਨਾ ਜਾਰੀ ਰਹੇਗਾ।ਇਸ ਮੌਕੇ ਸੂਬਾ ਆਗੂ ਅਨਿਲ ਐਰੀ, ਸੁਨੀਤ ਸਰੀਨ, ਸਿਕੰਦਰ ਸਿੰਘ, ਹਨੀ ਗਰਗ, ਜਸਵਿੰਦਰ ਸਿੰਘ, ਇਕਬਾਲ ਸਿੰਘ, ਰਜਵੰਤ ਕੌਰ, ਸੁਮਨ ਭਾਰਦਵਾਜ, ਗੁਰਸ਼ਰਨ ਕੌਰ, ਸੁਖਜੀਤ ਕੌਰ, ਪ੍ਰਤਿਭਾ ਸ਼ਰਮਾ, ਰਘੁਬੀਰ ਸਿੰਘ, ਬਲਜੀਤ ਸਿੰਘ, ਅਮਿਤ ਪਵਾਰ, ਜਗਸੀਰ ਬਰਾੜ, ਸੰਦੀਪ ਵਾਲੀਆ, ਸੱਤਪ੍ਰਤਾਪ ਸਿੰਘ, ਗੁਰਮੀਤ ਕੌਰ, ਜਗਰਾਜ ਸਿੰਘ, ਈਸ਼ਰ ਸਿੰਘ, ਰਜਨੀ, ਹਰਜੀਤ ਸਿੰਘ ਬਰਕੰਦੀ, ਪਰਦੀਪ ਕੁਮਾਰ, ਰਵਿੰਦਰ ਸਿੰਘ, ਮਨਦੀਪ ਕੁਮਾਰ, ਨਾਇਬ ਸਿੰਘ, ਰਿਸ਼ਵ ਗੋਇਲ, ਰੋਬਿਨ ਸ਼ਰਮਾ ਅਤੇ ਗੁਰਬਖਸ਼ ਲਾਲ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ।ਇਸ ਦੌਰਾਨ ਭਰਾਤਰੀ ਜਥੇਬੰਦੀਆਂ ਵੱਲੋਂ ਵੀ ਕੰਪਿਊਟਰ ਅਧਿਆਪਕਾਂ ਦੇ ਸੰਘਰਸ਼ ਨੂੰ ਸਮਰਥਨ ਦਿੱਤਾ ਗਿਆ।ਇਸ ਮੌਕੇ ਹਰਦੀਪ ਟੋਡਰਪੁਰ, ਦੇਵੀ ਦਿਆਲ, ਰਾਜੀਵ ਕੁਮਾਰ, ਸੁਖਵਿੰਦਰ ਗਿਰ ਤੇ ਸੁਖਵਿੰਦਰ ਹਰੀਕਾ ਸਮੇਤ ਹੋਰ ਆਗੂਆਂ ਨੇ ਆਪਣੇ ਸਾਥੀਆਂ ਨਾਲ ਧਰਨੇ ਵਿੱਚ ਸ਼ਮੂਲੀਅਤ ਕੀਤੀ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਸੰਗਰੂਰ ਮਹਾਂਰੈਲੀ ਸਰਕਾਰ ਦੀਆਂ ਜੜ੍ਹਾਂ ਹਿਲਾ ਦੇਵੇਗੀ : ਰਾਣਵਾਂ, ਚਾਹਲ, ਪੁਆਰੀ

**21 ਤੇ 22 ਅਕਤੂਬਰ ਨੂੰ ਸਮੂਹ ਮੁਲਾਜ਼ਮ ਕਰਨਗੇ ਸਮੂਹਕ ਛੁੱਟੀ : ਸਰਾਭਾ**



**ਚੌਕੀਮਾਨ (ਇੰਜ. ਬਲਬੀਰ ਸਿੰਘ ਮਾਨ)**-ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22 ਬੀ ਚੰਡੀਗੜ੍ਹ ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾਈ ਆਗੂ ਚਰਨ ਸਿੰਘ ਸਰਾਭਾ, ਜਗਦੀਸ਼ ਸਿੰਘ ਚਾਹਲ, ਸੁਰਿੰਦਰ ਕੁਮਾਰ ਪੁਆਰੀ, ਪ੍ਰੇਮ ਚਾਵਲਾ, ਗੁਰਪ੍ਰੀਤ ਸਿੰਘ ਮੰਗਵਾਲ, ਗੁਰਜੀਤ ਸਿੰਘ ਘੋੜੇਵਾਹ, ਸੁਖਦੇਵ ਸਿੰਘ ਸੁਰਤਾਪੁਰੀ, ਜਸਵਿੰਦਰ ਪਾਲ ਉੱਗੀ, ਮਨਜੀਤ ਸਿੰਘ ਗਿੱਲ, ਕਰਤਾਰ ਸਿੰਘ ਪਾਲ, ਹਰਭਗਵਾਨ ਸ੍ਰੀ ਮੁਕਤਸਰ ਸਾਹਿਬ, ਅਜੇ ਕੁਮਾਰ ਸਨੋਤਰਾ, ਗੁਰਮੇਲ ਸਿੰਘ ਮੈਲਡੇ, ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਕੇਵਲ ਸਿੰਘ ਬਣਵੈਤ, ਸੰਜੀਵ ਕੁਮਾਰ ਲੁਧਿਆਣਾ, ਟਹਿਲ ਸਿੰਘ ਸਰਾਭਾ ਤੇ ਆਸ਼ਾ ਵਰਕਰਾਂ ਦੇ ਆਗੂ ਬਲਵੀਰ ਕੌਰ ਗਿੱਲ ਆਦਿ ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਹੈ ਕਿ ਸਾਂਝੀ ਤਾਲਮੇਲ ਕਮੇਟੀ ਦੀ ਸਮੁੱਚੀ ਲੀਡਰਸ਼ਿਪ ਨਾਲ ਮੁੱਖ ਮੰਤਰੀ ਪੰਜਾਬ ਦਰਮਿਆਨ 18 ਸਤੰਬਰ ਨੂੰ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਦੌਰਾਨ ਵੱਖ ਵੱਖ ਮੁੱਦਿਆਂ ਨੂੰ ਲੈ ਕੇ ਵਿਚਾਰੀਆਂ ਗਈਆਂ ਸਾਰੀਆਂ ਮੰਗਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਦੇ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸ਼ਹਿਰ ਸੰਗਰੂਰ ਵਿਖੇ 10 ਅਕਤੂਬਰ ਨੂੰ ਕੀਤੀ ਜਾ ਰਹੀ ਸੂਬਾਈ ਮਹਾਂਰੈਲੀ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਨਾਲ ਸੰਬੰਧਤ ਸਮੂਹ ਆਸ਼ਾ ਵਰਕਰ, ਮਿੱਡ-ਡੇ ਮੀਲ ਵਰਕਰ, ਆਂਗਣਵਾੜੀ ਵਰਕਰ, ਅਧਿਆਪਕ, ਮੁਲਾਜ਼ਮ ਤੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਸਕੱਤਰੇਤ ਤੋਂ ਸਤੌਜ ਵੱਲ ਵਾਪਸੀ ਯਕੀਨੀ ਬਣਾਉਣਗੇ।ਇਹ ਵੀ ਫੈਸਲਾ ਕੀਤਾ ਗਿਆ ਕਿ ਸਾਂਝੀ ਤਾਲਮੇਲ ਕਮੇਟੀ ਦੇ ਸੱਦੇ ਅਨੁਸਰ 21 ਤੇ 22 ਅਕਤੂਬਰ ਨੂੰ ਪੰਜਾਬ ਦੇ ਸਮੂਹ ਮੁਲਾਜ਼ਮ ਸਮੂਹਕ ਛੁੱਟੀ ਲੈ ਕੇ ਪੰਜਾਬ ਦਾ ਸਾਰਾ ਸਰਕਾਰੀ ਕੰਮ ਠੱਪ ਕਰਨਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੇਲਾ ਸਿੰਘ ਪੁੰਨਾਵਾਲ, ਰਾਮ ਲਾਲ ਰਾਮਾਂ ਪਟਿਆਲਾ, ਪਰਮਜੀਤ ਸਿੰਘ ਮਲੋਟ, ਸੰਜੀਵ ਕੁਮਾਰ ਬਦਿਆਲ, ਕਮਲਜੀਤ ਕੌਰ ਲੁਧਿਆਣਾ, ਜਗਮੇਲ ਸਿੰਘ ਪੱਖੋਵਾਲ, ਚਮਨ ਲਾਲ ਸੰਗੋਲੀਆ ਮੋਗਾ, ਹਰਬੰਸ ਸਿੰਘ ਪੰਧੇਰ, ਮੁਨੀਸ਼ ਕੁਮਾਰ ਲੁਧਿਆਣਾ ਤੇ ਰਵਿੰਦਰ ਕੁਮਾਰ ਆਦਿ ਹਾਜ਼ਰ ਸਨ।

# ਵੀ ਬੀ ਗ੍ਰਾਮ ਜੀ ਨੇ ਨਰੇਗਾ ਕਾਮਿਆਂ ਨੂੰ ਭੁੱਖੇ ਮਰਨ ਲਈ ਮਜਬੂਰ ਕੀਤਾ : ਗਦਾਈਆ



**ਨਾਭਾ (ਅਮਨ ਗਰਗ)**-ਦੇਸ਼ ਭਰ ਦੇ ਨਰੇਗਾ ਕਾਮਿਆਂ ਨੂੰ ਵੀ ਬੀ ਗ੍ਰਾਮ ਜੀ ਦੇ ਲਾਗੂ ਹੋਣ ਨਾਲ ਫਾਕੇ ਦਿਨ ਕੱਟਣੇ ਪੈ ਰਹੇ ਹਨ, 1 ਜੁਲਾਈ ਤੋਂ 2026 ਤੋਂ ਕੇਂਦਰ ਦੀ ਬੀ ਜੇ ਪੀ ਹਕੂਮਤ ਨੇ ਵੀ ਬੀ ਗ੍ਰਾਮ ਜੀ ਨੂੰ ਲਾਗੂ ਕੀਤਾ ਹੈ, ਇਸ ਦੇ ਨਾਲ ਹੀ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੀ ਪੰਜਾਬ ਵਿੱਚ ਲਾਗੂ ਕਰ ਲਿਆ ਹੈ, ਜਦੋਂ ਤੋਂ ਇਹ ਕਾਨੂੰਨ ਲਾਗੂ ਹੋਇਆ ਹੈ, ਉਦੋਂ ਤੋਂ ਹੀ ਪੇਂਡੂ ਨਰੇਗਾ ਕਿਰਤੀ ਭੁੱਖੇ ਮਰ ਰਹੇ ਹਨ, ਦੇਸ਼ ਦੇ ਪੇਂਡੂ ਕਿਰਤੀਆਂ ਨੂੰ ਭੁੱਖਮਰੀ ਤੋਂ ਬਚਾਉਣ ਲਈ ਪੇਂਡੂ ਕਿਰਤੀਆਂ ਲਈ ਬਣੇ ਇਸ ਕਾਨੂੰਨ ਨੂੰ ਲਾਗੂ ਕਰਨ ਦੀ ਪੈਣਾ ਹੈ, ਜੇਕਰ ਦੋਨੋਂ ਸਰਕਾਰਾਂ ਇਸ ਨੂੰ ਸੁਹਿਰਦਤਾ ਨਾਲ ਲਾਗੂ ਨਹੀਂ ਕਰਦੀਆਂ ਤਾਂ ਇਨ੍ਹਾਂ ਕਿਰਤੀਆਂ ਲਈ ਕੰਮ ਨਹੀਂ ਚਲਾਉਂਦੀਆਂ ਤਾਂ ਲੱਖਾਂ ਦੀ ਤਾਦਾਦ 'ਚ ਕਿਰਤੀਆਂ ਦੇ ਤਿੱਖੇ ਰੋਹ ਦਾ ਸਾਹਮਣਾ ਕਰਨ ਲਈ ਤਿਆਰ ਰਹਿਣਾ ਹੋਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ/ਵੀ ਬੀ ਗ੍ਰਾਮ ਜੀ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ: ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨਾਭਾ ਨੇੜਲੇ ਪਿੰਡ ਬਿਰਧਨੌ ਦੇ ਕਾਮਿਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਪਿੰਡ ਦੇ ਮਜ਼ਦੂਰਾਂ ਨੂੰ ਪੰਜਾਬ ਦੇ ਹਜ਼ਾਰਾਂ ਅਜਿਹੇ ਪਿੰਡ ਹਨ, ਜਿਨ੍ਹਾਂ ਨੂੰ ਇਸ ਸਾਲ ਤੋਂ ਕੰਮ ਨਹੀਂ ਮਿਲਿਆ, ਇਹ ਕਿਰਤੀ ਕੰਮ ਲਈ ਮਾਰੇ ਮਾਰੇ ਫਿਰ ਰਹੇ ਹਨ। ਪੰਜਾਬ ਵਿਧਾਨ ਸਭਾ ਚੋਣਾਂ ਨੇੜੇ ਹੋਣ ਕਾਰਨ ਹਰ ਹਲਕੇ ਵਿੱਚ ਵੱਖ ਵੱਖ ਰਾਜਨੀਤਕ ਪਾਰਟੀਆਂ ਦੇ ਉਮੀਦਵਾਰੀ ਜਤਾਉਣ ਵਾਲੇ ਆਗੂ ਵੀ ਇਨ੍ਹਾਂ ਕਿਰਤੀਆਂ ਲਈ ਕੁੱਝ ਨਹੀਂ ਬੋਲ ਰਹੇ। ਇਨ੍ਹਾਂ ਪੇਂਡੂ ਕਿਰਤੀਆਂ ਦੇ ਪਰਿਵਾਰਾਂ ਦੇ ਮਰਦ ਮੈਂਬਰ ਉਸਾਰੀ ਕਿਰਤੀ ਦੇ ਤੌਰ 'ਤੇ ਮਿਸਤਰੀਆਂ ਨਾਲ ਸ਼ਹਿਰ ਅੰਦਰ ਕੰਮ ਕਰਨ ਲਈ ਜਾਂਦੇ ਸਨ, ਇੱਟਾਂ, ਸੀਮਿੰਟ, ਰੇਤਾਂ, ਬੱਜਰੀ ਮਹਿੰਗੀ ਹੋ ਜਾਣ ਕਾਰਨ ਉਨ੍ਹਾਂ ਨੂੰ ਵੀ ਕਦੇ ਕਦਾਈਂ ਕੰਮ ਮਿਲਦਾ ਹੈ, ਇਹ ਕਿਰਤੀ ਵੀ ਬੀ ਜੀ ਗ੍ਰਾਮ ਜੀ ਦੇ ਤਹਿਤ ਜੇਕਰ ਕੰਮ ਦੀ ਅਰਜ਼ੀ ਦੇਣ ਲਈ ਜਾਂਦੇ ਹਨ, ਤਾਂ ਇਨ੍ਹਾਂ ਦੀ ਅਰਜ਼ੀ ਦਰਜ ਨਹੀਂ ਕੀਤੀ ਜਾਂਦੀ ਹੈ, ਜਦੋਂਕਿ ਕਿਸੇ ਵੀ ਕੰਮ ਚਾਹੁਣ ਵਾਲੇ ਕਿਰਤੀ ਨੂੰ ਹੱਕ ਹੈ ਕਿ ਉਸ ਨੂੰ ਜਦੋਂ ਕੰਮ ਦੀ ਜ਼ਰੂਰਤ ਹੈ ਤਾਂ ਉਹ ਲਿਖਤੀ ਰੂਪ ਵਿੱਚ ਕੰਮ ਮੰਗ ਸਕਦਾ ਹੈ, ਪੰਜਾਬ ਸਰਕਾਰ ਨੇ ਇਸ ਕਾਨੂੰਨ ਨੂੰ 1 ਜੁਲਾਈ ਤੋਂ ਲਾਗੂ ਤਾਂ ਕਰ ਲਿਆ ਹੈ, ਪਰ ਇਸ ਪ੍ਰਤੀ ਸੁਹਿਰਦਤਾ ਕਿਤੇ ਨਜ਼ਰ ਨਹੀਂ ਆ ਰਹੀ ਹੈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਇਸਤਰੀ ਸਭਾ ਦੀ ਜ਼ਿਲ੍ਹਾ ਆਗੂ ਬਲਜੀਤ ਕੌਰ ਗਦਾਈਆ ਪਿੰਡ ਦੀ ਨਰੇਗਾ ਆਗੂ ਮਨਪ੍ਰੀਤ ਕੌਰ ਨੇ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਦਾ ਪਾਲਣ ਪੋਸ਼ਣ ਕਰਨ, ਇਸ ਕਾਨੂੰਨ ਨੂੰ ਲਾਗੂ ਕਰਵਾਉਣ ਲਈ ਸਾਰੇ ਪਿੰਡਾਂ ਦੇ ਕਿਰਤੀਆਂ ਨੂੰ ਕੰਮ ਮੰਗ ਲਈ ਅਰਜ਼ੀਆਂ ਦਰਜ ਕਰਵਾਉਣੀਆਂ ਪੈਣਗੀਆਂ ਤੇ ਕੰਮ ਜਾਂ ਬੇਰੁਜ਼ਗਾਰੀ ਭੱਤੇ ਦੀ ਪ੍ਰਾਪਤੀ ਲਈ ਅੰਦੋਲਨ ਤਿੱਖਾ ਕਰਨਾ ਹੋਵੇਗਾ।

## ਕਾਤਰਾਂ

### ਬੀ ਐੱਲ ਓ ਅਸ਼ਵਨੀ ਕੁਮਾਰ 'ਤੇ ਹਮਲਾ



**ਮਲੋਟ (ਰਜਿੰਦਰ ਜੁਨੇਜਾ)**-ਨੇੜਲੇ ਪਿੰਡ ਕੰਗਣਖੇੜਾ ਵਿਖੇ ਡਿਊਟੀ ਨਿਭਾ ਰਹੇ ਬੂਥ ਲੈਵਲ ਅਫ਼ਸਰ (ਬੀ.ਐੱਲ.ਓ.) ਅਸ਼ਵਨੀ ਕੁਮਾਰ 'ਤੇ ਕੁਝ ਵਿਅਕਤੀਆਂ ਵੱਲੋਂ ਹਮਲਾ ਕਰਨ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਇਸ ਹਮਲੇ ਦੌਰਾਨ ਗੰਭੀਰ ਜ਼ਖ਼ਮੀ ਹੋਏ ਅਸ਼ਵਨੀ ਕੁਮਾਰ ਨੂੰ ਤੁਰੰਤ ਹਸਪਤਾਲ ਦਾਖ਼ਲ ਕਰਵਾਇਆ ਗਿਆ, ਜਿੱਥੇ ਉਹ ਜ਼ੇਰੇ ਇਲਾਜ ਹਨ।ਸੂਤਰਾਂ ਅਨੁਸਾਰ ਇਹ ਮਾਮਲਾ ਵੋਟਾਂ ਕਟਵਾਉਣ ਨੂੰ ਲੈ ਕੇ ਰੱਖੀ ਗਈ ਖੁੰਦਕ ਅਤੇ ਸਿਆਸੀ ਰੰਜਿਸ਼ ਨਾਲ ਜੁੜਿਆ ਹੋਇਆ ਦੱਸਿਆ ਜਾ ਰਿਹਾ ਹੈ।ਥਾਣਾ ਕਬਰਵਾਲਾ ਦੇ ਐੱਸ.ਐੱਚ.ਓ. ਵਰੁਣ ਯਾਦਵ ਨੇ ਦੱਸਿਆ ਕਿ ਪੁਲਸ ਵੱਲੋਂ ਇਸ ਮਾਮਲੇ ਦੀ ਗੰਭੀਰਤਾ ਨਾਲ ਪੜਤਾਲ ਕੀਤੀ ਜਾ ਰਹੀ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਜਲਦ ਹੀ ਦੋਸ਼ੀਆਂ ਦੀ ਪਛਾਣ ਕਰਕੇ ਉਨ੍ਹਾਂ ਵਿਰੁੱਧ ਬਣਦੀ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

### ਕੇ. ਐੱਲ. ਗਰਗ ਦੇ ਵਿਛੋੜੇ 'ਤੇ ਦੁੱਖ ਦਾ ਪ੍ਰਗਟਾਵਾ



**ਜ਼ੀਰਾ (ਨਰਿੰਦਰ ਅਨੇਜਾ)**-ਬੀਤੇ ਦਿਨੀਂ ਸਾਹਿਤ ਸਭਾ ਜ਼ੀਰਾ ਦੀ ਵਿਸ਼ੇਸ਼ ਮੀਟਿੰਗ ਸਭਾ ਦੇ ਪ੍ਰਧਾਨ ਦਲਜੀਤ ਰਾਏ ਕਾਲੀਆ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੰਜਾਬੀ ਦੇ ਸਰਬਾਂਗੀ ਲੇਖਕ ਕੇ. ਐੱਲ. ਗਰਗ ਦੇ ਦੇਹਾਂਤ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਕੇ. ਐੱਲ. ਗਰਗ ਸਾਹਿਬ ਇੱਕੋ ਸਮੇਂ ਵਿਅੰਗਕਾਰ, ਕਹਾਣੀਕਾਰ, ਨਾਵਲਕਾਰ, ਸਫਰਨਾਮਾਕਾਰ ਤੇ ਸਮਰੱਥ ਵਾਰਤਕ ਲਿਖਾਰੀ ਸਨ।ਆਪਣੇ ਜੀਵਨ ਕਾਲ ਉਨ੍ਹਾਂ ਨੇ 100 ਤੋਂ ਵਧੇਰੇ ਪੁਸਤਕਾਂ ਸਾਹਿਤ ਦੀ ਝੋਲੀ ਪਾਈਆਂ। ਸ਼ੋਕ ਮੀਟਿੰਗ ਵਿੱਚ ਉੱਘੇ ਲੇਖਕ ਗੁਰਚਰਨ ਸਿੰਘ ਨੂਰਪੁਰ, ਲੈਕਚਰਾਰ ਨਰਿੰਦਰ ਸਿੰਘ ਥਿੰਦ, ਮੇਜਰ ਸਿੰਘ ਸੰਧੂ, ਮੁਖਤਿਆਰ ਸਿੰਘ ਬਰਾੜ, ਪਰਮਜੀਤ ਵਿਦਿਆਰਥੀ, ਕਾਲਾ ਬੇਰੀ ਵਾਲਾ, ਪ੍ਰਤਾਪ ਸਿੰਘ ਹੀਰਾ, ਸੁਖਰਾਜ ਸਿੰਘ ਜ਼ੀਰਾ, ਹਰੀ ਦਾਸ ਚੌਹਾਨ, ਪ੍ਰਿਤਪਾਲ ਸਿੰਘ ਮਣਕੂ, ਰੱਬੀ ਸ਼ਾਇਰ, ਜਸਵੰਤ ਸਿੰਘ ਭੱਟੀ, ਬਲਜੀਤ ਬਾਦਸ਼ਾਹ ਆਦਿ ਸ਼ਾਮਲ ਸਨ।

### ਬੇਕਾਬੂ ਕੈਂਟਰ ਸ਼ਰਾਬ ਦੇ ਠੇਕੇ 'ਚ ਵੜਿਆ, ਇੱਕ ਜ਼ਖ਼ਮੀ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਸਥਾਨਕ ਕੱਕੜਵਾਲ ਚੌਕ ਵਿਖੇ ਬੀਤੀ ਦੇਰ ਰਾਤ ਦੋ ਵਾਹਨਾਂ ਦੀ ਹੋਈ ਟੱਕਰ ਉਪਰੰਤ ਇੱਕ ਬੇਕਾਬੂ ਕੈਂਟਰ ਸੜਕ ਕਿਨਾਰੇ ਸਥਿਤ ਸ਼ਰਾਬ ਦੇ ਠੇਕੇ ਵਿੱਚ ਜਾ ਵੜਿਆ, ਜਦਕਿ ਦੂਜਾ ਵਾਹਨ ਬੇਕਾਬੂ ਹੋ ਕੇ ਦਰੱਖਤ ਨਾਲ ਜਾ ਟਕਰਾਇਆ।ਇਸ ਹਾਦਸੇ ਵਿੱਚ ਜਾਨੀ ਨੁਕਸਾਨ ਤੋਂ ਬਚਾਅ ਰਿਹਾ, ਜਦਕਿ ਪਿਕਅੱਪ ਦਾ ਚਾਲਕ ਜ਼ਖ਼ਮੀ ਹੋ ਗਿਆ।ਘਟਨਾ ਸਥਾਨ ਤੋਂ ਮਿਲੀ ਜਾਣਕਾਰੀ ਅਨੁਸਾਰ ਇਹ ਹਾਦਸਾ ਬੀਤੀ ਰਾਤ ਕਰੀਬ ਸਾਢੇ 11 ਵਜੇ ਉਸ ਸਮੇਂ ਵਾਪਰਿਆ, ਜਦੋਂ ਧੂਰੀ-ਸੰਗਰੂਰ ਰੋਡ 'ਤੇ ਸੰਗਰੂਰ ਵਾਲੇ ਪਾਸਿਓਂ ਆ ਰਿਹਾ ਕੈਂਟਰ ਕੱਕੜਵਾਲ ਚੌਕ ਵਿਖੇ ਬਰਨਾਲਾ ਰੋਡ ਵੱਲੋਂ ਪਿੰਡ ਕੱਕੜਵਾਲ ਵਾਲੇ ਪਾਸਿਓਂ ਆ ਰਹੀ ਇੱਕ ਪਿਕਅੱਪ ਨਾਲ ਟਕਰਾ ਗਿਆ।ਠੇਕੇ ਦੇ ਕਰਿੰਦੇ ਅਨੁਸਾਰ ਕੈਂਟਰ ਦੇ ਠੇਕੇ ਨਾਲ ਟਕਰਾਉਣ ਕਾਰਨ ਇਮਾਰਤ ਨੂੰ ਕਾਫ਼ੀ ਨੁਕਸਾਨ ਪੁੱਜਾ ਹੈ ਤੇ ਅੰਦਰ ਪਈਆਂ ਸ਼ਰਾਬ ਦੀਆਂ ਬੋਤਲਾਂ ਵੀ ਵੱਡੀ ਗਿਣਤੀ ਵਿੱਚ ਟੁੱਟ ਗਈਆਂ।ਉਸ ਨੇ ਦੱਸਿਆ ਕਿ ਮੁੱਢਲੇ ਅੰਦਾਜ਼ੇ ਅਨੁਸਾਰ ਠੇਕੇ ਦੀ ਇਮਾਰਤ ਤੇ ਸ਼ਰਾਬ ਦੇ ਸਟਾਕ ਨੂੰ ਹੋਏ ਨੁਕਸਾਨ ਦੀ ਕੀਮਤ ਕਰੀਬ 10 ਤੋਂ 12 ਲੱਖ ਰੁਪਏ ਹੋਣ ਦਾ ਖ਼ਦਸ਼ਾ ਹੈ।

# ਭਗਤ ਸਿੰਘ ਵਿਗਿਆਨਕ ਸਮਾਜਵਾਦ ਦੇ ਮੋਢੀ ਸਨ : ਕਾਮਰੇਡ ਸੁਵਰਨ ਵਿਰਕ

**ਅੰਮ੍ਰਿਤਸਰ ਕਲਾਂ ਵਿਖੇ ਪਰਮਗੁਣੀ ਭਗਤ ਸਿੰਘ ਤੇ ਮਹਾਤਮਾ ਗਾਂਧੀ ਦੇ ਜਨਮ ਦਿਹਾੜੇ ਦੇ ਸਬੰਧ 'ਚ ਵਿਚਾਰ ਗੋਸ਼ਟੀ**



**ਸਿਰਸਾ (ਜਗਤਾਰ ਸਮਾਲਸਰ)**-ਹਲਕੇ ਦੇ ਪਿੰਡ ਅੰਮ੍ਰਿਤਸਰ ਕਲਾਂ ਵਿੱਚ ਅੱਜ ਸੀਪੀਆਈ ਵੱਲੋਂ ਪਰਮਗੁਣੀ ਭਗਤ ਸਿੰਘ ਤੇ ਮਹਾਤਮਾ ਗਾਂਧੀ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਕਾਮਰੇਡ ਹਰਦੇਵ ਸਿੰਘ ਸੰਧੂ, ਦਲਜੀਤ ਸਿੰਘ ਵਿਰਕ ਤੇ ਡਾ. ਸੁਖਦੇਵ ਸਿੰਘ ਜੰਮੂ ਦੀ ਪ੍ਰਧਾਨਗੀ ਹੇਠ ਇੱਕ ਵਿਚਾਰ ਗੋਸ਼ਟੀ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਸੀਨੀਅਰ ਸੀਪੀਆਈ ਨੇਤਾ ਕਾਮਰੇਡ ਸੁਵਰਨ ਸਿੰਘ ਵਿਰਕ ਨੇ ਅਜ਼ਾਦੀ ਸੰਗਰਾਮ ਵਿੱਚ ਭਗਤ ਸਿੰਘ ਦੀ ਭੂਮਿਕਾ ਬਾਰੇ ਚਰਚਾ ਕੀਤੀ।

ਉਨ੍ਹਾਂ ਕਿਹਾ ਕਿ ਭਗਤ ਸਿੰਘ ਵਿਗਿਆਨਕ ਸਮਾਜਵਾਦ ਦੇ ਮੋਢੀ ਸਨ ਤੇ ਅਜ਼ਾਦੀ ਸੰਗਰਾਮ ਵਿੱਚ ਨੌਜਵਾਨਾਂ ਨੂੰ ਵੱਡੇ ਪੱਧਰ 'ਤੇ ਲਾਮਬੰਦ ਕਰਨ ਵਿੱਚ ਉਨ੍ਹਾਂ ਦੀ ਭੂਮਿਕਾ ਅਹਿਮ ਰਹੀ।ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੇ ਸੀਨੀਅਰ ਵਕੀਲ ਕਾਮਰੇਡ ਅਸ਼ਵਨੀ ਬਖਸ਼ੀ ਨੇ ਮਹਾਤਮਾ ਗਾਂਧੀ ਤੇ ਭਗਤ ਸਿੰਘ ਨੂੰ ਇੱਕ ਦੂਜੇ ਦੇ ਪੂਰਕ ਦੱਸਿਆ ਫਿਰਕਾਪ੍ਰਸਤੀ ਵਿਰੁੱਧ ਲੜਾਈ ਵਿੱਚ ਗਾਂਧੀ ਦੇ ਵਿਚਾਰਾਂ ਨੂੰ ਉਜਾਗਰ ਕੀਤਾ।ਉਨ੍ਹਾਂ ਕਿਹਾ ਕਿ ਜਗੀਰੂ ਤੇ ਸ਼ੋਸ਼ਣ ਕਰਨ ਵਾਲੀਆਂ ਤਾਕਤਾਂ ਫਿਰਕੂ ਤਾਕਤਾਂ ਦੀਆਂ ਸਰਪ੍ਰਸਤ ਸਨ।ਗਾਂਧੀ ਜੀ ਨੇ ਆਪਣਾ ਸਾਰਾ ਜੀਵਨ ਸਾਮਰਾਜਵਾਦ ਦੇ ਚੁੰਗਲ ਤੋਂ ਆਜ਼ਾਦੀ ਲਈ ਤੇ ਫਿਰਕਾਪ੍ਰਸਤੀ ਵਿਰੁੱਧ ਲੜਦਿਆਂ ਬਿਤਾਇਆ।ਅੱਜ ਭਾਰਤ ਵਿੱਚ ਫਿਰਕਾਪ੍ਰਸਤੀ ਤਾਕਤਾਂ ਨੂੰ ਗਾਂਧੀ ਦੀ ਵਿਚਾਰਧਾਰਾ ਰੜਕ ਰਹੀ ਹੈ। ਹਰਿਆਣਾ ਦੇ ਸਾਬਕਾ ਹੈ।ਸੀਪੀਆਈ ਪਾਰਟੀ ਅਹੁਦੇਦਾਰ ਪ੍ਰਿਤਪਾਲ ਸਿੰਘ ਸਿੱਧੂ ਨੇ ਕਿਸਾਨ ਆਗੂ ਕਾਮਰੇਡ ਜੋ ਚੰਦ ਸਹਾਰਨੀ, ਮਜ਼ਦੂਰ ਆਗੂ ਕਾਮਰੇਡ ਜਗਜੀਤ ਮੰਡੀ ਡੱਬਵਾਲੀ ਤੇ ਕਰੀਵਾਲਾ ਸ਼ਹਿਰ ਕਾਮਰੇਡ ਮੋਹਣ ਸਿੰਘ ਰੰਧਾਵਾ ਦੀ ਧਰਮ ਪਤਨੀ ਬੀਬੀ ਸੁਰਿੰਦਰ ਕੌਰ ਦੇ ਦੇਹਾਂਤ 'ਤੇ ਇੱਕ ਸ਼ੋਕ ਮਤਾ ਪਾਸ ਕੀਤਾ।ਇਸ ਮੌਕੇ ਨੌਜਵਾਨ ਆਗੂ (ਗੋਰਾ) ਸੁਰਦ ਦੇ ਇਲਾਵਾ ਕਾਮਰੇਡ ਸਰਬਜੀਤ ਸਿੱਧੂ, ਡਾ: ਗੁਰਪ੍ਰੀਤ ਸਿੱਧਰਾ, ਮਨਜੀਤ ਸਿੰਘ ਰੰਜਰਾ, ਹਰਜਿੰਦਰ ਸਿੰਘ ਡੋਗੂ, ਕਾਮਰੇਡ ਗੁਰਦੀਪ ਸਿੰਘ, ਕਾਮਰੇਡ ਬਲਦੇਵ ਸਿੰਘ ਬਰਾੜ, ਹਰਦੇਵ ਜੋਸ਼, ਪਾਲਾ ਸਿੰਘ ਚੀਮਾ, ਕ੍ਰਿਪਾਲ ਸਿੰਘ ਚੀਮਾ, ਰਤਨ ਸਿੰਘ ਨਕੌੜਾ, ਜਸਵੀਰ ਸਿੰਘ ਰੰਧਾਵਾ, ਅਰਮਾਨ ਗਿੱਲ, ਸਤਪਾਲ ਸਿੰਘ, ਕਾਮਰੇਡ ਪਾਲ ਸਿੰਘ ਰਾਣੀਆ, ਮੋਹਨ ਸਿੰਘ ਟਪਿਆਲਾ, ਕਾਮਰੇਡ ਮਿਲਖ ਰਾਜ, ਸਤਪਾਲ ਧਨੂਰ, ਤ੍ਰਿਲੋਚਨ ਸਿੰਘ, ਸੇਵਾ ਸਿੰਘ, ਬਲਰਾਜ ਸਿੰਘ ਵਣੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਲੋਕ ਹਾਜ਼ਰ ਸਨ।

# ਭਾਜਪਾ ਖਿਲਾਫ 8 ਨੂੰ ਮੋਗਾ 'ਚ ਹੋਵੇਗਾ ਵਿਸ਼ਾਲ ਰੋਸ ਮਾਰਚ



**ਮੋਗਾ (ਇਕਬਾਲ ਸਿੰਘ ਖਹਿਰਾ)**-ਇੰਡੀਆ ਗੱਠਜੋੜ ਦੇ ਸੱਦੇ 'ਤੇ ਚੋਣ ਕਮਿਸ਼ਨ ਦੇ ਮੁੱਦੇ 'ਤੇ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਕਾਂਗਰਸ, ਭਾਰਤੀ ਕਮਿਊਨਿਸਟ ਪਾਰਟੀ ਅਤੇ ਸਿਵਲ ਸੁਸਾਇਟੀ ਮੋਗਾ ਦੇ ਅਹੁਦੇਦਾਰਾਂ ਨੇ ਹਿੱਸਾ ਲਿਆ।ਮੀਟਿੰਗ ਦੀ ਪ੍ਰਧਾਨਗੀ ਸੀ. ਪੀ. ਆਈ. ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ ਨੇ ਕੀਤੀ।ਇਸ ਮੌਕੇ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਰਾਜ ਸਿੰਘ ਖਾਲੀ, ਕਾਮਰੇਡ ਕੁਲਦੀਪ ਸਿੰਘ ਭੋਲਾ ਅਤੇ ਅਜੇ ਪਾਰਟੀ ਦੇ ਸਕੱਤਰ ਗਿੱਲ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਐੱਸ ਆਈ ਆਰ. ਦਾ ਸਹਾਰਾ ਲੈ ਕੇ ਭਾਜਪੀ ਸਰਕਾਰ ਨੇ 13 ਕਰੋੜ ਲੋਕਾਂ ਕੋਲੋਂ ਵੋਟ ਦਾ ਹੱਕ ਖੋਹ ਲਿਆ ਹੈ।ਦੇਸ਼ ਵਿੱਚ ਈਵੀਐੱਮ ਦੀ ਦੁਰਵਰਤੋਂ ਨਾਲ ਲਗਾਤਾਰ ਸੂਬਾਈ ਸਰਕਾਰਾਂ 'ਤੇ ਕਬਜ਼ਾ ਕੀਤਾ ਜਾ ਰਿਹਾ ਅਤੇ ਭਾਜਪਾ ਹਰ ਹਰਬਾ ਵਰਤ ਕੇ ਹਮੇਸ਼ਾ ਲਈ ਸੱਤਾ ਵਿੱਚ ਰਹਿਣ ਦੀ ਨੀਤੀ 'ਤੇ ਚੱਲ ਰਹੀ ਹੈ। ਇੰਡੀਅਨ ਐਕਸਪ੍ਰੈੱਸ ਦੀ ਪੱਤਰਕਾਰ ਦੇ ਕੀਤੇ ਖੁਲਾਸਿਆਂ ਨਾਲ ਭਾਜਪਾ ਦੀ ਇਸ ਸਾਜ਼ਿਸ਼ ਦਾ ਭਾਂਡਾ ਫੁੱਟ ਗਿਆ ਹੈ।ਉਪਰੋਕਤ ਆਗੂਆਂ ਨੇ ਕਿਹਾ ਕਿ ਚੋਣ ਕਮਿਸ਼ਨਰ ਗਿਆਨੇਸ਼ ਵੱਲੋਂ ਰਚੀ ਜਾ ਰਹੀ ਸਾਜ਼ਿਸ਼ ਵਿਰੁੱਧ ਇੰਡੀਆ ਗਠਜੋੜ ਵੱਲੋਂ ਅੰਦੋਲਨ ਦਾ ਆਗਾਜ਼ ਕਰ ਦਿੱਤਾ ਗਿਆ ਹੈ।ਆਗੂਆਂ ਨੇ ਕਿਹਾ ਕਿ ਇਸੇ ਕੜੀ ਤਹਿਤ ਮੋਗਾ ਵਿਖੇ 8 ਅਕਤੂਬਰ ਨੂੰ ਵਿਸ਼ਾਲ ਰੋਸ ਮਾਰਚ ਕਰਨ ਦਾ ਫੈਸਲਾ ਕੀਤਾ ਗਿਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਸਾਰੇ ਦੇਸ਼ ਵਿੱਚ ਘੋਲ ਨੂੰ ਤਿੱਖਾ ਕੀਤਾ ਜਾਵੇਗਾ।ਆਗੂਆਂ ਨੇ ਦੱਸਿਆ ਕਿ ਇਸ ਸੰਬੰਧ ਵਿੱਚ ਪੰਜ ਅਕਤੂਬਰ ਨੂੰ ਕਾਂਗਰਸ ਪਾਰਟੀ ਦੇ ਦਫ਼ਤਰ ਵਿੱਚ ਸਵੇਰੇ 11 ਵਜੇ ਪ੍ਰੈੱਸ ਕਾਨਫਰੰਸ ਕੀਤੀ ਜਾਵੇਗੀ।

ਇਸ ਮੌਕੇ ਸਾਬਕਾ ਵਿਧਾਇਕ ਸਾਥੀ ਵਿਜੇ ਕੁਮਾਰ, ਪ੍ਰਿੰਸੀਪਲ ਪੂਰਨ ਸਿੰਘ ਸੰਧੂ, ਇੰਦਰਜੀਤ ਸਿੰਘ ਬੀੜ ਚੜਿੱਕ, ਕਾਮਰੇਡ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਡਾ. ਇੰਦਰਬੀਰ ਗਿੱਲ, ਗੁਰਦਿੱਤ ਦੀਨਾ, ਜਗਸੀਰ ਖੋਸਾ, ਹਰਪ੍ਰੀਤ ਹੈਪੀ, ਮਹਿੰਦਰ ਪਾਲ ਲੂੰਬਾ, ਅਮਰਜੀਤ ਜੱਸਲ, ਮਨਿੰਦਰ ਸਿੰਘ ਬੇਦੀ, ਅਮਨਦੀਪ ਅਨੇਜਾ ਅਤੇ ਲੱਕੀ ਗਿੱਲ ਆਦਿ ਆਗੂ ਹਾਜ਼ਰ ਸਨ।

# ਵਿਧਾਇਕ ਮੌੜ ਨੂੰ ਪਾਰਟੀ 'ਚੋਂ ਖਾਰਜ ਕਰਨ 'ਤੇ ਹਲਕੇ ਦੇ ਲੋਕਾਂ ਵੱਲੋਂ ਮੁੱਖ ਮੰਤਰੀ ਦਾ ਧੰਨਵਾਦ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਵਿਧਾਨ ਸਭਾ ਹਲਕਾ ਮੌੜ ਦੇ ਵਿਧਾਇਕ ਸ੍ਰ. ਸੁਖਵੀਰ ਸਿੰਘ ਮਾਈਸਰਖਾਨਾ ਨੂੰ ਆਮ ਆਦਮੀ ਪਾਰਟੀ ਦੀ ਮੁਢਲੀ ਮੈਂਬਰਸ਼ਿਪ ਤੋਂ ਖਾਰਜ ਕਰਨ 'ਤੇ ਜਿੱਥੇ ਮੌੜ ਹਲਕੇ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦਾ ਭਰਵਾਂ ਸਵਾਗਤ ਕੀਤਾ, ਉੱਥੇ ਹਲਕੇ ਦੇ ਲੋਕਾਂ ਨੇ ਮੁੱਖ ਮੰਤਰੀ ਤੋਂ ਹਲਕੇ ਅੰਦਰ ਹੋਏ ਵਿਕਾਸ ਕਾਰਜਾਂ ਦੀ ਉੱਚ ਪੱਧਰੀ ਜਾਂਚ ਕਰਵਾਉਣ ਦੀ ਵੀ ਮੰਗ ਕੀਤੀ ਹੈ।ਹਲਕਾ ਵਿਧਾਇਕ ਮੌੜ ਵੱਲੋਂ ਸਿੱਖਿਆ ਕ੍ਰਾਂਤੀ ਨੂੰ ਲੈ ਕੇ ਸਰਕਾਰ ਉੱਤੇ ਚੁੱਕੇ ਸਵਾਲਾਂ ਦੇ ਜਵਾਬ ਸਬੰਧੀ ਕੌਂਸਲਰ ਗੁਰਜੀਤ ਪਾਲ ਸਿੰਘ ਗਿੰਨੀ, ਕੌਂਸਲਰ ਲਖਵੀਰ ਸਿੰਘ, ਕੌਂਸਲਰ ਕਰਮਜੀਤ ਸਿੰਘ ਰਾਣਾ, ਕੌਂਸਲਰ ਲਖਵੀਰ ਸਿੰਘ ਨਾਜੀ ਆਦਿ ਨੇ ਦੇਸ਼ ਸੇਵਕ ਅਖਬਾਰ ਦੇ ਪੱਤਰਕਾਰ ਨਾਲ ਗੱਲ ਕਰਦਿਆਂ ਕਿਹਾ ਕਿ ਜਦੋਂ ਹਲਕਾ ਵਿਧਾਇਕ ਵੱਲੋਂ ਸਿੱਖਿਆ ਕ੍ਰਾਂਤੀ ਦੀ ਆੜ ਹੇਠ ਮੌੜ ਹਲਕੇ ਦੇ ਸਕੂਲਾਂ ਅੰਦਰ ਉਦਘਾਟਨ ਕੀਤੇ ਜਾ ਰਹੇ ਸਨ, ਉਸ ਸਮੇਂ ਵੀ ਮੌੜ ਹਲਕੇ ਦੇ ਸਕੂਲਾਂ ਅੰਦਰ ਅਧਿਆਪਕਾਂ ਦੀ ਘਾਟ ਸੀ।ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਅੰਦਰ ਉਦਘਾਟਨ ਕਰਨ ਸਮੇਂ ਹਲਕੇ ਦੇ ਲੋਕਾਂ ਨੇ ਹਲਕਾ ਵਿਧਾਇਕ ਤੋਂ ਮੰਗ ਕੀਤੀ ਸੀ ਕਿ ਸਕੂਲਾਂ ਅੰਦਰ ਅਧਿਆਪਕਾਂ ਦੀ ਘਾਟ ਨੂੰ ਪੂਰਾ ਕੀਤਾ ਜਾਵੇ ਤਾਂ ਜੋ ਸਿੱਖਿਆ ਦਾ ਮਿਆਰ ਉੱਚਾ ਚੁੱਕਿਆ ਜਾਵੇ, ਪ੍ਰੰਤੂ ਹਲਕਾ ਵਿਧਾਇਕ ਵੱਲੋਂ ਹਲਕੇ ਦੇ ਲੋਕਾਂ ਦੀ ਆਵਾਜ਼ ਨੂੰ ਨਜ਼ਰ ਅੰਦਾਜ਼ ਕੀਤਾ ਗਿਆ। ਉਨ੍ਹਾਂ ਕਿਹਾ ਕਿ ਹੁਣ ਜਦੋਂ ਹਲਕਾ ਵਿਧਾਇਕ ਦੀ ਪਾਰਟੀ ਵੱਲੋਂ ਟਿਕਟ ਕੱਟੀ ਜਾ ਰਹੀ ਹੈ ਤਾਂ ਹੁਣ ਹਲਕਾ ਵਿਧਾਇਕ ਲੋਕਾਂ ਦੇ ਹੱਕ ਵਿੱਚ ਆਵਾਜ਼ ਉਠਾਉਣ ਦੀਆਂ ਗੱਲਾਂ ਕਰ ਰਿਹਾ ਹੈ, ਜੋ ਕਿ ਮਹਿਜ਼ ਡਰਾਮਾ ਹੈ।ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਵੱਲੋਂ ਬਲਾਕ ਸੰਮਤੀ, ਜ਼ਿਲ੍ਹਾ ਪ੍ਰੀਸ਼ਦ ਤੇ ਨਗਰ ਕੌਂਸਲ ਦੀਆਂ ਚੋਣਾਂ ਦੌਰਾਨ ਜੋ ਧੱਕੇਸ਼ਾਹੀਆਂ ਕੀਤੀਆਂ ਗਈਆਂ ਸਨ, ਹਲਕੇ ਦੇ ਲੋਕ ਕਦੇ ਭੁਲਾ ਨਹੀਂ ਸਕਣਗੇ।

## ਲਰਨਿੰਗ ਲਾਇਸੰਸ ਕੈਂਪ ਭਲਕੇ

**ਜਗਰਾਉਂ (ਅਮਿਤ ਖੰਨਾ)**-ਪ੍ਰੈੱਸ ਕਲੱਬ ਜਗਰਾਉਂ ਵੱਲੋਂ 7 ਅਕਤੂਬਰ ਨੂੰ ਲਾਈਨ ਭਵਨ, ਕੱਚਾ ਕਿਲ੍ਹਾ ਜਗਰਾਉਂ ਵਿਖੇ ਲਰਨਿੰਗ ਡਰਾਈਵਿੰਗ ਲਾਇਸੰਸ ਕੈਂਪ ਲਗਾਇਆ ਜਾ ਰਿਹਾ ਹੈ।ਕੈਂਪ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਸਬੰਧੀ ਕਲੱਬ ਮੈਂਬਰਾਂ ਦੀ ਵਿਸ਼ੇਸ਼ ਬੈਠਕ ਪ੍ਰਧਾਨ ਹਰਿੰਦਰ ਸਿੰਘ ਚਾਹਲ ਦੀ ਅਗਵਾਈ ਹੇਠ ਖੰਨਾ ਸਟੂਡੀਓ ਵਿਖੇ ਹੋਈ, ਜਿਸ ਦੌਰਾਨ ਕੈਂਪ ਦੇ ਪ੍ਰਬੰਧਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਕਲੱਬ ਪ੍ਰਧਾਨ ਹਰਿੰਦਰ ਸਿੰਘ ਚਾਹਲ ਨੇ ਦੱਸਿਆ ਕਿ ਕੈਂਪ ਦੌਰਾਨ 16 ਤੋਂ 18 ਸਾਲ ਦੀ ਉਮਰ ਵਾਲੇ ਬੱਚਿਆਂ ਤੇ 18 ਸਾਲ ਤੋਂ ਵੱਧ ਉਮਰ ਦੇ ਵਿਅਕਤੀਆਂ ਦੇ ਲਰਨਿੰਗ ਡਰਾਈਵਿੰਗ ਲਾਇਸੰਸ ਬਣਾਉਣ ਦੀ ਸਹੂਲਤ ਦਿੱਤੀ ਜਾਵੇਗੀ।ਕਲੱਬ ਅਹੁਦੇਦਾਰਾਂ ਤੇ ਮੈਂਬਰਾਂ ਨੇ ਲੋਕਾਂ ਨੂੰ ਕੈਂਪ ਵਿੱਚ ਪਹੁੰਚ ਕੇ ਇਸ ਸਹੂਲਤ ਦਾ ਲਾਭ ਲੈਣ ਦੀ ਅਪੀਲ ਕੀਤੀ।

# ਜ਼ਮੀਨ, ਸੋਨਾ ਤੇ ਦਸਤਾਵੇਜ਼ ਵਾਪਸ ਕਰਵਾਉਣ ਦੀ ਮੰਗ ਨੂੰ ਲੈ ਕੇ ਕਿਸਾਨਾਂ ਵੱਲੋਂ ਧਰਨਾ

**ਮਲੋਟ-ਅਬੋਹਰ-ਫ਼ਾਜ਼ਿਲਕਾ ਤੇ ਸ੍ਰੀ ਮੁਕਤਸਰ ਸਾਹਿਬ ਮਾਰਗ ਕੀਤਾ ਜਾਮ**



**ਮਲੋਟ (ਰਜਿੰਦਰ ਜੁਨੇਜਾ)**-ਪਿੰਡ ਈਨਾ ਖੇੜਾ ਦੇ ਕਿਸਾਨ ਗੁਰਪ੍ਰੀਤ ਸਿੰਘ ਤੇ ਪ੍ਰਾਈਵੇਟ ਫਾਈਨਾਂਸਰਾਂ ਵਿਚਾਲੇ ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਚੱਲ ਰਹੇ ਵਿਵਾਦ ਦੌਰਾਨ ਜ਼ਮੀਨ, ਸੋਨਾ ਤੇ ਜ਼ਰੂਰੀ ਦਸਤਾਵੇਜ਼ ਵਾਪਸ ਕਰਵਾਉਣ ਦੀ ਮੰਗ ਲਈ ਕਿਸਾਨਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਦੀ ਅਗਵਾਈ ਹੇਠ ਸ਼ੁੱਕਰਵਾਰ ਤੋਂ ਸ਼ੁਰੂ ਹੋਇਆ ਇਹ ਧਰਨਾ ਐਤਵਾਰ ਨੂੰ ਤੀਜੇ ਦਿਨ ਵੀ ਲਗਾਤਾਰ ਜਾਰੀ ਰਿਹਾ।ਕਿਸਾਨਾਂ ਨੇ ਸ੍ਰੀ ਗੁਰੂ ਨਾਨਕ ਦੇਵ ਚੌਕ ਵਿਖੇ ਇਕੱਠੇ ਹੋ ਕੇ ਮਲੋਟ ਤੋਂ ਅਬੋਹਰ, ਫ਼ਾਜ਼ਿਲਕਾ ਤੇ ਸ੍ਰੀ ਮੁਕਤਸਰ ਸਾਹਿਬ ਵੱਲ ਜਾਣ ਵਾਲੇ ਮੁੱਖ ਮਾਰਗਾਂ 'ਤੇ ਆਵਾਜਾਈ ਪੂਰੀ ਤਰ੍ਹਾਂ ਠੱਪ ਕਰ ਦਿੱਤੀ, ਜਿਸ ਕਾਰਨ ਆਮ ਲੋਕਾਂ ਤੇ ਰਾਹਗੀਰਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ।ਸਥਿਤੀ ਨੂੰ ਕੰਟਰੋਲ ਹੇਠ ਰੱਖਣ ਲਈ ਪੁਲਸ ਪ੍ਰਸ਼ਾਸਨ ਨੇ ਬਠਿੰਡਾ ਚੌਕ ਤੋਂ ਆਵਾਜਾਈ ਨੂੰ ਬਦਲਵੇਂ ਰੂਟਾਂ ਰਾਹੀਂ ਡਾਇਵਰਟ ਕੀਤਾ।

ਪੀੜਤ ਕਿਸਾਨ ਗੁਰਪ੍ਰੀਤ ਸਿੰਘ ਅਨੁਸਾਰ ਉਸ ਨੇ 23 ਮਈ 2024 ਨੂੰ ਨਿੱਜੀ ਫਾਈਨਾਂਸਰਾਂ ਤੋਂ ਕਰੀਬ 5.50 ਲੱਖ ਰੁਪਏ ਲਏ ਸਨ।ਲਗਭਗ 8-9 ਮਹੀਨੇ ਵਿਆਜ ਭਰਨ ਤੋਂ ਬਾਅਦ ਇਹ ਰਕਮ ਵਧ ਕੇ 8.10 ਲੱਖ ਰੁਪਏ ਹੋ ਗਈ।ਉਸ ਦਾ ਦੋਸ਼ ਹੈ ਕਿ ਲੈਣ-ਦੇਣ ਦੌਰਾਨ ਫਾਈਨਾਂਸਰਾਂ ਨੇ ਉਸ ਤੋਂ ਅੱਧਾ ਕਿੱਲਾ ਜ਼ਮੀਨ ਦੀ ਰਜਿਸਟਰੀ ਕਰਵਾ ਲਈ ਤੇ ਮਗਰੋਂ ਸੁਰੱਖਿਆ ਵਜੋਂ 11 ਤੋਲੇ ਸੋਨਾ ਵੀ ਰਖਵਾ ਲਿਆ। ਇੰਨਾ ਹੀ ਨਹੀਂ, ਉਸ ਦੇ ਭਰਾ ਤੇ ਰਿਸ਼ਤੇਦਾਰਾਂ ਦੇ ਸੁਰੱਖਿਆ ਚੈੱਕਾਂ ਦੀ ਵਰਤੋਂ ਕਰਕੇ ਚੈੱਕ ਬਾਊਂਸ ਦੇ ਮੁਕੱਦਮੇ ਵੀ ਦਰਜ ਕਰਵਾ ਦਿੱਤੇ ਗਏ।ਕਿਸਾਨ ਨੇ ਦਾਅਵਾ ਕੀਤਾ ਕਿ ਜ਼ਮੀਨ, ਸੋਨਾ ਤੇ ਵੱਖ-ਵੱਖ ਭੁਗਤਾਨਾਂ ਨੂੰ ਮਿਲਾ ਕੇ ਉਸ ਦਾ ਹੁਣ ਤੱਕ ਕਰੀਬ 98 ਲੱਖ ਰੁਪਏ ਦਾ ਨੁਕਸਾਨ ਹੋ ਚੁੱਕਾ ਹੈ।ਕਿਸਾਨ ਆਗੂਆਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਕਥਿਤ ਦੋਸ਼ੀ ਫਾਈਨਾਂਸਰਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਨਹੀਂ ਹੁੰਦੀ ਤੇ ਕਿਸਾਨ ਦੀ ਜ਼ਮੀਨ, ਸੋਨਾ ਤੇ ਦਸਤਾਵੇਜ਼ ਵਾਪਸ ਨਹੀਂ ਕੀਤੇ ਜਾਂਦੇ, ਉਦੋਂ ਤੱਕ ਇਹ ਸੰਘਰਸ਼ ਜਾਰੀ ਰਹੇਗਾ।ਦੂਜੇ ਪਾਸੇ, ਪ੍ਰਸ਼ਾਸਨ ਨੇ ਧਰਨਾਕਾਰੀਆਂ ਨੂੰ ਸੜਕੀ ਆਵਾਜਾਈ ਬਹਾਲ ਕਰਨ ਦੀ ਅਪੀਲ ਕੀਤੀ ਹੈ।ਮਾਮਲੇ ਦੇ ਹੱਲ ਲਈ ਡੀ.ਐੱਸ.ਪੀ. ਮਲੋਟ ਨੇ ਦੋਵਾਂ ਧਿਰਾਂ ਨੂੰ ਸੋਮਵਾਰ ਆਪਣੇ ਦਫ਼ਤਰ ਤਲਬ ਕੀਤਾ ਹੈ।

# ਏਕਤਾ ਉਗਰਾਹਾਂ ਵੱਲੋਂ ਡੀ ਸੀ ਦਫਤਰ ਦਾ ਘਿਰਾਓ ਅੱਜ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਵੱਲੋਂ ਕਿਸਾਨੀ ਮੰਗਾਂ ਪ੍ਰਤੀ ਧਾਰੀ ਸਾਜਿਸ਼ੀ ਚੁੱਪ ਦਾ ਗੰਭੀਰ ਨੋਟਿਸ ਲੈਂਦੇ ਹੋਏ 5 ਅਕਤੂਬਰ ਨੂੰ ਡਿਪਟੀ ਕਮਿਸ਼ਨਰਾਂ ਦੇ ਘਿਰਾਓ ਦਾ ਐਲਾਨ ਕੀਤਾ ਹੈ। ਇਸ ਸਬੰਧੀ ਢੈਂਠਲ ਸਾਹਿਬ ਗੁਰਦੁਆਰਾ ਵਿਖੇ ਜਗਦੀਪ ਸਿੰਘ ਛੰਨਾ ਦੀ ਅਗਵਾਈ ਹੇਠ ਮੀਟਿੰਗ ਹੋਈ, ਜਿਸ ਵਿੱਚ ਜ਼ਿਲ੍ਹਾ ਬਲਾਕ ਆਗੂਆਂ ਨੇ ਹਿੱਸਾ ਲਿਆ। ਸੁਖਮਿੰਦਰ ਸਿੰਘ ਜਨਰਲ ਸਕੱਤਰ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਤੇ ਭਗਵੰਤ ਮਾਨ ਸਰਕਾਰ ਵੱਲੋਂ ਮੰਗਾਂ ਮੰਨਣ ਦੀ ਥਾਂ ਸਮਾਂ ਲੰਘਾਇਆ ਜਾ ਰਿਹਾ ਹੈ, ਜਿੱਥੇ ਮੋਦੀ ਸਰਕਾਰ ਐੱਮ.ਐੱਸ.ਪੀ. ਦੀ ਗਰੰਟੀ ਕਾਨੂੰਨ ਨਾ ਬਣਾ ਕੇ, ਬਿਜਲੀ ਬਿੱਲ, ਬੀਜ ਬਿੱਲ, ਮਨਰੇਗਾ ਦੀ ਥਾਂ ਜੀ ਰਾਮ ਜੀ, ਸਕੀਮ ਲਿਆ ਕੇ ਕਿਰਤੀ ਲੋਕਾਂ ਦੇ ਹੱਕਾਂ 'ਤੇ ਛਾਪਾ ਮਾਰ ਰਹੀ ਹੈ।ਕਾਲੇ ਕਾਨੂੰਨ ਤੇ ਕਿਰਤ ਕੋਡ ਲਾਗੂ ਕਰਕੇ ਲੜਦੇ ਲੋਕਾਂ ਦੀ ਸੰਘੀ ਨਪ ਰਹੀ ਹੈ, ਉੱਥੇ ਪੰਜਾਬ ਸਰਕਾਰ ਵਲੋਂ ਫਸਲਾਂ ਤੇ ਹੜਾਂ ਦਾ ਮੁਆਵਜਾ ਦੇਣ, ਅਬਾਦਕਾਰਾਂ ਦੇ ਮਾਲਕੀ ਹੱਕ ਦੇਣ, ਕਰਜ਼ਾ ਮੁਆਫੀ ਖੇਤੀ ਨੀਤੀ ਬਣਾਉਣ ਸਬੰਧੀ ਖਾਮੋਸ਼ੀ ਧਾਰਨ ਕਰੀ ਬੈਠੀ ਹੈ।ਜਥੇਬੰਦੀ ਨੇ ਮੰਗ ਕੀਤੀ ਕਿ ਸਰਕਾਰ ਗੱਲਬਾਤ ਕਰਕੇ ਕਿਸਾਨੀ ਮੰਗਾਂ ਦਾ ਨਿਪਟਾਰਾ ਕਰੇ।ਮੀਟਿੰਗ ਵਿੱਚ ਜ਼ਿਲ੍ਹਾ ਖਜ਼ਾਨਚੀ ਜਗਮੇਲ ਸਿੰਘ ਗਾਜੇਵਾਸ, ਸੰਗਠਨ ਸਕੱਤਰ ਬਲਰਾਜ ਜੋਸ਼ੀ, ਬਲਾਕ ਦੇ ਪ੍ਰਧਾਨ ਅਮਰੀਕ ਸਿੰਘ ਘੱਗਾ, ਪ੍ਰੇਮ ਲਲੋਛੀ, ਭਰਭੂਰ ਸਿੰਘ ਗਾਜੇਵਾਸ, ਹਰਦੀਪ ਸਿੰਘ ਡਰੌਲੀ, ਜਸਵਿੰਦਰ ਸਿੰਘ ਸਾਲੂਵਾਲ ਤੋਂ ਇਲਾਵਾ ਹੋਰ ਆਗੂ ਮੌਜੂਦ ਸਨ।

# ਪ੍ਰਗਟ ਸਿੰਘ ਦੇ ਪ੍ਰਧਾਨ ਬਣਨ 'ਤੇ ਦਰਸ਼ਨ ਬਰਾੜ ਦਾ ਧੜਾ ਬਾਗੋ-ਬਾਗ

**'ਬਰਾੜ ਜੋੜੀ' ਦੇ ਦਫਤਰ 'ਚ ਆਪ-ਮੁਹਾਰੇ ਪੁੱਜੇ ਸਮਰਥਕ, ਮੂੰਹ ਮਿੱਠਾ ਕਰਵਾ ਕੇ ਦਿੱਤੀ ਇਕ-ਦੂਜੇ ਨੂੰ ਵਧਾਈ**



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਪ੍ਰਦੇਸ਼ ਕਾਂਗਰਸ ਦੀ ਕਮਾਂਡ ਕਾਂਗਰਸ ਹਾਈਕਮਾਂਡ ਵੱਲੋਂ ਵਿਧਾਇਕ ਪ੍ਰਗਟ ਸਿੰਘ ਦੇ ਹੱਥ ਸੌਂਪਣ ਦੇ ਬਾਅਦ ਹਲਕਾ ਬਾਘਾ ਪੁਰਾਣਾ ਦੇ ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ ਤੇ ਉਨ੍ਹਾਂ ਦੇ ਫਰਜੰਦ ਕਮਲਜੀਤ ਸਿੰਘ ਬਰਾੜ ਅਤੇ ਉਨ੍ਹਾਂ ਦੇ ਸਮਰਥਕਾਂ ਵੱਲੋਂ ਹਲਕੇ ਅੰਦਰ ਜਸ਼ਨ ਮਨਾਏ ਜਾ ਰਹੇ ਹਨ।ਸਥਾਨਕ ਸ਼ਹਿਰ ਦੇ ਨਿਹਾਲ ਸਿੰਘ ਵਾਲਾ ਰੋਡ ਉਪਰ ਸਥਿਤ ਸੁਭਾਸ਼ ਮੰਡੀ ਵਿਖੇ ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ ਦੇ ਦਫਤਰ ਵਿਖੇ ਵੱਡੀ ਗਿਣਤੀ ਵਿੱਚ ਆਪ ਮੁਹਾਰੇ ਪੁੱਜ ਕੇ ਉਨ੍ਹਾਂ ਦੇ ਸਮਰਥਕਾਂ ਨੇ ਦਰਸ਼ਨ ਸਿੰਘ ਬਰਾੜ ਤੇ ਉਨ੍ਹਾਂ ਦੇ ਸਪੁੱਤਰ ਕਮਲਜੀਤ ਸਿੰਘ ਬਰਾੜ ਦਾ ਮੂੰਹ ਮਿੱਠਾ ਕਰਵਾ ਕੇ ਜਿੱਥੇ ਵਧਾਈ ਦਿੱਤੀ, ਉੱਥੇ ਲੱਡੂ ਵੰਡ ਇਕ ਦੂਜੇ ਨੂੰ ਵਧਾਈ ਦਿੱਤੀ।ਇਸ ਮੌਕੇ ਸੁਭਾਸ਼ ਮੰਡੀ ਵਿੱਚ ਕਾਂਗਰਸੀ ਵਰਕਰਾਂ ਦਾ ਵੱਡਾ ਇਕੱਠ ਹੋਇਆ, ਜਿੱਥੇ ਪਾਰਟੀ ਵਰਕਰਾਂ ਵੱਲੋਂ ਨਵ-ਨਿਯੁਕਤ ਪੰਜਾਬ ਕਾਂਗਰਸ ਪ੍ਰਧਾਨ ਨੂੰ ਵਧਾਈਆਂ ਦਿੱਤੀਆਂ ਗਈਆਂ ਤੇ ਲੱਡੂ ਵੰਡ ਕੇ ਖੁਸ਼ੀ ਸਾਂਝੀ ਕੀਤੀ ਗਈ।

ਇਸ ਮੌਕੇ ਦਰਸ਼ਨ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਅਗਵਾਈ ਲਈ ਪਰਗਟ ਸਿੰਘ ਨੂੰ ਜ਼ਿੰਮੇਵਾਰੀ ਮਿਲਣਾ ਪਾਰਟੀ ਲਈ ਮਹੱਤਵਪੂਰਨ ਮੌਕਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਆਗੂਆਂ ਤੇ ਵਰਕਰਾਂ ਦਾ ਆਪਸੀ ਤਾਲਮੇਲ ਤੇ ਇਕਜੁੱਟਤਾ ਬਹੁਤ ਜ਼ਰੂਰੀ ਹੈ।ਉਨ੍ਹਾਂ ਪ੍ਰਗਟ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁੱਭ-ਕਾਮਨਾਵਾਂ ਦਿੰਦਿਆਂ ਉਮੀਦ ਪ੍ਰਗਟ ਕੀਤੀ ਕਿ ਉਹ ਪਾਰਟੀ ਨੂੰ ਮਜ਼ਬੂਤ ਕਰਨ ਲਈ ਆਪਣੀ ਭੂਮਿਕਾ ਨਿਭਾਉਣਗੇ।ਇਸੇ ਦੌਰਾਨ ਕਮਲਜੀਤ ਸਿੰਘ ਬਰਾੜ ਨੇ ਵੀ ਪ੍ਰਗਟ ਸਿੰਘ ਦੀ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੇ ਵਰਕਰਾਂ 'ਚ ਨਵੀਂ ਜ਼ਿੰਮੇਵਾਰੀ ਨੂੰ ਲੈ ਕੇ ਉਤਸ਼ਾਹ ਹੈ।ਇਸ ਮੌਕੇ ਸਾਬਕਾ ਸਰਪੰਚ ਬੰਬੀਹਾ ਭਾਈ, ਜਗਸੀਰ ਗਰਗ, ਮੇਜਰ ਸਿੰਘ ਰਾਜੇਆਣਾ ਸਾਬਕਾ ਸਰਪੰਚ, ਅਜੇ ਗਰਗ, ਪਵਨਦੀਪ ਸਿੰਘ ਡੇਮਰੂ ਸਾਬਕਾ ਸਰਪੰਚ, ਤੇਜਾ ਸਿੰਘ, ਬਲਵਿੰਦਰ ਸਿੰਘ ਚੀਦਾ ਸਾਬਕਾ ਸਰਪੰਚ, ਨਿਰਮਲ ਨੰਬਰਦਾਰ, ਮਨਵੀਰ ਸਿੰਘ ਬਰਾੜ ਲੱਗੇਆਣਾ, ਬੱਬੂ ਨੱਥੂਵਾਲਾ, ਛਿੰਦਾ ਸਿੰਘ, ਦਰਸ਼ਨ ਮਾਸਟਰ, ਲਖਵੀਰ ਸਿੰਘ ਪ੍ਰਧਾਨ, ਜੋਗਿੰਦਰ ਸਿੰਘ, ਜੰਗੀਰ ਸਿੰਘ, ਜੱਗੂ ਸਰਪੰਚ ਚੌਧਰੀਵਾਲਾ, ਇਕਬਾਲ ਸਿੰਘ ਬਰਾੜ ਬਾਘਾ ਪੁਰਾਣਾ, ਗੁਰਤੇਜ ਸਿੰਘ ਸਾਬਕਾ ਸਰਪੰਚ ਮਾੜੀ ਮੁਸਤਫ਼ਾ, ਰਾਮ ਲਾਲ, ਗੁਰਨੂਰ ਮਾੜੀ ਦੇ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

# ਅਕਾਲੀ ਦਲ ਗਰੀਬਾਂ ਲਈ ਬੇਹਤਰ ਭਲਾਈ ਨੀਤੀਆਂ ਲਿਆਵੇਗਾ : ਕਲੇਰ



**ਜਗਰਾਉਂ (ਨਛੱਤਰ ਸੰਧੂ)**-ਵਿਧਾਨ ਸਭਾ ਹਲਕਾ ਜਗਰਾਉਂ ਦੇ ਸਰਕਲ ਗਾਲਿਬ ਅਧੀਨ ਪੈਂਦੇ ਵੱਖ-ਵੱਖ ਪਿੰਡਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਪਾਰਟੀ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਵੱਲੋਂ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਪਿੰਡ ਗਾਲਿਬ ਕਲਾਂ ਵਿਖੇ ਵੱਡੀ ਮੀਟਿੰਗ ਹੋਈ, ਜਿਸ ਵਿੱਚ ਪਾਰਟੀ ਦੇ ਅਹੁਦੇਦਾਰਾਂ, ਵਰਕਰਾਂ ਅਤੇ ਇਲਾਕੇ ਦੇ ਮੋਹਤਵਾਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕਲੇਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਘਰ-ਘਰ ਜਾ ਕੇ ਲੋਕਾਂ ਨੂੰ ਇਹ ਕਹਿ ਕੇ ਭੰਬਲਭੂਸੇ ਵਿੱਚ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਸਰਕਾਰ ਬਦਲਣ ਨਾਲ ਉਨ੍ਹਾਂ ਨੂੰ ਮਿਲ ਰਹੀਆਂ ਸਕੀਮਾਂ ਬੰਦ ਹੋ ਜਾਣਗੀਆਂ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਅਜਿਹੀਆਂ ਗੱਲਾਂ ਤੋਂ ਘਬਰਾਉਣ ਦੀ ਲੋੜ ਨਹੀਂ ਅਤੇ ਸ਼੍ਰੋਮਣੀ ਅਕਾਲੀ ਦਲ ਗਰੀਬ ਅਤੇ ਲੋੜਵੰਦ ਵਰਗ ਲਈ ਇਸ ਤੋਂ ਵੀ ਬਿਹਤਰ ਲੋਕ ਭਲਾਈ ਦੀਆਂ ਨੀਤੀਆਂ ਲਿਆਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਆਪਣੇ ਪਿਛਲੇ ਕਾਰਜਕਾਲਾਂ ਦੌਰਾਨ ਗਰੀਬ ਅਤੇ ਆਮ ਪਰਿਵਾਰਾਂ ਦੀ ਭਲਾਈ ਲਈ ਕਈ ਕੰਮ ਕੀਤੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਵੱਲੋਂ ਲੋਕ ਭਲਾਈ ਸਬੰਧੀ ਹੋਰ ਵੱਡੇ ਐਲਾਨ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਅੱਜ ਲੋਕਾਂ ਨੂੰ ਆਪਣੇ ਛੋਟੇ-ਛੋਟੇ ਕੰਮ ਕਰਵਾਉਣ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਲਗਾਉਣੇ ਪੈ ਰਹੇ ਹਨ । ਉਨ੍ਹਾਂ ਕਿਹਾ ਕਿ ਲੋਕਾਂ ਨੂੰ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਅਤੇ ਮੌਜੂਦਾ ਹਾਲਾਤਾਂ ਵਿਚਲੇ ਫ਼ਰਕ ਬਾਰੇ ਸਰਕਾਰ ਤੋਂ ਜਵਾਬ ਮੰਗਣ ਦਾ ਪੂਰਾ ਹੱਕ ਹੈ।ਮੀਟਿੰਗ ਦੌਰਾਨ ਹਾਜ਼ਰ ਆਗੂਆਂ ਅਤੇ ਵਰਕਰਾਂ ਨੇ ਵੀ ਆਪਣੇ-ਆਪਣੇ ਇਲਾਕਿਆਂ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਅਤੇ ਸੁਝਾਅ ਸਾਂਝੇ ਕੀਤੇ। ਇਸ ਮੌਕੇ ਪਾਰਟੀ ਦੀ ਜਥੇਬੰਦੀ ਨੂੰ ਪਿੰਡ ਅਤੇ ਬੂਥ ਪੱਧਰ 'ਤੇ ਹੋਰ ਸਰਗਰਮ ਕਰਨ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿਚ ਸਰਕਲ ਪ੍ਰਧਾਨ ਮਨਦੀਪ ਸਿੰਘ ਗ਼ਾਲਿਬ, ਇਸਤਰੀ ਵਿੰਗ ਸਰਕਲ ਪ੍ਰਧਾਨ ਬੇਨਜੀਰ ਬੀਨਾ, ਐਸ ਸੀ ਸਰਕਲ ਪ੍ਰਧਾਨ ਰੇਸ਼ਮ ਸਿੰਘ ਗ਼ਾਲਿਬ ਖੁਰਦ, ਭੁਪਿੰਦਰ ਸਿੰਘ, ਸਰਬਜੀਤ ਸਿੰਘ ਫੌਜੀ, ਕੁਲਵੰਤ ਸਿੰਘ , ਜਗਜੀਤ ਸਿੰਘ ਯੂਥ ਆਗੂ ਤੇ ਹੋਰ ਆਗੂ ਹਾਜ਼ਰ ॥

# ਡੀ ਏ ਪੀ ਦੀ ਸਮੇਂ ਸਿਰ ਸਪਲਾਈ ਤੇ ਮੰਡੀਆਂ 'ਚ ਕਿਸਾਨਾਂ ਲਈ ਸਹੂਲਤਾਂ ਮੁਹੱਈਆ ਕਰਵਾਏ ਸਰਕਾਰ : ਬੀ ਕੇ ਯੂ ਰਾਜੇਵਾਲ

**ਕਣਕ ਦੇ ਭਾਅ 'ਚ ਮਾਮੂਲੀ ਵਾਧੇ ਨੂੰ ਕਿਸਾਨ ਆਗੂਆਂ ਨੇ ਦੱਸਿਆ ਨਾਕਾਫ਼ੀ ■ ਪਰਾਲੀ ਦੀ ਸੰਭਾਲ ਲਈ ਸਰਕਾਰੀ ਪੱਧਰ 'ਤੇ ਮਸ਼ੀਨਰੀ ਮੁਹੱਈਆ ਕਰਵਾਉਣ ਦੀ ਮੰਗ**



**ਭਵਾਨੀਗੜ੍ਹ (ਰਾਜ ਖੁਰਮੀ)**-ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਭਵਾਨੀਗੜ੍ਹ ਦੀ ਇੱਕ ਅਹਿਮ ਮੀਟਿੰਗ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਮਾਝਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਜਨਰਲ ਸਕੱਤਰ ਜਸਵਿੰਦਰ ਸਿੰਘ ਕਪਿਲ ਵੱਲੋਂ ਚਲਾਈ ਗਈ।ਇਸ ਦੌਰਾਨ ਕਿਸਾਨੀ ਨਾਲ ਜੁੜੇ ਵੱਖ-ਵੱਖ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਦਿਆਂ ਸਰਕਾਰ ਤੋਂ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਦੀ ਮੰਗ ਕੀਤੀ ਗਈ।ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਕਿਹਾ ਕਿ ਝੋਨੇ ਦੀ ਖਰੀਦ ਦੇ ਸੀਜ਼ਨ ਦੌਰਾਨ ਮੰਡੀਆਂ ਵਿੱਚ ਕਿਸਾਨਾਂ ਲਈ ਬੁਨਿਆਦੀ ਸਹੂਲਤਾਂ ਯਕੀਨੀ ਬਣਾਈਆਂ ਜਾਣ।ਉਨ੍ਹਾਂ ਮੰਗ ਕੀਤੀ ਕਿ ਮੰਡੀਆਂ ਵਿੱਚ ਕਿਸਾਨਾਂ ਦੇ ਬੈਠਣ ਲਈ ਢੁਕਵੀਂ ਛਾਂ ਤੇ ਪੀਣ ਵਾਲੇ ਸਾਫ਼ ਪਾਣੀ ਦਾ ਪ੍ਰਬੰਧ ਕੀਤਾ ਜਾਵੇ, ਤਾਂ ਜੋ ਆਪਣੀ ਫ਼ਸਲ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਕਿਸਾਨ ਆਗੂਆਂ ਨੇ ਪੰਜਾਬ ਸਰਕਾਰ ਤੋਂ ਡੀਏਪੀ ਖਾਦ ਦੀ ਲੋੜੀਂਦੀ ਮਾਤਰਾ ਵਿੱਚ ਉਪਲਬਧਤਾ ਯਕੀਨੀ ਬਣਾਉਣ ਤੇ ਇਸ ਦੀਆਂ ਸੁਸਾਇਟੀਆਂ ਰਾਹੀਂ ਕਿਸਾਨਾਂ ਨੂੰ ਸਮੇਂ ਸਿਰ ਸਪਲਾਈ ਕਰਨ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਕਣਕ ਦੀ ਬਿਜਾਈ ਦਾ ਸੀਜ਼ਨ ਨੇੜੇ ਹੋਣ ਕਾਰਨ ਖਾਦ ਦੀ ਕਮੀ ਕਾਰਨ ਕਿਸਾਨਾਂ ਨੂੰ ਖੱਜਲ-ਖੁਆਰ ਨਹੀਂ ਹੋਣ ਦਿੱਤਾ ਜਾਣਾ ਚਾਹੀਦਾ।ਇਸ ਮੌਕੇ ਜ਼ਿਲ੍ਹਾ ਸੰਗਰੂਰ ਦੇ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਸੰਘਰੇੜੀ ਨੇ ਕੇਂਦਰ ਸਰਕਾਰ ਵੱਲੋਂ ਕਣਕ ਦੇ ਭਾਅ ਵਿੱਚ ਕੀਤੇ ਵਾਧੇ ਨੂੰ ਨਾਕਾਫ਼ੀ ਕਰਾਰ ਦਿੰਦਿਆਂ ਕਿਹਾ ਕਿ ਕਿਸਾਨਾਂ ਦੀ ਲਾਗਤ ਲਗਾਤਾਰ ਵਧ ਰਹੀ ਹੈ, ਜਦਕਿ ਫ਼ਸਲਾਂ ਦੇ ਭਾਅ ਵਿੱਚ ਵਾਧਾ ਮਹਿੰਗਾਈ ਦੇ ਮੁਕਾਬਲੇ ਬਹੁਤ ਘੱਟ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਣਕ ਦੇ ਭਾਅ ਵਿੱਚ ਕੀਤੇ 25 ਰੁਪਏ ਪ੍ਰਤੀ ਕੁਇੰਟਲ ਦੇ ਵਾਧੇ ਨੂੰ ਯੂਨੀਅਨ ਮੁੱਢੋਂ ਹੀ ਰੱਦ ਕਰਦੀ ਹੈ।ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਨੂੰ ਘੱਟੋ-ਘੱਟ 1500 ਰੁਪਏ ਪ੍ਰਤੀ ਕੁਇੰਟਲ ਵਾਧੂ ਦਿੱਤੇ ਜਾਣ ਤੇ ਫ਼ਸਲਾਂ ਦੇ ਭਾਅ ਤੈਅ ਕਰਦੇ ਸਮੇਂ ਮਹਿੰਗਾਈ ਦਰ ਨੂੰ ਵੀ ਧਿਆਨ ਵਿੱਚ ਰੱਖਿਆ ਜਾਵੇ।ਕਿਸਾਨ ਆਗੂਆਂ ਨੇ ਪਰਾਲੀ ਦੀ ਸਮੱਸਿਆ ਨੂੰ ਲੈ ਕੇ ਵੀ ਸਰਕਾਰ ਨੂੰ ਠੋਸ ਕਦਮ ਚੁੱਕਣ ਦੀ ਅਪੀਲ ਕੀਤੀ।ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਵੱਲੋਂ ਸਮੇਂ ਸਿਰ ਖੇਤਾਂ ਵਿੱਚੋਂ ਪਰਾਲੀ ਚੁੱਕਣ ਦਾ ਢੁਕਵਾਂ ਪ੍ਰਬੰਧ ਨਾ ਕੀਤਾ ਗਿਆ ਤਾਂ ਕਿਸਾਨਾਂ ਸਾਹਮਣੇ ਗੰਭੀਰ ਸਮੱਸਿਆ ਪੈਦਾ ਹੋ ਸਕਦੀ ਹੈ।ਆਗੂਆਂ ਨੇ ਕਿਹਾ ਕਿ ਜੇਕਰ ਪ੍ਰਸ਼ਾਸਨ ਵੱਲੋਂ ਕਿਸਾਨਾਂ ਖ਼ਿਲਾਫ਼ ਕਾਰਵਾਈ ਜਾਂ ਪਰਚੇ ਦਰਜ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਕਿਸਾਨਾਂ ਦੇ ਨਾਲ ਡਟ ਕੇ ਖੜ੍ਹੇਗੀ।

ਕਿਸਾਨ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਦੀ ਅਣਗਹਿਲੀ ਕਾਰਨ ਕਿਸਾਨਾਂ ਨੂੰ ਆਪਣੇ ਹੱਕਾਂ ਲਈ ਸੜਕਾਂ 'ਤੇ ਉਤਰ ਕੇ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਿਆ ਤਾਂ ਇਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਦੀ ਹੋਵੇਗੀ।ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ, ਜਨਰਲ ਸਕੱਤਰ ਕਸ਼ਮੀਰ ਸਿੰਘ ਘਰਾਚੋਂ, ਸਤਿਗੁਰ ਸਿੰਘ, ਜਗਸੀਰ ਸਿੰਘ ਬਲਦ ਕਲਾਂ, ਕੁਲਜੀਤ ਸਿੰਘ ਨਾਗਰਾ, ਰੋਹਿਤ ਸਿੰਘ ਸੰਘਰੇੜੀ, ਹਰਬੰਸ ਸਿੰਘ, ਕਾਕਾ ਸਿੰਘ, ਗੁਰਮੇਲ ਸਿੰਘ ਆਲੋਅਰਖ, ਹਰਦੀਪ ਸਿੰਘ, ਤੇਜਿੰਦਰ ਸਿੰਘ ਵਾਸੀਅਰਖ, ਅੰਮ੍ਰਿਤ ਸਿੰਘ, ਸਿਕੰਦਰ ਸਿੰਘ ਅਕਬਰਪੁਰ, ਸਰਬਜੀਤ ਸਿੰਘ, ਜਸਵਿੰਦਰ ਸਿੰਘ ਕਪਿਆਲ ਤੇ ਰਛਪਾਲ ਸਿੰਘ ਭਵਾਨੀਗੜ੍ਹ ਸਮੇਤ ਹੋਰ ਕਿਸਾਨ ਆਗੂ ਹਾਜ਼ਰ ਸਨ।

# ਫੂਡ ਸੇਫਟੀ ਅ.ਫਸਰ ਅਭਿਨਵ ਖੋਸਲਾ ਦੀ ਮੁਅੱਤਲੀ ਵਿਰੁੱਧ ਰੋਸ, ਤੁਰੰਤ ਬਹਾਲੀ ਦੀ ਮੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿੱਚ ਮਿਲਾਵਟਖੋਰੀ ਵਿਰੁੱਧ ਸਖ਼ਤ ਮੁਹਿੰਮ ਚਲਾਉਣ ਵਾਲੇ ਫੂਡ ਸੇਫਟੀ ਅਫ਼ਸਰ ਅਭਿਨਵ ਖੋਸਲਾ ਨੂੰ ਅਚਾਨਕ ਮੁਅੱਤਲ (ਸਸਪੈਂਡ) ਕੀਤੇ ਜਾਣ 'ਤੇ ਸ਼ਹਿਰ ਵਾਸੀਆਂ ਤੇ ਸਮਾਜਿਕ ਸੰਸਥਾਵਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਫਰੀਡਮ ਫਾਈਟਰਜ਼ ਉੱਤਰਾਧਿਕਾਰੀ ਸੰਸਥਾ (ਪੰਜਾਬ ਰਜਿਸਟਰਡ) ਫਿਰੋਜ਼ਪੁਰ ਦੇ ਆਗੂਆਂ ਨੇ ਸਰਕਾਰ ਦੇ ਇਸ ਫ਼ੈਸਲੇ ਨੂੰ ਸ਼ਰਮਨਾਕ ਦੱਸਦਿਆਂ ਪੁਰਜ਼ੋਰ ਮੰਗ ਕੀਤੀ ਹੈ ਕਿ ਅਭਿਨਵ ਖੋਸਲਾ ਨੂੰ ਤੁਰੰਤ ਬਹਾਲ ਕਰਕੇ ਦੁਬਾਰਾ ਫਿਰੋਜ਼ਪੁਰ ਵਿਖੇ ਹੀ ਤਾਇਨਾਤ ਕੀਤਾ ਜਾਵੇ। ਫਰੀਡਮ ਰਾਈਟਰਜ਼ ਦੇ ਆਗੂਆਂ ਨੇ ਆਖਿਆ ਕਿ ਅਭਿਨਵ ਖੋਸਲਾ ਨੇ ਬਿਨਾਂ ਕਿਸੇ ਰਿਸ਼ਵਤਖੋਰੀ, ਦੇਰੀ ਜਾਂ ਸਿਆਸੀ ਸਿਫ਼ਾਰਿਸ਼ ਦੇ ਲੋਕ ਹਿੱਤ ਵਿੱਚ ਨਿੱਡਰ ਹੋ ਕੇ ਕੰਮ ਕੀਤਾ ਸੀ। ਉਨ੍ਹਾਂ ਫਿਰੋਜ਼ਪੁਰ ਤੋਂ ਇਲਾਵਾ ਮੋਗਾ, ਬਠਿੰਡਾ ਤੇ ਗੰਗਾਨਗਰ ਤੋਂ ਆਉਣ ਵਾਲੇ ਮਿਲਾਵਟਖੋਰਾਂ ਅੱਗੇ ਝੁਕਣ ਦੀ ਬਜਾਏ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਵਿਰੁੱਧ ਦਿਨ-ਰਾਤ ਮੁਹਿੰਮ ਚਲਾਈ। ਇਸ ਨਾਲ ਇਲਾਕੇ ਵਿੱਚ ਖਾਣ-ਪੀਣ ਦੀਆਂ ਵਸਤੂਆਂ ਵਿੱਚ ਮਿਆਰ ਅਤੇ ਸਾਫ਼-ਸਫ਼ਾਈ ਯਕੀਨੀ ਬਣੀ ਸੀ। ਆਗੂਆਂ ਨੇ ਕਿਹਾ ਕਿ ਅਜਿਹੇ ਇਮਾਨਦਾਰ ਅਫ਼ਸਰ ਨੂੰ ਸਨਮਾਨਤ ਕਰਨ ਦੀ ਬਜਾਏ ਬਿਨਾਂ ਕਿਸੇ ਠੋਸ ਕਾਰਨ ਦੇ ਮੁਅੱਤਲ ਕਰਕੇ ਘਰ ਭੇਜ ਦੇਣਾ ਬਹੁਤ ਹੀ ਅਫ਼ਸੋਸਜਨਕ ਹੈ। ਅਜਿਹਾ ਲੱਗਦਾ ਹੈ ਕਿ ਮਿਲਾਵਟੀ ਖ਼ੁਰਾਕੀ ਸਾਮਾਨ ਵੇਚਣ ਵਾਲਿਆਂ ਵਿਰੁੱਧ ਕਾਰਵਾਈ ਕਰਨ ਦੀ ਹੀ ਅਫ਼ਸਰ ਨੂੰ ਜ਼ਿਲ੍ਹੇ ਵਿੱਚੋਂ ਹਟਾ ਕੇ ਸਜ਼ਾ ਦਿੱਤੀ ਗਈ ਹੈ। ਫਰੀਡਮ ਫਾਈਟਰਜ਼ ਸੰਸਥਾ ਦੇ ਉੱਚ ਅਧਿਕਾਰੀਆਂ ਤੇ ਮੈਂਬਰਾਂ ਸਮੇਤ ਸ਼ਹਿਰ ਦੇ ਪੱਤਰਕਾਰਾਂ ਤੇ ਮੋਹਤਬਰਾਂ ਨੇ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਲੋਕ ਹਿੱਤ ਦੀ ਰਾਖੀ ਕਰਨ ਵਾਲੇ ਅਫ਼ਸਰ ਖ਼ਿਲਾਫ਼ ਕੀਤੀ ਗਈ ਬੇਇਨਸਾਫ਼ੀ ਨੂੰ ਤੁਰੰਤ ਰੱਦ ਕੀਤਾ ਜਾਵੇ ਤੇ ਅਭਿਨਵ ਖੋਸਲਾ ਨੂੰ ਪੂਰੇ ਮਾਣ-ਸਤਿਕਾਰ ਨਾਲ ਮੁੜ ਬਹਾਲ ਕੀਤਾ ਜਾਵੇ। ਮੀਟਿੰਗ ਵਿੱਚ ਸੂਬਾ ਪ੍ਰਧਾਨ ਚੇਤਨ ਸੇਖੋਂ, ਰਾਮ ਸਿੰਘ ਮਿੱਡਾ, ਪ੍ਰਧਾਨ ਪ੍ਰਵੀਨ ਕੁਮਾਰ, ਮੁੱਖ ਸਕੱਤਰ ਸਤਨਾਮ ਸਿੰਘ ਲਹਿਰਾ, ਦਰਸ਼ਨ ਸਿੰਘ, ਬਲਵਿੰਦਰ ਸਿੰਘ ਮਸੀਤਾ, ਮੁਖਤਿਆਰ ਸਿੰਘ, ਸੂਰਜ ਬੇਦੀ, ਤਜਿੰਦਰ ਸਿੰਘ, ਲਖਵੀਰ ਸਿੰਘ, ਇਕਬਾਲ ਸਿੰਘ ਸੰਧੂ, ਅਰੁਣ ਗੋਇਲ, ਬਲਵਿੰਦਰ ਕੌਰ, ਪਰਮਿੰਦਰ ਸਿੰਘ ਲਹਿਰਾ, ਅਮ੍ਰਿਤਪਾਲ ਪਾਲੀ ਤੇ ਹੋਰ ਹਾਜ਼ਰ ਸਨ।

## ਐੱਲ ਡੀ ਆਰ ਕਾਨਵੈਂਟ ਨੇ ਖੋ-ਖੋ 'ਚ ਮਾਰੀਆਂ ਮੱਲਾਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਗੁਰੂ ਗੋਬਿੰਦ ਸਿੰਘ ਸਟੇਡੀਅਮ ਸ੍ਰੀ ਮੁਕਤਸਰ ਸਾਹਿਬ ਵਿਖੇ ਜ਼ਿਲ੍ਹਾ ਪੱਧਰ ਦੀਆਂ ਖੇਡਾਂ ਕਰਵਾਈਆਂ ਗਈਆਂ ਸਨ, ਜਿਸ ਵਿੱਚ ਐੱਲ. ਡੀ. ਆਰ. ਕੌਨਵੈਂਟ ਸਕੂਲ ਦੀਆਂ ਅੰਡਰ-17 ਦੀਆਂ ਵਿਦਿਆਰਥਣਾਂ ਨੇ ਖੋ-ਖੋ ਵਿੱਚ ਦੂਜਾ ਸਥਾਨ ਹਾਸਲ ਕੀਤਾ।ਇਸ ਮੌਕੇ ਸਕੂਲ ਦੇ ਚੇਅਰਮੈਨ ਅਜੈ ਅਰੋੜਾ ਤੇ ਪ੍ਰਿੰਸੀਪਲ ਮੈਡਮ ਗੁੰਜਨ ਵੱਲੋਂ ਪੀ ਟੀ ਆਈ ਟੀਚਰ ਗੁਰਜਿੰਦਰ ਸਿੰਘ ਤੇ ਸਮੂਹ ਵਿਦਿਆਰਥੀਆਂ ਨੂੰ ਇਸੇ ਤਰ੍ਹਾਂ ਭਵਿੱਖ ਵਿੱਚ ਹੋਰ ਵੀ ਤਰੱਕੀਆਂ ਕਰਨ ਦੀ ਪ੍ਰੇਰਨਾ ਦਿੱਤੀ।

## ਖ਼ੂਨਦਾਨ ਦਿਵਸ ਮੌਕੇ ਰੈੱਡ ਰਿਬਨ ਚੇਨ ਤੇ ਸੈਮੀਨਾਰ ਕਰਵਾਇਆ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਮਾਡਰਨ ਕਾਲਜ ਆਫ ਐਜੂਕੇਸ਼ਨ ਸ਼ੇਰਗੜ੍ਹ ਚੀਮਾ ਵਿਖੇ ਖ਼ੂਨਦਾਨ ਦਿਵਸ ਮੌਕੇ ਰੈੱਡ ਰਿਬਨ ਚੇਨ ਤੇ ਸੈਮੀਨਾਰ ਕਰਵਾਇਆ ਗਿਆ।ਇਸ ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀ-ਅਧਿਆਪਕਾਂ ਵਿੱਚ ਖ਼ੂਨਦਾਨ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਤੇ ਸਮਾਜ ਸੇਵਾ ਦੀ ਭਾਵਨਾ ਨੂੰ ਉਤਸ਼ਾਹਤ ਕਰਨਾ ਸੀ।ਸਮਾਗਮ ਦੀ ਸਮਾਪਤੀ ਐੱਨ.ਐੱਸ.ਐੱਸ. ਤੇ ਰੈੱਡ ਰਿਬਨ ਕਲੱਬ ਦੇ ਮੈਂਬਰਾਂ ਵੱਲੋਂ ਮੋਮਬੱਤੀ ਮਾਰਚ ਨਾਲ ਹੋਈ।ਕਾਲਜ ਦੇ ਪ੍ਰਿੰਸੀਪਲ ਡਾ. ਨੀਤੂ ਸੇਠੀ ਨੇ ਦੱਸਿਆ ਕਿ ਇਹ ਮਾਰਚ ਖ਼ੂਨਦਾਨ ਰਾਹੀਂ ਮਿਲਣ ਵਾਲੀ ਜੀਵਨ-ਰੇਖਾ ਦਾ ਪ੍ਰਤੀਕ ਸੀ ਤੇ ਇਸ ਨੇ ਸਾਰਿਆਂ ਨੂੰ ਇਹ ਸੰਦੇਸ਼ ਦਿੱਤਾ ਕਿ ਖ਼ੂਨਦਾਨ ਕਰਨਾ ਕਿਸੇ ਨੂੰ ਜੀਵਨ ਦੇਣ ਦੇ ਬਰਾਬਰ ਹੈ।ਵਿਦਿਆਰਥੀਆਂ ਨੂੰ ਖ਼ੂਨਦਾਨ ਦੀ ਮਹੱਤਤਾ, ਇਸ ਨਾਲ ਜੁੜੀਆਂ ਗਲਤ ਧਾਰਨਾਵਾਂ ਤੇ ਲੋੜਵੰਦ ਮਰੀਜ਼ਾਂ ਲਈ ਇਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਖ਼ੂਨਦਾਨ-ਮਹਾਦਾਨ ਦਾ ਸੰਦੇਸ਼ ਦਿੱਤਾ।ਸੈਮੀਨਾਰ ਦਾ ਸਮਾਪਨ ਮਨੁੱਖਤਾ ਦੀ ਸੇਵਾ ਤੇ ਨਿਯਮਤ ਖ਼ੂਨਦਾਨ ਕਰਨ ਦੀ ਪ੍ਰੇਰਨਾ ਨਾਲ ਕੀਤਾ ਗਿਆ।

## ਸੂਬੇਦਾਰ ਭੁੱਲਾ ਸਿੰਘ ਫਰੀਡਮ ਫਾਈਟਰ ਸੰਸਥਾ ਦੇ ਬਲਾਕ ਪ੍ਰਧਾਨ ਨਿਯੁਕਤ



**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ/ਅਸ਼ੋਕ ਲਾਕੜਾ)**-ਫਰੀਡਮ ਫਾਈਟਰ ਉੱਤਰਾਧਿਕਾਰੀ ਸੰਸਥਾ (ਰਜਿ. 196) ਮਾਨਸਾ ਵੱਲੋਂ ਬੁਢਲਾਡਾ ਵਿਖੇ ਜ਼ਿਲ੍ਹਾ ਪੱਧਰੀ ਮੀਟਿੰਗ ਰਘਵੀਰ ਸਿੰਘ ਜਟਾਣਾ ਜ਼ਿਲ੍ਹਾ ਪ੍ਰਧਾਨ ਮਾਨਸਾ ਦੀ ਅਗਵਾਈ 'ਚ ਹੋਈ।ਇਸ ਮੀਟਿੰਗ 'ਚ ਮਾਨਸਾ ਦੇ ਸੁਤੰਤਰਤਾ ਸੰਗਰਾਮੀ ਤੇ ਆਸ਼ਰਿਤ ਸ਼ਾਮਲ ਹੋਏ।ਇਸ ਮੌਕੇ ਚਤਿੰਨ ਸਿੰਘ ਸੇਖੋਂ ਸੂਬਾ ਪ੍ਰਧਾਨ ਤੇ ਭਰਪੂਰ ਸਿੰਘ ਰੰਘੜਿਆਲ ਸੂਬਾਈ ਸਕੱਤਰ ਫਰੀਡਮ ਫਾਈਟਰ ਉੱਤਰਾਧਿਕਾਰੀ ਸੰਸਥਾ ਨੇ ਇਜਲਾਸ 'ਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੀਟਿੰਗ ਤੇ ਚੋਣ ਇਜਲਾਸ 'ਚ ਚਤਰ ਸਿੰਘ ਸੁਤੰਤਰਤਾ ਸੰਗਰਾਮੀ ਦੇ ਪੁੱਤਰ ਸੂਬੇਦਾਰ ਭੁੱਲਾ ਸਿੰਘ ਬੁਢਲਾਡਾ (ਬੁੱਲਾ ਸਿੰਘ ਫ਼ੌਜੀ) ਨੂੰ ਸਰਬਸੰਮਤੀ ਨਾਲ ਬਲਾਕ ਬੁਢਲਾਡਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਸੂਬੇਦਾਰ ਭੁੱਲਾ ਸਿੰਘ ਬੁਢਲਾਡਾ ਨੇ ਕਿਹਾ ਕਿ ਹੱਕੀਂ ਮੰਗਾਂ ਸੰਬੰਧੀ ਸੂਬਾ ਸਰਕਾਰ ਦੇ ਸੁਤੰਤਰਤਾ ਸੰਗਰਾਮੀ ਵਿਭਾਗ ਵੱਲੋਂ ਨੋਟੀਫ਼ਿਕੇਸ਼ਨ ਜਾਰੀ ਕਰਵਾਉਣ ਲਈ ਉਹ ਹਰ ਸੰਭਵ ਯਤਨ ਕਰਦੇ ਰਹਿਣਗੇ।ਇਸ ਨਿਯੁਕਤੀ ਲਈ ਰਘਵੀਰ ਸਿੰਘ ਜਟਾਣਾ, ਰਘਵੀਰ ਸਿੰਘ ਝੱਬਰ, ਪਿਆਰਾ ਸਿੰਘ ਜਨਰਲ ਸਕੱਤਰ, ਜਗਸੀਰ ਸਿੰਘ ਖਜ਼ਾਨਚੀ ਮਾਨਸਾ, ਹਰਬੰਸ ਸਿੰਘ ਨਿਧੜਕ, ਮਾਸਟਰ ਕੁਲਵੰਤ ਸਿੰਘ ਬੁਢਲਾਡਾ, ਹਰਲਖਵਿੰਦਰ ਸਿੰਘ ਝੰਡਾ ਕਲਾਂ, ਬਲਵੰਤ ਸਿੰਘ ਦਲੇਲ ਸਿੰਘ, ਨਿਰਮਲ ਸਿੰਘ, ਭੋਲਾ ਸਿੰਘ ਹੀਰੇ ਵਾਲਾ, ਸਾਧੂ ਸਿੰਘ ਖੀਵਾ, ਗੁਰਚਰਨ ਸਿੰਘ ਬਰ੍ਹੇ, ਮਹਿੰਦਰ ਸਿੰਘ ਬਰ੍ਹੇ, ਨੱਥਾ ਸਿੰਘ ਭਾਦੜਾ ਤੇ ਸਮੂਹ ਸੁਤੰਤਰਤਾ ਸੰਗਰਾਮੀ ਪਰਿਵਾਰ ਦੇ ਮੈਂਬਰਾਂ ਨੇ ਵੀ ਵਧਾਈ ਦਿੱਤੀ।

## ਧਰਮਸੋਤ ਨੇ ਦਾਣਾ ਮੰਡੀ 'ਚ ਕਿਸਾਨਾਂ ਨਾਲ ਕੀਤੀ ਗੱਲਬਾਤ



**ਨਾਭਾ (ਅਮਨ ਗਰਗ)**-ਪੰਜਾਬ ਵਿੱਚ ਝੋਨੇ ਦੀ ਸਰਕਾਰੀ ਖਰੀਦ 1 ਅਕਤੂਬਰ ਤੋਂ ਸ਼ੁਰੂ ਹੋ ਚੁੱਕੀ ਹੈ।ਨਾਭਾ ਅਨਾਜ ਮੰਡੀ ਵਿੱਚ ਵੀ ਵਿਧਾਇਕ ਤੇ ਪ੍ਰਸ਼ਾਸਨ ਵੱਲੋਂ ਰਸਮੀ ਤੌਰ 'ਤੇ ਖਰੀਦ ਦੀ ਸ਼ੁਰੂਆਤ ਕੀਤੀ ਗਈ ਸੀ, ਪਰ 3 ਅਕਤੂਬਰ ਤੱਕ ਵੀ ਸਰਕਾਰੀ ਖਰੀਦ ਦੇ ਪ੍ਰਬੰਧ ਜ਼ਮੀਨੀ ਪੱਧਰ 'ਤੇ ਸੁਚਾਰੂ ਢੰਗ ਨਾਲ ਚੱਲਦੇ ਨਜ਼ਰ ਨਹੀਂ ਆ ਰਹੇ।ਸੈਲਰਾਂ ਦੀ ਅਲਾਟਮੈਂਟ ਨਾ ਹੋਣ ਕਾਰਨ ਝੋਨੇ ਦੀ ਲਿਫਟਿੰਗ ਵੀ ਪ੍ਰਭਾਵਿਤ ਹੋ ਰਹੀ ਹੈ।ਪ੍ਰਸ਼ਾਸਨ ਵੱਲੋਂ ਭਾਵੇਂ ਖਰੀਦ ਤੇ ਲਿਫਟਿੰਗ ਸਮੇਤ ਸਾਰੇ ਪ੍ਰਬੰਧ ਮੁਕੰਮਲ ਹੋਣ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰ ਮੰਡੀ ਵਿੱਚ ਮੌਜੂਦ ਕਿਸਾਨਾਂ, ਆੜ੍ਹਤੀਆਂ ਤੇ ਸੈਲਰ ਮਾਲਕਾਂ ਨੇ ਇਨ੍ਹਾਂ ਦਾਅਵਿਆਂ 'ਤੇ ਸਵਾਲ ਖੜ੍ਹੇ ਕੀਤੇ ਹਨ।ਇਸ ਮਾਮਲੇ ਨੂੰ ਲੈ ਕੇ ਸਾਬਕਾ ਕੈਬਨਿਟ ਮੰਤਰੀ ਸਾਧੂ ਸਿੰਘ ਧਰਮਸੋਤ ਨਾਭਾ ਅਨਾਜ ਮੰਡੀ ਵਿੱਚ ਪਹੁੰਚੇ ਤੇ ਕਿਸਾਨਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਝੋਨੇ ਦੀ ਖਰੀਦ ਲਈ ਲੋੜੀਂਦੇ ਪ੍ਰਬੰਧ ਨਹੀਂ ਕੀਤੇ ਗਏ।ਉਨ੍ਹਾਂ ਕਿਹਾ ਕਿ ਸੈਲਰਾਂ ਤੇ ਗੁਦਾਮਾਂ ਵਿੱਚ ਪੁਰਾਣਾ ਚਾਵਲ ਪਿਆ ਹੋਣ ਕਾਰਨ ਨਵੀਂ ਫਸਲ ਦੀ ਲਿਫਟਿੰਗ ਤੇ ਸਟੋਰੇਜ ਨੂੰ ਲੈ ਕੇ ਮੁਸ਼ਕਲਾਂ ਪੈਦਾ ਹੋ ਰਹੀਆਂ ਹਨ।ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵੱਲੋਂ ਕੇਂਦਰ ਸਰਕਾਰ ਕੋਲ ਗੁਦਾਮ ਖਾਲੀ ਕਰਵਾਉਣ ਲਈ ਲੋੜੀਂਦੀ ਕਾਰਵਾਈ ਨਹੀਂ ਕੀਤੀ ਗਈ, ਜਿਸ ਦਾ ਖਮਿਆਜ਼ਾ ਕਿਸਾਨਾਂ, ਆੜ੍ਹਤੀਆਂ ਤੇ ਸੈਲਰ ਮਾਲਕਾਂ ਨੂੰ ਭੁਗਤਣਾ ਪੈ ਸਕਦਾ ਹੈ।ਮੰਡੀ ਵਿੱਚ ਫਸਲ ਲੈ ਕੇ ਪਹੁੰਚੇ ਕਿਸਾਨਾਂ ਨੇ ਵੀ ਖਰੀਦ ਪ੍ਰਬੰਧਾਂ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸਰਕਾਰੀ ਖਰੀਦ ਲਈ ਅਧਿਕਾਰੀਆਂ ਦੀ ਮੌਜੂਦਗੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ।ਕਿਸਾਨਾਂ ਨੇ ਕਿਹਾ ਕਿ ਹਰ ਸਾਲ ਲਿਫਟਿੰਗ ਦੀ ਸਮੱਸਿਆ ਸਾਹਮਣੇ ਆਉਂਦੀ ਹੈ ਤੇ ਇਸ ਵਾਰ ਵੀ ਜੇਕਰ ਸਮੇਂ ਸਿਰ ਲਿਫਟਿੰਗ ਤੇ ਹੋਰ ਪ੍ਰਬੰਧ ਨਾ ਕੀਤੇ ਗਏ ਤਾਂ ਇਸ ਦਾ ਸਿੱਧਾ ਨੁਕਸਾਨ ਕਿਸਾਨਾਂ ਨੂੰ ਝੱਲਣਾ ਪਵੇਗਾ।

## ਜ਼ਿਲ੍ਹਾ ਰਿਸੋਰਸ ਸੈਂਟਰ 'ਚ ਪੜ੍ਹ ਰਹੇ ਬੱਚਿਆਂ ਨੂੰ ਹੱਕਾਂ ਸੰਬੰਧੀ ਦਿੱਤੀ ਜਾਣਕਾਰੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਮਾਣਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਸਾਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਮੁਕਤਸਰ ਸਾਹਿਬ ਜਸਵਿੰਦਰ ਸ਼ੀਮਾਰ ਵੱਲੋਂ ਜ਼ਿਲ੍ਹਾ ਰਿਸੋਰਸ ਸੈਂਟਰ ਵਿੱਚ ਹਾਜ਼ਰ ਸਕੂਲ ਦੇ ਬੱਚਿਆਂ ਨੂੰ ਦਿਵਿਆਂਗ ਐਕਟ 1995 ਸਬੰਧੀ ਜਾਣਕਾਰੀ ਦਿੱਤੀ।ਇਸ ਤੋਂ ਇਲਾਵਾ ਉਨ੍ਹਾਂ ਦੇ ਹੱਕਾਂ ਸਬੰਧੀ ਤੇ ਮੁਫ਼ਤ ਕਾਨੂੰਨੀ ਸਹਾਇਤਾ ਸਬੰਧੀ ਜਾਗਰੂਕ ਕੀਤਾ ਗਿਆ।ਮਾਣਯੋਗ ਜੱਜ ਸਾਹਿਬ ਨੇ ਬੱਚਿਆਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕੀਤੀ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ।ਰਿਸੋਰਸ ਸੈਂਟਰ ਦੇ ਇੰਚਾਰਜ ਵੱਲੋਂ ਮਾਨਯੋਗ ਜੱਜ ਸਾਹਿਬ ਨੂੰ ਦੱਸਿਆ ਗਿਆ ਕਿ ਕੁਝ ਬਚਿਆਂ ਦੇ ਸਰਟੀਫਿਕੇਟ ਬਣਾਉਣੇ ਹਨ, ਉਸ ਸਬੰਧੀ ਬੱਚਿਆਂ ਨੂੰ ਮੈਡੀਕਲ ਚੈੱਕਅਪ ਲਈ ਫਰੀਦਕੋਟ ਵਿਖੇ ਜਾਣਾ ਪੈਂਦਾ ਹੈ, ਜੋ ਕਿ ਉਨ੍ਹਾਂ ਨੂੰ ਆਉਣ-ਜਾਣ ਵਿੱਚ ਬਹੁਤ ਤਕਲੀਫਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਸਬੰਧੀ ਮਾਨਯੋਗ ਜੱਜ ਸਾਹਿਬ ਨੇ ਕਿਹਾ ਕਿ ਉਸ ਸਬੰਧੀ ਡਾਕਟਰੀ ਟੀਮ ਭੇਜਣ ਲਈ ਇਕ ਪੱਤਰ ਲਿਖਿਆ ਜਾਵੇ ਤਾਂ ਜੋ ਸਬੰਧਤ ਵਿਭਾਗ ਨਾਲ ਤਾਲਮੇਲ ਕਰਕੇ ਡਾਕਟਰੀ ਟੀਮ ਦਾ ਪ੍ਰਬੰਧ ਕਰਵਾਇਆ ਜਾਵੇਗਾ।ਉਨ੍ਹਾਂ ਨਾਲਸਾ ਦੀਆਂ ਵੱਖ-ਵੱਖ ਸਕੀਮਾਂ, ਪਾਕਸੋ ਐਕਟ, ਪੰਜਾਬ ਵਿਕਟਿਮ ਕੰਪਨਸੇਸ਼ਨ ਸਕੀਮ ਤੇ ਲੋਕ ਅਦਾਲਤਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਤੇ ਪ੍ਰਚਾਰ ਸਮੱਗਰੀ ਵੰਡਵਾਈ।ਇਸ ਮੌਕੇ ਜੀਵਨ ਕੁਮਾਰ ਸੀਨੀਅਰ ਸਹਾਇਕ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਮੁਕਤਸਰ ਸਾਹਿਬ, ਮਿਸ. ਜਗਬੀਰ ਕੌਰ ਟੀਚਰ ਰਿਸੋਰਸ ਸੈਂਟਰ ਡਿਪਟੀ ਡੀ.ਏ. ਤੇ ਸਟਾਫ ਹਾਜ਼ਰ ਸੀ।

## ਹੈਰੀਟੇਜ ਵਿਖੇ ਮਿਲਾਵਟ ਮੁਕਤ ਭੋਜਨ ਸੰਬੰਧੀ ਜਾਗਰੂਕਤਾ ਸੈਮੀਨਾਰ



**ਭਵਾਨੀਗੜ੍ਹ (ਰਾਜ ਖੁਰਮੀ)**-ਹੈਰੀਟੇਜ ਪਬਲਿਕ ਸਕੂਲ ਭਵਾਨੀਗੜ੍ਹ ਵਿਖੇ ਵਿਦਿਆਰਥੀਆਂ ਨੂੰ ਮਿਲਾਵਟ ਮੁਕਤ, ਸੁਰੱਖਿਅਤ ਤੇ ਪੌਸ਼ਟਿਕ ਭੋਜਨ ਦੀ ਮਹੱਤਤਾ ਪ੍ਰਤੀ ਜਾਗਰੂਕ ਕਰਨ ਲਈ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਭੋਜਨ ਵਿੱਚ ਮਿਲਾਵਟ ਦੇ ਨੁਕਸਾਨਾਂ, ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਤੇ ਭੋਜਨ ਸੁਰੱਖਿਆ ਸਬੰਧੀ ਜ਼ਰੂਰੀ ਜਾਣਕਾਰੀ ਦੇਣਾ ਸੀ।ਇਸ ਮੌਕੇ ਪਬਲਿਕ ਅਗੇਂਸਟ ਅਡਲਟਰੇਸ਼ਨ ਵੈੱਲਫੇਅਰ ਐਸੋਸੀਏਸ਼ਨ (ਪਾਵਾ) ਜ਼ਿਲ੍ਹਾ ਪਟਿਆਲਾ ਦੇ ਨੁਮਾਇੰਦਿਆਂ ਨੇ ਵਿਦਿਆਰਥੀਆਂ ਨੂੰ ਮਿਲਾਵਟ ਮੁਕਤ ਸੁਰੱਖਿਅਤ ਭੋਜਨ, ਸਿਹਤਮੰਦ ਜੀਵਨ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਸੁਰੱਖਿਅਤ ਭੋਜਨ ਹਰ ਵਿਅਕਤੀ ਦਾ ਹੱਕ ਹੈ ਤੇ ਇਸ ਸਬੰਧੀ ਜਾਗਰੂਕ ਹੋਣਾ ਹਰੇਕ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਜੰਕ ਫੂਡ ਤੇ ਅਲਟਰਾ-ਪ੍ਰੋਸੈਸਡ ਭੋਜਨ ਦੀ ਵਰਤੋਂ ਘਟਾ ਕੇ ਸੰਤੁਲਿਤ ਤੇ ਪੌਸ਼ਟਿਕ ਖੁਰਾਕ ਨੂੰ ਆਪਣੀ ਜੀਵਨ-ਸ਼ੈਲੀ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ।ਅਧਿਆਪਕਾ ਸ਼ਵੇਤਾ ਬਿੰਦਰਾ ਦੀ ਦੇਖ-ਰੇਖ ਹੇਠ ਵਿਦਿਆਰਥੀਆਂ ਨੇ ਮਹਿਮਾਨਾਂ ਕੋਲੋਂ ਭੋਜਨ ਵਿੱਚ ਮਿਲਾਵਟ, ਮਿਲਾਵਟੀ ਵਸਤੂਆਂ ਦੀ ਪਛਾਣ, ਸੁਰੱਖਿਅਤ ਭੋਜਨ ਦੀ ਚੋਣ ਤੇ ਸਿਹਤਮੰਦ ਖੁਰਾਕ ਸਬੰਧੀ ਅਹਿਮ ਸਵਾਲ ਵੀ ਪੁੱਛੇ।ਇਸ ਮੌਕੇ ਪਾਵਾ ਦੇ ਜ਼ਿਲ੍ਹਾ ਪ੍ਰਧਾਨ ਗੁਰਦੀਪ ਸਿੰਘ, ਡੀ.ਐੱਫ.ਐੱਸ.ਸੀ. (ਸੇਵਾਮੁਕਤ), ਜ਼ਿਲ੍ਹਾ ਸਕੱਤਰ ਖੁਸ਼ਆਲ ਰਾਓ ਸਿੰਗਲਾ, ਡੀ.ਐੱਫ.ਐੱਸ.ਸੀ. (ਸੇਵਾਮੁਕਤ), ਜ਼ਿਲ੍ਹਾ ਸੰਯੁਕਤ ਸਕੱਤਰ ਸੁਰਿੰਦਰ ਸਿੰਘ, ਮੈਨੇਜਰ ਐੱਫ.ਸੀ.ਆਈ. (ਸੇਵਾਮੁਕਤ) ਤੇ ਜ਼ਿਲ੍ਹਾ ਖ਼ਜ਼ਾਨਚੀ ਐੱਮ. ਐੱਸ. ਸੰਧੂ, ਏ.ਐੱਫ.ਐੱਸ.ਓ. (ਸੇਵਾਮੁਕਤ) ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਸਕੂਲ ਦੇ ਪ੍ਰਬੰਧਕ ਸ੍ਰੀ ਅਨਿਲ ਮਿੱਤਲ ਤੇ ਸ੍ਰੀਮਤੀ ਆਸ਼ਿਮਾ ਮਿੱਤਲ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ-ਸ਼ੈਲੀ ਤੇ ਸੁਰੱਖਿਅਤ ਭੋਜਨ ਬਾਰੇ ਜਾਗਰੂਕ ਕਰਨਾ ਅਜੋਕੇ ਸਮੇਂ ਦੀ ਅਹਿਮ ਲੋੜ ਹੈ।ਸਕੂਲ ਦੀ ਪ੍ਰਿੰਸੀਪਲ ਡਾ. ਗੁਰਪ੍ਰੀਤ ਕੌਰ ਨੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਸਿਹਤ ਪ੍ਰਤੀ ਜ਼ਿੰਮੇਵਾਰੀ ਤੇ ਸਹੀ ਖਾਣ-ਪੀਣ ਦੀਆਂ ਆਦਤਾਂ ਵਿਕਸਿਤ ਕਰਨ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ।

# ਫੂਡ ਸੇਫ਼ਟੀ ਇੰਸਪੈਕਟਰ ਦੀ ਮੁਅੱਤਲੀ ਖ਼ਿਲਾਫ਼ ਜਥੇਬੰਦੀਆਂ ਨੇ ਖੋਲ੍ਹਿਆ ਮੋਰਚਾ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਫੂਡ ਸੇਫ਼ਟੀ ਇੰਸਪੈਕਟਰ ਅਭਿਨਵ ਖੋਸਲਾ ਨੂੰ ਵਿਭਾਗ ਵੱਲੋਂ ਮੁਅੱਤਲ ਕੀਤੇ ਜਾਣ ਦੇ ਮਾਮਲੇ ਨੂੰ ਲੈ ਕੇ ਫ਼ਿਰੋਜ਼ਪੁਰ ਦੀਆਂ ਵੱਖ-ਵੱਖ ਜਥੇਬੰਦੀਆਂ ਤੇ ਸ਼ਹਿਰ ਵਾਸੀਆਂ ਵਿੱਚ ਰੋਸ ਵਧਦਾ ਜਾ ਰਿਹਾ ਹੈ। ਇਸ ਸਬੰਧੀ ਸ਼ੁੱਕਰਵਾਰ ਸ਼ਾਮ ਨੂੰ ਸਤਲੁਜ ਪ੍ਰੈੱਸ ਕਲੱਬ ਵਿਖੇ ਵੱਖ-ਵੱਖ ਜਥੇਬੰਦੀਆਂ ਦੀ ਇੱਕ ਮੀਟਿੰਗ ਹੋਈ। ਮੀਟਿੰਗ ਵਿੱਚ ਪ੍ਰੈੱਸ, ਵਕੀਲ, ਕਿਸਾਨ, ਅਧਿਆਪਕ, ਦੁਕਾਨਦਾਰ, ਕਾਰੋਬਾਰੀ, ਸਮਾਜ ਸੇਵੀ ਤੇ ਹੋਰ ਜਥੇਬੰਦੀਆਂ ਦੇ ਨੁਮਾਇੰਦੇ ਸ਼ਾਮਲ ਹੋਏ। ਮੀਟਿੰਗ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਅਭਿਨਵ ਖੋਸਲਾ ਵੱਲੋਂ ਆਪਣੇ ਕਾਰਜਕਾਲ ਦੌਰਾਨ ਮਿਲਾਵਟਖੋਰੀ ਖ਼ਿਲਾਫ਼ ਕਾਰਵਾਈਆਂ ਕੀਤੀਆਂ ਗਈਆਂ। ਜਥੇਬੰਦੀਆਂ ਦੇ ਨੁਮਾਇੰਦਿਆਂ ਮੁਤਾਬਕ ਉਨ੍ਹਾਂ ਵੱਲੋਂ ਵੱਖ-ਵੱਖ ਵੱਡੇ ਅਦਾਰਿਆਂ ਤੇ ਖਾਣ-ਪੀਣ ਵਾਲਿਆਂ ਥਾਵਾਂ ਦੀ ਜਾਂਚ ਕਰਕੇ ਸੈਂਪਲ ਲਏ ਗਏ ਤੇ ਜਾਂਚ ਲਈ ਭੇਜ ਗਏ। ਜਿਨ੍ਹਾਂ ਸੈਂਪਲਾਂ ਦੇ ਫੇਲ੍ਹ ਹੋਣ ਦੀ ਜਾਣਕਾਰੀ ਸਾਹਮਣੇ ਆਈ, ਉਨ੍ਹਾਂ ਮਾਮਲਿਆਂ ਵਿੱਚ ਨਿਯਮਾਂ ਅਨੁਸਾਰ ਕਾਰਵਾਈ ਤੇ ਜੁਰਮਾਨੇ ਕੀਤੇ ਗਏ। ਮੀਟਿੰਗ ਇਸ ਮੁਹਿੰਮ ਲਈ ਗਾਮਾ ਸਿੱਧੂ ਤੇ ਐਡਵੋਕੇਟ ਰੋਹਿਤ ਅਰੋੜਾ ਨੂੰ ਕਨਵੀਨਰ ਐਲਾਨਿਆ ਗਿਆ। ਉਨ੍ਹਾਂ ਦੀ ਅਗਵਾਈ ਹੇਠ ਵੱਖ-ਵੱਖ ਜਥੇਬੰਦੀਆਂ ਨਾਲ ਤਾਲਮੇਲ ਕਰਕੇ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ। ਮੀਟਿੰਗ ਵਿੱਚ ਫ਼ੈਸਲਾ ਕੀਤਾ ਗਿਆ ਕਿ ਫ਼ਿਰੋਜ਼ਪੁਰ ਦੇ ਸਿਵਲ ਸਰਜਨ ਨੂੰ ਮੰਗਾਂ ਸਬੰਧੀ 72 ਘੰਟਿਆਂ ਦਾ ਅਲਟੀਮੇਟਮ ਦਿੱਤਾ ਜਾਵੇਗਾ। ਇਸ ਵਿੱਚ ਅਭਿਨਵ ਖੋਸਲਾ ਦੀ ਮੁਅੱਤਲੀ ਰੱਦ ਕਰਕੇ ਉਨ੍ਹਾਂ ਨੂੰ ਮੁੜ ਫ਼ਿਰੋਜ਼ਪੁਰ ਵਿੱਚ ਤਾਇਨਾਤ ਕਰਨ ਦੀ ਮੰਗ ਕੀਤੀ ਜਾਵੇਗੀ। ਇਸ ਦੇ ਨਾਲ ਉਨ੍ਹਾਂ ਨੂੰ ਫ਼ਿਰੋਜ਼ਪੁਰ ਤੋਂ ਲੀਵ ਕਰਨ ਦੀ ਕਾਰਵਾਈ ਰੋਕਣ ਦੀ ਮੰਗ ਵੀ ਰੱਖੀ ਜਾਵੇਗੀ। ਨੁਮਾਇੰਦਿਆਂ ਨੇ ਕਿਹਾ ਕਿ ਜੇਕਰ 72 ਘੰਟਿਆਂ ਦੇ ਅੰਦਰ ਮੰਗਾਂ 'ਤੇ ਕੋਈ ਕਾਰਵਾਈ ਨਾ ਹੋਈ ਤਾਂ ਵੱਖ-ਵੱਖ ਜਥੇਬੰਦੀਆਂ ਦੀ ਮੁੜ ਮੀਟਿੰਗ ਬੁਲਾ ਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਬੁਲਾਰਿਆਂ ਨੇ ਕਿਹਾ ਕਿ ਉਨ੍ਹਾਂ ਦਾ ਮਕਸਦ ਮਿਲਾਵਟਖੋਰੀ ਖ਼ਿਲਾਫ਼ ਕਾਰਵਾਈ ਤੇ ਲੋਕਾਂ ਦੀ ਸਿਹਤ ਨਾਲ ਜੁੜੇ ਮਾਮਲਿਆਂ ਵਿੱਚ ਪ੍ਰਭਾਵਸ਼ਾਲੀ ਨਿਗਰਾਨੀ ਯਕੀਨੀ ਬਣਾਉਣਾ ਹੈ। ਇਸ ਮੌਕੇ ਫ਼ਿਰੋਜ਼ਪੁਰ ਦੇ ਵੱਖ ਵੱਖ ਜਥੇਬੰਦੀਆ ਦੇ ਆਗੂ ਤੇ ਫ਼ਿਰੋਜ਼ਪੁਰ ਦੇ ਆਮ ਵਾਸੀ ਹਾਜ਼ਰ ਸਨ।

## ਸੜਕ ਹਾਦਸੇ 'ਚ 2 ਬਾਈਕ ਸਵਾਰ ਗੰਭੀਰ ਜ਼ਖ਼ਮੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਸ਼ਹਿਰ ਦੇ ਰਾਜਪੁਰਾ ਰੋਡ 'ਤੇ ਸਥਿਤ ਪੀ ਵੀ ਆਰ ਮਾਲ ਦੇ ਸਾਹਮਣੇ ਬੀਤੀ ਦੇਰ ਰਾਤ ਇੱਕ ਭਿਆਨਕ ਹਾਦਸਾ ਵਾਪਰਿਆ।ਅੱਧੀ ਰਾਤ ਤੋਂ ਬਾਅਦ ਕਰੀਬ 12 ਵਜੇ ਤੇਜ਼ ਰਫ਼ਤਾਰ ਮੋਟਰਸਾਈਕਲ ਨਾਲ ਹਾਦਸਾ ਹੋ ਗਿਆ। ਬਾਈਕ ਸਵਾਰ ਦੋਵੇਂ ਨੌਜਵਾਨਾਂ ਨੂੰ ਗੰਭੀਰ ਰੂਪ 'ਚ ਰਾਜਿੰਦਰਾ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਹੈ।

ਦੋ ਨੌਜਵਾਨ ਬਾਈਕ 'ਤੇ ਸਵਾਰ ਹੋ ਕੇ ਰਾਜਪੁਰਾ ਰੋਡ ਤੋਂ ਲੰਘ ਰਹੇ ਸਨ। ਪੀ ਵੀ ਆਰ ਮਾਲ ਦੇ ਸਾਹਮਣੇ ਪਹੁੰਚਦੇ ਹੀ ਤੇਜ਼ ਰਫ਼ਤਾਰ ਕਾਰਨ ਬਾਈਕ ਦਾ ਸੰਤੁਲਨ ਵਿਗੜ ਗਿਆ ਅਤੇ ਬਾਈਕ ਡਿਵਾਈਡਰ ਨਾਲ ਜਾ ਟਕਰਾਈ।ਟੱਕਰ ਇੰਨੀ ਜ਼ਬਰਦਸਤ ਸੀ ਕਿ ਇੱਕ ਨੌਜਵਾਨ ਉਛਲ ਕੇ ਸੜਕ ਦੇ ਵਿਚਕਾਰ ਬਣੇ ਡਿਵਾਈਡਰ ਅਤੇ ਉਸ 'ਤੇ ਲੱਗੀ ਲੋਹੇ ਦੀ ਗਰਿੱਲ 'ਤੇ ਜਾ ਡਿੱਗਿਆ। ਇਸ ਦੌਰਾਨ ਗਰਿੱਲ ਦੀ ਇੱਕ ਨੁਕੀਲੀ ਲੋਹੇ ਦੀ ਰਾਡ ਸਿੱਧੀ ਨੌਜਵਾਨ ਦੀ ਗਰਦਨ 'ਚ ਧੱਸ ਗਈ ਅਤੇ ਮੂੰਹ ਰਾਹੀਂ ਬਾਹਰ ਨਿਕਲ ਗਈ।

## ਗੁਰੂ ਨਾਨਕ ਕਾਲਜ ਬੁਢਲਾਡਾ ਸ਼ਤਰੰਜ ਦਾ ਬਣਿਆ ਚੈਂਪੀਅਨ



**ਬੁਢਲਾਡਾ (ਅਸ਼ੋਕ ਲਾਕੜਾ)**-ਪੰਜਾਬੀ ਯੂਨੀਵਰਸਿਟੀ ਵੱਲੋਂ ਕਰਵਾਈ ਗਈ ਸ਼ਤਰੰਜ ਚੈਂਪੀਅਨਸ਼ਿਪ ਵਿੱਚ ਗੁਰੂ ਨਾਨਕ ਕਾਲਜ ਬੁਢਲਾਡਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਖੇਡ ਜਗਤ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ।ਕਾਲਜ ਦੀਆਂ ਲੜਕੀਆਂ ਤੇ ਲੜਕਿਆਂ ਦੋਵਾਂ ਟੀਮਾਂ ਨੇ ਪਹਿਲਾ ਸਥਾਨ ਹਾਸਲ ਕਰਕੇ 2026-27 ਸੈਸ਼ਨ ਦੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਕਰਵਾਈ ਸ਼ਤਰੰਜ ਚੈਂਪੀਅਨ ਵਿੱਚ ਚੈਂਪੀਅਨ ਬਣਨ ਦਾ ਮਾਣ ਪ੍ਰਾਪਤ ਕੀਤਾ ਹੈ।ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਜੇਤੂ ਖਿਡਾਰੀਆਂ, ਉਨ੍ਹਾਂ ਦੇ ਕੋਚ ਤੇ ਸਰੀਰਕ ਸਿੱਖਿਆ ਵਿਭਾਗ ਦੇ ਅਧਿਆਪਨ ਤੇ ਗੈਰ-ਅਧਿਆਪਨ ਅਮਲੇ ਨੂੰ ਇਸ ਮਾਣਮੱਤੀ ਪ੍ਰਾਪਤੀ ਲਈ ਵਧਾਈ ਦਿੱਤੀ।ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਰਮਨਦੀਪ ਸਿੰਘ ਨੇ ਕਿਹਾ ਕਿ ਦੋਵਾਂ ਟੀਮਾਂ ਦੇ ਖਿਡਾਰੀਆਂ ਦੀ ਇਸ ਸ਼ਾਨਦਾਰ ਜਿੱਤ ਨੇ ਨਾ ਸਿਰਫ਼ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ, ਸਗੋਂ ਹੋਰ ਵਿਦਿਆਰਥੀਆਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਕਰਨ ਦਾ ਵੀ ਕੰਮ ਕੀਤਾ ਹੈ।ਇਸ ਮੌਕੇ ਡਾ. ਗੁਰਪ੍ਰੀਤ ਕੌਰ ਤੇ ਸ. ਗੁਰਮੁਖ ਸਿੰਘ ਵੀ ਹਾਜ਼ਰ ਸਨ।

## ਦਲਬੀਰ ਯੂ ਕੇ ਵੱਲੋਂ ਘਨੌਰ ਹਲਕੇ 'ਚ ਡੋਰ-ਟੂ-ਡੋਰ ਪ੍ਰਚਾਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਆਗੂ ਤੇ ਸਮਾਜ ਸੇਵੀ ਦਲਬੀਰ ਗਿੱਲ ਯੂਕੇ ਨੇ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਘਨੌਰ ਹਲਕੇ ਵਿੱਚ ਡੋਰ-ਟੂ-ਡੋਰ ਜਾ ਕੇ ਲੋਕਾਂ ਨਾਲ ਸੰਪਰਕ ਕੀਤਾ ਜਾ ਰਿਹਾ ਹੈ।ਹਲਕਾ ਘਨੌਰ ਦੇ ਪਿੰਡ ਜਖੜਾ ਵਿਖੇ ਡੋਰ ਟੂ ਡੋਰ ਪ੍ਰਚਾਰ ਸ਼ੁਰੂ ਕਰਦਿਆਂ ਦਲਬੀਰ ਯੂਕੇ ਵੱਲੋਂ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਕੀਤੇ ਗਏ ਕੰਮਾਂ ਤੇ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।ਦਲਬੀਰ ਯੂਕੇ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੰਜਾਬ ਦੇ ਵੱਖ-ਵੱਖ ਵਰਗਾਂ ਨਾਲ ਸਬੰਧਤ ਲੋਕਾਂ ਲਈ ਕੀਤੇ ਗਏ ਕੰਮਾਂ ਨੂੰ 'ਮਾਨ ਦੇ ਮੁਨਾਫ਼ੇ' ਤਹਿਤ ਘਰ-ਘਰ ਪਹੁੰਚਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਮਕਸਦ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਤੇ ਵਿਕਾਸ ਕਾਰਜਾਂ ਬਾਰੇ ਲੋਕਾਂ ਨੂੰ ਜਾਣਕਾਰੀ ਦੇਣਾ ਹੈ।ਇਸ ਮੌਕੇ ਦਲਬੀਰ ਯੂਕੇ ਨੇ ਕਿਹਾ ਕਿ ਹਲਕਾ ਵਾਸੀਆਂ ਦੇ ਵਿਚਾਰ ਤੇ ਮਸਲੇ ਜਾਣਨ ਦਾ ਮੌਕਾ ਮਿਲਿਆ।ਇਸ ਦੌਰਾਨ ਇਲਾਕੇ ਦੇ ਲੋਕਾਂ ਨਾਲ ਪਿਆਰ, ਭਰੋਸੇ ਤੇ ਆਪਣੇਪਣ ਦਾ ਰਿਸ਼ਤਾ ਹੋਰ ਮਜ਼ਬੂਤ ਹੋਇਆ।ਇਸ ਜਨ-ਸੰਪਰਕ ਮੁਹਿੰਮ ਵਿੱਚ ਸਰਪੰਚ ਲਖਵਿੰਦਰ ਸਿੰਘ, ਸੁਰਿੰਦਰ ਸਿੰਘ, ਦਲਬੀਰ ਸਿੰਘ, ਲਾਡੀ ਸਰਪੰਚ, ਕਿਰਤ ਸਰਪੰਚ ਸੇਹਰਾ, ਪ੍ਰਦੀਪ ਗੰਡਾ ਖੇੜੀ ਪੰਚ, ਲੱਕੀ ਗੋਪਾਲਪੁਰ, ਪਰਵਿੰਦਰ ਸਰਪੰਚ ਬਡੌਲੀ, ਗੁਰਨਾਮ ਸਿੰਘ ਬਡੌਲੀ, ਗੁਰਮੀਤ ਸਿੰਘ ਤੇ ਲਖਵਿੰਦਰ ਸਿੰਘ ਸਮੇਤ ਸਾਥੀ ਭਰਾਵਾਂ ਦਾ ਵਿਸ਼ੇਸ਼ ਸਹਿਯੋਗ ਰਿਹਾ।

## ਦਾਜ ਮੰਗਣ ਦੇ ਦੋਸ਼ 'ਚ ਐੱਨ ਆਰ ਆਈ ਪਤੀ ਤੇ ਸੱਸ-ਸਹੁਰੇ ਖ਼ਿਲਾਫ਼ ਕੇਸ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਨੇ ਨੇੜਲੇ ਪਿੰਡ ਰਾਏਪੁਰ ਦੀ ਵਸਨੀਕ ਇੱਕ ਵਿਆਹੁਤਾ ਦੀ ਸ਼ਿਕਾਇਤ 'ਤੇ ਦਾਜ ਮੰਗਣ ਤੇ ਕਥਿਤ ਤੌਰ 'ਤੇ ਤੰਗ-ਪ੍ਰੇਸ਼ਾਨ ਕਰਨ ਦੇ ਦੋਸ਼ ਹੇਠ ਐੱਨ.ਆਰ.ਆਈ. ਪਤੀ ਕਮਲਪ੍ਰੀਤ ਸਿੰਘ, ਉਸ ਦੇ ਪਿਤਾ ਅਵਤਾਰ ਸਿੰਘ ਤੇ ਮਾਤਾ ਮਨਜੀਤ ਕੌਰ ਵਾਸੀ ਰੁੜਕੀ ਖੁਰਦ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਅਰਸ਼ਪ੍ਰੀਤ ਕੌਰ ਨੇ ਦੱਸਿਆ ਕਿ ਉਸ ਦਾ ਵਿਆਹ ਸਾਲ 2024 'ਚ ਕਮਲਪ੍ਰੀਤ ਸਿੰਘ ਨਾਲ ਪੂਰੇ ਰੀਤੀ-ਰਿਵਾਜਾਂ ਅਨੁਸਾਰ ਹੋਇਆ ਸੀ। ਵਿਆਹੁਤਾ ਮੁਤਾਬਕ ਵਿਆਹ ਸਮੇਂ ਉਸ ਦੇ ਮਾਪਿਆਂ ਵੱਲੋਂ ਆਪਣੀ ਸਮਰੱਥਾ ਅਨੁਸਾਰ ਲੱਖਾਂ ਰੁਪਏ ਖਰਚ ਕੀਤੇ ਗਏ ਸਨ। ਸ਼ਿਕਾਇਤਕਰਤਾ ਦੇ ਅਨੁਸਾਰ ਵਿਆਹ ਤੋਂ ਬਾਅਦ ਕੁਝ ਮਹੀਨਿਆਂ ਤੱਕ ਸਭ ਕੁਝ ਠੀਕ ਚੱਲਦਾ ਰਿਹਾ, ਪਰ ਬਾਅਦ ਵਿੱਚ ਉਸ ਦਾ ਪਤੀ, ਸੱਸ, ਸਹੁਰਾ ਤੇ ਹੋਰ ਪਰਿਵਾਰਕ ਮੈਂਬਰ ਕਥਿਤ ਤੌਰ 'ਤੇ ਘੱਟ ਦਾਜ ਲਿਆਉਣ ਨੂੰ ਲੈ ਕੇ ਉਸ ਨੂੰ ਤੰਗ-ਪ੍ਰੇਸ਼ਾਨ ਕਰਨ ਲੱਗ ਪਏ। ਅਰਸ਼ਪ੍ਰੀਤ ਕੌਰ ਨੇ ਦੋਸ਼ ਲਗਾਇਆ ਕਿ ਸਾਲ 2025 ਵਿੱਚ ਉਸ ਦਾ ਪਤੀ ਵਿਦੇਸ਼ ਚਲਾ ਗਿਆ। ਇਸ ਤੋਂ ਬਾਅਦ ਸਹੁਰੇ ਪਰਿਵਾਰ ਵੱਲੋਂ ਕਥਿਤ ਤੌਰ 'ਤੇ ਉਸ ਕੋਲ ਮੌਜੂਦ ਗਹਿਣੇ ਤੇ ਹੋਰ ਦਸਤਾਵੇਜ਼ ਲੈ ਲਏ ਗਏ ਅਤੇ ਉਸ ਨੂੰ ਘਰੋਂ ਬਾਹਰ ਕੱਢ ਦਿੱਤਾ ਗਿਆ। ਇਸ ਤੋਂ ਬਾਅਦ ਉਹ ਆਪਣੀ ਮਾਤਾ ਨਾਲ ਆਪਣੇ ਪੇਕੇ ਪਿੰਡ ਰਾਏਪੁਰ ਵਿਖੇ ਰਹਿਣ ਲੱਗ ਪਈ। ਸ਼ਿਕਾਇਤਕਰਤਾ ਨੇ ਪੁਲਸ ਨੂੰ ਇਹ ਵੀ ਦੱਸਿਆ ਕਿ ਬਾਅਦ ਵਿੱਚ ਉਸ ਨੂੰ ਕਥਿਤ ਤੌਰ 'ਤੇ ਪਤਾ ਲੱਗਾ ਕਿ ਉਸ ਦੇ ਪਤੀ ਨੇ ਪਹਿਲਾਂ ਵੀ ਵਿਦੇਸ਼ ਵਿੱਚ ਵਿਆਹ ਕਰਵਾਇਆ ਹੋਇਆ ਹੈ ਤੇ ਉਸ ਦੇ ਬੱਚੇ ਵੀ ਹਨ। ਪੁਲਸ ਨੇ ਸ਼ਿਕਾਇਤ ਦੀ ਜਾਂਚ ਕਰਨ ਉਪਰੰਤ ਪਤੀ, ਸੱਸ ਤੇ ਸਹੁਰੇ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।

## ਕਾਲਜ ਕੈਂਪਸ 'ਚ ਸਵੱਛਤਾ ਅਭਿਆਨ ਦੌਰਾਨ ਦਿੱਤਾ ਸਫ਼ਾਈ ਦਾ ਸੰਦੇਸ਼

### ਸਾਫ਼-ਸੁਥਰਾ ਵਾਤਾਵਰਨ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਦੈ : ਅਵਤਾਰ ਸਿੰਘ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤੇ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸਰਕਾਰੀ ਕਾਲਜ ਰੌਸ਼ਨਵਾਲਾ (ਭਵਾਨੀਗੜ੍ਹ) ਦੇ ਪ੍ਰਿੰਸੀਪਲ ਪ੍ਰੋ. ਰੋਮੀ ਗਰਗ ਦੀ ਅਗਵਾਈ ਹੇਠ ਕਾਲਜ ਦੇ ਐੱਨ.ਐੱਸ.ਐੱਸ. ਯੂਨਿਟ ਵੱਲੋਂ 1 ਅਕਤੂਬਰ ਨੂੰ ਕਾਲਜ ਕੈਂਪਸ ਵਿਖੇ ਵਿਸ਼ੇਸ਼ ਸਵੱਛਤਾ ਅਭਿਆਨ ਚਲਾਇਆ ਗਿਆ।ਇਸ ਦੌਰਾਨ ਵਿਦਿਆਰਥੀਆਂ ਤੇ ਕਾਲਜ ਦੇ ਸਮੂਹ ਸਟਾਫ਼ ਮੈਂਬਰਾਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਕੈਂਪਸ ਦੀ ਸਫ਼ਾਈ ਕੀਤੀ ਤੇ ਸਵੱਛਤਾ ਦਾ ਸੰਦੇਸ਼ ਦਿੱਤਾ।ਸਵੱਛਤਾ ਅਭਿਆਨ ਦੀ ਸ਼ੁਰੂਆਤ ਐੱਨ.ਐੱਸ.ਐੱਸ. ਨੋਡਲ ਅਫ਼ਸਰ ਸਹਾਇਕ ਪ੍ਰੋਫੈਸਰ ਅਵਤਾਰ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਨ ਉਪਰੰਤ ਕੀਤੀ।ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਨ ਸਾਡੀ ਸਰੀਰਕ ਤੇ ਮਾਨਸਿਕ ਸਿਹਤ ਲਈ ਬੇਹੱਦ ਮਹੱਤਵਪੂਰਨ ਹੈ।ਸਫ਼ਾਈ ਨੂੰ ਸਿਰਫ਼ ਇੱਕ ਦਿਨ ਜਾਂ ਕਿਸੇ ਵਿਸ਼ੇਸ਼ ਮੁਹਿੰਮ ਤੱਕ ਸੀਮਤ ਰੱਖਣ ਦੀ ਬਜਾਏ ਇਸ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਸਵੱਛਤਾ ਅਭਿਆਨ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਜ਼ਿੰਮੇਵਾਰੀ ਤੇ ਸਮਾਜ ਸੇਵਾ ਦੀ ਭਾਵਨਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਅਭਿਆਨ ਦੌਰਾਨ ਵਿਦਿਆਰਥੀਆਂ ਤੇ ਸਟਾਫ਼ ਨੇ ਮਿਲ ਕੇ ਕਾਲਜ ਕੈਂਪਸ ਦੀ ਸਫ਼ਾਈ ਕੀਤੀ। ਅਭਿਆਨ ਦੀ ਸਮਾਪਤੀ ਉਪਰੰਤ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਰਿਫ੍ਰੈਸ਼ਮੈਂਟ ਵੀ ਵੰਡੀ ਗਈ।ਪ੍ਰੋਗਰਾਮ ਦੇ ਅੰਤ ਵਿੱਚ ਕਾਲਜ ਦੇ ਵਾਈਸ ਪ੍ਰਿੰਸੀਪਲ ਅਸ਼ਵਨੀ ਕੁਮਾਰ ਨੇ ਸਵੱਛਤਾ ਅਭਿਆਨ ਨੂੰ ਸਫ਼ਲ ਬਣਾਉਣ ਲਈ ਸਮੂਹ ਸਟਾਫ਼ ਮੈਂਬਰਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

## ਬੰਦੀ ਸਿੰਘਾਂ ਦੀ ਰਿਹਾਈ ਦੇ ਸੰਘਰਸ਼ 'ਚ ਸ਼ੇਰ-ਏ-ਪੰਜਾਬ ਯੂਨੀਅਨ ਨੇ ਕੀਤੀ ਸ਼ਿਰਕਤ



**ਬੱਧਨੀ ਕਲਾਂ (ਲਵਲੀ ਕੁਮਾਰ)**-ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਕੌਮੀ ਇਨਸਾਫ ਮੋਰਚੇ ਦੀ ਹਮਾਇਤ ਵਿੱਚ ਚੱਲ ਰਹੇ ਸੰਘਰਸ਼ ਦੇ ਦੂਜੇ ਦਿਨ ਵੀ ਸ਼ੇਰ-ਏ-ਪੰਜਾਬ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਭੰਗੂ ਤੇ ਮੋਗਾ ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਦੀ ਅਗਵਾਈ ਹੇਠ ਜਥੇਬੰਦੀ ਦੇ ਆਗੂਆਂ ਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਆਗੂਆਂ ਤੇ ਵਰਕਰਾਂ ਨੇ ਕੌਮੀ ਇਨਸਾਫ ਮੋਰਚੇ ਦੀ ਹਮਾਇਤ ਕਰਦਿਆਂ ਆਪਣੀਆਂ ਮੰਗਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ ਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਆਗੂਆਂ ਨੇ ਕਿਹਾ ਕਿ ਕੌਮੀ ਇਨਸਾਫ ਮੋਰਚੇ ਨਾਲ ਸਬੰਧਤ ਮਸਲਿਆਂ ਨੂੰ ਸਰਕਾਰ ਗੰਭੀਰਤਾ ਨਾਲ ਲੈਂਦਿਆਂ ਇਨ੍ਹਾਂ ਦਾ ਢੁੱਕਵਾਂ ਹੱਲ ਕਰੇ।ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਸਮੇਤ ਹੋਰ ਮੰਗਾਂ ਨੂੰ ਲੈ ਕੇ ਜਥੇਬੰਦੀਆਂ ਵੱਲੋਂ ਲੰਮੇ ਸਮੇਂ ਤੋਂ ਆਵਾਜ਼ ਉਠਾਈ ਜਾ ਰਹੀ ਹੈ, ਪਰ ਸਰਕਾਰ ਵੱਲੋਂ ਇਨ੍ਹਾਂ ਮਸਲਿਆਂ ਵੱਲ ਬਣਦਾ ਧਿਆਨ ਨਹੀਂ ਦਿੱਤਾ ਜਾ ਰਿਹਾ।ਇਸ ਕਾਰਨ ਸੰਘਰਸ਼ ਨੂੰ ਅੱਗੇ ਵੀ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ ਹੈ।ਪ੍ਰਦਰਸ਼ਨਕਾਰੀਆਂ ਨੇ ਐਲਾਨ ਕੀਤਾ ਕਿ ਮੰਗਾਂ ਦੀ ਪੂਰਤੀ ਤੱਕ ਸੰਘਰਸ਼ ਜਾਰੀ ਰਹੇਗਾ ਤੇ ਸਰਕਾਰ ਤੱਕ ਆਪਣੀ ਆਵਾਜ਼ ਪਹੁੰਚਾਉਣ ਲਈ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਜਥੇਬੰਦੀ ਦੇ ਆਗੂ ਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

# ਮਾਨ ਸਰਕਾਰ ਨੇ ਪੰਜਾਬ ਦੇ ਹੱਕਾਂ-ਹਿੱਤਾਂ ਦੀ ਕੇਂਦਰ 'ਚ ਪਹਿਰੇਦਾਰੀ ਨਹੀਂ ਕੀਤੀ : ਦਲਿਓ




**ਬੁਢਲਾਡਾ (ਅਸ਼ੋਕ ਲਾਕੜਾ)**
ਇੱਥੇ ਸੀ.ਪੀ.ਆਈ. (ਐੱਮ) ਦੇ ਸੂਬਾਈ ਫੈਸਲੇ ਤਹਿਤ ਮੋਦੀ ਸਰਕਾਰ ਵੱਲੋਂ ਕਿਰਤੀਆਂ ਨੂੰ ਗੁਲਾਮ ਬਣਾਉਣ ਵਾਲੇ ਚਾਰ ਲੇਬਰ ਕੋਡ ਰੱਦ ਕਰਨ, ਵੀ.ਬੀ.(ਜੀ) ਰਾਮ ਜੀ ਯੋਜਨਾ ਰੱਦ ਕਰਕੇ ਮਨਰੇਗਾ ਯੋਜਨਾ ਨੂੰ ਮੁੜ ਤੋਂ ਲਾਗੂ ਕਰਨ, ਮੁਕਤ ਵਪਾਰ ਸਮਝੌਤੇ ਰੱਦ ਕਰਨ, ਖੇਤੀ ਫਸਲਾਂ ਲਈ ਐੱਮ.ਐੱਸ.ਪੀ. ਦੀ ਕਾਨੂੰਨੀ ਗਰੰਟੀ ਲਾਗੂ ਕਰਨ ਤੇ ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਮਾਫ ਕਰਨ ਤੇ ਪੰਜਾਬ ਸਰਕਾਰ ਨਾਲ ਸਬੰਧਤ ਮੰਗਾਂ ਦੇ ਹੱਲ ਸਬੰਧੀ ਮੁੱਖ ਮੰਤਰੀ ਪੰਜਾਬ ਨੂੰ ਬੁਢਲਾਡਾ ਹਲਕੇ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦੇ ਰਾਹੀਂ ਮੰਗ ਪੱਤਰ ਭੇਜਿਆ ਗਿਆ।

ਇਸ ਮੌਕੇ ਸੀਪੀਆਈ (ਐੱਮ) ਦੇ ਸੂਬਾ ਸਕੱਤਰੇਤ ਮੈਂਬਰ ਤੇ ਜ਼ਿਲ੍ਹਾ ਮਾਨਸਾ ਦੇ ਜ਼ਿਲ੍ਹਾ ਸਕੱਤਰ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਿਰਤੀਆਂ ਤੇ ਕਿਸਾਨਾਂ ਦੀ ਲੁੱਟ ਖਸੁੱਟ ਦੇ ਸਬੰਧ ਵਿੱਚ ਅਨੇਕਾਂ ਗਲਤ ਫੈਸਲੇ ਕੀਤੇ ਗਏ ਹਨ।ਉਨ੍ਹਾਂ ਮੰਗ ਕੀਤੀ ਕਿ ਕੇਰਲਾ ਦੀ ਪਿਨਾਰਾਇ ਵਿਜੀਅਨ ਦੀ ਅਗਵਾਈ ਵਾਲੀ ਪਿਛਲੀ ਐੱਲ.ਡੀ.ਐੱਫ. ਸਰਕਾਰ ਦੀ ਤਰਜ਼ 'ਤੇ ਜਸਟਿਸ ਗੋਪਾਲ ਗੌੜਾ ਦੀ ਅਗਵਾਈ ਵਾਲੇ ਕਮਿਸ਼ਨ ਦੀਆਂ ਕਿਰਤ ਕਾਨੂੰਨਾਂ ਬਾਰੇ ਸਿਫਾਰਸ਼ਾਂ ਤੇ ਸੋਧਾਂ ਨੂੰ ਪੰਜਾਬ ਸਰਕਾਰ ਨੂੰ ਵੀ ਪੰਜਾਬ ਵਿੱਚ ਲਾਗੂ ਕਰਨਾ ਚਾਹੀਦਾ ਹੈ।ਕਮਿਊਨਿਸਟ ਆਗੂ ਨੇ ਮੰਗ ਕੀਤੀ ਕਿ ਪੰਜਾਬ ਦੇ ਭੱਖਦੇ ਮਸਲੇ ਚੰਡੀਗੜ੍ਹ ਪੰਜਾਬ ਨੂੰ ਦੇਣ, ਦਰਿਆਈ ਪਾਣੀਆਂ ਦੀ ਨਿਆਂਇਕ ਵੰਡ ਕਰਨ, ਭਾਖੜਾ-ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦੀ ਹਿੱਸੇਦਾਰੀ ਦੀ ਬਹਾਲੀ ਆਦਿ ਸਮੇਤ ਪੰਜਾਬ ਦੇ ਸਾਰੇ ਭੱਖਦੇ ਮਸਲਿਆਂ ਨੂੰ ਫੌਰੀ ਤੌਰ 'ਤੇ ਹੱਲ ਕੀਤਾ ਜਾਵੇ।ਉਕਤ ਆਗੂ ਨੇ ਇਹ ਵੀ ਮੰਗ ਕੀਤੀ ਕਿ ਮਹਿੰਗਾਈ ਨੂੰ ਨੱਥ ਪਾਈ ਜਾਵੇ, ਡੀਜ਼ਲ, ਪੈਟਰੋਲ ਤੇ ਰਸੋਈ ਗੈਸ ਖਾਦਾਂ ਤੇ ਕੀਟਨਾਸ਼ਕ ਦਵਾਈਆਂ ਵਿੱਚ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ।ਐਡਵੋਕੇਟ ਦਲਿਓ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ ਹੱਕਾਂ ਹਿੱਤਾਂ ਸਬੰਧੀ ਦੀ ਕੇਂਦਰ ਸਰਕਾਰ ਕੋਲ ਪਹਿਰੇਦਾਰੀ ਨਹੀਂ ਕੀਤੀ, ਨਾ ਹੀ ਕਦੇ ਪੰਜਾਬ ਦੇ ਲੰਬੇ ਸਮੇਂ ਤੋਂ ਲਟਕਦੇ ਮੰਗਾਂ-ਮਸਲਿਆਂ ਦੇ ਹੱਲ ਲਈ ਆਵਾਜ਼ ਉਠਾਈ ਹੈ।ਕਮਿਊਨਿਸਟ ਆਗੂ ਨੇ ਰੇਤਾ-ਬਜਰੀ ਦੀ ਕਾਲਾਬਜ਼ਾਰੀ ਤੇ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਫੌਰੀ ਪ੍ਰਭਾਵੀ ਕਦਮ ਉਠਾਉਣ ਦੀ ਵੀ ਮੰਗ ਕੀਤੀ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਬੁਢਾਪਾ, ਵਿਧਵਾ, ਅੰਗਹੀਣ ਸਮੇਤ ਕਿਸਾਨਾਂ-ਮਜ਼ਦੂਰਾਂ ਨੂੰ 10 ਹਜ਼ਾਰ ਰੁਪਏ ਪੈਨਸ਼ਨ ਦਿੱਤੀ ਜਾਵੇ।

ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਕਾਮਰੇਡ ਸੰਤ ਰਾਮ ਬੀਰੋਕੇ, ਕਾਮਰੇਡ ਨਛੱਤਰ ਸਿੰਘ ਢੈਪਈ, ਕਾਮਰੇਡ ਜਸਵੰਤ ਸਿੰਘ ਬੀਰੋਕੇ, ਕਾਮਰੇਡ ਜਗਸੀਰ ਸਿੰਘ ਜੱਗਾ ਬਰੇਟਾ, ਕਾਮਰੇਡ ਹਰਜਿੰਦਰ ਸਿੰਘ ਬਰੇਟਾ, ਨੌਜਵਾਨ ਆਗੂ ਬਿੰਦਰ ਸਿੰਘ, ਕਾਮਰੇਡ ਰੂਪਾ ਸਿੰਘ, ਕਾਮਰੇਡ ਭੋਲਾ ਸਿੰਘ ਬਰੇਟਾ, ਕਾਮਰੇਡ ਜਸਵਿੰਦਰ ਸਿੰਘ ਮੋਮਨੀ, ਕਾਮਰੇਡ ਗੁਰਜੰਟ ਸਿੰਘ ਚੱਕ ਭਾਈਕੇ, ਕਾਮਰੇਡ ਰਾਜਪਾਲ ਸਿੰਘ ਬਰੇਟਾ, ਕਾਮਰੇਡ ਰਾਜ ਸਿੰਘ, ਕਾਮਰੇਡ ਹਾਕਮ ਸਿੰਘ ਚੱਕ ਭਾਈਕੇ ਆਦਿ ਆਗੂ ਹਾਜ਼ਰ ਸਨ।

## ਭਰਾਜ ਨੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਭਵਾਨੀਗੜ੍ਹ (ਰਾਜ ਖੁਰਮੀ)**-ਝੋਨੇ ਦੀ ਖਰੀਦ ਦੇ ਸੀਜ਼ਨ ਦੀ ਸ਼ੁਰੂਆਤ ਦੇ ਮੱਦੇਨਜ਼ਰ ਵਿਧਾਨ ਸਭਾ ਹਲਕਾ ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਸੰਗਰੂਰ ਤੇ ਭਵਾਨੀਗੜ੍ਹ ਦੀਆਂ ਅਨਾਜ ਮੰਡੀਆਂ ਦਾ ਦੌਰਾ ਕਰਕੇ ਝੋਨੇ ਦੀ ਖਰੀਦ ਦੀ ਸ਼ੁਰੂਆਤ ਕਰਵਾਈ।ਇਸ ਦੌਰਾਨ ਉਨ੍ਹਾਂ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਕਿਸਾਨਾਂ, ਆੜ੍ਹਤੀਆਂ ਤੇ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਵੀ ਕੀਤੀ।ਉਨ੍ਹਾਂ ਅਧਿਕਾਰੀਆਂ ਨੂੰ ਸਪੱਸ਼ਟ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਝੋਨੇ ਦੀ ਆਮਦ ਦੇ ਨਾਲ ਹੀ ਖਰੀਦ ਤੇ ਲਿਫ਼ਟਿੰਗ ਦੀ ਪ੍ਰਕਿਰਿਆ ਨੂੰ ਵੀ ਤੇਜ਼ੀ ਨਾਲ ਜਾਰੀ ਰੱਖਿਆ ਜਾਵੇ, ਤਾਂ ਜੋ ਮੰਡੀਆਂ ਵਿੱਚ ਫ਼ਸਲ ਦੇ ਢੇਰ ਨਾ ਲੱਗਣ ਤੇ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਲੰਮਾ ਸਮਾਂ ਉਡੀਕ ਨਾ ਕਰਨੀ ਪਵੇ।ਉਨ੍ਹਾਂ ਕਿਹਾ ਕਿ ਖਰੀਦ ਏਜੰਸੀਆਂ ਤੇ ਮਾਰਕੀਟ ਕਮੇਟੀਆਂ ਦੇ ਅਧਿਕਾਰੀ ਆਪਸੀ ਤਾਲਮੇਲ ਨਾਲ ਕੰਮ ਕਰਨ ਤੇ ਖਰੀਦ ਪ੍ਰਬੰਧਾਂ ਦੀ ਨਿਯਮਤ ਨਿਗਰਾਨੀ ਕੀਤੀ ਜਾਵੇ।ਇਸ ਦੌਰਾਨ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਨੇ ਉਨ੍ਹਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਤੇ ਸਾਫ਼ ਝੋਨਾ ਹੀ ਲੈ ਕੇ ਆਉਣ, ਜਿਸ ਨਾਲ ਖਰੀਦ ਪ੍ਰਕਿਰਿਆ ਨੂੰ ਤੇਜ਼ ਕਰਨ ਵਿੱਚ ਮਦਦ ਮਿਲੇਗੀ।ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਸੰਗਰੂਰ ਦੇ ਪ੍ਰਧਾਨ ਸੁਖਵਿੰਦਰ ਸਿੰਘ ਮਾਨ, ਮਾਰਕੀਟ ਕਮੇਟੀ ਭਵਾਨੀਗੜ੍ਹ ਦੇ ਚੇਅਰਮੈਨ ਪ੍ਰਦੀਪ ਮਿੱਤਲ, ਨਗਰ ਕੌਂਸਲ ਭਵਾਨੀਗੜ੍ਹ ਦੇ ਪਰਦੀਪ ਸਿੰਗਲਾ, ਕੌਂਸਲਰ ਕ੍ਰਿਸ਼ਨ ਲਾਲ ਵਿੱਕੀ, ਬੀਟਾ ਪ੍ਰਧਾਨ ਸਮੇਤ ਹੋਰ ਪਤਵੰਤੇ ਤੇ ਸਬੰਧਤ ਅਧਿਕਾਰੀ ਹਾਜ਼ਰ ਸਨ।

## ਹਲਕਾ ਸਨੌਰ ਦੇ ਦਰਜਨਾਂ ਪਰਵਾਰ 'ਆਪ' 'ਚ ਸ਼ਾਮਲ

### ਲੋਕ ਸਿਰਫ਼ ਕੰਮ ਤੇ ਇਮਾਨਦਾਰੀ ਦੀ ਰਾਜਨੀਤੀ ਚਾਹੁੰਦੇ : ਰਣਜੋਧ ਹਡਾਣਾ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਾਨ ਸਰਕਾਰ ਦੀਆਂ ਵਿਕਾਸ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਮਹਿਮੂਦਪੁਰ ਅਰਾਈਆਂ ਵਿਖੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਰਹਿਨੁਮਾਈ ਅਤੇ ਸਾਹਿਲ ਤੇ ਰਵੀ ਪ੍ਰਧਾਨ ਦੀ ਅਗਵਾਈ ਹੇਠ ਦਰਜਨਾਂ ਪਰਵਾਰਾਂ ਨੇ ਰਵਾਇਤੀ ਧਿਰਾਂ ਨੂੰ ਛੱਡ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ, ਜਿਨ੍ਹਾਂ ਦਾ ਹਲਕਾ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਨੇ ਪਾਰਟੀ ਦਾ ਮਫਲਰ ਤੇ ਸਿਰੋਪਾਓ ਪਾ ਕੇ ਨਿੱਘਾ ਸਵਾਗਤ ਕੀਤਾ।ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ, ਮੈਂਬਰ ਬਲਾਕ ਸੰਮਤੀ ਗੁਰਿੰਦਰਪਾਲ ਸਿੰਘ ਅਦਾਲਤੀਵਾਲਾ ਤੇ ਆਪ ਆਗੂ ਹਰਪਿੰਦਰ ਚੀਮਾ, ਪ੍ਰਿੰਸੀਪਲ ਕਰਮ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸ਼ਾਮਲ ਹੋਣ ਵਾਲਿਆਂ ਵਿਕਰਮ ਗੱਟਾ, ਪ੍ਰਿੰਸ, ਅਮਰ, ਅਸ਼ੋਕ, ਰਾਜੂ ਕਰਿਆਣਾ, ਅੰਕਿਤ, ਸੰਤੋਸ਼, ਰਮੇਸ਼, ਨਾਰਾਇਣ, ਸ਼ਿਵ ਕੁਮਾਰ, ਜਗਦੀਸ਼ ਤੇ ਪ੍ਰੇਮ ਸਮੇਤ ਸਮੂਹ ਸਾਥੀ ਰਵਾਇਤੀ ਧਿਰਾਂ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਰਵਾਇਤੀ ਪਾਰਟੀਆਂ ਦੀ ਲਾਰਾ-ਲਾਊ ਰਾਜਨੀਤੀ ਤੋਂ ਅੱਕ ਚੁੱਕੇ ਲੋਕਾਂ ਦਾ ਸਾਡੇ ਕਾਫ਼ਲੇ ਨਾਲ ਲਗਾਤਾਰ ਜੁੜਨਾ ਇਸ ਗੱਲ ਦਾ ਪ੍ਰਤੱਖ ਸਬੂਤ ਹੈ ਕਿ ਪੰਜਾਬ ਦੀ ਜਨਤਾ ਸਿਰਫ਼ ਤੇ ਸਿਰਫ਼ ਕੰਮ ਅਤੇ ਇਮਾਨਦਾਰੀ ਦੀ ਰਾਜਨੀਤੀ ਚਾਹੁੰਦੀ ਹੈ।ਉਨ੍ਹਾਂ ਨਵੇਂ ਸ਼ਾਮਲ ਹੋਏ ਸਾਥੀਆਂ ਨੂੰ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਮਿਲੇਗਾ ਤੇ ਪਿੰਡ ਦੇ ਸਰਬਪੱਖੀ ਵਿਕਾਸ ਲਈ ਫ਼ੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਨਵੇਂ ਸ਼ਾਮਲ ਹੋਏ ਮੈਂਬਰਾਂ ਨੇ ਮਾਨ ਸਰਕਾਰ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਦਾ ਅਹਿਦ ਲਿਆ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮੈਡੀਕਲ ਚੈੱਕਅੱਪ ਕੈਂਪ

**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵੱਲੋਂ ਮਾਨਯੋਗ ਜੱਜ ਸ੍ਰੀ ਅਸ਼ੋਕ ਕੁਮਾਰ ਚੌਹਾਨ ਸੀ.ਜੇ.ਐੱਮ.-ਕਮ-ਸੈਕਟਰੀ (ਐਡੀਸ਼ਨਲ ਚਾਰਜ) ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਮਾਨਯੋਗ ਸ੍ਰੀ ਮਨਦੀਪ ਸਿੰਘ, ਐੱਸ.ਡੀ.ਜੇ.ਐੱਮ. ਸਮਾਣਾ ਦੀ ਅਗਵਾਈ ਹੇਠ ਸ੍ਰੀ ਹਰੀ ਚੰਦ ਪਿੰਗਲਾ ਆਸ਼ਰਮ ਸਮਾਣਾ ਵਿਖੇ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਦੇ ਸਬੰਧ ਵਿੱਚ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਪਿੰਗਲਵਾੜਾ ਆਸ਼ਰਮ ਦੇ ਸਕੱਤਰ ਡਾ. ਸ਼ਾਮ ਲਾਲ ਖੁਰਾਨਾ ਦੀ ਦੇਖ-ਰੇਖ ਹੇਠ ਡਾ. ਜਿਤੇਨ ਡਾਹਰਾ ਤੇ ਉਨ੍ਹਾਂ ਦੀ ਮੈਡੀਕਲ ਟੀਮ ਵੱਲੋਂ ਆਸ਼ਰਮ ਵਿੱਚ ਰਹਿ ਰਹੇ ਮਰੀਜ਼ਾਂ ਦੀ ਸਿਹਤ ਦੀ ਜਾਂਚ ਕੀਤੀ ਗਈ।ਇਸ ਮੌਕੇ ਕਰੀਬ 27 ਮਰੀਜ਼ਾਂ ਦਾ ਮੈਡੀਕਲ ਚੈੱਕਅਪ ਕੀਤਾ ਗਿਆ ਤੇ ਲੋੜ ਅਨੁਸਾਰ ਉਨ੍ਹਾਂ ਨੂੰ ਇਲਾਜ ਤੇ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ।ਇਸ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵੱਲੋਂ ਐਡਵੋਕੇਟ ਸ੍ਰੀ ਗੁਰਵਿੰਦਰ ਸਿੰਘ ਗੋਲਨ, ਲੀਗਲ ਵਲੰਟੀਅਰ ਸ੍ਰੀ ਰਿਸ਼ੀ ਪਾਲ, ਸ੍ਰੀ ਵਕੀਲ ਚੰਦ ਤੇ ਮੋਨਿਕਾ ਪਹੂਜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਕੈਂਪ ਦੌਰਾਨ ਡਾ. ਜਿਤੇਨ ਡਾਹਰਾ, ਐਡਵੋਕੇਟ ਗੁਰਵਿੰਦਰ ਸਿੰਘ ਗੋਲਨ, ਰਿਸ਼ੀ ਪਾਲ, ਵਕੀਲ ਚੰਦ ਤੇ ਮੋਨਿਕਾ ਪਹੂਜਾ ਨੇ ਮਰੀਜ਼ਾਂ ਤੇ ਆਸ਼ਰਮ ਪ੍ਰਬੰਧਕਾਂ ਨਾਲ ਮਿਲ ਕੇ ਸੇਵਾ ਕਾਰਜ ਵਿੱਚ ਸਹਿਯੋਗ ਦਿੱਤਾ।



## ਰਾਜਾ ਵੜਿੰਗ ਦੇ ਸਮਰਥਕ ਦੁਚਿੱਤੀ 'ਚ

**ਮਲੋਟ (ਰਜਿੰਦਰ ਜੁਨੇਜਾ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਕਮਾਨ ਓਲੰਪੀਅਨ ਤੇ ਵਿਧਾਇਕ ਪ੍ਰਗਟ ਸਿੰਘ ਨੂੰ ਸੌਂਪੇ ਜਾਣ ਤੋਂ ਬਾਅਦ ਜਿੱਥੇ ਸੂਬੇ ਭਰ ਵਿੱਚ ਨਵੇਂ ਸਿਆਸੀ ਸਮੀਕਰਨ ਬਣਨੇ ਸ਼ੁਰੂ ਹੋ ਗਏ ਹਨ, ਉੱਥੇ ਹੀ ਸਾਬਕਾ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਜੱਦੀ ਜ਼ਿਲ੍ਹੇ ਸ੍ਰੀ ਮੁਕਤਸਰ ਸਾਹਿਬ ਵਿੱਚ ਕਾਂਗਰਸੀ ਖੇਮੇ ਅੰਦਰ ਇੱਕ ਅਜੀਬ ਦੋਚਿੱਤੀ ਤੇ ਭੇਦਭਰੀ ਚੁੱਪੀ ਪਸਰੀ ਨਜ਼ਰ ਆ ਰਹੀ ਹੈ।ਆਮ ਤੌਰ 'ਤੇ ਪਾਰਟੀ ਵਿੱਚ ਕਿਸੇ ਨਵੀਂ ਨਿਯੁਕਤੀ ਤੋਂ ਬਾਅਦ ਚੌਕਾਂ-ਚੌਰਾਹਿਆਂ 'ਤੇ ਵਧਾਈਆਂ ਵਾਲੇ ਫਲੈਕਸ ਬੋਰਡ, ਸੋਸ਼ਲ ਮੀਡੀਆ ਪੋਸਟਾਂ ਅਤੇ ਬਿਆਨਬਾਜ਼ੀ ਦਾ ਹੜ੍ਹ ਆ ਜਾਂਦਾ ਹੈ ਪਰ ਇਸ ਵਾਰ ਰਾਜਾ ਵੜਿੰਗ ਦੇ ਗ੍ਰਹਿ ਜ਼ਿਲ੍ਹੇ ਵਿੱਚ ਨਜ਼ਾਰਾ ਬਿਲਕੁਲ ਉਲਟ ਹੈ। ਜ਼ਿਲ੍ਹੇ ਦੇ ਕਾਂਗਰਸੀ ਆਗੂ ਤੇ ਵਰਕਰ ਆਪਣੇ ਪੁਰਾਣੇ ਬੌਸ ਰਾਜਾ ਵੜਿੰਗ ਦੇ ਅਗਲੇ ਸਿਆਸੀ ਰੁਖ਼ ਨੂੰ ਬੜੀ ਬਾਰੀਕੀ ਨਾਲ ਵਾਚ ਰਹੇ ਹਨ।ਹਾਲਾਂ ਕਿ ਜ਼ਿਲ੍ਹਾ ਕਾਂਗਰਸ ਕਮੇਟੀ ਮੁਕਤਸਰ ਦੇ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ ਅਤੇ ਮਲੋਟ ਕਾਂਗਰਸ ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਾ ਨੇ ਪ੍ਰਗਟ ਸਿੰਘ ਦੀ ਇਸ ਨਵੀਂ ਜ਼ਿੰਮੇਵਾਰੀ 'ਤੇ ਰਸਮੀ ਤੌਰ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਹੈ, ਪਰ ਦੋਵੇਂ ਆਗੂ ਇਸ ਮੁੱਦੇ 'ਤੇ ਖੁੱਲ੍ਹ ਕੇ ਕੁਝ ਵੀ ਬੋਲਣ ਤੋਂ ਗੁਰੇਜ਼ ਕਰਦੇ ਦਿਖਾਈ ਦਿੱਤੇ।ਦੂਜੇ ਪਾਸੇ, ਬਲਾਕ ਮਲੋਟ ਸਮੇਤ ਸਮੁੱਚੇ ਜ਼ਿਲ੍ਹੇ ਦੇ ਆਮ ਵਰਕਰ ਵੀ ਕਾਫ਼ੀ ਅਸਮੰਜਸ ਵਾਲੀ ਸਥਿਤੀ ਵਿੱਚ ਹਨ।

# ਪ੍ਰਿੰਸੀਪਲ ਇੰਦਰਜੀਤ ਸਿੰਘ ਦਾ ਸੇਵਾ-ਮੁਕਤੀ 'ਤੇ ਸਨਮਾਨ



**ਰਾਏਕੋਟ (ਸੰਤੋਖ ਗਿੱਲ)**
ਗੁਰੂ ਹਰਿਗੋਬਿੰਦ ਖ਼ਾਲਸਾ ਕਾਲਜ ਗੁਰੂਸਰ ਸੁਧਾਰ ਵਿੱਚ ਭੌਤਿਕ ਵਿਗਿਆਨ ਵਿਭਾਗ ਵਿੱਚ 34 ਸਾਲ ਤੋਂ ਵੱਧ ਸਮੇਂ ਤੱਕ ਸਮਰਪਤ ਤੇ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਅਤੇ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਵਜੋਂ ਸੰਸਥਾ ਦੀ ਅਗਵਾਈ ਕਰਨ ਵਾਲੇ ਪ੍ਰੋ. ਇੰਦਰਜੀਤ ਸਿੰਘ ਆਪਣੀ ਲੰਬੀ ਤੇ ਮਾਣਮੱਤੀ ਸੇਵਾ ਤੋਂ ਬਾਅਦ ਸੇਵਾ-ਮੁਕਤ ਹੋ ਗਏ ਹਨ।ਇਸ ਮੌਕੇ ਕਾਲਜ ਮੈਨੇਜਮੈਂਟ, ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਨੂੰ ਪ੍ਰਸੰਸਾ ਪੱਤਰ ਤੇ ਸਨਮਾਨ-ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਵੱਖ-ਵੱਖ ਬੁਲਾਰਿਆਂ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰੋ. ਇੰਦਰਜੀਤ ਸਿੰਘ ਨੇ ਅਕਾਦਮਿਕ ਮਿਆਰ, ਅਨੁਸ਼ਾਸਨ, ਪ੍ਰਸ਼ਾਸਨਿਕ ਕੁਸ਼ਲਤਾ ਤੇ ਸੰਸਥਾ ਦੇ ਹਿੱਤਾਂ ਨੂੰ ਹਮੇਸ਼ਾ ਪਹਿਲ ਦਿੱਤੀ।ਉਨ੍ਹਾਂ ਦੀ ਕਾਰਜਸ਼ੈਲੀ ਵਿੱਚ ਸਾਦਗੀ, ਅਨੁਸ਼ਾਸਨ, ਸਹਿਯੋਗੀ ਭਾਵਨਾ ਤੇ ਸੰਸਥਾ ਪ੍ਰਤੀ ਸਮਰਪਣ ਵਿਸ਼ੇਸ਼ ਗੁਣ ਰਹੇ।ਇਸ ਮੌਕੇ ਉਨ੍ਹਾਂ ਦੀ ਪਤਨੀ ਸਤਿੰਦਰ ਕੌਰ ਸਮੇਤ ਹੋਰ ਪਰਿਵਾਰਕ ਮੈਂਬਰ ਵੀ ਮੌਜੂਦ ਸਨ।ਇਸ ਮੌਕੇ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਮਨਜੀਤ ਸਿੰਘ ਗਿੱਲ, ਸਕੱਤਰ ਡਾ. ਐੱਸ ਐੱਸ ਥਿੰਦ, ਪ੍ਰੋ. ਬਾਵਾ ਸਿੰਘ ਸਾਬਕਾ ਵਾਈਸ-ਚੇਅਰਮੈਨ ਘੱਟ ਗਿਣਤੀ ਕਮਿਸ਼ਨ, ਪ੍ਰੋ. ਮੁਕੇਸ਼ ਅਰੋੜਾ ਸੈਨੇਟਰ, ਪ੍ਰਿੰਸੀਪਲ ਦੀਪਕ, ਪ੍ਰਿੰਸੀਪਲ ਡਾ. ਪ੍ਰਗਟ ਸਿੰਘ ਗਰਚਾ, ਫਾਰਮੇਸੀ ਕਾਲਜ ਦੀ ਪ੍ਰਿੰਸੀਪਲ ਡਾ. ਸਤਵਿੰਦਰ ਕੌਰ, ਪ੍ਰਿੰਸੀਪਲ ਵਿਨੋਦ ਕੁਮਾਰ, ਪ੍ਰੋ. ਮੇਜਰ ਸਿੰਘ, ਪ੍ਰੋ. ਜਸਬਿੰਦਰ ਕੌਰ, ਬੂਟਾ ਸਿੰਘ ਤੇ ਰਣਜੀਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਪ੍ਰੋ. ਇੰਦਰਜੀਤ ਸਿੰਘ ਦੀਆਂ ਪ੍ਰਾਪਤੀਆਂ ਤੇ ਸੰਸਥਾ ਪ੍ਰਤੀ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ।ਪ੍ਰਿੰਸੀਪਲ ਮਨਜੀਤ ਸਿੰਘ ਖੱਟੜਾ ਤੇ ਪ੍ਰੋ. ਹਰਪ੍ਰੀਤ ਕੌਰ ਟਿਵਾਣਾ ਸਮੇਤ ਹੋਰਨਾਂ ਵੱਲੋਂ ਸ਼ੁਭ-ਕਾਮਨਾਵਾਂ ਦੇ ਸੰਦੇਸ਼ ਵੀ ਮਿਲੇ।ਪ੍ਰੋ. ਇੰਦਰਜੀਤ ਸਿੰਘ ਨੇ ਕਾਲਜ ਮੈਨੇਜਮੈਂਟ, ਸਹਿਕਰਮੀਆਂ, ਵਿਦਿਆਰਥੀਆਂ ਵੱਲੋਂ ਮਿਲੇ ਪਿਆਰ, ਸਤਿਕਾਰ ਤੇ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ।ਕਾਲਜ ਵੱਲੋਂ ਅਨੇਕ ਸਨਮਾਨ-ਚਿੰਨ੍ਹ ਭੇਟ ਕੀਤੇ ਗਏ।

## ਦਸਤਾਵੇਜ਼ੀ ਫਿਲਮ ਦਿਖਾਉਣ ਦਾ ਸਿਲਸਿਲਾ ਜਾਰੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਬੀਤੇ ਦਿਨੀ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਤਰਖਾਣਵਾਲਾ, ਕੁਰਾਈਵਾਲਾ ਤੇ ਕਰਨੀਵਾਲਾ ਵਿਖੇ ਪੁੱਜੀ।ਇਸ ਮੌਕੇ ਇਨ੍ਹਾਂ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਤੇ ਬਜ਼ੁਰਗਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਇਸ ਮੌਕੇ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਬਾਣੀ, ਸਮਾਜਿਕ ਬਰਾਬਰੀ, ਆਪਸੀ ਸਦਭਾਵਨਾ ਤੇ ਉਚ-ਨੀਚ ਦੇ ਭੇਦਭਾਵ ਨੂੰ ਖਤਮ ਕਰਨ ਦੇ ਮਹਾਨ ਸੰਦੇਸ਼ 'ਤੇ ਅਧਾਰਤ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ।ਦਸਤਾਵੇਜ਼ੀ ਫਿਲਮ ਰਾਹੀਂ ਹਾਜ਼ਰ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ ਤੇ ਮਨੁੱਖਤਾ ਦੇ ਭਲੇ ਲਈ ਦਿੱਤੇ ਅਮੁੱਲੇ ਸੰਦੇਸ਼ਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਹਾਜ਼ਰ ਦਰਸ਼ਕਾਂ ਨੇ ਡਾਕੂਮੈਂਟਰੀ ਸ਼ੋਅ ਨੂੰ ਬਹੁਤ ਸ਼ਰਧਾ ਤੇ ਰੁਚੀ ਨਾਲ ਦੇਖਿਆ ਤੇ ਗੁਰੂ ਸਾਹਿਬ ਵੱਲੋਂ ਦਰਸਾਏ ਸਮਾਨਤਾ, ਭਾਈਚਾਰੇ ਤੇ ਮਨੁੱਖੀ ਏਕਤਾ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਲਿਆ।

## ਹਰਬੰਸ ਸਿੰਘ ਭਰੋਵਾਲ ਕਲਾਂ ਨੂੰ ਸ਼ਰਧਾਂਜਲੀ ਭੇਟ



**ਲੁਧਿਆਣਾ (ਸਤੀਸ਼ ਸਚਦੇਵਾ)**-ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ (ਰਜਿ:) ਜ਼ਿਲ੍ਹਾ ਲੁਧਿਆਣਾ ਦੀ ਜ਼ਿਲ੍ਹਾ ਕਾਰਜਕਾਰੀ ਕਮੇਟੀ ਦੀ ਇੱਕ ਵਿਸ਼ੇਸ਼ ਸੋਗ ਮੀਟਿੰਗ ਇੱਥੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਸਮੂਹ ਆਗੂਆਂ ਤੇ ਵਰਕਰਾਂ ਨੇ 2 ਮਿੰਟ ਖੜ੍ਹੇ ਹੋ ਕੇ ਤੇ ਮੋਨ ਧਾਰ ਕੇ ਇਨਕਲਾਬੀ ਜਮਹੂਰੀ ਲਹਿਰ ਦੇ ਆਗੂ ਤੇ 'ਸਰੋਕਾਰਾਂ ਦੀ ਆਵਾਜ਼' ਦੇ ਸੰਪਾਦਕ ਹਰਬੰਸ ਸਿੰਘ ਭਰੋਵਾਲ ਕਲਾਂ (ਕੈਨੇਡਾ) ਦੇ ਬਰੈਂਪਟਨ ਵਿਖੇ ਅਚਾਨਕ ਸਦੀਵੀ ਵਿਛੋੜੇ ਉੱਪਰ ਪੀੜਤ ਪਰਿਵਾਰਜਨਾਂ, ਇਨਕਲਾਬੀ ਰਸਾਲੇ ਦੇ ਸਮੂਹ ਸਟਾਫ ਤੇ ਕੈਨੇਡੀਅਨ ਲਹਿਰ ਦੇ ਸਾਥੀਆਂ ਨਾਲ ਡੂੰਘੇ ਦੁੱਖ ਤੇ ਤਹਿ ਦਿਲੋਂ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।ਮੀਟਿੰਗ 'ਚ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਜ਼ਿਲ੍ਹਾ ਖਜ਼ਾਨਚੀ ਅਮਰੀਕ ਸਿੰਘ ਤਲਵੰਡੀ, ਜਥੇਦਾਰ ਗੁਰਮੇਲ ਸਿੰਘ ਢੱਟ, ਜਸਵੰਤ ਸਿੰਘ ਮਾਨ, ਰਣਜੀਤ ਸਿੰਘ ਗੁੜੇ, ਨਿਰਭੈ ਸਿੰਘ ਤਲਵੰਡੀ ਤੇ ਕੁਲਦੀਪ ਸਿੰਘ ਸਵੱਦੀ, ਅਮਰਜੀਤ ਸਿੰਘ ਖੰਜਰਵਾਲ, ਗੁਰਚਰਨ ਸਿੰਘ ਮੰਡਿਆਣੀ, ਲਛਮਣ ਸਿੰਘ ਸਿੱਧਵਾਂ, ਮਨਜੀਤ ਸਿੰਘ ਸਿੱਧਵਾਂ, ਸਰਵਿੰਦਰ ਸਿੰਘ ਸੁਧਾਰ ਉਚੇਚੇ ਤੌਰ 'ਤੇ ਹਾਜ਼ਰ ਸਨ।

# ਸ੍ਰੀਮਦ ਭਾਗਵਤ ਕਥਾ ਦੇ ਸੰਬੰਧ ਵਿੱਚ ਕੱਢੀ ਗਈ ਕਲਸ਼ ਯਾਤਰਾ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ /ਪੂਜਾ) - ਸ੍ਰੀਮਦ ਭਾਗਵਤ ਕਥਾ ਸੁਸਾਇਟੀ ਵੱਲੋਂ ਅਜਮੇਰ ਪੈਲੇਸ ਵਿੱਚ 11 ਅਕਤੂਬਰ ਤੱਕ ਸ੍ਰੀਮਦ ਭਾਗਵਤ ਕਥਾ ਦਾ ਆਯੋਜਨ ਹੋਵੇਗਾ। ਇਸ ਸਬੰਧ ਵਿੱਚ ਸੁਸਾਇਟੀ ਵੱਲੋਂ ਰਾਮਬਾਗ ਬਾਜ਼ਾਰ ਸਥਿਤ ਸ੍ਰੀ ਦੁਰਗਾ ਮੰਦਰੀ ਗੀਤਾ ਭਵਨ ਤੋਂ ਕਲਸ਼ ਯਾਤਰਾ ਕੱਢੀ ਗਈ। ਇਸ ਵਿੱਚ 301 ਔਰਤਾਂ ਨੇ ਸਿਰ 'ਤੇ ਕਲਸ਼ ਧਾਰਨ ਕੀਤੇ ਜਦ ਕਿ ਸ਼ਰਧਾਲੂ ਹੱਥਾਂ ਵਿੱਚ ਧਵਜ ਲੈ ਕੇ ਚੱਲ ਰਹੇ ਸਨ। ਇਸ ਦੇ ਨਾਲ ਹੀ ਅਜਮੇਰ ਪੈਲੇਸ ਵਿੱਚ ਸ੍ਰੀਮਦ ਭਾਗਵਤ ਕਥਾ ਦਾ ਆਯੋਜਨ ਸ਼ੁਰੂ ਹੋ ਜਾਵੇਗਾ, ਇਹ ਕਥਾ 11 ਅਕਤੂਬਰ ਤੱਕ ਚੱਲੇਗੀ।ਕਲਸ਼ ਯਾਤਰਾ ਸ੍ਰੀ ਦੁਰਗਾ ਮੰਦਰੀ ਤੋਂ ਸ਼ੁਰੂ ਹੋ ਕੇ ਬਾਬਾ ਮੰਤ ਸਿੰਘ ਰੋਡ, ਰੇਲਵੇ ਰੋਡ, ਮਲੋਟ ਰੋਡ ਹੁੰਦੇ ਹੋਏ ਕਥਾ ਸਥਲ ਅਜਮੇਰ ਪੈਲੇਸ ਪਹੁੰਚ ਕੇ ਸੰਪੰਨ ਹੋਈ। ਪ੍ਰਧਾਨ ਤਰਸੇਮ ਗੋਇਲ ਨੇ ਦੱਸਿਆ ਕਿ ਪਿੱਤਰ ਪੱਖ ਦੇ ਸੰਬੰਧ ਵਿੱਚ ਇਸ ਕਥਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਪਿੱਤਰ ਪੱਖ ਵਿੱਚ ਸ੍ਰੀਮਦ ਭਾਗਵਤ ਕਥਾ ਸੁਣਨ ਦਾ ਬਹੁਤ ਹੀ ਵੱਡਾ ਮਹੱਤਵ ਹੈ। ਇਸ ਲਈ ਸਾਰੇ ਰੋਜ਼ਾਨਾ ਸ਼ਾਮ 6:00 ਤੋਂ 9:00 ਵਜੇ ਤੱਕ ਕਥਾ ਵਿੱਚ ਜ਼ਰੂਰ ਪਹੁੰਚੋ ਅਤੇ ਕਥਾ ਵਾਚਕ ਸ੍ਰੀ ਅਨਿਲ ਦਾਸ ਦੇ ਮੁਖਾਰਬਿੰਦ ਤੋਂ ਸ੍ਰੀਮਦ ਭਾਗਵਤ ਕਥਾ ਰਸਪਾਨ ਕਰਕੇ ਪੁੰਨ ਲਾਭ ਕਮਾਓ।ਇਸ ਮੌਕੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਸ਼੍ਰੋਮਣੀ ਅਕਾਲੀ ਦਲ ਦੇ ਰਾਸ਼ਟਰੀ ਉਪ ਪ੍ਰਧਾਨ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ, ਭਾਜਪਾ ਦੇ ਮਹਾ ਮੰਤਰੀ ਰਾਜਕੁਮਾਰ ਭਟੇਜਾ ਮੇਲੂ, ਪੱਪੂ ਸਿੰਗਲਾ, ਸੰਜੀਵ ਜਿੰਦਲ, ਭਾਰਤ ਅਗਰਵਾਲ, ਸੋਨੂੰ ਗੋਇਲ, ਸਵੱਕੀ ਗਰਗ, ਈਸ਼ਵਰ, ਹੈਪੀ ਬਾਂਸਲ, ਸੁਨੀਲ ਜੈਨ, ਅਜੇ ਕੁੱਚਲ, ਕੁਲਦੀਪ ਗੋਇਲ, ਰਾਜਨ ਬਾਂਸਲ, ਵਿੱਕੀ, ਸ੍ਰੀ ਸ਼ਿਆਮ ਮੰਤਰੀ ਕਮੇਟੀ ਦੇ ਚੇਅਰਮੈਨ ਜੀਵਨ ਸ਼ਰਮਾ, ਬ੍ਰਾਹਮਣ ਸਭਾ 5995 ਦੇ ਪ੍ਰਧਾਨ ਦੀਪਕ ਪਾਲ ਸ਼ਰਮਾ, ਪੰਡਿਤ ਆਦੇਸ਼ ਸ਼ਰਮਾ ਮੰਨੂ, ਰਾਜੂ ਸ਼ਰਮਾ, ਤਰੁਣ ਸ਼ਰਮਾ, ਸ੍ਰੀ ਦੁਰਗਾ ਮੰਦਰੀ ਦੇ ਪੁਜਾਰੀ ਪੰਡਿਤ ਵਿਕਾਸ ਬਿੱਟੂ, ਸ੍ਰੀ ਰਘੁਨਾਥ ਮੰਦਰੀ ਕਮੇਟੀ ਦੇ ਚੇਅਰਮੈਨ ਰਾਜ ਖੁਰਾਣਾ, ਸ੍ਰੀ ਹਨੂਮਾਨ ਚਾਲੀਸਾ ਮੰਡਲ ਸ੍ਰੀ ਰਾਮ ਭਵਨ ਦੇ ਪ੍ਰਧਾਨ ਅਨਿਲ ਵਾਟਸ, ਪਾਇਲਟ, ਪ੍ਰੈੱਸ ਅਤੇ ਪ੍ਰਚਾਰ ਸਕੱਤਰ ਜਗਦੀਸ਼ ਚੰਦਰ ਜੋਸ਼ੀ, ਸੰਦੀਪ ਢੂਥ, ਰਾਕੇਸ਼ ਬਜਾਜ,ਸ੍ਰੀ ਸ਼ਿਆਮ ਪ੍ਰਚਾਰ ਮੰਡਲ ਦੇ ਪ੍ਰਧਾਨ ਵਿਜੇ ਮਿੱਤਲ, ਕਮਲ ਜੈਨ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

# ਖੁੱਡੀਆਂ ਵੱਲੋਂ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਡੋਰ-ਟੂ-ਡੋਰ ਪ੍ਰਚਾਰ



ਲੰਬੀ/ਸ੍ਰੀ ਮੁਕਤਸਰ ਸਾਹਿਬ ( ਸ਼ਮਿੰਦਰ ਪਾਲ/ ਪੂਜਾ)- ਪੰਜਾਬ ਸਰਕਾਰ ਦੀ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਕੈਬਨਿਟ ਮੰਤਰੀ ਸ ਗੁਰਮੀਤ ਸਿੰਘ ਖੁੱਡੀਆਂ ਨੇ ਆਪਣੇ ਜੱਦੀ ਹਲਕੇ ਲੰਬੀ ਦੇ ਪਿੰਡ ਕੱਟਿਆਂਵਾਲੀ ਵਿਖੇ ਘਰ-ਘਰ ਪਹੁੰਚ ਕੇ ਲੋਕਾਂ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਲੋਕਾਂ ਨੂੰ ਦਿੱਤੀਆਂ ਗਈਆਂ ਵੱਖ-ਵੱਖ ਸਹੂਲਤਾਂ ਅਤੇ ਲੋਕ-ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਖੁੱਡੀਆਂ ਨੇ ਕਿਹਾ ਕਿ 'ਮਾਨ ਦੇ ਮੁਨਾਫ਼ੇ' ਮੁਹਿੰਮ ਦਾ ਮਕਸਦ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਰਾਹੀਂ ਆਮ ਪਰਿਵਾਰਾਂ ਨੂੰ ਮਿਲ ਰਹੇ ਸਿੱਧੇ ਵਿੱਤੀ ਅਤੇ ਸਮਾਜਿਕ ਲਾਭਾਂ ਦੀ ਜਾਣਕਾਰੀ ਘਰ-ਘਰ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲਾਗੂ ਕੀਤੀਆਂ ਗਈਆਂ ਵੱਖ-ਵੱਖ ਯੋਜਨਾਵਾਂ ਦਾ ਲਾਭ ਸੂਬੇ ਦੇ ਲੋਕਾਂ ਤੱਕ ਪਹੁੰਚ ਰਿਹਾ ਹੈ। ਡੋਰ-ਟੂ-ਡੋਰ ਮੁਹਿੰਮ ਦੌਰਾਨ ਖੁੱਡੀਆਂ ਨੇ ਪਿੰਡ ਵਾਸੀਆਂ ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਵੀ ਗੱਲਬਾਤ ਕੀਤੀ ਅਤੇ ਸਰਕਾਰੀ ਸਹੂਲਤਾਂ ਸਬੰਧੀ ਉਨ੍ਹਾਂ ਦੀ ਰਾਇ ਜਾਣੀ। ਇਸ ਮੌਕੇ ਪ੍ਰਧਾਨ ਮਲਕੀਤ ਸਿੰਘ ਕੱਟਿਆਂਵਾਲੀ, ਚਰਨ ਸਿੰਘ ਵਿਰਕ, ਗੁਰਚਰਨ ਸਿੰਘ, ਹਰਚੰਦ ਸਿੰਘ, ਗੁਰਵਿੰਦਰ ਸਿੰਘ, ਹਰਜੀਤ ਸਿੰਘ, ਬੋਹੜ ਸਿੰਘ ਮੈਂਬਰ,ਬਲਜਿੰਦਰ ਸਿੰਘ,ਜਸ਼ਨਦੀਪ ਸਿੰਘ ਲਾਡੀ, ਚੇਅਰਮੈਨ ਹਰਪ੍ਰੀਤ ਸਿੰਘ ਮਾਨ, ਪ੍ਰਿੰਸ ਬਰਾੜ, ਸਾਬਕਾ ਸਰਪੰਚ ਨਿਸ਼ਾਨ ਸਿੰਘ ਆਦਿ ਹਾਜ਼ਰ ਸਨ।

# ਬਠਿੰਡਾ-ਫ਼ਰੀਦਕੋਟ ਜ਼ੋਨਲ ਯੁਵਕ ਤੇ ਲੋਕ ਮੇਲੇ ਦਾ ਸ਼ਾਨਦਾਰ ਆਗਾਜ਼



ਰਾਮਪੁਰਾ ਫੂਲ (ਦਰਸ਼ਨ ਜਿੰਦਲ)- ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਠਿੰਡਾ-ਫ਼ਰੀਦਕੋਟ ਜ਼ੋਨਲ ਯੁਵਕ ਤੇ ਲੋਕ ਮੇਲੇ ਦਾ ਸ਼ਾਨਦਾਰ ਆਗਾਜ਼ ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਰਾਮਪੁਰਾ ਫੂਲ ਵਿਖੇ ਪੂਰੇ ਜਾਹੋ-ਜਲਾਲ ਨਾਲ ਹੋਇਆ। ਚਾਰ ਰੋਜ਼ਾ ਇਸ ਸੱਭਿਆਚਾਰਕ ਮਹਾਂਕੁੰਭ ਦੇ ਪਹਿਲੇ ਦਿਨ ਵੱਖ-ਵੱਖ ਕਾਲਜਾਂ ਤੋਂ ਪੁੱਜੇ ਵਿਦਿਆਰਥੀਆਂ, ਟੀਮ ਇੰਚਾਰਜਾਂ, ਅਧਿਆਪਕਾਂ ਅਤੇ ਪ੍ਰਿੰਸੀਪਲ ਸਾਹਿਬਾਨ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਉਦਘਾਟਨੀ ਸਮਾਰੋਹ ਵਿੱਚ ਐੱਸ.ਡੀ.ਐੱਮ. ਨਿਹਾਲ ਸਿੰਘ ਵਾਲਾ ਸ੍ਰੀ ਗਗਨਦੀਪ ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਚੇਅਰਮੈਨ ਐੱਸ.ਐੱਸ. ਚੱਠਾ, ਪੰਜਾਬੀ ਯੂਨੀਵਰਸਿਟੀ ਦੇ ਡਾਇਰੈਕਟਰ ਯੁਵਕ ਭਲਾਈ ਵਿਭਾਗ ਡਾ. ਭੀਮ ਇੰਦਰ ਸਿੰਘ, ਡੈਨੀ ਸ਼ਰਮਾ, ਪ੍ਰੋ ਹਰਿੰਦਰ ਹੁੰਦਲ, ਐੱਸ.ਡੀ. ਮਨਜੀਤ ਕੌਰ ਚੱਠਾ, ਸੀਨੀਅਰ ਮੈਂਬਰ ਸਰਵਨ ਸਿੰਘ ਚੱਠਾ, ਗੁਰਪ੍ਰੀਤ ਸਿੰਘ ਲਹਿਰਾ ਧੂਰਕੋਟ, ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਸਿੱਧੂ, ਪ੍ਰਿੰਸੀਪਲ ਬਖਸ਼ੇਸ਼ ਸਿੰਘ ਅਤੇ ਸਹਾਇਕ ਡਾਇਰੈਕਟਰ ਹਰਪ੍ਰੀਤ ਹੈਪੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।ਪਤਵੰਤਿਆਂ ਵੱਲੋਂ ਸ਼ਮਾ ਰੋਸ਼ਨ ਕਰਕੇ ਮੇਲੇ ਦੀ ਰਸਮੀ ਸ਼ੁਰੂਆਤ ਕੀਤੀ ਗਈ। ਇਸ ਉਪਰੰਤ ਵੱਖ-ਵੱਖ ਕਾਲਜਾਂ ਤੋਂ ਆਏ ਪ੍ਰਤਿਭਾਗੀਆਂ ਨੇ ਆਪਣੀ ਕਲਾ ਅਤੇ ਪ੍ਰਤਿਭਾ ਦੇ ਸ਼ਾਨਦਾਰ ਜੌਹਰ ਦਿਖਾਏ।ਮੁੱਖ ਮਹਿਮਾਨ ਸ੍ਰੀ ਗਗਨਦੀਪ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਯੁਵਕ ਮੇਲੇ ਨੌਜਵਾਨਾਂ ਦੀ ਛੁਪੀ ਪ੍ਰਤਿਭਾ ਨੂੰ ਮੰਚ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਮੇਲੇ ਦੇ ਪਹਿਲੇ ਦਿਨ ਚਾਰ ਵੱਖ-ਵੱਖ ਸਟੇਜਾਂ 'ਤੇ ਕਲਾਤਮਕ, ਸੰਗੀਤਕ, ਬੌਧਿਕ ਅਤੇ ਵਿਰਾਸਤੀ ਮੁਕਾਬਲੇ ਕਰਵਾਏ ਗਏ। ਭੰਗੜੇ ਦੀ ਜੋਸ਼ੀਲੀ ਪੇਸ਼ਕਾਰੀ ਨਾਲ ਪਹਿਲੇ ਦਿਨ ਦੀਆਂ ਸਰਗਰਮੀਆਂ ਦਾ ਆਗਾਜ਼ ਹੋਇਆ। ਸੰਗੀਤਕ ਮੁਕਾਬਲਿਆਂ ਦੌਰਾਨ ਸਮੂਹ ਸ਼ਬਦ/ਭਜਨ ਗਾਇਨ ਨਾਲ ਰੂਹਾਨੀ ਮਾਹੌਲ ਸਿਰਜਿਆ ਗਿਆ। ਇਸ ਤੋਂ ਬਾਅਦ ਕਲਾਸੀਕਲ ਵੋਕਲ, ਸੁਗਮ ਸੰਗੀਤ, ਗ਼ਜ਼ਲ ਅਤੇ ਭਾਰਤੀ ਸਮੂਹ ਗਾਇਨ ਦੇ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਆਪਣੀ ਗਾਇਕੀ ਦੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਪ੍ਰੋ. ਨਰਿੰਦਰਜੀਤ ਸਿੰਘ ਫ਼ਰੀਦਕੋਟ ਅਤੇ ਨੈਸ਼ਨਲ ਟੀ.ਪੀ.ਡੀ. ਕਾਲਜ ਦੇ ਪ੍ਰਿੰਸੀਪਲ ਬਲਜਿੰਦਰ ਸਿੰਘ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਉਪਰੰਤ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ ਸ੍ਰੀ ਗਗਨਦੀਪ ਸ਼ਰਮਾ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

## ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਨੇ ਮੁੱਖ ਚੋਣ ਕਮਿਸ਼ਨਰ ਦਾ ਫੂਕਿਆ ਪੁਤਲਾ



ਕੋਟਕਪੂਰਾ ( ਗੁਰਮੀਤ ਭੁੱਲਰ ) - ਭਾਰਤ ਦੀਆਂ ਪੰਜ ਖੱਬੀਆਂ ਧਿਰਾਂ ਵੱਲੋਂ ਉਲੀਕੇ ਹੋਏ ਪ੍ਰੋਗਰਾਮਾਂ ਦੀ ਲੜੀ ਤਹਿਤ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਪਿੰਡ ਅਲੋਕ ਵਿਖੇ ਸ਼ਹੀਦ ਕਾਮਰੇਡ ਅਮੋਲਕ ਸਿੰਘ ਦੀ ਯਾਦਗਾਰ ਜਗ੍ਹਾ 'ਤੇ ਆਰ.ਐੱਮ.ਪੀ.ਆਈ. ਦੇ ਜ਼ਿਲ੍ਹਾ ਪ੍ਰਧਾਨ ਬਲਕਾਰ ਸਿੰਘ ਔਲਖ ਦੀ ਅਗਵਾਈ ਹੇਠ ਐਸ.ਆਈ.ਆਰ. ਦੇ ਨਾਮ 'ਤੇ ਨਜਾਇਜ਼ ਤੌਰ 'ਤੇ ਵੋਟਾਂ ਕੱਟਣ ਦੇ ਵਿਰੋਧ ਵਿੱਚ ਭਾਰਤ ਦੇ ਚੀਫ ਇਲੈਕਸ਼ਨ ਕਮਿਸ਼ਨਰ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕਿਆ ਗਿਆ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਨੇ ਐਸ.ਆਈ.ਆਰ. ਲਾਗੂ ਕਰਨ ਸਮੇਂ ਹਰ ਤਰ੍ਹਾਂ ਦੇ ਤਰੀਕਿਆਂ ਰਾਹੀਂ ਵੋਟਾਂ ਕੱਟਣ ਦੇ ਪ੍ਰਬੰਧ ਵਿੱਚ ਆਪਣੇ ਦੋ ਸਾਥੀ ਚੋਣ ਕਮਿਸ਼ਨਰ ਐਸ.ਐਸ. ਸੰਧੂ ਅਤੇ ਵਿਵੇਕ ਜੋਸ਼ੀ ਵੱਲੋਂ 14 ਵਾਰ ਉਠਾਏ ਇਤਰਾਜ਼ਾਂ ਅਤੇ ਮਸ਼ਵਰਿਆਂ ਨੂੰ ਨਜ਼ਰਅੰਦਾਜ਼ ਕੀਤਾ ਹੈ। ਆਗੂਆਂ ਨੇ ਭਾਰਤ ਦੇ ਪ੍ਰਧਾਨ ਮੰਤਰੀ ਤੋਂ ਮੰਗ ਕੀਤੀ ਕਿ ਮੁੱਖ ਚੋਣ ਕਮਿਸ਼ਨਰ ਤੋਂ ਤੁਰੰਤ ਅਸਤੀਫ਼ਾ ਲਿਆ ਜਾਵੇ ਅਤੇ ਗੈਰ ਕਾਨੂੰਨੀ ਢੰਗ ਨਾਲ ਲੋਕਾਂ ਨੂੰ ਐਸ.ਆਈ.ਆਰ. ਪ੍ਰਕਿਰਿਆ ਵਿੱਚ ਉਲਝਾ ਕੇ 13 ਕਰੋੜ 30 ਲੱਖ ਤੋਂ ਵੱਧ ਕੱਟੀਆਂ ਗਈਆਂ ਵੋਟਾਂ ਬਹਾਲ ਕੀਤੀਆਂ ਜਾਣ। ਰੋਸ ਪ੍ਰਦਰਸ਼ਨ ਵਿੱਚ ਜੇ.ਪੀ.ਐਮ.ਓ. ਜ਼ਿਲਾ ਫਰੀਦਕੋਟ ਦੇ ਕਨਵੀਨਰ ਵੀਰਇੰਦਰਜੀਤ ਸਿੰਘ ਪੁਰੀ ਤੋਂ ਇਲਾਵਾ ਅਮਰਜੀਤ ਸਿੰਘ ਬਰਾਂਚ ਸਕੱਤਰ ਆਰ ਐਮ ਪੀ ਆਈ, ਗਗਨਦੀਪ ਕੌਰ ਮੈਂਬਰ ਆਰ ਐਮ ਪੀ ਆਈ, ਸੁਖਦੇਵ ਸਿੰਘ ਮੈਂਬਰ ਆਰ.ਐਮ.ਪੀ.ਆਈ. ਅਤੇ ਹੋਰ ਸਾਥੀ ਵੀ ਸ਼ਾਮਿਲ ਹੋਏ।

# ਰਣਜੋਧ ਸਿੰਘ ਹਡਾਣਾ ਨੇ ਮੰਡੀਆਂ 'ਚ ਝੋਨੇ ਦੀ ਸਰਕਾਰੀ ਖ਼ਰੀਦ ਸ਼ੁਰੂ ਕਰਵਾਈ



ਸਨੌਰ, (ਰਾਜਿੰਦਰ ਸਿੰਘ ਥਿੰਦ) - ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦਣ ਦੀ ਵਚਨਬੱਧਤਾ ਤਹਿਤ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਅਨਾਜ ਮੰਡੀ ਬਲਬੇੜਾ, ਮਰਦਾਹੇੜੀ ਅਤੇ ਪੰਜੋਲਾ ਵਿਖੇ ਝੋਨੇ ਦੀ ਸਰਕਾਰੀ ਖ਼ਰੀਦ ਰਸਮੀ ਤੌਰ 'ਤੇ ਸ਼ੁਰੂ ਕਰਵਾਈ। ਇਸ ਦੌਰਾਨ ਸ. ਹਡਾਣਾ ਨੇ ਮੰਡੀਆਂ ਦਾ ਦੌਰਾ ਕਰਦਿਆਂ ਕਿਸਾਨਾਂ, ਆੜ੍ਹਤੀਆਂ ਅਤੇ ਪੱਲੇਦਾਰਾਂ ਨਾਲ ਗੱਲਬਾਤ ਕੀਤੀ ਅਤੇ ਖ਼ਰੀਦ ਪ੍ਰਬੰਧਾਂ ਸਮੇਤ ਫ਼ਸਲ ਦੀ ਲਿਫਟਿੰਗ ਦਾ ਜਾਇਜ਼ਾ ਲਿਆ। ਉਨ੍ਹਾਂ ਮੌਕੇ 'ਤੇ ਮੌਜੂਦ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਆਪਣੀ ਜਿਣਸ ਲੈ ਕੇ ਪੁੱਜੇ ਕਿਸਾਨਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਸੁਚਾਰੂ ਖ਼ਰੀਦ ਅਤੇ ਖ਼ਾਤਿਆਂ ਵਿੱਚ ਸਮੇਂ ਸਿਰ ਅਦਾਇਗੀ ਕਰਨ ਲਈ ਵਚਨਬੱਧ ਹੈ। ਇਸ ਮੌਕੇ ਪ੍ਰਸ਼ਾਸ਼ਨਿਕ ਅਧਿਕਾਰੀਆਂ ਤੋਂ ਇਲਾਵਾ ਪ੍ਰਧਾਨ ਕਰਮ ਸਿੰਘ ਬਲਬੇੜਾ, ਪ੍ਰਧਾਨ ਸੁਨੀਲ ਕੁਮਾਰ ਮਰਦਾਹੇੜੀ, ਪ੍ਰਧਾਨ ਕ੍ਰਿਪਾਲ ਸਿੰਘ ਪੰਜੋਲਾ, ਚੇਅਰਮੈਨ ਮਦਨ ਵਰਮਾ, ਗੁਰਮੀਤ ਸਿੰਘ ਪੰਜੋਲਾ ਕੋਆਰਡੀਨੇਟਰ, ਬਲਾਕ ਪ੍ਰਧਾਨ ਗੁਰਪ੍ਰੀਤ ਬਲਬੇੜਾ, ਬਲਾਕ ਪ੍ਰਧਾਨ ਲਵਪ੍ਰੀਤ ਧਾਲੀਵਾਲ, ਮੈਂਬਰ ਬਲਾਕ ਸੰਮਤੀ ਅਮਨਿੰਦਰ, ਸਰਪੰਚ ਸੇਵਾ ਦਾਸ ਸਲੇਮਪੁਰ ਬ੍ਰਾਹਮਣਾ, ਆੜ੍ਹਤੀ ਗੁਰਧਿਆਨ ਪੰਜੋਲਾ, ਆੜ੍ਹਤੀ ਗੁਰਚਰਨ ਸਿੰਘ, ਆੜ੍ਹਤੀ ਹਰੀ ਸ਼ਰਮਾ, ਰਾਮ ਕੁਮਾਰ, ਸਰਪੰਚ ਮਲਕੀਤ ਡੰਡੋਆ, ਸੁਸਾਇਟੀ ਪ੍ਰਧਾਨ ਦੀਪਾ ਡੰਡੋਆ, ਗੁਰਵਿੰਦਰ ਡੰਡੋਆ, ਹਰਮਨ ਚਰਾਸੋਂ, ਸਰਪੰਚ ਰਿੰਕੂ ਚਰਾਸੋਂ, ਗੁਰਮੇਲ ਸਿੰਘ, ਬੰਤ ਸਿੰਘ ਅਤੇ ਗੁਰਪ੍ਰੀਤ ਸਿੰਘ ਹਾਜ਼ਰ ਸਨ।

## ਨਸ਼ਾ ਛੱਡਣ ਵਾਲਿਆਂ ਲਈ ਅਰਸ਼ ਸੱਚਰ ਦਾ ਵੱਡਾ ਉਪਰਾਲਾ



ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ) -ਨਸ਼ੇ ਨਾਲ ਜੁੜ ਰਹੇ ਵਿਅਕਤੀਆਂ ਨੂੰ ਮੁੜ ਸਿਹਤਮੰਦ ਅਤੇ ਸਨਮਾਨਜਨਕ ਜੀਵਨ ਵੱਲ ਲਿਆਉਣ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਹਾਰਾ ਦੇਣ ਦੇ ਉਦੇਸ਼ ਨਾਲ ਸਮਾਜ ਸੇਵਕ ਅਤੇ ਉਨ੍ਹਾਂ ਦੀ ਸੇਵਾ ਟੀਮ ਵੱਲੋਂ ਨਸ਼ਾ ਮੁਕਤ ਫਰੀਦਕੋਟ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ।ਇਸ ਮੁਹਿੰਮ ਤਹਿਤ ਫਰੀਦਕੋਟ ਵਿਧਾਨ ਸਭਾ ਹਲਕੇ ਦੇ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਪਰਿਵਾਰਾਂ ਤੱਕ ਪਹੁੰਚਣ ਦੀ ਕੋਸ਼ਿਸ਼ ਕੀਤੀ ਜਾਵੇਗੀ, ਜਿਨ੍ਹਾਂ ਦਾ ਕੋਈ ਮੈਂਬਰ ਨਸ਼ਾ ਛੱਡਣਾ ਚਾਹੁੰਦਾ ਹੈ ਪਰ ਇਲਾਜ, ਦਾਖਲੇ ਜਾਂ ਸਹੀ ਮਾਰਗਦਰਸ਼ਨ ਦੀ ਘਾਟ ਕਾਰਨ ਅੱਗੇ ਨਹੀਂ ਵੱਧ ਪਾ ਰਿਹਾ।ਅਰਸ਼ ਸੱਚਰ ਨੇ ਕਿਹਾ ਕਿ ਅਜਿਹਾ ਕੋਈ ਵੀ ਵਿਅਕਤੀ ਜਾਂ ਉਸ ਦਾ ਪਰਿਵਾਰ ਬਿਨਾਂ ਕਿਸੇ ਝਿਜਕ ਦੇ ਸੇਵਾ ਟੀਮ ਨਾਲ ਸੰਪਰਕ ਕਰ ਸਕਦਾ ਹੈ।

# ਕਾਂਗਰਸ ਆਗੂ ਗੌਰਵ ਸੰਧੂ ਨੇ ਖੇਡ ਕਿੱਟਾਂ ਵੰਡੀਆਂ



ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ) - ਕਾਂਗਰਸ ਦੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਉਪ ਪ੍ਰਧਾਨ ਗੌਰਵ ਸੰਧੂ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਹਲਕਾ ਸਨੌਰ ਦੇ 50 ਯੂਥ ਕਲੱਬਾਂ ਨੂੰ ਸਪੋਰਟਸ ਕਿੱਟਾਂ ਵੰਡੀਆਂ। ਗੌਰਵ ਸੰਧੂ ਵੱਲੋਂ ਪਿਛਲੇ ਸਮੇਂ ਦੌਰਾਨ ਲਗਾਤਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਏ. ਆਈ. ਸੀ. ਸੀ. ਮੈਂਬਰ ਵਿਨੀਤ ਕੰਬੋਜ, ਆਈ. ਵਾਈ. ਸੀ. ਦੇ ਸਾਬਕਾ ਜਨਰਲ ਸਕੱਤਰ ਯੋਗੇਸ਼ ਹਾਂਡਾ ਲੁਧਿਆਣਾ, ਇੰਦਰਜੀਤ ਗਿੱਲ ਲੁਧਿਆਣਾ, ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਗਵਰਨਰ ਐਵਾਰਡੀ ਜਤਿੰਦਰ ਗਰੇਵਾਲ, ਰਾਜੇਸ਼ ਘਾਰੂ, ਬੌਬੀ, ਰਾਮ ਚੰਦ ਟਾਕ, ਦਲਜੀਤ ਚਹਿਲ, ਨਿੰਪੀ ਵਿਰਕ, ਗੁਰਮਨ ਸੰਧੂ, ਬੀਬੀ ਚਰਨਜੀਤ ਕੌਰ ਬਲਾਕ ਪ੍ਰਧਾਨ ਭੁਨਰਹੇੜੀ, ਬੀਬੀ ਸੁਖਵਿੰਦਰ ਕੌਰ ਬਲਾਕ ਪ੍ਰਧਾਨ ਸਨੌਰ, ਨਛੱਤਰ ਸਿੰਘ, ਰਣਧੀਰ ਸਿੰਘ ਗਿੱਲ, ਸੁਖਵਿੰਦਰ ਸਿੰਘ, ਰਜਿਤ ਭਾਟੀਆ, ਤੰਨੂ ਕੁਮਾਰ ਸਨੌਰ, ਪਵਨ ਰਾਠੀਆ, ਗੁਰਸ਼ਰਨ ਸਿੰਘ, ਨਰਿੰਦਰ ਰਾਠੀ, ਸੁੱਖੀ ਸਨੌਰ ਆਦਿ ਪਹੁੰਚੇ ਹੋਏ ਸਨ। ਗੌਰਵ ਸੰਧੂ ਨੇ ਕਿਹਾ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਹੀ ਮੇਰਾ ਟੀਚਾ ਹੈ।

# ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਜ਼ਿਲ੍ਹੇ ਭਰ 'ਚ ਵਿਸ਼ੇਸ਼ ਕਾਸੋ ਸਰਚ ਅਭਿਆਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ ਪੂਜਾ) - ਅਭਿਮਨਯੂ ਰਾਣਾ ਆਈ.ਪੀ.ਐਸ. ਦੀਆਂ ਹਦਾਇਤਾਂ ਤਹਿਤ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਨਸ਼ਾ ਤਸਕਰਾਂ, ਸ਼ਰਾਰਤੀ ਅਨਸਰਾਂ ਅਤੇ ਅਪਰਾਧਕ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਖਿਲਾਫ਼ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਐਤਵਾਰ ਸਵੇਰੇ ਕਰੀਬ 4 ਵਜੇ ਤੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਵਿਸ਼ੇਸ ਕਾਸੋ ਸਰਚ ਅਭਿਆਨ ਚਲਾਇਆ ਗਿਆ । ਇਸ ਵਿਸ਼ੇਸ਼ ਅਭਿਆਨ ਦੌਰਾਨ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ, ਸ਼ਹਿਰਾਂ, ਕਸਬਿਆਂ, ਵਾਰਡਾਂ ਅਤੇ ਮੁਹੱਲਿਆਂ ਵਿੱਚ ਪੁਲਿਸ ਦੀਆਂ ਵੱਖ-ਵੱਖ ਟੀਮਾਂ ਵੱਲੋਂ ਇੱਕੋ ਸਮੇਂ ਸਰਚ ਅਤੇ ਚੈਕਿੰਗ ਗਈ ।ਪੁਲਿਸ ਨੇ ਖੰਗਾਲੇ ਘਰ ਅਤੇ ਸ਼ੱਕੀ ਟਿਕਾਣੇ ਸਰਚ ਅਭਿਆਨ ਦੌਰਾਨ ਪੁਲਿਸ ਟੀਮਾਂ ਵੱਲੋਂ ਨਸ਼ਾ ਤਸਕਰੀ ਜਾਂ ਹੋਰ ਅਪਰਾਧਿਕ ਮਾਮਲਿਆਂ ਵਿੱਚ ਸ਼ਾਮਲ ਰਹੇ ਵਿਅਕਤੀਆਂ ਦੇ ਟਿਕਾਣਿਆਂ ਅਤੇ ਘਰਾਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਇਹ ਵਿਸ਼ੇਸ਼ ਸਰਚ ਅਭਿਆਨ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਅਤੇ ਲੰਬੀ ਸਬ-ਡਿਵੀਜ਼ਨਾਂ ਦੇ ਵੱਖ-ਵੱਖ ਇਲਾਕਿਆਂ ਵਿੱਚ ਚਲਾਇਆ ਜਾ ਰਿਹਾ ਹੈ। ਇਸ ਅਭਿਆਨ ਦੀ ਨਿਗਰਾਨੀ ਸ੍ਰੀ ਮਹੇਸ਼ ਸੈਣੀ, ਐਸ.ਪੀ. ਆਪਰੇਸ਼ਨ; ਸ੍ਰੀ ਗੁਰਿੰਦਰਜੀਤ ਸਿੰਘ, ਐਸ.ਪੀ. (ਹੈੱਡਕੁਆਰਟਰ); ਸ੍ਰੀ ਬਚਨ ਸਿੰਘ, ਡੀ.ਐਸ.ਪੀ. ਸ੍ਰੀ ਮੁਕਤਸਰ ਸਾਹਿਬ; ਸ੍ਰੀ ਜਸਪਾਲ ਸਿੰਘ, ਡੀ.ਐਸ.ਪੀ. ਮਲੋਟ; ਸ੍ਰੀ ਜਤਿੰਦਰ ਸਿੰਘ, ਡੀ.ਐਸ.ਪੀ. ਗਿੱਦੜਬਾਹਾ; ਸ੍ਰੀ ਹਰਬੰਸ ਸਿੰਘ, ਡੀ.ਐਸ.ਪੀ. ਲੰਬੀ ਅਤੇ ਸ੍ਰੀ ਜੋਰਾ ਸਿੰਘ, ਡੀ.ਐਸ.ਪੀ. (ਐਚ.) ਸਮੇਤ ਵੱਖ-ਵੱਖ ਥਾਣਿਆਂ ਦੇ ਐਸ.ਐਚ.ਓਜ਼ ਵੱਲੋਂ ਕੀਤੀ ਜਾ ਰਹੀ ਹੈ। ਐਸ ਐਸ ਪੀ ਸ੍ਰੀ ਮੁਕਤਸਰ ਸਾਹਿਬ ਸ੍ਰੀ ਅਭਿਮਨਯੂ ਰਾਣਾ ਆਈ.ਪੀ.ਐਸ. ਨੇ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਨਸ਼ਾ ਤਸਕਰਾਂ ਅਤੇ ਸ਼ਰਾਰਤੀ ਅਨਸਰਾਂ ਖਿਲਾਫ਼ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਵੀ ਇਹ ਮੁਹਿੰਮ ਇਸੇ ਤਰ੍ਹਾਂ ਜਾਰੀ ਰਹੇਗੀ।

## ਦਰਬਾਰ ਗੁੱਗਾ ਮਾੜੀ ਵਿਖੇ ਨਤਮਸਤਕ ਹੋਏ ਅਮਨ ਅਰੋੜਾ



ਸੁਨਾਮ ਊਧਮ ਸਿੰਘ ਵਾਲਾ ( ਅਸ਼ੋਕ ਬਾਂਸਲ, ਹਾਕਮ ਭੱਟੀ)- ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਬੀਤੇ ਦਿਨ ਸੁਨਾਮ ਊਧਮ ਸਿੰਘ ਵਾਲਾ ਵਿਖੇ ਸਥਿਤ ਦਰਬਾਰ ਸ੍ਰੀ ਗੁੱਗਾ ਮਾੜੀ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਵੱਲੋਂ ਦਰਬਾਰ ਵਿਖੇ ਮੱਥਾ ਟੇਕ ਕੇ ਪੰਜਾਬ ਦੀ ਖੁਸ਼ਹਾਲੀ ਅਤੇ ਸਮੂਹ ਲੋਕਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਲੋਕਾਂ ਦੀ ਚੜ੍ਹਦੀ ਕਲਾ ਲਈ ਪਰਮਾਤਮਾ ਅੱਗੇ ਅਰਦਾਸ ਕੀਤੀ ਹੈ। ਉਨ੍ਹਾਂ ਨੇ ਪੰਜਾਬ ਵਿੱਚ ਆਪਸੀ ਭਾਈਚਾਰਾ, ਪਿਆਰ ਅਤੇ ਸਾਂਝ ਮਜ਼ਬੂਤ ਬਣੇ ਰਹਿਣ ਦੀ ਕਾਮਨਾ ਕੀਤੀ।ਉਨ੍ਹਾਂ ਕਿਹਾ ਕਿ ਪਰਮਾਤਮਾ ਸਾਰਿਆਂ 'ਤੇ ਆਪਣੀ ਮਿਹਰ ਬਣਾਈ ਰੱਖੇ ਅਤੇ ਪੰਜਾਬ ਹਮੇਸ਼ਾ ਖੁਸ਼ਹਾਲ, ਤੰਦਰੁਸਤ ਅਤੇ ਆਬਾਦ ਰਹੇ।

# ਮੰਗੇਤਰ ਤੋਂ ਤੰਗ ਪਰੇਸ਼ਾਨ ਲੜਕੀ ਨੇ ਜ਼ਹਿਰੀਲੀ ਦਵਾਈ ਖਾਧੀ, ਮੌਤ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਇੱਥੇ ਨੇੜਲੇ ਪਿੰਡ ਬਹਿ ਨੰਗਲ ਦੀ ਲੜਕੀ ਨੇ ਮੰਗੇਤਰ ਵੱਲੋਂ ਤੰਗ ਪ੍ਰੇਸ਼ਾਨ ਕਰਨ 'ਤੇ ਜ਼ਹਿਰੀਲੀ ਦਵਾਈ ਖਾ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ ਹੈ। ਲੜਕੀ ਦੇ ਮੋਬਾਇਲ ਫੋਨ ਤੋਂ ਵਾਟਸਐਪ ਚੈਟ ਦੇ ਹੋਏ ਖੁਲਾਸੇ ਮਗਰੋਂ ਸਥਾਨਕ ਪੁਲਸ ਨੇ ਮ੍ਰਿਤਕਾ ਦੇ ਪਿਤਾ ਦੇ ਬਿਆਨਾਂ 'ਤੇ ਮੰਗੇਤਰ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ 'ਚ ਧਿਆਨ ਸਿੰਘ ਵਾਸੀ ਬਹਿ ਨੰਗਲ ਨੇ ਦੱਸਿਆ ਕਿ ਉਸ ਦੀ ਲੜਕੀ ਰਾਧਾ ਰਾਣੀ ਜੋ ਕਿ ਬੀ ਕਾਮ ਕਰ ਰਹੀ ਸੀ, ਦਾ ਰਿਸ਼ਤਾ ਰਾਜੀਵ ਕੁਮਾਰ ਪੁੱਤਰ ਮਰਹੂਮ ਜੱਗਾ ਰਾਮ ਵਾਸੀ ਪਿੰਡ ਮੈਰ੍ਹਾ ਜੱਟਾਂ ਥਾਣਾ ਤਲਵਾੜਾ ਨਾਲ ਹੋਇਆ ਸੀ। ਰਾਜੀਵ ਕੁਮਾਰ ਐੱਸ ਡੀ ਐੱਮ ਦਫ਼ਤਰ ਦਸੂਹਾ ਵਿਖੇ ਦਰਜਾ ਚਾਰ ਮੁਲਾਜ਼ਮ ਹੈ ਜੋ ਪਾਰਟ ਟਾਈਮ ਜਗਰਾਤੇ ਵੀ ਕਰਦਾ ਹੈ। ਦੋਹਾਂ ਦਾ ਵਿਆਹ ਅਗਲੇ ਮਹੀਨੇ ਦੀ ਤਿੰਨ ਤਾਰੀਕ ਨੂੰ ਤੈਅ ਹੋਇਆ ਸੀ। ਲੰਘੀ 30 ਤਾਰੀਕ ਨੂੰ ਸਵੇਰੇ 10 ਵਜੇ ਦੇ ਕਰੀਬ ਰਾਧਾ ਰਾਣੀ ਨੇ ਜਹਿਰੀਲੀ ਦਵਾਈ ਪੀ ਲਈ। ਜਦੋਂ ਉਸ ਨੂੰ ਘਬਰਾਹਟ ਹੋਣ ਲੱਗੀ ਤਾਂ ਉਸ ਨੇ ਆਪਣੀ ਮਾਤਾ ਸੁਸ਼ਮਾ ਦੇਵੀ ਨੂੰ ਜਹਿਰੀਲੀ ਦਵਾਈ ਪੀਣ ਦੀ ਗੱਲ ਦੱਸੀ। ਰਾਧਾ ਰਾਣੀ ਨੂੰ ਤੁਰੰਤ ਮੁਕੇਰੀਆਂ ਦੇ ਨਿੱਜੀ ਹਸਪਤਾਲ ਪਹੁੰਚਾਇਆ। ਹਾਲਤ ਵਿਗੜਨ ਕਾਰਨ ਅਗਲੇ ਦਿਨ ਉਸ ਨੂੰ ਜਲੰਧਰ ਦੇ ਇੱਕ ਨਿੱਜੀ ਹਸਪਤਾਲ ਵਿਖੇ ਲੈ ਜਾਇਆ ਗਿਆ। ਦੋ ਤਾਰੀਕ ਨੂੰ ਦੌਰਾਨ-ਏ-ਇਲਾਜ ਉਸ ਦੀ ਮੌਤ ਹੋ ਗਈ। ਇਸ ਮੌਕੇ ਉਸ ਦਾ ਹੋਣ ਵਾਲਾ ਜਵਾਈ ਰਾਜੀਵ ਕੁਮਾਰ ਵੀ ਮੌਜੂਦ ਸੀ। ਜਦੋਂ ਰਾਧਾ ਰਾਣੀ ਦੇ ਮੋਬਾਈਲ ਫੋਨ ਦੀ ਵਾਟਸਐਪ ਚੈਟ ਕੱਢਵਾਈ ਗਈ ਤਾਂ ਉਸ ਤੋਂ ਪਤਾ ਲੱਗਿਆ ਕਿ ਉਸ ਦਾ ਹੋਣ ਵਾਲਾ ਪਤੀ ਰਾਜੀਵ ਕੁਮਾਰ ਉਸ ਨੂੰ ਪਿਛਲੇ ਕਰੀਬ ਤਿੰਨ ਮਹੀਨਿਆਂ ਤੋਂ ਤੰਗ ਪ੍ਰੇਸ਼ਾਨ ਕਰ ਰਿਹਾ ਸੀ ਜਿਸ ਤੋਂ ਤੰਗ ਪ੍ਰੇਸ਼ਾਨ ਹੋ ਕੇ ਰਾਧਾ ਰਾਣੀ ਨੇ ਜਹਿਰੀਲੀ ਦਵਾਈ ਪੀ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ ਹੈ। ਤਲਵਾੜਾ ਪੁਲਸ ਨੇ ਪਿਤਾ ਧਿਆਨ ਸਿੰਘ ਦੇ ਬਿਆਨਾਂ 'ਤੇ ਰਾਜੀਵ ਕੁਮਾਰ ਖ਼ਿਲਾਫ਼ ਮਾਮਲਾ ਦਰਜ ਕਰਕੇ ਗ੍ਰਿਫ਼ਤਾਰ ਕਰ ਲਿਆ ਹੈ।


## ਟੈਂਡਰ ਨੋਟਿਸ

ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਪੀ. ਐੱਮ. ਸ਼੍ਰੀ ਸ. ਕੰਨਿਆ, ਸੀਨੀ. ਸੈਕੰ. ਸਕੂਲ ਉੜਮੁੜ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਦੇ 50 ਵਿਦਿਆਰਥੀਆਂ ਅਤੇ 2 ਅਧਿਆਪਕਾਂ ਦਾ ਐਕਸਪੋਜ਼ਰ ਵਿਜ਼ਿਟ ਟੂਰ (6-7 ਦਿਨ) ਉਦੈਪੁਰ ਅਤੇ ਮਾਊਂਟ ਆਬੂ (ਰਾਜਸਥਾਨ) ਵਿਖੇ ਲਿਜਾਣ ਦੀ ਪ੍ਰਵਾਨਗੀ ਮਿਲੀ ਹੈ। ਇਸ ਵਿਚ ਸਕੂਲ ਤੋਂ ਲੈ ਕੇ ਉਦੈਪੁਰ ਅਤੇ ਮਾਊਂਟ ਆਬੂ (ਰਾਜਸਥਾਨ) ਵਿਖੇ ਲਿਜਾਣ, ਉੱਥੇ ਵੱਖ-ਵੱਖ ਥਾਵਾਂ 'ਤੇ ਘੁੰਮਾਉਣ, ਦਿਖਾਉਣ, ਖਾਣ-ਪੀਣ, ਰਹਿਣ-ਸਹਿਣ, ਉੱਥੇ ਲੱਗਣ ਵਾਲੀਆਂ ਟੂਰਿਸਟ ਥਾਵਾਂ ਦੀਆਂ ਟਿਕਟਾਂ ਦਾ ਖਰਚਾ ਅਤੇ ਵਾਪਸੀ ਸਕੂਲ ਤੱਕ ਛੱਡਣ ਦਾ ਪੂਰਨ ਤੌਰ 'ਤੇ ਖਰਚਾ (GST ਸਮੇਤ) ਸ਼ਾਮਿਲ ਹੈ। ਦਿਲਚਸਪੀ ਰੱਖਦੀਆਂ ਵਪਾਰਕ ਸੰਸਥਾਵਾਂ ਨੂੰ ਮਿਤੀ 07.10.2026 ਨੂੰ ਸਕੂਲ ਵਿਚ ਸਵੇਰੇ 10.00 ਵਜੇ ਪਹੁੰਚਣ ਦਾ ਸੱਦਾ ਦਿੱਤਾ ਜਾਂਦਾ ਹੈ।

ਮੋਬਾਇਲ ਨੰ. 94639-78919 ਹਰਦੀਪ ਸਿੰਘ (ਪ੍ਰਿੰਸੀਪਲ)
ਈ-ਮੇਲ: hsp.gssstandagirls@punjabeducation.gov.in

ਪ੍ਰਿੰਸੀਪਲ, ਡਾ. ਅਮੀਰ ਸਿੰਘ ਕਾਲਕਟ ਮੈਮੋਰੀਅਲ
ਗੌਰਮਿੰਟ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਟਾਂਡਾ ਉੜਮੁੜ (ਹੁਸ਼ਿਆਰਪੁਰ)


# ਡਾ. ਕਲਾਮ ਇੰਟਰਨੈਸ਼ਨਲ ਸਕੂਲ ਦੇ ਅਧਿਆਪਕਾਂ ਨੇ ਕੌਸ਼ਲ ਵਿਕਾਸ ਵਰਕਸ਼ਾਪ 'ਚ ਲਿਆ ਹਿੱਸਾ



ਬਾਘਾ ਪੁਰਾਣਾ (ਮਨੀ ਸਿੰਗਲਾ) - ਡਾ. ਕਲਾਮ ਇੰਟਰਨੈਸ਼ਨਲ ਸਕੂਲ, ਮਾਣੂੰਕੇ ਗਿੱਲ ਦੇ ਅਧਿਆਪਕਾਂ ਨੇ ਭਾਰਤੀ ਵਿੱਦਿਆ ਮੰਦਰ ਸਕੂਲ, ਲੁਧਿਆਣਾ ਵਿਖੇ ਕਰਵਾਈ ਗਈ ਕੌਸ਼ਲ ਵਿਕਾਸ ਵਰਕਸ਼ਾਪ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਸ ਵਰਕਸ਼ਾਪ ਦੌਰਾਨ ਅਧਿਆਪਕਾਂ ਨੂੰ ਕੌਸ਼ਲ ਵਿਕਾਸ ਦੇ ਅਸਲ ਉਦੇਸ਼, ਕਿੱਤਾਮੁਖੀ ਖੇਤਰ ਦੀ ਮਹੱਤਤਾ ਅਤੇ ਵਿਦਿਆਰਥੀਆਂ ਨੂੰ ਵੱਖ-ਵੱਖ ਗਤੀਵਿਧੀਆਂ ਰਾਹੀਂ ਹੁਨਰਮੰਦ ਬਣਾਉਣ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਵਰਕਸ਼ਾਪ ਦਾ ਮੁੱਖ ਮੰਤਵ ਅਧਿਆਪਕਾਂ ਨੂੰ ਕੌਸ਼ਲ ਵਿਕਾਸ ਦੀ ਧਾਰਨਾ ਨੂੰ ਸਮਝਾਉਣਾ ਅਤੇ ਇਸ ਨੂੰ ਵਿਦਿਆਰਥੀਆਂ ਦੀ ਸਿੱਖਿਆ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਜੋੜਨ ਲਈ ਜਾਣਕਾਰੀ ਪ੍ਰਦਾਨ ਕਰਨਾ ਸੀ। ਇਸ ਮੌਕੇ ਕਿੱਤਾਮੁਖੀ ਸਿੱਖਿਆ ਅਤੇ ਕੌਸ਼ਲ ਸਿੱਖਿਆ ਵਿਚਲੇ ਅੰਤਰ ਨੂੰ ਵੀ ਸਪੱਸ਼ਟ ਕੀਤਾ ਗਿਆ। ਮਾਹਿਰਾਂ ਵੱਲੋਂ ਨਵੀਂ ਸਿੱਖਿਆ ਨੀਤੀ-2020 ਅਤੇ ਰਾਸ਼ਟਰੀ ਪਾਠਕ੍ਰਮ ਢਾਂਚਾ-ਸਕੂਲੀ ਸਿੱਖਿਆ 2023 ਦੀ ਨੀਤੀ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ। ਮਾਹਿਰਾਂ ਨੇ ਦੱਸਿਆ ਕਿ ਕੌਸ਼ਲ ਦੀ ਸਮਝ ਅਤੇ ਕੌਸ਼ਲ ਵਿਕਾਸ ਵਿੱਚ ਅੰਤਰ ਹੁੰਦਾ ਹੈ। ਕੌਸ਼ਲ ਸਿੱਖਿਆ ਤਹਿਤ ਵਿਦਿਆਰਥੀਆਂ ਵਿੱਚ ਸਮੱਸਿਆ ਹੱਲ ਕਰਨ ਦੀ ਯੋਗਤਾ, ਆਲੋਚਨਾਤਮਕ ਸੋਚ ਅਤੇ ਸਿਰਜਣਾਤਮਕਤਾ ਵਰਗੇ ਅਜਿਹੇ ਹੁਨਰ ਵਿਕਸਿਤ ਕੀਤੇ ਜਾਂਦੇ ਹਨ, ਜੋ ਵੱਖ-ਵੱਖ ਖੇਤਰਾਂ ਵਿੱਚ ਵਰਤੇ ਜਾ ਸਕਦੇ ਹਨ। ਦੂਜੇ ਪਾਸੇ ਕਿੱਤਾਮੁਖੀ ਸਿੱਖਿਆ ਵਿੱਚ ਕਿਸੇ ਖਾਸ ਕਿੱਤੇ ਨਾਲ ਸਬੰਧਤ ਯੋਗਤਾ ਅਤੇ ਤਕਨੀਕੀ ਤੇ ਵਿਹਾਰਕ ਮੁਹਾਰਤ 'ਤੇ ਜ਼ੋਰ ਦਿੱਤਾ ਜਾਂਦਾ ਹੈ।

## ਨਸ਼ਿਆਂ ਦੇ ਵਧਦੇ ਪ੍ਰਸਾਰ 'ਤੇ ਗੋਲਡੀ ਨੇ ਘੇਰੀ ਪੰਜਾਬ ਸਰਕਾਰ



ਸੁਨਾਮ ਊਧਮ ਸਿੰਘ ਵਾਲਾ ( ਅਸ਼ੋਕ ਬਾਂਸਲ, ਹਾਕਮ ਭੱਟੀ ) - ਹਲਕਾ ਸੁਨਾਮ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਨਸ਼ਿਆਂ ਦੇ ਵਧਦੇ ਪ੍ਰਸਾਰ, ਨੌਜਵਾਨਾਂ ਦੀਆਂ ਮੌਤਾਂ ਅਤੇ ਕਾਨੂੰਨ-ਵਿਵਸਥਾ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ (ਬ) ਦੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ ਨੇ ਪੰਜਾਬ ਸਰਕਾਰ ਅਤੇ ਸਥਾਨਕ ਪ੍ਰਸ਼ਾਸਨ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਪ੍ਰੈਸ ਕਾਨਫਰੰਸ ਦੌਰਾਨ ਉਨ੍ਹਾਂ ਕਿਹਾ ਕਿ ਸੁਨਾਮ ਦੇ ਮੌਜੂਦਾ ਹਾਲਾਤ ਬੇਹੱਦ ਚਿੰਤਾਜਨਕ ਹਨ ਅਤੇ ਨਸ਼ਿਆਂ ਦੀ ਸਮੱਸਿਆ ਹੁਣ ਘਰਾਂ ਤੱਕ ਪਹੁੰਚ ਚੁੱਕੀ ਹੈ।ਗੋਲਡੀ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਗੁਲਜ਼ਾਰ ਸਿੰਘ ਤੂਰਬੰਜਾਰਾ, ਕਨੋਈ ਅਤੇ ਹੋਰ ਮਾਮਲਿਆਂ ਵਿੱਚ ਸਾਹਮਣੇ ਆਈਆਂ ਘਟਨਾਵਾਂ ਨੇ ਗਰੀਬ ਪਰਿਵਾਰਾਂ ਨਾਲ ਹੋ ਰਹੇ ਕਥਿਤ ਧੱਕੇ ਅਤੇ ਪ੍ਰਸ਼ਾਸਨਿਕ ਕਾਰਵਾਈ ਦੇ ਤਰੀਕਿਆਂ 'ਤੇ ਸਵਾਲ ਖੜ੍ਹੇ ਕੀਤੇ ਹਨ। ਕਨੋਈ ਦੇ ਨੌਜਵਾਨ ਦੇ ਮਾਮਲੇ ਵਿੱਚ ਉਨ੍ਹਾਂ ਕਿਹਾ ਕਿ ਨਿੱਜੀ ਵਿਵਾਦ ਜਾਂ ਪੁਲਿਸ ਕੇਸ ਇੱਕ ਵੱਖਰਾ ਵਿਸ਼ਾ ਹੈ, ਪਰ ਕਿਸੇ ਨੌਜਵਾਨ ਦਾ ਅੰਤਿਮ ਸੰਸਕਾਰ ਪਰਿਵਾਰ ਦੀ ਹਾਜ਼ਰੀ ਤੋਂ ਬਿਨਾਂ ਕਰਵਾਏ ਜਾਣ ਦੇ ਦੋਸ਼ ਗੰਭੀਰ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਕਿਹਾ ਕਿ ਜੇਕਰ ਪੁਲਿਸ ਕੋਲ ਕਿਸੇ ਮਾਮਲੇ ਨਾਲ ਸਬੰਧਤ ਵੀਡੀਓ ਜਾਂ ਹੋਰ ਸਬੂਤ ਮੌਜੂਦ ਸਨ ਤਾਂ ਪਰਿਵਾਰ ਨੂੰ ਸਮੇਂ ਸਿਰ ਭਰੋਸੇ ਵਿੱਚ ਲੈ ਕੇ ਨਿਰਪੱਖ ਜਾਂਚ ਅਤੇ ਕਾਰਵਾਈ ਕੀਤੀ ਜਾਣੀ ਚਾਹੀਦੀ ਸੀ। ਉਨ੍ਹਾਂ ਪ੍ਰਸ਼ਾਸਨ ਤੋਂ ਇਸ ਸਬੰਧੀ ਸਪੱਸ਼ਟੀਕਰਨ ਦੀ ਮੰਗ ਕੀਤੀ।

# ਡੀ ਐੱਸ ਪੀ ਦੀ ਅਗਵਾਈ 'ਚ ਵਾਹਨਾਂ ਦੀ ਵਿਸ਼ੇਸ਼ ਚੈਕਿੰਗ



ਬਾਘਾ ਪੁਰਾਣਾ (ਮਨੀ ਸਿੰਗਲਾ) ਜ਼ਿਲਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਦੇ ਦਿਸ਼ਾ ਨਿਰਦੇਸ਼ਾਂ 'ਤੇ ਬਾਘਾ ਪੁਰਾਣਾ ਸ਼ਹਿਰ ਅਤੇ ਆਸ-ਪਾਸ ਦੇ ਇਲਾਕੇ ਵਿਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਅਤੇ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ 'ਤੇ ਸ਼ਿਕੰਜਾ ਕੱਸਣ ਦੇ ਮਕਸਦ ਨਾਲ ਪੁਲਸ ਵੱਲੋਂ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦੀ ਅਗਵਾਈ ਡੀ ਐੱਸ ਪੀ ਜਸਬਰਿੰਦਰ ਸਿੰਘ ਅਤੇ ਥਾਣਾ ਬਾਘਾ ਪੁਰਾਣਾ ਦੇ ਮੁਖੀ ਜਨਕ ਰਾਜ ਵੱਲੋਂ ਕੀਤੀ ਗਈ। ਪੁਲਸ ਟੀਮਾਂ ਵੱਲੋਂ ਬਾਘਾ ਪੁਰਾਣਾ ਅੰਦਰ ਵੱਖ-ਵੱਖ ਥਾਵਾਂ 'ਤੇ ਨਾਕਾਬੰਦੀਆਂ ਕਰਕੇ ਹਲਕੇ ਵਿਚ ਆਉਣ-ਜਾਣ ਵਾਲੇ ਵਾਹਨਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਨਾਕਾਬੰਦੀ ਦੌਰਾਨ ਪੁਲਸ ਮੁਲਾਜ਼ਮਾਂ ਵੱਲੋਂ ਦੋਪਹੀਆ ਅਤੇ ਚਾਰ ਪਹੀਆ ਵਾਹਨਾਂ ਨੂੰ ਰੋਕ ਕੇ ਉਨ੍ਹਾਂ ਦੇ ਦਸਤਾਵੇਜ਼ਾਂ ਦੀ ਜਾਂਚ ਕੀਤੀ ਗਈ। ਇਸ ਤੋਂ ਇਲਾਵਾ ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਵੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਪੁਲਸ ਵੱਲੋਂ ਸ਼ਹਿਰ ਦੇ ਪ੍ਰਮੁੱਖ ਰਸਤਿਆਂ ਅਤੇ ਸੰਵੇਦਨਸ਼ੀਲ ਥਾਵਾਂ 'ਤੇ ਚੌਕਸੀ ਵਧਾਉਂਦਿਆਂ ਆਮ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਗਸ਼ਤ ਵੀ ਕੀਤੀ ਜਾ ਰਹੀ ਹੈ। ਇਸ ਮੌਕੇ ਗੱਲਬਾਤ ਕਰਦਿਆਂ ਜਸਬਰਿੰਦਰ ਸਿੰਘ ਅਤੇ ਜਨਕ ਰਾਜ ਨੇ ਕਿਹਾ ਕਿ ਪੁਲਸ ਦਾ ਇੱਕੋ-ਇੱਕ ਮਕਸਦ ਬਾਘਾ ਪੁਰਾਣਾ ਹਲਕੇ ਅੰਦਰ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣਾ ਅਤੇ ਨਸ਼ਾ ਤਸਕਰੀ ਸਮੇਤ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣਾ ਹੈ।

# ਸਾਬਕਾ ਸਰਪੰਚ ਤੇ ਹੋਰ ਆਮ ਆਦਮੀ ਪਾਰਟੀ 'ਚ ਸ਼ਾਮਲ



ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ) - ਪਿੰਡ ਚਿੜਵਾ ਵਿਖੇ ਉਸ ਸਮੇਂ ਸਿਆਸੀ ਬਦਲਾਅ ਦੀ ਨਵੀਂ ਹਵਾ ਦੇਖਣ ਨੂੰ ਮਿਲੀ, ਜਦੋਂ ਰਵਾਇਤੀ ਸਿਆਸੀ ਧਿਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਅਲਵਿਦਾ ਆਖ ਕੇ ਸਾਬਕਾ ਸਰਪੰਚ ਅਤੇ ਦਰਜਨਾਂ ਪਰਿਵਾਰਾਂ ਨੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਰਹਿਨੁਮਾਈ ਹੇਠ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਅਤੇ ਪਰਿਵਾਰਾਂ ਦਾ ਰਸਮੀ ਤੌਰ 'ਤੇ ਨਿੱਘਾ ਸਵਾਗਤ ਕਰਦਿਆਂ ਸ. ਹਡਾਣਾ ਨੇ ਉਨ੍ਹਾਂ ਨੂੰ ਪੂਰਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਬਲਦੇਵ ਸਿੰਘ ਦੇਵੀਗੜ੍ਹ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਮੁੱਖ ਤੌਰ 'ਤੇ ਸਾਬਕਾ ਸਰਪੰਚ ਰਿੰਕੂ, ਹਰਦੀਪ ਸਿੰਘ, ਗੁਰਪ੍ਰੀਤ ਸਿੰਘ, ਰਿੰਕੂ ਸਿੰਘ, ਗੁਰਵਿੰਦਰ ਸਿੰਘ, ਬਿੰਦਰ ?ਸਿੰਘ, ਅਮਰੀਕ ਸਿੰਘ, ਗੁਰਤੇਜ ਸਿੰਘ, ਤਰਸੇਮ ਸਿੰਘ, ਰਿੱਕੀ ਸਿੰਘ, ਸਮਪ੍ਰੀਤ ਸਿੰਘ, ਦੀਪਾ ਸਿੰਘ, ਸੁੱਚਾ ਸਿੰਘ, ਗੋਲੂ ਸਿੰਘ, ਜੋਧੀ ਸਿੰਘ, ਲਛਮਣ ਸਿੰਘ ਅਤੇ ਧਿਆਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਾਥੀ ਤੇ ਪਰਿਵਾਰ ਸ਼ਾਮਲ ਹਨ।


# ਕਲਾਸੀਫਾਈਡ ਇਸ਼ਤਿਹਾਰ

## PUBLIC NOTICE

I, Lakhwinder Singh, son of Sukhdev Singh, son of Ujjagar Singh @ Jagar Singh, resident of Village Palasaur (Sangrur), hereby inform the general public that I have cancelled/revoked the Registered Will No. 205 dated 07.09.2026 executed by me in favour of Gurmeet Singh s/o Naranjan Singh s/o Ujjagar Singh @ Jagar Singh , Chet Singh s/o Ujjagar Singh @ Jagar Singh s/o Sarwan Singh, Jeet Singh s/o Ujjagar Singh @ Jagar Singh s/o Sarwan Singh , all residents of Village Palasaur, Tehsil Dhuri). The said Will stands cancelled vide Registered Cancellation Deed No. 2026-27/122/3/233 dated 24.09.2026 registered at Tehsil Dhuri. Henceforth, the aforesaid Regd. Will No. 205 dated 07.09.2026 is null and void. Anyone dealing with anyone on the basis of the cancelled Will shall do so at their own risk and responsibility. Vide Affidavit dated 30.09.2026 attested by Notary Public, Dhuri (Sangrur)

## COURT NOTICE

(U/o 5 Rule 20 CPC)
In the Court of
Dr. Sushil Bodh
Additional Civil Judge (Senior Division), Jalandhar
CNR No. PBJL02-004593-2026
Next Date :- 11-11-2026
Satish Kumar
Vs
General Public

Suit u/s 34 of specific relief act for grant of decree of declaration as prayed for

Publication Issued To :-
General Public
:General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 11.11.2026 at 10:00 A.M.

For details logon to https://highcourtchd.gov.in/?mod=district_notice&district=Jalandhar

Additional Civil Judge (Senior Division), Jalandhar
Dated, this day of 02-10-2026

## Change of Name

I, Tania Lidhar w/o Kuldeep Kumar R/o Vill Chuaharpur, PO Kulam Distt. Shaheed Bhagat Singh Nagar, Punjab-144514 have changed my name from Tania Lidhar to Lidhar is my surname and Tania is my given name.

I, Hardeep Singh S/O Jinder Singh, R/o PO: Sangojla, DIST: Kapurthala, Punjab- 144804, have changed my name and shall hereafter be Known as Amarpreet Singh.

I, Priya, D/O Omkar R/o H No -36, Aman Nagar, Jalandhar -I, Jalandhar, Punjab- 144004. have changed my name and shall hereafter be Known as Priya Omkar.

I, Sushma Behari W/O Subodh Behari, R/o House No 256-L, Model Town (Ludhiana), Ludhiana, Punjab-141002. have changed my name and shall hereafter be Known as Sushma Sinha.

I, Alis S/O Kamaljit, R/o Bhuchran Mohalla, Nawanshahr, Shaheed Bhagat Singh Nagar, Punjab- 144514, have changed my name and shall hereafter be Known as Alis Singh.

I, Raj Sharma alias Raj Kumari W/o Rajesh Kumar Sharma R/o H.No. 111, Ekta Nagar Phase - 2 , Rama Mandi, Jalandhar, Punjab declare that Raj Kumari & Raj Sharma is the name of the same person. All concerned please note.

I, Sandeep Kaur Kahlon W/o Gurjit Singh R/o VPO. Mustfapur, Jalandhar, Punjab-144801 have changed my name from Sandeep Kaur Kahlon to Sandeep Kaur. All concerned please note.

I, Ramandeep S/o Gurmail Lal R/o VPO. Khajurla, Distt. Kapurthala, Punjab-144402 have changed my name from Ramandeep to Ramandeer Puaar. All concerned please note.

I, Mamta Rani d/o Darshan Lal w/o Sunil Kumar r/o 265 /A, Main road, Railway lines, Ekta Nagar, Surya Enclave, Po. Chogitti, Distt. Jalandhar, Punjab-144009 changed my name to Mamta Gaba. All Please Note.

I, Ashish s/o Moni Paswan r/o H.No. 430, Gali No. 4, Guru Nanak Pura East, Jalandhar, Punjab have changed my name from Ashish to Ashish Paswan. All Please Note.

I, Paramvir Singh s/o Dalwinder Singh r/o Ward No.8, VPO. Begowal, Distt. Kapurthala have changed my Given name as Paramvir & Surname as Singh. All Please Note.

I, Sukhjit Kaur w/o Upneet Saini r/o H.No.40/B-22, Near Govt Primary School, Canal Colony, Hoshiarpur-146001, Punjab have changed my name to Kaur Sukhjit. All Please Note.

I, Amritpal Kaur Panesar w/o Tirath Singh r/o Village Loharan, Po. Ghurka, Distt. Jalandhar have delete my surname as Amritpal Kaur. All Please Note.

## Change of Name

I, Ramandeep Singh s/o Balkrishan Singh r/o Vill. Gambowal, Po. Khudda, Distt. Hoshiarpur-144305, Punjab have changed my name to Singh Ramandeep. All Please Note.

I, Harman Alias Harman Thakur d/o Deepak Singh r/o Village Kolian, Mehtabpur, Distt. Hoshiarpur, Punjab-144306, have changed my name as Harman Thakur. All Please Note.

I hitherto known as Sikandar S/o Kalander Nishad R/o House Number 51, Street No.6, Guru Teg Bahadur Nagar Tibbi, Phagwara, District Kapurthala, Punjab-144401 have changed my name and shall hereafter be known as Sikandar Nishad.

## PUBLIC NOTICE

I, Meenakshi W/o Naresh Kumar R/o H.No. 473, Madhuban Colony, PO. Basti Bawa Khel, Distt. Jalandhar declare that my husband Naresh Kumar is holder of Passport No. R5815214 issued on 29/01/2018 and valid upto 28/01/2028 issued at Jalandhar in which my name is mentioned as Meenakashi. That my correct name is Meenakshi. That my husband applied for reissue his above said passport and requested to endorsement of spouse name from Meenakashi to Meenakshi.

We Satpal son of Late Swarana Ram and Reshma wife of Satpal resident of Village Dudwindi, Tehsil Sultanpur Lodhi, District Kapurthala, Punjab declare that our son Harpreet, his wife Jaspreet Kaur and their daughter Navpreet Kaur are out of my control. So we disinherit them from all our moveable and immoveable properties. We and our family shall not be held responsible for any kind of act, deed and things related to them. All concerned please note.

## ਨਾਂਅ ਦੀ ਬਦਲੀ

ਮੈਂ ਗੌਰਵ ਪੁੱਤਰ ਰੋਸ਼ਨ ਲਾਲ ਵਾਸੀ ਪਿੰਡ ਮੁਬਾਰਕਪੁਰ, ਡਾਕਖਾਨਾ ਸ਼ੇਖੇ, ਜ਼ਿਲ੍ਹਾ ਜਲੰਧਰ ਨੇ ਆਪਣਾ ਨਾਂਅ ਗੌਰਵ ਤੋਂ ਬਦਲ ਕੇ ਗੌਰਵ ਸਿੰਘ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਸਤਨਾਮ ਕੁਮਾਰ ਸਪੁੱਤਰ ਤਰਸੇਮ ਲਾਲ ਨਿਵਾਸੀ ਮਕਾਨ ਨੰਬਰ B9/485/3, ਸੰਤੋਖਪੁਰਾ ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਬੇਟੇ ਦਾ ਨਾਮ ਯੁਵਰਾਜ ਤੋਂ ਬਦਲ ਕੇ ਯੁਵਰਾਜ ਕੁਮਾਰ ਰੱਖ ਲਿਆ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬੇਦਖਲੀ ਨੋਟਿਸ

ਮੈਂ, ਰਾਕੇਸ਼ ਪੁੱਤਰ ਬਿੰਸ਼ਬਰ ਦਾਸ ਪੁੱਤਰ ਗੁਲਾਬ ਰਾਏ ਵਾਸੀ ਮਕਾਨ ਨੰ: 151, ਗਲੀ ਨੰ: 3, ਰੋਸ਼ਨ ਸਿੰਘ ਦਾ ਭੱਠਾ, ਅਮਰੀਕ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਅਮਿਤ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਅਜੈ ਕੁਮਾਰ ਰੂਪ ਲਾਲ ਵਾਸੀ ਮਕਾਨ ਨੰ. ਈ. ਈ. 250, ਬਾਗ ਕਰਮ ਬਖਸ਼, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਧਰੁਵ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸੁਮਨਜੀਤ ਕੌਰ ਪਤਨੀ ਤਰਵਿੰਦਰ ਸਿੰਘ ਵਾਸੀ ਮਕਾਨ ਨੰ. 104, ਬੈਂਕ ਇਨਕਲੇਵ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਕੀਰਤ ਸਿੰਘ ਅਤੇ ਉਸਦੀ ਪਤਨੀ ਰਿਯਾ ਸਿੰਘ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਤਰਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਮਕਾਨ ਨੰ. 104, ਬੈਂਕ ਇਨਕਲੇਵ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਕੀਰਤ ਸਿੰਘ ਅਤੇ ਉਸਦੀ ਪਤਨੀ ਰਿਯਾ ਸਿੰਘ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਮਨਜੀਤ ਕੌਰ ਪਤਨੀ ਵਰਿੰਦਰਜੀਤ ਸਿੰਘ ਵਾਸੀ ਮਕਾਨ ਨੰਬਰ 48, ਗਰੀਨ ਐਵੀਨਿਊ, ਬਸਤੀ ਪੀਰ ਦਾਦ, ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਮਨਦੀਪ ਸਿੰਘ ਅਤੇ ਉਸਦੀ ਪਤਨੀ ਹਰਸ਼ੀਤਾ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ।ਇਸ ਲਈ ਮੈਂ ਉਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ।ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀਂ, ਦੀਪਕ ਸਨੋਤਰਾ ਪੁੱਤਰ ਖਜਾਨ ਚੰਦ ਅਤੇ ਰੇਖਾ ਰਾਣੀ ਪਤਨੀ ਦੀਪਕ ਸਨੋਤਰਾ ਵਾਸੀ ਮਕਾਨ ਨੰ. ਐਨ. ਐਚ-363, ਨੀਲਾ ਮਹਿਲ, ਜਲੰਧਰ ਹਲਫੀਆ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਗੁੰਜਨ ਸਨੋਤਰਾ, ਜੋਕਿ ਸਾਡੇ ਕਹਿਣੇ ਤੋਂ ਬਾਹਰ ਹੈ, ਇਸ ਲਈ ਅਸੀਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਕੋਈ ਵੀ ਉਸ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰੇਗਾ ਉਹ ਉਸ ਦਾ ਖੁੱਦ ਜਿੰਮੇਵਾਰ ਹੋਵੇਗਾ। ਇਸ ਵਿੱਚ ਸਾਡੀ ਅਤੇ ਸਾਡੇ ਬਾਕੀ ਪਰਿਵਾਰ ਮੈਂਬਰਾ ਦੀ ਕੋਈ ਜਿੰਮੇਵਾਰ ਨਹੀਂ ਹੋਵੇਗੀ। ਸਾਰੇ ਸੰਬੰਧਤ ਨੋਟ ਕਰਨ।

## ਆਮ ਸੂਚਨਾ

ਮੈਂ, ਦਰਸ਼ਨ ਕੌਰ ਪੁੱਤਰੀ ਜੋਗਿੰਦਰ ਸਿੰਘ ਵਾਸੀ ਪਿੰਡ ਕਾਹਲਵਾਂ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਬੂਟਾ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਰਾਮ ਸਿੰਘ ਵਾਸੀ ਪਿੰਡ ਕਾਹਲਵਾਂ, ਜ਼ਿਲ੍ਹਾ ਜਲੰਧਰ ਦੋ ਨਾਵਾਂ ਬੂਟਾ ਸਿੰਘ ਅਤੇ ਸੰਤੋਖ ਸਿੰਘ ਨਾਲ ਜਾਣਿਆ ਜਾਂਦਾ ਹੈ। ਬੂਟਾ ਸਿੰਘ ਅਤੇ ਸੰਤੋਖ ਸਿੰਘ ਇਕ ਹੀ ਵਿਅਕਤੀ ਨਾਲ ਸਬੰਧ ਰੱਖਦੇ ਹਨ ਅਤੇ ਇਹ ਦੋਨੋਂ ਨਾਮ ਬੂਟਾ ਸਿੰਘ ਅਤੇ ਸੰਤੋਖ ਸਿੰਘ ਇਕੋ ਹੀ ਵਿਅਕਤੀ ਦੇ ਹਨ।

ਮੈਂ, ਯਾਦਵਿੰਦਰ ਸਿੰਘ ਪੁੱਤਰ ਸ੍ਰੀ ਇੰਦਰਜੀਤ ਸਿੰਘ ਅਤੇ ਸੋਨਲ ਤੇਜੀ ਵਾਸੀ ਮਕਾਨ ਨੰ: 210, ਇਸ਼ਰਪੁਰੀ ਕਲੋਨੀ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਸਾਡਾ ਰਵਿੰਦਰਪਾਲ ਸਿੰਘ ਅਤੇ ਉਸਦੀ ਪਤਨੀ ਹਰਜੀਤ ਕੌਰ ਜੋ ਕਿ Troststrasse 13-19/9/3, 1100 Vienna, Austria ਦੇ ਪੱਕੇ ਰਹਿਣ ਵਾਲੇ ਹਨ। ਸਾਡਾ ਇਨ੍ਹਾਂ ਨਾਲ ਕੋਈ ਤਾਲੁਕ ਵਾਸਤਾ ਨਹੀਂ ਹੈ। ਜੋ ਕੋਈ ਵੀ ਇਨ੍ਹਾਂ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰੇਗਾ, ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

# 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਤਹਿਤ ਵੱਖ-ਵੱਖ ਖੇਡ ਮੁਕਾਬਲੇ ਕਰਵਾਏ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਤਹਿਤ ਜ਼ਿਲ੍ਹਾ ਐਸ.ਏ.ਐਸ. ਨਗਰ ਵਿਖੇ ਕਰਵਾਈਆਂ ਜਾ ਰਹੀਆਂ ਜ਼ਿਲ੍ਹਾ ਪੱਧਰੀ ਖੇਡਾਂ ਦੇ ਤੀਜੇ ਦਿਨ ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਖਿਡਾਰੀਆਂ ਨੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲਿਆ।ਅਥਲੈਟਿਕਸ ਅਤੇ ਖੋ-ਖੋ ਦੇ ਮੁਕਾਬਲੇ ਸਰਕਾਰੀ ਕਾਲਜ, ਫੇਜ਼-6, ਮੋਹਾਲੀ ਵਿਖੇ ਕਰਵਾਏ ਗਏ। ਇਸੇ ਤਰ੍ਹਾਂ ਕਬੱਡੀ ਨੈਸ਼ਨਲ ਸਟਾਈਲ, ਕਬੱਡੀ ਸਰਕਲ ਸਟਾਈਲ, ਕੁਸ਼ਤੀ, ਬੈਡਮਿੰਟਨ, ਬਾਸਕਟਬਾਲ, ਜੂਡੋ, ਟੇਬਲ ਟੈਨਿਸ ਅਤੇ ਗੱਤਕਾ ਦੇ ਮੁਕਾਬਲੇ ਸਪੋਰਟਸ ਕੰਪਲੈਕਸ, ਸੈਕਟਰ-78 ਵਿਖੇ ਹੋਏ।ਬਾਕਸਿੰਗ, ਕਿਕ-ਬਾਕਸਿੰਗ, ਵਾਲੀਬਾਲ ਅਤੇ ਤੈਰਾਕੀ ਦੇ ਮੁਕਾਬਲੇ ਸਪੋਰਟਸ ਕੰਪਲੈਕਸ, ਸੈਕਟਰ-63 ਵਿਖੇ ਕਰਵਾਏ ਗਏ, ਜਦਕਿ ਹੈਂਡਬਾਲ ਅਤੇ ਫੁੱਟਬਾਲ ਦੇ ਮੁਕਾਬਲੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਫੇਜ਼-3ਬੀ-1, ਐਸ.ਏ.ਐਸ. ਨਗਰ ਵਿਖੇ ਹੋਏ।ਵੇਟਲਿਫਟਿੰਗ ਦੇ ਮੁਕਾਬਲੇ ਸੈਕਟਰ-80, ਮੌਲੀ ਬੈਦਵਾਨ ਵਿਖੇ ਕਰਵਾਏ ਗਏ।ਅੰਡਰ-21 ਵਰਗ ਦੇ ਸ਼ਾਟਪੁੱਟ ਮੁਕਾਬਲੇ ਵਿੱਚ ਜਸਦੀਪ ਗਿਰ ਪੁੱਤਰ ਮੋਹਨ ਗਿਰ, ਮੋਹਾਲੀ ਨੇ ਪਹਿਲਾ ਸਥਾਨ, ਜਸਪ੍ਰੀਤ ਸਿੰਘ ਪੁੱਤਰ ਸ੍ਰੀ ਹਰਜੀਤ ਸਿੰਘ, ਗੁਰਦਾਸਪੁਰ ਨੇ ਦੂਜਾ ਸਥਾਨ ਅਤੇ ਆਰੀਅਨ ਚੱਢਾ ਪੁੱਤਰ ਸ੍ਰੀ ਨਿਤਿਨ ਚੱਢਾ, ਖਰੜ ਨੇ ਤੀਜਾ ਸਥਾਨ ਹਾਸਲ ਕੀਤਾ।ਅੰਡਰ-21 ਵਰਗ ਦੇ ਲੰਬੀ ਛਾਲ ਮੁਕਾਬਲੇ ਵਿੱਚ ਸੋਨੀ ਪੁੱਤਰ ਬਿਸ਼ੰਭਰ, ਮੋਹਾਲੀ ਨੇ ਪਹਿਲਾ ਸਥਾਨ, ਅਕਮਾਨ ਖਾਨ ਪੁੱਤਰ ਸ੍ਰੀ ਜਸਵਿੰਦਰ ਖਾਨ, ਮੋਹਾਲੀ ਨੇ ਦੂਜਾ ਸਥਾਨ ਅਤੇ ਬਲਵਿੰਦਰ ਸਿੰਘ, ਸਤਨਾਮ ਸਿੰਘ, ਮੋਹਾਲੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰਡਰ-14 ਲੜਕੀਆਂ ਦੇ 28 ਕਿਲੋਗ੍ਰਾਮ ਭਾਰ ਵਰਗ ਵਿੱਚ ਸਮੀਰਾ, ਸੇਂਟ ਸੋਲਜਰ ਸਕੂਲ, ਫੇਜ਼-7 ਨੇ ਪਹਿਲਾ ਸਥਾਨ, ਪ੍ਰਿਅੰਕਾ, ਸਰਕਾਰੀ ਮਿਡਲ ਸਕੂਲ ਬੜਮਾਜਰਾ ਨੇ ਦੂਜਾ ਸਥਾਨ, ਜਦਕਿ ਸੋਨਮ ਅਤੇ ਵਸ਼ਿਕਾ, ਸਰਕਾਰੀ ਪ੍ਰਾਇਮਰੀ ਸਕੂਲ ਬੜਮਾਜਰਾ ਨੇ ਤੀਜਾ ਸਥਾਨ ਹਾਸਲ ਕੀਤਾ।ਅੰਡਰ-14 ਲੜਕੀਆਂ ਦੇ 32 ਕਿਲੋਗ੍ਰਾਮ ਭਾਰ ਵਰਗ ਵਿੱਚ ਪਿੰਕੀ, ਸਕੂਲ ਆਫ਼ ਐਮੀਨੈਂਸ, ਫੇਜ਼-3ਬੀ-1 ਨੇ ਪਹਿਲਾ ਸਥਾਨ, ਅਨੁਸ਼ਿਕਾ, ਸਰਕਾਰੀ ਮਿਡਲ ਸਕੂਲ ਬੜਮਾਜਰਾ ਨੇ ਦੂਜਾ ਸਥਾਨ ਅਤੇ ਅਮਨਜੋਤ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨੌਲੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰਡਰ-14 ਲੜਕਿਆਂ ਦੇ 30 ਕਿਲੋਗ੍ਰਾਮ ਭਾਰ ਵਰਗ ਵਿੱਚ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫੇਜ਼ 3ਬੀ-1 ਨੇ ਪਹਿਲਾ ਸਥਾਨ, ਜਸ਼ਨਦੀਪ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੇ ਦੂਜਾ ਸਥਾਨ ਅਤੇ ਨੰਦਿਨ ਤੇ ਸੰਜੀਵ, ਸਰਕਾਰੀ ਮਿਡਲ ਸਕੂਲ ਬੜਮਾਜਰਾ ਨੇ ਤੀਜਾ ਸਥਾਨ ਹਾਸਲ ਕੀਤਾ।ਅੰਡਰ-21 ਲੜਕਿਆਂ ਦੇ 55-60 ਕਿਲੋਗ੍ਰਾਮ ਭਾਰ ਵਰਗ ਵਿੱਚ ਅਸ਼ਮਾਨਦੀਪ ਸਿੰਘ ਨੇ ਪਹਿਲਾ ਸਥਾਨ, ਹਰਿੰਦ ਸਿੰਘ ਨੇ ਦੂਜਾ ਸਥਾਨ ਅਤੇ ਅਮਨ ਭੰਗਰਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰਡਰ-21 ਲੜਕੀਆਂ ਦੇ 51-54 ਕਿਲੋਗ੍ਰਾਮ ਭਾਰ ਵਰਗ ਵਿੱਚ ਹਰਸ਼ੀਤ ਕੌਰ ਨੇ ਪਹਿਲਾ ਸਥਾਨ ਅਤੇ ਸ਼ਿਵਾਨੀ ਕੁਮਾਰੀ ਨੇ ਦੂਜਾ ਸਥਾਨ ਹਾਸਲ ਕੀਤਾ।



# ਪ੍ਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਬਣਾਉਣ 'ਤੇ ਵਰਕਰਾਂ 'ਚ ਖੁਸ਼ੀ ਦੀ ਲਹਿਰ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਕੁਲ ਹਿੰਦ ਕਾਂਗਰਸ ਕਮੇਟੀ ਵੱਲੋਂ ਪੰਜਾਬ ਦੇ ਸਾਬਕਾ ਮੰਤਰੀ ਪ੍ਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਨਿਯੁਕਤ ਕਰਨ ਤੇ ਪੰਜਾਬ ਦੇ ਕਾਂਗਰਸੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਫੈਲ ਗਈ ਹੈ।ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਆਖਿਆ ਕਿ ਕਾਂਗਰਸ ਹਾਈਕਮਾਂਡ ਨੇ ਪ੍ਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਨਿਯੁਕਤ ਕਰਕੇ ਬਹੁਤ ਹੀ ਵਧੀਆ ਫੈਸਲਾ ਕੀਤਾ ਹੈ। ਇਸ ਨਾਲ ਕਾਂਗਰਸ ਪੰਜਾਬ ਵਿੱਚ ਇਕ ਜੁੱਟ ਹੋ ਕੇ ਚੋਣਾਂ ਲੜੇਗੀ ਅਤੇ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣੇਗੀ। ਚੰਨੀ ਨੇ ਕੁਲ ਹਿੰਦ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕ ਅਰਜਨ ਖੜਗੇ, ਰਾਹੁਲ ਗਾਂਧੀ ਦਾ ਧੰਨਵਾਦ ਕਰਦਿਆਂ ਆਖਿਆ ਉਹ ਕਾਂਗਰਸ ਹਾਈ ਕਮਾਂਡ ਦੇ ਰਿਣੀ ਹਨ ਅਤੇ ਪੰਜਾਬ ਵਿਧਾਨ ਸਭਾ ਚੋਣਾਂ 'ਚ ਸ਼ਾਨਦਾਰ ਜਿੱਤ ਹਾਸਲ ਕਰਨਗੇ। ਇਸੇ ਤਰ੍ਹਾਂ ਸੀਨੀਅਰ ਕਾਂਗਰਸੀ ਆਗੂ ਗੁਰਪ੍ਰਤਾਪ ਸਿੰਘ ਪਡਿਆਲਾ, ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਵਿਜੇ ਸ਼ਰਮਾ ਟਿੰਕੂ, ਸਾਬਕਾ ਚੇਅਰਮੈਨ ਗੁਰਪ੍ਰੀਤ ਸਿੰਘ ਪਟਿਆਲਾ, ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਜਗਪਾਲ ਸਿੰਘ ਜੌਲੀ, ਬਲਜਿੰਦਰ ਸਿੰਘ ਡਾਇਰੈਕਟਰ ਮਿਲਕ ਪਲਾਂਟ ਮੁਹਾਲੀ, ਜ਼ਿਲ੍ਹਾ ਪ੍ਰੀਸ਼ਦ ਰੂਪਨਗਰ ਦੇ ਮੈਂਬਰ ਹਰਿੰਦਰ ਸਿੰਘ, ਗੁਰਵਿੰਦਰ ਸਿੰਘ ਕਕਰਾਲੀ, ਦਰਸ਼ਨ ਸਿੰਘ ਸੰਧੂ, ਮੋਰਿੰਡਾ ਬਲਾਕ ਪ੍ਰਧਾਨ ਜਗਜੀਤ ਸਿੰਘ ਲੁਠੇੜੀ, ਬਲਾਕ ਸੰਮਤੀ ਮੋਰਿੰਡਾ ਦੇ ਉਪਚੇਅਰਮੈਨ ਹਰਵਿੰਦਰ ਕੌਰ ਸੰਧੂ,



ਸਾਬਕਾ ਚੇਅਰਮੈਨ ਹਰਪਾਲ ਸਿੰਘ ਬਮਨਾੜਾ, ਪ੍ਰਿਤਪਾਲ ਸਿੰਘ ਉਇੰਦ ਮੈਂਬਰ ਬਲਾਕ ਸੰਮਤੀ ਮੋਰਿੰਡਾ, ਗੁਰਦਰਸ਼ਨ ਸਿੰਘ ਦੁਮਣਾ, ਬਲਵਿੰਦਰ ਸਿੰਘ ਢੋਲਣਮਾਜਰਾ, ਗੁਰਜੀਤ ਸਿੰਘ ਮੰਡਾ, ਗੁਰਪ੍ਰੀਤ ਸਿੰਘ ਧਨੌਲੀ, ਸਤਵੰਤ ਸਿੰਘ ਦਾਤਾਰਪੁਰ, ਸਿਟੀ ਕਾਂਗਰਸ ਦੇ ਪ੍ਰਧਾਨ ਰਾਹੁਲ ਸ਼ਰਮਾ, ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਕੌਂਸਲਰ ਮਨਦੀਪ ਸਿੰਘ ਬਾਜਵਾ, ਕੌਂਸਲਰ ਰਾਜੇਸ਼ ਕੁਮਾਰ ਸਿੰਗਲਾ ਆਦਿ ਨੇ ਪ੍ਰਗਟ ਸਿੰਘ ਦੇ ਪ੍ਰਧਾਨ ਬਣਨ ਤੇ ਜ਼ੋਰਦਾਰ ਸਵਾਗਤ ਕਰਦਿਆਂ ਉਹਨਾਂ ਨੂੰ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ ਤੇ ਇਕ ਦੂਸਰੇ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ।

# ਮਸ਼ਹੂਰ ਬੇਕਰੀ 'ਤੇ ਛਾਪੇਮਾਰੀ, ਲੈਮਨ ਜ਼ੀਰਾ ਦਾ ਲਿਆ ਸੈਂਪਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ ਸ਼ਹਿਰ ਦੀ ਸਭ ਤੋਂ ਵੱਧ ਚੱਲਣ ਵਾਲੀ ਬੇਕਰੀ ਤੇ ਜ਼ਿਲ੍ਹਾ ਸਿਹਤ ਅਫਸਰ ਡਾ. ਜਤਿੰਦਰ ਭਾਟੀਆ ਤੇ ਉਹਨਾ ਦੀ ਟੀਮ ਵੱਲੋਂ ਛਾਪੇਮਾਰੀ ਕੀਤੀ। ਇਹਦੇ ਵਿੱਚ ਸਿਹਤ ਵਿਭਾਗ ਦੀ ਹੈਰਾਨ ਕਰ ਗਿਆ ਤੇ ਜੋ ਬੇਕਰੀ ਵੱਲੋਂ ਲੋਕਾਂ ਨੂੰ ਪਰੋਸਿਆ ਜਾ ਰਿਹਾ ਸੀ ਦੇਖ ਕਿ ਹੈਰਾਨ ਰਹਿ ਗਏ। ਬੇਕਰੀ 'ਤੇ ਖਾਣ-ਪੀਣ ਦੀਆਂ ਵਸਤਾਂ ਦੀ ਸਫ਼ਾਈ ਨੂੰ ਲੈ ਕੇ ਵੱਡੇ ਸਵਾਲ ਖੜ੍ਹੇ ਹੋ ਗਏ ਹਨ। ਗੰਦਗੀ ਨਾਲ ਲਿਬੜੀਆਂ ਟਰੇਆਂ ਵਿੱਚ ਪਏ ਪੇਂਟੀ ਕੁਲਚੇ, ਸਫ਼ਾਈ ਦੇ ਨਜ਼ਰ ਨਾ ਆਉਂਦੇ ਪ੍ਰਬੰਧ ਇਤਜ਼ਾਮ ਅਤੇ ਮਹਿਜ਼ ਪੰਜ ਰੁਪਏ ਵਿੱਚ ਵਿਕ ਰਹੀ ਲੈਮਨ ਡ੍ਰਿੰਕ—ਇਹ ਤਸਵੀਰਾਂ ਦੇਖ ਕੇ ਹਰ ਕੋਈ ਹੈਰਾਨ ਹੋ ਸਕਦਾ ਹੈ। ਏਥ ਹੈ ਕਿ ਲੈਮਨ ਡ੍ਰਿੰਕ ਵਿੱਚ ਘਟੀਆ ਦਰਜੇ ਦੀ ਸਮੱਗਰੀ ਵਰਤੀ ਜਾ ਰਹੀ ਹੈ, ਜੋ ਸਿਹਤ ਲਈ ਖ਼ਤਰਾ ਬਣ ਸਕਦੀ ਹੈ। ਸਵਾਲ ਇਹ ਹੈ ਕਿ ਜਦੋਂ ਲੋਕਾਂ ਦੀ ਸਿਹਤ ਨਾਲ ਇੰਨਾ ਸੰਜੀਦਾ ਮਾਮਲਾ ਜੁੜਿਆ ਹੋਵੇ, ਤਾਂ ਕੀ ਸਬੰਧਤ ਵਿਭਾਗ ਸੁੱਤੇ ਪਏ ਹਨ? ਇਸ ਮੌਕੇ ਫੂਡ ਸੇਫਟੀ ਅਫਸਰ ਵਿਵੇਕ ਕੁਮਾਰ, ਰਾਮ ਲੁਭਾਇਆ ਤੇ ਗੁਰਵਿੰਦਰ ਸਾਰੇ ਹਾਜ਼ਰ ਸਨ। ਇਸ ਮੌਕੇ ਡਾ. ਜਤਿੰਦਰ ਭਾਟੀਆ ਨੇ ਦੱਸਿਆ ਲੋਕਾਂ ਵੱਲੋਂ ਸ਼ਿਕਾਇਤਾਂ ਆ ਰਹੀਆਂ ਸਨ। ਜਦੋਂ ਇਥੇ ਦੇਖਿਆ ਕਿ ਬੱਚਿਆਂ ਨੂੰ 5 ਰੁਪਏ ਦਾ ਘਟੀਆ ਕਿਸਮ ਦੇ ਮਸਾਲੇ ਨਾਲ ਤਿਆਰ ਜੀਰਾ ਲੈਮਨ ਵੇਚ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਸੀ। ਬੇਕਰੀ ਤੇ ਅਨ-ਹਾਈਜੀਨਿਕ ਕਿਸਮ ਦੀ ਪੇਟੀ, ਪੀਜ਼ਾ ਤੇ ਬਰੈਡ ਵੀ ਲੱਖੀ ਹੋਈ ਮਿਆਦ ਵਾਲੀ ਪਾਈ ਗਈ, ਤੇ ਹੋਰ ਬਹੁਤ ਸਾਰਾ ਸਮਾਨ ਦੀ ਸਾਫ ਸਫ਼ਾਈ ਨਹੀਂ ਹੈ। ਇਸ ਮੌਕੇ ਉਹਨਾ ਵੱਲੋਂ ਜੀਰਾ ਲੈਮਨ ਨਾਲ ਤਿਆਰ ਹੋਣ ਵਾਲੇ ਮਿਸ਼ਰਣ ਦਾ ਸੈਂਪਲ ਲੈ ਲਿਆ ਹੈ। ਮਿਸ਼ਰਣ ਦਾ ਪਤਾ ਹੀ ਨਹੀਂ ਕਿਹੜੀ ਫੈਕਟਰੀ ਤੋਂ ਬਣ ਕੇ ਆ ਰਿਹਾ ਹੈ ਇਸ ਉਪਰ ਕੋਈ ਕਿਸੇ ਵੀ ਕੰਪਨੀ ਦਾ ਕੋਈ ਲੇਬਲ ਨਹੀਂ ਸੀ ਤੇ ਇਸ ਨੂੰ ਨੋਟਿਸ ਜਾਰੀ ਕਰ ਦਿੱਤਾ ਬਾਕੀ ਸੈਂਪਲ ਦੀ ਰਿਪੋਰਟ ਆਉਣ ਤੇ ਪਤਾ ਲੱਗੇਗਾ। ਡਾ. ਭਾਟੀਆ ਨੇ ਦੱਸਿਆ ਕਿ ਇਸ ਲੈਮਨ ਜੀਰਾ ਤੇ ਕੋਈ ਵੀ ਐਕਸਪਾਇਰੀ ਡੇਟ ਨਾ ਹੀ ਮੈਨੂਫੈਕਚਰਿੰਗ ਤਰੀਕ ਸੀ ਤੇ ਇਸ ਨੂੰ ਹੁਣ ਬੱਚਿਆਂ ਨੂੰ ਵੀ ਵੇਚਿਆ ਜਾ ਰਿਹਾ ਸੀ। ਬੇਕਰੀ ਦੇ ਮਾਲਿਕ ਨੇ ਇਹ ਗੱਲ ਮੰਨੀ ਕਿ ਸਫਾਈ ਨਹੀਂ ਤੇ ਲੋਕਾਂ ਕੋਲੋਂ ਮਾਫੀ ਵੀ ਮੰਗੀ ਹੈ ਤੇ ਸਾਫ ਸਫਾਈ ਦਾ ਭਰੋਸਾ ਦਿੱਤਾ।



# ਮਰੀਜ਼ਾਂ ਨੂੰ ਸਮੇਂ ਸਿਰ ਸਿਹਤ ਸੇਵਾਵਾਂ ਦੇਣਾ ਪਹਿਲੀ ਤਰਜੀਹ : ਸਿਵਲ ਸਰਜਨ

**ਬੰਗਾ (ਅਵਤਾਰ ਕਲੇਰ)**- ਸਿਵਲ ਸਰਜਨ ਡਾ. ਅਮਨ ਸੂਦ ਨੇ ਲੋਕਾਂ ਨੂੰ ਬਿਹਤਰ ਅਤੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਮੁੱਢਲਾ ਸਿਹਤ ਕੇਂਦਰ (ਪੀ ਐੱਚ ਸੀ), ਸੁੱਜੋਂ ਅਤੇ ਪਿੰਡ ਭੌਰਾ ਵਿਖੇ ਨਵੇਂ ਬਣ ਰਹੇ ਆਮ ਆਦਮੀ ਕਲੀਨਿਕ ਦਾ ਦੌਰਾ ਕਰਕੇ ਸਿਹਤ ਸੇਵਾਵਾਂ ਅਤੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਲਿਆ। ਸਿਵਲ ਸਰਜਨ ਡਾ. ਅਮਨ ਸੂਦ ਨੇ ਪੀ ਐੱਚ ਸੀ ਸੁੱਜੋਂ ਵਿਖੇ ਮਰੀਜ਼ਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸਿਹਤ ਸੇਵਾਵਾਂ ਦੀ ਗੁਣਵੱਤਾ ਨੂੰ ਹੋਰ ਬਿਹਤਰ ਬਣਾਉਣ ਅਤੇ ਲੋਕਾਂ ਨੂੰ ਸਮੇਂ ਸਿਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਸਬੰਧੀ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਪਿੰਡ ਭੌਰਾ ਵਿਖੇ ਨਵੇਂ ਬਣ ਰਹੇ ਆਮ ਆਦਮੀ ਕਲੀਨਿਕ ਦੇ ਨਿਰਮਾਣ ਕਾਰਜਾਂ ਦਾ ਨਿਰੀਖਣ ਕੀਤਾ ਅਤੇ ਕੰਮ ਦੀ ਪ੍ਰਗਤੀ ਬਾਰੇ ਜਾਣਕਾਰੀ ਹਾਸਲ ਕੀਤੀ। ਸਿਵਲ ਸਰਜਨ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਦੇ ਚਾਲੂ ਹੋਣ ਨਾਲ ਪਿੰਡ ਭੌਰਾ ਅਤੇ ਆਸ-ਪਾਸ ਦੇ ਪਿੰਡਾਂ ਦੇ ਵਸਨੀਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਮਿਆਰੀ ਮੁੱਢਲੀਆਂ ਸਿਹਤ ਸੇਵਾਵਾਂ ਉਪਲੱਬਧ ਹੋਣਗੀਆਂ। ਜ਼ਿਕਰਯੋਗ ਹੈ ਕਿ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਆਪਣੇ ਜੱਦੀ ਪਿੰਡ ਭੌਰਾ ਵਿਖੇ ਸਥਿਤ ਆਪਣਾ ਘਰ ਪੰਜਾਬ ਸਰਕਾਰ ਨੂੰ ਆਮ ਆਦਮੀ ਕਲੀਨਿਕ ਸਥਾਪਤ ਕਰਨ ਲਈ ਦਾਨ ਕੀਤਾ ਗਿਆ ਹੈ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਪਿੰਡ ਭੌਰਾ ਅਤੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮਿਆਰੀ ਅਤੇ ਸੁਚੱਜੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ।ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਚਰਨਜੀਤ ਕੁਮਾਰ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਰਾਮ ਸਿੰਘ ਅਤੇ ਬਲਾਕ ਐਕਸਟੈਂਸ਼ਨ ਐਜੂਕੇਟਰ ਰਾਜ ਕੁਮਾਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।



# ਸਾਲਾਨਾ ਸਰਾਧ ਜੋੜ ਮੇਲਾ ਮਨਾਇਆ

**ਦੁਸਾਂਝ ਕਲਾਂ (ਸੁਰਿੰਦਰਪਾਲ ਕੁੱਕੂ)**- ਧੰਨ ਧੰਨ ਬਾਬਾ ਕੰਨੋਮਿਆ ਜੀ, ਧੰਨ ਧੰਨ ਬਾਬਾ ਮੱਲ੍ਹ ਰਾਮ ਜੀ ਅਤੇ ਮਾਤਾ ਸਤੀ ਜੀ ਜਠੇਰੇ ਗੋਤ ਠਠੋਰਿਆਂ ਦੀ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਚੰਦਰ ਗੋਤ ਜਠੇਰਿਆਂ ਸਾਲਾਨਾ ਸਰਾਧ ਜੋੜ ਮੇਲਾ ਸਮੂਹ ਚੰਦੜ ਪਰਿਵਾਰ ਦੇ ਸਹਿਯੋਗ ਨਾਲ ਪਿੰਡ ਪੱਦੀ ਜਗੀਰ ਵਿਖੇ ਬੜੀ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੁਖਵਿੰਦਰ ਰਾਮ ਨੇ ਦੱਸਿਆ ਕਿ ਸਭ ਸਵੇਰੇ 10 ਵਜੇ ਨਿਸ਼ਾਨ ਸਾਹਿਬ ਚੜਾਉਣ ਦੀ ਰਸਮ ਅਦਾ ਕਰਨ, ਉਪਰੰਤ ਸਟੇਜ ਦੀ ਕਾਰਵਾਈ ਸ਼ੁਰੂ ਕੀਤੀ ਗਈ, ਜਿਸ ਪੰਜਾਬ ਦੇ ਨਾਮਵਰ ਕਲਾਕਾਰਾਂ ਵਿੱਚੋਂ ਸ਼ਿਵ ਕਮਲ, ਬਲਜੀਤ ਬੱਬਲੀ, ਪੱਛੀ ਡੱਲੇਵਾਲੀਆਂ, ਕਮਲ ਕਟਾਣੀਆ, ਬਲਜੀਤ ਜੱਸੀ, ਰਾਣਾ ਚੰਦੜ੍ਹ, ਹੈਪੀ ਸਕੰਦਰ ਅਤੇ ਹਰਜੀਤ ਮਹੇ ਤੋਂ ਇਲਾਵਾਂ ਹੋਰ ਕਲਾਕਾਰਾਂ ਨੇ ਜਠੇਰਿਆਂ ਦੀ ਮਹਿਮਾਂ ਦਾ ਗੁਣਗਾਨ ਕਰਕੇ ਆਇਆ ਸੰਗਤਾਂ ਨੂੰ ਨਿਹਾਲ ਕੀਤਾ।ਮੇਲੇ ਦੌਰਾਨ ਸਵੇਰ ਤੋਂ ਚਾਹ ਅਤੇ ਬਾਅਦ ਦੁਪਿਹਰ ਗੁਰੂ ਕਾ ਲੰਗਰ ਵਰਤਾਇਆ ਗਿਆ।

ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਦਿੱਤੇ ਸਹਿਯੋਗੀ ਲਈ ਸਹਿਯੋਗੀ ਸੱਜਣਾਂ ਤਹਿਦਿਲੋ ਧੰਨਵਾਦ ਕੀਤਾ ਅਤੇ ਦਿੱਤੇ ਸਹਿਯੋਗ ਲਈ ਦਾਨੀ ਸੱਜਣਾਂ ਨੂੰ ਵੀ ਸਿਰੋਪਾਓ ਦੇਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਦੇਵ ਰਾਮ ਕਮਾਲਪੁਰ, ਸਕੱਤਰ ਸੁਰਿੰਦਰ ਪਾਲ ਕੁੱਕੂ, ਖਜ਼ਾਨਚੀ ਸੁਖਵਿੰਦਰ ਰਾਮ, ਸੀਨੀਅਰ ਮੀਤ ਪ੍ਰਧਾਨ ਚੌਧਰੀ ਮਨੋਹਰ ਲਾਲ, ਸੀਨੀਅਰ ਮੀਤ ਪ੍ਰਧਾਨ ਤਾਰਾ ਰਾਮ ਪੱਦੀ ਜਗੀਰ, ਸੀਨੀਅਰ ਮੀਤ ਪ੍ਰਧਾਨ ਭੁਪਿੰਦਰ ਰਾਮ ਮਸੰਦਪੁਰ, ਪ੍ਰਕਾਸ਼ ਰਾਮ ਦੁਸਾਂਝ ਕਲਾਂ, ਮਹਿੰਦਰ ਪਾਲ, ਭੁਪਿੰਦਰ ਸਿੰਘ ਪੱਦੀ ਜਗੀਰ, ਸੁਰਿੰਦਰ ਲੁਘਾ, ਮਹਿੰਦਰ ਪਾਲ, ਬੂਟਾ ਰਾਮ, ਅਜੇ ਕੁਮਾਰ, ਹਰਬੰਸ ਲਾਲ, ਜਸਪਾਲ ਕਾਲਾ, ਸੰਜੀਵ ਕੁਮਾਰ, ਜਗਦੀਸ਼ ਕੁਮਾਰ, ਮੱਖਣ ਲਾਲ, ਰੇਸ਼ਮ ਕੌਰ, ਪ੍ਰਿਸੀ. ਜਸਵੀਰ ਕੌਰ, ਮਹਿੰਦਰ ਕੌਰ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸੰਗਤਾਂ ਆਦਿ ਹਾਜ਼ਰ ਸਨ। ਸਟੇਜ ਸਕੱਤਰ ਦੀ ਭੂਮਿਕਾ ਸੁਖਵਿੰਦਰ ਰਾਮ ਨੇ ਬਾਖੂਬੀ ਨਿਭਾਈ।



# ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਕਿਸਾਨ ਦੇ ਘਰ 'ਤੇ ਹਮਲਾ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਇੰਸਾਪੁਰ ਦੇ ਇੱਕ ਕਿਸਾਨ ਵਲੋਂ ਪਹਿਲਾਂ ਤੋਂ ਜਾਣਕਾਰ ਵਿਅਕਤੀ ਨਾਲ ਮੁਲਾਕਾਤ ਉਸ ਸਮੇਂ ਵੱਡੀ ਮੁਸੀਬਤ ਬਣ ਗਈ, ਜਦੋਂ ਪੈਸਿਆਂ ਦੀ ਮੰਗ ਨੂੰ ਲੈ ਕੇ ਸ਼ੁਰੂ ਹੋਇਆ ਵਿਵਾਦ ਹਿੰਸਕ ਹਮਲੇ ਤੱਕ ਪਹੁੰਚ ਗਿਆ। 5-6 ਵਿਅਕਤੀ ਕਿਰਪਾਨਾਂ, ਕੁਹਾੜੀਆਂ ਅਤੇ ਹੋਰ ਹਥਿਆਰਾਂ ਨਾਲ ਲੈਸ ਹੋ ਕੇ ਕਿਸਾਨ ਦਾ ਪਿੱਛਾ ਕਰਦੇ ਹੋਏ ਉਸ ਦੇ ਘਰ ਤੱਕ ਪਹੁੰਚ ਗਏ। ਪਰਵਾਰ ਨੇ ਦਰਵਾਜ਼ੇ ਬੰਦ ਕਰਕੇ ਆਪਣੀ ਜਾਨ ਬਚਾਈ।35 ਸਾਲਾ ਹਰਵਿੰਦਰ ਸਿੰਘ ਪੁੱਤਰ ਤਰਸੇਮ ਸਿੰਘ ਵਾਸੀ ਇੰਸਾਪੁਰ ਨੇ ਦੋਸ਼ ਲਾਇਆ ਕਿ ਹਮਲਾਵਰਾਂ ਵਿੱਚੋਂ ਇੱਕ ਉਸ ਦਾ ਪਹਿਲਾਂ ਤੋਂ ਜਾਣਕਾਰ ਸੀ, ਜਿਸ ਨੇ ਜਾਣ-ਪਛਾਣ ਦਾ ਫਾਇਦਾ ਚੁੱਕਦਿਆਂ ਨਸ਼ੇ ਦੀ ਹਾਲਤ ਵਿੱਚ ਆਪਣੇ ਸਾਥੀਆਂ ਨਾਲ ਵਾਰਦਾਤ ਨੂੰ ਅੰਜਾਮ ਦਿੱਤਾ।ਖੇਤੀਬਾੜੀ ਕਰਦੇ ਹਰਵਿੰਦਰ ਨੇ ਦੱਸਿਆ ਕਿ ਐਤਵਾਰ ਸਵੇਰੇ ਕਰੀਬ 8 ਵਜੇ ਉਹ ਘਰ ਨੇੜੇ ਆਪਣੇ ਬਾੜੇ ਵਿੱਚ ਸੀ। ਇਸ ਦੌਰਾਨ ਉਸ ਦਾ ਜਾਣਕਾਰ ਕੁਝ ਸਾਥੀਆਂ ਨਾਲ ਉੱਥੇ ਪਹੁੰਚਿਆ। ਗੱਲਬਾਤ ਦੌਰਾਨ ਉਸ ਕੋਲੋਂ ਪਹਿਲਾਂ 5 ਲੱਖ ਅਤੇ ਫਿਰ 2 ਲੱਖ ਰੁਪਏ ਦੀ ਮੰਗ ਕੀਤੀ ਗਈ। ਇਨਕਾਰ ਕਰਨ 'ਤੇ ਹੱਥੋਪਾਈ ਹੋ ਗਈ। ਹਾਲਾਤ ਵਿਗੜਦੇ ਦੇਖ ਹਰਵਿੰਦਰ ਉੱਥੋਂ ਨਿਕਲ ਕੇ ਘਰ ਵੱਲ ਭੱਜਿਆ ਤਾਂ ਵਿਅਕਤੀਆਂ ਨੇ ਗੱਡੀ ਵਿੱਚੋਂ ਹਥਿਆਰ ਕੱਢ ਕੇ ਉਸ ਦਾ ਪਿੱਛਾ ਕੀਤਾ।ਘਰ ਪਹੁੰਚ ਕੇ ਹਰਵਿੰਦਰ ਨੇ ਆਪਣੀ ਮਾਤਾ, ਪਤਨੀ ਅਤੇ ਦੋ ਬੱਚਿਆਂ ਸਮੇਤ ਦਰਵਾਜ਼ੇ ਬੰਦ ਕਰ ਲਏ। ਇਸ ਦੌਰਾਨ ਘਰ ਦੇ ਸ਼ੀਸ਼ਿਆਂ 'ਤੇ ਵਾਰ ਕੀਤੇ ਗਏ ਅਤੇ ਇੱਕ ਕੁਹਾੜੀ ਸ਼ੀਸ਼ਾ ਤੋੜਦੀ ਹੋਈ ਅੰਦਰ ਜਾ ਡਿੱਗੀ। ਨੇੜੇ ਮੌਜੂਦ ਉਸ ਦਾ 7 ਮਹੀਨੇ ਦਾ ਬੱਚਾ ਵਾਲ-ਵਾਲ ਬਚ ਗਿਆ।ਹਰਵਿੰਦਰ ਅਨੁਸਾਰ ਹਮਲਾਵਰ ਇੱਕ ਸਵਿਫਟ ਕਾਰ ਵਿੱਚ ਆਏ ਸਨ ਤੇ ਜਾਂਦੇ ਸਮੇਂ ਘਰ ਬਾਹਰ ਖੜ੍ਹਾ ਉਸ ਦਾ ਸਪਲੈਂਡਰ ਮੋਟਰਸਾਈਕਲ ਵੀ ਲੈ ਗਏ। ਘਟਨਾ ਦੌਰਾਨ ਉਸ ਦੇ ਗਲੇ ਦੀ ਚੇਨ ਵੀ ਗਾਇਬ ਹੋ ਗਈ। ਪੀੜਤ ਨੇ 112 'ਤੇ ਸੂਚਨਾ ਅਤੇ ਆਨਲਾਈਨ ਸ਼ਿਕਾਇਤ ਕਰਨ ਦੀ ਗੱਲ ਕਹੀ ਹੈ। ਪਰਵਾਰ ਵੱਲੋਂ ਸੀ ਸੀ ਟੀ ਵੀ ਫੁਟੇਜ ਇਕੱਠੀ ਕੀਤੀ ਜਾ ਰਹੀ ਹੈ ਤੇ ਪੁਲਸ ਤੋਂ ਮਾਮਲੇ ਵਿੱਚ ਕਾਰਵਾਈ ਦੀ ਮੰਗ ਕੀਤੀ ਹੈ।



# ਸ਼ਮਸ਼ਾਨ ਭੂਮੀ ਵਿਖੇ ਭਗਵਾਨ ਸ਼ਿਵ ਦੀ ਮੂਰਤੀ ਦਾ ਉਦਘਾਟਨ

**ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)**- ਨਕੋਦਰ ਸ਼ਮਸ਼ਾਨ ਭੂਮੀ ਸੁਧਾਰ ਸਭਾ ਵੱਲੋਂ ਸ਼ਮਸ਼ਾਨ ਭੂਮੀ ਵਿਖੇ ਭਗਵਾਨ ਭੋਲੇ ਸ਼ੰਕਰ ਦੀ ਮੂਰਤੀ ਸਥਾਪਿਤ ਕੀਤੀ ਗਈ, ਜਿਸ ਦਾ ਉਦਘਾਟਨ ਹਲਕਾ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਕੀਤਾ ਗਿਆ।

ਇਸ ਮੌਕੇ ਕਰਵਾਏ ਗਏ ਸਮਾਗਮ ਵਿੱਚ ਸ਼ਹਿਰ ਦੀਆਂ ਵੱਖ-ਵੱਖ ਸ਼ਖ਼ਸੀਅਤਾਂ, ਪਤਵੰਤੇ ਸੱਜਣਾਂ ਤੋਂ ਇਲਾਵਾ ਸ਼ਮਸ਼ਾਨ ਭੂਮੀ ਸੁਧਾਰ ਸਭਾ ਦੇ ਸਮੂਹ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ।

ਵਿਧਾਇਕ ਇੰਦਰਜੀਤ ਕੌਰ ਮਾਨ ਨੇ ਸਭਾ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਧਾਰਮਿਕ ਅਤੇ ਸਮਾਜਿਕ ਸੇਵਾ ਦੇ ਕਾਰਜ ਸਮਾਜ ਨੂੰ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਸਮਾਗਮ ਦੌਰਾਨ ਹਾਜ਼ਰ ਸੰਗਤ ਵੱਲੋਂ ਭਗਵਾਨ ਭੋਲੇ ਸ਼ੰਕਰ ਦੀ ਮੂਰਤੀ ਅੱਗੇ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਗਿਆ। ਇਸ ਮੌਕੇ ਸਭਾ ਦੇ ਮੈਂਬਰਾਂ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਨਮਾਨ ਵੀ ਕੀਤਾ ਗਿਆ।

# ਤਿੰਨ ਰੋਜ਼ਾ ਲਾਈਫ ਸਕਿੱਲ ਵਰਕਸ਼ਾਪ ਲਗਾਈ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੁਨੀਲ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਇਟ ਰੂਪਨਗਰ ਵਿਖੇ ਪ੍ਰਿੰ. ਮੋਨਿਕਾ ਭੁਟਾਨੀ ਦੀ ਅਗਵਾਈ ਹੇਠ ਤਿੰਨ ਰੋਜ਼ਾ ਲਾਇਫ ਸਕਿੱਲ ਵਰਕਸ਼ਾਪ ਲਗਾਈ ਗਈ। ਡਾਇਟ ਲੈਕਚਰਾਰ ਸੁਖਵੰਤ ਸਿੰਘ, ਡਰੀਮ ਐਂਡ ਡਰੀਮ ਸੰਸਥਾ ਤੋਂ ਵਰਿੰਦਰ ਕੌਰ, ਭੱਕੂ ਮਾਜਰਾ ਸਕੂਲ ਦੇ ਇਤਿਹਾਸ ਦੇ ਲੈਕਚਰਾਰ ਰਾਬਿੰਦਰ ਸਿੰਘ ਰੱਬੀ ਨੇ ਇਹ ਵਰਕਸ਼ਾਪ ਲਗਾਈ। ਤਿੰਨ ਰੋਜ਼ਾ ਵਰਕਸ਼ਾਪ ਵਿੱਚ ਅਧਿਆਪਕਾਂ ਦੇ ਨਿੱਜੀ ਜੀਵਨ, ਜੋ ਵਿਦਿਆਰਥੀਆਂ ਦੇ ਸਰਵ ਪੱਖੀ ਵਿਕਾਸ ਨਾਲ ਸੰਬੰਧ ਰੱਖਦੇ ਸਨ, ਬਾਰੇ ਭਾਵਪੂਰਨ ਤਜ਼ਰਬੇ ਸਾਂਝੇ ਕੀਤੇ ਗਏ। ਸੁਖਵੰਤ ਸਿੰਘ ਨੇ ਐੱਨ ਈ ਪੀ 2020 ਬਾਬਤ ਵਿਸਥਾਰ ਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਰੱਬੀ ਨੇ ਵੱਖ-ਵੱਖ ਗਤੀਵਿਧੀਆਂ ਕਰਾ ਕੇ ਉਨ੍ਹਾਂ ਦੀ ਮਹੱਤਤਾ ਬਾਰੇ ਸਮਝਾਇਆ।ਵਰਿੰਦਰ ਨੇ ਸਮੂਹ ਭਾਗੀਦਾਰਾਂ ਨੂੰ ਵਿਸ਼ੇ ਨਾਲ ਜੋੜਦਿਆਂ ਬਹੁਤ ਹੀ ਬਾਕਮਾਲ ਗੱਲਾਂ ਕੀਤੀਆਂ, ਜੋ ਸੈਮੀਨੇਰੀਅਨ ਅਨੁਸਾਰ ਉਨ੍ਹਾਂ ਦੇ ਦਿਲਾਂ ਨੂੰ ਛੂਹ ਗਈਆਂ।ਵਰਨਣਯੋਗ ਹੈ ਕਿ ਇਸ ਵਰਕਸ਼ਾਪ ਵਿੱਚ ਰੂਪਨਗਰ ਜ਼ਿਲ੍ਹੇ ਦੇ ਸਕੂਲਾਂ ਨੇ ਭਾਗ ਲਿਆ। ਪਲਵਿੰਦਰ ਕੌਰ, ਓਮਿਤਾ ਸ਼ਰਮਾ ਸਿੰਘ, ਮਨੀਤਾ ਸ਼ਰਮਾ, ਨੇਹਾ ਕੌਸ਼ਲ ਮੀਆਂਪੁਰ, ਰਣਦੀਪ ਕੌਰ, ਰਾਜਬੀਰ ਕੌਰ ਕਿਸ਼ਨਪੁਰਾ, ਇਰਵਿੰਦ ਕੌਰ ਕੋਟਲਾ ਨਿਹੰਗ, ਦੀਪਤੀ ਬਸੀ, ਗੁਰਬੀਰ ਕੌਰ ਸੈਂਫਲਪੁਰ, ਪਰਮਿੰਦਰ ਕੌਰ, ਦੀਕਸ਼ਾ ਟੀਨਾ ਅਬਿਆਣਾ ਕਲਾਂ, ਗੁਰਪ੍ਰੀਤ ਕੌਰ, ਲਖਵੀਰ ਸਿੰਘ ਹਰੀਪੁਰ, ਹਰਪ੍ਰੀਤ ਕੌਰ, ਸੀਮਾ ਰਾਣੀ ਝੱਲੀਆਂ ਖੁਰਦ, ਕੰਚਨ, ਮਨਿੰਦਰ ਕੌਰ ਗੋਸਲਾਂ, ਹਰਵਿੰਦਰ ਕੌਰ ਬਹਿਰਾਮਪੁਰ ਜਿਮੀਂਦਾਰਾ, ਕ੍ਰਿਸ਼ਨਾ ਰਾਣੀ, ਵਿਨੋਦ ਰਾਣੀ ਚਤਾਮਲੀ, ਮਨਪ੍ਰੀਤ ਕੌਰ, ਰੂਪਾ ਬੱਲਮਗੜ੍ਹ ਮੰਦਵਾੜਾ, ਜਗਰੂਪ ਕੌਰ ਭਾਗੋ ਮਾਜਰਾ, ਕੁਲਦੀਪ ਸਿੰਘ ਬੁਰਜਵਾਲਾ, ਕਵਿਤਾ ਸਚਦੇਵਾ ਸੀਹੋਂ ਮਾਜਰਾ, ਅਨੀਸ ਕੁਮਾਰ ਚਤਾਮਲਾ ਅਤੇ ਕਮਲਦੀਪ ਸਿੰਘ ਅਧਰੇੜਾ ਨੇ ਵਰਕਸ਼ਾਪ ਵਿੱਚ ਆਪੋ-ਆਪਣੇ ਵਿਚਾਰਾਂ ਦਾ ਪ੍ਰਗਟਾਵਾ ਬਾਖੂਬੀ ਕੀਤਾ। ਸੈਮੀਨੇਰੀਅਨ ਨੇ ਰਿਸੋਰਸ ਪਰਸਨ ਵਰਿੰਦਰ ਕੌਰ ਨੂੰ ਆਪਣਾ ਬਣਾਇਆ ਯਾਦਗਾਰੀ ਚਿੰਨ੍ਹ ਭੇਟ ਕੀਤਾ।

# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਮੁਹੱਲਾ ਨਿਵਾਸੀ ਰਵਿਦਾਸਪੁਰਾ ਨੂਰਮਹਿਲ ਵੱਲੋਂ ਧੰਨ ਧੰਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਸਜਾਇਆ ਗਿਆ। ਇਸ ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰਿਆਂ ਨੇ ਕੀਤੀ। ਇਹ ਨਗਰ ਕੀਰਤਨ ਨੂਰਮਹਿਲ ਮਹੱਲਾ ਰਵਿਦਾਸਪੁਰਾ ਤੋਂ ਹੁੰਦਾ ਹੋਇਆ ਤਲਵਨ ਚੌਂਕ, ਨਵਾਂ ਬੱਸ ਅੱਡਾ, ਪੁਰਾਣਾ ਬੱਸ ਅੱਡਾ ਖਟੀਕਾ ਮਹੱਲਾ ਜਲੰਧਰੀ ਗੇਟ, ਕੱਚਾ ਪੱਕਾ ਵੇਹੜਾ ਮੁਹੱਲਾ, ਰਵਿਦਾਸ ਚੌਂਕ ਹੁੰਦਾ ਹੋਇਆ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਮਾਪਤ ਹੋਇਆ। ਇਸ ਮੌਕੇ ਬੀਬੀ ਇੰਦਰਜੀਤ ਕੌਰ ਮਾਨ ਹਲਕਾ ਵਿਧਾਇਕ ਨਕੋਦਰ, ਸ਼੍ਰੋਮਣੀ ਅਕਾਲੀ ਦਲ ਦੇ ਜਥੇਦਾਰ ਰਾਜਕਮਲ ਸਿੰਘ ਭੁੱਲਰ,ਦੀਪਕ ਕੁਮਾਰ ਪ੍ਰਧਾਨ ਨਗਰ ਕੌਂਸਲ ਨੂਰਮਹਿਲ, ਕੁਲਦੀਪ ਦੀਪਾ ਵਾਈਸ ਪ੍ਰਧਾਨ ਨਗਰ ਕੌਂਸਲ ਨੂਰਮਹਿਲ, ਜਰਨੈਲ ਸਿੰਘ, ਰਕੇਸ਼ ਕਲੇਰ ਕੌਂਸਲਰ, ਸੁਭਾਸ਼ ਚੰਦਰ ਕੌਂਸਲਰ, ਬਲਵੀਰ ਚੰਦ ਕੌਲਧਾਰ, ਜਸਵੀਰ ਸਹਜਲ, ਦੇਵਰਾਜ ਸੁਮਨ, ਜਗਦੀਸ਼ ਸ਼ੇਰਪੁਰੀ, ਮਮਤਾ ਬਾਲੂ ਕੌਂਸਲਰ, ਰਾਜਕੁਮਾਰ ਸਿੱਧਮ ਉਰਫ ਰਾਜਾ ਬਲਾਕ ਸੰਮਤੀ ਮੈਂਬਰ, ਸੁਰਿੰਦਰ ਸਮਰਾ, ਸਬ ਇੰਸਪੈਕਟਰ ਬਲਵਿੰਦਰ ਸਿੰਘ, ਲਖਬੀਰ ਸਿੰਘ ਸ਼ੀਰ ਚੇਅਰਮੈਨ ਮਾਰਕੀਟ ਕਮੇਟੀ ਨੂਰਮਹਿਲ, ਰਾਜੂ ਉੱਪਲ, ਰਜਿੰਦਰ ਬਾਲੂ, ਜੰਗ ਬਹਾਦਰ ਕੋਹਲੀ ਕੌਂਸਲਰ, ਸੰਦੀਪ ਅਰੋੜਾ ਸਿਟੀ ਪ੍ਰਧਾਨ ਆਪ



ਨੂਰਮਹਿਲ, ਸ਼ਿਵਾ ਕੋਹਲੀ ਅਤੇ ਇਸ ਨਗਰ ਕੀਰਤਨ ਤੇ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਹਾਜਰੀ ਲਵਾਈ।

ਇਸ ਨਗਰ ਕੀਰਤਨ ਤੇ ਵੱਖ ਵੱਖ ਸਮੂਹ ਸੰਗਤਾਂ ਵੱਲੋਂ ਗੁਰੂ ਦੇ ਅਤੁੱਟ ਲੰਗਰ ਲਗਾਏ ਗਏ ਅਤੇ ਸ੍ਰੀ ਗੁਰੂ ਰਵਿਦਾਸ ਚੌਂਕ ਵਿਖੇ ਏਕਤਾ ਮੰਚ ਵੈਲਫੇਅਰ ਸੋਸਾਇਟੀ ਵੱਲੋਂ ਕਾਫੀ ਅਤੇ ਬਿਸਕੁੱਟ ਦਾ ਲੰਗਰ ਲਗਾਇਆ ਗਿਆ। ਲੰਗਰ ਲਗਾਉਣ ਵਾਲੀਆਂ ਸੰਗਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।

# ਸ੍ਰੀ ਸਾਈਂ ਸੰਧਿਆ ਸਮਾਗਮ 'ਚ ਬੈਂਸ ਨੇ ਕੀਤੀ ਸ਼ਿਰਕਤ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)** ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਵਿਧਾਇਕ ਅਤੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੋਜੋਵਾਲ, ਵਾਰਡ ਨੰਬਰ 15, ਨੰਗਲ ਵਿਖੇ ਕਰਵਾਏ ਗਏ ਸ੍ਰੀ ਸਾਈਂ ਸੰਧਿਆ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਸ਼ਰਧਾ ਅਤੇ ਭਾਵਨਾ ਨਾਲ ਸਮਾਗਮ ਵਿੱਚ ਹਾਜ਼ਰੀ ਲਗਵਾਈ ਅਤੇ ਪ੍ਰਭੂ ਜੀ ਦੇ ਚਰਨਾਂ ਵਿੱਚ ਪੰਜਾਬ ਦੀ ਸੁੱਖਸ਼ਾਂਤੀ ਤਰੱਕੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਧਾਰਮਿਕ ਸਮਾਗਮ ਸਾਨੂੰ ਆਪਸੀ



ਭਾਈਚਾਰਕ ਸਾਂਝ, ਪਿਆਰ ਅਤੇ ਸਦਭਾਵਨਾ ਦਾ ਸੰਦੇਸ਼ ਦਿੰਦੇ ਹਨ ਅਤੇ ਸਮਾਜ ਵਿੱਚ ਸਕਾਰਾਤਮਕ ਮਾਹੌਲ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰੇਕ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕੀਤੇ ਜਾ ਰਿਹਾ ਹੈ।ਸਰਕਾਰ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਸਰਕਾਰੀ ਸਹੂਲਤਾਂ ਅਤੇ ਲੋਕ ਭਲਾਈ ਦੀਆਂ ਯੋਜਨਾਵਾਂ ਦਾ ਲਾਭ ਸੂਬੇ ਦੇ ਹਰ ਨਾਗਰਿਕ ਤੱਕ ਪਹੁੰਚੇ। ਉਨ੍ਹਾਂ ਕਿਹਾ ਕਿ ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਦਿਆਂ ਸਰਕਾਰ ਵੱਲੋਂ ਸਿੱਖਿਆ, ਸਿਹਤ, ਬੁਨਿਆਦੀ ਢਾਂਚੇ, ਸਾਫ਼-ਸਫ਼ਾਈ ਅਤੇ ਹੋਰ ਜਨਤਕ ਸੇਵਾਵਾਂ ਨੂੰ ਬਿਹਤਰ ਬਣਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਇਸ ਮੌਕੇ ਸ੍ਰੀ ਸਾਈਂ ਸੰਧਿਆ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਧਾਰਮਿਕ ਭਜਨਾਂ ਅਤੇ ਸਾਈਂ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ।

ਸੰਗਤ ਵੱਲੋਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਸਮਾਗਮ ਵਿੱਚ ਪਹੁੰਚਣ 'ਤੇ ਸਵਾਗਤ ਕੀਤਾ ਗਿਆ।

# ਸੈਣੀ ਚੈਰੀਟੇਬਲ ਐਜੂਕੇਸ਼ਨ ਟਰੱਸਟ ਨੇ 12.22 ਲੱਖ ਦੇ ਵਜ਼ੀਫੇ ਵੰਡੇ

**ਰੂਪਨਗਰ (ਰਜਿੰਦਰ ਸੈਣੀ)**- ਸਥਾਨਕ ਸੈਣੀ ਭਵਨ ਵਿਖੇ ਹੋਏ ਸਿੱਖਿਆ ਸਮਾਗਮ-26 ਦੌਰਾਨ ਸੈਣੀ ਚੈਰੀਟੇਬਲ ਐਜੂਕੇਸ਼ਨ ਟਰੱਸਟ (ਰਜਿ.) ਵੱਲੋਂ ਹੋਣਹਾਰ ਅਤੇ ਲੋੜਵੰਦ ਵਿਦਿਆਰਥੀਆਂ ਨੂੰ 12.22 ਲੱਖ ਰੁਪਏ ਦੇ ਵਜੀਫੇ ਵੰਡੇ ਗਏ। ਇਸ ਸਮਾਗਮ ਦੇ ਮੁੱਖ ਮਹਿਮਾਨ ਪੰਜਾਬ ਵਿਧਾਨ ਸਭਾ ਹਲਕਾ ਰੂਪਨਗਰ ਦੇ ਵਿਧਾਇਕ ਦਿਨੇਸ਼ ਚੱਢਾ ਸਨ।ਉਨ੍ਹਾਂ ਨਾਲ ਵਿਸ਼ੇਸ਼ ਮਹਿਮਾਨ ਚੰਡੀਗੜ੍ਹ ਤੋਂ ਉੱਘੇ ਟਰਾਂਸਪੋਰਟਰ ਜਸਵਿੰਦਰ ਸਿੰਘ ਲੌਂਗੀਆ, ਨਗਰ ਕੌਂਸਲ ਦੇ ਪ੍ਰਧਾਨ ਇੰਦਰਪਾਲ ਸਿੰਘ ਰਾਜੂ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਸਿਵ ਕੁਮਾਰ ਲਾਲਪੁਰਾ,



ਮਾਰਕੀਟ ਕਮੇਟੀ ਦੇ ਚੇਅਰਮੈਨ ਭਾਗ ਸਿੰਘ ਮਦਾਨ, ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਪਰਮਿੰਦਰ ਸਿੰਘ ਬਾਲਾ, ਵਾਇਸ ਚੇਅਰਮੈਨ ਦੇਸ ਰਾਜ ਸੈਣੀ ਮਾਜਰਾ ਵੀ ਸਨ। ਇਸ ਮੌਕੇ ਤੇ ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ 121 ਵਿਦਿਆਰਥੀਆਂ ਨੂੰ 9.22 ਲੱਖ ਰੁਪਏ ਜਰਨਲ ਵਜੀਫਿਆਂ ਤੋਂ ਇਲਾਵਾ ਇੰਡੀਅਨ ਇੰਸਟੀਚਿਊਟ ਆਫ ਮੈਨੇਜਮੈਂਟ (ਆਈ ਆਈ ਐੱਮ), ਰਾਏਪੁਰ ਵਿੱਚ ਐੱਮ ਬੀ ਏ ਦੀ ਪੜ੍ਹਾਈ ਕਰ ਰਹੇ ਤ੍ਰਿਪਤਪਾਲ ਸਿੰਘ ਨੂੰ ਦੂਜੇ ਸਾਲ ਲਈ ਵੀ ਇਸੇ ਵਿਦਿਅਰਥੀ ਨੂੰ ਦੁਬਾਰਾ ਆਪਣੀ ਪੜ੍ਹਾਈ ਮੁਕੰਮਲ ਕਰਨ ਲਈ ਐੱਲ ਆਰ ਮੁੰਦਰਾ ਮੈਮੋਰੀਅਲ ਸਕਾਲਰਸ਼ਿਪ ਦੇ ਤਿੰਨ ਲੱਖ ਰੁਪਏ ਦਾ ਵਜੀਫਾ ਦਿੱਤਾ ਗਿਆ। ਇਸ ਤੋਂ ਇਲਾਵਾ ਭਾਸ਼ਣ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਦਿਨੇਸ਼ ਚੱਢਾ ਨੇ ਸੈਣੀ ਚੈਰੀਟੇਬਲ ਐਜੂਕੇਸ਼ਨ ਟਰੱਸਟ ਤੇ ਸੈਣੀ ਭਵਨ ਰੂਪਨਗਰ ਦੇ ਉਪਰਾਲੇ ਅਤੇ ਸਮਾਜ ਸੇਵਾ ਵਿੱਚ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ।ਇਸ ਮੌਕੇ ਗੁਰਿੰਦਰ ਸਿੰਘ ਰਾਣਾ ਵਲੋਂ ਸੈਣੀ ਭਵਨ ਵਿਖੇ ਚੱਲ ਰਹੇ ਸਿਲਾਈ ਕਢਾਈ ਸੈਂਟਰ ਤੋਂ ਸਿਖਲਾਈ ਪ੍ਰਾਪਤ ਸਿੱਖਿਆਰਥਣਾ ਨੂੰ ਆਪਣਾ ਕੰਮ ਸ਼ੁਰੂ ਕਰਨ ਲਈ ਪੰਜ ਸਿਲਾਈ ਮਸ਼ੀਨਾਂ ਵੀ ਦਿੱਤੀਆਂ।

# 25 ਏਕੜ 'ਚ ਵਿਕਸਤ ਹੋਵੇਗਾ ਵਿਸ਼ਵ ਪੱਧਰੀ ਕਨਵੈਨਸ਼ਨ ਸੈਂਟਰ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਆਪਣੇ ਸਿੰਗਾਪੁਰ ਦੌਰੇ ਦੌਰਾਨ ਗੁਰੂਗ੍ਰਾਮ ਵਿੱਚ 25 ਏਕੜ ਖੇਤਰ ਵਿੱਚ ਵਿਕਸਤ ਕੀਤੇ ਜਾਣ ਵਾਲੇ ਪ੍ਰਸਤਾਵਿਤ ਵਿਸ਼ਵ ਪੱਧਰੀ ਕਨਵੈਨਸ਼ਨ ਸੈਂਟਰ ਨਾਲ ਜੁੜੇ ਪ੍ਰਬੰਧਾਂ ਅਤੇ ਸਹੂਲਤਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਸਿੰਗਾਪੁਰ ਸਥਿਤ ਪ੍ਰਸਿੱਧ 'ਸਨਟੇਕ ਸਿਟੀ' ਵਿੱਚ ਉਪਲਬਧ ਸਹੂਲਤਾਂ ਦਾ ਮੁਆਇਨਾ ਕੀਤਾ। ਮੁੱਖ ਮੰਤਰੀ ਨੇ ਉੱਥੇ ਸੰਚਾਲਿਤ ਕਨਵੈਨਸ਼ਨ ਸੈਂਟਰ ਦੀਆਂ ਸਹੂਲਤਾਂ, ਉਸਾਰੀ ਦੀ ਤਕਨੀਕ, ਆਧੁਨਿਕ ਇੰਜੀਨੀਅਰਿੰਗ ਅਤੇ ਪ੍ਰਬੰਧਨ ਵਿਵਸਥਾ ਦੀ ਵਿਸਤ੍ਰਿਤ ਜਾਣਕਾਰੀ ਲਈ।ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਵੱਲੋਂ ਸਿੰਗਾਪੁਰ ਦੀ ਸਨਟੇਕ ਸਿਟੀ ਦੀ ਤਰਜ਼ 'ਤੇ ਗੁਰੂਗ੍ਰਾਮ ਵਿੱਚ ਲਗਭਗ 25 ਏਕੜ ਖੇਤਰ ਵਿੱਚ ਵਿਸ਼ਵ ਪੱਧਰੀ ਕਨਵੈਨਸ਼ਨ ਸੈਂਟਰ ਵਿਕਸਤ ਕੀਤਾ ਜਾਵੇਗਾ।

# ਪ੍ਰਗਟ ਸਿੰਘ ਦੇ ਪ੍ਰਧਾਨ ਬਣਨ 'ਤੇ ਕਾਂਗਰਸੀਆਂ ਨੇ ਲੱਡੂ ਵੰਡ ਕੇ ਮਨਾਈ ਖੁਸ਼ੀ

**ਜਲੰਧਰ (ਇਕਬਾਲ ਸਿੰਘ ਉਭੀ)**- ਹਲਕਾ ਵਿਧਾਇਕ ਪ੍ਰਗਟ ਸਿੰਘ ਦੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਬਣਨ ਤੇ ਸਥਾਨਕ ਕਾਂਗਰਸ ਭਵਨ ਵਿਖੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਮਨਾਈ ਗਈ। ਇਸ ਮੌਕੇ ਤੇ ਸੀਨੀਅਰ



ਆਗੂਆਂ ਨੇ ਹਾਈਕਮਾਂਡ ਦੇ ਇਸ ਫੈਸਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਹਾਈਕਮਾਂਡ ਨੇ ਜੋ ਇਹ ਫੈਸਲਾ ਕੀਤਾ ਹੈ ਇਸ ਨਾਲ ਪੂਰੇ ਪੰਜਾਬ ਵਿਚ ਖੁਸ਼ੀ ਦੀ ਲਹਿਰ ਹੈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਜਿੰਦਰ ਬੇਰੀ ਨੇ ਕਿਹਾ ਕਿ ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਪਰਗਟ ਸਿੰਘ ਸਾਰਿਆ ਨੂੰ ਨਾਲ ਲੈ ਕੇ ਇੱਕ ਟੀਮ ਦੀ ਤਰ੍ਹਾਂ ਪਾਰਟੀ ਲਈ ਕੰਮ ਕਰਨਗੇ, ਅਸੀ ਸਾਰੇ ਰਲ ਕੇ ਪੰਜਾਬ ਵਿਚ ਕਾਂਗਰਸ ਦੀ ਸਰਕਾਰ ਬਣਾਂਵਾਂਗੇ। ਹਾਈ ਕਮਾਨ ਵੱਲੋਂ ਪ੍ਰਗਟ ਸਿੰਘ ਨੂੰ ਪੰਜਾਬ ਦੀ ਕਮਾਨ ਸੰਭਾਲਣ ਤੇ ਕਾਂਗਰਸੀ ਆਗੂਆਂ ਨੇ ਆਲ ਇੰਡੀਆ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਸ੍ਰੀਮਤੀ ਸੋਨੀਆ ਗਾਂਧੀ, ਰਾਹੁਲ ਗਾਂਧੀ ਅਤੇ ਸਚਿਨ ਪਾਇਲਟ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਪਰਗਟ ਸਿੰਘ ਤਜਰਬੇਕਾਰ ਵਿਅਕਤੀ ਹਨ।ਇਸ ਮੌਕੇ ਤੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ (ਦਿਹਾਤੀ), ਰਾਜਿੰਦਰ ਬੇਰੀ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਜਲੰਧਰ, ਸਾਬਕਾ ਐੱਸ ਐੱਸ ਪੀ ਰਜਿੰਦਰ ਸਿੰਘ ਹਲਕਾ ਇੰਚਾਰਜ ਕਰਤਾਰਪੁਰ, ਡਾ. ਨਵਜੋਤ ਦਹੀਆ ਹਲਕਾ ਇੰਚਾਰਜ ਨਕੋਦਰ, ਸੁਰਿੰਦਰ ਕੌਰ ਹਲਕਾ ਇੰਚਾਰਜ ਜਲੰਧਰ ਵੈਸਟ, ਅਨੁਰਾਧਾ ਬੰਗਾ ਪ੍ਰਧਾਨ ਮਹਿਲਾ ਕਾਂਗਰਸ (ਸ਼ਹਿਰੀ), ਰੇਣੂ ਸੇਠ ਪ੍ਰਧਾਨ ਮਹਿਲਾ ਕਾਂਗਰਸ (ਦਿਹਾਤੀ), ਪਵਨ ਕੁਮਾਰ, ਜਗਦੀਪ ਸਿੰਘ ਸੋਨੂੰ ਸੰਧਾਰ, ਪ੍ਰੇਮ ਨਾਥ ਦਕੋਹਾ, ਟੋਨੂੰ ਜਿੰਦਲ, ਹਰਮੀਤ ਸਿੰਘ, ਵਿਪਨ ਕੁਮਾਰ, ਮਨਜੀਤ ਸਿਮਰਨ, ਅਸ਼ਵਨੀ ਸੋਂਧੀ, ਪ੍ਰੇਮ ਪਾਲ ਡੁਮੇਲੀ, ਰੋਹਨ ਚੱਢਾ, ਸਤਪਾਲ ਮਿੱਕਾ, ਲੇਖ ਰਾਜ, ਸੁਭਾਸ਼ ਢੱਲ, ਗੁਲਸ਼ਨ ਮਿੱਢਾ, ਅਮਨ ਧਨੋਵਾਲੀ, ਜਗਜੀਤ ਜੀਤਾ ਮੌਜੂਦ ਸਨ।

# ਖੇਡਾਂ ਵਤਨ ਪੰਜਾਬ ਦੀਆਂ ਦੇ ਛੇਵੇਂ ਦਿਨ ਵੀ ਜਾਰੀ ਰਹੇ ਗਹਿਗੱਚ ਮੁਕਾਬਲੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ -4 ਦਾ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਛੇਵੇਂ ਦਿਨ ਵੀ ਜਾਰੀ ਰਿਹਾ।ਡਿਪਟੀ ਕਮਿਸ਼ਨਰ ਸ੍ਰੀ ਆਦਿਤਿਆ ਡੇਚਲਵਾਲ ਦੀ ਰਹਿਨੁਮਾਈ ਅਤੇ ਜ਼ਿਲ੍ਹਾ ਖੇਡ ਅਫ਼ਸਰ ਜਗਜੀਵਨ ਸਿੰਘ ਗਿੱਲ ਦੀ ਦੇਖਰੇਖ ਹੇਠ ਕਰਵਾਏ ਜਾ ਰਹੇ ਇਨ੍ਹਾਂ ਮੁਕਾਬਲਿਆਂ ਵਿੱਚ ਅੱਜ ਹੋਏ ਮੁਕਾਬਲਿਆਂ ਵਿੱਚ ਵਾਲੀਵਾਲ ਉਮਰ ਗੁੱਟ 14 ਸਾਲ ਵਿੱਚ ਅਨੰਦਪੁਰ ਸਾਹਿਬ ਨੇ ਪਹਿਲਾ, ਚਮਕੌਰ ਸਾਹਿਬ ਨੇ ਦੂਜਾ ਅਤੇ ਰੋਪੜ ਨੇ ਤੀਜਾ ਸਥਾਨ ਹਾਸਲ ਕੀਤਾ। ਬੈਡਮਿੰਟਨ ਦੇ 21 ਸਾਲਾ ਉਮਰ ਗੁੱਟ ਵਿੱਚ ਸੁਹਾਨੀ ਨੇ ਪਹਿਲਾ, ਗੁਰਪ੍ਰੀਤ ਕੌਰ ਨੇ ਦੂਜਾ ਅਤੇ ਅੰਮ੍ਰਿਤ ਸ਼ਰਮਾ ਨੇ ਤੀਜਾ ਸਥਾਨ ਹਾਸਿਲ ਕੀਤਾ। ਬਾਸਕਟਬਾਲ ਮੁਕਾਬਲਿਆਂ ਦੇ 14 ਸਾਲਾਂ ਲੜਕਿਆਂ ਵਿੱਚ ਸੈਂਟਰ ਰੂਪਨਗਰ ਨੇ ਪਹਿਲਾ ਅਤੇ ਸੇਂਟ ਕਾਰਮਲ ਸਕੂਲ ਕਟਲੀ ਨੇ ਦੂਜਾ ਸਥਾਨ ਹਾਸਿਲ ਕੀਤਾ। 17 ਸਾਲਾ ਉਮਰ ਗੁੱਟ ਵਿੱਚ ਰੂਪਨਗਰ ਕਲੱਬ ਦਾ ਸਾਹਮਣਾ ਨੰਗਲ ਕਲੱਬ ਨਾਲ ਹੋਵੇਗਾ।

21 ਸਾਲਾ ਉਮਰ ਗੁੱਟ ਵਿੱਚ ਫਾਈਨਲ ਮੈਚ ਰੋਪੜ ਕਲੱਬ ਅਤੇ ਨੰਗਲ ਵਿਚਕਾਰ ਹੋਵੇਗਾ। ਇਨ੍ਹਾਂ ਖੇਡਾਂ ਨੂੰ ਸਫਲਤਾ ਪੂਰਵਕ ਕਰਵਾਉਣ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਫਸਰ ਕਰਨ ਮਹਿਤਾ, ਜ਼ਿਲ੍ਹਾ ਆਰਗੇਨਾਈਜ਼ਿੰਗ ਕਮਿਸ਼ਨਰ (ਸਕਾਊਟ) ਸੁਰਿੰਦਰ ਸਿੰਘ ਕੋਟਲਾ ਨਿਹੰਗ, ਗੁਰਜਿੰਦਰ ਸਿੰਘ ਚੀਮਾ,



ਰਣਧੀਰ ਸਿੰਘ, ਸੁਸ਼ੀਲ ਕੁਮਾਰ, ਜਗਰੂਪ ਸਿੰਘ, ਇੰਦਰਜੀਤ ਸਿੰਘ, ਗੁਰਜੀਤ ਕੌਰ, ਮਿਸ ਉਂਕਾਰਦੀਪ ਕੌਰ, ਹਰਵਿੰਦਰ ਕੌਰ ਨੋਨਾ, ਸੁਨੀਤਾ ਰਾਣੀ, ਰੀਤੂ ਬਾਲਾ, ਹਰਿੰਦਰ ਸਿੰਘ, ਨਵਦੀਪ ਸਿੰਘ ਕੋਚ, ਸ਼ੀਲ ਭਗਤ, ਵੰਦਨਾ ਬਾਹਰੀ, ਸੀਨੀਅਰ ਸਹਾਇਕ ਨੀਸ਼ੂ ਗੋਇਲ, ਲਵਜੀਤ ਸਿੰਘ ਕੰਗ, ਲੈਕਚਰਰ ਰਾਬਿੰਦਰ ਸਿੰਘ ਰੱਬੀ, ਧਰਮਿੰਦਰ ਸਿੰਘ ਭੰਗੂ, ਕੁਲਵੀਰ ਸਿੰਘ ਕੰਧੋਲਾ, ਗੁਰਪ੍ਰਤਾਪ ਸਿੰਘ ਕੋਟਲਾ ਨਿਹੰਗ, ਸੁਖਪ੍ਰੀਤ ਸਿੰਘ ਝੱਜ, ਰਣਜੀਤ ਸਿੰਘ ਭੱਠਲ, ਅਸ਼ੋਕ ਕੁਮਾਰ ਆਦਿ ਨੇ ਸ਼ਲਾਘਾਯੋਗ ਯੋਗਦਾਨ ਪਾਇਆ। ਮੰਚ ਸੰਚਾਲਨ ਰਾਬਿੰਦਰ ਸਿੰਘ ਰੱਬੀ ਤੇ ਹਰਪ੍ਰੀਤ ਕੌਰ ਨੇ ਬਾਖੂਬੀ ਕੀਤਾ।

# ਗਣੇਸ਼ ਡਰਾਮੈਟਿਕ ਕਲੱਬ ਵੱਲੋਂ ਸ੍ਰੀ ਹਨੂੰਮੰਤ ਧਵਜਾਰੋਹਣ ਸ਼ੋਭਾ ਯਾਤਰਾ

**ਕਰਤਾਰਪੁਰ (ਹਰਮੇਸ਼ ਦੱਤ)**- ਸਵਰਗੀ ਪੰਡਿਤ ਮਦਨ ਮੋਹਨ ਸ਼ਰਮਾ ਮੈਮੋਰੀਅਲ ਸ੍ਰੀ ਗਣੇਸ਼ ਡਰਾਮੈਟਿਕ ਕਲੱਬ ਰਜਿਸਟਰਡ ਕਰਤਾਰਪੁਰ ਵੱਲੋਂ ਸ੍ਰੀ ਰਾਮਚਰਿਤ ਮੰਚਨ-2026 ਦੇ ਸੰਬੰਧ ਵਿੱਚ ਸ੍ਰੀ ਹਨੂੰਮੰਤ ਧਵਜਾਰੋਹਣ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਸ਼ੋਭਾ ਯਾਤਰਾ ਦੀ ਸ਼ੁਰੂਆਤ ਸ਼ਿਵ ਮੰਦਰ ਬਾਜ਼ਾਰ ਪਾਧੇਂ ਵਾਲਾ ਤੋਂ ਮੁੱਖ ਜਜਮਾਨ ਪਾਰਸ਼ਦ ਮੰਗਲ ਕੁਮਾਰ ਮੰਗੀ ਅਤੇ ਕਲੱਬ ਦੇ ਅਹੁਦੇਦਾਰਾਂ ਤੇ ਕਲਾਕਾਰਾਂ ਵੱਲੋਂ ਪੂਜਾ ਅਰਚਨਾ ਉਪਰੰਤ ਕੀਤੀ ਗਈ। ਸ਼ੋਭਾ ਯਾਤਰਾ ਪ੍ਰਾਚੀਨ ਸ਼੍ਰੀ ਹਨੂਮਾਨ ਮੰਦਰ, ਮੁਹੱਲਾ ਮਟਵਾਲਾ ਵਿਖੇ ਪਹੁੰਚੀ, ਜਿੱਥੇ ਸ੍ਰੀ ਰਾਮ ਭਗਤਾਂ ਨੇ ਮੱਥਾ ਟੇਕਿਆ। ਇਸ ਮੌਕੇ ਸ੍ਰੀ ਹਨੂਮਾਨ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਰਾਮ ਭਗਤਾਂ ਦਾ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ। ਇਸ ਦੌਰਾਨ ਸ੍ਰੀ ਹਨੂਮਾਨ ਚਾਲੀਸਾ ਦਾ ਪਾਠ ਵੀ ਕੀਤਾ ਗਿਆ। ਇਸ ਤੋਂ ਬਾਅਦ ਸ਼ੋਭਾ ਯਾਤਰਾ ਕਿਲਾ ਕੋਠੀ ਚੌਕ ਸਥਿਤ ਗੈਸਟ ਹਾਊਸ ਵਿਖੇ ਪਹੁੰਚੀ, ਜਿੱਥੇ ਸ੍ਰੀ ਰਾਮਚਰਿਤ ਮੰਚਨ ਦਾ ਆਯੋਜਨ ਕੀਤਾ ਜਾਣਾ ਹੈ। ਇੱਥੇ ਪੂਜਾ ਅਰਚਨਾ ਉਪਰੰਤ ਸ੍ਰੀ ਹਨੂਮੰਤ ਧਵਜ ਸਥਾਪਿਤ ਕੀਤਾ ਗਿਆ।ਇਸ ਦੌਰਾਨ ਸ਼ਰਧਾਲੂਆਂ ਵੱਲੋਂ ਭਗਵਾਨ ਸ੍ਰੀ ਰਾਮ ਦੇ ਜੈਕਾਰਿਆਂ ਨਾਲ ਮਾਹੌਲ ਗੂੰਜ ਉੱਠਿਆ। ਸਮਾਗਮ ਉਪਰੰਤ ਸੰਗਤਾਂ ਵਿੱਚ ਪ੍ਰਸਾਦ ਵੀ ਵੰਡਿਆ ਗਿਆ। ਕਲੱਬ ਦੇ ਸੰਸਥਾਪਕ ਮੈਂਬਰ ਸੰਜੇ ਸ਼ਰਮਾ, ਡਾਇਰੈਕਟਰ ਰਾਹੁਲ ਸ਼ਰਮਾ ਅਤੇ ਪ੍ਰਧਾਨ ਅਨਿਲ ਸ਼ਰਮਾ ਨੇ ਦੱਸਿਆ ਕਿ 11 ਅਕਤੂਬਰ ਤੋਂ 19 ਅਕਤੂਬਰ ਤੱਕ ਸ੍ਰੀ ਰਾਮਚਰਿਤ ਮੰਚਨ ਕਿਲਾ ਕੋਠੀ ਚੌਕ ਗੈਸਟ ਹਾਊਸ ਵਿਖੇ ਰਾਤ 9 ਵਜੇ ਤੋਂ 12 ਵਜੇ ਤੱਕ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਧਾਰਮਿਕ ਆਯੋਜਨ ਲਈ ਕਰਤਾਰਪੁਰ ਵਾਸੀਆਂ ਅਤੇ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ ਸੰਸਥਾਵਾਂ ਵੱਲੋਂ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ।ਇਸ ਮੌਕੇ ਸੰਸਥਾਪਕ ਮੈਂਬਰ ਦੀਪਕ ਦੀਪਾ, ਗਗਨ ਗੌਤਮ, ਚੇਅਰਮੈਨ ਸੰਜੀਵ ਭੱਲਾ, ਪਵਨ ਸ਼ਰਮਾ, ਪੰਡਿਤ ਅਵਧ ਸ਼ਰਮਾ, ਡਾਇਰੈਕਟਰ ਰਾਮ ਸ਼ਰਮਾ, ਪ੍ਰਾਚੀਨ ਹਨੂਮਾਨ ਮੰਦਰ ਦੇ ਪ੍ਰਧਾਨ ਅਤੇ ਨਗਰ ਕੌਂਸਲ ਦੇ ਉਪ ਪ੍ਰਧਾਨ ਜਤਿਨ ਸ਼ਰਮਾ, ਸ਼ਿਵ ਕੁਮਾਰ ਸ਼ਰਮਾ, ਰਜਨੀਸ਼ ਬਾਂਕਾ, ਭਾਰਤ ਭੂਸ਼ਣ ਸ਼ਰਮਾ, ਸੁਰਿੰਦਰ ਬਵੀ, ਦਰਸ਼ਨ ਕੁਮਾਰ ਸ਼ਰਮਾ, ਰਾਜਿੰਦਰ ਸ਼ਰਮਾ ਟੱਪੂ, ਮਾਸਟਰ ਅਮਰੀਕ ਸਿੰਘ, ਵਿਪਿਨ ਥਾਪਰ, ਮਨੋਜ ਫੌਜੀ, ਸੰਦੀਪ ਭਾਟੀਆ, ਰਿੱਕੀ ਸੇਠ, ਕਾਰਤਿਕ ਲਹਿਰ, ਧੀਰਜ ਸਕਸੇਨਾ, ਓਮ ਮੁਨੀਸ਼ ਸ਼ਰਮਾ, ਪਾਰਸ ਕਸ਼ਯਪ, ਸਤਨਾਮ ਲਹਿਰ, ਅੰਕੁਰ ਵਾਲੀਆ, ਅਸ਼ਵਿਨੀ ਪਾਰਾਸ਼ਰ, ਹੈਪੀ, ਵਿਕਾਸ ਬਜਾਜ, ਧਰਮਵੀਰ ਮਨਨ, ਪ੍ਰਦੀਪ ਕਪਿਲ, ਕੌਸ਼ਲਿੰਦਰ ਐਰੀ, ਅਰੁਣ ਠਾਕੁਰ, ਬਚਨ ਸਿੰਘ, ਜਗਜੀਤ ਸਿੰਘ ਪੱਪੀ, ਕ੍ਰਿਸ਼ਨ ਵਾਸਿਲ, ਪੁਸ਼ਪਮ ਪਾਰਾਸ਼ਰ, ਬਲਰਾਮ ਕ੍ਰਿਸ਼ਨ ਧੀਮਾਨ, ਮਨਮੋਹਿਤ ਪਾਰਾਸ਼ਰ, ਸ਼ੋਭਿਤ ਸ਼ਰਮਾ, ਅਮਿਤ ਕੁਮਾਰ, ਪ੍ਰਥਮ ਹਾਂਡਾ, ਸੰਜੀਵ ਠਾਕੁਰ, ਵਿਜੇ ਕੁਮਾਰ, ਅੰਕਿਤ ਵਰਮਾ, ਰਾਜਾ ਸਿੰਘ, ਸਾਗਰ, ਸ਼ਿਆਮ ਕੁਮਾਰ, ਸੂਰਜ ਸ਼ਰਮਾ, ਰੀਧਵ ਸ਼ਰਮਾ, ਗੈਵਿਸ਼ ਕੁੰਦਰਾ, ਦੀਪਾਂਸ਼ੂ ਸ਼ਰਮਾ, ਆਯੁਸ਼ ਬਾਬਾ, ਅੰਕੁਸ਼, ਮੋਹਿਤ ਕੁਮਾਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਦੇਨੋਵਾਲ ਖੁਰਦ ਵਿਖੇ ਸਾਲਾਨਾ ਸਰਾਧਾਂ ਦਾ ਭੰਡਾਰਾ ਸੰਪੰਨ

**ਆਦਮਪੁਰ (ਪਰਮਜੀਤ ਸਿੰਘ)**- ਪਿੰਡ ਦੈਨੋਵਾਲ ਖੁਰਦ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਮਹੰਤ ਸੁਖਦੇਵ ਦਾਸ ਦੀ ਯੋਗ ਅਗਵਾਈ ਹੇਠ ਪ੍ਰਬੰਧਕ ਕਮੇਟੀ, ਸਮੂਹ ਸਾਧ ਸੰਗਤ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਧੰਨ-ਧੰਨ ਮਹੰਤ ਨਿਹਾਲ ਦਾਸ ਮਹਾਰਾਜ (ਡੇਰਾ ਦੁਧਾਧਾਰੀ )ਵਿਖੇ ਦੋ ਦਿਨਾ ਸਲਾਨਾ ਸਰਾਧਾਂ ਦੇ ਮਹਾਂ ਭੰਡਾਰੇ ਦਾ ਆਯੋਜਨ ਦਿਨ ਵੀਰਵਾਰ (ਛੇਵੇਂ ਸ਼ਰਾਧ) ਦੇ ਦਿਨ ਤੇ ਕੀਤਾ ਗਿਆ। ਇਸ ਸਬੰਧੀ ਪ੍ਰਬੰਦਕਾਂ ਵਲੋਂ ਜਾਣਕਾਰੀ ਦਿੰਦਿਆ ਸਮਾਗਮ ਦੌਰਾਨ ਨਿਸ਼ਾਨ ਸਾਹਿਬ ਦੀ ਰਸਮ ਸਵੇਰੇ 8 ਵਜੇ ਤੇ ਕਵਾਲੀ ਮਹਿਫਲ ਸਵੇਰੇ 9 ਵਜੇ ਤੋਂ ਦੁਪਹਿਰ 3 ਵਜੇ ਤੱਕ ਸਜਾਈ ਗਈ।ਭੰਡਾਰੇ ਦੌਰਾਨ ਸਾਧੂ ਪੰਗਤ ਵਿਚ ਸਭ ਪਹਿਲਾਂ ਰੀਤੀ ਅਨੁਸਾਰ ਤੇ ਸਤਿਕਾਰ ਸਹਿਤ ਸਾਧੂ ਸੰਤਾਂ ਨੂੰ ਲੰਗਰ ਛਕਾਇਆ ਗਿਆ।ਇਸ ਮੌਕੇ ਉੱਘੇ ਗਾਇਕਾਂ ਬਲਵੀਰ ਵਾਬਰ ਕਵਾਲ, ਪ੍ਰੇਮ ਕਵਾਲ ਪਨਾਮ ਵਾਲੇ, ਪ੍ਰੇਮ ਸਾਗਰ ਕਵਾਲ ਅਤੇ ਸੂਫੀ ਗਾਇਕ ਪਰਵੇਜ ਆਲਮ ਵਲੋਂ ਧਾਰਮਿਕ ਪ੍ਰੋਗਰਾਮ ਪੇਸ਼ ਕਰਕੇ ਆਪਣੀ ਗਾਇਕੀ ਰੰਗ ਬੰਨੇ।ਪੰਜਾਬ ਦੇ ਕੋਨੇ-ਕੋਨੇ ਤੋਂ ਸੰਤਾਂ ਮਹਾਪੁਰਸਾਂ ਵਲੋਂ ਇਸ ਸਮਾਗਮ ਵਿਚ ਪਹੁੰਚ ਕੇ ਪੰਡਾਲ ਦੀ ਸ਼ੋਭਾ ਨੂੰ ਵਧਾਇਆ। ਇਸ ਮੌਕੇ ਤੇ ਸਾਥੀਆਂ ਸਮੇਤ ਖਾਸ ਤੌਰ ਤੇ ਗੜ੍ਹਸੰਕਰ ਦੇ ਐਮ ਐਲ ਏ ਤੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਵਲੋਂ ਦਰਬਾਰ ਤੇ ਨੱਕਮਸਤਕ ਹੋ ਕੇ ਸੰਤਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ ਤੇ ਸੰਤਾਂ ਤੇ ਸੰਗਤ ਨੂੰ ਸਾਲਾਨਾ ਭੰਡਾਰੇ ਮੇਲੇ ਦੀ ਵਧਾਈ ਦਿੱਤੀ ਗਈ। ਕਮੇਟੀ ਤੇ ਸੰਤਾਂ ਵੱਲੋਂ ਜੈ ਕ੍ਰਿਸ਼ਨ ਸਿੰਘ ਰੌੜੀ ਤੇ ਸਾਥੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮਹੰਤ ਸੁਖਦੇਵ ਦਾਸ ਜੀ ਮਹਾਰਾਜ, ਪ੍ਰਬੰਧਕ ਕਮੇਟੀ, ਸਮੂਹ ਸੰਗਤ ਅਤੇ ਨਗਰ ਨਿਵਾਸੀ ਹਾਜ਼ਰ ਰਹੇ।



# ਸੰਤ ਬਾਬਾ ਬਿਸ਼ਨ ਸਿੰਘ ਨੂੰ ਸਮਰਪਤ ਕੀਰਤਨ ਦਰਬਾਰ 31 ਨੂੰ, ਪੋਸਟਰ ਕੀਤਾ ਜਾਰੀ

**ਅੱਡਾ ਸਰਾਂ (ਜਸਵੀਰ ਕਾਜਲ)**- ਧੰਨ-ਧੰਨ ਸੰਤ ਬਾਬਾ ਬਿਸ਼ਨ ਸਿੰਘ ਦੀ ਨਿੱਘੀ ਯਾਦ ਨੂੰ ਸਮਰਪਤ 126ਵਾਂ ਸਾਲਾਨਾ ਸਮਾਗਮ ਅਤੇ ਕੀਰਤਨ ਦਰਬਾਰ 31 ਅਕਤੂਬਰ ਦਿਨ ਸ਼ਨੀਵਾਰ ਨੂੰ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਵਿਖੇ ਕਰਵਾਇਆ ਜਾ ਰਿਹਾ ਹੈ। ਜਿਸ ਸਬੰਧੀ ਪ੍ਰਬੰਧਕ ਕਮੇਟੀ ਵੱਲੋਂ ਪ੍ਰੋਗਰਾਮ ਪੋਸਟਰ ਜਾਰੀ ਕੀਤਾ ਗਿਆ। ਪ੍ਰਬੰਧਕ ਸੇਵਾਦਾਰਾਂ ਤੇ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਬਾਬਾ ਜੀ ਨੇ ਦੱਸਿਆ ਕਿ ਸਮਾਗਮ ਦੀ ਆਰੰਭਤਾ 17 ਅਕਤੂਬਰ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਪਹਿਲੀ ਲੜੀ ਨਾਲ ਹੋ ਜਾਵੇਗੀ।

6 ਲੜੀਆਂ ਵਿੱਚ ਲਗਭਗ 145 ਦੇ ਕਰੀਬ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਲੜੀਵਾਰ ਪਾਏ ਜਾਣਗੇ, ਜਿਸ ਦੀ ਸੰਪੂਰਨਤਾ 31 ਅਕਤੂਬਰ ਨੂੰ ਹੋਵੇਗੀ। ਅੰਤਿਮ ਦਿਨ ਸਵੇਰੇ 9 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਕੀਰਤਨ ਦੀਵਾਨ ਦੀ ਆਰੰਭਤਾ ਹੋਵੇਗੀ।ਜਿਸ ਵਿਚ ਸਿੱਖ ਪੰਥ ਦੇ ਮਹਾਨ ਕਵੀਸ਼ਰ, ਭਾਈ ਸੁਖਬੀਰ ਸਿੰਘ ਇੰਟਰਨੈਸ਼ਨਲ ਕਵੀਸ਼ਰੀ ਜਥਾ, ਗਿਆਨੀ ਗੁਰਪ੍ਰਤਾਪ ਸਿੰਘ ਪਦਮ ਇੰਟਰਨੈਸ਼ਨਲ ਢਾਡੀ, ਭਾਈ ਅੰਮ੍ਰਿਤਪਾਲ ਸਿੰਘ ਕੀਰਤਨੀ ਜਥਾ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ, ਬੀਬੀ ਦਲੇਰ ਕੌਰ ਖਾਲਸਾ ਇੰਟਰਨੈਸ਼ਨਲ ਢਾਡੀ ਜਥਾ, ਗਿਆਨੀ ਮਨਵੀਰ ਸਿੰਘ ਐਮ ਏ ਮਹੁਵਿੰਡ ਢਾਡੀ ਜਥਾ, ਗਿਆਨੀ ਭਗਵੰਤ ਸਿੰਘ ਸੂਰਵਿੰਡ ਕਵੀਸ਼ਰੀ ਜਥਾ, ਭਾਈ ਗੁਰਪ੍ਰੀਤ ਸਿੰਘ ਕੰਧਾਲਾ (ਕਨੇਡਾ) ਵਾਲੇ ਕੀਰਤਨੀ ਜਥਾ, ਭਾਈ ਦਾਤਾਰ ਸਿੰਘ ਦਾਤਾ ਢਾਡੀ ਜਥਾ ਕੰਧਾਲਾ ਜੱਟਾਂ, ਭਾਈ ਗੁਰਮੁੱਖ ਸਿੰਘ ਕੰਧਾਲਾ ਜੱਟਾਂ ਕੀਰਤਨੀ ਜਥਾ, ਭਾਈ ਹਰਚਰਨ ਸਿੰਘ ਕੰਧਾਲਾ ਜੱਟਾਂ ਵਾਲੇ, ਬਾਬਾ ਬਿਸ਼ਨ ਸਿੰਘ ਜੀ ਕੀਰਤਨ ਵਿਦਿਆਲਾ ਕੰਧਾਲਾ ਜੱਟਾਂ ਦੇ ਬੱਚੇ ਅਤੇ ਹੋਰ ਬਹੁਤ ਸਾਰੇ ਕੀਰਤਨੀ ਜਥੇ ਪਹੁੰਚ ਕੇ ਆਈਆਂ



ਹੋਈਆਂ ਸੰਗਤਾਂ ਨੂੰ ਕੀਰਤਨ ਗੁਰਬਾਣੀ ਕਥਾ ਰਾਹੀਂ ਨਿਹਾਲ ਕਰਨਗੇ।

ਇਸੇ ਤਰ੍ਹਾਂ ਸਿੱਖ ਪੰਥ ਤੇ ਮਹਾਨ ਕਥਾਵਾਚਕ ਬਾਬਾ ਬੰਤਾ ਸਿੰਘ ਅੰਸ਼ ਵੰਸ਼ ਬਾਬਾ ਬਿਧੀ ਚੰਦ ਜੀ ਮੁੰਡਾ ਪਿੰਡ, ਭਾਈ ਸੁਖਦੇਵ ਸਿੰਘ ਡੱਲਾ ਕਥਾਵਾਚਕ, ਸੰਤ ਬਾਬਾ ਮੱਖਣ ਸਿੰਘ ਦਰੀਏ ਵਾਲੇ ਸੰਗਤਾਂ ਨੂੰ ਕਥਾ ਵਿਚਾਰਾਂ ਨਾਲ ਜੋੜਣਗੇ। ਪ੍ਰਬੰਧਕਾਂ ਨੇ ਦੱਸਿਆ ਇਸੇ ਤਰ੍ਹਾਂ 29 ਅਕਤੂਬਰ ਨੂੰ ਰਾਤਰੀ ਦੇ ਦੀਵਾਨਾਂ ਵਿਚ ਪ੍ਰੋਫੈਸਰ ਅਮਰਜੀਤ ਸਿੰਘ ਜੰਡੀ ਕਥਾਵਾਚਕ (ਧਰਮ ਪ੍ਰਚਾਰਕ ਕਮੇਟੀ), ਭਾਈ ਮਨਜੀਤ ਸਿੰਘ ਜੀ ਬਾਬਕ ਕੀਰਤਨੀ ਜਥਾ ਗਿਆਨੀ ਸੁਲੱਖਣ ਸਿੰਘ ਰਿਆੜ ਕਵੀਸ਼ਰੀ ਜਥਾ, 30 ਅਕਤੂਬਰ ਨੂੰ ਗਿਆਨੀ ਆਕਾਸ਼ਦੀਪ ਸਿੰਘ ਦਮਦਮੀ ਟਕਸਾਲ ਕਥਾਵਾਚਕ, ਸੰਤ ਬਾਬਾ ਹਰਭਜਨ ਸਿੰਘ ਸੋਤਲੇ ਵਾਲੇ ਕੀਰਤਨੀ ਜਥਾ, ਗਿਆਨੀ ਜਤਿੰਦਰ ਸਿੰਘ ਜੋਧ ਹਜ਼ੂਰੀ ਢਾਡੀ ਮਿਸਲ ਸ਼ਹੀਦਾਂ ਤਰਨਾ ਦਲ ਢਾਡੀ ਵਾਰਾਂ,ਕਥਾ ਵਿਚਾਰਾਂ ਅਤੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ।30 ਅਕਤੂਬਰ ਨੂੰ ਸਵੇਰੇ 10 ਵਜੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ, ਜਿਨਾਂ ਵੀ ਪੁਰਾਣੀਆਂ ਨੇ ਅੰਮ੍ਰਿਤ ਸੰਚਾਰ ਦੀ ਦਾਤ ਲੈਣੀ ਹੋਵੇ ਉਹ ਆਪਣਾ ਨਾਮ 29 ਅਕਤੂਬਰ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਦਰਜ ਕਰਵਾ ਸਕਦੇ ਹਨ। ਅੰਮ੍ਰਿਤ ਸੰਚਾਰ ਵਿੱਚ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ।ਇਸ ਸਾਰੇ ਸਮਾਗਮ ਦੌਰਾਨ ਚਾਹ ਪਕੌੜੇ, ਕੌਫੀ, ਮਠਿਆਈਆਂ, ਫਲਾਂ ਦੇ ਲੰਗਰ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

ਪੋਸਟਰ ਜਾਰੀ ਕਰਨ ਮੌਕੇ ਧੰਨ ਧੰਨ ਬਾਬਾ ਬਿਸ਼ਨ ਸਿੰਘ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਪਾਲ ਸਿੰਘ, ਸੁਰਿੰਦਰ ਸਿੰਘ ਸੀ ਏ, ਮਨਜੀਤ ਸਿੰਘ ਖਜ਼ਾਨਚੀ, ਤਜਿੰਦਰ ਸਿੰਘ ਬਿੱਲਾ ਉੱਪ ਖਜਾਨਚੀ, ਸੁਖਨਿੰਦਰ ਸਿੰਘ, ਦਰਸ਼ਨ ਸਿੰਘ, ਇੰਦਰਜੀਤ ਸਿੰਘ,ਗੁਰਮੇਲ ਸਿੰਘ, ਗੁਰਸਾਹਿਬ ਸਿੰਘ, ਤਨਵਪ੍ਰੀਤ ਸਿੰਘ, ਕਮਲ ਸਿੰਘ, ਇੰਦਰਜੀਤ ਸਿੰਘ ਕਨੇਡਾ, ਜਥੇਦਾਰ ਅਵਤਾਰ ਸਿੰਘ, ਗੁਰਕਿਰਪਾਲ ਸਿੰਘ ਗੋਲਡੀ, ਗੁਰਮੀਤ ਸਿੰਘ, ਮਨਜੀਤ ਸਿੰਘ ਸੈਕਰਟਰੀ, ਹਰਵਿੰਦਰ ਸਿੰਘ ਬਿੱਟਾ, ਸੁਰਜੀਤ ਸਿੰਘ, ਕੈਪਟਨ ਹਰੀ ਉਮ ਸਿੰਘ, ਪੰਚ ਤਰਸੇਮ ਸਿੰਘ, ਮਨਜੀਤ ਸਿੰਘ ਧਾਲੀਵਾਲ, ਇਕਬਾਲ ਸਿੰਘ ਬਾਲੀ, ਗਿਆਨੀ ਗੁਰਮੁੱਖ ਸਿੰਘ, ਗ੍ਰੰਥੀ ਸਿੰਘ ਦਾਨ ਸਿੰਘ, ਜੋਬਨਪ੍ਰੀਤ ਸਿੰਘ,ਸੁੱਖਜੀਤ ਸਿੰਘ ਸੁੱਖਾ, ਅਮਰਜੀਤ ਸਿੰਘ ਕਾਕਾ, ਗੁਰਪ੍ਰੀਤ ਸਿੰਘ ਬੱਬਰ ਗਤਕਾ ਕੋਚ, ਡਾ. ਚਰਨਜੀਤ ਪੜਬੱਗਾ, ਬਾਬਾ ਬਿਸ਼ਨ ਸਿੰਘ ਗਤਕਾ ਅਖਾੜਾ ਦੇ ਬੱਚੇ ਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਮਹਾਰਜ ਦਾ ਸ਼ਤਾਬਦੀ ਸਮਾਗਮ 26 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਡੇਰਾ ਸੱਚਖੰਡ ਬੱਲਾਂ ਦੇ ਮਹਾਨ ਸ੍ਰੀ 108 ਸੰਤ ਨਿਰੰਜਨ ਦਾਸ ਜੀ ਮਹਾਰਾਜ ਜੀ ਦੇ ਆਸ਼ੀਰਵਾਦ ਸਦਕਾ ਕਨੇਡਾ ਦੀ ਧਰਤੀ ਤੇ ਸਾਹਿਬ ਏ ਕਮਾਲ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ



ਦਾ 650 ਵਾ ਸ਼ਤਾਬਦੀ ਗੁਰਪੁਰਬ ਸਮਾਗਮ 26 ਅਕਤੂਬਰ ਦਿਨ ਸੋਮਵਾਰ ਨੂੰ ਓਟਾਵਾ ਦੇ ਪਾਰਲੀਮੈਂਟ ਹਿੱਲ ਵਿਖੇ ਮਨਾਇਆ ਜਾਵੇਗਾ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਵਰਿੰਦਰ ਬੰਗੜ ਕਨੇਡਾ ਵਾਲੇ ਅਤੇ ਗੀਤਕਾਰ ਸੂਬਾ ਉਦੇਸੀਆਂ ਵਾਲਾ ਨੇ ਦੱਸਿਆ ਕਿ ਇਸ ਸਬੰਧੀ ਗੁਰਪੁਰਬ ਮਨਾਉਣ ਲਈ ਕਨੈਡਾ ਸਰਕਾਰ ਤੋਂ ਮਨਜ਼ੂਰੀ ਵੀ ਮਿਲ ਗਈ ਹੈ। ਇਸ ਸਬੰਧੀ ਸੰਗਤਾਂ 'ਚ ਉਤਸ਼ਾਹ ਪਾਇਆ ਜਾ ਰਿਹਾ ਹੈ। ਦੇਸ਼ ਵਿਦੇਸ਼ ਤੋਂ ਸੰਗਤਾਂ ਬਹੁ ਗਿਣਤੀ ਵਿੱਚ ਹਿੱਸਾ ਲੈਣਗੀਆਂ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨਗੀਆਂ।

# ਸੀਵਰੇਜ ਓਵਰਫਲੋਅ ਕਾਰਨ ਨਰਕ ਬਣਿਆ ਜ਼ੀਰਕਪੁਰ

**ਜ਼ੀਰਕਪੁਰ (ਜਤਿੰਦਰ ਕੁਮਾਰ)**- ਜ਼ੀਰਕਪੁਰ ਸ਼ਹਿਰ ਵਿੱਚ ਸੀਵਰੇਜ ਪ੍ਰਬੰਧਾਂ ਦੀ ਬਦਹਾਲ ਹਾਲਤ ਅਤੇ ਵੱਖ-ਵੱਖ ਇਲਾਕਿਆਂ ਵਿੱਚ ਲਗਾਤਾਰ ਹੋ ਰਹੇ ਸੀਵਰੇਜ ਓਵਰਫਲੋ ਨੂੰ ਲੈ ਕੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਨੇ ਨਗਰ ਕੌਂਸਲ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਸੀਵਰੇਜ ਦੀ ਸਾਂਭ-ਸੰਭਾਲ ਲਈ ਹਰ ਮਹੀਨੇ ਕਰੀਬ 40 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਰਹੀ ਹੈ, ਪਰ ਇਸ ਦੇ ਬਾਵਜੂਦ ਸ਼ਹਿਰ ਦੇ ਅਨੇਕਾਂ ਹਿੱਸਿਆਂ ਵਿੱਚ ਗੰਦਾ ਪਾਣੀ ਸੜਕਾਂ ਅਤੇ ਰਿਹਾਇਸ਼ੀ ਇਲਾਕਿਆਂ ਵਿੱਚ ਵਗ ਰਿਹਾ ਹੈ। ਸ਼ਰਮਾ ਨੇ ਦੋਸ਼ ਲਾਇਆ ਕਿ ਮਾਇਆ ਗਾਰਡਨ ਸਿਟੀ, ਐਲ ਸਪੇਜੀਆ, ਐਸਕੋਨ ਐਰੀਨਾ



ਸਮੇਤ ਦਰਜਨਾਂ ਰਿਹਾਇਸ਼ੀ ਸੁਸਾਇਟੀਆਂ ਅਤੇ ਆਸ-ਪਾਸ ਦੇ ਖੇਤਰਾਂ ਵਿੱਚ ਸੀਵਰੇਜ ਓਵਰਫਲੋ ਕਾਰਨ ਹਾਲਾਤ ਬੇਹਦ ਮਾੜੇ ਬਣੇ ਹੋਏ ਹਨ। ਕਈ ਥਾਵਾਂ 'ਤੇ ਗੰਦਾ ਪਾਣੀ ਸੜਕਾਂ 'ਤੇ ਖੜ੍ਹਾ ਰਹਿਣ ਕਾਰਨ ਬਦਬੂ ਅਤੇ ਮੱਛਰਾਂ ਦੀ ਭਰਮਾਰ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਹਾਲਾਤਾਂ ਵਿੱਚ ਵਸਨੀਕ ਕਿਸੇ ਵੀ ਸਮੇਂ ਡੇਂਗੂ, ਮਲੇਰੀਆ ਜਾਂ ਹੋਰ ਗੰਭੀਰ ਬਿਮਾਰੀਆਂ ਦੀ ਚਪੇਟ ਵਿੱਚ ਆ ਸਕਦੇ ਹਨ।ਉਨ੍ਹਾਂ ਕਿਹਾ ਕਿ ਹੋਪਅਪ ਖੇਤਰ ਵਿੱਚ ਵੀ ਹਾਲਾਤ ਚਿੰਤਾਜਨਕ ਹਨ ਅਤੇ ਸਕੂਲ ਜਾਣ ਵਾਲੇ ਬੱਚਿਆਂ ਸਮੇਤ ਆਮ ਲੋਕਾਂ ਨੂੰ ਗੰਦਗੀ ਅਤੇ ਸੀਵਰੇਜ ਦੇ ਪਾਣੀ ਵਿਚੋਂ ਲੰਘਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਉਨ੍ਹਾਂ ਸਵਾਲ ਕੀਤਾ ਕਿ ਜਦੋਂ ਨਗਰ ਕੌਂਸਲ ਵੱਲੋਂ ਸੀਵਰੇਜ ਪ੍ਰਬੰਧਾਂ ਦੀ ਸਾਂਭ-ਸੰਭਾਲ ਲਈ ਹਰ ਮਹੀਨੇ ਲੱਖਾਂ ਰੁਪਏ ਜਾਰੀ ਕੀਤੇ ਜਾ ਰਹੇ ਹਨ ਤਾਂ ਜ਼ਮੀਨੀ ਪੱਧਰ 'ਤੇ ਇਸ ਦਾ ਅਸਰ ਕਿਉਂ ਨਜ਼ਰ ਨਹੀਂ ਆ ਰਿਹਾ।ਸ਼ਰਮਾ ਨੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਤੋਂ ਮਾਮਲੇ ਦਾ ਤੁਰੰਤ ਨੋਟਿਸ ਲੈਣ ਅਤੇ ਸੀਵਰੇਜ ਦਾ ਗੰਦਾ ਪਾਣੀ ਖੁੱਲ੍ਹੇ ਵਿੱਚ ਵਹਿਣ ਤੋਂ ਰੋਕਣ ਲਈ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

# 5.9 ਕਰੋੜ ਦੇ ਵਿਕਾਸ ਕਾਰਜ ਰਾਮਪੁਰ ਦੇ ਬੁਨਿਆਦੀ ਢਾਂਚੇ ਨੂੰ ਦੇਣਗੇ ਮਜ਼ਬੂਤੀ : ਡਾ. ਇਸ਼ਾਂਕ ਕੁਮਾਰ

**ਹੁਸ਼ਿਆਰਪੁਰ (ਓ ਪੀ ਰਾਣਾ)**- ਮੇਰਾ ਉਦੇਸ਼ ਹੈ ਕਿ ਮੇਰੇ ਹਲਕੇ ਦੇ ਸਾਰੇ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਲੋੜ ਅਨੁਸਾਰ ਮਜ਼ਬੂਤ ਕੀਤਾ ਜਾਵੇ ਅਤੇ ਲੋਕਾਂ ਨੂੰ ਉਨ੍ਹਾਂ ਦੇ ਆਪਣੇ ਪਿੰਡਾਂ ਵਿੱਚ ਹੀ ਬਿਹਤਰ ਜਨਤਕ ਸਹੂਲਤਾਂ ਮਿਲ ਸਕਣ, ਇਹ ਵਿਚਾਰ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਰਾਮਪੁਰ ਵਿਖੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਜ਼ਾਹਿਰ ਕੀਤੇ । ਉਹ ਪਿੰਡ ਵਿੱਚ ਚੱਲ ਰਹੇ ਸੜਕ ਨਿਰਮਾਣ ਕਾਰਜ ਦਾ ਜਾਇਜ਼ਾ ਲੈਣ ਲਈ ਰਾਮਪੁਰ ਪਹੁੰਚੇ ਸਨ। ਉਨ੍ਹਾਂ ਦੱਸਿਆ ਕਿ ਰਾਮਪੁਰ ਦੇ ਰਿਹਾਇਸ਼ੀ ਖੇਤਰ ਤੋਂ ਚੋਅ ਵੱਲ ਜਾਂਦੀ 22 ਫੁੱਟ ਲੰਮੀ ਸੜਕ ਦਾ ਨਿਰਮਾਣ 7 ਲੱਖ ਦੀ ਲਾਗਤ ਨਾਲ ਕੀਤਾ ਜਾ ਰਿਹਾ ਹੈ। ਉਨ੍ਹਾਂ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਸੜਕ ਨਿਰਮਾਣ ਕਾਰਜ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਤੇ ਸਬੰਧਤ ਅਧਿਕਾਰੀਆਂ ਨੂੰ ਕੰਮ ਉੱਚ ਗੁਣਵੱਤਾ ਨਾਲ ਅਤੇ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਪੇਂਡੂ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਅਤੇ ਜਨਤਕ ਸਹੂਲਤਾਂ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਰਾਮਪੁਰ ਵਿੱਚ ਕਰੀਬ 5.9 ਕਰੋੜ ਦੇ ਵਿਕਾਸ ਕਾਰਜ ਸ਼ੁਰੂ ਕੀਤੇ ਗਏ ਹਨ। ਇਨ੍ਹਾਂ ਵਿੱਚ ਮੁੱਖ ਸੜਕਾਂ, ਸਿੰਚਾਈ, ਸਿਹਤ ਸਹੂਲਤਾਂ, ਡਰੇਨੇਜ, ਗਲੀਆਂ, ਸਟਰੀਟ ਲਾਈਟਾਂ, ਖੇਡ ਸਹੂਲਤਾਂ ਅਤੇ ਕਮਿਊਨਿਟੀ ਹਾਲ ਨਾਲ ਸਬੰਧਤ ਕੰਮ ਸ਼ਾਮਲ ਹਨ।ਪਿੰਡ ਵਾਸੀਆਂ ਨੇ ਰਾਮਪੁਰ ਤੋਂ ਫਤਿਹਪੁਰ, ਕਾਂਗੜ ਕੋਠੀ ਅਤੇ ਗੰਗੋਵਾਲ ਨੂੰ ਜਾਂਦੀ ਮਹਿਲਪੁਰ-ਜੈਜੋਂ ਸੜਕ ਦੀ ਚੌੜਾਈ 3.05 ਮੀਟਰ ਤੋਂ ਵਧਾ ਕੇ 5.50 ਮੀਟਰ ਕਰਨ ਲਈ ਡਾ. ਇਸ਼ਾਂਕ ਕੁਮਾਰ ਦਾ ਧੰਨਵਾਦ ਕੀਤਾ। ਵਿਧਾਇਕ ਨੇ ਦੱਸਿਆ ਕਿ ਇਸ ਸੜਕ ਨੂੰ ਚੌੜਾ ਕਰਨ ਦਾ ਕੰਮ 422.87 ਲੱਖ ਦੀ ਲਾਗਤ ਨਾਲ ਮੁਕੰਮਲ ਕੀਤਾ ਗਿਆ ਹੈ। ਇਸ ਤੋਂ ਇਲਾਵਾ ਰਾਮਪੁਰ ਕੋਠੀ ਤੋਂ ਮਹਿਮਦੋਵਾਲ ਤੱਕ 1.40 ਕਿਲੋਮੀਟਰ ਸੜਕ ਦਾ ਨਿਰਮਾਣ 4.70 ਲੱਖ ਦੀ ਲਾਗਤ ਨਾਲ ਕੀਤਾ ਜਾਣਾ ਹੈ, ਜਿਸ ਦਾ ਕੰਮ ਜਲਦ ਸ਼ੁਰੂ ਹੋਵੇਗਾ।ਸਿਹਤ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਲਈ ਰਾਮਪੁਰ ਵਿੱਚ 55 ਲੱਖ ਦੀ ਲਾਗਤ ਨਾਲ ਹੈਲਥ ਐਂਡ ਵੈਲਨੈੱਸ ਸੈਂਟਰ ਵੀ ਜਲਦ ਬਣਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਪਿੰਡ ਵਿੱਚ 65 ਲੱਖ ਦੀ ਲਾਗਤ ਨਾਲ ਸਿੰਚਾਈ ਟਿਊਬਵੈੱਲ ਪਹਿਲਾਂ ਹੀ ਸਥਾਪਿਤ ਕੀਤਾ ਜਾ ਚੁੱਕਾ ਹੈ, ਜਿਸ ਨਾਲ ਸਥਾਨਕ ਕਿਸਾਨਾਂ ਨੂੰ ਸਹੂਲਤ ਮਿਲੀ ਹੈ।ਹੋਰ ਵਿਕਾਸ ਕਾਰਜਾਂ ਤਹਿਤ ਧਰਮਸ਼ਾਲਾ/ਕਮਿਊਨਿਟੀ ਸੈਂਟਰ ਲਈ 3 ਲੱਖ ਖਰਚ ਕੀਤੇ ਜਾ ਚੁੱਕੇ ਹਨ। ਇਸੇ ਤਰ੍ਹਾਂ 20 ਸਟਰੀਟ ਲਾਈਟਾਂ 'ਤੇ ?2.94 ਲੱਖ ਅਤੇ ਜਿਮ ਰੂਮ 'ਤੇ 5 ਲੱਖ ਦੀ ਲਾਗਤ ਨਾਲ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਡਰੇਨਾਂ ਲਈ 11 ਲੱਖ ਦੀ ਰਾਸ਼ੀ ਰੱਖੀ ਗਈ ਹੈ, ਜਦਕਿ ਪਿੰਡ ਵਿੱਚ ਹੜ੍ਹਾਂ ਨਾਲ ਪ੍ਰਭਾਵਿਤ ਖੇਤਰਾਂ ਲਈ 2 ਲੱਖ ਦੀ ਰਾਸ਼ੀ ਅਲਾਟ ਕੀਤੀ ਗਈ ਹੈ। ਇਸ ਤੋਂ ਇਲਾਵਾ ਖੇਡ ਮੈਦਾਨ ਦੀ ਉਸਾਰੀ ਲਈ 5 ਲੱਖ ਦਾ ਐਲਾਨ ਕੀਤਾ ਗਿਆ ਹੈ, ਜਿਸ ਦੀ ਰਾਸ਼ੀ ਜਲਦ ਜਾਰੀ ਹੋਣ ਦੀ ਉਮੀਦ ਹੈ ।



# ਸੁਖਵਿੰਦਰ ਸਿੰਘ ਪੰਚ ਸਾਥੀਆਂ ਸਮੇਤ 'ਆਪ' 'ਚ ਸ਼ਾਮਿਲ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਆਮ ਆਦਮੀ ਪਾਰਟੀ ਦੇ ਪਰਵਾਰ ਵਿੱਚ ਨਿੱਤ ਦਿਨ ਵਾਧਾ ਹੋ ਰਿਹਾ ਹੈ। ਦੂਸਰੀਆਂ ਪਾਰਟੀਆਂ ਨੂੰ ਅਲਵਿਦਾ ਆਖਿਆ ਪਿੰਡ ਸੁੰਨੜ ਕਲਾਂ ਵਿੱਚ ਲੋਕਾਂ ਨੇ ਵਿਧਾਇਕ ਇੰਦਰਜੀਤ ਕੌਰ ਮਾਨ ਦੀ ਅਗਵਾਈ ਕਬੂਲਦਿਆਂ 'ਆਪ' ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਤੇ ਬੀਬੀ ਮਾਨ ਨੇ ਆਖਿਆ ਕਿ ਲੋਕਾਂ ਨੇ ਸਾਡੇ ਕੰਮ ਨੂੰ ਪਸੰਦ ਕੀਤਾ ਹੈ। ਮਾਨ ਨੇ ਆਖਿਆ ਕਿ ਦੂਸਰੀਆਂ ਪਾਰਟੀਆਂ ਨੂੰ ਛੱਡ ਕੇ ਆਉਣ ਵਾਲਿਆ ਲਈ ਸਾਡੇ ਦਰਵਾਜੇ ਖੁੱਲੇ ਹਨ। ਉਹਨਾਂ ਨੇ ਪਿੰਡ ਸੁੰਨੜ ਕਲਾਂ ਦੇ ਸੁਖਵਿੰਦਰ ਸਿੰਘ ਪੰਚ, ਰਾਜੀਵ ਜੋਸ਼ੀ ਪੰਚ, ਮਨਮੋਹਣ ਕੌਰ ਪੰਚ, ਬਲਵਿੰਦਰ ਕੌਰ ਪੰਚ, ਅਮਰਜੀਤ ਸਿੰਘ, ਬਗੀਚਾ ਸਿੰਘ, ਮੱਖਣ ਸਿੰਘ, ਜੁਝਾਰ ਸਿੰਘ, ਲਖਵੀਰ ਸਿੰਘ, ਸੌਰਵ ਮਨੀ, ਜੋਨੀ, ਸੁਖਜੀਤ ਸਿੰਘ, ਗੁਰਸ਼ਰਨ ਸਿੰਘ, ਸਰਬਪ੍ਰੀਤ ਸਿੰਘ, ਬਲਦੇਵ ਸਿੰਘ, ਗੋਬਿੰਦਪ੍ਰੀਤ ਸਿੰਘ, ਪੰਕਜ, ਤਰਨਜੀਤ ਸਿੰਘ, ਗੁਰਜੀਤ ਸਿੰਘ, ਹਰਪ੍ਰੀਤ ਸਿੰਘ, ਜਸਦੀਪ ਜੱਸਾ, ਜਸਵਿੰਦਰ ਸਿੰਘ ਸ਼ੇਰਾ, ਸਰਬਜੀਤ ਸਿੰਘ ਮਨਿਹਰ ਸਿੰਘ, ਬਲਜੀਤ ਸਿੰਘ ਜੀਤਾ, ਸੁਖਵਿੰਦਰ ਕੌਰ, ਰਾਜਵੰਤ ਕੌਰ, ਰਾਜਵਿੰਦਰ ਕੌਰ, ਕੁਲਵਿੰਦਰ ਕੌਰ, ਬੇਟਨਾ, ਪੂਜਾ, ਅਮਰਜੀਤ ਕੌਰ, ਰਣਜੀਤ ਕੌਰ, ਰਾਜਵਿੰਦਰ ਕੌਰ, ਜਸਵਿੰਦਰ ਕੌਰ, ਬਖਸ਼ੋ, ਨਵੰਤਰ ਕੌਰ, ਦਰਸ਼ਨ ਕੌਰ, ਆਦਿ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਇਆ ਗਿਆ ਜੀ ਆਇਆਂ ਆਖਿਆ ਅਤੇ ਪੂਰਾ ਮਾਣ ਸਤਿਕਾਰ ਪਾਰਟੀ ਵਿੱਚ ਮਿਲਣ ਦਾ ਭਰੋਸਾ ਦਿੱਤਾ। ਸ਼ਾਮਲ ਹੋਣ ਵਾਲਿਆਂ ਨੇ ਕਿਹਾ ਕਿ ਉਹ ਵਿਧਾਇਕ ਦੀ ਇਮਾਨਦਾਰੀ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋਏ ਹਨ। ਇਸ ਮੌਕੇ ਤੇ ਲਖਵੀਰ ਸਿੰਘ ਚੇਅਰਮੈਨ, ਪਰਦੀਪ ਸਿੰਘ ਸ਼ੇਰਪੁਰੀ ਪ੍ਰਧਾਨ ਨਗਰ ਕੌਂਸਲ, ਜਸਕਰਨ ਸਿੰਘ ਗਾਂਧਰਾ, ਹਨੀ ਆਦਮਕੀ ਬਲਾਕ ਪ੍ਰਧਾਨ, ਓਂਕਾਰ ਸਿੰਘ ਬਲਾਕ ਪ੍ਰਧਾਨ, ਬਿੰਦਾ ਚੀਮਾ, ਸਿੰਘ ਭਾਰਦਵਾਜੀਆਂ, ਗੁਰਮੇਜ ਸਿੰਘ ਮਿੰਟਡਾ/ਅਮਰਜੀਤ ਸਿੰਘ ਮਿੰਟਡਾ, ਅਜੀਤ ਸਿੰਘ ਬਿਰ, ਰਾਜਵਿੰਦਰ ਸਿੰਘ ਸਰਪੰਚ ਦਗਗਾਬਾਦ, ਸੁਖਦੇਵ ਸਿੰਘ ਸਰਪੰਚ ਮਾਲੜੀ ਹਾਜ਼ਰ ਸਨ।

# ਮੋਹਾਲੀ 'ਚ ਮਹਿਲਾ ਵਿੰਗ ਦੀ 20 ਜ਼ੋਨਾਂ 'ਚ ਨਵੀਂ ਕਮਾਨ, ਨਿਯੁਕਤੀ ਪੱਤਰ ਵੰਡੇ

**ਮੋਹਾਲੀ (ਗੁਰਜੀਤ ਬਿੱਲਾ)**- ਸ਼੍ਰੋਮਣੀ ਅਕਾਲੀ ਦਲ ਨੇ ਮੋਹਾਲੀ ਸ਼ਹਿਰ ਵਿੱਚ ਮਹਿਲਾ ਵਿੰਗ ਨੂੰ ਜ਼ਮੀਨੀ ਪੱਧਰ 'ਤੇ ਸਰਗਰਮ ਕਰਨ ਲਈ ਸ਼ਹਿਰ ਨੂੰ 20 ਜ਼ੋਨਾਂ ਵਿੱਚ ਵੰਡ ਕੇ ਹਰੇਕ ਜ਼ੋਨ ਵਿੱਚ ਮਹਿਲਾ ਵਿੰਗ ਦੀ ਇੰਚਾਰਜ ਨਿਯੁਕਤ ਕੀਤੀ ਹੈ। ਨਵੀਆਂ ਨਿਯੁਕਤੀਆਂ ਮੌਕੇ ਇਲਾਕੇ ਦੀਆਂ ਮਹਿਲਾ ਆਗੂਆਂ ਦੀ ਮੌਜੂਦਗੀ ਵਿੱਚ ਨਿਯੁਕਤੀ ਪੱਤਰ ਵੀ ਵੰਡੇ ਗਏ। ਇਸ ਮੌਕੇ ਬੀਬੀ ਪਰਮਜੀਤ ਕੌਰ ਲਾਂਡਰਾਂ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਤਵੰਤ ਕੌਰ ਜੌਹਲ ਸਮੇਤ ਇਲਾਕੇ ਦੀਆਂ ਹੋਰ ਮਹਿਲਾ ਆਗੂਆਂ ਅਤੇ ਪਾਰਟੀ ਵਰਕਰ ਮੌਜੂਦ ਰਹੇ। ਨਵੀਆਂ ਨਿਯੁਕਤ ਕੀਤੀਆਂ ਇੰਚਾਰਜਾਂ ਨੂੰ ਵਧਾਈ ਦਿੰਦਿਆਂ ਇਲਾਕਿਆਂ ਵਿੱਚ ਮਹਿਲਾ ਵਰਕਰਾਂ ਨੂੰ ਜੋੜਨ ਅਤੇ ਪਾਰਟੀ ਨਾਲ ਸਿੱਧਾ ਸੰਪਰਕ ਬਣਾਉਣ 'ਤੇ ਜ਼ੋਰ ਦਿੱਤਾ ਗਿਆ। ਪਾਰਟੀ ਵੱਲੋਂ ਨਿਯੁਕਤ ਕੀਤੀਆਂ ਮਹਿਲਾ ਵਿੰਗ ਦੀਆਂ ਜ਼ੋਨਲ ਇੰਚਾਰਜਾਂ ਵਿੱਚ ਜ਼ੋਨ ਨੰਬਰ-1 ਤੋਂ ਸੁਰਿੰਦਰ ਕੌਰ, 2 ਤੋਂ ਜਸਬੀਰ ਕੌਰ, 3 ਤੋਂ ਅਮਨ ਕੌਰ, 4 ਤੋਂ ਹਰਬੰਸ ਕੌਰ, 5 ਤੋਂ ਕੁਲਵਿੰਦਰ ਕੌਰ, 6 ਤੋਂ ਮਨੀਸ਼ਾ ਕੁਮਾਰੀ, 7 ਤੋਂ ਅਨੀਤਾ ਸ਼ਰਮਾ, 8 ਤੋਂ ਨਿਰਮਲਜੀਤ ਕੌਰ ਢਿੱਲੋਂ, 9 ਤੋਂ ਵਸੁੰਧਰਾ ਸ਼ਰਮਾ, 10 ਤੋਂ ਰਾਜ ਕੁਮਾਰੀ, 11 ਤੋਂ ਪਿੰਕੀ ਜਗਤਪੁਰਾ, 12 ਤੋਂ ਰਾਜਪ੍ਰੀਤ ਕੌਰ ਗਿੱਲ, 13 ਤੋਂ ਜਸਬੀਰ ਕੌਰ, 14 ਤੋਂ ਪਰਮਜੀਤ ਬੈਦਵਾਨ, 15 ਤੋਂ ਅਮਰਜੀਤ ਕੌਰ, 16 ਤੋਂ ਅਮਰਜੀਤ ਕੌਰ, 17 ਤੋਂ ਰਵਿੰਦਰ ਕੌਰ, 18 ਤੋਂ ਹਰਜਿੰਦਰ ਕੌਰ, 19 ਤੋਂ ਕੁਸਮ ਬੈਦਵਾਨ ਅਤੇ 20 ਤੋਂ ਪੂਨਮ ਸ਼ਾਮਲ ਹਨ। ਪਾਰਟੀ ਆਗੂਆਂ ਮੁਤਾਬਕ ਇਨ੍ਹਾਂ ਇੰਚਾਰਜਾਂ ਦੀ ਜ਼ਿੰਮੇਵਾਰੀ ਆਪਣੇ-ਆਪਣੇ ਜ਼ੋਨ ਵਿੱਚ ਮਹਿਲਾ ਵਿੰਗ ਨੂੰ ਸਰਗਰਮ ਕਰਨਾ, ਨਵੀਆਂ ਮਹਿਲਾ ਵਰਕਰਾਂ ਨੂੰ ਸੰਗਠਨ ਨਾਲ ਜੋੜਨਾ, ਘਰ-ਘਰ ਸੰਪਰਕ ਵਧਾਉਣਾ ਅਤੇ ਇਲਾਕੇ ਦੀਆਂ ਸਮੱਸਿਆਵਾਂ ਨੂੰ ਪਾਰਟੀ ਪੱਧਰ 'ਤੇ ਉਠਾਉਣਾ ਹੋਵੇਗੀ।



ਜ਼ਿਲ੍ਹਾ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਜ਼ਮੀਨੀ ਪੱਧਰ 'ਤੇ ਵਰਕਰਾਂ ਦੀ ਸਰਗਰਮੀ ਵਧਾਉਣੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ 20 ਜ਼ੋਨਾਂ ਵਿੱਚ ਮਹਿਲਾ ਵਿੰਗ ਦੀਆਂ ਇੰਚਾਰਜਾਂ ਦੀ ਨਿਯੁਕਤੀ ਨਾਲ ਹਰ ਇਲਾਕੇ ਵਿੱਚ ਸੰਗਠਨਾਤਮਕ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਦੀ ਕੋਸ਼ਿਸ਼ ਕੀਤੀ ਜਾਵੇਗੀ।

# ਡੀ ਏ ਵੀ ਸਕੂਲ ਦੀ ਵਿਦਿਆਰਥਣ ਨੇ ਭਾਸ਼ਣ ਮੁਕਾਬਲੇ 'ਚ ਹਾਸਲ ਕੀਤਾ ਦੂਜਾ ਸਥਾਨ

**ਬਿਲਗਾ (ਵਿਜੇ ਕੁਮਾਰ)**- ਐੱਸ ਆਰ ਤਾਂਗੜੀ ਡੀ ਏ ਵੀ ਪਬਲਿਕ ਸਕੂਲ ਬਿਲਗਾ ਦੀ ਹੋਣਹਾਰ ਵਿਦਿਆਰਥਣ ਸਾਨਵੀ ਨੇ ਆਪਣੀ ਪ੍ਰਭਾਵਸ਼ਾਲੀ ਵਾਕ-ਸ਼ੈਲੀ ਅਤੇ ਸ਼ਾਨਦਾਰ ਪ੍ਰਸਤੁਤੀ ਦਾ ਪ੍ਰਦਰਸ਼ਨ ਕਰਦਿਆਂ ਵੇਦ ਪ੍ਰਚਾਰ ਮੰਡਲ ਵੱਲੋਂ ਗੁਰੂ ਵਿਰਜਾਨੰਦ ਗੁਰੁਕੁਲ ਮਹਾਵਿਦਿਆਲਯ, ਕਰਤਾਰਪੁਰ ਵਿਖੇ ਕਰਵਾਏ ਗਏ ਭਾਸ਼ਣ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਜ਼ਿਕਰਯੋਗ ਹੈ ਕਿ ਇਸ ਮੁਕਾਬਲੇ ਵਿੱਚ ਜਲੰਧਰ ਅਤੇ ਨਵਾਂਸ਼ਹਿਰ ਜ਼ਿਲ੍ਹਿਆਂ ਦੇ 22 ਸਕੂਲਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਸਾਨਵੀ ਨੇ ਆਪਣੇ ਜੋਸ਼ੀਲੇ ਭਾਸ਼ਣ ਅਤੇ ਵਿਸ਼ੇ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਰਾਹੀਂ ਨਿਰਣਾਇਕ ਮੰਡਲ ਨੂੰ ਪ੍ਰਭਾਵਿਤ ਕਰਦਿਆਂ ਇਹ ਉਪਲਬਧੀ ਹਾਸਲ ਕੀਤੀ। ਇਸ ਮੌਕੇ ਗੁਰੂਕੁਲ ਦੇ ਪ੍ਰਿੰਸੀਪਲ ਡਾ. ਉਦਯਨ ਆਰਿਆ ਨੇ ਕਿਹਾ ਕਿ ਨੌਜਵਾਨਾਂ ਵਿੱਚ ਵੈਦਿਕ ਮੁੱਲਾਂ, ਸੰਸਕਾਰਾਂ ਅਤੇ ਭਾਰਤੀ ਸੱਭਿਆਚਾਰ ਪ੍ਰਤੀ ਜਾਗਰੂਕਤਾ ਅਤੇ ਆਸਥਾ ਪੈਦਾ ਕਰਨਾ ਅੱਜ ਸਮੇਂ ਦੀ ਲੋੜ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਾਰਤੀ ਸੱਭਿਆਚਾਰ ਅਤੇ ਵੈਦਿਕ ਪਰੰਪਰਾਵਾਂ ਨਾਲ ਜੁੜ ਕੇ ਆਪਣੇ ਵਿਅਕਤਿਤਵ ਨੂੰ ਨਿਖਾਰਨ ਲਈ ਪ੍ਰੇਰਿਤ ਕੀਤਾ। ਸਕੂਲ ਵਾਪਸ ਆਉਣ 'ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਜੀਵ ਗੁੱਜਰਾਲ ਨੇ ਸਾਨਵੀ ਅਤੇ ਉਸ ਦੇ ਮਾਤਾ-ਪਿਤਾ ਨੂੰ ਇਸ ਮਾਣਯੋਗ ਉਪਲਬਧੀ ਲਈ ਹਾਰਦਿਕ ਵਧਾਈ ਦਿੱਤੀ। ਸਾਨਵੀ ਦੀ ਉਪਲਬਧੀ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇਗੀ।

# ਗੁਰਪ੍ਰੀਤ ਸਿੰਘ ਚੀਮਾ ਸ਼੍ਰੋਮਣੀ ਅਕਾਲੀ ਦਲ ਦਸੂਹਾ ਦੇ ਹਲਕਾ ਇੰਚਾਰਜ ਨਿਯੁਕਤ

**ਦਸੂਹਾ (ਕਰਨੈਲ ਮਾਂਗਟ)**- ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦਸੂਹਾ ਵਿਖੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਜ਼ਿਲ੍ਹਾ ਪ੍ਰਧਾਨ ਬੀ ਸੀ ਵਿੰਗ ਸੁਰਜੀਤ ਸਿੰਘ ਕੈਂਰੇ, ਸਰਕਲ ਪ੍ਰਧਾਨ ਭੁਪਿੰਦਰ ਸਿੰਘ ਨੀਲੂ ਚੀਮਾ, ਸੀਨੀਅਰ ਆਗੂ ਸਤਵਿੰਦਰ ਸਿੰਘ ਪੱਪੂ ਪੰਡੋਰੀ, ਸਤਵਿੰਦਰ ਸਿੰਘ ਢੱਡ, ਜਸਵਿੰਦਰ ਸਿੰਘ ਜੱਸਾ ਕਾਹਲਾਂ, ਸੰਤ ਸਿੰਘ ਜੰਡੋਰ ਅਤੇ ਹੋਰ ਵੱਖ-ਵੱਖ ਆਗੂਆਂ ਵੱਲੋਂ ਗੁਰਪ੍ਰੀਤ ਸਿੰਘ ਚੀਮਾ ਨੂੰ ਵਿਧਾਨ ਸਭਾ ਦਸੂਹਾ ਦਾ ਹਲਕਾ ਇੰਚਾਰਜ ਲਗਾਉਣ 'ਤੇ ਧੰਨਵਾਦ ਕੀਤਾ ਅਤੇ ਇਸ ਨਿਯੁਕਤੀ ਨਾਲ ਅਕਾਲੀ ਦਲ ਦੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

ਇਸ ਮੌਕੇ ਤੇ ਵੱਖ-ਵੱਖ ਆਗੂਆ ਨੇ ਨਵ-ਨਿਯੁਕਤ ਵਿਧਾਨ ਸਭਾ ਦਸੂਹਾ ਦੇ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਬਿੱਕਾਂ ਚੀਮਾ ਨੂੰ ਭਰੋਸਾ ਦਿੱਤਾ ਕਿ ਸਾਡੀ ਸਾਰੀ ਲੀਡਰਸ਼ਿਪ ਤੇ ਵਰਕਰ ਸ੍ਰੋਮਣੀ ਅਕਾਲ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਇਸ ਫੈਸਲੇ ਦਾ ਸਵਾਗਤ ਕਰਦੇ ਹਾਂ ਅਤੇ ਸ੍ਰੋਮਣੀ ਅਕਾਲੀ ਦਲ ਨੂੰ ਹਲਕੇ ਵਿੱਚ ਹੋਰ ਮਜਬੂਤ ਕਰਨ ਲਈ ਵਚਨਬੱਧ ਹਾਂ।

ਇਸ ਮੌਕੇ ਤੇ ਨਵ-ਨਿਯੁਕਤ ਦਸੂਹਾ ਦੇ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਬਿੱਕਾਂ ਚੀਮਾਂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋ ਮੈਨੂੰ ਜੁੰਮੇਵਾਰੀ ਦਿੱਤੀ ਮੈ ਉਸ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਵਾਂਗਾਂ। ਇਸ ਮੌਕੇ ਤੇ ਨਵ-ਨਿਯੁਕਤ ਹਲਕਾ ਇੰਚਾਰਜ ਗੁਰਪ੍ਰੀਤ ਸਿੰਘ ਬਿਕਾਂ ਚੀਮਾਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਤੇ ਡਾ.ਸੱਜਣ ਸਿੰਘ ਘੋਗਰਾ, ਹਰਪਾਲ ਸਿੰਘ ਬਿੱਟਾ, ਲਖਵਿੰਦਰ ਸਿੰਘ ਲੱਖੀ, ਦਵਿੰਦਰ ਸਿੰਘ ਕਾਹਲੋ, ਕਰਨੈਲ ਸਿੰਘ, ਹਰਕਿਰਨਜੀਤ ਕੋਰ, ਬਾਬਾ ਗੁਰਦੇਵ ਸਿੰਘ, ਸਰਪੰਚ ਲਾਲ ਸਿੰਘ, ਮਹਿੰਦਰ ਸਿੰਘ ਸਰੀਹਪੁਰ, ਨਿਰਮਲ ਸਿੰਘ, ਕਮਲਜੀਤ ਸਿੰਘ ਲਾਡੀ, ਕੁਲਵੰਤ ਸਿੰਘ, ਸਰਜੀਤ ਸਿੰਘ, ਇਕਬਾਲ ਸਿੰਘ ਚੀਮਾਂ, ਸਤਨਾਮ ਸਿੰਘ ਚੀਮਾਂ, ਕੁਲਵਿੰਦਰ ਸਿੰਘ ਗਾਲੋਵਾਲ, ਅਵਤਾਰ ਸਿੰਘ ਬੋਦਲ, ਮਨਦੀਪ ਸਿੰਘ ਢੀਗਰਾਂ, ਸੁਖਦੇਵ ਸਿੰਘ ਸਤਾਬਕੋਟ, ਲੱਖੀ ਸਿੰਘ ਮੁਲਤਾਨੀ, ਕੈਪਟਨ ਬਲਕਾਰ ਸਿੰਘ, ਜਗਤਾਰ ਸਿੰਘ, ਇੰਦਰਜੀਤ ਸਿੰਘ, ਮਲਕੀਤ ਸਿੰਘ ਤੋ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜਰ ਸਨ।



# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡਾਂ 'ਚ ਮੀਟਿੰਗਾਂ ਦਾ ਦੌਰ ਸ਼ੁਰੂ

**ਫਿਲੌਰ (ਨਿਰਮਲ)**- ਪੰਜਾਬ ਸਰਕਾਰ ਵੱਲੋਂ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਪਿੰਡ ਪਿੰਡ ਵਿੱਚ ਮੀਟਿੰਗਾਂ ਕਰਵਾਈਆਂ ਜਾ ਰਹੀਆਂ ਹਨ ਜਿਸ ਤਹਿਤ ਸੁਖਵਿੰਦਰ ਸਿੰਘ ਸੁੱਖਾ ਹਲਕਾ ਵਾਈਸ ਕੋਆਰਡੀਨੇਟਰ, ਤਰਲੋਕ ਸਿੰਘ ਵਿਰਕ ਕਿਸਾਨ ਵਿੰਗ ਜ਼ਿਲ੍ਹਾ ਸੈਕਟਰੀ , ਸੀਮਾ ਬੁੰਡਾਲਾ ਮਹਿਲਾ ਵਿੰਗ ਜ਼ਿਲਾ ਵਾਈਸ ਦੀ ਅਗਵਾਈ ਹੇਠ ਪਿੰਡਾਂ 'ਚ ਮੀਟਿੰਗਾ ਦਾ ਦੌਰ ਸ਼ੁਰੂ ਕੀਤਾ ਗਿਆ। ਇਸ ਸਬੰਧੀ ਵੱਖ ਵੱਖ ਪਿੰਡਾਂ ਵਿੱਚ ਜਾ ਕੇ ਪਿੰਡ ਵਾਸੀਆਂ ਅਤੇ ਨੌਜਵਾਨਾ ਨੂੰ ਨਸ਼ਿਆਂ ਦੇ ਸੰਬੰਧੀ ਜਾਗਰੂਕ ਕੀਤਾ ਗਿਆ ਅਤੇ ਨਸ਼ੇ ਨੂੰ ਖਤਮ ਕਰਨ ਲਈ ਸਹਿਯੋਗ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ ਹਾਜ਼ਰ ਪ੍ਰਧਾਨ ਪਰਦੀਪ ਸਿੰਘ ਕੋਟ ਗਰੇਵਾਲ ਪਿੰਡ ਸਰਗੁੰਦੀ ਸਰਪੰਚ ਰਸ਼ਪਾਲ ਕੌਰ, ਪੰਚ ਨਹਿੰਦਰ ਰਾਣੀ, ਪੰਚ ਸ਼ਿਵਾਨੀ, ਪੰਚ ਜਸਵੀਰ ਕੌਰ, ਆਮ ਆਦਮੀ ਸੈਕਟਰੀ ਗੁਰਦਿਆਲ ਬਿੱਲਾ, ਸੁਖਜੀਤ ਪਾਲ, ਹੈਲਥ ਵਰਕਰ, ਪੰਚਾਇਤ ਸੈਕਟਰੀ ਤਲਲੋਕ ਸਿੰਘ, ਕੋਆਰਡੀਨੇਟਰ ਸ਼ਰਨਜੀਤ ਸਿੰਘ ਹੈਲਥ ਡਿਪਾਰਟਮੈਂਟ ਪੁਲਿਸ ਡਿਪਾਰਟਮੈਂਟ ਮੌਜੂਦ ਸਨ। ਪਿੰਡ ਲੋਹਾਰਾਂ, ਹੈਲਥ ਡਿਪਾਰਟਮੈਂਟ ਦੇ ਪ੍ਰਿਤਪਾਲ ਸਿੰਘ, ਸ਼ਾਲੂ, ਜਸਬੀਰ ਕੌਰ, ਪੰਚਾਇਤ ਸੈਕਟਰੀ ਤਰਲੋਕ ਸਿੰਘ, ਸਰਪੰਚ ਮੰਦੀਪ ਕੁਮਾਰ, ਪੰਚ ਜਗਦੇਵ ਸਿੰਘ, ਪੰਚ ਹਰਜਿੰਦਰ ਕੌਰ, ਪੰਚ ਕਲਵੰਤ ਕੌਰ, ਪੰਚ ਵਰਿੰਦਰ, ਪੰਚ ਹਰਵਿੰਦਰ ਸਿੰਘ, ਬੀਡੀਸੀ ਮੈਂਬਰ ਜਗਦੀਪ ਸਿੰਘ, ਬਲਾਕ ਪ੍ਰਧਾਨ ਸ਼ਰਨਜੀਤ ਸਿੰਘ ਪਿੰਡ ਤੱਖਰ ਸਰਪੰਚ ਹਰਜਿੰਦਰ ਕੁਮਾਰ, ਪੰਚ ਰਾਮ ਪਾਲ, ਪੰਚ ਹਰਭਜਨ ਸਿੰਘ, ਪੰਚ ਰੇਸ਼ਮ ਲਾਲ, ਪੰਚ ਬਲਵਿੰਦਰ ਕੌਰ, ਪੰਚ ਸਰਬਜੀਤ ਕੌਰ, ਡਾ. ਪ੍ਰਿਤਪਾਲ ਸਿੰਘ ਤੇ ਹੋਰ ਹਾਜ਼ਰ ਸਨ।




# ਬੀ ਜੇ ਕੇ ਪੀ ਵਫ਼ਦ ਵੱਲੋਂ ਤਰਸੇਮ ਸਿੰਘ ਨਾਲ ਮੁਲਾਕਾਤ

**ਪੋਜੇਵਾਲ (ਰਾਮ ਲਾਲ)**- ਭਾਰਤੀ ਜਵਾਨ ਕਿਸਾਨ ਪਾਰਟੀ (ਬੀ ਜੇ ਕੇ ਪੀ) ਪੰਜਾਬ ਦੇ ਵਫ਼ਦ ਵੱਲੋਂ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਵਾਰਿਸ ਪੰਜਾਬ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ, ਪਿਤਾ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ, ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਬੀ ਜੇ ਕੇ ਪੀ ਆਗੂਆਂ ਅਨੁਸਾਰ ਇਹ ਮੁਲਾਕਾਤ ਸਨਮਾਨਜਨਕ ਮਾਹੌਲ ਵਿੱਚ ਹੋਈ ਅਤੇ ਇਸ ਦੌਰਾਨ ਪੰਜਾਬ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਬੀ ਜੇ ਕੇ ਪੀ ਪੰਜਾਬ ਦੇ ਸਟੇਟ ਪ੍ਰਧਾਨ ਇੰਜੀਨੀਅਰ ਦਲਜੀਤ ਸਿੰਘ ਸੈਣੀ, ਸਟੇਟ ਜਨਰਲ ਸਕੱਤਰ ਅਮਨਦੀਪ ਸਿੰਘ ਪਾਬਲਾ, ਸਰਕਲ ਪ੍ਰਧਾਨ ਬਲਾਚੌਰ ਸਰਦਾਰ ਨਿਸ਼ਾਨ ਸਿੰਘ ਸਮੇਤ ਪਾਰਟੀ ਦੇ ਹੋਰ ਅਹੁਦੇਦਾਰ ਵੀ ਹਾਜ਼ਰ ਰਹੇ।ਇੰਜੀਨੀਅਰ ਦਲਜੀਤ ਸਿੰਘ ਸੈਣੀ ਵੱਲੋਂ ਜਾਰੀ ਜਾਣਕਾਰੀ ਅਨੁਸਾਰ ਮੀਟਿੰਗ ਦੌਰਾਨ ਪੰਜਾਬ ਦੀ ਮੌਜੂਦਾ ਰਾਜਨੀਤਕ ਸਥਿਤੀ, ਸੂਬੇ ਦੇ ਭਵਿੱਖ, ਪੰਜਾਬ ਦੇ ਹੱਕਾਂ ਅਤੇ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।



ਉਨ੍ਹਾਂ ਦੱਸਿਆ ਕਿ ਗੱਲਬਾਤ ਦੌਰਾਨ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ, ਕਿਸਾਨਾਂ ਅਤੇ ਆਮ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਪਹਿਲ ਦੇਣ ਸਬੰਧੀ ਵੀ ਵਿਚਾਰ ਸਾਂਝੇ ਕੀਤੇ ਗਏ। ਦੋਵਾਂ ਪੱਖਾਂ ਵੱਲੋਂ ਵੱਖ-ਵੱਖ ਮੁੱਦਿਆਂ ਬਾਰੇ ਆਪਣਾ ਦ੍ਰਿਸ਼ਟੀਕੋਣ ਰੱਖਿਆ ਗਿਆ ਅਤੇ ਭਵਿੱਖ ਵਿੱਚ ਵੀ ਪੰਜਾਬ ਨਾਲ ਸਬੰਧਤ ਮਸਲਿਆਂ 'ਤੇ ਸੰਵਾਦ ਜਾਰੀ ਰੱਖਣ ਬਾਰੇ ਗੱਲਬਾਤ ਹੋਈ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ

**ਬੰਗਾ (ਅਵਤਾਰ ਕਲੇਰ)**- ਮੈਡੀਕਲ ਪ੍ਰੈਕਟੀਸ਼ਨਰ ਬਲਾਕ ਬੰਗਾ ਦੀ ਮੀਟਿੰਗ ਬਲਾਕ ਪ੍ਰਧਾਨ ਡਾ. ਅਨੂਪਿੰਦਰ ਸਿੰਘ ਦੀ ਪ੍ਰਧਾਨਗੀ ਵਿੱਚ ਬੰਗਾ ਵਿਖੇ ਹੋਈ। ਮੀਟਿੰਗ ਵਿੱਚ ਪੰਜਾਬ ਸਰਕਾਰ ਨੂੰ ਆਪਣੀਆ ਮੰਗਾਂ ਨੂੰ ਮੰਨਣ ਦੀ ਅਪੀਲ ਕੀਤੀ ਗਈ ਤੇ ਮੰਗਾ ਨਾ ਮੰਨਣ ਤੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਗਿਆ। ਹੁਸ਼ਿਆਰਪੁਰ ਦੇ ਪਿੰਡ ਮਾਹਿਲਪੁਰ ਬਾੜੀਆ ਵਿਖੇ ਬਾਬਾ ਸਾਹਿਬ ਡਾ ਭੀਮ ਰਾਉ ਅੰਬੇਡਕਰ ਦੇ ਬੁੱਤ ਨਾਲ ਸ਼ਰਾਰਤੀ ਅਨਸਰਾ ਵੱਲੋਂ ਕੀਤੀ ਗਈ ਛੇੜ ਛਾੜ ਦੀ ਨਿਖੇਧੀ ਕੀਤੀ ਗਈ। ਮੀਟਿੰਗ ਵਿੱਚ ਧੰਨ ਧੰਨ ਗੁਰੂ ਅੰਗਦ ਦੇਵ ਜੀ ਦੇ ਗੁਰਤਾਗੱਦੀ ਦਿਵਸ ਤੇ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਕੀਤੀ ਗਈ ਤੇ ਉਹਨਾਂ ਦੀਆਂ ਸਿਖਿਆਵਾ ਤੇ ਚੱਲਣ ਦਾ ਪ੍ਰਣ ਕੀਤਾ ਗਿਆ।ਮੀਟਿੰਗ ਵਿੱਚ ਲੇਖ ਰਾਜ, ਅਨੂਪਿਦਰ ਸਿੰਘ, ਸੁਧੀਰ ਸਿੰਘ, ਰਣਜੀਤ ਲਾਡੀ, ਕੁਲਵਿੰਦਰ ਸਿੰਘ, ਗੁਰਮੇਲ ਸਿੰਘ, ਧਰਮ ਪਾਲ ਬੱਗਾ, ਮੱਖਣ ਲਾਲ ਹੀਓਂ, ਅਸ਼ੋਕ ਗਾਬਾ, ਮੰਗਾ ਝਿੱਕਾ, ਰਤਨ ਸਿੰਘ, ਮਨਜਿੰਦਰ ਬੰਗਾ, ਬਲਵਿੰਦਰ ਸਿੰਘ, ਗੀਤਾ, ਮਨਜੀਤ ਕੌਰ, ਜਸਪਾਲ ਕੌਰ, ਸੰਦੀਪ ਕੌਰ, ਸੁਧੀਰ ਬੰਗਾ, ਸਿੰਦਰ ਪਾਲ ਹੀਰਾ, ਜਸਵੀਰ ਸਿੰਘ ਆਦਿ ਹਾਜ਼ਰ ਸਨ।



# ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਜ਼ਿਲ੍ਹਾ ਹੁਸ਼ਿਆਰਪੁਰ ਦੀ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸੈਣੀ)**- ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਜ਼ਿਲ੍ਹਾ ਹੁਸ਼ਿਆਰਪੁਰ ਦੀ ਮੀਟਿੰਗ ਜ਼ਿਲ੍ਹਾ ਕਨਵੀਨਰ ਸਾਥੀ ਕੁਲਵਰਨ ਸਿੰਘ ਦੀ ਪ੍ਰਧਾਨਗੀ ਹੇਠ ਮੁਲਾਜ਼ਮ ਭਵਨ ਹੁਸ਼ਿਆਰਪੁਰ ਵਿਖੇ ਹੋਈ ਜਿਸ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਪਿਛਲੇ ਕੀਤੇ ਐਕਸ਼ਨਾਂ ਦਾ ਰਿਵਿਊ ਕੀਤਾ ਗਿਆ ਜਿਸ ਵਿੱਚ 27 ਜੁਲਾਈ ਨੂੰ ਸਮੂਹਿਕ ਛੁੱਟੀ ਲੈ ਕੇ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਅੰਦਰ ਕੀਤੇ ਵਿਸ਼ਾਲ ਰੋਸ ਪ੍ਰਦਰਸ਼ਨਾਂ ਅਤੇ ਮਿਤੀ 12 ਸਤੰਬਰ ਨੂੰ ਡਿਪਟੀ ਸਪੀਕਰ ਦੀ ਰਿਹਾਇਸ਼ ਗੜ੍ਹਸ਼ੰਕਰ ਅੱਗੇ ਕੀਤੇ ਰੋਸ ਪ੍ਰਦਰਸ਼ਨ ਦਾ ਰਿਵਿਊ ਸਬੰਧੀ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਇਹਨਾਂ ਐਕਸ਼ਨਾਂ ਵਿੱਚ ਰਹਿ ਗਈਆਂ ਘਾਟਾਂ-ਕਮਜ਼ੋਰੀਆਂ ਨੂੰ ਭਵਿੱਖ ਵਿੱਚ ਦੂਰ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਸੂਬਾ ਕਨਵੀਨਰ ਸਾਥੀ ਸਤੀਸ਼ ਰਾਣਾ ਵੱਲੋਂ ਮੁੱਖ ਮੰਤਰੀ ਪੰਜਾਬ ਨਾਲ ਸਾਂਝੀ ਤਾਲਮੇਲ ਕਮੇਟੀ ਦੀ ਹੋਈ ਮੀਟਿੰਗ ਅਤੇ ਲੁਧਿਆਣਾ ਵਿਖੇ ਸਾਂਝੀ ਤਾਲਮੇਲ ਕਮੇਟੀ ਦੀ ਹੋਈ ਸੂਬਾਈ ਮੀਟਿੰਗ ਦੀ ਰਿਪੋਰਟਿੰਗ ਕੀਤੀ ਗਈ।ਮੀਟਿੰਗ ਵਿੱਚ ਸਰਕਾਰ ਦੀ ਮੁਲਾਜ਼ਮ ਵਿਰੋਧੀ ਨੀਤੀ ਸਬੰਧੀ ਵੀ ਚਰਚਾ ਕੀਤੀ ਗਈ। ਇਸ ਉਪਰੰਤ ਸਾਂਝੀ ਤਾਲਮੇਲ ਕਮੇਟੀ ਵੱਲੋਂ 10 ਅਕਤੂਬਰ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਸੂਬਾ ਪੱਧਰੀ ਰੈਲੀ ਵਿੱਚ ਭਰਵੀ ਸ਼ਮੂਲੀਅਤ ਸਬੰਧੀ ਪ੍ਰੋਗਰਾਮ ਉਲੀਕਿਆ ਗਿਆ ਅਤੇ ਭਵਿੱਖ 'ਚ ਕੀਤੇ ਜਾ ਰਹੇ ਸੰਘਰਸ਼ਾਂ ਸੰਬੰਧੀ ਵੀ ਤਿਆਰ ਰਹਿਣ ਦੀ ਅਪੀਲ ਕੀਤੀ ਗਈ। ਭਵਿੱਖੀ ਸੰਘਰਸ਼ਾਂ ਦੀ ਤਿਆਰੀ ਲਈ ਸਾਂਝੀਆਂ ਟੀਮਾਂ ਬਣਾ ਕੇ ਹਰੇਕ ਦਫਤਰ, ਸਕੂਲ ਅਤੇ ਹੋਰ ਸਰਕਾਰੀ ਸੰਸਥਾਵਾਂ ਵਿੱਚ ਹਰੇਕ ਮੁਲਾਜ਼ਮ ਤੱਕ ਪਹੁੰਚ ਕਰਨ ਸੰਬੰਧੀ ਵੀ ਤਿਆਂਰੀ ਕੀਤੀ ਗਈ। ਇਸ ਮੀਟਿੰਗ ਵਿੱਚ ਮਨਜੀਤ ਸੈਣੀ, ਜੈਲ ਸਿੰਘ, ਬਹਾਦਰ ਸਿੰਘ, ਇੰਦਰਜੀਤ ਵਿਰਦੀ, ਸੰਜੀਵ ਧੂਤ, ਮੁਕੇਸ਼ ਗੁਜਰਾਤੀ, ਨਛੱਤਰ ਸਿੰਘ, ਗੁਰਨਾਮ ਚੰਦ, ਅਸ਼ੋਕ ਕੁਮਾਰ, ਅਮਰਜੀਤ ਕੁਮਾਰ, ਲਾਲ ਸਿੰਘ, ਵਿਕਾਸ ਸ਼ਰਮਾ, ਜਸਵੰਤ ਸਿੰਘ, ਜਸਵੀਰ ਸਿੰਘ ਭਾਮ, ਮਨਜੀਤ ਬਾਜਵਾ, ਹਰਵਿੰਦਰ ਸਿੰਘ, ਸੁਰਜੀਤ ਰਾਜਾ, ਪ੍ਰਵੇਸ਼ ਕੁਮਾਰ, ਸੁਖਦੇਵ ਸਿੰਘ ਕਾਜਲ, ਰਕੇਸ਼ ਕੁਮਾਰ, ਕਮਲਜੀਤ ਸਿੰਘ, ਲਾਲ ਸਿੰਘ, ਮਨੋਜ ਕੁਮਾਰ, ਰਣਵੀਰ ਠਾਕੁਰ ਆਦਿ ਆਗੂ ਵੀ ਹਾਜ਼ਰ ਸਨ।

**10 ਦੀ ਸੰਗਰੂਰ ਰੈਲੀ ਦੀ ਕੀਤੀ ਤਿਆਰੀ**

# ਕਬੱਡੀ 'ਚ ਗੌਇਲ ਕਲੱਬ ਡਡਵਿੰਡੀ ਨੇ ਐੱਸ ਏ ਈ ਕਲੱਬ ਫਗਵਾੜਾ ਨੂੰ ਹਰਾਇਆ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਜ਼ਿਲ੍ਹਾ ਪੱਧਰੀ ਖੇਡਾਂ ਦੇ ਛੇਵੇਂ ਦਿਨ ਦੀ ਸ਼ੁਰੂਆਤ ਮੁੱਖ ਮਹਿਮਾਨ ਰਿਟਾ. ਡਿਪਟੀ ਡਾਇਰੈਕਟਰ ਅਸ਼ੋਕ ਕੁਮਾਰ ਖੇਡ ਵਿਭਾਗ ਵੱਲੋਂ ਗੁਰੂ ਨਾਨਕ ਸਟੇਡੀਅਮ ਕਪੂਰਥਲਾ ਵਿਖੇ ਕੀਤੀ ਗਈ। ਮੁੱਖ ਮਹਿਮਾਨ ਵੱਲੋਂ ਖਿਡਾਰੀਆਂ ਨੂੰ ਆਸ਼ੀਰਵਾਦ ਦਿੰਦੇ ਹੋਏ, ਉਨ੍ਹਾਂ ਨੂੰ ਖੇਡਾਂ ਵਿੱਚ ਸਖਤ ਮਿਹਨਤ ਤੇ ਲਗਨ ਨਾਲ ਇਨਾਂ ਮੁਕਾਬਲਿਆਂ ਵਿੱਚ ਭਾਗ ਲੈ ਕੇ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਉੱਤੇ ਵਧੀਆ ਪ੍ਰਦਰਸ਼ਨ ਕਰਕੇ ਚੰਗੇ ਭਵਿੱਖ ਦੀ ਆਸ ਕੀਤੀ।ਕਬੱਡੀ ਨੈਸ਼ਨਲ ਸਟਾਇਲ ਲੜਕੀਆਂ ਦੇ ਮੁਕਾਬਲਿਆਂ ਵਿੱਚ ਅੰਡਰ-21 ਵਰਗ ਵਿੱਚ ਰੋਇਲ ਕਲੱਬ ਡਡਵਿੰਡੀ ਨੇ ਐਸ ਏ ਈ ਕਲੱਬ ਫਗਵਾੜਾ ਨੂੰ ਹਰਾ ਕੇ ਪਹਿਲਾਂ ਸਥਾਨ ਪ੍ਰਾਪਤ ਕੀਤਾ। ਅੰਡਰ-17 ਵਰਗ ਦੇ ਵਿੱਚ ਕਬੱਡੀ ਕੋਚਿੰਗ ਸੈਂਟਰ ਕਪੂਰਥਲਾ ਨੇ ਸ ਸ ਸ ਸਕੂਲ ਉੱਚਾ ਬੇਟ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਖੇਡ ਕਬੱਡੀ ਸਰਕਲ ਸਟਾਇਲ ਦੇ ਮੁਕਾਬਲਿਆਂ ਵਿੱਚ ਵਰਗ ਅੰਡਰ-17 ਵਿੱਚ ਸ ਸ ਸ ਸਕੂਲ ਟਿੱਬਾ ਨੇ ਪਹਿਲਾਂ ਅਤੇ ਗੁਰੂ ਅਮਰਦਾਸ ਸ ਸ ਸ ਸਕੂਲ, ਉੱਚਾ ਬੇਟ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਅੰਡਰ-21 ਵਰਗ ਵਿੱਚ ਕੋਚਿੰਗ ਸੈਂਟਰ ਤਲਵੰਡੀ ਪਾਈ ਨੇ ਗੁਰੂ ਅਮਰਦਾਸ ਸ ਸ ਸ ਸਕੂਲ ਨੂੰ ਹਰਾ ਕੇ ਪਹਿਲਾਂ ਸਥਾਨ ਪ੍ਰਾਪਤ ਕੀਤਾ। ਖੇਡ ਬਾਸਕਟਬਾਲ ਲੜਕੀਆਂ ਦੇ ਮੁਕਾਬਲੇ ਵਿੱਚ ਅੰਡਰ-14 ਵਰਗ ਵਿੱਚ ਕੋਚਿੰਗ ਸੈਂਟਰ ਵਿੰਗ ਬੀ ਐੱਸ ਚੀਮਾ ਨੇ ਪਹਿਲਾਂ ਤੇ ਬੀ ਐੱਸ ਚੀਮਾ ਸਪੋਰਟਸ ਕਲੱਬ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਅੰਡਰ-17 ਵਰਗ ਦੇ ਵਿੱਚ ਕੋਚਿੰਗ ਸੈਂਟਰ ਵਿੰਗ ਬੀ ਐੱਸ ਚੀਮਾ ਨੇ ਪਹਿਲਾਂ ਅਤੇ ਕੋਚਿੰਗ ਸੈਂਟਰ ਸ ਸ ਸਕੂਲ ਕਪੂਰਥਲਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਅੰਡਰ-21 ਵਰਗ ਦੇ ਵਿੱਚ ਕੋਚਿੰਗ ਸੈਂਟਰ ਸ ਸ ਸਕੂਲ ਕਪੂਰਥਲਾ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੂੰ ਹਰਾ ਕੇ ਪਹਿਲਾਂ ਸਥਾਨ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਰਾਜ ਪੱਧਰੀ ਟੂਰਨਾਮੈਂਟ ਲਈ ਖੇਡ ਰਗਬੀ ਦੇ ਟਰਾਇਲ ਵਿਭਾਗ ਦੇ ਕੋਚ ਗੁਰਪ੍ਰੀਤ ਸਿੰਘ ਵੱਲੋਂ ਲਏ ਗਏ।




# ਵਿਧਾਨ ਸਭਾ ਚੋਣਾਂ 'ਚ ਕਾਂਗਰਸ ਆਪਣੇ ਦਮ 'ਤੇ ਬਣਾਏਗੀ ਸਰਕਾਰ : ਹਰਜੀਤ ਕੌਰ

**ਬਲਾਚੌਰ (ਜਸਵਿੰਦਰ ਬੈਂਸ)**- ਕਾਂਗਰਸ ਪਾਰਟੀ ਦੀ ਹਾਈ ਕਮਾਂਡ ਵੱਲੋਂ ਪਰਗਟ ਸਿੰਘ ਨੂੰ ਪੰਜਾਬ ਪ੍ਰਧਾਨ ਦੀ ਵੱਡੀ ਜ਼ਿੰਮੇਵਾਰੀ ਦੇ ਕੇ ਕਾਂਗਰਸੀ ਵਰਕਰਾਂ ਵਿੱਚ ਨਵੇਂ ਸਿਰਿਓਂ ਜੋਸ਼ ਭਰ ਦਿੱਤਾ ਹੈ ਜਿਨ੍ਹਾਂ ਦੀ ਅਗਵਾਈ 'ਚ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਬਹੁਤ ਹੀ ਮਜਬੂਤੀ ਨਾਲ ਆਪਣੇ ਦਮ ਦੇ ਸਰਕਾਰ ਬਣਾਉਣ ਵਿੱਚ ਪੂਰੀ ਤਰ੍ਹਾਂ ਨਾਲ ਕਾਮਯਾਬ ਰਹੇਗੀ। ਇਨ੍ਹਾਂ ਵਿਚਾਰਾ ਦਾ ਪ੍ਰਗਟਾਵਾ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਮਹਿਲਾ ਵਿੰਗ ਦੀ ਜੁਝਾਰੂ ਆਗੂ ਹਰਜੀਤ ਕੌਰ ਨੇ ਆਪਣੀ ਬਲਾਚੌਰ ਫੇਰੀ ਦੌਰਾਨ ਪੱਤਰਕਾਰ ਨਾਲ ਕੀਤੀ ਗਈ ਇੱਕ ਮੁਲਾਕਾਤ ਦੌਰਾਨ ਕੀਤਾ।ਮਹਿਲਾ ਵਿੰਗ ਜ਼ਿਲਾ ਹੁਸ਼ਿਆਰਪੁਰ ਦੀ ਆਗੂ ਹਰਜੀਤ ਕੌਰ ਨੇ ਆਖਿਆ ਕਿ ਪਰਗਟ ਸਿੰਘ ਜਿੱਥੇ ਕਾਂਗਰਸ ਪਾਰਟੀ ਦੇ ਸਾਬਕਾ ਮੰਤਰੀ ਅਤੇ ਜਲੰਧਰ ਕੈਂਟ ਤੋਂ ਮੌਜੂਦਾ ਵਿਧਾਇਕ ਹਨ ਉਥੇ ਹੀ ਉਹ ਪੜੇ ਲਿਖੇ, ਸੁਲਝੇ ਹੋਏ ਤਜਰਬੇਕਾਰ ਲੀਡਰ ਹੋਣ ਦੇ ਨਾਲ ਨਾਲ ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਵੀ ਰਹਿ ਚੁੱਕੇ ਹਨ। ਜਿਨ੍ਹਾਂ ਦੀ ਕਪਤਾਨੀ ਵਿੱਚ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਜਿੱਥੇ ਕਾਂਗਰਸ ਪਾਰਟੀ ਨੂੰ ਬਹੁਤ ਵੱਡੀ ਲੀਡ ਮਿਲੇਗੀ ਉਥੇ ਹੀ ਕਾਂਗਰਸੀ ਵਰਕਰਾਂ ਦੇ ਵਿੱਚ ਵੀ ਬਹੁਤ ਉਤਸਾਹ ਵੇਖਣ ਨੂੰ ਮਿਲ ਰਿਹਾ ਹੈ। ਉਨਾਂ ਆਖਿਆ ਕਿ ਪਰਗਟ ਸਿੰਘ ਇੱਕ ਬਹੁਤ ਵਧੀਆ ਲੀਡਰ ਹਨ, ਉਥੇ ਹੀ ਉਹਨਾਂ ਦੀ ਕਿਸੇ ਨਾਲ ਵੀ ਮੁਖਾਲਫਤ ਨਹੀ ਹੈ, ਵਰਕਰਾਂ ਤੋਂ ਲੈ ਹਾਈ ਕਮਾਂਡ ਤੱਕ ਹਰੇਕ ਨਾਲ ਉਹਨਾਂ ਦਾ ਆਪਸੀ ਚੰਗਾ ਤਾਲਮੇਲ ਹੈ, ਜਿਵੇ ਹਾਕੀ ਦੀ ਟੀਮ ਦਾ ਕਪਤਾਨ ਆਪਣੇ ਟੀਮ ਮੈਬਰਾਂ ਨੂੰ ਨਾਲ ਲੈ ਕੇ ਜਿੱਤ ਦੀਆਂ ਵਿਉਂਤਬੰਦੀਆਂ ਬਣਾਉਂਦਾ ਹੈ ਉਸੇ ਤਰ੍ਹਾਂ ਹੀ ਪ੍ਰਗਟ ਸਿੰਘ ਨੂੰ ਵੀ ਵਰਕਰ ਇਸ ਤਾਲਮੇਲ ਦੀ ਬਹੁਤ ਮਜਬੂਤੀ ਨਾਲ ਆਪਣੇ ਦਮ ਤੇ ਸਰਕਾਰ ਬਣਦੀ ਵੇਖਣ ਲਈ ਪੱਬਾਂ ਭਾਰ ਹੋਈ ਬੈਠੇ ਹਨ।



# ਐੱਮ ਵਾਕ ਦੀਆਂ ਵਿਦਿਆਰਥਣਾਂ ਨੇ 'ਵਰਸਿਟੀ ਪ੍ਰੀਖਿਆਵਾਂ 'ਚ ਮਾਰੀਆਂ ਮੱਲਾਂ

**ਜਲੰਧਰ (ਸ਼ੈਲੀ ਐਲਬਰਟ)**- ਸਫਲਤਾ ਦੀ ਲੜੀ ਵਿੱਚ ਇੱਕ ਹੋਰ ਸਫ਼ਲਤਾ ਨੂੰ ਜੋੜਦਿਆਂ, ਹੰਸ ਰਾਜ ਮਹਿਲਾ ਮਹਾਵਿਦਿਆਲਿਆ, ਜਲੰਧਰ ਦੀਆਂ ਐਮ.ਵਾੱਕ (ਵੈਬ ਟੈਕਨਾਲੋਜੀ ਅਤੇ ਮਲਟੀਮੀਡੀਆ) ਸਮੈਸਟਰ 2 ਦੀਆਂ ਵਿਦਿਆਰਥਣਾਂ ਨੇ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਸਭ ਤੋਂ ਵੱਧ ਐੱਸ ਜੀ ਪੀ ਏ ਪ੍ਰਾਪਤ ਕਰਕੇ ਕਾਲਜ ਦਾ ਨਾਂਅ ਰੋਸ਼ਨ ਕੀਤਾ। ਤਮੰਨਾ, ਰੀਆ, ਨੇਹਾ ਜੱਸਲ, ਭਾਰਤੀ ਅਤੇ ਬੋਬਿਨ ਨੇ 9.60 ਦਾ ਸ਼ਾਨਦਾਰ ਐੱਸ ਜੀ ਪੀ ਏ ਹਾਸਲ ਕੀਤਾ। ਪ੍ਰਿੰਸੀਪਲ ਡਾ. (ਸ੍ਰੀਮਤੀ) ਏਕਤਾ ਖੋਸਲਾ ਨੇ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਲਗਨ ਅਤੇ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਡਾ. ਖੋਸਲਾ ਨੇ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥਣਾਂ ਦੀ ਅਕਾਦਮਿਕ ਉੱਤਮਤਾ ਪ੍ਰਤੀ ਵਚਨਬੱਧਤਾ ਅਤੇ ਉਨ੍ਹਾਂ ਦੇ ਅਧਿਆਪਕਾਂ ਦੇ ਸੱਚੇ ਮਾਰਗਦਰਸ਼ਨ ਨੂੰ ਦਰਸਾਉਂਦੀਆਂ ਹਨ। ਪ੍ਰਿੰਸੀਪਲ ਡਾ. (ਸ੍ਰੀਮਤੀ) ਏਕਤਾ ਖੋਸਲਾ ਨੇ ਮਲਟੀਮੀਡੀਆ ਵਿਭਾਗ ਦੇ ਮੁਖੀ ਆਸ਼ਿਸ਼ ਚੱਢਾ ਦੇ ਸੁਚੱਜੇ ਮਾਰਗਦਰਸ਼ਨ, ਨਿਰੰਤਰ ਸਹਿਯੋਗ ਅਤੇ ਵਿਦਿਆਰਥੀਆਂ ਨੂੰ ਦਿਸ਼ਾ ਦੇਣ ਲਈ ਕੀਤੇ ਸਮਰਪਤ ਯਤਨਾਂ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਮਿਸ ਤਨਵੀ ਅਗਰਵਾਲ ਵੀ ਮੌਜੂਦ ਸਨ।



# ਅਧਿਆਪਕ ਦਿਵਸ 'ਤੇ ਵਧੀਆ ਕਾਰਗੁਜ਼ਾਰੀ ਵਾਲੇ ਅਧਿਆਪਕ ਸਨਮਾਨਤ

**ਫਗਵਾੜਾ (ਜਸਵਿੰਦਰ ਢੱਡਾ)**- ਅਧਿਆਪਕ ਭਲਾਈ ਕਮੇਟੀ ਫਗਵਾੜਾ ਵੱਲੋਂ ਅੰਤਰ ਰਾਸ਼ਟਰੀ ਅਧਿਆਪਕ ਦਿਵਸ ਦੇ ਸੰਬੰਧ ਵਿੱਚ 20 ਵਾਂ ਸਾਲਾਨਾ ਅਧਿਆਪਕ-ਵਿਦਿਆਰਥੀ ਸਨਮਾਨ ਸਮਾਰੋਹ ਸਰਕਾਰੀ ਪ੍ਰਾਇਮਰੀ ਸਕੂਲ ਖੇੜਾ ਦੇ ਵੇਹੜੇ ਵਿੱਚ ਪ੍ਰਧਾਨ ਤਜਿੰਦਰ ਸਿੰਘ ਸੈਣੀ ਦੀ ਸਰਪ੍ਰਸਤੀ ਵਿੱਚ ਕਰਵਾਇਆ ਗਿਆ ਜਿਸ ਵਿੱਚ 2 ਅਧਿਆਪਕਾਵਾਂ ਬਲਵਿੰਦਰ ਕੌਰ ਐਸ ਡੀ ਕੇ ਐਮ ਵੀ ਸੀਨੀਅਰ ਸੈਕੰਡਰੀ ਸਕੂਲ ਫਗਵਾੜਾ ਤੇ ਨੀਲਮ ਰਾਣੀ ਈ ਟੀ ਟੀ ਅਧਿਆਪਕਾ ਗੌ. ਪ੍ਰਾ ਸਕੂਲ ਖੇੜਾ ਨੂੰ ਉਹਨਾਂ ਦੀਆਂ ਸਿੱਖਿਆ ਖੇਤਰ ਨੂੰ ਦਿੱਤੀਆਂ ਸੇਵਾਵਾਂ ਲਈ ਸਨਮਾਨਤ ਕੀਤਾ ਗਿਆ। ਇਸ ਦੇ ਨਾਲ ਹੀ ਤਿੰਨ ਹੋਣਹਾਰ ਵਿਦਿਆਰਥੀਆਂ ਨੂੰ ਉਹਨਾਂ ਦੀ ਵਧੀਆ ਕਾਰਗੁਜਾਰੀ ਲਈ ਸਨਮਾਨਤ ਕੀਤਾ ਗਿਆ ਜਿਹਨਾਂ ਵਿੱਚ ਯਸ਼ ਬੰਗੜ੍ਹ ਐੱਸ ਓ ਈ ਸਕੂਲ ਫਗਵਾੜਾ ਨੇ ਨੀਟ ਪ੍ਰੀਖਿਆ ਪਾਸ ਕੀਤੀ। ਸੁਖਮਨ ਸਿੰਘ ਨੇ ਮੈਟ੍ਰਿਕ ਪ੍ਰੀਖਿਆ ਪੰਜਾਬ ਬੋਰਡ ਤੋਂ ਮੈਰਿਟ 'ਚ 97.5 ਪ੍ਰਤੀਸ਼ਤ ਨੰਬਰ ਲੈ ਕੇ ਰਾਜ 'ਚੋਂ ਗਿਆਰਾਵਾਂ ਸਥਾਨ ਹਾਸਲ ਕੀਤਾ।ਮਿਸ ਤਨਿਸ਼ਕਾ ਸ਼ਰਮਾ ਨੇ 10+2 ਚੋਂ 98.2 ਪ੍ਰਤੀਸ਼ਤ ਨੰਬਰ ਲੈ ਕੇ ਸੀ ਬੀ ਐਸ ਸੀ ਬੋਰਡ 'ਚੋਂ ਮੈਰਿਟ 'ਚ ਥਾਂ ਹਾਸਲ ਕੀਤੀ। ਸਮਾਗਮ 'ਚ ਹਰਮੇਸ਼ ਪਾਠਕ, ਹੰਸ ਰਾਜ ਬੰਗੜ੍ਹ, ਐਸ ਡੀ ਓ ਲੁਪਿੰਦਰ ਕੁਮਾਰ, ਰਵਿੰਦਰ ਬੰਗਾ, ਤੀਰਥ ਸਿੰਘ, ਮਲਕੀਤ ਸਿੰਘ ਚਾਨਾ, ਲੈਕ ਅਵਤਾਰ ਲਾਲ ਮਹਿਸਮਪੁਰ, ਸੁਖਦੇਵ ਮਾਹੀ, ਕੁਲਦੀਪ ਸਿੰਘ ਕੌੜਾ, ਮੱਖਣ ਰੱਤੂ, ਲੈਕ ਜੀਵਨ ਜੋਤੀ, ਲੈਕ ਵਿਜੈ ਸੂਦ, ਮਨਦੀਪ ਮਹਿਰਾਮ ਰ ਬੁਲਾਰਿਆਂ ਨੇ ਸੰਬੋਧਨ ਕੀਤਾ। ਸਕੂਲ ਦੀਆਂ ਵਿਦਿਆਰਥਣਾਂ ਵਲੋਂ ਗਿੱਧੇ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ।



# ਪ੍ਰਗਟ ਸਿੰਘ ਨੂੰ ਪ੍ਰਧਾਨ ਬਣਾਉਣ 'ਤੇ ਲੱਡੂ ਵੰਡੇ



**ਕਰਤਾਰਪੁਰ (ਹਰਮੇਸ਼ ਦੱਤ)**- ਪ੍ਰਗਟ ਸਿੰਘ ਐੱਮ ਐੱਲ ਏ ਜਲੰਧਰ ਕੈਂਟ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਬਣਾਉਣ ਦੀ ਖੁਸ਼ੀ ਵਿੱਚ ਕਰਤਾਰਪੁਰ ਹਲਕੇ ਦੀ ਸਾਬਕਾ ਐੱਮ ਐੱਲ ਏ ਚੌਧਰੀ ਸੁਰਿੰਦਰ ਸਿੰਘ ਵੱਲੋਂ ਆਪਣੇ ਹਲਕੇ ਦੇ ਕਾਂਗਰਸੀ ਵਰਕਰਾਂ ਸਮੇਤ ਖੁਸ਼ੀ ਵਿੱਚ ਲੱਡੂ ਵੰਡੇ ਗਏ ਅਤੇ ਉਹਨਾਂ ਨੇ ਕਿਹਾ ਹਾਈ ਕਮਾਂਡ ਪਾਰਟੀ ਸੋਨੀਆ ਗਾਂਧੀ, ਮਲਿਕ ਅਰਜੁਨ ਖੜਗੇ ਪ੍ਰਧਾਨ, ਰਾਹੁਲ ਗਾਂਧੀ ਲੋਕ ਸਭਾ ਮੈਂਬਰ ਅਤੇ ਸਚਿਨ ਪਾਇਲਟ ਦਾ ਸਾਰਿਆਂ ਵੱਲੋਂ ਧੰਨਵਾਦ ਕੀਤਾ ਗਿਆ ਬਹੁਤ ਹੀ ਸਾਫ ਸੁਥਰੇ ਅਕਸ ਵਾਲੇ ਸਰਦਾਰ ਪ੍ਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸਾਰਿਆਂ ਵੱਲੋਂ ਚਰਨਜੀਤ ਸਿੰਘ ਚੰਨੀ ਐੱਮ ਪੀ ਲੋਕ ਸਭਾ ਜਲੰਧਰ ਨੂੰ ਵਧਾਈ ਦਿੰਦੇ ਹੋਏ ਉਹਨਾਂ ਦਾ ਵੀ ਧੰਨਵਾਦ ਕੀਤਾ ਗਿਆ। ਇਹਨਾਂ ਸਾਰਿਆਂ ਨੇ ਕਿਹਾ ਸਾਨੂੰ ਪੂਰਨ ਆਸ ਹੈ ਪ੍ਰਗਟ ਸਿੰਘ ਦੀ ਰਹਿਨੁਮਾਈ ਹੇਠ ਮਿਸ਼ਨ 2027 ਵਿੱਚ ਕਾਮਯਾਬ ਹੋਵਾਂਗੇ। ਇਸ ਮੌਕੇ ਤੇ ਜਗਦੀਸ਼ ਜੱਗਾ ਸਿਟੀ ਪ੍ਰਧਾਨ, ਭੀਮ ਸੈਨ ਜਗੋਤਾ ਸਾਬਕਾ ਐੱਮ ਸੀ, ਲਲਿਤ ਕਾਲੀਆ, ਮੁਕੇਸ਼ ਭਾਰਦਵਾਜ, ਰਾਜਨ ਕੁਮਾਰ,ਦੌਲਤ ਰਾਮ, ਨਿਰਮਲ ਸਿੰਘ ਗਾਖਲ, ਵਿਜੇ ਕੁਮਾਰ ਆਰੀਆ ਨਗਰ, ਹਰੀਸ਼ ਕੁਮਾਰ,ਰਾਧੇ ਸ਼ਾਮ, ਸੰਜੇ ਅਨੰਦ, ਕਾਲਾ ਸੇਠ, ਮਲਕੀਤ ਸਿੰਘ, ਵੇਦ ਪ੍ਰਕਾਸ਼ ਸਾਬਕਾ ਸਿਟੀ ਪ੍ਰਧਾਨ, ਹੁਸਨ ਲਾਲ, ਸੋਮਨਾਥ, ਫਕੀਰ ਚੰਦ, ਹਰੀਪਾਲ, ਸ਼ਾਮ ਸੁੰਦਰ, ਨਰੇਸ਼ ਸੋਹਲ, ਸੰਤੋਖ ਸਿੰਘ, ਰਾਮ ਲੁਭਾਇਆ,ਵਿਜੇ ਕੁਮਾਰ ਲਾਲ ਸਿੰਘ, ਦਰਸ਼ਨ ਲਾਲ, ਮਾਸਟਰ ਲਾਲ ਚੰਦ ਅਤੇ ਪਾਰਟੀ ਵਰਕਰ ਹਾਜ਼ਰ ਸਨ।

# ਸਿਲਵਰ ਓਕ ਸਕੂਲ ਦੇ ਤੈਰਾਕਾਂ ਨੇ ਸ਼ਾਨਦਾਰ ਪ੍ਰਦਰਸ਼ਨ ਨਾਲ ਜਿੱਤੇ ਮੈਡਲ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਦੇ ਦੋ ਤੈਰਾਕਾਂ ਨੇ ਖੇਡਾਂ ਪੰਜਾਬ ਦੀਆਂ ਦੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਮੈਡਲ ਜਿੱਤੇ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮਨੀਸ਼ਾ ਸੰਗਰ ਦੀ ਅਗਵਾਈ ਦੇ ਵਿੱਚ ਸਕੂਲ ਦੇ ਤੈਰਾਕੀ ਕੋਚ ਬਲਦੇਵ ਰਾਜ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਕੂਲ ਦੇ ਦੋ ਹੋਣਹਾਰ ਤੈਰਾਕ ਸਾਹਿਬਜੋਤ ਸਿੰਘ ਅਤੇ ਫਤਿਹ ਜੋਤ ਸਿੰਘ ਨੇ ਜਿਲ੍ਹਾ ਪੱਧਰ ਤੇ ਰਾਜ ਸਰਕਾਰ ਵੱਲੋਂ ਕਰਵਾਏ ਜਾ ਰਹੇ ਖੇਡਾਂ ਵਤਨ ਪੰਜਾਬ ਦੀਆਂ ਦੀ ਤੈਰਾਕੀ ਪ੍ਰਤੀਯੋਗਿਤਾ ਦੇ ਵਿੱਚ ਹਿੱਸਾ ਲਿਆ। ਇਹਨਾਂ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਾਹਿਬਜੋਤ ਸਿੰਘ ਨੇ 50 ਮੀਟਰ ਫਰੀ ਸਟਾਈਲ ਤੈਰਾਕੀ ਦੇ ਵਿੱਚ ਚਾਂਦੀ ਦਾ ਮੈਡਲ ਜਿੱਤਿਆ ਅਤੇ ਉੱਥੇ ਹੀ ਫਤਿਹਜੋਤ ਸਿੰਘ ਨੇ 100 ਮੀਟਰ ਬੈਕ ਸਟਰੋਕ ਤੈਰਾਕੀ ਦੇ ਵਿੱਚ ਚਾਂਦੀ ਦਾ ਅਤੇ 50 ਮੀਟਰ ਬੈਕ ਸਟਰੋਕ ਤੈਰਾਕੀ ਦੇ ਵਿੱਚ ਕਾਂਸੀ ਦਾ ਮੈਡਲ ਜਿੱਤ ਕੇ ਸਕੂਲ ਦੀ ਝੋਲੀ ਪਾਇਆ। ਪ੍ਰਿੰਸੀਪਲ ਸੰਗਰ ਨੇ ਆਪਣੀ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਬੱਚਿਆਂ ਦੇ ਮਾਪਿਆਂ ਨੂੰ ਅਤੇ ਸਮੂਹ ਸਟਾਫ ਨੂੰ ਮੁਬਾਰਕਬਾਦ ਦਿੱਤੀ। ਚੇਅਰਮੈਨ ਤਰਲੋਚਨ ਸਿੰਘ ਨੇ ਸਮੂਹ ਵਿਦਿਆਰਥੀਆਂ ਦੇ ਸਾਹਮਣੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ ਅਤੇ ਕਿਹਾ ਕਿ ਤਮਾਮ ਵਿਦਿਆਰਥੀਆਂ ਨੂੰ ਇਹਨਾਂ ਖਿਡਾਰੀਆਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ ਤਾਂ ਜੋ ਸਕੂਲ ਵਿੱਚੋਂ ਹੋਰ ਵੀ ਖਿਡਾਰੀ ਉਤਸ਼ਾਹਿਤ ਹੋਣ ਅਤੇ ਖੇਡਾਂ ਵਿੱਚ ਬੁਲੰਦੀਆਂ ਤੇ ਪਹੁੰਚ ਕੇ ਸਕੂਲ ਦਾ ਨਾਮ ਰੌਸ਼ਨ ਕਰਨ।ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ ਨੇ ਵੀ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ। ਉਹਨਾਂ ਦੇ ਨਾਲ ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਸੁਰੇਸ਼, ਪੰਕਜ, ਸੁਸ਼ੀਲ, ਅਰਚਨਾ, ਗੁਰਪ੍ਰੀਤ, ਵਿਸ਼ਾਲੀ, ਬਲਜੀਤ, ਪਰਮਜੀਤ, ਕੰਚਨ, ਸੁਮਿਤ, ਰੁਪਿੰਦਰ, ਪੂਜਾ, ਆਸ਼ਾ, ਪ੍ਰਭਜੀਤ, ਸਵੇਤਾ, ਚੇਤਨ, ਅਮਨ, ਮਨਦੀਪ,ਅਰਸ਼ ਅਤੇ ਹੋਰ ਸਟਾਫ ਮੌਜੂਦ ਸੀ।



# ਵਿਧਾਇਕ ਨੇ ਦਾਨਾ ਮੰਡੀ ਵਿਖੇ ਝੋਨੇ ਦੀ ਖਰੀਦ ਦੀ ਸ਼ੁਰੂਆਤ ਕਰਵਾਈ



**ਦਸੂਹਾ (ਕਰਨੈਲ ਮਾਂਗਟ)**- ਦਸੂਹਾ ਦੀ ਦਾਨਾ ਮੰਡੀ ਵਿਖੇ ਝੋਨੇ ਦੀ ਸਰਕਾਰੀ ਖਰੀਦ ਵਿਧਾਇਕ ਕਰਮਬੀਰ ਸਿੰਘ ਘੁੰਮਣ ਵੱਲੋ ਸ਼ੁਰੂਆਤ ਕਰਵਾਈ। ਇਸ ਮੌਕੇ ਉਨਾਂ ਨਾਲ ਮਾਰਕਿਟ ਕਮੇਟੀ ਦਸੂਹਾ ਦੇ ਕੇ ਪੀ ਸੰਧੂ, ਮੰਡੀ ਪ੍ਰਧਾਨ ਸ਼ੇਰਪ੍ਰਤਾਪ ਸਿੰਘ ਚੀਮਾ, ਲਖਵਿੰਦਰ ਸਿੰਘ ਸਕੱਤਰ ਮਾਰਕਿਟ ਕਮੇਟੀ ਅਤੇ ਮਾਰਕਿਟ ਕਮੇਟੀ ਮੁਲਾਜ਼ਮ ਅਮਰਜੀਤ ਸਿੰਘ ਸੁਪਰਵਾਈਜ਼ਰ, ਵਰਿੰਦਰ ਸਿੰਘ, ਦਿਲਜੋਤ ਸਿੰਘ, ਰਾਜ ਕੁਮਾਰ, ਮਨਪ੍ਰੀਤ ਇੰਸਪੈਕਟਰ ਪਨਗਰੇਨ, ਰਵਨੀਤ ਇੰਸਪੈਕਟਰ ਪਨਸਪ, ਸੁਮੀਤ ਮੈਨੇਜਰ ਵੇਅਰਹਾਊਸ, ਮਾਰਕਫੈੱਡ ਇੰਸਪੈਕਟਰ, ਤਜਿੰਦਰ ਚੀਮਾ, ਪਰਮ ਜੋਹਰ ਤੇ ਸਮੂਹ ਆੜਤੀ ਦਾਨਾ ਮੰਡੀ ਦਸੂਹਾ ਹਾਜ਼ਰ ਸਨ। ਵਿਧਾਇਕ ਘੁੰਮਣ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋ ਮੰਡੀਆਂ ਵਿੱਚ ਲੋੜੀਂਦੇ ਅਤੇ ਪੁਖਤਾ ਪ੍ਰਬੰਧ ਕੀਤੇ ਹਨ ।

ਉਨਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਕਿਸਾਨਾਂ ਦੀ ਫਸਲ ਦਾ ਇੱਕ ਇੱਕ ਦਾਨਾ ਸਰਕਾਰੀ ਭਾਅ ਤੇ ਖਰੀਦਿਆ ਜਾਵੇਗਾ ਅਤੇ ਕਿਸਾਨਾਂ ਨੂੰ ਫਸਲ ਦੀ ਅਦਾਇਗੀ ਸਮੇਂ ਸਿਰ ਤੇ ਨਿਰਵਿਘਨ ਢੰਗ ਨਾਲ ਯਕੀਨੀ ਬਣਾਈ ਜਾਵੇਗੀ। ਉਨਾਂ ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਝੋਨੇ ਦੀ ਖਰੀਦ ਅਤੇ ਲਿਫਟਿੰਗ ਦੀ ਪ੍ਰਕਿਰਿਆ ਨੂੰ ਤੇਜ਼ੀ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜਿਆ ਜਾਵੇ ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਢੂੰਢਣ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

# ਕੰਪਿਊਟਰ ਸਾਇੰਸ ਤੇ ਆਈ ਟੀ ਵਿਭਾਗ ਨੇ ਫਰੈਸ਼ਰ ਪਾਰਟੀ ਕਰਵਾਈ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਜਲੰਧਰ ਦੇ ਪੋਸਟ ਗ੍ਰੈਜੂਏਟ ਡਿਪਾਰਟਮੈਂਟ ਆਫ਼ ਕੰਪਿਊਟਰ ਸਾਇੰਸ ਅਤੇ ਆਈ.ਟੀ. ਵਿਭਾਗ ਵੱਲੋਂ ਨਵੇਂ ਵਿਦਿਆਰਥੀਆਂ ਦੇ ਸਵਾਗਤ ਲਈ ਇੱਕ ਰੰਗਾਰੰਗ ਅਤੇ ਉਤਸ਼ਾਹਪੂਰਨ ਫਰੈਸ਼ਰਜ਼ ਪਾਰਟੀ ਦਾ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਵਿਦਿਆਰਥੀਆਂ ਵਿੱਚ ਖੁਸ਼ੀ, ਉਤਸ਼ਾਹ ਅਤੇ ਆਪਸੀ ਸਾਂਝ ਦੀ ਭਾਵਨਾ ਦੇਖਣ ਨੂੰ ਮਿਲੀ।ਕਾਲਜ ਦੇ ਪ੍ਰਿੰਸੀਪਲ ਡਾ. ਰਸ਼ਪਾਲ ਸਿੰਘ ਸੰਧੂ ਨੇ ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਆਪਣੇ ਅਕਾਦਮਿਕ ਸਫ਼ਰ ਦਾ ਭਰਪੂਰ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਕਾਲਜ ਦੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਭਾਗ ਲੈਣ, ਆਪਣੀ ਪ੍ਰਤਿਭਾ ਨੂੰ ਨਿਖਾਰਨ ਅਤੇ ਉੱਤਮਤਾ ਵੱਲ ਵਧਣ ਲਈ ਉਤਸ਼ਾਹਿਤ ਕੀਤਾ।ਵਿਭਾਗ ਦੇ ਮੁਖੀ ਪ੍ਰੋ. ਸੰਜੀਵ ਕੁਮਾਰ ਆਨੰਦ ਨੇ ਨਵੇਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਉਨ੍ਹਾਂ ਦੇ ਸਫ਼ਲ ਅਤੇ ਗਿਆਨਵਰਧਕ ਅਕਾਦਮਿਕ ਸਫ਼ਰ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਮਾਗਮ ਦੌਰਾਨ ਵੱਖ-ਵੱਖ ਮਨੋਰੰਜਕ ਗਤੀਵਿਧੀਆਂ, ਪ੍ਰਦਰਸ਼ਨੀਆਂ ਅਤੇ ਦਿਲਚਸਪ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਨੇ ਮਾਹੌਲ ਨੂੰ ਹੋਰ ਵੀ ਰੌਣਕਮਈ ਬਣਾ ਦਿੱਤਾ। ਸਮਾਗਮ ਦੀ ਖਾਸ ਖਿੱਚ ਮਿਸਟਰ ਫਰੈਸ਼ਰ-ਮੋਕਸ਼ ਅਤੇ ਮਿਸ ਫਰੈਸ਼ਰ-ਐਵਲੀਨ ਦੀ ਚੋਣ ਰਹੀ। ਇਸ ਤੋਂ ਇਲਾਵਾ ਮਿਸਟਰ ਡੈਜ਼ਲ-ਮਨਤੇਜ, ਮਿਸ ਦੀਵਾ-ਰੋਸ਼ਨੀ, ਮਿਸਟਰ ਇੰਟੈਲੈਕਚੁਅਲ-ਚਰਨਜੀਤ, ਮਿਸ ਇੰਟੈਲੈਕਚੁਅਲ-ਜਸਲੀਨ ਕੌਰ ਅਤੇ ਸ਼ੋਅ ਸਟਾਪਰ-ਪਰਵੀਨ ਕੌਰ ਦੇ ਖਿਤਾਬ ਵੀ ਪ੍ਰਦਾਨ ਕੀਤੇ ਗਏ।ਸਮਾਗਮ ਦੌਰਾਨ ਬੰਪਰ ਇਨਾਮ ਵੀ ਰੱਖਿਆ ਗਿਆ, ਜਿਸ ਨੂੰ ਹਰਪ੍ਰੀਤ ਕੌਰ ਅਤੇ ਕਾਰਤਿਕ ਨੇ ਜਿੱਤਿਆ। ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਅਤੇ ਪ੍ਰਦਰਸ਼ਨਾਂ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ। ਇਸ ਮੌਕੇ ਪ੍ਰੋ. ਸੰਦੀਪ ਬੱਸੀ, ਪ੍ਰੋ. ਮਨਦੀਪ ਸਿੰਘ ਭਾਟੀਆ, ਡਾ. ਸੰਦੀਪ ਸਿੰਘ, ਡਾ. ਮਨਪ੍ਰੀਤ ਲੇਹਲ, ਪ੍ਰੋ. ਰਤਨਾਕਰ ਮਾਨ, ਡਾ. ਦਲਜੀਤ ਕੌਰ, ਪ੍ਰੋ. ਨਵਨੀਤ ਕੌਰ ਅਤੇ ਪ੍ਰੋ. ਐਨੀ ਗੋਇਲ ਸਮੇਤ ਵਿਭਾਗ ਦੇ ਹੋਰ ਅਧਿਆਪਕ ਅਤੇ ਗੈਰ-ਅਧਿਆਪਕ ਸਟਾਫ਼ ਮੈਂਬਰ ਵੀ ਹਾਜ਼ਰ ਸਨ। ਉਨ੍ਹਾਂ ਨੇ ਸਮਾਗਮ ਨੂੰ ਸਫ਼ਲ ਬਣਾਉਣ ਲਈ ਆਪਣਾ ਸਹਿਯੋਗ ਦਿੱਤਾ।ਫਰੈਸ਼ਰਜ਼ ਪਾਰਟੀ ਦਾ ਸੰਚਾਲਨ ਪ੍ਰੋ. ਰਵਿੰਦਰ ਕੌਰ, ਪ੍ਰੋ. ਰਾਖੀ ਅਤੇ ਪ੍ਰੋ. ਜਸਦੀਪ ਸਿੰਘ ਵੱਲੋਂ ਕੀਤਾ ਗਿਆ।



# ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਵੱਲੋਂ ਵਿਧਾਇਕ ਦੇ ਘਰ ਸਾਹਮਣੇ ਰੋਸ ਪ੍ਰਦਰਸ਼ਨ

**ਅੱਡਾ ਸਰਾਂ, (ਜਸਵੀਰ ਕਾਜਲ)**- ਕਿਰਤੀਆਂ ਅਤੇ ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਵੱਲੋਂ ਉੜਮੁੜ ਦੇ ਵਿਧਾਇਕ ਦੀ ਰਿਹਾਇਸ਼ ਅੱਗੇ ਧਰਨਾ ਦੇ ਕੇ ਮੰਗ ਪੱਤਰ ਸੌਂਪਿਆ ਗਿਆ।ਸੂਬਾ ਕਮੇਟੀ ਮੈਂਬਰ ਗੁਰਮੇਸ਼ ਸਿੰਘ, ਜ਼ਿਲਾ ਜਨਰਲ ਸਕੱਤਰ ਗੁਰਨੇਕ ਸਿੰਘ ਭੱਜਲ ਅਤੇ ਦਸੂਹਾ ਤਹਿਸੀਲ ਸਕੱਤਰ ਰਣਜੀਤ ਸਿੰਘ ਚੌਹਾਨ ਦੀ ਅਗਵਾਈ ਵਿਚ ਹੋਏ ਇਸ ਰੋਸ ਪ੍ਰਦਰਸ਼ਨ ਦੌਰਾਨ ਕਾਮਰੇਡਾਂ ਨੇ ਆਪਣੀਆਂ ਮੰਗਾਂ ਦੇ ਹੱਕ ਵਿਚ ਅਵਾਜ ਬੁਲੰਦ ਕੀਤੀ । ਆਗੂਆਂ ਨੇ ਰੋਸ ਜਤਾਉਂਦੇ ਹੋਏ ਆਖਿਆ ਕਿ ਸਰਕਾਰ ਮਜ਼ਦੂਰਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਦੀ ਬਜਾਏ ਉਨ੍ਹਾਂ ਦੇ ਰੋਜ਼ਗਾਰ ਨੂੰ ਖੋਹਣ ਦੀਆਂ ਯੋਜਨਾਵਾਂ ਲੈਕੇ ਆ ਰਹੀ ਹੈ । ਉਨ੍ਹਾਂ ਵੀ ਬੀ ਗ੍ਰਾਮ (ਜੀ) ਯੋਜਨਾ ਵਾਪਸ ਕਰਨ, ਨਵੇਂ ਕਿਰਤ ਕਾਨੂੰਨਾਂ ਨੂੰ ਰੱਦ ਕਰ ਕੇ ਪੁਰਾਣੇ ਕਿਰਤ ਕਾਨੂੰਨ ਬਹਾਲ ਕਰਨ ਦੀ ਮੰਗ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਸਾਰੀਆਂ ਫ਼ਸਲਾਂ ਲਈ ਕਿਸਾਨਾਂ ਨੂੰ ਐੱਮ ਐੱਸ ਪੀ ਦੀ ਕਾਨੂੰਨੀ ਗਾਰੰਟੀ ਦੇਣ, ਗਰੀਬ ਮਜ਼ਦੂਰ ਪਰਿਵਾਰਾਂ ਨੂੰ ਪੱਕੇ ਮਕਾਨ ਮੁਹੱਈਆ ਕਰਵਾਏ ਜਾਣ ਅਤੇ ਕਿਸਾਨਾਂ ਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣ ਦੀ ਮੰਗ ਕੀਤੀ ।

ਉਨ੍ਹਾਂ ਆਖਿਆ ਕਿ ਵੀ ਬੀ ਗ੍ਰਾਮ ਜੀ ਕਾਨੂੰਨ ਵਾਪਸ ਲਿਆ ਜਾਵੇ ਅਤੇ ਮਨਰੇਗਾ ਦੀ ਬਹਾਲੀ ਕੀਤੀ ਜਾਵੇ ਅਤੇ ਦਿਹਾੜੀ 200 ਦਿਨ ਕੀਤੀ ਜਾਵੇ । ਅਖੀਰ ਵਿਚ ਉਨ੍ਹਾਂ ਆਖਿਆ ਕਿ ਸਰਕਾਰ ਐਜੀਟੇਸ਼ਨ ਦੌਰਾਨ ਕੀਤੇ ਗਏ ਪਰਚਿਆਂ ਨੂੰ ਰੱਦ ਕੀਤਾ ਜਾਵੇ।

ਉਨ੍ਹਾਂ ਆਖਿਆ ਕਿ ਅੱਜ ਪੰਜਾਬ ਭਰ ਵਿਚ ਵਿਧਾਇਕਾਂ ਮੰਤਰੀਆਂ ਮੰਗ ਪੱਤਰ ਦਿੱਤੇ ਜਾ ਰਹੇ ਹਨ ਅਤੇ ਜੇਕਰ ਉਨ੍ਹਾਂ ਦੀ ਸੁਣਵਾਈ ਨਾ ਹੋਈ ਤਾਂ ਵੱਡਾ ਸੰਘਰਸ਼ ਵਿੱਢਿਆ ਜਾਵੇਗਾ ।ਇਸ ਮੌਕੇ ਦਸੂਹਾ ਤਹਿਸੀਲ ਸਕੱਤਰ ਰਣਜੀਤ ਸਿੰਘ ਚੌਹਾਨ, ਸ਼ਿਵ ਕੁਮਾਰ ਮਨਜੀਤ ਕੌਰ ਭੱਟੀਆਂ, ਰੀਨਾ ਰਾਣੀ ਯਸ਼ਪਾਲ ਸਿੰਘ ਚੰਚਲ ਸਿੰਘ, ਮੋਹਿੰਦਰ ਸਿੰਘ, ਗੁਰਦੀਪ ਸਿੰਘ, ਕੁਲਵਿੰਦਰ ਕੌਰ, ਸੁਰਿੰਦਰ ਕੌਰ, ਕੁਲਦੀਪ ਕੌਰ, ਰਘਵੀਰ ਸਿੰਘ, ਬਲਬੀਰ ਕੌਰ, ਬਲਵਿੰਦਰ ਕੌਰ, ਸਲੋਚਨਾ, ਕਮਲੇਸ਼ ਕੁਮਾਰੀ, ਕਮਲਜੀਤ ਕੌਰ, ਤ੍ਰਿਪਤਾ ਦੇਵੀ, ਜੋਗਿੰਦਰ ਕੌਰ,ਹਰਪ੍ਰੀਤ ਕੌਰ, ਗੁਰਵਿੰਦਰ ਕੌਰ, ਮਨਜੀਤ ਕੌਰ ਆਦਿ ਮੌਜੂਦ ਸਨ।



# ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕ ਕੇ ਨੌਜਵਾਨਾਂ ਨੇ ਕੀਤਾ ਰੋਸ ਪ੍ਰਗਟ



**ਫਿਲੌਰ (ਹਰਜਿੰਦਰ ਕੌਰ ਚਾਹਲ)**- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਵਲੋਂ ਸਥਾਨਕ ਬਸ ਸਟੈਂਡ 'ਤੇ ਗਿਆਨੇਸ਼ ਕੁਮਾਰ ਦਾ ਪੁਤਲਾ ਫੂਕ ਮੁਜ਼ਾਹਰਾ ਕਰਕੇ ਰੋਸ ਦਾ ਪ੍ਰਗਟਾਵਾ ਕੀਤਾ। ਇਸ ਰੋਸ ਪ੍ਰਦਰਸ਼ਨ ਦੀ ਅਗਵਾਈ ਐਡਵੋਕੇਟ ਬਲਦੇਵ ਸਾਹਨੀ, ਗੈਰੀ ਗਿੱਲ, ਜਸਵੀਰ ਢੇਸੀ, ਰਸ਼ਪਾਲ ਬਿਰਦੀ ਨੇ ਸਾਂਝੇ ਤੌਰ 'ਤੇ ਕੀਤੀ। ਇਸ ਮੌਕੇ ਨੌਜਵਾਨਾਂ ਨੇ ਭਾਜਪਾ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ, ਜਿਸ ਦੌਰਾਨ ਮੁਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਇਸ ਦੌਰਾਨ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਝੰਡੇ ਅਤੇ ਗਿਆਨੇਸ਼ ਕੁਮਾਰ ਦਾ ਪੁਤਲਾ ਲੈਕੇ ਸ਼ਹਿਰ ਫਿਲੌਰ ਦੇ ਬੱਸ ਸਟੈਂਡ ਤੱਕ ਮਾਰਚ ਕੀਤਾ। ਇਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਮਨਜਿੰਦਰ ਢੇਸੀ, ਸੂਬਾ ਵਿੱਤ ਸਕੱਤਰ ਐਡਵੋਕੇਟ ਅਜੈ ਫਿਲੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਤਾਨਾਸ਼ਾਹੀ ਰੁੱਖ ਅਪਣਿਆਂ ਹੋਇਆ ਹੈ, ਸੰਵਿਧਾਨ ਨੂੰ ਇਕ ਪਾਸੇ ਕਰਕੇ ਬੀਜੇਪੀ ਸਰਕਾਰ ਮਨੂਵਾਦੀ ਸਮ੍ਰਿਤੀ ਨੂੰ ਲਾਗੂ ਕਰਨ ਲਈ ਸਰਕਾਰ ਨੇ ਲੋਕਾਂ ਦੇ ਸੰਵਿਧਾਨਕ ਵੋਟ ਅਧਿਕਾਰ ਨੂੰ ਖਤਮ ਕਰਕੇ ਚੋਣ ਕਮਿਸ਼ਨ ਰਾਹੀਂ ਡਾਕਾ ਮਾਰ ਰਹੀਂ ਹੈ। ਆਗੂਆਂ ਨੇ ਕਿਹਾ ਕਿ ਦੇਸ਼ ਅੰਦਰ ਬੇਰੁਜ਼ਗਾਰੀ, ਭ੍ਰਿਸ਼ਟਾਚਾਰ 'ਚ ਵਾਧਾ ਹੋ ਰਿਹਾ ਹੈ। ਇਸ ਮੌਕੇ ਜੱਸਾ ਰੁੜਕਾ, ਅਮਰੀਕ ਰੁੜਕਾ, ਸੁੱਖਾ ਸੰਗੋਵਾਲ, ਸੋਨੂੰ ਢੇਸੀ, ਤਰਜਿੰਦਰ ਧਾਲੀਵਾਲ, ਇੰਦਰਜੀਤ ਢੇਸੀ, ਗਗਨਦੀਪ ਗੱਗਾ, ਸਾਹਿਲ, ਯੁਵਰਾਜ, ਜੱਸੀ, ਅਮਨ ਬਿਰਦੀ, ਬੱਬਲ, ਹੈਪੀ, ਰਾਹੁਲ ਲੱਬਾ ਰੁੜਕੀ, ਸੂਰਜ ਰੁੜਕਾ, ਜਸਪ੍ਰੀਤ, ਹਰਮਨ, ਪ੍ਰਦੀਪ, ਸਾਬੀ ਫਿਲੌਰ, ਸੰਦੀਪ ਫਿਲੌਰ ਆਦਿ ਹਾਜ਼ਰ ਸਨ।

## ਇਸਲਾਮੀਆ ਗਰਲਜ਼ ਕਾਲਜ ਵਿਖੇ ਖ਼ੂਨਦਾਨ ਦਿਵਸ ਮੌਕੇ ਜਾਗਰੂਕਤਾ ਰੈਲੀ



**ਮਲੇਰਕੋਟਲਾ (ਅਸਰਾਰ ਪਰਿਹਾਰ)**-ਪੰਜਾਬ ਵਕਫ਼ ਬੋਰਡ ਦੇ ਪ੍ਰਬੰਧਾਂ ਅਧੀਨ ਚੱਲ ਰਹੇ ਇਸਲਾਮੀਆ ਗਰਲਜ਼ ਕਾਲਜ ਵਿਖੇ 'ਖ਼ੂਨਦਾਨ ਦਿਵਸ' ਨੂੰ ਸਮਰਪਤ ਵਿਸ਼ਾਲ ਜਾਗਰੂਕਤਾ ਰੈਲੀ ਕੱਢੀ ਗਈ।ਰੈਲੀ ਦੀ ਸ਼ੁਰੂਆਤ ਕਾਲਜ ਦੇ ਪ੍ਰਿੰਸੀਪਲ ਡਾ. ਰਾਹਿਲਾ ਖਾਨ ਵੱਲੋਂ ਹਰੀ ਝੰਡੀ ਦਿਖਾ ਕੇ ਕਰਵਾਈ ਗਈ।ਰੈਲੀ ਵਿੱਚ ਵਿਦਿਆਰਥਣਾਂ ਵੱਲੋਂ ਖ਼ੂਨਦਾਨ ਦੀ ਮਹੱਤਤਾ, ਮਾਨਵਤਾ ਦੀ ਸੇਵਾ ਤੇ ਇਸ ਦੇ ਲਾਭਾਂ ਨੂੰ ਦਰਸਾਉਂਦੇ ਹੋਏ ਸੁੰਦਰ ਸਲੋਗਨਾਂ ਵਾਲੇ ਹੱਥ-ਲਿਖਤ ਪੋਸਟਰ ਬਣਾ ਕੇ ਪ੍ਰਦਰਸ਼ਨ ਕੀਤੇ ਗਏ।ਇਹ ਰੈਲੀ ਕਾਲਜ ਕੈਂਪਸ ਤੋਂ ਆਰੰਭ ਹੋ ਕੇ ਸ਼ਹਿਰ ਦੇ ਮੁੱਖ ਬਾਜ਼ਾਰਾਂ ਕੇਲੋ ਗੇਟ, ਨਹਿਰੂ ਮਾਰਕੀਟ ਤੇ ਰਾਏਕੋਟ ਪੁੱਲ ਤੋਂ ਹੁੰਦੀ ਹੋਈ ਵਾਪਸ ਕਾਲਜ ਪਹੁੰਚੀ।ਰਸਤੇ ਵਿੱਚ ਵਿਦਿਆਰਥਣਾਂ ਵੱਲੋਂ ਲਗਾਏ ਗਏ ਨਾਅਰਿਆਂ ਨੇ ਆਮ ਲੋਕਾਂ ਦਾ ਧਿਆਨ ਆਪਣੇ ਵੱਲ ਖਿੱਚਿਆ।ਇਸ ਮੌਕੇ ਪ੍ਰਿੰਸੀਪਲ ਡਾ. ਰਾਹਿਲਾ ਖਾਨ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖ਼ੂਨਦਾਨ ਸਭ ਤੋਂ ਵੱਡਾ ਦਾਨ ਹੈ, ਕਿਉਂਕਿ ਇਹ ਕਿਸੇ ਦੀ ਕੀਮਤੀ ਜਾਨ ਬਚਾਉਣ ਵਿੱਚ ਸਹਾਈ ਹੋ ਸਕਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਨੌਜਵਾਨ ਪੀੜ੍ਹੀ ਵਿੱਚ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।ਇਹ ਸਾਰਾ ਸਮਾਗਮ ਤੇ ਰੈਲੀ ਰੈਡ ਰਿਬਨ ਕਲੱਬ ਦੇ ਇੰਚਾਰਜ ਪ੍ਰੋਫੈਸਰ ਗੁਰਵਿੰਦਰ ਕੌਰ ਦੀ ਯੋਗ ਤੇ ਪ੍ਰਭਾਵਸ਼ਾਲੀ ਅਗਵਾਈ ਹੇਠ ਸਫ਼ਲਤਾਪੂਰਵਕ ਨੇਪਰੇ ਚੜ੍ਹੀ।ਪ੍ਰੋਗਰਾਮ ਨੂੰ ਕਾਮਯਾਬ ਬਣਾਉਣ ਵਿੱਚ ਕਾਲਜ ਦੇ ਸਮੂਹ ਟੀਚਿੰਗ ਤੇ ਨਾਨ-ਟੀਚਿੰਗ ਸਟਾਫ ਨੇ ਵਿਸ਼ੇਸ਼ ਯੋਗਦਾਨ ਪਾਇਆ।ਇਸ ਮੌਕੇ ਵਿਦਿਆਰਥਣਾਂ ਨੇ ਭਵਿੱਖ ਵਿੱਚ ਵੀ ਅਜਿਹੇ ਸਮਾਜ ਭਲਾਈ ਦੇ ਕਾਰਜਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦਾ ਪ੍ਰਣ ਲਿਆ।

## ਜਗਰਾਉਂ ਦੇ ਬਾਜ਼ਾਰਾਂ 'ਚੋਂ ਨਾਜਾਇਜ਼ ਕਬਜ਼ੇ ਹਟਾਏ

**ਜਗਰਾਉਂ (ਨਛੱਤਰ ਸੰਧੂ)**-ਸ਼ਹਿਰ ਵਿੱਚ ਦਿਨੋਂ-ਦਿਨ ਵੱਧ ਰਹੀ ਟਰੈਫਿਕ ਦੀ ਸਮੱਸਿਆ ਅਤੇ ਸੜਕਾਂ 'ਤੇ ਹੋ ਰਹੇ ਨਾਜਾਇਜ਼ ਕਬਜ਼ਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਐਤਵਾਰ ਨੂੰ ਨਗਰ ਕੌਂਸਲ ਜਗਰਾਉਂ ਵੱਲੋਂ ਮਾਨਯੋਗ ਹਾਈਕੋਰਟ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਾਜਾਇਜ਼ ਕਬਜ਼ਿਆਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਗਈ।ਇਹ ਕਾਰਵਾਈ ਪ੍ਰਧਾਨ ਨਗਰ ਕੌਂਸਲ ਜਗਰਾਉਂ ਕੰਵਰਪਾਲ ਸਿੰਘ ਅਤੇ ਕਾਰਜ ਸਾਧਕ ਅਫ਼ਸਰ ਮੋਹਿਤ ਸ਼ਰਮਾ ਦੇ ਆਦੇਸ਼ਾਂ ਤਹਿਤ ਕੀਤੀ ਗਈ।ਇਸ ਮੌਕੇ ਸੈਨਟਰੀ ਇੰਸਪੈਕਟਰ ਅਨਿਲ ਕੁਮਾਰ ਦੀ ਅਗਵਾਈ ਹੇਠ ਅਰੁਣ ਗਿੱਲ ਅਤੇ ਉਨ੍ਹਾਂ ਦੀ ਟੀਮ ਵੱਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਨਾਜਾਇਜ਼ ਕਬਜ਼ਿਆਂ ਨੂੰ ਹਟਾਉਣ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ।ਨਗਰ ਕੌਂਸਲ ਦਫ਼ਤਰ ਤੋਂ ਸ਼ੁਰੂ ਹੋਈ ਇਹ ਮੁਹਿੰਮ ਭਗਵਾਨ ਵਾਲਮੀਕਿ ਕਮਲ ਚੌਂਕ, ਅਨਾਰਕਲੀ ਬਾਜ਼ਾਰ, ਸ਼ਹਿਰ ਦਰਵਾਜ਼ਾ, ਸੁਭਾਸ਼ ਗੇਟ ਅਤੇ ਪੁਰਾਣੀ ਸਬਜ਼ੀ ਮੰਡੀ ਸਮੇਤ ਵੱਖ-ਵੱਖ ਪ੍ਰਮੁੱਖ ਮਾਰਗਾਂ ਤੋਂ ਹੁੰਦੀ ਹੋਈ ਮੁੜ ਨਗਰ ਕੌਂਸਲ ਦਫ਼ਤਰ ਵਿਖੇ ਸਮਾਪਤ ਹੋਈ।ਨਗਰ ਕੌਂਸਲ ਦੀ ਟੀਮ ਵੱਲੋਂ ਦੁਕਾਨਾਂ ਦੇ ਬਾਹਰ ਸੜਕਾਂ ਅਤੇ ਜਨਤਕ ਥਾਵਾਂ 'ਤੇ ਰੱਖਿਆ ਸਮਾਨ, ਫੜ੍ਹੀਆਂ ਅਤੇ ਹੋਰ ਸਮਾਨ ਨੂੰ ਹਟਾਇਆ ਗਿਆ।



## ਬੀਬੀ ਰੰਧਾਵਾ ਦੀ ਅਗਵਾਈ 'ਚ ਕਈ ਪਰਵਾਰ ਕਾਂਗਰਸ 'ਚ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਹਲਕਾ ਸਮਾਣਾ ਦੇ ਪਿੰਡ ਗਾਜੇਵਾਸ ਵਿਖੇ ਜ਼ਿਲ੍ਹਾ ਕਾਂਗਰਸ ਪਟਿਆਲਾ ਦਿਹਾਤੀ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਦੀ ਅਗਵਾਈ ਹੇਠ ਐਤਵਾਰ ਨੂੰ ਗਾਜੇਵਾਸ ਵਿਖੇ 25 ਤੋਂ ਵੱਧ ਪਰਿਵਾਰਾਂ ਨੇ ਆਮ ਆਦਮੀ ਪਾਰਟੀ ਛੱਡ ਕੇ ਕਾਂਗਰਸ ਪਾਰਟੀ ਦਾ ਪੱਲਾ ਫੜਿਆ।ਇਸ ਮੌਕੇ ਬੀਬੀ ਰੰਧਾਵਾ ਨੇ ਆਪਣੇ ਨਜ਼ਦੀਕੀ ਰਿਸ਼ਤੇਦਾਰ ਮੇਜਰ ਸਿੰਘ ਢਿੱਲੋਂ, ਬਲਾਕ ਸੰਮਤੀ ਮੈਂਬਰ ਬਖਸ਼ੀਸ਼ ਸਿੰਘ, ਤਜਿੰਦਰ ਸਿੰਘ ਮੰਡਲ ਪ੍ਰਧਾਨ, ਰਜਿੰਦਰ ਗਾਜੇਵਾਸ, ਚਮਕੌਰ ਸਿੰਘ ਸਾਬਕਾ ਸਰਪੰਚ, ਮਨੀ ਗਾਜੇਵਾਸ ਦਾ ਵਿਸ਼ੇਸ਼ ਧੰਨਵਾਦ ਕੀਤਾ ਜਿਨ੍ਹਾਂ ਨੇ ਯਤਨ ਕਰਕੇ ਗਾਜੇਵਾਸ ਦੇ ਇਨ੍ਹਾਂ ਪਰਿਵਾਰਾਂ ਨੂੰ ਕਾਂਗਰਸ ਨਾਲ ਜੁੜਨ ਲਈ ਪ੍ਰੇਰਨਾ ਦਿੱਤੀ।ਬੀਬੀ ਰੰਧਾਵਾ ਨੇ ਕਿਹਾ ਕਿ ਪਿੰਡ ਗਾਜੇਵਾਸ ਨਾਲ ਉਨ੍ਹਾਂ ਦਾ ਡੂੰਘਾ ਰਿਸ਼ਤਾ ਹੈ।ਸਾਰੇ ਪਰਿਵਾਰ ਹੀ ਉਨ੍ਹਾਂ ਦੇ ਪਰਿਵਾਰ ਨਾਲ ਪੁਰਾਣੀ ਜਾਣਕਾਰੀ ਰੱਖਦੇ ਹਨ, ਇੱਥੋਂ ਤੱਕ ਕਿ ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਵਿਜੇਇੰਦਰ ਸਿੰਗਲਾ, ਰਾਜਕੁਮਾਰ ਟਿੰਕਾ ਐਮ ਸੀ, ਨਵੀਨ ਸਿੰਗਲਾ ਤੇ ਉਨ੍ਹਾਂ ਦੇ ਕਈ ਹੋਰ ਕਾਂਗਰਸੀ ਸਾਥੀ ਵੀ ਇਸ ਪਿੰਡ ਦੇ ਹੀ ਹਨ।ਕਾਂਗਰਸ ਪਾਰਟੀ ਦਾ ਪੱਲਾ ਫੜਨ ਵਾਲਿਆਂ ਵਿੱਚ ਲਾਡਵਿੰਦਰ ਲਾਡੀ, ਕਮਲ ਸਿੰਘ, ਬਲਵਿੰਦਰ ਬਿੱਲਾ, ਦੀਪ ਸਿੰਘ, ਜੀਵਨ ਸਿੰਘ, ਕ੍ਰਿਸ ਸਿੰਘ, ਸੁਖਵਿੰਦਰ ਸਿੰਘ, ਪ੍ਰੀਤ ਸਿੰਘ, ਗੁਰਧਿਆਨ ਸਿੰਘ, ਸਰਬਜੀਤ ਕੌਰ, ਰਘਬੀਰ ਸਿੰਘ, ਅਮਨਦੀਪ ਕੌਰ, ਸਿੰਦਰ ਕੌਰ, ਰਣਜੀਤ ਕੌਰ, ਬਲਜਿੰਦਰ ਸਿੰਘ, ਅੰਸ਼ ਕੁਮਾਰ ਤੇ ਹੋਰ ਸ਼ਾਮਿਲ ਹਨ ਜਿਨ੍ਹਾਂ ਨੇ ਝਾੜੂ ਨੂੰ ਅਲਵਿਦਾ ਕਹਿ ਕੇ ਕਾਂਗਰਸ ਦਾ ਹੱਥ ਫੜਿਆ।ਇਸ ਮੌਕੇ ਬੀਬੀ ਰੰਧਾਵਾ ਦੇ ਨਾਲ ਬਘੇਲ ਸਿੰਘ ਨੰਬਰਦਾਰ ਬੰਮਨਾਂ, ਗੁਰਪ੍ਰੀਤ ਬੈਦਵਾਨ ਪੀਏ, ਪ੍ਰਭ ਭਿੰਡਰ ਜ਼ਿਲ੍ਹਾ ਸਕੱਤਰ, ਦੀਪੂ ਭੰਡਾਰੀ, ਨਵੀਨ ਸਿੰਗਲਾ, ਰੁਪਿੰਦਰ ਵਜੀਦਪੁਰ, ਕਾਲਾ ਬਠੋਈ, ਗੁਰਪ੍ਰੀਤ ਤਲਵੰਡੀ ਵੀ ਹਾਜਰ ਸਨ।

## ਮਨੁੱਖੀ ਅਧਿਕਾਰ ਸੁਰੱਖਿਆ ਦਲ ਨੇ ਸਥਾਪਨਾ ਦਿਵਸ ਮਨਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮਨੁੱਖੀ ਅਧਿਕਾਰਾਂ ਦੀ ਰੱਖਿਆ, ਸਮਾਜ ਦੇ ਕਮਜ਼ੋਰ ਤੇ ਲੋੜਵੰਦ ਵਰਗਾਂ ਦੀ ਸਹਾਇਤਾ ਤੇ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨਾ ਇੱਕ ਮਹੱਤਵਪੂਰਨ ਸਮਾਜਿਕ ਜ਼ਿੰਮੇਵਾਰੀ ਹੈ।ਮਨੁੱਖੀ ਅਧਿਕਾਰ ਸੁਰੱਖਿਆ ਦਲ ਪੰਜਾਬ ਵੱਲੋਂ ਸੰਸਥਾ ਦੇ 21ਵੇਂ ਸਥਾਪਨਾ ਦਿਵਸ ਮੌਕੇ ਭਾਸ਼ਾ ਸਦਨ ਭਾਸ਼ਾ ਵਿਭਾਗ ਪਟਿਆਲਾ ਦੇ ਲੈਕਚਰ ਹਾਲ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਦੇ ਲੋਕ ਸਭਾ ਪਟਿਆਲਾ ਇੰਚਾਰਜ ਤੇ ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨ ਤੋਂ ਬਾਅਦ ਸੰਬੋਧਨ ਕਰਦੇ ਹੋਏ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਮਨੁੱਖੀ ਅਧਿਕਾਰ ਸੁਰੱਖਿਆ ਦਲ ਪੰਜਾਬ ਸੰਸਥਾਂ ਵੱਲੋਂ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸਮਾਜ ਵਿੱਚ ਹਰ ਵਿਅਕਤੀ ਨੂੰ ਆਪਣੇ ਅਧਿਕਾਰਾਂ ਦੇ ਨਾਲ-ਨਾਲ ਆਪਣੇ ਫਰਜ਼ਾਂ ਪ੍ਰਤੀ ਵੀ ਜਾਗਰੂਕ ਹੋਣਾ ਚਾਹੀਦਾ ਹੈ।ਉਨ੍ਹਾਂ ਸੰਸਥਾ ਵੱਲੋਂ ਸਮਾਜ ਸੇਵਾ ਤੇ ਲੋਕ-ਭਲਾਈ ਦੇ ਖੇਤਰ ਵਿੱਚ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਦੇ ਲੋੜਵੰਦ ਲੋਕਾਂ ਤੱਕ ਸਹਾਇਤਾ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਮਨੁੱਖੀ ਅਧਿਕਾਰ ਸੁਰੱਖਿਆ ਦਲ ਪੰਜਾਬ ਦੇ ਸੂਬਾ ਪ੍ਰਧਾਨ ਜਗਦੀਪ ਸਿੰਘ ਸਕਰਾਲੀ, ਸੀਨੀਅਰ ਮੀਤ ਪ੍ਰਧਾਨ ਗੁਰਮੀਤ ਕੌਰ ਨਾਹਰ, ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਗਿੱਲ ਸਮੇਤ ਸੰਸਥਾ ਦੇ ਹੋਰ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ।

## ਝੋਨੇ ਦੀ ਫ਼ਸਲ ਦਾ ਦਾਣਾ-ਦਾਣਾ ਖ਼ਰੀਦਿਆ ਜਾਵੇਗਾ : ਬਲਜਿੰਦਰ ਢਿੱਲੋਂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਝੋਨੇ ਦੀ ਫ਼ਸਲ ਵੇਚਣ ਮੌਕੇ ਕਿਸੇ ਵੀ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ।ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਕਿਸਾਨਾਂ ਦੇ ਨਾਲ ਖੜ੍ਹੀ ਹੈ ਤੇ ਕਿਸਾਨਾਂ ਦੀ ਫ਼ਸਲ ਦੀ ਖ਼ਰੀਦ ਤੋਂ ਲੈ ਕੇ ਅਦਾਇਗੀ ਤੱਕ ਦੀ ਸਮੁੱਚੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ।ਕਿਸਾਨਾਂ ਨੂੰ ਉਨ੍ਹਾਂ ਦੀ ਖ਼ਰੀਦੀ ਗਈ ਫ਼ਸਲ ਦੀ ਅਦਾਇਗੀ ਨਾਲੋ-ਨਾਲ ਕਰਨਾ ਯਕੀਨੀ ਬਣਾਇਆ ਜਾਵੇਗਾ, ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਉਨ੍ਹਾਂ ਸਰਕਾਰ ਵੱਲੋਂ ਕੀਤੀ ਜਾ ਰਹੀ ਖਰੀਦ 'ਤੇ ਤਸੱਲੀ ਪ੍ਰਗਟ ਕਰਦੇ ਹੋਏ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਕਿਸਾਨਾਂ ਦਾ ਇਕ-ਇਕ ਦਾਣਾ ਖ਼ਰੀਦਣ ਲਈ ਵਚਨਬੱਧ ਹੈ ਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਆਮ ਆਦਮੀ ਪਾਰਟੀ ਦੇ ਲੋਕ ਸਭਾ ਹਲਕਾ ਪਟਿਆਲਾ ਦੇ ਇੰਚਾਰਜ ਤੇ ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਵੱਲੋਂ ਪਟਿਆਲਾ ਸਰਹਿੰਦ ਰੋਡ ਸਥਿਤ ਦਾਣਾ ਮੰਡੀ ਵਿਖੇ ਝੋਨੇ ਦੀ ਖ਼ਰੀਦ ਦਾ ਜਾਇਜ਼ਾ ਲੈਣ ਉਪਰੰਤ ਫਸਲ ਦਾ ਨਿਰੀਖਣ ਕਰਨ ਸਮੇਂ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਉਨ੍ਹਾਂ ਮੰਡੀ ਵਿੱਚ ਹੋਈ ਝੋਨੇ ਦੀ ਆਮਦ, ਬੋਲੀ ਦੀ ਪ੍ਰਕਿਰਿਆ ਤੇ ਝੋਨੇ ਵਿੱਚ ਨਮੀ ਦੀ ਮਿਕਦਾਰ ਦਾ ਜਾਇਜ਼ਾ ਲਿਆ।ਉਨ੍ਹਾਂ ਮੰਡੀ ਵਿੱਚ ਆਪਣੀ ਫ਼ਸਲ ਲੈ ਕੇ ਆਏ ਕਿਸਾਨਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਸੁਝਾਅ ਵੀ ਸੁਣੇ।ਇਸ ਮੌਕੇ ਲੋਕ ਸਭਾ ਟੀਮ ਦੇ ਮੈਂਬਰ, ਮੰਡੀ ਬੋਰਡ ਦੇ ਅਫ਼ਸਰ ਤੇ ਖ਼ਰੀਦ ਏਜੰਸੀਆਂ ਦੇ ਅਧਿਕਾਰੀ ਤੇ ਕਰਮਚਾਰੀ, ਆੜ੍ਹਤੀ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

## ਗੋਲਡ ਤੇ ਸਿਲਵਰ ਮੈਡਲ ਵਾਲੇ ਜਗਮੀਤ ਖ਼ਾਲਸਾ ਦਾ ਸਨਮਾਨ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਸ੍ਰੀਨਗਰ ਵਿਖੇ ਹੋਈ 10ਵੀਂ ਸੀਨੀਅਰ ਗੱਤਕਾ ਚੈਂਪੀਅਨਸ਼ਿਪ ਵਿੱਚ ਗੋਲਡ ਤੇ ਸਿਲਵਰ ਮੈਡਲ ਜਿੱਤ ਕੇ ਪਿੰਡ ਬੁੱਟਰ ਸ਼ਰੀਂਹ ਪਰਤੇ ਜਗਮੀਤ ਸਿੰਘ ਖ਼ਾਲਸਾ ਪੁੱਤਰ ਰਾਜਪਾਲ ਸਿੰਘ ਨੰਬਰਦਾਰ ਦਾ ਗੁਰਦੁਆਰਾ ਸਾਹਿਬ ਕਮੇਟੀ ਤੇ ਸਮੂਹ ਨਗਰ ਨਿਵਾਸੀ ਪਿੰਡ ਬੁੱਟਰ ਸ਼ਰੀਂਹ ਵੱਲੋਂ ਨਿੱਘਾ ਸਵਾਗਤ ਕਰਦਿਆਂ ਸਨਮਾਨ ਕੀਤਾ ਗਿਆ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਜਥੇਦਾਰ ਕੌਰ ਸਿੰਘ ਵੱਲੋਂ ਜਗਮੀਤ ਸਿੰਘ ਖ਼ਾਲਸਾ ਤੇ ਉਨ੍ਹਾਂ ਦੇ ਸਮੂਹ ਪਰਵਾਰ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਬਲਕਰਨ ਸਿੰਘ ਖ਼ਾਲਸਾ ਨੇ ਦੱਸਿਆ ਕਿ ਸ੍ਰੀਨਗਰ ਵਿਖੇ ਹੋਈ ਇਸ ਰਾਸ਼ਟਰੀ ਪੱਧਰੀ ਗੱਤਕਾ ਚੈਂਪੀਅਨਸ਼ਿਪ ਵਿੱਚ ਦੇਸ਼ ਦੇ ਵੱਖ-ਵੱਖ ਸੂਬਿਆਂ ਦੀਆਂ ਟੀਮਾਂ ਨੇ ਭਾਗ ਲਿਆ।ਪੰਜਾਬ ਦੀ ਟੀਮ ਵਿੱਚ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਤੋਂ ਪਿੰਡ ਬੁੱਟਰ ਸ਼ਰੀਂਹ ਦੇ ਮੀਰੀ ਪੀਰੀ ਗੱਤਕਾ ਅਖਾੜਾ ਦੇ ਖਿਡਾਰੀ ਜਗਮੀਤ ਸਿੰਘ ਖ਼ਾਲਸਾ ਤੇ ਸ੍ਰੀ ਮੁਕਤਸਰ ਸਾਹਿਬ ਦੇ ਕਰਨ ਸਿੰਘ ਖ਼ਾਲਸਾ ਦੀ ਚੋਣ ਹੋਈ ਸੀ।ਟੀਮ ਡੈਮੋ ਮੁਕਾਬਲੇ ਵਿੱਚ ਜਗਮੀਤ ਸਿੰਘ ਤੇ ਕਰਨ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੰਜਾਬ ਦੀ ਟੀਮ ਨੂੰ ਗੋਲਡ ਮੈਡਲ ਦਿਵਾਇਆ।ਇਸੇ ਤਰ੍ਹਾਂ ਸਿੰਗਲ ਡੈਮੋ ਵਿੱਚ ਜਗਮੀਤ ਸਿੰਘ ਖ਼ਾਲਸਾ ਨੇ ਪੰਜਾਬ ਵੱਲੋਂ ਖੇਡਦਿਆਂ ਸਿਲਵਰ ਮੈਡਲ ਹਾਸਲ ਕੀਤਾ।ਇਸ ਮੌਕੇ ਚਮਕੌਰ ਸਿੰਘ ਨੇ ਦੱਸਿਆ ਕਿ ਪਿੰਡ ਬੁੱਟਰ ਸ਼ਰੀਂਹ ਵਿੱਚ ਸਾਲ 2019 ਤੋਂ ਗੁਰਦੁਆਰਾ ਸਾਹਿਬ ਵੱਲੋਂ ਲਗਾਤਾਰ ਗੱਤਕਾ ਕੈਂਪ ਲਗਾ ਕੇ ਬੱਚਿਆਂ ਨੂੰ ਗੱਤਕੇ ਦੀ ਕੋਚਿੰਗ ਦਿੱਤੀ ਜਾ ਰਹੀ ਹੈ।ਇਸ ਮੌਕੇ ਖੁਸ਼ਵਿੰਦਰ ਸਿੰਘ ਨੇ ਕਿਹਾ ਕਿ ਜਗਮੀਤ ਸਿੰਘ ਖ਼ਾਲਸਾ ਨੇ ਰਾਸ਼ਟਰੀ ਪੱਧਰ 'ਤੇ ਗੋਲਡ ਤੇ ਸਿਲਵਰ ਮੈਡਲ ਜਿੱਤ ਕੇ ਪਿੰਡ ਬੁੱਟਰ ਸ਼ਰੀਂਹ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ, ਜਿਸ 'ਤੇ ਸਮੁੱਚੇ ਨਗਰ ਨੂੰ ਮਾਣ ਹੈ।ਉਨ੍ਹਾਂ ਗੱਤਕਾ ਕੋਚ ਗੁਰਲਾਲ ਸਿੰਘ ਤੇ ਬਾਬਾ ਮਨਜੀਤ ਸਿੰਘ ਜੱਥੇਦਾਰ ਗੁਰਦੁਆਰਾ ਖੂਹ ਸਾਹਿਬ, ਸ੍ਰੀ ਮੁਕਤਸਰ ਸਾਹਿਬ ਦਾ ਵੀ ਧੰਨਵਾਦ ਕੀਤਾ।ਇਸ ਮੌਕੇ ਬੂਟਾ ਸਿੰਘ ਖ਼ਾਲਸਾ, ਹਰਪਾਲ ਸਿੰਘ ਬਰਾੜ, ਬਾਬਾ ਦਾਨ ਸਿੰਘ ਗੱਤਕਾ ਅਖਾੜਾ ਦੋਦਾ ਦੇ ਸਿੰਘ, ਮੀਰੀ ਪੀਰੀ ਗੱਤਕਾ ਅਖਾੜਾ ਦੇ ਸਿੰਘ, ਨਗਰ ਪੰਚਾਇਤ ਤੇ ਸਮੂਹ ਸਾਧ ਸੰਗਤ ਹਾਜ਼ਰ ਸਨ।



## ਕਮਲ ਗਿੱਲ ਸੋਨੂੰ ਸਹਿ ਇੰਚਾਰਜ ਨਿਯੁਕਤ

**ਫਿਰੋਜ਼ਪੁਰ (ਗੁਰਬਚਨ ਸਿੰਘ)**



ਭਾਰਤੀ ਜਨਤਾ ਪਾਰਟੀ ਵੱਲੋਂ ਹਾਲ ਹੀ ਵਿੱਚ ਪੰਜਾਬ ਦੇ ਅਹੁਦੇਦਾਰਾਂ ਦੀਆਂ ਕੀਤੀਆਂ ਗਈਆਂ ਸੰਗਠਨਾਤਮਕ ਨਿਯੁਕਤੀਆਂ ਤਹਿਤ ਕਮਲ ਗਿੱਲ ਸੋਨੂੰ ਨੂੰ ਪੰਜਾਬ ਭਾਜਪਾ ਕਿਸਾਨ ਮੋਰਚਾ ਦੇ ਆਈ ਟੀ ਸੈੱਲ ਦਾ ਕੋ-ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੀ ਇਸ ਨਿਯੁਕਤੀ ਨਾਲ ਭਾਰਤੀ ਜਨਤਾ ਪਾਰਟੀ ਦੇ ਖੇਮੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਕਮਲ ਗਿੱਲ ਸੋਨੂੰ ਨੇ ਭਾਜਪਾ ਦੀ ਕੌਮੀ ਲੀਡਰਸ਼ਿਪ ਅਤੇ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ, ਪੰਜਾਬ ਮਾਮਲਿਆਂ ਦੇ ਇੰਚਾਰਜ ਸਤੀਸ਼ ਪੂਨੀਆ, ਕਿਸਾਨ ਮੋਰਚਾ ਦੇ ਸੂਬਾ ਪ੍ਰਧਾਨ ਲਖਵਿੰਦਰ ਸਿੰਘ ਮੋਮੀ, ਸੂਬਾ ਸਕੱਤਰ ਮਹਿਲਾ ਮੋਰਚਾ ਬੀਬੀ ਰਾਜਵਿੰਦਰ ਕੌਰ ਸਿਆਲ, ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਬੌਬੀ ਬਾਠ ਅਤੇ ਸਮੁੱਚੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਕਿਸਾਨ ਸਪੋਰਟਸ ਕਲੱਬ ਲੋਹਾਰਾ ਵੱਲੋਂ ਖਿਡਾਰੀਆਂ ਨੂੰ ਸਪੋਰਟਸ ਬੂਟ ਭੇਟ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਕਿਸਾਨ ਸਪੋਰਟਸ ਕਲੱਬ ਪਿੰਡ ਲੋਹਾਰਾ ਦੀ ਕਮੇਟੀ ਵੱਲੋਂ ਪਿੰਡ ਦੇ ਨੰਨ੍ਹੇ ਖਿਡਾਰੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਲਈ ਸ਼ਲਾਘਾਯੋਗ ਉਪਰਾਲਾ ਕੀਤਾ ਗਿਆ।ਕਲੱਬ ਵੱਲੋਂ ਕ੍ਰਿਕਟ ਟੀਮ ਦੇ ਨੰਨ੍ਹੇ ਖਿਡਾਰੀਆਂ ਨੂੰ ਸਪੋਰਟਸ ਬੂਟ ਭੇਟ ਕੀਤੇ ਗਏ।ਕਲੱਬ ਮੈਂਬਰਾਂ ਨੇ ਕਿਹਾ ਕਿ ਬੱਚਿਆਂ ਦੀ ਮਿਹਨਤ ਤੇ ਖੇਡਾਂ ਪ੍ਰਤੀ ਲਗਨ ਨੂੰ ਹੌਸਲਾ ਦੇਣ ਦੇ ਮਕਸਦ ਨਾਲ ਇਹ ਉਪਰਾਲਾ ਕੀਤਾ ਗਿਆ ਹੈ।ਇਸ ਮੌਕੇ ਕਲੱਬ ਦੇ ਪ੍ਰਧਾਨ ਓਮਕਾਰ ਸਿੰਘ ਸਿੱਧੂ ਲੋਹਾਰਾ, ਖਜ਼ਾਨਚੀ ਹਰਗੋਬਿੰਦ ਸਿੰਘ ਬਰਾੜ ਲੋਹਾਰਾ ਤੇ ਮੈਂਬਰ ਗਗਨਦੀਪ ਸਿੰਘ ਬਰਾੜ ਨੇ ਕਿਹਾ ਕਿ ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਖੇਡਾਂ ਨਾਲ ਜੋੜਨ ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਮਿਹਨਤ ਤੇ ਮੁਕਾਬਲੇ ਦੀ ਭਾਵਨਾ ਪੈਦਾ ਹੁੰਦੀ ਹੈ।ਇਸ ਮੌਕੇ ਪ੍ਰਧਾਨ ਓਮਕਾਰ ਸਿੰਘ ਸਿੱਧੂ, ਖਜ਼ਾਨਚੀ ਹਰਗੋਬਿੰਦ ਸਿੰਘ ਬਰਾੜ, ਜਨਰਲ ਸਕੱਤਰ ਸੁਲਤਿੰਦਰ ਸਿੰਘ ਤੋਂ ਇਲਾਵਾ ਮੈਂਬਰ ਗਗਨਦੀਪ ਸਿੰਘ, ਗੁਰਮਨਵੀਰ ਸਿੰਘ, ਗੁਰਸਹਿਬ ਸਿੰਘ, ਗੁਰਪ੍ਰੀਤ ਸਿੰਘ, ਜਗਮੀਤ ਸਿੰਘ ਤੇ ਹੋਰ ਸਮੂਹ ਮੈਂਬਰਾਂ ਨੇ ਵੀ ਸਹਿਯੋਗ ਦਿੱਤਾ।

## ਸ਼ਕਤੀ ਸਕੂਲ ਦੇ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਖੇਡਾਂ 'ਚ ਮਾਰੀਆਂ ਮੱਲਾਂ



**ਦੋਰਾਹਾ (ਹਰਮਿੰਦਰ ਸੇਠ)**-ਸ਼ਕਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਦੇ ਖਿਡਾਰੀਆਂ ਨੇ 'ਖੇਡਾਂ ਵਤਨ ਪੰਜਾਬ ਦੀਆਂ 2026' ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਜਤਿੰਦਰ ਸ਼ਰਮਾ ਨੇ ਦੱਸਿਆ ਕਿ ਪਾਵਰਲਿਫਟਿੰਗ ਦੇ ਮੁਕਾਬਲੇ ਏ. ਐੱਸ. ਸੀਨੀਅਰ ਸੈਕੰਡਰੀ ਸਕੂਲ ਖੰਨਾ ਵਿਖੇ ਕਰਵਾਏ ਗਏ, ਜਦਕਿ ਵੇਟਲਿਫਟਿੰਗ ਦੇ ਮੁਕਾਬਲੇ ਵੇਟਲਿਫਟਿੰਗ ਸੈਂਟਰ ਰੱਖ ਬਾਗ ਲੁਧਿਆਣਾ ਵਿਖੇ ਹੋਏ।ਪਾਵਰਲਿਫਟਿੰਗ ਮੁਕਾਬਲਿਆਂ ਵਿੱਚ ਸਕੂਲ ਦੇ ਦਸਵੀਂ ਜਮਾਤ ਦੇ ਵਿਦਿਆਰਥੀ ਮਨਰਾਜ ਸਿੰਘ ਨੇ ਅੰਡਰ-21 ਦੀ 120 ਕਿਲੋਗ੍ਰਾਮ ਕੈਟਾਗਰੀ ਵਿੱਚ ਕੁੱਲ 230 ਕਿਲੋਗ੍ਰਾਮ ਭਾਰ ਚੁੱਕ ਕੇ ਪਹਿਲਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ +1 ਜਮਾਤ ਦੇ ਵਿਦਿਆਰਥੀ ਦਿਲਪ੍ਰੀਤ ਰਾਏ ਨੇ ਅੰਡਰ-21 ਦੀ -105 ਕਿਲੋਗ੍ਰਾਮ ਕੈਟਾਗਰੀ ਵਿੱਚ ਕੁੱਲ 325 ਕਿਲੋਗ੍ਰਾਮ ਭਾਰ ਚੁੱਕ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਲੜਕੀਆਂ ਦੇ ਵਰਗ ਵਿੱਚ ਨੌਵੀਂ ਜਮਾਤ ਦੀ ਵਿਦਿਆਰਥਣ ਨਿਯਤੀ ਨੇ ਅੰਡਰ-17 ਦੀ 57 ਕਿਲੋਗ੍ਰਾਮ ਕੈਟਾਗਰੀ 'ਚ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਵੇਟਲਿਫਟਿੰਗ ਚੈਂਪੀਅਨਸ਼ਿਪ 'ਚ ਨੌਵੀਂ ਜਮਾਤ ਦੀ ਵਿਦਿਆਰਥਣ ਮਹਿਕ ਨੇ ਅੰਡਰ-17 ਦੀ 53 ਕਿਲੋਗ੍ਰਾਮ ਕੈਟਾਗਰੀ 'ਚ ਤੀਜਾ ਸਥਾਨ ਪ੍ਰਾਪਤ ਕੀਤਾ।ਸਕੂਲ ਦੇ ਡੀ.ਪੀ.ਈ. ਪਰਮਿੰਦਰ ਸਿੰਘ ਨੇ 31 ਤੋਂ 40 ਸਾਲ ਉਮਰ ਵਰਗ ਦੀ 65 ਤੋਂ 70 ਕਿਲੋਗ੍ਰਾਮ ਕੈਟਾਗਰੀ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਪ੍ਰਿੰਸੀਪਲ ਜਤਿੰਦਰ ਸ਼ਰਮਾ ਤੇ ਵਾਈਸ ਪ੍ਰਿੰਸੀਪਲ ਨੀਰਜ ਸ਼ਰਮਾ ਨੇ ਸਾਰੇ ਜੇਤੂ ਖਿਡਾਰੀਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ ਅਤੇ ਨਾਲ ਹੀ ਸਕੂਲ ਮੈਨੇਜਮੈਂਟ ਦੇ ਮੈਂਬਰ ਸੁਮਨ ਸ਼ਰਮਾ, ਰਜਤ ਸ਼ਰਮਾ, ਸ਼ੁਭਮ ਸ਼ਰਮਾ, ਗੁਨੀਤਾ ਨੰਦਾ ਆਦਿ ਨੇ ਵੀ ਸਮੁੱਚੇ ਸਟਾਫ ਤੇ ਜੇਤੂ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਲੈਕਚਰਾਰ ਰਾਜੀਵ ਵੈਦ, ਡੀ.ਪੀ.ਈ. ਪਰਮਿੰਦਰ ਸਿੰਘ, ਅਜੀਤਪਾਲ ਸਿੰਘ, ਸੀਮਾ ਰਾਣੀ ਤੇ ਕਮਲੇਸ਼ ਸ਼ਰਮਾ ਆਦਿ ਹਾਜ਼ਰ ਸਨ।

## ਮਨਪ੍ਰੀਤ ਕੌਰ ਯੂਨੀਵਰਸਿਟੀ 'ਚੋਂ ਪੰਜਵੇਂ ਤੇ ਕਾਲਜ 'ਚੋਂ ਰਹੀ ਅੱਵਲ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਐੱਮ.ਐੱਮ.ਡੀ. ਡੀ.ਏ.ਵੀ. ਕਾਲਜ ਗਿੱਦੜਬਾਹਾ ਦੀ ਬੀ.ਏ. ਭਾਗ ਪਹਿਲਾ ਸਮੈਸਟਰ-ਦੂਜਾ ਦੀ ਵਿਦਿਆਰਥਣ ਮਨਪ੍ਰੀਤ ਕੌਰ ਪੁੱਤਰੀ ਰਣਜੀਤ ਸਿੰਘ ਵਾਸੀ ਗਿੱਦੜਬਾਹਾ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚੋਂ 8.83 ਗ੍ਰੇਡ ਪੁਆਇੰਟ ਹਾਸਲ ਕਰਕੇ ਪੰਜਵਾਂ ਸਥਾਨ ਪ੍ਰਾਪਤ ਕੀਤਾ ਹੈ।ਇਸੇ ਤਰ੍ਹਾਂ ਗਗਨਦੀਪ ਕੌਰ ਪੁੱਤਰੀ ਵਿਜੈ ਕੁਮਾਰ ਨੇ 8.42 ਗ੍ਰੇਡ ਪੁਆਇੰਟ ਲੈ ਕੇ ਕਾਲਜ ਵਿੱਚੋਂ ਦੂਜਾ, ਜਦਕਿ ਵਿਸ਼ਾਲ ਗਾਬਾ ਪੁੱਤਰ ਰਜਿੰਦਰ ਕੁਮਾਰ ਨੇ 8.29 ਗ੍ਰੇਡ ਪੁਆਇੰਟ ਹਾਸਲ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਕਾਲਜ ਦੇ ਪ੍ਰਿੰ. ਰਾਜੇਸ਼ ਮਹਾਜਨ ਨੇ ਉਨ੍ਹਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਸਫਲਤਾ ਦਾ ਸਿਹਰਾ ਵਿਦਿਆਰਥੀਆਂ ਦੀ ਮਿਹਨਤ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਜਾਂਦਾ ਹੈ।ਉਨ੍ਹਾਂ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਹਾਜ਼ਰ ਸੀ।

## ਕੇਂਦਰੀ ਜੇਲ੍ਹ ਫਰੀਦਕੋਟ ਇੱਕ ਵਾਰ ਫਿਰ ਸੁਰਖੀਆਂ 'ਚ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਕੇਂਦਰੀ ਜੇਲ੍ਹ ਫਰੀਦਕੋਟ 'ਚ ਜੇਲ੍ਹ ਪ੍ਰਸ਼ਾਸਨ ਵਲੋਂ ਕੀਤੀ ਗਈ ਤਲਾਸ਼ੀ ਦੌਰਾਨ 2 ਲਾਕਅੱਪਾਂ 'ਚੋਂ 2 ਟੱਚ ਸਕਰੀਨ ਮੋਬਾਇਲ ਫੋਨ ਅਤੇ ਸਿਮ ਕਾਰਡ ਬਰਾਮਦ ਕੀਤੇ ਗਏ, ਜਦ ਕਿ ਇਕ ਹੋਰ ਲਾਕਅੱਪ 'ਚੋਂ 41 ਗ੍ਰਾਮ ਨਸ਼ੀਲਾ ਪਦਾਰਥ ਚਿੱਟੇ ਵਰਗਾ ਬਰਾਮਦ ਕੀਤਾ ਗਿਆ। ਇਨ੍ਹਾਂ ਮਾਮਲਿਆਂ 'ਚ ਥਾਣਾ ਸਿਟੀ ਕੋਤਵਾਲੀ ਫ਼ਰੀਦਕੋਟ ਦੀ ਪੁਲਿਸ ਨੇ ਸਬੰਧਤ ਐਕਟ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਬਲਾਕ ਨੰਬਰ-5 ਦੀ ਬੈਰਕ ਨੰਬਰ-9 ਦੀ ਜੇਲ੍ਹ ਮੁਲਾਜ਼ਮਾਂ ਵੱਲੋਂ ਅਚਾਨਕ ਤਲਾਸ਼ੀ ਲਈ ਗਈ। ਇੱਕ ਹੋਰ ਮਾਮਲੇ ਵਿੱਚ ਜੇਲ੍ਹ ਸਟਾਫ ਵੱਲੋਂ ਬਲਾਕ ਨੰਬਰ 5 ਦੀ ਬੈਰਕ ਨੰਬਰ 16 ਦੀ ਤਲਾਸ਼ੀ ਲਈ । ਇਸ ਦੌਰਾਨ ਇਕ ਵਿਅਕਤੀ ਦੇ ਬੈੱਡ ਅਤੇ ਸਮਾਨ ਦੀ ਤਲਾਸ਼ੀ ਲੈਣ 'ਤੇ ਉਸ ਦੇ ਕੱਪੜਿਆਂ ਵਾਲੇ ਬੈਗ 'ਚੋਂ ਇਕ ਮੋਮੀ ਲਿਫਾਫਾ ਬਰਾਮਦ ਹੋਇਆ। ਲਿਫਾਫੇ ਵਿਚੋਂ 41 ਗ੍ਰਾਮ ਨਸ਼ੀਲਾ ਪਦਾਰਥ ਚਿੱਟੇ ਵਰਗਾ ਬਰਾਮਦ ਹੋਇਆ। ਫੜੇ ਗਏ ਵਿਅਕਤੀ ਦੀ ਪਛਾਣ ਪਵਨਪਾਲ ਸਿੰਘ ਵਾਸੀ ਸੰਗਤਪੁਰਾ, ਅੰਮ੍ਰਿਤਸਰ ਸਾਹਿਬ ਵਜੋਂ ਹੋਈ ਹੈ।

## ਭਾਸ਼ਾ ਵਿਭਾਗ ਪੰਜਾਬ ਨੇ ਦੇਹਰਾਦੂਨ 'ਚ ਕਵੀ ਦਰਬਾਰ ਕਰਵਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਭਾਸ਼ਾ ਵਿਭਾਗ ਪੰਜਾਬ ਵੱਲੋਂ 'ਪੰਜਾਬੋਂ ਬਾਹਰ' ਸਮਾਗਮਾਂ ਦੀ ਲੜੀ ਤਹਿਤ ਡਾ. ਬਲਵੀਰ ਸਿੰਘ ਸਾਹਿਤ ਸਦਨ (ਪੰਜਾਬੀ ਯੂਨੀਵਰਸਿਟੀ ਕੈਂਪਸ) ਦੇਹਰਾਦੂਨ ਵਿਖੇ ਭਾਈ ਵੀਰ ਸਿੰਘ ਨੂੰ ਸਮਰਪਤ ਕਵੀ ਦਰਬਾਰ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਸ਼੍ਰੋਮਣੀ ਕਵੀ ਦਰਸ਼ਨ ਬੁੱਟਰ, ਸਾਹਿਤ ਗੌਰਵ ਪ੍ਰੇਮ ਸਾਹਿਲ ਦੇਹਰਾਦੂਨ ਤੇ ਪ੍ਰੋ. ਸੁਦਰਸ਼ਨ ਗਾਸੋ ਅੰਬਾਲਾ ਨੇ ਕੀਤੀ। ਵੱਖ-ਵੱਖ ਸੂਬਿਆਂ ਤੋਂ ਪੁੱਜੇ ਕਵੀਆਂ ਨੇ ਆਪਣੀਆਂ ਰਚਨਾਵਾਂ ਰਾਹੀਂ ਕਵੀ ਦਰਬਾਰ ਨੂੰ ਬਹੁਪਰਤੀ ਬਣਾ ਦਿੱਤਾ।ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਉੱਪ-ਕੁਲਪਤੀ ਡਾ. ਜਗਦੀਪ ਸਿੰਘ, ਸ੍ਰੀ ਸਾਹਿਬ ਦੇ ਚੇਅਰਮੈਨ ਸ੍ਰ. ਨਰਿੰਦਰਜੀਤ ਸਿੰਘ ਬਿੰਦਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਕਵੀ ਦਰਬਾਰ ਦੀ ਸ਼ੁਰੂਆਤ ਸ਼ਾਇਰ ਡਾ. ਸੰਦੀਪ ਸ਼ਰਮਾ ਲੁਧਿਆਣਾ ਨੇ ਭਾਵਪੂਰਤ ਕਵਿਤਾ 'ਪਿਤਾ' ਨਾਲ ਕੀਤੀ।ਫਿਰ ਅਵਤਾਰਜੀਤ ਸਿੰਘ ਪਟਿਆਲਾ ਨੇ 'ਅਸੀਂ ਜੋ ਵੀ ਲਿਖਦੇ ਹਾਂ ਫ਼ਰਜ਼ ਜ਼ਰੂਰੀ ਲਈ..' ਗੀਤ ਤੁਰੰਨਮ 'ਚ ਗਾ ਕੇ ਲਿਖਾਰੀਆਂ ਨੂੰ ਆਪਣੇ ਫ਼ਰਜ਼ ਪਹਿਚਾਨਣ ਦਾ ਹਲੂਣਾ ਦਿੱਤਾ। ਬਲਵਿੰਦਰ ਸੰਧੂ ਪਟਿਆਲਾ ਨੇ 'ਦਸਵੰਧ', 'ਦਿਲਗੀਰੀ' ਤੇ 'ਅਗਨ ਜਾਂ ਜਲ' ਕਵਿਤਾ ਰਾਹੀਂ ਵੱਖ-ਵੱਖ ਵਿਸ਼ਿਆਂ ਨੂੰ ਛੂਹਿਆ। ਮਨਜੀਤ ਪੁਰੀ ਫ਼ਰੀਦਕੋਟ ਨੇ 'ਸਾਡੇ ਸਮਿਆਂ ਵਿੱਚ..' ਗ਼ਜ਼ਲ ਰਾਹੀਂ ਅਜੋਕੇ ਦੌਰ ਦੇ ਸਮਾਜਿਕ-ਰਾਜਨੀਤਕ ਹਾਲਾਤ 'ਤੇ ਵਿਅੰਗ ਕੀਤੇ।ਇਸ ਤੋਂ ਇਲਾਵਾ ਤਰਸੇਮ ਬਰਨਾਲਾ, ਗੁਰਚਰਨ ਸਿੰਘ ਜੋਗੀ ਅੰਬਾਲਾ, ਸ. ਜਸਵੰਤ ਸਿੰਘ ਜ਼ਫ਼ਰ, ਡਾ. ਅਜੀਤਪਾਲ ਜਟਾਣਾ ਮੋਗਾ, ਪ੍ਰੋ. ਰਾਜੇਸ਼ ਮੋਹਨ ਫ਼ਰੀਦਕੋਟ, ਗੁਰਪ੍ਰੀਤ ਮਾਨਸਾ, ਰਾਜੇਸ਼ ਅਨੰਦ ਆਸੀਰ ਦੇਹਰਾਦੂਨ, ਪ੍ਰੋ. ਗੁਰਪ੍ਰੀਤ ਕੌਰ ਅੰਬਾਲਾ, ਅੰਬਰ ਖਰਬੰਦਾ, ਸੰਤੋਖ ਸੁੱਖੀ, ਦੀਪਕ ਅਰੋੜਾ, ਕੁਮਾਰ ਜਗਦੇਵ ਬਰਾੜ, ਪ੍ਰੇਮ ਸਾਹਿਲ ਦੇਹਰਾਦੂਨ, ਪ੍ਰੋ. ਸੁਦਰਸ਼ਨ ਗਾਸੋ, ਦਰਸ਼ਨ ਬੁੱਟਰ ਨਾਭਾ ਨੇ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ।ਮੰਚ ਸੰਚਾਲਨ ਡਾ. ਮਨਜਿੰਦਰ ਸਿੰਘ ਨੇ ਬਾਖ਼ੂਬੀ ਕੀਤਾ।ਡਾ. ਬਲਵੀਰ ਸਿੰਘ ਸਾਹਿਤ ਸਦਨ ਦੇਹਰਾਦੂਨ ਦੇ ਸਹਿਯੋਗ ਨਾਲ ਕਰਵਾਏ ਇਸ ਕਵੀ ਦਰਬਾਰ ਦੇ ਅਖ਼ੀਰ ਵਿੱਚ ਭਾਸ਼ਾ ਵਿਭਾਗ ਵੱਲੋਂ ਸਾਰੇ ਕਵੀਆਂ ਨੂੰ ਵਿਭਾਗੀ ਸ਼ਾਲਾਂ ਨਾਲ ਸਨਮਾਨਤ ਕੀਤਾ।ਇਸ ਮੌਕੇ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਖੋਜ ਅਫ਼ਸਰ ਹਰਪ੍ਰੀਤ ਸਿੰਘ, ਸਾਹਿਤ ਕੇਂਦਰ ਦੇ ਇੰਚਾਰਜ ਡਾ. ਕੁਲਵਿੰਦਰ ਸਿੰਘ ਸਮੇਤ ਵੱਡੀ ਗਿਣਤੀ 'ਚ ਸਰੋਤੇ ਹਾਜ਼ਰ ਸਨ।

## ਪੰਜਾਬੀ ਨੂੰ ਬਰਬਾਦ ਕਰਨ ਦੀਆਂ ਸਾਜ਼ਿਸ਼ਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਡਾ. ਮਾਹਲ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬੀ ਭਾਸ਼ਾ ਦੇ ਉੱਘੇ ਸ਼ਾਇਰ ਤੇ ਭਾਸ਼ਾ ਵਿਭਾਗ ਪੰਜਾਬ ਦੇ ਨਿਰਦੇਸ਼ਕ ਇੰਜੀ. ਜਸਵੰਤ ਜ਼ਫ਼ਰ ਨੂੰ ਪੰਜਾਬ ਦੀ ਬਿਊਰੋਕ੍ਰੇਸੀ ਵੱਲੋਂ ਤੰਗ ਪ੍ਰੇਸ਼ਾਨ ਕਰਨ ਤੇ ਉਨ੍ਹਾਂ ਦੇ ਕੰਮ ਕਾਜ ਵਿੱਚ ਜਾਣ-ਬੁੱਝ ਕੇ ਅੜਿੱਕੇ ਖੜ੍ਹੇ ਕਰਨ ਤੇ ਪੰਜਾਬ ਮਾਂ ਬੋਲੀ ਨੂੰ ਪਿਆਰ ਕਰਨ ਵਾਲੇ ਪੰਜਾਬੀ ਭਾਸ਼ਾ ਦੇ ਅਲੰਬਰਦਾਰ ਸਕਤੇ ਵਿੱਚ ਹਨ।ਪੰਜਾਬੀ ਕਹਾਣੀਕਾਰ ਡਾ. ਯਤਿੰਦਰ ਕੌਰ ਮਾਹਲ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਨੱਕ ਥੱਲੇ ਅਫਸਰਸ਼ਾਹੀ ਪੰਜਾਬੀ ਭਾਸ਼ਾ ਦੇ ਅਲੰਬਰਦਾਰ ਜਸਵੰਤ ਜ਼ਫ਼ਰ ਨੂੰ ਤੰਗ ਪ੍ਰੇਸ਼ਾਨ ਕਰਨਾ ਪੰਜਾਬੀ ਤੇ ਪੰਜਾਬੀਅਤ ਦਾ ਅਪਮਾਨ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਅਫਸਰਸ਼ਾਹੀ ਨਹੀਂ ਚਾਹੁੰਦੀ ਕਿ ਦਫ਼ਤਰੀ ਕੰਮ ਕਾਜ ਪੰਜਾਬੀ ਭਾਸ਼ਾ ਵਿੱਚ ਹੋਏ, ਜਦਕਿ ਜਸਵੰਤ ਜ਼ਫ਼ਰ ਨੇ ਭਾਸ਼ਾ ਵਿਭਾਗ ਦੇ ਨਿਰਦੇਸ਼ਕ ਵਜੋਂ ਕੰਮ ਕਾਜ ਸੰਭਾਲਦੇ ਸਾਰ ਹੀ ਦਫ਼ਤਰਾਂ ਵਿੱਚ ਪੰਜਾਬੀ 'ਚ ਕੰਮ ਕਾਜ ਕਰਨ 'ਤੇ ਜ਼ੋਰ ਦਿੱਤਾ।ਏਥੋਂ ਤੱਕ ਕਿ ਉਨ੍ਹਾਂ ਅਫ਼ਸਰਸ਼ਾਹੀ ਨੂੰ ਵੀ ਪੰਜਾਬੀ ਵਿੱਚ ਕੰਮ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ, ਜੋ ਕਿ ਉਨ੍ਹਾਂ ਨੂੰ ਨਾਗਵਾਰ ਗੁਜ਼ਰੀਆਂ।ਇਸੇ ਖੁੰਦਕ ਨਾਲ ਉਨ੍ਹਾਂ ਨੇ ਜਸਵੰਤ ਜ਼ਫ਼ਰ ਦਾ ਹੌਸਲਾ ਤੋੜਨ ਦੇ ਮਨਸ਼ੇ ਨਾਲ ਉਨ੍ਹਾਂ ਨੂੰ ਤੰਗ ਪ੍ਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ।ਹਾਲੀਆ ਦਿਨਾਂ ਵਿੱਚ ਭਾਸ਼ਾ ਵਿਭਾਗ ਦੀ ਪ੍ਰਬੰਧਕੀ ਸਕੱਤਰ ਸੋਨਾਲੀ ਗਿਰੀ ਦੇ ਦਫਤਰ ਵੱਲੋਂ ਉਨ੍ਹਾਂ ਨੂੰ ਅਜਿਹੀ ਗਲਤੀਆਂ, ਜੋ ਉਨ੍ਹਾਂ ਦੇ ਕਾਰਜਕਾਲ ਦੀਆਂ ਨਹੀਂ ਸਨ, ਬਾਰੇ ਅਧਾਰਹੀਣ ਕਾਰਨ ਦੱਸੋ ਨੋਟਿਸ ਜਾਰੀ ਕਰ ਦਿੱਤਾ।ਇਸ ਤੋਂ ਪਹਿਲਾਂ ਉਨ੍ਹਾਂ ਨੂੰ ਦਫਤਰ ਬੁਲਾ ਕੇ ਘੰਟਿਆਂ ਬੱਧੀ ਬਾਹਰ ਇੰਤਜ਼ਾਰ ਕਰਾਉਣਾ ਤੇ ਬਾਅਦ ਵਿੱਚ ਉਨ੍ਹਾਂ ਨੂੰ ਜ਼ਲੀਲ ਕਰਨਾ ਨਾ-ਕਾਬਲ-ਏ ਬਰਦਾਸ਼ਤ ਹੈ।ਪੰਜਾਬੀ ਲੇਖਿਕਾ ਨੇ ਕਿਹਾ ਕਿ ਪੰਜਾਬੀ ਭਾਸ਼ਾ ਦੇ ਮਾਣ ਸਨਮਾਨ ਨੂੰ ਨੀਵਾਂ ਦਿਖਾਉਣ ਦੀ ਕਿਸੇ ਵੀ ਸਾਜ਼ਿਸ਼ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਇਸ ਦਾ ਹਰ ਹੀਲੇ ਵਿਰੋਧ ਕੀਤਾ ਜਾਵੇਗਾ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਜਸਵੰਤ ਜ਼ਫ਼ਰ ਨੂੰ ਤੰਗ ਪ੍ਰੇਸ਼ਾਨ ਕਰਨਾ ਬੰਦ ਕੀਤਾ ਜਾਵੇ ਤੇ ਉਨ੍ਹਾਂ ਨੂੰ ਜਾਰੀ ਕੀਤਾ ਕਾਰਨ ਦੱਸੋ ਨੋਟਿਸ ਵਾਪਸ ਲਿਆ ਜਾਵੇ।

## ਗੁਰਤੇਜ ਸਿੰਘ ਵਰਲਡ ਹਿਊਮਨ ਰਾਈਟਸ ਫਾਊਂਡੇਸ਼ਨ ਦੇ ਪ੍ਰਧਾਨ ਬਣੇ



**ਮਾਨਸਾ (ਆਤਮਾ ਸਿੰਘ ਪਮਾਰ)**-ਵਰਲਡ ਹਿਊਮਨ ਰਾਈਟਸ ਫਾਊਂਡੇਸ਼ਨ ਮਾਨਸਾ ਦੀ ਇੱਕ ਅਹਿਮ ਮੀਟਿੰਗ ਸੂਰਜ ਛਾਬੜਾ ਫਾਊਂਡਰ ਚੇਅਰਮੈਨ ਦੀ ਦੇਖ-ਰੇਖ ਹੇਠ ਸਥਾਨਕ ਅਮਰ ਰਿਜ਼ੋਰਟ ਵਿਖੇ ਹੋਈ।ਮੀਟਿੰਗ 'ਚ ਵਿਚਾਰ ਵਟਾਂਦਰੇ ਉਪਰੰਤ ਸਮੂਹ ਮੈਂਬਰਾਂ ਦੀ ਸਹਿਮਤੀ ਨਾਲ ਕ੍ਰਿਸ਼ਨ ਕੁਮਾਰ (ਸੇਵਾ-ਮੁਕਤ ਐੱਸ ਡੀ ਓ) ਨੂੰ ਮੁੱਖ ਚੋਣ ਅਧਿਕਾਰੀ ਨਿਯੁਕਤ ਕੀਤਾ ਗਿਆ।ਮੀਟਿੰਗ ਦੌਰਾਨ ਚੋਣ ਅਧਿਕਾਰੀ ਨੇ ਕਿਹਾ ਕਿ ਸੰਸਥਾ ਦਾ ਕੋਈ ਵੀ ਮੈਂਬਰ ਪ੍ਰਧਾਨਗੀ ਦੇ ਅਹੁਦੇ ਲਈ ਕਿਸੇ ਵੀ ਯੋਗ ਮੈਂਬਰ ਦਾ ਨਾਮ ਪ੍ਰਸਤਾਵਿਤ ਕਰ ਸਕਦਾ ਹੈ, ਜੋ ਸੇਵਾ-ਭਾਵਨਾ ਨਾਲ ਸੰਸਥਾ ਲਈ ਕੰਮ ਕਰਨ ਤੇ ਆਪਣੀ ਪੂਰੀ ਟੀਮ ਦੇ ਸਹਿਯੋਗ ਨਾਲ ਸੰਸਥਾ ਨੂੰ ਹੋਰ ਮਜ਼ਬੂਤ ਕਰਨ ਤੇ ਨਵੀਆਂ ਉਚਾਈਆਂ ਤੱਕ ਪਹੁੰਚਾਉਣ ਲਈ ਵਚਨਬੱਧ ਹੋਵੇ।ਇਸ ਉਪਰੰਤ ਸ੍ਰੀ ਸੰਤ ਪ੍ਰਕਾਸ਼ ਅਰੋੜਾ ਨੇ ਮੁਨੀਸ਼ ਸ਼ਰਮਾ, ਅਜਿੰਦਰ ਗੋਇਲ ਤੇ ਪਵਨ ਗਰਗ ਵੱਲੋਂ ਗੁਰਤੇਜ ਸਿੰਘ ਜਗਗੀ (ਸੇਵਾਮੁਕਤ ਮੈਨੇਜਰ ਐੱਸ ਬੀ ਆਈ) ਦਾ ਨਾਮ ਪ੍ਰਧਾਨਗੀ ਦੇ ਅਹੁਦੇ ਲਈ ਪੇਸ਼ ਕੀਤਾ ਗਿਆ, ਜਿਸ ਨੂੰ ਸਾਲ 2027 ਲਈ ਸਰਬਸੰਮਤੀ ਨਾਲ ਵਰਲਡ ਹਿਊਮਨ ਰਾਈਟਸ ਫਾਊਂਡੇਸ਼ਨ ਮਾਨਸਾ ਦਾ ਪ੍ਰਧਾਨ ਚੁਣ ਲਿਆ ਗਿਆ।ਬਾਕੀ ਸਾਰੇ ਅਹੁਦੇਦਾਰਾਂ ਨੂੰ ਚੁਣਨ ਦੇ ਅਧਿਕਾਰ ਵੀ ਸਰਬਸੰਮਤੀ ਨਾਲ ਨਵ-ਨਿਯੁਕਤ ਪ੍ਰਧਾਨ ਜਗਗੀ ਨੂੰ ਦਿੱਤੇ ਗਏ।ਇਸ ਮੌਕੇ ਸਮੂਹ ਹਾਜ਼ਰ ਮੈਂਬਰਾਂ ਨੇ ਨਵ-ਨਿਯੁਕਤ ਪ੍ਰਧਾਨ ਗੁਰਤੇਜ ਸਿੰਘ ਜਗਗੀ ਨੂੰ ਹਾਰਦਿਕ ਵਧਾਈ ਦਿੰਦਿਆਂ ਉਨ੍ਹਾਂ ਦੇ ਸਫ਼ਲ ਕਾਰਜਕਾਲ ਲਈ ਸ਼ੁਭ-ਇੱਛਾਵਾਂ ਭੇਟ ਕੀਤੀਆਂ।ਮੀਟਿੰਗ 'ਚ ਸੰਤ ਲਾਲ ਨਾਗਪਾਲ, ਰਜਿੰਦਰ ਗਰਗ, ਰੋਹਿਤ ਬੰਸਲ ਐਡਵੋਕੇਟ, ਚਿਮਨ ਲਾਲ ਐਡਵੋਕੇਟ, ਰਵਿੰਦਰ ਬਜਾਜ, ਡਿੰਪਲ ਅਰੋੜਾ, ਪੁਨੀਤ ਗੋਇਲ, ਪਰਮਿੰਦਰ ਕੁਮਾਰ, ਮੋਹਨ ਲਾਲ, ਨਰਿੰਦਰ ਕੁਮਾਰ, ਵਿਕਾਸ ਬੱਬੂ ਦਾਨੇਵਾਲੀਆ, ਮਾਧੋ ਮੁਰਾਰੀ ਸ਼ਰਮਾ, ਲਵਲੀ ਬਾਂਸਲ, ਡਾ. ਕ੍ਰਿਸ਼ਨ ਸੇਠੀ, ਡਾ. ਕੰਚਨ ਸੇਠੀ (ਸਾਬਕਾ ਮਿਊਂਸਪਲ ਕੌਂਸਲਰ), ਰੀਆ ਅਰੋੜਾ ਤੇ ਅੰਜਨਾ ਗਰਗ ਸਮੇਤ ਹੋਰ ਮੈਂਬਰ ਹਾਜ਼ਰ ਸਨ।

## ਗੁਰੂ ਨਾਨਕ ਕਾਲਜ ਵਿਖੇ ਵਿਸ਼ਵ ਉੱਦਮੀ ਦਿਵਸ ਮਨਾਇਆ

**ਦੋਰਾਹਾ (ਹਰਮਿੰਦਰ ਸੇਠ)**



ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਪੋਸਟ-ਗ੍ਰੈਜੂਏਟ ਵਣਜ ਤੇ ਵਪਾਰ ਪ੍ਰਸ਼ਾਸਨ ਵਿਭਾਗ ਵੱਲੋਂ 'ਵਿਸ਼ਵ ਉੱਦਮੀ ਦਿਵਸ' ਨੂੰ ਸਮਰਪਤ 'ਵੱਡੇ ਉੱਦਮੀਆਂ ਦੀਆਂ ਸਫਲਤਾ ਦੀਆਂ ਕਹਾਣੀਆਂ' ਵਿਸ਼ੇ ਉੱਤੇ ਇੱਕ ਪਾਵਰਪੁਆਇੰਟ ਪੇਸ਼ਕਾਰੀ ਮੁਕਾਬਲਾ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਦੀ ਯੋਗ ਪ੍ਰੇਰਨਾ ਤੇ ਵਣਜ ਵਿਭਾਗ ਦੇ ਮੁਖੀ ਪ੍ਰੋ. ਰਣਜੀਤ ਕੌਰ ਦੀ ਅਗਵਾਈ ਹੇਠ ਕਰਵਾਏ ਗਏ ਇਸ ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵਿਸ਼ਵ ਪੱਧਰ 'ਤੇ ਪ੍ਰਸਿੱਧ ਉੱਦਮੀਆਂ ਦੇ ਜੀਵਨ ਸੰਘਰਸ਼, ਪ੍ਰੇਰਨਾਦਾਇਕ ਸਫ਼ਰ ਤੇ ਪ੍ਰਾਪਤੀਆਂ ਤੋਂ ਜਾਣੂ ਕਰਵਾਉਣਾ, ਉਨ੍ਹਾਂ ਦੇ ਆਤਮ-ਵਿਸ਼ਵਾਸ ਨੂੰ ਬੁਲੰਦ ਕਰਨਾ ਤੇ ਉਨ੍ਹਾਂ ਵਿੱਚ ਉੱਦਮੀ ਸੋਚ ਨੂੰ ਪ੍ਰਫੁੱਲਤ ਕਰਨਾ ਸੀ।ਇਸ ਅੰਤਰ-ਕਲਾਸ ਮੁਕਾਬਲੇ ਵਿੱਚ ਬੀ.ਕਾਮ, ਬੀ.ਬੀ.ਏ ਤੇ ਐੱਮ.ਕਾਮ ਦੇ ਕੁੱਲ 11 ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਮੋਹਰੀ ਉੱਦਮੀਆਂ ਦੀਆਂ ਪ੍ਰੇਰਨਾਦਾਇਕ ਕਹਾਣੀਆਂ ਪੇਸ਼ ਕੀਤੀਆਂ। ਇਸ ਮੁਕਾਬਲੇ ਵਿੱਚ ਖੁਸ਼ਮਿੰਦਰ ਸਿੰਘ ਤੇ ਤਾਨਿਸ਼ ਬੀ.ਕਾਮ ਭਾਗ ਤੀਜਾ ਨੇ ਪਹਿਲਾ, ਸਿਮਰਨਜੋਤ ਕੌਰ ਬੀ.ਕਾਮ ਭਾਗ ਤੀਜਾ ਨੇ ਦੂਸਰਾ ਤੇ ਸ਼ਿਵਾਨੀ ਬੀ.ਕਾਮ ਭਾਗ ਦੂਜਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਜੱਜਾਂ ਦੀ ਭੂਮਿਕਾ ਪ੍ਰੋ. ਅਮਨਦੀਪ ਕੌਰ ਚੀਮਾ ਤੇ ਪ੍ਰੋ. ਦੀਪਾਲੀ ਅਰੋੜਾ ਨੇ ਨਿਭਾਈ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ।ਇਸ ਅਵਸਰ 'ਤੇ ਡਾ. ਨਿਰਲੇਪ ਕੌਰ, ਪ੍ਰੋ. ਗੁਰਜਿੰਦਰ ਕੌਰ ਐ ਪ੍ਰੋ. ਦੀਪਿਕਾ ਰਾਇਚਾਨ ਹਾਜ਼ਰ ਸਨ।ਇਸ ਮੁਕਾਬਲੇ ਦੇ ਆਯੋਜਨ ਵਿੱਚ ਪ੍ਰੋ. ਹੀਨਾ ਰਾਣੀ, ਪ੍ਰੋ. ਜਸਪ੍ਰੀਤ ਕੌਰ ਅਤੇ ਪ੍ਰੋ. ਨਵਜੋਤ ਸਿੰਘ ਨੇ ਯੋਗਦਾਨ ਪਾਇਆ।

ਇਸ ਮੁਕਾਬਲੇ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਵਣਜ ਵਿਭਾਗ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ।

## ਸ਼ੁਤਰਾਣਾ ਦੀ ਸਮੁੱਚੀ ਕਾਂਗਰਸ ਪਰਗਟ ਸਿੰਘ ਦੇ ਨਾਲ : ਅਰਸ਼ਦੀਪ ਮੱਲ



**ਪਟਿਆਲਾ/ਸਨੌਰ (ਰਾਜਿੰਦਰ ਥਿੰਦ)**-ਪੰਜਾਬ ਯੂਥ ਕਾਂਗਰਸ ਦੇ ਪਟਿਆਲਾ ਜਿਲੇ ਦੇ ਪ੍ਰਧਾਨ ਅਰਸ਼ਦੀਪ ਸਿੰਘ ਮੱਲ ਅਤੇ ਸੀਨੀਅਰ ਆਗੂ ਬਲਿਹਾਰ ਸਿੰਘ ਸਮੱਸਪੁਰ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵੇਂ ਬਣੇ ਪ੍ਰਧਾਨ ਅਤੇ ਸਾਬਕਾ ਓਲੰਪੀਅਨ ਪਰਗਟ ਸਿੰਘ ਨਾਲ ਮੁਲਾਕਾਤ ਕਰਨ ਸਮੇਂ ਉਹਨਾਂ ਦੀ ਨਿਯੁਕਤੀ 'ਤੇ ਭਰਵਾਂ ਅਤੇ ਜ਼ੋਰਦਾਰ ਸਵਾਗਤ ਕਰਦੇ ਹੋਏ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ਹੈ! ਮੱਲ ਨੇ ਕਿਹਾ ਕਿ ਕਾਂਗਰਸ ਹਾਈਕਮਾਨ ਵੱਲੋਂ ਪਰਗਟ ਸਿੰਘ ਨੂੰ. ਪੰਜਾਬ ਕਾਂਗਰਸ ਦੀ ਕਮਾਨ ਸੌਂਪਣਾ ਇਕ ਬਹੁਤ ਹੀ ਸ਼ਲਾਘਾਯੋਗ ਅਤੇ ਦੂਰਅੰਦੇਸ਼ੀ ਵਾਲਾ ਫ਼ੈਸਲਾ ਹੈ। ਉਨ੍ਹਾਂ ਕਿਹਾ ਕਿ ਪਰਗਟ ਸਿੰਘ ਇਕ ਸਾਫ਼-ਸੁਥਰੇ ਅਕਸ, ਈਮਾਨਦਾਰ ਅਤੇ ਜ਼ਮੀਨ ਨਾਲ ਜੁੜੇ ਹੋਏ ਨੇਤਾ ਹਨ। ਉਨ੍ਹਾਂ ਕਿਹਾ ਕਿ ਹਲਕਾ ਸ਼ੁਤਰਾਣਾ ਦੀ ਸਮੁੱਚੀ ਕਾਂਗਰਸ ਲੀਡਰਸ਼ਿਪ ਅਤੇ ਵਰਕਰ ਪਰਗਟ ਸਿੰਘ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ ਅਤੇ ਪਾਰਟੀ ਨੂੰ ਮੁੜ ਬੁਲੰਦੀਆਂ 'ਤੇ ਲਿਜਾਣ ਲਈ ਦਿਨ-ਰਾਤ ਮਿਹਨਤ ਕਰਨਗੇ।

## ਅਕਾਲੀ ਆਗੂਆਂ ਸਮੇਤ ਕਈ ਹੋਰ 'ਆਪ' 'ਚ ਸ਼ਾਮਲ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਆਮ ਆਦਮੀ ਪਾਰਟੀ ਨੂੰ ਹਲਕਾ ਲੰਬੀ ਵਿੱਚ ਉਸ ਸਮੇਂ ਹੋਰ ਮਜ਼ਬੂਤੀ ਮਿਲੀ ਜਦੋਂ ਪਿੰਡ ਭਗਵਾਨਪੁਰਾ ਵਿਖੇ ਅਕਾਲੀ ਦਲ ਨਾਲ ਜੁੜੇ ਟਕਸਾਲੀ ਆਗੂਆਂ ਅਤੇ ਅੱਧਾ ਦਰਜਨ ਪਰਿਵਾਰਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਕੈਬਨਿਟ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਦੀ ਹਾਜ਼ਰੀ ਵਿੱਚ ਹੋਏ ਇਸ ਸਮਾਗਮ ਦੌਰਾਨ ਨਵੇਂ ਸ਼ਾਮਲ ਹੋਏ ਆਗੂਆਂ ਅਤੇ ਪਰਿਵਾਰਾਂ ਦਾ ਪਾਰਟੀ ਵਿੱਚ ਸਵਾਗਤ ਕੀਤਾ ਗਿਆ।ਗੁਰਬਚਨ ਸਿੰਘ (ਸਾਬਕਾ ਪੰਚਾਇਤ ਮੈਂਬਰ), ਜਿਉਣ ਸਿੰਘ, ਮਹਿੰਦਰ ਸਿੰਘ, ਬਲਜਿੰਦਰ ਸਿੰਘ ਬੱਬੀ, ਸਤਵਿੰਦਰ ਸਿੰਘ, ਡਾ. ਗੁਰਨਾਮ ਸਿੰਘ, ਕੁਲਵਿੰਦਰ ਸਿੰਘ ਅਤੇ ਮਨਜਿੰਦਰ ਸਿੰਘ ਕਾਲਾ ਸਮੇਤ ਕਈ ਸਤਿਕਾਰਯੋਗ ਸ਼ਖ਼ਸੀਅਤਾਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਈਆਂ।ਕੈਬਨਿਟ ਮੰਤਰੀ ਖੁੱਡੀਆਂ ਨੇ ਨਵੇਂ ਸ਼ਾਮਲ ਹੋਏ ਆਗੂਆਂ ਅਤੇ ਪਰਿਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਹਰ ਵਰਗ ਨੂੰ ਨਾਲ ਲੈ ਕੇ ਪੰਜਾਬ ਦੀ ਤਰੱਕੀ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਆਗੂ ਅਤੇ ਵਰਕਰ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ।

## ਬੁੱਧ ਰਾਮ ਨੇ ਬਾਸਮਤੀ ਦੀ ਬੋਲੀ ਦਾ ਲਿਆ ਜਾਇਜ਼ਾ



**ਬੁਢਲਾਡਾ (ਅਸ਼ੋਕ ਲਾਕੜਾ)**-ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਅਨਾਜ ਮੰਡੀ ਬੁਢਲਾਡਾ ਵਿਖੇ ਬਾਸਮਤੀ ਝੋਨੇ ਦੀ ਬੋਲੀ ਦੇ ਕੰਮ ਦਾ ਜਾਇਜ਼ਾ ਲਿਆ।ਉਨ੍ਹਾਂ ਬਾਸਮਤੀ ਦੀ ਬੋਲੀ ਵੀ ਕਰਵਾਈ।ਪ੍ਰਿੰਸੀਪਲ ਬੁੱਧਰਾਮ ਨੇ ਦੱਸਿਆ ਕਿ ਬੁਢਲਾਡਾ ਮੰਡੀ ਵਿੱਚ ਹੁਣ ਤੱਕ ਕਰੀਬ 800 ਟਨ ਬਾਸਮਤੀ ਆ ਚੁੱਕੀ ਹੈ ਤੇ ਬਾਸਮਤੀ ਦੀ ਆਮਦ ਲਗਾਤਾਰ ਜਾਰੀ ਹੈ।ਬਾਸਮਤੀ ਦੀ ਬੋਲੀ ਦਾ ਕੰਮ ਸ਼ੁਰੂ ਹੋਣ ਦੇ ਨਾਲ-ਨਾਲ ਆਈ ਬਾਸਮਤੀ ਦੀ ਲਿਫਟਿੰਗ ਵੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਭਾਵੇਂ ਦੂਜੇ ਝੋਨੇ ਦੀ ਆਮਦ ਅਜੇ ਸ਼ੁਰੂ ਨਹੀਂ ਹੋਈ, ਪਰ ਬਾਸਮਤੀ ਦੀ ਆਮਦ ਸ਼ੁਰੂ ਹੋ ਚੁੱਕੀ ਹੈ ਤੇ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਪ੍ਰਿੰਸੀਪਲ ਬੁੱਧਰਾਮ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਖ਼ਰੀਦ ਤੇ ਲਿਫਟਿੰਗ ਨੂੰ ਸੁਚਾਰੂ ਬਣਾਉਣ ਲਈ ਵਚਨਬੱਧ ਹੈ।ਇਸ ਮੌਕੇ ਉਨ੍ਹਾਂ ਨਾਲ ਸਰਵਿੰਦਰ ਸਿੰਘ, ਸੁਨੀਲ ਸੇਠੀ ਸਕੱਤਰ ਮਾਰਕੀਟ ਕਮੇਟੀ, ਤਰਸੇਮ ਸਿੰਘ ਬਲਾਕ ਸੰਮਤੀ ਮੈਂਬਰ, ਕੁਲਦੀਪ ਸਿੰਘ, ਜਲਾਲ ਆੜ੍ਹਤੀਆ, ਮਹਿੰਦਰ ਪਾਲ ਅਤੇ ਹੋਰ ਆੜ੍ਹਤੀਏ ਤੇ ਕਿਸਾਨ ਹਾਜ਼ਰ ਸਨ।

## ਡੀ ਏ ਵੀ ਕਰਿਆਲਾ ਵਿਖੇ 'ਰਨ ਫਾਰ ਫਨ ਮੈਰਾਥਨ' ਦਾ ਆਯੋਜਨ



**ਸਮਾਣਾ (ਇਕਬਾਲ ਸਿੰਘ ਬੱਲ)**-ਰਾਸ਼ਟਰਪਿਤਾ ਮਹਾਤਮਾ ਗਾਂਧੀ ਤੇ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਦੇ ਜਨਮ ਦਿਵਸ ਮੌਕੇ ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਰਿਆਲਾ ਵਿਖੇ 'ਰਨ ਫਾਰ ਫਨ ਮੈਰਾਥਨ' ਦਾ ਆਯੋਜਨ ਬੜੇ ਉਤਸ਼ਾਹ, ਦੇਸ਼ਭਗਤੀ ਤੇ ਜੋਸ਼ ਨਾਲ ਕੀਤਾ ਗਿਆ।ਇਸ ਮੈਰਾਥਨ ਵਿੱਚ ਤੀਜੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਪੂਰੇ ਜੋਸ਼, ਅਨੁਸ਼ਾਸਨ ਤੇ ਉਤਸ਼ਾਹ ਨਾਲ ਭਾਗ ਲਿਆ।ਮੈਰਾਥਨ ਨੂੰ ਸਕੂਲ ਦੇ ਵਿਹੜੇ ਤੋਂ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸ਼ਿਖਾ ਸ਼ਰਮਾ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਵਿਦਿਆਰਥੀ ਡੀ.ਏ.ਵੀ. ਕਰਿਆਲਾ ਤੋਂ ਅਨਾਜ ਮੰਡੀ ਕਰਿਆਲਾ ਤੱਕ ਗਏ ਤੇ ਇਸ ਤੋਂ ਬਾਅਦ ਡੀ.ਏ.ਵੀ. ਕਰਿਆਲਾ ਤੋਂ ਚੁਕਰੀ ਪਿੰਡ ਵੱਲ ਦੌੜਦੇ ਹੋਏ ਫਿਰ ਮੁੜ ਸਕੂਲ ਦੇ ਵਿਹੜੇ ਵਿੱਚ ਪਹੁੰਚੇ।ਮੈਰਾਥਨ ਦੌਰਾਨ ਵੱਖ-ਵੱਖ ਉਮਰ ਵਰਗਾਂ ਵਿੱਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਜੇਤੂ ਵਿਦਿਆਰਥੀਆਂ ਦੇ ਨਤੀਜੇ ਇਸ ਪ੍ਰਕਾਰ ਰਹੇ: ਅੰਡਰ-14 ਵਰਗ ਵਿੱਚ ਪਹਿਲਾ ਸਥਾਨ ਅਜੀਤ ਸਿੰਘ, ਜਮਾਤ 7-ਸੀ, ਦੂਜਾ ਸਥਾਨ ਸਹਿਜਪ੍ਰੀਤ ਸਿੰਘ, ਜਮਾਤ 7-ਬੀ ਤੇ ਤੀਜਾ ਸਥਾਨ ਪ੍ਰਤਾਪ ਸਿੰਘ, ਜਮਾਤ 7-ਏ ਨੇ ਪ੍ਰਾਪਤ ਕੀਤਾ।ਅੰਡਰ-17 ਵਰਗ ਵਿੱਚ ਪਹਿਲਾ ਸਥਾਨ ਹਨੀ ਸਿੰਘ, ਜਮਾਤ 9-ਸੀ, ਦੂਜਾ ਸਥਾਨ ਮਹਿਤਪ੍ਰੀਤ ਸਿੰਘ, ਜਮਾਤ 9-ਬੀ ਅਤੇ ਤੀਜਾ ਸਥਾਨ ਖੁਸ਼ਦੀਪ ਸਿੰਘ, ਜਮਾਤ 8-ਸੀ ਨੇ ਹਾਸਲ ਕੀਤਾ।ਸਕੂਲ ਪ੍ਰਬੰਧਕਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਤੇ ਵਿਦਿਆਰਥੀਆਂ ਨੂੰ ਖੇਡਾਂ ਤੇ ਸਰੀਰਕ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ।

## ਨਸ਼ਿਆਂ ਵਿਰੁੱਧ ਪੁਲਸ ਵੱਲੋਂ ਵੱਡੀ ਕਾਰਵਾਈ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਐਤਵਾਰ ਨੂੰ ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਚਹਿਲ ਦੀ ਅਗਵਾਈ ਹੇਠ ਵੱਡੇ ਪੱਧਰ 'ਤੇ ਕਾਸੋ (ਕੋਰਡਨ ਐਂਡ ਸਰਚ ਆਪ੍ਰੇਸ਼ਨ) ਚਲਾਇਆ ਗਿਆ। ਪੁਲਿਸ ਵੱਲੋਂ ਸ਼ਹਿਰ ਦੇ ਕਰੀਬ 20 ਹੌਟ ਸਪਾਟ ਇਲਾਕਿਆਂ ਵਿੱਚ ਵਿਆਪਕ ਤਲਾਸ਼ੀ ਮੁਹਿੰਮ ਚਲਾਈ ਗਈ।ਆਪ੍ਰੇਸ਼ਨ ਦੌਰਾਨ ਵੱਡੀ ਗਿਣਤੀ ਵਿੱਚ ਪੁਲਿਸ ਬਲ ਤਾਇਨਾਤ ਰਿਹਾ।

ਡੀ ਆਈ ਜੀ ਚਹਿਲ ਤੇ ਐਸ ਐਸ ਪੀ ਹਰਮਨ ਹੰਸ ਸਮੇਤ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਟੀਮਾਂ ਨੇ ਵੱਖ-ਵੱਖ ਸ਼ੱਕੀ ਥਾਵਾਂ, ਪੀ ਜੀ, ਹੋਟਲਾਂ ਅਤੇ ਉਨ੍ਹਾਂ ਥਾਵਾਂ ਦੀ ਤਲਾਸ਼ੀ ਲਈ, ਜਿੱਥੇ ਨਸ਼ਿਆਂ ਦੀ ਖਰੀਦ-ਫਰੋਖ਼ਤ ਹੋਣ ਦਾ ਖ਼ਦਸ਼ਾ ਸੀ। ਤਲਾਸ਼ੀ ਮੁਹਿੰਮ ਦੌਰਾਨ ਪੁਲਿਸ ਨੇ ਕਰੀਬ 10 ਗ੍ਰਾਮ ਹੈਰੋਇਨ ਬਰਾਮਦ ਕੀਤੀ ਅਤੇ ਤਿੰਨ ਵਿਅਕਤੀਆਂ ਖ਼ਿਲਾਫ਼ ਐਫ ਆਈ ਆਰ ਦਰਜ ਕੀਤੀ ਹੈ।

## ਕੇਂਦਰ ਦਾ ਰਵੱਈਆ ਕਿਸਾਨਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾ ਰਿਹੈ : ਨਿੱਕਾ ਖੇੜਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੇਂਦਰ ਸਰਕਾਰ ਨੇ ਕਣਕ ਦੇ ਸਮਰਥਨ ਮੁੱਲ 'ਚ 25 ਰੁਪਏ ਦਾ ਮਾਮੂਲੀ ਵਾਧਾ ਕਰਕੇ ਲੋਕਾਂ ਦਾ ਢਿੱਡ ਭਰਨ ਵਾਲੇ ਅੰਨਦਾਤੇ ਨਾਲ ਕੋਝਾ ਮਜ਼ਾਕ ਕੀਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਨਿੱਕਾ ਸਿੰਘ ਖੇੜਾ, ਕਾਮਰੇਡ ਪ੍ਰਕਾਸ਼ ਸਿੰਘ ਉਧੋਵਾਲ ਤੇ ਹਰਦੇਵ ਸਿੰਘ ਬਾਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦਾ ਕਿਸਾਨੀ ਪ੍ਰਤੀ ਰਵੱਈਆ ਦਰਸਾ ਰਿਹਾ ਹੈ ਕਿ ਜਿੱਥੇ ਕੇਂਦਰ ਸਰਕਾਰ ਦਿੱਲੀ ਅੰਦੋਲਨ 'ਚ ਹੋਈ ਆਪਣੀ ਹਾਰ ਦੀ ਨਮੋਸ਼ੀ ਵਿੱਚ ਹੈ, ਉੱਥੇ ਹੀ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਲਈ ਕਿਸਾਨ ਜਥੇਬੰਦੀਆਂ ਦਾ ਦਬਾਅ ਸਵੀਕਾਰ ਕਰ ਰਹੀ ਹੈ। ਇਸ ਦੀ ਤਾਜ਼ਾ ਮਿਸਾਲ ਆਉਣ ਵਾਲੀ ਕਣਕ ਦੀ ਫਸਲ ਦੇ ਭਾਅ 'ਚ ਨਿਗੂਣਾ 25 ਰੁਪਏ ਦਾ ਵਾਧਾ ਕਰਕੇ ਆਪਣੀ ਮਾਨਸਿਕਤਾ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਇਸ ਵਾਧੇ ਨੂੰ ਮੁੱਢੋਂ ਹੀ ਰੱਦ ਕਰਦਿਆਂ ਲਗਾਤਾਰ ਵੱਧ ਰਹੀ ਮਹਿੰਗਾਈ ਨੂੰ ਦੇਖਦਿਆਂ ਘੱਟੋ-ਘੱਟ 1000 ਰੁਪਏ ਪ੍ਰਤੀ ਕੁਇੰਟਲ ਵਾਧਾ ਕਰਨ ਲਈ ਕੇਂਦਰ ਸਰਕਾਰ ਨੂੰ ਵੱਡਾ ਦਿਲ ਦਿਖਾਉਣ ਲਈ ਕਿਹਾ। ਕਿਸਾਨ ਆਗੂਆਂ ਨੇ ਦੋਸ਼ ਲਾਇਆ ਹੈ ਕਿ ਇੱਕ ਪਾਸੇ ਝੋਨੇ ਦੀ ਪਰਾਲੀ ਸਾੜਨ ਨੂੰ ਲੈ ਕੇ ਨਾਦਰਸ਼ਾਹੀ ਫਰਮਾਨ ਦੂਜੇ ਪਾਸੇ ਕਣਕ ਦੀ ਫਸਲ ਦਾ ਭਾਅ ਵਧਾਉਣ 'ਚ ਕਿਸਾਨ ਵਿਰੋਧੀ ਰਵੱਈਆ ਕਿਸਾਨਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾ ਰਿਹਾ ਹੈ। ਖਾਦਾਂ ਦਵਾਈਆਂ ਤੇ ਸਪਰੇਅ, ਡੀਜ਼ਲ ਤੇ ਲੇਬਰ ਆਦਿ ਦੇ ਰੇਟ 'ਚ ਪਿਛਲੇ ਸਾਲ ਨਾਲੋਂ ਜੋ ਵਾਧਾ ਹੋਇਆ ਹੈ, ਉਹ ਸਰਕਾਰ ਵੱਲੋਂ ਕਣਕ ਤੇ ਹੋਰ ਫਸਲਾਂ ਦੀ ਐਲਾਨੀ ਗਈ ਐੱਮ.ਐੱਸ.ਪੀ. ਤੋਂ ਕਈ ਗੁਣਾ ਜਿਆਦਾ ਹੈ। ਇਸ ਲਈ ਪਿਛਲੇ ਸਾਲ ਨਾਲੋਂ ਇਸ ਸਾਲ ਕਿਸਾਨ ਦੀ ਜੋ ਕਣਕ ਨੂੰ ਪੈਦਾ ਕਰਨ ਉੱਪਰ ਲਾਗਤ ਆਉਣੀ ਹੈ ਉਸ ਹਿਸਾਬ ਨਾਲ ਕਿਸਾਨ ਨੂੰ ਕਈ ਹਜ਼ਾਰ ਰੁਪਏ ਪੱਲੇ ਤੋਂ ਖਰਚ ਕਰਕੇ ਕਣਕ ਨੂੰ ਪੈਦਾ ਕਰਨਾ ਪਵੇਗਾ। ਇਸ ਲਈ ਇਹ ਕਣਕ ਦੇ ਰੇਟ 'ਚ ਜੋ ਕੇਂਦਰ ਵੱਲੋਂ 25 ਰੁਪਏ ਕੁਇੰਟਲ ਦਾ ਵਾਧਾ ਕੀਤਾ ਗਿਆ ਹੈ ਇਹ ਦੇਸ਼ ਦੇ ਕਿਸਾਨਾਂ ਦੇ ਜ਼ਖਮਾਂ ਉੱਪਰ ਲੂਣ ਛਿੜਕਣ ਦੇ ਬਰਾਬਰ ਹੈ ਤੇ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨਾਲ ਇਹ ਕੋਝਾ ਮਜ਼ਾਕ ਕੀਤਾ ਗਿਆ ਹੈ। ਕੁੱਲ ਹਿੰਦ ਕਿਸਾਨ ਸਭਾ ਕੇਂਦਰ ਸਰਕਾਰ ਵੱਲੋਂ ਐਲਾਨੀ ਗਈ ਇਸ ਐੱਮ.ਐੱਸ.ਪੀ. ਨੂੰ ਮੁੱਢ ਤੋਂ ਹੀ ਰੱਦ ਕਰ ਮੰਗ ਕਰਦੀ ਹੈ ਕਿ ਕੇਂਦਰ ਸਰਕਾਰ ਡਾਕਟਰ ਸਵਾਮੀ ਨਾਥਨ ਕਮਿਸ਼ਨ ਦੇ ਅਨੁਸਾਰ ਸਾਰੀਆਂ ਫਸਲਾਂ ਦੀ ਸਮਰਥਨ ਮੁੱਲ ਦਾ ਐਲਾਨ ਕਰੇ। ਇਸ ਮੌਕੇ ਚਤਰ ਸਿੰਘ ਲੁਬਾਣਗੜ, ਬਾਬੂ ਸਿੰਘ ਝੜੌਦੀ, ਅਸ਼ੋਕ ਖੇੜਾ, ਬਲਜੀਤ ਸਿੰਘ ਜ਼ੁਲਫਗੜ੍ਹ, ਬਲਕਾਰ ਸਿੰਘ ਤੇ ਲਾਲੀ ਬੁੱਲੇਵਾਲ ਆਦਿ ਹਾਜ਼ਰ ਸਨ।

## ਪਨਗਰੇਨ ਦੇ ਚੇਅਰਮੈਨ ਡਾ. ਗਿੱਲ ਨੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ



**ਜਗਰਾਉਂ (ਨਛੱਤਰ ਸੰਧੂ)**-ਪੰਜਾਬ ਸਰਕਾਰ ਵੱਲੋਂ ਝੋਨੇ ਦੇ ਖਰੀਦ ਸੀਜਨ ਦੌਰਾਨ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਸਾਰੀਆਂ ਮੰਡੀਆਂ ਵਿੱਚ ਖਰੀਦ ਪ੍ਰਕਿਰਿਆ ਲਈ ਸਾਰੇ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਕਿਸਾਨ ਆਪਣੀ ਫਸਲ ਘੱਟ ਤੋਂ ਘੱਟ ਸਮੇਂ ਵਿੱਚ ਵੇਚ ਕੇ ਆਪਣੇ ਘਰ ਪਰਤਣਗੇ ਅਤੇ ਫਸਲ ਦੀ ਅਦਾਇਗੀ ਵੀ ਤਹਿ ਸਮਾਂ ਸੀਮਾਂ ਅੰਦਰ ਕੀਤੀ ਜਾਵੇਗੀ।ਇਹ ਪ੍ਰਗਟਾਵਾ ਪਨਗਰੇਨ ਦੇ ਚੇਅਰਮੈਨ ਡਾ. ਤੇਜਪਾਲ ਸਿੰਘ ਗਿੱਲ ਵੱਲੋਂ ਦਾਣਾ ਮੰਡੀ ਸੁਧਾਰ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਉਣ ਮੌਕੇ ਕੀਤਾ। ਇਸ ਮੌਕੇ ਉਹਨਾਂ ਨਾਲ ਪਨਗਰੇਨ ਦੇ ਇੰਸਪੈਕਟਰ ਰਾਜੇਸ਼ ਕੁਮਾਰ ਵੀ ਮੌਜੂਦ ਸਨ। ਝੋਨੇ ਦੀ ਖਰੀਦ ਦੇ ਪਹਿਲੇ ਦਿਨ ਚੇਅਰਮੈਨ ਗਿੱਲ ਨੇ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾਂ ਅੰਨਦਾਤਾ ਦੇ ਨਾਲ ਖੜੀ ਹੈ ਅਤੇ ਉਨ੍ਹਾਂ ਦੀ ਉਪਜ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ ਹੈ।ਉਨ੍ਹਾਂ ਕਿਸਾਨ ਵੀਰਾਂ ਨੂੰ ਅਪੀਲ ਵੀ ਕੀਤੀ ਜਦੋਂ ਫਸਲ ਪੂਰੀ ਤਰ੍ਹਾਂ ਪੱਕ ਜਾਵੇ ਤਾਂ ਹੀ ਵਾਢੀ ਕੀਤੀ ਜਾਵੇ, ਤਾਂ ਜੋ ਨਿਰਧਾਰਤ 17 ਪ੍ਰਤੀਸ਼ਤ ਨਮੀ ਦੀ ਸੀਮਾ ਤੋਂ ਵੱਧ ਨਾ ਹੋਵੇ।

# ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕਨਵੈਨਸ਼ਨ 25 ਨੂੰ

*** ਗੁਰਦਾਸਪੁਰੋਂ ਮਜ਼ਦੂਰਾਂ ਦਾ ਵੱਡਾ ਜਥਾ ਹੋਵੇਗਾ ਸ਼ਾਮਲ**



**ਗੁਰਦਾਸਪੁਰ (ਜਨਕ ਮਹਾਜਨ)**-ਸੈਂਟਰ ਆਫ ਟਰੇਡ ਯੂਨੀਅਨਜ਼ (ਸੀ ਟੀ ਯੂ) ਪੰਜਾਬ ਨਾਲ ਸਬੰਧਤ ਪੰਜਾਬ ਦੇ ਵੱਖੋ-ਵੱਖ ਉਦਯੋਗਿਕ ਇਕਾਈਆਂ ਟੈਕਸਟਾਈਲ, ਹੌਜ਼ਰੀ, ਸਟੀਲ ਤੇ ਹੋਰ ਸਨਅਤੀ ਕੇਂਦਰ ਦੇ ਕਾਮਿਆਂ, ਨਿਰਮਾਣ ਮਜ਼ਦੂਰਾਂ, ਭੱਠਾ ਮਜ਼ਦੂਰਾਂ, ਘਰੇਲੂ ਮਜ਼ਦੂਰਾਂ ਅਤੇ ਆਟੋ ਰਿਕਸ਼ਾ ਚਾਲਕਾਂ ਸਮੇਤ ਹੋਰ ਕਿਰਤੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਅਤੇ ਮਨਰੇਗਾ ਕਾਨੂੰਨ ਮੁੜ ਬਹਾਲ ਕਰਾਉਣ ਲਈ 25 ਅਕਤੂਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਕਨਵੈਨਸ਼ਨ ਕਰਕੇ ਸੰਘਰਸ਼ ਦੀ ਰੂਪ ਰੇਖਾ ਦਾ ਐਲਾਨ ਕੀਤਾ ਜਾਵੇਗਾ।ਕਨਵੈਨਸ਼ਨ ਦੀ ਤਿਆਰੀ ਸਬੰਧੀ ਜ਼ਿਲਾ ਮੀਟਿੰਗਾਂ ਦੇ ਹਿੱਸੇ ਵਜੋਂ ਗੁਰਦਾਸਪੁਰ ਜ਼ਿਲ੍ਹੇ ਦੀ ਮੀਟਿੰਗ ਸ਼ਹੀਦ ਬਲਜੀਤ ਸਿੰਘ ਫਜ਼ਲਾਬਾਦ ਯਾਦਗਾਰ ਭਵਨ ਰੁਲੀਆ ਰਾਮ ਕਲੋਨੀ ਜੇਲ ਰੋਡ ਗੁਰਦਾਸਪੁਰ ਵਿਖੇ ਕਾਮਰੇਡ ਧਿਆਨ ਸਿੰਘ ਠਾਕੁਰ ਦੀ ਅਗਵਾਈ ਹੇਠ ਹੋਈ ਮੀਟਿੰਗ ਵਿੱਚ ਪਹੁੰਚੇ ਸੀ ਟੀ ਯੂ ਪੰਜਾਬ ਦੇ ਪ੍ਰਧਾਨ ਕਾਮਰੇਡ ਜਗਦੀਸ਼ ਚੰਦਰ ਅਤੇ ਜਨਰਲ ਸਕੱਤਰ ਹਰਿੰਦਰ ਸਿੰਘ ਰੰਧਾਵਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਮਜ਼ਦੂਰ ਜਮਾਤ ਨੇ ਲੰਮੇ ਸੰਘਰਸ਼ਾਂ ਤੋਂ ਬਾਅਦ ਕੁਝ ਕਿਰਤ ਕਾਨੂੰਨ ਆਪਣੇ ਹੱਕ ਵਿੱਚ ਬਣਵਾਏ ਸਨ।ਇੱਕ ਪਾਸੇ ਕੇਂਦਰ ਦੀ ਮੋਦੀ ਸਰਕਾਰ ਨੇ ਉਨ੍ਹਾਂ ਸਾਰੇ ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਕਾਰਪੋਰੇਟ ਪੱਖੀ ਚਾਰ ਲੇਬਰ ਕੋਡ ਵਿੱਚ ਤਬਦੀਲ ਕਰਕੇ ਮਜ਼ਦੂਰ ਜਮਾਤ ਨੂੰ ਗੁਲਾਮ ਬਣਾਉਣ ਦਾ ਯਤਨ ਕੀਤਾ ਗਿਆ ਉਥੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਮਜ਼ਦੂਰਾਂ ਨਾਲ ਧ੍ਰੋਹ ਕਰ ਰਹੀ ਹੈ, ਸਤੰਬਰ 2023 ਵਿੱਚ ਮਾਨ ਸਰਕਾਰ ਨੇ ਅੱਠ ਘੰਟੇ ਕੰਮ ਦਿਹਾੜੀ ਦੀ ਬਜਾਏ ਬਾਰਾ ਘੰਟੇ ਕੰਮ ਲੈਣ ਦਾ ਨੋਟੀਫਿਕੇਸ਼ਨ ਜਾਰੀ ਕਰਕੇ ਮਜ਼ਦੂਰ ਵਿਰੋਧੀ ਹੋਣਾ ਸਾਬਤ ਕੀਤਾ ਹੈ।ਕੇਂਦਰ ਸਰਕਾਰ ਨੇ ਮਨਰੇਗਾ ਕਾਨੂੰਨ ਖਤਮ ਕੀਤਾ ਤਾਂ ਮਾਨ ਸਰਕਾਰ ਵੱਲੋਂ ਵਿਰੋਧ ਕਰਨ ਦੀ ਬਜਾਏ ਜੁਲਾਈ ਮਹੀਨੇ ਵੀਬੀ ਜੀ ਰਾਮ ਜੀ ਕਾਨੂੰਨ ਲਾਗੂ ਕਰਨ ਦੀ ਸਹਿਮਤ ਹੋ ਗਈ। ਨਿਰਮਾਣ ਮਜ਼ਦੂਰਾਂ ਦੀ ਨਵੀਂ ਰਜਿਸਟ੍ਰੇਸ਼ਨ ਤੇ ਲਾਭਕਾਰੀ ਸਕੀਮਾਂ ਵਿੱਚ ਬੇਲੋੜੀਆਂ ਸ਼ਰਤਾਂ ਲਾ ਕੇ ਨਿਰਮਾਣ ਮਜ਼ਦੂਰਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ।

ਇੱਟ ਭੱਠਿਆਂ ਉਪਰ ਕਿਰਤ ਕਾਨੂੰਨਾਂ ਨੂੰ ਅਣਗੌਲਿਆਂ ਕੀਤਾ ਜਾ ਰਿਹਾ।ਗੁਰਦਾਸਪੁਰ ਤੋਂ ਜਲੰਧਰ ਕਨਵੈਨਸ਼ਨ ਵਿੱਚ ਵੱਡੀ ਸੰਖਿਆ ਵਿੱਚ ਮਜ਼ਦੂਰ ਸ਼ਾਮਲ ਕਰਾਉਣ ਦਾ ਫੈਸਲਾ ਕੀਤਾ।ਮੀਟਿੰਗ ਵਿੱਚ ਕਾਮਰੇਡ ਸ਼ਿਵ ਕੁਮਾਰ, ਬਲਦੇਵ ਸਿੰਘ ਕਾਦੀਆਂ, ਸੰਤੋਖ ਸਿੰਘ ਡੇਰਾ ਬਾਬਾ ਨਾਨਕ, ਦਤਾਰ ਸਿੰਘ ਅਤੇ ਹੋਰ ਹਾਜ਼ਰ ਸਾਥੀਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ।

## ਰਾਜਵਿੰਦਰ ਸਿੰਘ ਦੇ ਘਰ 'ਤੇ ਚੱਲੀਆਂ ਤਾਬੜਤੋੜ ਗੋਲੀਆਂ; ਜਾਨੀ ਨੁਕਸਾਨ ਤੋਂ ਰਿਹਾ ਬਚਾਅ

**ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)**: ਸਥਾਨਕ ਇਮੀਗ੍ਰੇਸ਼ਨ ਦਾ ਕੰਮ ਕਰਨ ਵਾਲੀ ਸੰਸਥਾ 'ਵਾਹਿਗੁਰੂ ਇੰਟਰਪ੍ਰਾਈਜ਼ਿਜ਼' ਦੇ ਮਾਲਕ ਰਾਜਵਿੰਦਰ ਸਿੰਘ ਦੇ ਘਰ 'ਤੇ ਬੀਤੀ ਰਾਤ ਅਣਪਛਾਤੇ ਵਿਅਕਤੀਆਂ ਵੱਲੋਂ ਤਾਬੜਤੋੜ ਗੋਲੀਆਂ ਚਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ।ਖੁਸ਼ਕਿਸਮਤੀ ਨਾਲ ਇਸ ਘਟਨਾ ਵਿੱਚ ਕਿਸੇ ਤਰ੍ਹਾਂ ਦਾ ਜਾਨੀ ਨੁਕਸਾਨ ਨਹੀਂ ਹੋਇਆ।ਜਾਣਕਾਰੀ ਅਨੁਸਾਰ ਗੋਲੀਆਂ ਘਰ ਦੇ ਬਾਹਰਲੇ ਗੇਟ ਨੂੰ ਚੀਰਦੀਆਂ ਹੋਈਆਂ ਅੰਦਰਲੇ ਮੁੱਖ ਗੇਟ ਵਿੱਚ ਜਾ ਵੱਜੀਆਂ।ਘਟਨਾ ਸਮੇਂ ਰਾਤ ਹੋਣ ਕਾਰਨ ਪਰਿਵਾਰ ਦੇ ਮੈਂਬਰ ਵਾਲ-ਵਾਲ ਬਚ ਗਏ।ਰਾਜਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਪਹਿਲਾਂ ਵੀ ਧਮਕੀਆਂ ਮਿਲ ਰਹੀਆਂ ਸਨ, ਜਿਸ ਸਬੰਧੀ ਉਨ੍ਹਾਂ ਵੱਲੋਂ ਸਥਾਨਕ ਪੁਲਸ ਨੂੰ ਲਿਖਤੀ ਰੂਪ ਵਿੱਚ ਜਾਣੂ ਕਰਵਾਇਆ ਗਿਆ ਸੀ।ਉਨ੍ਹਾਂ ਦਾ ਦੋਸ਼ ਹੈ ਕਿ ਇਸ ਦੇ ਬਾਵਜੂਦ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ ਗਈ।ਰਾਜਵਿੰਦਰ ਸਿੰਘ ਮੁਤਾਬਕ ਉਨ੍ਹਾਂ ਨੂੰ ਪ੍ਰਭ ਦਾਸੂਵਾਲ ਵੱਲੋਂ ਧਮਕੀਆਂ ਮਿਲ ਰਹੀਆਂ ਸਨ।ਉਨ੍ਹਾਂ ਦੱਸਿਆ ਕਿ ਗੋਲੀਬਾਰੀ ਦੀ ਘਟਨਾ ਤੋਂ ਤੁਰੰਤ ਬਾਅਦ ਵੀ ਕਥਿਤ ਤੌਰ 'ਤੇ ਫੋਨ ਅਤੇ ਵ੍ਹਾਇਸ ਮੈਸੇਜ ਰਾਹੀਂ ਧਮਕੀ ਦਿੱਤੀ ਗਈ ਕਿ ਇਸ ਵਾਰ ਗੋਲੀਆਂ ਘਰ 'ਤੇ ਚਲਾਈਆਂ ਗਈਆਂ ਹਨ ਅਤੇ ਅੱਗੇ ਸਿਰ ਵਿੱਚ ਗੋਲੀਆਂ ਮਾਰਨ ਦੀ ਧਮਕੀ ਦਿੱਤੀ ਗਈ।ਇਸ ਦੇ ਨਾਲ ਹੀ ਇੱਕ ਕਰੋੜ ਰੁਪਏ ਦੀ ਕਥਿਤ ਮੰਗ ਕੀਤੇ ਜਾਣ ਦਾ ਵੀ ਦਾਅਵਾ ਕੀਤਾ ਗਿਆ ਹੈ।ਘਟਨਾ ਸਬੰਧੀ ਥਾਣਾ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਮਾਮਲਾ ਦਰਜ ਕਰਵਾ ਦਿੱਤਾ ਗਿਆ ਹੈ।ਪੁਲਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰਦਿਆਂ ਘਰ ਅਤੇ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤਾਂ ਜੋ ਦੋਸ਼ੀਆਂ ਦੀ ਜਲਦੀ ਤੋਂ ਜਲਦੀ ਪਹਿਚਾਣ ਕੀਤੀ ਜਾ ਸਕੇ।ਪੁਲਸ ਥਾਣਾ ਸ੍ਰੀ ਗੋਇੰਦਵਾਲ ਸਾਹਿਬ ਦੇ ਮੁਖੀ ਦਾ ਕਹਿਣਾ ਹੈ ਕਿ ਜਾਂਚ ਦੇ ਆਧਾਰ 'ਤੇ ਮੁਲਜ਼ਮਾਂ ਤੱਕ ਜਲਦ ਪਹੁੰਚਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਪੁਲਸ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਵਿਅਕਤੀ ਕੋਲ ਇਸ ਘਟਨਾ ਸਬੰਧੀ ਕੋਈ ਜਾਣਕਾਰੀ ਹੈ ਤਾਂ ਉਹ ਪੁਲਸ ਨਾਲ ਸਾਂਝੀ ਕਰੇ ਤਾਂ ਜੋ ਘਟਨਾ ਨੂੰ ਅੰਜਾਮ ਦੇਣ ਵਾਲੇ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾ ਸਕੇ।

# ਡੀ ਐੱਫ ਐੱਸ ਸੀ ਨੇ ਜ਼ੁਬਾਨੀ ਹੁਕਮਾਂ 'ਤੇ ਪਨਸਪ ਦੀ ਖ਼ਰੀਦ ਬੰਦ ਕਰਵਾਈ

ਰਈਆ, (ਡੀ. ਕੇ. ਰੈੱਡੀ)-ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਰਕਾਰੀ ਖ਼ਰੀਦ ਇਕ ਅਕਤੂਬਰ ਤੋਂ ਸ਼ੁਰੂ ਕਰਵਾ ਦਿੱਤੀ ਹੈ ਪਰ ਸਥਾਨਕ ਅਨਾਜ ਮੰਡੀ ਵਿਚ ਝੋਨੇ ਦੀ ਖ਼ਰੀਦ ਸ਼ੈਲਰ ਮਾਲਕਾਂ, ਵਪਾਰੀਆਂ ਅਤੇ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਦੀ ਮਿਲੀਭੁਗਤ ਕਾਰਨ ਸਰਕਾਰੀ ਖ਼ਰੀਦ ਰੇਟ ਨਾਲੋਂ 200 ਰੁਪਏ ਪ੍ਰਤੀ ਕੁਇੰਟਲ ਘੱਟ ਰੇਟ ਤੇ ਖ਼ਰੀਦ ਕੀਤੀ ਜਾ ਰਹੀ ਹੈ ਜਿਸ ਕਾਰਨ ਕਿਸਾਨਾਂ ਦੀ ਲੁੱਟ ਹੋ ਰਹੀ ਹੈ।ਡੀ ਐੱਫ ਐੱਸ ਸੀ ਵੱਲੋਂ ਜ਼ੁਬਾਨੀ ਹੁਕਮਾਂ 'ਤੇ ਪਨਸਪ ਖ਼ਰੀਦ ਏਜੰਸੀ ਨੂੰ ਸਥਾਨਕ ਅਨਾਜ ਮੰਡੀ ਖ਼ਰੀਦ ਕਰਨ ਤੋਂ ਮਨਾਹੀ ਕੀਤੀ।ਪੰਜਾਬ ਸਰਕਾਰ ਵੱਲੋਂ ਝੋਨੇ ਦੀ ਫ਼ਸਲ 2461 ਪ੍ਰਤੀ ਕੁਇੰਟਲ ਖ਼ਰੀਦਣ ਦੇ ਵਾਅਦੇ ਨਾਲ ਕਿਸਾਨਾਂ ਦਾ ਇੱਕ-ਇੱਕ ਦਾਣਾ ਖ਼ਰੀਦਣ ਦਾ ਐਲਾਨ ਕੀਤਾ ਹੈ। ਦੂਸਰੇ ਪਾਸੇ ਸ਼ੈਲਰ ਮਾਲਕ, ਪ੍ਰਾਈਵੇਟ ਵਪਾਰੀ ਖ਼ਰੀਦ ਏਜੰਸੀਆਂ ਦੇ ਅਧਿਕਾਰੀ ਨਾਲ ਮਿਲ ਕੇ 17% ਨਮੀ ਵਾਲਾ ਝੋਨਾ ਵੱਧ ਤੋ ਵੱਧ ਰੇਟ 2250 ਰੁਪਏ ਵਿੱਚ ਖਰੀਦਿਆ ਜਾ ਰਿਹਾ ਹੈ, ਆਮ ਤੌਰ 'ਤੇ 2000 ਤੋਂ ਲੈ ਕੇ 2250 ਰੁਪਏ ਤੱਕ ਹੀ ਖ਼ਰੀਦ ਕੀਤੀ ਜਾਂਦੀ ਹੈ । ਵਪਾਰੀਆ ਵੱਲੋਂ ਝੋਨੇ ਨੂੰ ਹਾਈਬ੍ਰਿਡ ਕਿਸਮ ਦੱਸ ਕੇ ਲੁੱਟ ਕੀਤੀ ਜਾ ਰਹੀ ਹੈ। ਦੂਸਰੇ ਪਾਸੇ ਪੀ ਆਰ 47, ਪੀ ਆਰ 110,121 ਕਿਸਮ ਝੋਨੇ ਦੀ ਵਪਾਰੀਆਂ ਵੱਲੋਂ 2300 ਰੁਪਏ ਪ੍ਰਤੀ ਕੁਇੰਟਲ ਤੋਂ ਵੱਧ ਰੇਟ



ਤੇ ਖ਼ਰੀਦ ਨਹੀਂ ਕੀਤੀ ਜਾ ਰਹੀ।ਇਸੇ ਝੋਨੇ ਨੂੰ ਸਰਕਾਰੀ ਖ਼ਰੀਦ ਏਜੰਸੀਆਂ ਦੇ ਖਾਤੇ ਪਾ ਕੇ ਵੱਡਾ ਮੁਨਾਫ਼ਾ ਕਮਾਇਆ ਜਾ ਰਿਹਾ ਹੈ ਅਤੇ ਕਿਸਾਨਾਂ ਦੀ ਲੁੱਟ ਕੀਤੀ ਜਾ ਰਹੀ ਹੈ।ਇਹ ਪਤਾ ਲੱਗਾ ਹੈ ਕਿ ਪਨਸਪ ਦੀ ਖ਼ਰੀਦ ਬੰਦ ਕਰਵਾਉਣ ਵਿਚ ਮੌਜੂਦਾ ਸਰਕਾਰ ਦੇ ਇਕ ਸਥਾਨਕ ਆਗੂ ਜੋ ਕਿ ਸ਼ੈਲਰ ਮਾਲਕ ਵੀ ਹੈ ਦਾ ਹੱਥ ਦੱਸਿਆ ਜਾ ਰਿਹਾ ਹੈ ।ਕਿਸਾਨ ਸੰਘਰਸ਼ ਕਮੇਟੀ ਦੇ ਆਗੂ ਮੈਂਬਰ ਦਲਜੀਤ ਸਿੰਘ ਬਲ ਸਰਾਂ, ਕਰਮ ਸਿੰਘ ਬਲ ਸਰਾਂ, ਚਰਨ ਸਿੰਘ ਕਲੇਰ, ਬਾਬਾ ਹਰਦੇਵ ਸਿੰਘ ਕਾਲੇਕੇ, ਭਗਵਾਨ ਸਿੰਘ ਆਦਿ ਆਗੂਆਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕਰਦਿਆਂ ਕਿਹਾ ਕਿ ਵਪਾਰੀਆਂ ਵੱਲੋਂ ਕਿਸਾਨਾਂ ਨਾਲ ਲੁੱਟ ਕੀਤੀ ਜਾ ਰਹੀ ਹੈ ਜਿਸ ਦੀ ਜਾਂਚ ਕਰਵਾ ਕੇ ਕਿਸਾਨਾਂ ਨੂੰ ਇਨਸਾਫ਼ ਦਿੱਤਾ ਜਾਵੇ।ਇਸ ਸਬੰਧੀ ਡੀ ਐੱਮ ਪਨਸਪ ਅੰਮ੍ਰਿਤਸਰ ਦੀਪਕ ਨਾਲ ਗੱਲਬਾਤ ਕਰਨ ਤੇ ਉਨ੍ਹਾਂ ਕਿਹਾ ਕਿ ਡੀ ਐੱਫ ਐੱਸ ਸੀ ਅੰਮ੍ਰਿਤਸਰ ਵੱਲੋਂ ਜ਼ੁਬਾਨੀ ਹੁਕਮ ਦੇ ਕਿ ਪਨਸਪ ਮਹਿਕਮੇ ਦੀ ਖ਼ਰੀਦ ਸਥਾਨਕ ਅਨਾਜ ਮੰਡੀ ਵਿਚੋਂ ਬੰਦ ਕੀਤੀ ਗਈ ਹੈ। ਇਸ ਦਾ ਕਾਰਨ ਨਹੀਂ ਦੱਸਿਆ। ਝੋਨੇ ਦੀ ਖ਼ਰੀਦ ਬੰਦ ਕਰਨ ਅਤੇ ਘੱਟ ਰੇਟ ਤੇ ਖ਼ਰੀਦ ਕੀਤੇ ਜਾਣ ਸਬੰਧੀ ਡੀ ਐੱਫ ਐੱਸ ਸੀ ਜਤਿਨ ਵਰਮਾ ਨੇ ਟੈਲੀਫ਼ੋਨ ਤੇ ਗੱਲ ਕਰ ਦੀਆਂ ਦੱਸਿਆਂ ਕਿ ਕੁਝ ਸ਼ੈਲਰ ਮਾਲਕਾਂ ਦੀ ਮੰਗ ਤੇ ਪਨਸਪ ਦੀ ਖ਼ਰੀਦ ਬੰਦ ਕੀਤੀ ਗਈ ਹੈ ਪਰ ਉਹ ਘੱਟ ਰੇਟ ਤੇ ਝੋਨਾ ਖ਼ਰੀਦਣ ਸਬੰਧੀ ਜਵਾਬ ਤੋ ਟਾਲ਼ਾ ਵੱਟ ਗਏ। ਉਨ੍ਹਾਂ ਕਿਹਾ ਕਿਸ ਆੜ੍ਹਤੀਆ ਦੇ ਰਾਹੀ ਘੱਟ ਰੇਟ ਤੇ ਖ਼ਰੀਦ ਕੀਤੀ ਗਈ ਹੈ ਪਰ ਸ਼ੈਲਰ ਮਾਲਕਾ ਦਾ ਜ਼ਿਕਰ ਨਹੀਂ ਕੀਤਾ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੇ ਇਸ ਸਬੰਧੀ ਕਿਹਾ ਕਿ ਉਹ ਇਸ ਸਬੰਧੀ ਸਬੰਧਿਤ ਵਿਭਾਗਾਂ ਨੂੰ ਦਿਸ਼ਾ ਨਿਰਦੇਸ਼ ਦੇ ਦਿੱਤੇ ਹਨ ਅਤੇ ਕਿਸਾਨਾਂ ਦੀ ਫ਼ਸਲ ਪੂਰੇ ਰੇਟ 'ਤੇ ਖਰੀਦੀ ਜਾਵੇਗੀ।

# ਏ ਕੇ 47 ਰਾਈਫਲ ਤੇ ਦੋ ਹੈਂਡ ਗ੍ਰਨੇਡਾਂ ਸਮੇਤ ਕਾਬੂ



**ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)** : ਅੰਮ੍ਰਿਤਸਰ ਦਿਹਾਤੀ ਪੁਲਸ ਨੇ ਇਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਕੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਹੈ। ਪੁਲਸ ਨੇ ਉਸ ਕੋਲੋਂ ਇਕ ਏ. ਕੇ.-47 ਅਸਾਲਟ ਰਾਈਫਲ ਸਮੇਤ ਮੈਗਜ਼ੀਨ ਤੇ ਨੌਂ ਜ਼ਿੰਦਾ ਕਾਰਤੂਸ ਅਤੇ ਦੋ ਹੈਂਡ ਗ੍ਰਨੇਡ ਬਰਾਮਦ ਕੀਤੇ ਹਨ। ਇਹ ਜਾਣਕਾਰੀ ਦਿੰਦੇ ਹੋਏ ਪੰਜਾਬ ਦੇ ਡਾਇਰੈਕਟਰ ਜਨਰਲ ਆਫ ਪੁਲਸ (ਡੀ.ਜੀ.ਪੀ.) ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਨਵਜੋਤ ਸਿੰਘ (28) ਵਜੋਂ ਹੋਈ ਹੈ, ਜੋ ਪੇਸ਼ੇ ਵਜੋਂ ਟਰੱਕ ਡਰਾਈਵਰ ਹੈ ਤੇ ਤਰਨਤਾਰਨ ਦੇ ਚੀਮਾ ਪਿੰਡ ਦਾ ਰਹਿਣ ਵਾਲਾ ਹੈ। ਪੁਲਸ ਨੇ ਉਸ ਮੋਟਰਸਾਈਕਲ ਨੂੰ ਵੀ ਜ਼ਬਤ ਕਰ ਲਿਆ ਹੈ, ਜਿਸ ਦੀ ਵਰਤੋਂ ਉਹ ਇਸ ਖੇਪ ਨੂੰ ਪਹੁੰਚਾਉਣ ਲਈ ਕਰ ਰਿਹਾ ਸੀ। ਡੀ. ਜੀ. ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਕਥਿਤ ਤੌਰ 'ਤੇ ਵਿਦੇਸ਼ੀ ਤਸਕਰਾਂ ਨਾਲ ਜੁੜਿਆ ਹੋਇਆ ਸੀ ਅਤੇ ਗੈਰ-ਕਾਨੂੰਨੀ ਹਥਿਆਰ ਮੰਗਵਾਉਣ ਵਿਚ ਸ਼ਾਮਲ ਸੀ। ਕਾਰਵਾਈ ਬਾਰੇ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ ਪੁਲਸ (ਆਈ.ਜੀ.ਪੀ.) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖੁਫ਼ੀਆ ਜਾਣਕਾਰੀ ਦੇ ਆਧਾਰ 'ਤੇ ਅੰਮ੍ਰਿਤਸਰ ਦਿਹਾਤੀ ਪੁਲਿਸ ਦੀਆਂ ਵਿਸ਼ੇਸ਼ ਟੀਮਾਂ ਨੇ ਮੁਲਜ਼ਮ ਨੂੰ ਉਸ ਸਮੇਂ ਕਾਬੂ ਕੀਤਾ ਜਦੋਂ ਉਹ ਮੋਟਰਸਾਈਕਲ 'ਤੇ ਜਾ ਰਿਹਾ ਸੀ। ਉਨ੍ਹਾਂ ਦੱਸਿਆ ਕਿ ਤਲਾਸ਼ੀ ਦੌਰਾਨ ਪੁਲਸ ਟੀਮਾਂ ਨੇ ਉਸ ਕੋਲੋਂ 1 ਏ.ਕੇ-47 ਅਸਾਲਟ ਰਾਈਫਲ ਸਮੇਤ ਮੈਗਜ਼ੀਨ ਤੇ ਨੌਂ ਜ਼ਿੰਦਾ ਕਾਰਤੂਸ ਅਤੇ ਦੋ ਜ਼ਿੰਦਾ ਹੈਂਡ ਗ੍ਰਨੇਡ ਬਰਾਮਦ ਕੀਤੇ। ਅੰਮ੍ਰਿਤਸਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ (ਐੱਸ.ਐੱਸ.ਪੀ.) ਕੰਵਲਪ੍ਰੀਤ ਸਿੰਘ ਚਾਹਲ ਨੇ ਦੱਸਿਆ ਕਿ ਇਹ ਕਾਰਵਾਈ ਐੱਸ.ਪੀ. (ਇਨਵੈਸਟੀਗੇਸ਼ਨ) ਰਮਨਦੀਪ ਸਿੰਘ, ਡੀ.ਐੱਸ.ਪੀ. ਗੁਰਿੰਦਰਪਾਲ ਸਿੰਘ ਨਾਗਰਾ ਤੇ ਡੀ.ਐੱਸ.ਪੀ. ਅਟਾਰੀ ਯਾਦਵਿੰਦਰ ਸਿੰਘ ਦੀ ਨਿਗਰਾਨੀ ਹੇਠ ਅੰਜਾਮ ਦਿੱਤੀ ਗਈ।

ਇਸ ਸੰਬੰਧ ਵਿਚ ਅੰਮ੍ਰਿਤਸਰ ਦਿਹਾਤੀ ਦੇ ਥਾਣਾ ਘਰਿੰਡਾ ਵਿਚ ਕੇਸ ਦਰਜ ਕੀਤਾ ਗਿਆ ਹੈ।

# ਪਰਗਟ ਸਿੰਘ ਦੇ ਪੰਜਾਬ ਕਾਂਗਰਸ ਪ੍ਰਧਾਨ ਬਣਨ 'ਤੇ ਵਰਕਰਾਂ 'ਚ ਖ਼ੁਸ਼ੀ ਦੀ ਲਹਿਰ

ਅੰਮ੍ਰਿਤਸਰ (ਸੁਖਵੰਤ ਚੇਤਨਪੁਰੀ)- ਪਰਗਟ ਸਿੰਘ ਦੇ ਪੰਜਾਬ ਪ੍ਰਦੇਸ਼ ਕਾਂਗਰਸ ਦਾ ਪ੍ਰਧਾਨ ਬਣਨ 'ਤੇ ਕਾਂਗਰਸੀ ਵਰਕਰਾਂ ਵਿੱਚ ਇੱਕ ਨਵਾਂ ਜੋਸ਼ ਭਰਿਆ ਗਿਆ ਹੈ।ਕਾਂਗਰਸ ਪਾਰਟੀ ਪੂਰੀ ਤਰ੍ਹਾਂ ਇੱਕਜੁੱਟ ਹੈ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਨੇ ਵਰਕਰਾਂ ਨਾਲ ਮੀਟਿੰਗ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਪਰਗਟ ਸਿੰਘ ਦੇ ਪੰਜਾਬ ਪ੍ਰਦੇਸ ਕਾਂਗਰਸ ਦਾ ਪ੍ਰਧਾਨ ਬਣਨ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੰਦਿਆਂ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਪਰਗਟ ਸਿੰਘ ਇੱਕ ਤਜਰਬੇਕਾਰ ਅਤੇ ਸੀਨੀਅਰ ਕਾਂਗਰਸੀ ਆਗੂ ਹਨ, ਜਿਨ੍ਹਾਂ ਨੇ ਵੱਖ-ਵੱਖ ਜ਼ਿੰਮੇਵਾਰੀਆਂ ਨਿਭਾਉਂਦਿਆਂ ਪਾਰਟੀ ਅਤੇ ਪੰਜਾਬ ਦੇ ਮੁੱਦਿਆਂ ਨੂੰ ਲਗਾਤਾਰ ਉਠਾਇਆ ਹੈ।ਸਰਕਾਰੀਆ ਨੇ ਆਸ ਪ੍ਰਗਟਾਈ ਕਿ ਪੰਜਾਬ ਪ੍ਰਦੇਸ ਦੇ ਨਵ-ਨਿਯੁਕਤ ਪ੍ਰਧਾਨ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਸੰਗਠਨਾਤਮਿਕ ਪੱਧਰ ਤੇ



ਹੋਰ ਮਜ਼ਬੂਤ ਹੋਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਕਾਂਗਰਸੀ ਆਗੂ ਅਤੇ ਵਰਕਰ ਨਵੇਂ ਸੂਬਾ ਪ੍ਰਧਾਨ ਨਾਲ ਮਿਲ ਕੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਆਪਣੀ ਜ਼ਿੰਮੇਵਾਰੀ ਨਿਭਾਉਣਗੇ। ਇਸ ਮੌਕੇ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਮਨਦੀਪ ਸਿੰਘ ਕੱਕੜ ਨੇ ਵੀ ਸ. ਪਰਗਟ ਸਿੰਘ ਦੇ ਪੰਜਾਬ ਪ੍ਰਦੇਸ ਕਾਂਗਰਸ ਦੇ ਪ੍ਰਧਾਨ ਬਣਨ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਾਂਗਰਸ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਦੇ ਵਰਕਰ ਹੁਣ ਪਹਿਲਾਂ ਨਾਲੋਂ ਜ਼ਿਆਦਾ ਮਜ਼ਬੂਤ ਅਤੇ ਜੋਸ਼ ਵਿੱਚ ਆ ਕੇ ਚੋਣ ਮੈਦਾਨ ਵਿੱਚ ਉਤਰਨਗੇ। ਉਨ੍ਹਾਂ ਕਿਹਾ ਕਿ ਪਰਗਟ ਸਿੰਘ ਦੇ ਪ੍ਰਧਾਨ ਬਣਨ ਨਾਲ ਵਿਰੋਧੀ ਪਾਰਟੀਆਂ ਦੀ ਨੀਂਦ ਉੱਡ ਗਈ ਹੈ।ਇਸ ਮੌਕੇ ਅਮਨਦੀਪ ਸਿੰਘ ਕੱਕੜ, ਸਰਪੰਚ ਸੋਨਾ ਸਿੱਧੂ ਬਲੱਗਣ, ਹਰਕੰਵਲਜੀਤ ਸਿੰਘ ਹੈਪੀ ਅਦਲੀਵਾਲ, ਜਸਪਾਲ ਸਿੰਘ ਭੱਟੀ, ਜਸਕਰਨ ਸਿੰਘ ਕੋਹਰੀ, ਹਰਭੇਜ ਸਿੰਘ ਵਣੀਏਕੇ, ਲਖਵਿੰਦਰ ਸਿੰਘ ਝੰਜੋਟੀ , ਲਖਵਿੰਦਰ ਸਿੰਘ ਭਿੱਟੇਵੱਡ, ਗੁਰਮੀਤ ਸਿੰਘ ਡਾਲਾ, ਦਿਲਬਾਗ ਸਿੰਘ ਖਿਆਲਾ, ਗੁਰਮੇਜ ਸਿੰਘ ਬਬਲਾ ਕੋਟਲਾ, ਸਾਹਬੀ ਚੈਨਪੁਰ, ਗਿੰਦਰ ਲੋਪੋਕੇ, ਡਾਕਟਰ ਪ੍ਰਗਟ ਸਿੰਘ ਭੁੱਲਰ, ਕੁਲਦੀਪ ਸਿੰਘ ਔਲਖ ਚੋਗਾਵਾਂ, ਰਿੰਕੂ ਚੋਗਾਵਾਂ, ਰਵੀ ਸ਼ੇਰ ਸਿੰਘ, ਬਲਜੀਤ ਸਿੰਘ ਪੰਡੋਰੀ, ਗੁਰਜੰਟ ਸਿੰਘ ਮੁੱਧ, ਬਲਦੇਵ ਸਿੰਘ ਮੰਜ, ਅਮਰਜੀਤ ਸਿੰਘ ਨੇਪਾਲ, ਲਖਬੀਰ ਸਿੰਘ ਕੋਹਾਲੀ, ਬਲਵਿੰਦਰ ਸਿੰਘ ਕੋਹਾਲੀ, ਰਿੰਕੂ ਕੋਹਾਲੀ ਆਦਿ ਹਾਜ਼ਰ ਸਨ

# ਈਟੀਓ ਨੇ ਸੀ ਬੀ ਐੱਸ ਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ 2026-27 ਦੀਆਂ ਖਿਡਾਰਨਾਂ ਦੀ ਕੀਤੀ ਹੌਸਲਾ ਅਫਜ਼ਾਈ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਕਰਵਾਈ ਜਾ ਰਹੀ ਸੀਬੀਐੱਸਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ 2026-27 ਦੌਰਾਨ ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਵੱਖ-ਵੱਖ ਰਾਜਾਂ ਤੋਂ ਪਹੁੰਚੀਆਂ ਖਿਡਾਰਨਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹੌਸਲਾ ਵਧਾਇਆ।ਇਸ ਰਾਸ਼ਟਰੀ ਪੱਧਰ ਦੀ ਚੈਂਪੀਅਨਸ਼ਿਪ ਵਿੱਚ ਅੰਡਰ-14, ਅੰਡਰ-17 ਅਤੇ ਅੰਡਰ-19 ਗਰਲਜ਼ ਵਰਗਾਂ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਸਕੂਲਾਂ ਦੀਆਂ ਟੀਮਾਂ ਭਾਗ ਲੈ ਰਹੀਆਂ ਹਨ।ਅੰਡਰ-14 ਵਰਗ ਵਿੱਚ 10, ਅੰਡਰ-17 ਵਰਗ ਵਿੱਚ 9 ਅਤੇ ਅੰਡਰ-19 ਵਰਗ ਵਿੱਚ 7 ਟੀਮਾਂ ਸਮੇਤ ਕੁੱਲ 26 ਟੀਮਾਂ ਵੱਲੋਂ ਹਿੱਸਾ ਲਿਆ ਜਾ ਰਿਹਾ ਹੈ।ਇਸ ਮੁਕਾਬਲੇ ਵਿੱਚ ਪੰਜਾਬ ਸਮੇਤ ਦਿੱਲੀ, ਉੱਤਰ ਪ੍ਰਦੇਸ਼, ਤਾਮਿਲਨਾਡੂ, ਮੱਧ ਪ੍ਰਦੇਸ਼, ਓਡੀਸ਼ਾ, ਹਰਿਆਣਾ, ਕਰਨਾਟਕ, ਛੱਤੀਸਗੜ੍ਹ, ਰਾਜਸਥਾਨ ਅਤੇ ਹੋਰ ਸਥਾਨਾਂ ਤੋਂ ਖਿਡਾਰਨਾਂ ਪਹੁੰਚੀਆਂ ਹਨ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਹਰਭਜਨ ਸਿੰਘ ਈਟੀਓ ਨਾਲ ਮਾਰਕੀਟ ਕਮੇਟੀ ਦੇ ਚੇਅਰਮੈਨ ਸ. ਲਖਵਿੰਦਰ ਸਿੰਘ, ਸਰਪੰਚ ਮਹਿਤਾ ਚੌਂਕ ਅਜੇ ਗਾਂਧੀ, ਆਮ ਆਦਮੀ ਪਾਰਟੀ ਦੇ ਆਗੂ ਸ. ਗੁਰਵਿੰਦਰ ਸਿੰਘ ਖੱਬੇ ਰਾਜਪੂਤਾਂ, ਪੀ.ਏ. ਪ੍ਰਗਟ ਸਿੰਘ ਅਤੇ ਸ. ਦਿਲਬਾਗ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਖਿਡਾਰਨਾਂ ਦਾ ਹੌਸਲਾ ਵਧਾਇਆ।ਇਸ ਮੌਕੇ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਰਾਸ਼ਟਰੀ ਪੱਧਰ ਦੇ ਮੁਕਾਬਲੇ ਵਿੱਚ ਭਾਗ ਲੈਣ ਲਈ ਪਹੁੰਚੀਆਂ ਸਾਰੀਆਂ ਖਿਡਾਰਨਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਖਾਲਸਾ ਅਕੈਡਮੀ, ਮਹਿਤਾ ਚੌਂਕ ਨੂੰ ਸੀ.ਬੀ.ਐੱਸ.ਈ. ਵੱਲੋਂ ਇੰਨੇ ਵੱਡੇ ਰਾਸ਼ਟਰੀ ਪੱਧਰ ਦੇ ਹਾਕੀ ਮੁਕਾਬਲੇ ਦੀ ਮੇਜ਼ਬਾਨੀ ਦਾ ਮੌਕਾ ਮਿਲਿਆ ਹੈ।ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਬਪੱਖੀ ਵਿਕਾਸ ਲਈ ਬੇਹੱਦ ਮਹੱਤਵਪੂਰਨ ਹਨ।ਉਨ੍ਹਾਂ ਖਿਡਾਰਨਾਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ-ਚੜ੍ਹ ਕੇ ਭਾਗ ਲੈਣ ਅਤੇ ਅਨੁਸ਼ਾਸਨ, ਮਿਹਨਤ ਤੇ ਦ੍ਰਿੜ ਇਰਾਦੇ ਨਾਲ ਆਪਣੀ ਪ੍ਰਤਿਭਾ ਨੂੰ ਨਿਖਾਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਖੇਡਾਂ ਨਾ ਸਿਰਫ਼ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਦੀਆਂ ਹਨ, ਸਗੋਂ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਟੀਮ ਭਾਵਨਾ ਅਤੇ ਅਗਵਾਈ ਦੇ ਗੁਣ ਵੀ ਪੈਦਾ ਕਰਦੀਆਂ ਹਨ।



## ਖੋ-ਖੋ ਟੀਮਾਂ ਦੇ ਚੋਣ ਟਰਾਇਲ ਹੋਏ; 215 ਖਿਡਾਰੀਆਂ ਨੇ ਲਿਆ ਹਿੱਸਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਆਗਾਮੀ ਸੀਨੀਅਰ ਨੈਸ਼ਨਲ ਖੋ-ਖੋ ਚੈਂਪੀਅਨਸ਼ਿਪ ਲਈ ਪੰਜਾਬ ਦੀਆਂ ਪੁਰਸ਼ ਅਤੇ ਮਹਿਲਾ ਟੀਮਾਂ ਦੇ ਚੋਣ ਟਰਾਇਲ ਜਲੰਧਰ ਵਿੱਚ ਕਰਵਾਏ ਗਏ।ਇਹ ਚੈਂਪੀਅਨਸ਼ਿਪ 11 ਤੋਂ 14 ਨਵੰਬਰ ਤੱਕ ਮਹਾਰਾਸ਼ਟਰ ਵਿੱਚ ਹੋਵੇਗੀ।ਟਰਾਇਲਾਂ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਕੁੱਲ 215 ਖਿਡਾਰੀਆਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ 90 ਮਹਿਲਾ ਅਤੇ 125 ਪੁਰਸ਼ ਖਿਡਾਰੀ ਸ਼ਾਮਲ ਸਨ।ਚੋਣ ਟਰਾਇਲ ਪੰਜਾਬ ਖੋ-ਖੋ ਦੇ ਚੇਅਰਮੈਨ ਸੁਰਿੰਦਰ ਕੁਮਾਰ, ਪੀਪੀਐੱਸ, ਸਕੱਤਰ ਰਵਿੰਦਰ ਸਿੰਘ, ਮੀਤ ਪ੍ਰਧਾਨ ਮਨਮੋਹਨ ਸਿੰਘ, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਲਖਵੀਰ ਸਿੰਘ ਅਤੇ ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋ ਲੇਲ ਖੁਜਾਲਾ ਦੇ ਡੀਪੀ ਰਾਜਨ ਕੁਮਾਰ ਨੇ ਲਏ।ਇਨ੍ਹਾਂ ਟਰਾਇਲਾਂ ਰਾਹੀਂ ਰਾਸ਼ਟਰੀ ਚੈਂਪੀਅਨਸ਼ਿਪ ਦੇ ਪੁਰਸ਼ ਅਤੇ ਮਹਿਲਾ ਵਰਗਾਂ ਵਿੱਚ ਪੰਜਾਬ ਦੀ ਨੁਮਾਇੰਦਗੀ ਕਰਨ ਵਾਲੀਆਂ ਟੀਮਾਂ ਦੀ ਚੋਣ ਲਈ ਖਿਡਾਰੀਆਂ ਦਾ ਮੁਲਾਂਕਣ ਕੀਤਾ ਗਿਆ।

## ਸਰਹੱਦੀ ਲੋਕ ਸੇਵਾ ਸਮਿਤੀ ਨੇ ਲਗਾਇਆ ਖ਼ੂਨਦਾਨ ਤੇ ਮੁਫ਼ਤ ਮੈਡੀਕਲ ਜਾਂਚ ਕੈਂਪ



**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਸਰਹੱਦੀ ਲੋਕ ਸੇਵਾ ਸਮਿਤੀ ਵੱਲੋਂ ਸਮਾਜ ਸੇਵਾ ਦੇ ਖੇਤਰ ਵਿਚ ਕੀਤੇ ਜਾ ਰਹੇ ਨਿਰੰਤਰ ਸੇਵਾ ਕਾਰਜਾਂ ਦੀ ਲੜੀ ਤਹਿਤ ਪੁਤਲੀਘਰ ਸਥਿਤ ਮਹਾਂਵੀਰ ਦਲ ਮੰਦਰ ਵਿਖੇ ਮੁਫ਼ਤ ਡਾਕਟਰੀ ਜਾਂਚ, ਦਵਾਈ ਵੰਡ ਤੇ ਖੂਨਦਾਨ ਕੈਂਪ ਲਗਾਇਆ ਗਿਆ। ਸਮਿਤੀ ਨੇ ਹੁਣ ਤਕ 200 ਤੋਂ ਵੱਧ ਮੁਫ਼ਤ ਡਾਕਟਰੀ ਜਾਂਚ ਤੇ ਸਿਹਤ ਕੈਂਪ ਲਗਾਏ ਹਨ। ਐਤਵਾਰ ਨੂੰ ਲਗਾਏ ਗਏ ਇਸ ਕੈਂਪ ਵਿਚ 100 ਤੋਂ ਵੱਧ ਵਿਅਕਤੀਆਂ ਨੇ ਖੂਨਦਾਨ ਕਰ ਕੇ ਮਨੁੱਖਤਾ ਦੀ ਸੇਵਾ ਵਿਚ ਯੋਗਦਾਨ ਪਾਇਆ, ਜਦੋਂ ਕਿ 400 ਤੋਂ ਵੱਧ ਲੋਕਾਂ ਨੇ ਮੁਫ਼ਤ ਦਵਾਈਆਂ ਤੇ ਸਿਹਤ ਸੇਵਾਵਾਂ ਦਾ ਲਾਭ ਉਠਾਇਆ। ਕੈਂਪ ਵਿਚ ਲੋੜਵੰਦ ਵਿਅਕਤੀਆਂ ਦੀ ਸਿਹਤ ਦੀ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਲੋੜੀਂਦੀਆਂ ਦਵਾਈਆਂ ਮੁਫ਼ਤ ਉਪਲੱਬਧ ਕਰਵਾਈਆਂ ਗਈਆਂ। ਇਸ ਪ੍ਰੋਗਰਾਮ ਵਿਚ ਸਰਹੱਦੀ ਲੋਕ ਸੇਵਾ ਸਮਿਤੀ ਦੇ ਸੂਬਾ ਸਕੱਤਰ ਭਾਨੂੰ ਪ੍ਰਕਾਸ਼ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਸਰਹੱਦੀ ਲੋਕ ਸੇਵਾ ਸਮਿਤੀ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਸੁਮਿਤ ਸ਼ਰਮਾ, ਜਨਰਲ ਸਕੱਤਰ ਅਰਵਿੰਦ ਸ਼ਰਮਾ ਤੇ ਵਾਰਡ ਨੰਬਰ 65 ਦੇ ਕੌਂਸਲਰ ਪਤੀ ਪਵਨ ਚੌਧਰੀ, ਭਾਜਪਾ ਪੁਤਲੀਘਰ ਮੰਡਲ ਦੇ ਸੀਨੀਅਰ ਮੀਤ ਪ੍ਰਧਾਨ ਸਾਜਨ ਕੁਮਾਰ, ਵਾਈਸੀ ਸ਼ਰਮਾ ਵੀ ਮੌਜੂਦ ਸਨ। ਸਰਹੱਦੀ ਲੋਕ ਸੇਵਾ ਸਮਿਤੀ ਦੇ ਜ਼ਿਲ੍ਹਾ ਉਪ ਪ੍ਰਧਾਨ ਜਗਦੀਸ਼ ਕੌਸ਼ਲ, ਲਵਕੁਸ਼, ਰਾਜਿੰਦਰ ਸੇਠ, ਗੁਰਪ੍ਰੀਤ ਸਿੰਘ ਰਾਜਾ, ਨਿਰਮਲ ਸਿੰਘ, ਜਨਕ ਰਾਜ ਤੇ ਰਾਜੀਵ ਸੰਜੀਵ ਸਮੇਤ ਸਮਿਤੀ ਦੇ ਹੋਰ ਵਰਕਰਾਂ ਨੇ ਕੈਂਪ ਨੂੰ ਸਫ਼ਲ ਬਣਾਉਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਈ। ਸਮਿਤੀ ਨੇ ਖੂਨਦਾਨੀਆਂ, ਡਾਕਟਰਾਂ, ਵਲੰਟੀਅਰਾਂ, ਕਾਰਕੁਨਾਂ ਤੇ ਕੈਂਪ ਨੂੰ ਸਫ਼ਲ ਬਣਾਉਣ ਵਿਚ ਮਦਦ ਕਰਨ ਵਾਲੇ ਸਾਰੇ ਸਮਾਜ ਸੇਵਕਾਂ ਦਾ ਧੰਨਵਾਦ ਕੀਤਾ।

## ਪੰਜਾਬ ਸਰਕਾਰ ਦਾ ਸ੍ਰੀ ਗੋਇੰਦਵਾਲ ਸਾਹਿਬ ਨਾਲ ਮਤਰੇਈ ਮਾਂ ਵਾਲਾ ਵਤੀਰਾ ਬਰਦਾਸ਼ਤ ਨਹੀਂ ਹੋਵੇਗਾ: ਰਾਏ



**ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੋਇੰਦਵਾਲ ਸਾਹਿਬ ਨਾਲ ਮਤਰੇਈ ਮਾਂ ਵਾਲਾ ਵਤੀਰਾ ਅਪਣਾਏ ਜਾਣ 'ਤੇ ਸ਼ਹਿਰ ਵਾਸੀਆਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਜਾਣਕਾਰੀ ਅਨੁਸਾਰ ਪਿਛਲੇ ਦਿਨੀਂ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਇੱਕ ਦੀ ਥਾਂ ਦੋ-ਦੋ ਕਾਨਫਰੰਸਾਂ ਕਰਵਾਈਆਂ ਗਈਆਂ, ਜਿਸ ਵਿੱਚ ਲੋਕਾਂ ਦੁਆਰਾ ਦਿੱਤੇ ਗਏ ਟੈਕਸ ਦੇ ਪੈਸੇ ਦੀ ਰੱਜ ਕੇ ਦੁਰਵਰਤੋਂ ਕੀਤੀ ਗਈ ਪਰ ਇਸ ਦੇ ਬਾਵਜੂਦ ਮੁੱਖ ਮੰਤਰੀ ਸ. ਮਾਨ ਵੱਲੋਂ ਸ੍ਰੀ ਗੋਇੰਦਵਾਲ ਸਾਹਿਬ ਦੇ ਵਿਕਾਸ ਲਈ ਕੋਈ ਵੀ ਨਵੀਂ ਸਹੂਲਤ ਜਾਂ ਐਲਾਨ ਨਹੀਂ ਕੀਤਾ ਗਿਆ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਗੁਰਵਿੰਦਰ ਸਿੰਘ ਰਾਏ ਨੇ ਕੀਤਾ।ਸਥਾਨਕ ਆਗੂਆਂ ਅਤੇ ਲੋਕਾਂ ਦਾ ਕਹਿਣਾ ਹੈ ਕਿ ਹਰ ਸਰਕਾਰ ਸ੍ਰੀ ਗੋਇੰਦਵਾਲ ਸਾਹਿਬ ਨੂੰ ਸਿਰਫ਼ ਸਿਆਸੀ ਮੰਚ ਵਜੋਂ ਵਰਤਦੀ ਹੈ, ਪਰ ਸਹੂਲਤਾਂ ਦੇ ਨਾਮ 'ਤੇ ਕੁਝ ਨਹੀਂ ਦਿੰਦੀ।ਸੀ ਐਮ ਵੱਲੋਂ ਵੀ ਇਸ ਵਾਰ ਖਾਲੀ ਭਾਸ਼ਣਾਂ ਤੋਂ ਇਲਾਵਾ ਕੋਈ ਵਿਕਾਸ ਕਾਰਜ, ਕੋਈ ਨਵਾਂ ਪ੍ਰੋਜੈਕਟ ਜਾਂ ਸਹੂਲਤ ਨਹੀਂ ਦਿੱਤੀ ਗਈ, ਜਿਸ ਕਰਕੇ ਲੋਕਾਂ 'ਚ ਨਿਰਾਸ਼ਾ ਹੈ।ਉਨ੍ਹਾਂ ਨੇ ਕਿਹਾ ਕਿ ਸਰਕਾਰ ਨੇ ਕੋਈ ਨਵਾਂ ਪ੍ਰੋਜੈਕਟ ਜਾਂ ਸਹੂਲਤ ਤਾਂ ਸ਼ਹਿਰ ਵਾਸੀਆਂ ਨੂੰ ਪ੍ਰਦਾਨ ਨਹੀਂ ਕੀਤੀ ਸਗੋਂ ਪਹਿਲਾਂ ਚੱਲ ਰਹੀਆਂ ਸਹੂਲਤਾਂ ਨੂੰ ਵੀ ਖਤਮ ਕਰ ਰਹੇ ਹਨ ਜਿਸ ਦੀ ਉਦਾਹਰਨ ਸਰਕਾਰੀ ਹਸਪਤਾਲ ਦਾ ਦਰਜਾ ਪੀਐੱਚਸੀ ਤੋਂ ਮਹੱਲਾ ਕਲੀਨਿਕ ਕਰ ਦਿੱਤਾ ਗਿਆ ਹੈ ਜਿਸ ਨਾਲ ਇਸ ਵਿੱਚ ਜੱਚਾ ਬੱਚਾ ਵਰਗੀਆਂ ਮੁੱਢਲੀਆਂ ਜ਼ਰੂਰੀ ਸਹੂਲਤਾਂ ਨੂੰ ਇਥੋਂ ਬਦਲ ਕੇ ਦੂਰ ਦੁਰਾਡੇ ਦੇ ਹਸਪਤਾਲ ਵਿੱਚ ਸ਼ਿਫਟ ਕਰ ਦਿੱਤਾ ਗਿਆ ਹੈ ਜੋ ਕਿ ਬਹੁਤ ਮੰਦਭਾਗਾ ਹੈ। ਲੋਕਾਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ ਆਪਣਾ ਇਹ ਮਤਰੇਈ ਮਾਂ ਵਾਲਾ ਵਤੀਰਾ ਨਾ ਬਦਲਿਆ ਤਾਂ ਲੋਕ ਇਸ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕਰਨਗੇ ਅਤੇ ਆਉਣ ਵਾਲੇ ਸਮੇਂ 'ਚ ਇਸ ਦਾ ਜਵਾਬ ਦਿੱਤਾ ਜਾਵੇਗਾ।ਇਸ ਮੌਕੇ ਰਘਬੀਰ ਸਿੰਘ ਵਿਰਕ, ਲਾਡੀ ਬਾਠ, ਮੋਹਨ ਸਿੰਘ ਬੱਲਾ ਸਾਬਕਾ ਸਰਪੰਚ, ਸ਼ਾਮ ਸਿੰਘ, ਪ੍ਰਤਾਪ ਸਿੰਘ ਪੰਜਾਬੀ ਆਦਿ ਹਾਜ਼ਰ ਸਨ।

## ਸ਼ੈਰੀ ਕਲਸੀ ਨੇ ਠੀਕਰੀਵਾਲ ਉੱਚਾ ਵਿਖੇ ਨੌਜਵਾਨਾਂ ਨੂੰ ਖੇਡਾਂ ਦਾ ਸਾਮਾਨ ਵੰਡਿਆ



ਬਟਾਲਾ (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਪਿੰਡ ਠੀਕਰੀਵਾਲ ਉੱਚਾ ਵਿਖੇ ਨੌਜਵਾਨਾਂ ਨੂੰ ਜਿਮ, ਵਾਲੀਬਾਲ ਅਤੇ ਕ੍ਰਿਕਟ ਦਾ ਸਾਮਾਨ ਵੰਡਿਆ।ਉਨ੍ਹਾਂ ਕਿਹਾ ਕਿ ਨੌਜਵਾਨ ਨੂੰ ਨਸ਼ਿਆਂ ਤੋਂ ਦੂਰ ਰੱਖਣ ਤੇ ਖੇਡਾਂ ਨਾਲ ਜੋੜਨ ਲਈ ਲਗਾਤਾਰ ਪਿੰਡਾਂ ਦੇ ਨੌਜਵਾਨਾਂ ਨੂੰ ਖੇਡ ਕਿੱਟਾਂ ਵੰਡੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਸਿਰਤੋੜ ਯਤਨ ਕਰ ਰਹੀ ਹੈ ਤੇ ਇਸੇ ਤਹਿਤ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸ਼ੁਰੂ ਕੀਤੀ ਗਈ ਹੈ।

ਇਸ ਤੋਂ ਇਲਾਵਾ ਬਲਾਕ ਤੇ ਜ਼ਿਲ੍ਹਾ ਪੱਧਰੀ ਖੇਡਾਂ ਸ਼ੁਰੂ ਕੀਤੀਆਂ ਗਈਆਂ ਹਨ ਤਾਂ ਜੋ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਸਕਣ।ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਪ੍ਰੇਰਦਿਆਂ ਕਿਹਾ ਕਿ ਖੇਡਾਂ ਖੇਡਣ ਨਾਲ ਜਿੱਥੇ ਉਨ੍ਹਾਂ ਨੂੰ ਸਰੀਰਕ ਪੱਖੋਂ ਤੰਦਰੁਸਤੀ ਮਿਲੇਗੀ ਉੱਥੇ ਮਾਨਸਿਕ ਪੱਖੋਂ ਵੀ ਉਹ ਮਜ਼ਬੂਤ ਹੋਣਗੇ।

ਉਨ੍ਹਾਂ ਕਿਹਾ ਕਿ ਸਾਡੇ ਇਹ ਨੌਜਵਾਨ ਖਿਡਾਰੀ ਇੱਥੇ ਆਪਣੇ ਪਿੰਡਾਂ ਦੇ ਖੇਡ ਗਰਾਊਂਡਾਂ ਵਿੱਚ ਖੇਡ ਕੇ ਅਗਾਂਹ ਬਲਾਕ, ਜ਼ਿਲ੍ਹਾ ਅਤੇ ਰਾਜ ਪੱਧਰੀ ਖੇਡਾਂ ਵਿੱਚ ਖੇਡਣਗੇ ਤੇ ਆਪਣੇ ਮਾਪਿਆਂ ਦਾ ਅਤੇ ਇਲਾਕੇ ਦਾ ਨਾਮ ਰੌਸ਼ਨ ਕਰਨ ਦੇ ਨਾਲ ਨਾਲ ਪੰਜਾਬ ਨੂੰ ਫਿਰ ਤੋਂ ਰੰਗਲਾ ਪੰਜਾਬ ਬਣਾਉਣ ਵਿੱਚ ਸਹਿਯੋਗ ਕਰਨਗੇ।ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਦੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਨਸ਼ਿਆਂ ਨੂੰ ਛੱਡ ਕੇ ਖੇਡਾਂ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ।

## ਮਮਤਾ ਅਰੋੜਾ ਨੂੰ ਮਿਲਿਆ ਸੈਸ਼ਨ 2026-27 ਦਾ ਸਰਬਉੱਤਮ ਅਧਿਆਪਕ ਪੁਰਸਕਾਰ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਲਈ ਬੜੇ ਮਾਣ ਵਾਲੀ ਗੱਲ ਰਹੀ ਕਿ ਸਾਡੇ ਸਕੂਲ ਦੇ ਅਕੈਡਮਿਕ ਐੱਚ. ਓ. ਡੀ ਮੈਡਮ ਮਮਤਾ ਅਰੋੜਾ ਨੂੰ ਉਨਾਂ ਦੇ 35 ਸਾਲਾਂ ਤੋਂ ਵੀ ਵੱਧ ਸਮੇਂ ਦੇ ਬੇਮਿਸਾਲ ਅਧਿਆਪਨ ਕੈਰੀਅਰ ਲਈ ਰਾਸਾ ਸਹੋਦਿਆ ਵੱਲੋਂ 2026 ਦੇ ਸਰਵੋਤਮ ਅਧਿਆਪਕ ਦੇ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ।ਇਸ ਸਬੰਧੀ ਆਰਮੀ ਪਬਲਿਕ ਸਕੂਲ ਅੰਮ੍ਰਿਤਸਰ ਵਿਖੇ ਇੱਕ ਸ਼ਾਨਦਾਰ ਸਮਾਗਮ ਰੱਖਿਆ ਗਿਆ ਜਿੱਥੇ ਉਨਾਂ ਨੂੰ ਸੈਸ਼ਨ 26-27 ਦੇ ਸਰਵੋਤਮ ਅਧਿਆਪਕ ਪੁਰਸਕਾਰ ਦੇ ਨਾਲ ਨਿਵਾਜਿਆ ਗਿਆ।ਵਰਣਨਯੋਗ ਹੈ ਕਿ ਮਮਤਾ ਅਰੋੜਾ ਬੀ.ਐੱਸਸੀ ਆਨਰਜ਼, ਐੱਮ ਐੱਸਸੀ ਕੈਮਿਸਟਰੀ ਆਨਰਜ਼ , ਐਮ ਫਿਲ ਆਰਗੈਨਿਕ ਕੈਮਿਸਟਰੀ, ਬੀਐੱਡ ਕਰਨ ਉਪਰੰਤ ਸਿੱਖਿਆ ਦੇ ਖੇਤਰ ਨਾਲ ਜੁੜ ਗਏ ਅਤੇ ਆਕਾਸ਼ ਇੰਸਟੀਚਿਊਟ ਅਤੇ ਹੋਰ ਬਿਹਤਰੀਨ ਸਿੱਖਿਆ ਸੰਸਥਾਵਾਂ ਵਿੱਚ ਪੜ੍ਹਾਉਂਦੇ ਹੋਏ ਸਾਲ 2007 ਤੋਂ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿਖੇ ਬਤੌਰ ਕੈਮਿਸਟਰੀ ਲੈਕਚਰਾਰ ਵਜੋਂ ਸੇਵਾ ਨਿਭਾਉਣੀ ਸ਼ੁਰੂ ਕੀਤੀ।ਫਿਲਹਾਲ ਉਹ ਸੇਂਟ ਸੋਲਜਰ ਸਕੂਲ ਵਿੱਚ ਐੱਚ ਓ ਡੀ ਅਕੈਡਮਿਕ ਵਜੋਂ ਆਪਣੀਆਂ ਸੇਵਾਵਾਂ ਦੇ ਰਹੇ ਹਨ।ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾ ਅਮਰਪ੍ਰੀਤ ਕੌਰ ਨੇ ਕਿਹਾ ਕਿ ਜਿੱਥੇ ਮੈਡਮ ਮਮਤਾ ਅਰੋੜਾ ਜੀ ਸਿੱਖਿਆ ਦੇ ਅਰਥ ਸ਼ਾਸਤਰੀ ਹਨ ਉੱਥੇ ਇੱਕ ਬੜੇ ਹੀ ਮਿੱਠ ਬੋਲੜੇ ਸੁਭਾਅ ਦੇ ਮਾਲਕ ਹਨ ਅਤੇ ਹਮੇਸ਼ਾ ਹੀ ਵਿਦਿਆਰਥੀਆਂ ਦੇ ਭਵਿੱਖ ਨੂੰ ਸ਼ਾਨਦਾਰ ਬਣਾਉਣ ਲਈ ਯਤਨ ਜਾਰੀ ਰੱਖਦੇ ਹਨ।ਸੇਂਟ ਸੋਲਜਰ ਸਕੂਲ ਦਾ ਪੂਰਾ ਪਰਿਵਾਰ ਉਹਨਾਂ ਨੂੰ ਸਰਵੋਤਮ ਅਧਿਆਪਕ ਦਾ ਐਵਾਰਡ ਮਿਲਣ ਤੇ ਦਿਲੋਂ ਵਧਾਈ ਦਿੰਦਾ ਹੈ।ਇਸ ਮੌਕੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ, ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

## ਵਾਰਡ ਨੰਬਰ 58 'ਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਾਗਰੂਕਤਾ ਮੀਟਿੰਗ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅੰਮ੍ਰਿਤਸਰ ਕੇਂਦਰੀ ਵਿਧਾਨ ਸਭਾ ਹਲਕੇ ਦੇ ਵਾਰਡ ਨੰਬਰ 58 ਵਿੱਚ ਡਬਲਿਊ.ਡੀ.ਸੀ. ਕਮੇਟੀ ਦੇ ਸਹਿਯੋਗ ਨਾਲ ਅਹਿਮ ਜਾਗਰੂਕਤਾ ਮੀਟਿੰਗ ਕਰਵਾਈ ਗਈ। ਮੀਟਿੰਗ ਦੀ ਅਗਵਾਈ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਕੇਂਦਰੀ ਦੇ ਵਿਧਾਇਕ ਡਾ. ਅਜੇ ਗੁਪਤਾ ਨੇ ਕੀਤੀ, ਜਦਕਿ ਨਸ਼ਾ ਮੁਕਤੀ ਮੋਰਚਾ ਦੇ ਮਾਝਾ ਜ਼ੋਨ ਇੰਚਾਰਜ ਦੀਕਸ਼ਿਤ ਧਵਨ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੌਰਾਨ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ, ਨਸ਼ਿਆਂ ਵਿਰੁੱਧ ਲੋਕਾਂ ਦੀ ਭਾਗੀਦਾਰੀ ਵਧਾਉਣ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਵਾਰਡ ਵਾਸੀਆਂ ਨੇ ਨਸ਼ਿਆਂ ਵਿਰੁੱਧ ਹਾਂ-ਪੱਖੀ ਨਾਅਰੇ ਲਗਾਉਂਦਿਆਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਆਪਣਾ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਮਾਝਾ ਜ਼ੋਨ ਇੰਚਾਰਜ ਦੀਕਸ਼ਿਤ ਧਵਨ ਨੇ ਕਿਹਾ ਕਿ ਨਸ਼ਾ ਮੁਕਤੀ ਮੋਰਚੇ ਦੇ ਸਮੂਹ ਮੈਂਬਰ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਭਰਪੂਰ ਸਹਿਯੋਗ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਮੋਰਚੇ ਵੱਲੋਂ ਪਿੰਡ-ਪਿੰਡ ਅਤੇ ਵਾਰਡ-ਵਾਰਡ ਜਾ ਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਜਾਗਰੂਕਤਾ ਮੀਟਿੰਗਾਂ ਲਗਾਤਾਰ ਕਰਵਾਈਆਂ ਜਾਣਗੀਆਂ। ਇਸ ਮੌਕੇ ਨਸ਼ਾ ਮੁਕਤੀ ਮੋਰਚੇ ਦੇ ਹਨੀ ਨਾਹਰ, ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਸ਼ਹਿਰੀ ਐੱਨਐੱਮਐੱਮ., ਬੁੱਟਰ, ਹਲਕਾ ਕੋਆਰਡੀਨੇਟਰ ਐੱਨਐੱਮਐੱਮ., ਮੈਡਮ ਮੋਨਿਕਾ, ਰਾਜੇਸ਼ ਹਾਂਡਾ, ਹਲਕਾ ਵਾਈਸ ਕੋਆਰਡੀਨੇਟਰ, ਕਰੁਣਾ ਸਾਗਰ, ਰਾਜੂ ਭਾਟੀਆ, ਬਲਾਕ ਕੋਆਰਡੀਨੇਟਰ ਅਤੇ ਵਾਰਡ ਨੰਬਰ 58 ਦੀ ਡਬਲਿਊਡੀਸੀ ਐਕਟਿੰਗ ਪ੍ਰੈਜ਼ੀਡੈਂਟ ਅਜੈ ਨੋਏਲ ਸਮੇਤ ਹੋਰ ਵਰਕਰ ਅਤੇ ਵਾਰਡ ਵਾਸੀ ਹਾਜ਼ਰ ਸਨ।

## ਦਿਨੇਸ਼ ਬੱਸੀ ਨੇ ਨਵ-ਨਿਯੁਕਤ ਪ੍ਰਧਾਨ ਨੂੰ ਦਿੱਤੀ ਵਧਾਈ



ਛੇਹਰਟਾ, (ਮਨੋਜ ਕੁਮਾਰ) : ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਵੇਂ ਪ੍ਰਧਾਨ ਨਿਯੁਕਤ ਕੀਤੇ ਗਏ ਪਰਗਟ ਸਿੰਘ ਨੂੰ ਅੰਮ੍ਰਿਤਸਰ ਪੂਰਬੀ ਹਲਕੇ ਦੇ ਸੀਨੀਅਰ ਕਾਂਗਰਸੀ ਆਗੂ ਤੇ ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਦਿਨੇਸ਼ ਬੱਸੀ ਨੇ ਵਧਾਈ ਦਿੱਤੀ ਹੈ। ਉਨ੍ਹਾਂ ਨੇ ਪਰਗਟ ਸਿੰਘ ਦੀ ਨਿਯੁਕਤੀ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸੂਬਾ ਪ੍ਰਧਾਨ ਬਣਨ ਨਾਲ ਕਾਂਗਰਸੀ ਆਗੂਆਂ ਤੇ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਇਆ ਹੈ। ਦਿਨੇਸ਼ ਬੱਸੀ ਨੇ ਕਿਹਾ ਕਿ ਪਰਗਟ ਸਿੰਘ ਦੀ ਅਗਵਾਈ ਹੇਠ ਪਾਰਟੀ ਹੋਰ ਮਜ਼ਬੂਤ ਹੋਵੇਗੀ ਤੇ ਕਾਂਗਰਸੀ ਵਰਕਰ ਪੂਰੇ ਜੋਸ਼ ਨਾਲ ਪਾਰਟੀ ਨੂੰ ਮਜ਼ਬੂਤ ਕਰਨ ਲਈ ਕੰਮ ਕਰਨਗੇ। ਉਨ੍ਹਾਂ ਕਿਹਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਕਾਂਗਰਸ ਆਪਣੀ ਸਰਕਾਰ ਬਣਾਏਗੀ। ਉਨ੍ਹਾਂ ਨੇ ਕਾਂਗਰਸੀ ਆਗੂਆਂ ਤੇ ਵਰਕਰਾਂ ਨੂੰ ਇਕਜੁੱਟ ਹੋ ਕੇ ਪਾਰਟੀ ਦੀਆਂ ਨੀਤੀਆਂ ਤੇ ਲੋਕ ਹਿੱਤ ਦੇ ਮੁੱਦਿਆਂ ਨੂੰ ਲੈ ਕੇ ਲੋਕਾਂ ਵਿਚ ਜਾਣ ਦੀ ਅਪੀਲ ਵੀ ਕੀਤੀ।

## ਮੁੱਕੇਬਾਜ਼ ਮਨਪ੍ਰੀਤ ਸਿੰਘ ਨੇ ਬਾਕਸਿੰਗ ਚੈਂਪੀਅਨਸ਼ਿਪ 'ਚ ਜਿੱਤਿਆ ਸੋਨ ਤਮਗਾ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਕਲਗੀਧਰ ਪਬਲਿਕ ਸਕੂਲ ਭਿੱਖੀਵਿੰਡ ਦੇ ਹੋਣਹਾਰ ਵਿਦਿਆਰਥੀ ਮੁੱਕੇਬਾਜ਼ ਮਨਪ੍ਰੀਤ ਸਿੰਘ ਨੇ ਆਈ ਸੀ ਐੱਸ ਈ. ਵੱਲੋਂ ਕਰਵਾਈ ਗਈ ਆਲ ਇੰਡੀਆ ਬਾਕਸਿੰਗ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗਾ ਆਪਣੇ ਨਾਮ ਕੀਤਾ ਹੈ।ਮਨਪ੍ਰੀਤ ਸਿੰਘ ਦੀ ਇਸ ਵਿਲੱਖਣ ਪ੍ਰਾਪਤੀ ਦੀ ਇਲਾਕੇ ਭਰ ਵਿੱਚ ਖੂਬ ਚਰਚਾ ਹੋ ਰਹੀ ਹੈ।ਮਨਪ੍ਰੀਤ ਸਿੰਘ ਅਨੁਸਾਰ ਉਸ ਦੀ ਕਾਮਯਾਬੀ ਪਿੱਛੇ ਉਸ ਦੇ ਮਾਪਿਆਂ, ਕੋਚ ਅਤੇ ਸਕੂਲ ਦੇ ਸਮੂਹ ਅਧਿਆਪਕਾਂ ਦਾ ਅਹਿਮ ਯੋਗਦਾਨ ਹੈ। ਦੱਸ ਦਈਏ ਕਿ ਮਨਪ੍ਰੀਤ ਸਿੰਘ ਨੂੰ ਹੋਣਹਾਰ ਖਿਡਾਰੀ ਬਣਾਉਣ ਲਈ ਉਸ ਦੇ ਪਿਤਾ ਗੁਰਪ੍ਰੀਤ ਸਿੰਘ ਨੇ ਵੀ ਬਹੁਤ ਮਿਹਨਤ ਕੀਤੀ ਹੈ।ਇਸ ਸੰਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬੁੱਢਾ ਸਿੰਘ ਨੇ ਦੱਸਿਆ ਕਿ ਆਈ. ਸੀ. ਐੱਸ. ਈ. ਵੱਲੋਂ ਕਰਵਾਈ ਗਈ ਆਲ ਇੰਡੀਆ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਉਨ੍ਹਾਂ ਦੇ ਸਕੂਲ ਦੇ ਮੁੱਕੇਬਾਜ਼ ਮਨਪ੍ਰੀਤ ਸਿੰਘ ਨੇ ਸੋਨ ਤਗਮਾ ਜਿੱਤ ਕੇ ਇਤਿਹਾਸ ਰਚਿਆ ਹੈ।ਮਨਪ੍ਰੀਤ ਸਿੰਘ ਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਬੁੱਢਾ ਸਿੰਘ ਨੇ ਕਿਹਾ ਕਿ ਮਿਹਨਤ ਦੇ ਨਾਲ-ਨਾਲ ਪਰਿਵਾਰ ਤੇ ਸਕੂਲ ਵੱਲੋਂ ਮਿਲੇ ਸਹਿਯੋਗ ਸਦਕਾ ਹੀ ਖਿਡਾਰੀ ਨੇ ਗੋਲਡ ਮੈਡਲ ਜਿੱਤਿਆ ਹੈ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਅਧਿਆਪਨ ਤੋਂ ਇਲਾਵਾ ਵਿਦਿਆਰਥੀਆਂ ਦੀਆਂ ਰੁਚੀਆਂ ਨੂੰ ਪਛਾਨਣਾ ਤੇ ਵਿਕਸਿਤ ਕਰਨਾ ਵੀ ਅਧਿਆਪਕਾਂ ਦਾ ਫਰਜ਼ ਹੈ। ਬੁੱਢਾ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਸਕੂਲ ਵਿੱਚ ਵਿਦਿਆਰਥੀ ਦੀ ਪ੍ਰਤਿਭਾ ਨੂੰ ਪਛਾਨਣ ਤੇ ਤਰਾਸ਼ਣ ਲਈ ਸਾਰਥਕ ਯਤਨ ਕੀਤੇ ਜਾਂਦੇ ਹਨ ਤੇ ਇਹ ਉਨ੍ਹਾਂ ਯਤਨਾਂ ਦਾ ਹੀ ਨਤੀਜਾ ਹੈ ਕਿ ਅੱਜ ਮਨਪ੍ਰੀਤ ਸਿੰਘ ਨੇ ਗੋਲਡ ਮੈਡਲ ਜਿੱਤ ਕੇ ਸਕੂਲ ਦੀ ਝੋਲੀ ਪਾਇਆ ਹੈ। ਅੰਤ ਵਿੱਚ ਉਨ੍ਹਾਂ ਸਕੂਲ ਦੇ ਸਾਰੇ ਹੀ ਅਧਿਆਪਕਾਂ ਨੂੰ ਵਧਾਈਆਂ ਦਿੰਦਿਆਂ ਹੋਰ ਡਟ ਕੇ ਕੰਮ ਕਰਨ ਦਾ ਸੁਨੇਹਾ ਦਿੱਤਾ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।




## ਅੰਮ੍ਰਿਤਸਰ ਜ਼ਿਲ੍ਹੇ 'ਚ ਝੋਨੇ ਦੀ ਖਰੀਦ ਦਾ ਕੰਮ ਸੁਚਾਰੂ ਢੰਗ ਨਾਲ ਜਾਰੀ: ਡੀ ਸੀ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਅੰਮ੍ਰਿਤਸਰ ਜ਼ਿਲ੍ਹੇ ਵਿੱਚ ਸਾਉਣੀ ਸੀਜ਼ਨ 2026-27 ਦੌਰਾਨ ਝੋਨੇ ਦੀ ਸਰਕਾਰੀ ਖਰੀਦ ਦਾ ਕੰਮ ਸੁਚਾਰੂ ਢੰਗ ਨਾਲ ਜਾਰੀ ਹੈ। 3 ਅਕਤੂਬਰ 2026 ਦੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕੁੱਲ 36,360 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਿਸ ਵਿੱਚੋਂ 35,766 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ 3 ਅਕਤੂਬਰ ਦੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 18,655 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ, ਜਿਸ ਵਿੱਚੋਂ ਵੱਖ-ਵੱਖ ਸਰਕਾਰੀ ਖਰੀਦ ਏਜੰਸੀਆਂ ਵੱਲੋਂ 18,471 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਝੋਨੇ ਦੀ ਸਰਕਾਰੀ ਖਰੀਦ ਲਈ ਨਿਰਧਾਰਤ ਦਰ 2,461 ਪ੍ਰਤੀ ਕੁਇੰਟਲ ਹੈ। ਹੁਣ ਤੱਕ ਹੋਈ ਕੁੱਲ ਖਰੀਦ ਵਿੱਚੋਂ ਪਨਗ੍ਰੇਨ ਵੱਲੋਂ 14,963 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 13,839 ਮੀਟ੍ਰਿਕ ਟਨ, ਪਨਸਪ ਵੱਲੋਂ 2,703 ਮੀਟ੍ਰਿਕ ਟਨ ਅਤੇ ਪੀਐੱਸਡਬਲਿਊਸੀ ਵੱਲੋਂ 4,261 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਖਰੀਦੇ ਗਏ ਝੋਨੇ ਦੀ ਲਿਫਟਿੰਗ ਦਾ ਕੰਮ ਵੀ ਸ਼ੁਰੂ ਹੋ ਗਿਆ ਹੈ ਅਤੇ ਹੁਣ ਤੱਕ ਕੁੱਲ 3,574 ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਕੀਤੀ ਜਾ ਚੁੱਕੀ ਹੈ। ਇਸ ਵਿੱਚ ਪਨਗ੍ਰੇਨ ਵੱਲੋਂ 627 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 2,137 ਮੀਟ੍ਰਿਕ ਟਨ, ਪਨਸਪ ਵੱਲੋਂ 445 ਮੀਟ੍ਰਿਕ ਟਨ ਅਤੇ ਪੀਐੱਸਡਬਲਿਊਸੀ ਵੱਲੋਂ 365 ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ ਅਤੇ ਖਰੀਦ, ਲਿਫਟਿੰਗ ਅਤੇ ਅਦਾਇਗੀ ਦੀ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਬੰਧਤ ਅਧਿਕਾਰੀਆਂ ਨੂੰ ਲਗਾਤਾਰ ਹਦਾਇਤਾਂ ਦਿੱਤੀਆਂ ਜਾ ਰਹੀਆਂ ਹਨ।

## ਖੇਡ ਮੈਦਾਨਾਂ 'ਚ ਠਾਠਾਂ ਮਾਰਦੀ ਨੌਜਵਾਨ ਊਰਜਾ ਹੀ ਰੰਗਲੇ ਪੰਜਾਬ ਦੀ ਅਸਲ ਤਾਕਤ : ਕਟਾਰੂਚੱਕ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਰਕਾਰੀ ਕਾਲਜ ਗੁਰਦਾਸਪੁਰ ਦੇ ਮੈਦਾਨ ਵਿੱਚ 'ਖੁਸ਼ਹਾਲ ਬਹਿਲ ਮੈਮੋਰੀਅਲ ਕ੍ਰਿਕਟ ਕੱਪ' ਦੇ ਫਾਈਨਲ ਮੁਕਾਬਲੇ ਅਤੇ ਸਮਾਪਤੀ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ।ਇਸ ਮੌਕੇ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਸਮੇਤ ਪਾਰਟੀ ਦੇ ਆਗੂ ਵਰਕਰ ਅਤੇ ਖਿਡਾਰੀ ਮੌਜੂਦ ਸਨ।ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਨੌਜਵਾਨ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ।

ਉਨ੍ਹਾਂ ਨੇ ਸਵਰਗੀ ਖੁਸ਼ਹਾਲ ਬਹਿਲ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਇੱਕ ਅਜਿਹੀ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਰਾਜਨੀਤੀ ਦੇ ਖੇਤਰ ਵਿੱਚ ਕਦਰਾਂ-ਕੀਮਤਾਂ ਅਤੇ ਸਾਫ਼-ਸੁਥਰੀ ਰਾਜਨੀਤੀ ਨੂੰ ਕਾਇਮ ਰੱਖਿਆ।ਉਨ੍ਹਾਂ ਕਿਹਾ ਕਿ ਰਮਨ ਬਹਿਲ ਦੀ ਅਗਵਾਈ ਹੇਠ ਹੋਇਆ ਇਹ ਟੂਰਨਾਮੈਂਟ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਵਾਲਾ ਇਹ ਟੂਰਨਾਮੈਂਟ ਬਹੁਤ ਹੀ ਸ਼ਾਨਦਾਰ ਅਤੇ ਸਫਲ ਰਿਹਾ ਹੈ।

ਉਨ੍ਹਾਂ ਟੂਰਨਾਮੈਂਟ ਕਰਵਾਉਣ ਵਾਲੇ ਨੌਜਵਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਖੁਸ਼ਹਾਲ ਬਹਿਲ ਦੀ ਯਾਦ ਨੂੰ ਤਾਜ਼ਾ ਕਰਨ ਦਾ ਸ਼ਲਾਘਾਯੋਗ ਉਪਰਾਲਾ ਕੀਤਾ ਹੈ ਉਨ੍ਹਾਂ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੁੜਨ ਦੀ ਅਪੀਲ ਕੀਤੀ ਅਤੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਦਾ ਟੂਰਨਾਮੈਂਟ ਵਿੱਚ ਪਹੁੰਚਣ ਲਈ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਦੇ ਹਨ ਅਤੇ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਹਨ।ਟੂਰਨਾਮੈਂਟ ਵਿੱਚ ਲਗਭਗ 16 ਟੀਮਾਂ ਨੇ ਭਾਗ ਲਿਆ ਅਤੇ ਫਾਈਨਲ ਮੁਕਾਬਲੇ ਵਿੱਚ ਪਹੁੰਚੀਆਂ ਦੋਵੇਂ ਟੀਮਾਂ ਵੱਲੋਂ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਭਾਰਤ ਭੂਸ਼ਣ ਸ਼ਰਮਾ ਸੰਗਠਨ ਇੰਚਾਰਜ ਗੁਰਦਾਸਪੁਰ, ਚੇਅਰਮੈਨ ਸਪੋਰਟਸ ਵੈਲਫੇਅਰ ਸਵਿੰਦਰ ਸਿੰਘ ਲੰਬੜ, ਚੇਅਰਮੈਨ ਬਲਾਕ ਸੰਮਤੀ ਰਣਜੀਤ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਐਡਵੋਕੇਟ ਸੁੱਚਾ ਸਿੰਘ ਮੁਲਤਾਨੀ, ਸਰਕਾਰੀ ਕਾਲਜ ਗੁਰਦਾਸਪੁਰ ਦੇ ਪ੍ਰਿੰਸੀਪਲ ਅਸ਼ਵਨੀ ਕੁਮਾਰ ਭੱਲਾ, ਚੇਅਰਮੈਨ ਬਲਵਿੰਦਰ ਸਿੰਘ, ਸਰਪੰਚ ਬਲਜਿੰਦਰ ਸਿੰਘ ਸਮੇਤ ਹੋਰ ਪਤਵੰਤੇ ਅਤੇ ਖੇਡ ਪ੍ਰੇਮੀ ਹਾਜ਼ਰ ਸਨ।



# ਰਣਜੀਤ ਐਵੇਨਿਊ ਪੁਲਸ ਥਾਣਾ ਨਵੀਂ ਇਮਾਰਤ 'ਚ ਸ਼ਿਫਟ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਰਣਜੀਤ ਐਵੇਨਿਊ ਪੁਲਸ ਥਾਣੇ ਵਾਲੇ ਚੌਂਕ 'ਤੇ ਰੋਜ਼ਾਨਾ ਲੱਗਦੇ ਟ੍ਰੈਫਿਕ ਜਾਮ ਅਤੇ ਇਸ ਕਾਰਨ ਲੋਕਾਂ ਨੂੰ ਹੋ ਰਹੀ ਖੱਜਲ-ਖੁਆਰੀ ਤੋਂ ਹੁਣ ਵੱਡੀ ਰਾਹਤ ਮਿਲੇਗੀ। ਇਲਾਕਾ ਵਾਸੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਪੁਲਿਸ ਥਾਣੇ ਨੂੰ ਨਵੀਂ ਬਣੀ ਇਮਾਰਤ ਵਿੱਚ ਸ਼ਿਫਟ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਪੁਰਾਣੇ ਥਾਣੇ ਦੇ ਬਾਹਰ ਅਤੇ ਸੜਕ ਕਿਨਾਰੇ ਖੜ੍ਹੇ ਪੁਲਿਸ ਵਾਹਨਾਂ ਨੂੰ ਵੀ ਉੱਥੋਂ ਹਟਾਇਆ ਜਾ ਰਿਹਾ ਹੈ। ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਅਤੇ ਹਲਕਾ ਉੱਤਰੀ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਦੱਸਿਆ ਕਿ ਰਣਜੀਤ ਐਵੇਨਿਊ ਦੇ ਇਸ ਮਹੱਤਵਪੂਰਨ ਚੌਂਕ 'ਤੇ ਪੁਲਸ ਥਾਣੇ ਅਤੇ ਸੜਕ ਕਿਨਾਰੇ ਖੜ੍ਹੇ ਵਾਹਨਾਂ ਕਾਰਨ ਲੰਮੇ ਸਮੇਂ ਤੋਂ ਟ੍ਰੈਫਿਕ ਪ੍ਰਭਾਵਿਤ ਹੋ ਰਿਹਾ ਸੀ। ਇਲਾਕਾ ਵਾਸੀਆਂ, ਵਪਾਰੀਆਂ ਅਤੇ ਰੋਜ਼ਾਨਾ ਇੱਥੋਂ ਲੰਘਣ ਵਾਲੇ ਲੋਕਾਂ ਵੱਲੋਂ ਇਸ ਸਮੱਸਿਆ ਦਾ ਪੱਕਾ ਹੱਲ ਕਰਨ ਦੀ ਮੰਗ ਕੀਤੀ ਜਾ ਰਹੀ ਸੀ। ਉਨ੍ਹਾਂ ਦੱਸਿਆ ਕਿ ਇਸ ਮੰਗ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਲਗਭਗ ਇੱਕ ਸਾਲ ਪਹਿਲਾਂ ਉਨ੍ਹਾਂ ਵੱਲੋਂ ਰਣਜੀਤ ਐਵੇਨਿਊ ਕਮਰਸ਼ੀਅਲ ਏਰੀਆ, ਏਅਰ ਫੋਰਸ ਸਟੇਸ਼ਨ ਦੇ ਪਿੱਛੇ ਨਵੇਂ ਪੁਲਿਸ ਥਾਣੇ ਲਈ 2,000 ਵਰਗ ਗਜ਼ ਜਗ੍ਹਾ ਅਲਾਟ ਕੀਤੀ ਗਈ ਸੀ। ਇਸ ਜਗ੍ਹਾ 'ਤੇ ਨਵੇਂ ਪੁਲਿਸ ਥਾਣੇ ਦੀ ਇਮਾਰਤ ਬਣ ਕੇ ਤਿਆਰ ਹੋਣ ਉਪਰੰਤ ਥਾਣੇ ਨੂੰ ਨਵੀਂ ਇਮਾਰਤ ਵਿੱਚ ਸ਼ਿਫਟ ਕਰ ਦਿੱਤਾ ਗਿਆ ਹੈ। ਰਿੰਟੂ ਨੇ ਕਿਹਾ ਕਿ ਥਾਣਾ ਸ਼ਿਫਟ ਹੋਣ ਅਤੇ ਸੜਕ ਕਿਨਾਰੇ ਖੜ੍ਹੇ ਪੁਲਿਸ ਵਾਹਨਾਂ ਨੂੰ ਹਟਾਉਣ ਨਾਲ ਚੌਂਕ ਖੁੱਲ੍ਹਾ ਹੋਵੇਗਾ ਅਤੇ ਆਵਾਜਾਈ ਹੋਰ ਸੁਚਾਰੂ ਬਣੇਗੀ। ਇਸ ਨਾਲ ਨਾ ਸਿਰਫ਼ ਟ੍ਰੈਫਿਕ ਜਾਮ ਦੀ ਸਮੱਸਿਆ ਘਟੇਗੀ, ਸਗੋਂ ਰਾਹਗੀਰਾਂ, ਸਥਾਨਕ ਵਪਾਰੀਆਂ ਅਤੇ ਇਲਾਕਾ ਵਾਸੀਆਂ ਨੂੰ ਰੋਜ਼ਾਨਾ ਦੀ ਖੱਜਲ-ਖੁਆਰੀ ਤੋਂ ਵੀ ਵੱਡੀ ਰਾਹਤ ਮਿਲੇਗੀ। ਕਰਮਜੀਤ ਸਿੰਘ ਰਿੰਟੂ ਨੇ ਕਿਹਾ, ਇਹ ਸਿਰਫ਼ ਪੁਲਿਸ ਥਾਣਾ ਸ਼ਿਫਟ ਕਰਨ ਦਾ ਕੰਮ ਨਹੀਂ, ਸਗੋਂ ਇਲਾਕਾ ਵਾਸੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਇੱਕ ਅਹਿਮ ਮੰਗ ਦਾ ਪੱਕਾ ਹੱਲ ਹੈ। ਲੋਕਾਂ ਨੇ ਜੋ ਸਮੱਸਿਆ ਸਾਡੇ ਸਾਹਮਣੇ ਰੱਖੀ ਸੀ, ਉਸ ਲਈ ਜਗ੍ਹਾ ਅਲਾਟ ਕਰਨ ਤੋਂ ਲੈ ਕੇ ਨਵੀਂ ਇਮਾਰਤ ਤਿਆਰ ਹੋਣ ਅਤੇ ਥਾਣਾ ਸ਼ਿਫਟ ਹੋਣ ਤੱਕ ਲਗਾਤਾਰ ਯਤਨ ਕੀਤੇ ਗਏ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਨਾਲ ਸਿੱਧੇ ਤੌਰ 'ਤੇ ਜੁੜੇ ਕੰਮਾਂ ਨੂੰ ਪਹਿਲ ਦੇਣਾ ਅਤੇ ਅੰਮ੍ਰਿਤਸਰ ਨੂੰ ਹੋਰ ਸੁੰਦਰ, ਸੁਚਾਰੂ ਅਤੇ ਜਾਮ-ਮੁਕਤ ਬਣਾਉਣਾ ਸਾਡੀ ਮੁੱਖ ਤਰਜੀਹ ਹੈ।

# ਅੰਮ੍ਰਿਤਸਰ 'ਚ ਕੇਂਦਰੀ 'ਵਰਸਿਟੀ ਦੀ ਮੰਗ ਨੂੰ ਲੈ ਕੇ ਪ੍ਰਹਿਲਾਦ ਜੋਸ਼ੀ ਨੂੰ ਮਿਲੇ ਤਰੁਣ ਚੁੱਘ



**ਛੇਹਰਟਾ, (ਮਨੋਜ ਕੁਮਾਰ)** : ਅੰਮ੍ਰਿਤਸਰ ਦੇ ਵਿੱਦਿਅਕ ਵਿਕਾਸ ਨੂੰ ਨਵੀਂ ਦਿਸ਼ਾ ਦੇਣ ਦੀ ਪਹਿਲਕਦਮੀ ਕਰਦਿਆਂ ਰਾਜ ਸਭਾ ਮੈਂਬਰ ਤੇ ਭਾਜਪਾ ਦੇ ਰਾਸ਼ਟਰੀ ਮੁੱਖ ਦਫ਼ਤਰ ਇੰਚਾਰਜ ਤਰੁਣ ਚੁੱਘ ਨੇ ਐਤਵਾਰ ਨੂੰ ਕੇਂਦਰੀ ਸਿੱਖਿਆ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ ਮੁਲਾਕਾਤ ਕਰ ਕੇ ਗੁਰੂ ਨਗਰੀ ਅੰਮ੍ਰਿਤਸਰ ਵਿੱਚ ਕੇਂਦਰੀ ਯੂਨੀਵਰਸਿਟੀ ਸਥਾਪਤ ਕਰਨ ਦੀ ਮੰਗ ਰੱਖੀ। ਇਸ ਮੌਕੇ ਅੰਮ੍ਰਿਤਸਰ ਵਿਕਾਸ ਮੰਚ ਵੱਲੋਂ ਕੇਂਦਰੀ ਸਿੱਖਿਆ ਮੰਤਰੀ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ, ਜਿਸ ਵਿਚ ਅੰਮ੍ਰਿਤਸਰ ਦੇ ਇਤਿਹਾਸਕ 450ਵੇਂ ਸਥਾਪਨਾ ਦਿਵਸ ਦੇ ਮੌਕੇ ਗੁਰੂ ਨਗਰੀ ਵਿਚ ਕੇਂਦਰੀ ਯੂਨੀਵਰਸਿਟੀ ਸਥਾਪਤ ਕਰਨ ਦੀ ਅਪੀਲ ਕੀਤੀ ਗਈ। ਮੰਗ ਪੱਤਰ ਵਿਚ ਕਿਹਾ ਗਿਆ ਕਿ ਅੰਮ੍ਰਿਤਸਰ ਆਪਣੀ ਧਾਰਮਿਕ, ਇਤਿਹਾਸਕ, ਸੱਭਿਆਚਾਰਕ ਤੇ ਰਣਨੀਤਕ ਮਹੱਤਤਾ ਕਾਰਨ ਨਾ ਸਿਰਫ਼ ਦੇਸ਼ ਵਿਚ, ਸਗੋਂ ਪੂਰੀ ਦੁਨੀਆ ਵਿਚ ਵਿਸ਼ੇਸ਼ ਸਥਾਨ ਰੱਖਦਾ ਹੈ। ਤਰੁਣ ਚੁੱਘ ਨੇ ਕਿਹਾ ਕਿ ਗੁਰੂ ਨਗਰੀ ਦੀ ਵਿਸ਼ਵ ਪੱਧਰੀ ਪਛਾਣ ਦੇ ਬਾਵਜੂਦ ਅੰਮ੍ਰਿਤਸਰ ਵਿਚ ਅਜੇ ਤਕ ਕੇਂਦਰੀ ਯੂਨੀਵਰਸਿਟੀ ਦਾ ਨਾ ਹੋਣਾ ਮਹੱਤਵਪੂਰਨ ਵਿੱਦਿਅਕ ਕਮੀ ਹੈ। ਇੱਥੇ ਸਥਾਪਤ ਹੋਣ ਵਾਲੀ ਕੇਂਦਰੀ ਯੂਨੀਵਰਸਿਟੀ ਪੰਜਾਬ ਦੀ ਵਿਰਾਸਤ, ਇਤਿਹਾਸ, ਸੱਭਿਆਚਾਰ, ਸਰਹੱਦੀ ਖੇਤਰਾਂ ਨਾਲ ਜੁੜੇ ਵਿਸ਼ਿਆਂ, ਰਾਸ਼ਟਰੀ ਸੁਰੱਖਿਆ ਅਤੇ ਆਧੁਨਿਕ ਸਿੱਖਿਆ ਤੇ ਖੋਜ ਦੇ ਨਵੇਂ ਪੱਖਾਂ ਉਤੇ ਵਿਸ਼ੇਸ਼ ਅਧਿਐਨ ਦਾ ਕੇਂਦਰ ਵੀ ਬਣ ਸਕਦੀ ਹੈ। ਉਨ੍ਹਾਂ ਕੇਂਦਰੀ ਸਿੱਖਿਆ ਮੰਤਰੀ ਨੂੰ ਅਪੀਲ ਕੀਤੀ ਕਿ ਅੰਮ੍ਰਿਤਸਰ ਦੇ 450ਵੇਂ ਸਥਾਪਨਾ ਦਿਵਸ ਦੇ ਇਸ ਇਤਿਹਾਸਕ ਮੌਕੇ ਨੂੰ ਯਾਦਗਾਰ ਬਣਾਉਂਦਿਆਂ ਅੰਮ੍ਰਿਤਸਰ ਵਿੱਚ ਕੇਂਦਰੀ ਯੂਨੀਵਰਸਿਟੀ ਸਥਾਪਤ ਕਰਨ ਦੇ ਮਤੇ ਨੂੰ ਤਰਜੀਹ ਦੇ ਆਧਾਰ 'ਤੇ ਅੱਗੇ ਵਧਾਇਆ ਜਾਵੇ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਅੰਮ੍ਰਿਤਸਰ ਦੇ ਨੌਜਵਾਨਾਂ ਨੂੰ ਬਿਹਤਰ ਉੱਚ ਸਿੱਖਿਆ ਅਤੇ ਖੋਜ ਦੇ ਮੌਕੇ ਦੇਣ ਦੇ ਨਾਲ-ਨਾਲ ਗੁਰੂ ਨਗਰੀ ਨੂੰ ਇਕ ਵੱਡੇ ਵਿੱਦਿਅਕ ਕੇਂਦਰ ਵਜੋਂ ਵਿਕਸਤ ਕਰਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਅ ਸਕਦੀ ਹੈ।

# ਪਰਗਟ ਸਿੰਘ ਦੇ ਪੰਜਾਬ ਕਾਂਗਰਸ ਪ੍ਰਧਾਨ ਬਣਨ 'ਤੇ ਸਰਕਾਰੀਆ ਨੇ ਦਿੱਤੀ ਵਧਾਈ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ. ਪਰਗਟ ਸਿੰਘ ਦੇ ਪੰਜਾਬ ਪ੍ਰਦੇਸ ਕਾਂਗਰਸ ਦਾ ਪ੍ਰਧਾਨ ਬਣਨ ਤੇ ਕਾਂਗਰਸੀ ਵਰਕਰਾਂ ਵਿੱਚ ਇੱਕ ਨਵਾਂ ਜੋਸ਼ ਭਰਿਆ ਗਿਆ ਹੈ। ਕਾਂਗਰਸ ਪਾਰਟੀ ਪੂਰੀ ਤਰ੍ਹਾਂ ਇੱਕਜੁੱਟ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸ੍ਰ ਸੁੱਖਬਿੰਦਰ ਸਿੰਘ ਸਰਕਾਰੀਆ ਨੇ ਵਰਕਰਾਂ ਨਾਲ ਮੀਟਿੰਗ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਸਰਕਾਰੀਆ ਨੇ ਪ੍ਰਗਟ ਸਿੰਘ ਦੇ ਪੰਜਾਬ ਪ੍ਰਦੇਸ ਕਾਂਗਰਸ ਦਾ ਪ੍ਰਧਾਨ ਬਣਨ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪਰਗਟ ਸਿੰਘ ਨੂੰ ਵਧਾਈ ਦਿੰਦਿਆਂ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਪਰਗਟ ਸਿੰਘ ਇੱਕ ਤਜਰਬੇਕਾਰ ਅਤੇ ਸੀਨੀਅਰ ਕਾਂਗਰਸੀ ਆਗੂ ਹਨ, ਜਿਨ੍ਹਾਂ ਨੇ ਵੱਖ-ਵੱਖ ਜ਼ਿੰਮੇਵਾਰੀਆਂ ਨਿਭਾਉਂਦਿਆਂ ਪਾਰਟੀ ਅਤੇ ਪੰਜਾਬ ਦੇ ਮੁੱਦਿਆਂ ਨੂੰ ਲਗਾਤਾਰ ਉਠਾਇਆ ਹੈ। ਸਰਕਾਰੀਆ ਨੇ ਆਸ ਪ੍ਰਗਟਾਈ ਕਿ ਪੰਜਾਬ ਪ੍ਰਦੇਸ ਦੇ ਨਵ-ਨਿਯੁਕਤ ਪ੍ਰਧਾਨ ਪਰਗਟ ਸਿੰਘ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਸੰਗਠਨਾਤਮਿਕ ਪੱਧਰ ਤੇ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਾਂਗਰਸੀ ਆਗੂ ਅਤੇ ਵਰਕਰ ਨਵੇਂ ਸੂਬਾ ਪ੍ਰਧਾਨ ਪਰਗਟ ਸਿੰਘ ਨਾਲ ਮਿਲ ਕੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਆਪਣੀ ਜ਼ਿੰਮੇਵਾਰੀ ਨਿਭਾਉਣਗੇ। ਇਸ ਮੌਕੇ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਮਨਦੀਪ ਸਿੰਘ ਕੱਕੜ ਨੇ ਪਰਗਟ ਸਿੰਘ ਦੇ ਪੰਜਾਬ ਪ੍ਰਦੇਸ ਕਾਂਗਰਸ ਦੇ ਪ੍ਰਧਾਨ ਬਣਨ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਾਂਗਰਸ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਦੇ ਵਰਕਰ ਹੁਣ ਪਹਿਲਾਂ ਨਾਲੋਂ ਜ਼ਿਆਦਾ ਮਜ਼ਬੂਤ ਅਤੇ ਜੋਸ਼ ਵਿੱਚ ਆਕੇ ਚੋਣ ਮੈਦਾਨ ਵਿੱਚ ਉੱਤਰਨਗੇ।

## ਪ ਸ ਸ ਫ ਵੱਲੋਂ 10 ਦੀ ਰੈਲੀ ਕੀਤੀ ਜਾਵੇਗੀ ਵਧ-ਚੜ੍ਹ ਕੇ ਸ਼ਮੂਲੀਅਤ : ਥਾਪੀ



**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਪ੍ਰਸ਼ਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਜਲੰਧਰ ਵਿਖੇ ਕੀਤੀ ਗਈ।ਇਸ ਮੀਟਿੰਗ ਵਿੱਚ 10 ਅਕਤੂਬਰ ਨੂੰ ਸਾਂਝੀ ਤਾਲਮੇਲ ਕਮੇਟੀ ਦੀ ਅਗਵਾਈ ਹੇਠ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਪਿਛਲੇ ਕਾਫੀ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦੇ ਸੰਬੰਧ ਦੇ ਵਿੱਚ ਸੰਗਰੂਰ ਵਿਖੇ ਕੀਤੀ ਜਾ ਰਹੀ ਰੈਲੀ ਦੀ ਤਿਆਰੀ ਅਤੇ ਚੱਲ ਰਹੇ ਸੰਘਰਸ਼ ਉੱਤੇ ਸਾਰੇ ਪੜਚੋਲ ਸਬੰਧੀ ਕੀਤੀ ਗਈ।ਇਸ ਮੀਟਿੰਗ ਦੇ ਵਿੱਚ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਸਾਂਝੀ ਤਾਲਮੇਲ ਕਮੇਟੀ ਪੰਜਾਬ ਵਲੋਂ ਸੰਗਰੂਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਸੂਬਾਈ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ। ਮੀਟਿੰਗ ਵਿੱਚ ਸ਼ਾਮਲ ਮੈਂਬਰਾਂ ਨੇ ਸੂਬਈ ਆਗੂ ਨੂੰ ਭਰੋਸਾ ਦਿੱਤਾ ਕਿ ਉਹ ਬੈਨਰ ਅਤੇ ਝੰਡਿਆਂ ਸਮੇਤ ਸੈਂਕੜਿਆਂ ਦੀ ਗਿਣਤੀ ਵਿੱਚ ਸ਼ਮੂਲੀਅਤ ਨੂੰ ਯਕੀਨੀ ਬਣਾਉਣਗੇ। ਆਗੂਆਂ ਨੇ ਕਿਹਾ ਕਿ ਉਹ ਆਪਣੀਆਂ ਮੰਗਾਂ ਮਨਵਾਉਣ ਦੇ ਲਈ ਸਰਕਾਰ ਨੂੰ ਮਜਬੂਰ ਕਰਨਗੇ। ਮੀਟਿੰਗ ਵਿੱਚ ਪ੍ਰਸ਼ਿੰਦਰ ਕੁਮਾਰ ਵਿਰਦੀ, ਜਗੀਰ ਸਿੰਘ ਸਹੋਤਾ,ਸਿਮ ਪ੍ਰਕਾਸ਼, ਹਰੀ ਰਾਮ, ਸੁਖਵਿੰਦਰ ਰਾਮ,ਰਤਨ ਸਿੰਘ, ਕੁਲਦੀਪ ਸਿੰਘ ਕੌੜਾ,ਸਿਮਰਨਜੀਤ ਪਾਸਲਾ, ਚਰਨਜੀਤ ਕੌਰ ਮਾਹਲ, ਜਸਵੀਰ ਕੌਰ, ਕਮਲਜੀਤ ਕੌਰ, ਰੇਖਾ ਰਾਣੀ, ਮਨਜੀਤ ,ਡੌਲੀ, ਤੇਜੀ, ਸਰਬਜੀਤ, ਸੱਤਿਆ, ਸੋਨੀਆ, ਆਸ਼ਾ ਰਾਣੀ ਆਦਿ ਹਾਜ਼ਰ ਸਨ।

## 9ਵੀਂ ਬਰਸੀ 'ਤੇ ਵਿਸ਼ੇਸ਼
## ਰੋਡਵੇਜ਼ ਕਾਮਿਆਂ ਦੇ ਹੱਕਾਂ ਦੀ ਰਾਖੀ ਲਈ ਤੱਤਪਰ ਰਹਿੰਦੇ ਸਨ ਜਗਜੀਤ ਸਿੰਘ ਪਟਵਾਰੀ



ਤੁਰ ਗਿਆ ਰਾਹੀ ਮੰਜ਼ਲ ਤੋਂ ਪਹਿਲਾਂ ਹੀ, ਸੰਘਰਸ਼ ਕਹਾਣੀ ਸਾਰੀ, ਅਧੂਰੀ ਰਹਿ ਗਈ। ਮਨੁੱਖ ਦਾ ਸਰੀਰ ਨਾਸ਼ਵਾਨ ਹੈ, ਜੋ ਇਸ ਸੰਸਾਰ ਵਿੱਚ ਆਇਆ ਹੈ ਉਸ ਨੇ ਇੱਕ ਦਿਨ ਚਲੇ ਜਾਣਾ ਹੈ। ਅੱਜ ਅਸੀਂ ਆਪਣੇ ਵਿਛੜੇ ਸਾਥੀ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ, ਜਿਨ੍ਹਾਂ ਦਾ ਜੀਵਨ ਸਾਦਗੀ, ਇਮਾਨਦਾਰੀ ਅਤੇ ਸੰਘਰਸ਼ ਦਾ ਪ੍ਰਤੀਕ ਸੀ। ਕਾਮਰੇਡ ਜਗਜੀਤ ਸਿੰਘ ਪਟਵਾਰੀ ਦਾ ਜਨਮ ਪਿਤਾ ਨਰੰਤਾ ਸਿੰਘ ਅਤੇ ਮਾਤਾ ਮਹਿੰਦਰ ਕੌਰ ਦੀ ਕੁੱਖੋਂ ਪਿੰਡ ਅਸਰੌਲੀ, ਜ਼ਿਲ੍ਹਾ ਮੁਹਾਲੀ 15 ਜਨਵਰੀ 1956 ਨੂੰ ਹੋਇਆ। ਉਨ੍ਹਾਂ ਮੈਟ੍ਰਿਕ ਤੱਕ ਦੀ ਵਿੱਦਿਆ ਖਾਲਸਾ ਹਾਇਰ ਸੈਕੰਡਰੀ ਸਕੂਲ ਖਰੜ ਤੋਂ ਅਤੇ ਟੈਕਨੀਕਲ ਵਿੱਦਿਆ ਸ਼ਸ਼ੀ ਪਠਾਨਾਂ ਤੋਂ ਹਾਸਲ ਕੀਤੀ। ਕਾਮਰੇਡ ਜਗਜੀਤ ਸਿੰਘ 16 ਫਰਵਰੀ 1979 ਨੂੰ ਪੰਜਾਬ ਰੋਡਵੇਜ਼ ਚੰਡੀਗੜ੍ਹ 'ਚ ਭਰਤੀ ਹੋਏ। ਸਰਵਿਸ ਵਿੱਚ ਆਉਣ ਉਪਰੰਤ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਦੇ ਮੈਂਬਰ ਬਣਨ ਉਪਰੰਤ ਉਹ ਗੁਰਬਖਸ਼ ਸਿੰਘ ਮੁੱਲਾਂ, ਦਰਸ਼ਨ ਸਿੰਘ ਕੰਗ, ਗੁਰਦੇਵ ਸਿੰਘ ਅਤੇ ਸੰਚੀ ਸਿੰਘ ਦੇ ਸੰਪਰਕ ਵਿੱਚ ਆਏ। 1986 'ਚ ਚੰਡੀਗੜ੍ਹ ਰੋਡਵੇਜ਼ ਦਾ ਨੰਬਰ-2 ਡਿਪੂ ਰੋਪੜ ਤੇ ਰੂਪਨਗਰ ਡਿਪੂ ਵਿੱਚ ਬਦਲ ਦਿੱਤਾ ਗਿਆ। ਕਾਮਰੇਡ ਜਗਜੀਤ ਸਿੰਘ ਦੀ ਬਦਲੀ ਰੋਪੜ ਵਿਖੇ ਹੋ ਗਈ। 1990 ਵਿੱਚ ਸਾਥੀ ਦੀਆਂ ਜਥੇਬੰਦੀ ਪ੍ਰਤੀ ਸਰਗਰਮੀਆਂ ਅਤੇ ਇਮਾਨਦਾਰੀ ਦਾ ਪੱਖ ਦੇਖਦਿਆਂ ਰੋਪੜ ਬ੍ਰਾਂਚ ਦਾ ਕੈਸ਼ੀਅਰ ਚੁਣ ਲਿਆ ਗਿਆ।ਉਹਨਾਂ ਨੂੰ ਗੁਰਦੇਵ ਸਿੰਘ ਬ੍ਰਾਂਚ ਪ੍ਰਧਾਨ ਰੋਪੜ ਦੀ ਅਗਵਾਈ ਹੇਠ 2000 ਵਿੱਚ ਜਨਰਲ ਸਕੱਤਰ ਚੁਣ ਲਿਆ ਅਤੇ 2002 ਤੋਂ ਲਗਾਤਾਰ ਸਰਬਸੰਮਤੀ ਨਾਲ 2015 ਤੱਕ ਰੂਪਨਗਰ ਡਿਪੂ ਦੇ ਰਿਟਾਇਰ ਹੋਣ ਤੱਕ ਸਾਥੀ ਜਗਜੀਤ ਸਿੰਘ ਪ੍ਰਧਾਨ ਦੇ ਅਹੁਦੇ 'ਤੇ ਕੰਮ ਕਰਦੇ ਰਹੇ।ਸਾਥੀ ਇਹਨਾਂ ਜ਼ਿੰਮੇਵਾਰੀਆਂ ਤੋਂ ਇਲਾਵਾ ਰੋਪੜ ਜ਼ਿਲ੍ਹਾ ਏਟਕ ਦੇ ਮੀਤ ਪ੍ਰਧਾਨ ਅਤੇ ਪੰਜਾਬ ਸਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਰੂਪਨਗਰ ਦੇ ਮੀਤ ਪ੍ਰਧਾਨ ਵੀ ਰਹੇ। ਸਾਥੀ 6 ਫਰਵਰੀ 2015 ਨੂੰ ਰੋਪੜ ਡਿਪੂ ਵਿੱਚੋਂ ਸਰਕਾਰੀ ਨਿਯਮਾਂ ਮੁਤਾਬਕ ਰਿਟਾਇਰ ਹੋਏ, ਪਰ ਕਾਮਰੇਡ ਜਗਜੀਤ ਸਿੰਘ ਨੂੰ ਕੈਂਸਰ ਰੂਪੀ ਭਿਆਨਕ ਰੋਗ ਨੇ ਆਪਣੀ ਜਕੜ ਵਿੱਚ ਲੈ ਲਿਆ। ਜਿਸ ਕਾਰਨ ਸਾਥੀ 5 ਅਕਤੂਬਰ 2017 ਨੂੰ ਹੱਸਦੇ ਵੱਸਦੇ ਪਰਵਾਰ ਅਤੇ ਜਥੇਬੰਦੀ ਨੂੰ ਸਦੀਵੀ ਵਿਛੋੜਾ ਦੇ ਗਏ। ਕਾਮਰੇਡ ਜਗਜੀਤ ਸਿੰਘ ਦੀ 9ਵੀਂ ਬਰਸੀ 'ਤੇ ਉਨ੍ਹਾਂ ਦੇ ਅਧੂਰੇ ਰਹਿ ਗਏ ਕੰਮਾਂ ਨੂੰ ਪੂਰਾ ਕਰਨ ਦਾ ਅਹਿਦ ਕਰਨਾ ਹੀ ਉਨ੍ਹਾਂ ਨੂੰ ਸੱਚੀ ਤੇ ਸੁੱਚੀ ਸ਼ਰਧਾਂਜਲੀ ਹੋਵੇਗੀ।

**ਵੱਲੋਂ : ਬਲਵਿੰਦਰ ਸਿੰਘ ਸੰਧੂ ਜੱਥੇਬੰਦਕ ਸਕੱਤਰ ਪੰਜਾਬ**
**ਪ੍ਰਧਾਨ ਜਗਤਾਰ ਸਿੰਘ ਪੰਜਾਬ ਰੋਡਵੇਜ਼ ਰੂਪਨਗਰ**
**ਜਨਰਲ ਸਕੱਤਰ ਰਾਜਿੰਦਰ ਸਿੰਘ**
**ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਪੰਜਾਬ**

## 6ਵੀਂ ਬਰਸੀ 'ਤੇ ਵਿਸ਼ੇਸ਼
## ਸਾਥੀ ਗੁਰਬਖਸ਼ ਸਿੰਘ ਮੁੱਲਾਂ ਨੂੰ ਯਾਦ ਕਰਦਿਆਂ



ਬਜ਼ੁਰਗ ਰੁੱਖ ਡਿਗ ਪਿਆ, ਜੋ ਛਾਂ ਦਿੰਦਾ ਸੀ ਸਾਨੂੰ, ਉਹਦੀ ਛਾਂ ਤਾਂ ਉਠ ਗਈ, ਪਰ ਜੜ੍ਹਾਂ ਅਜੇ ਵੀ ਡੂੰਘੀਆਂ ਨੇ। ਜਿਹੜੇ ਆਪਣੇ ਜੀਵਨ ਵਿੱਚ ਦੂਜਿਆਂ ਦੇ ਹੱਕਾਂ ਲਈ ਜਿਉਂਦੇ ਹਨ, ਉਹ ਸਦੀਵੀ ਵਿਛੜ ਕੇ ਵੀ ਸਾਡੇ ਦਿਲਾਂ ਵਿੱਚ ਜਿਉਂਦੇ ਰਹਿੰਦੇ ਹਨ। ਪਰ ਕੁਝ ਸ਼ਖਸੀਅਤਾਂ ਆਪਣੇ ਪਿੱਛੇ ਅਜਿਹੀਆਂ ਯਾਦਾਂ ਛੱਡ ਜਾਂਦੀਆਂ ਹਨ ਜਿਨ੍ਹਾਂ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਅਜਿਹੀ ਹੀ ਮਹਾਨ ਸ਼ਖਸੀਅਤ ਸਨ ਕਾਮਰੇਡ ਗੁਰਬਖਸ਼ ਸਿੰਘ ਮੁੱਲਾਂ। ਉਹਨਾਂ ਵੱਲੋਂ ਸਮਾਜ ਪ੍ਰਤੀ, ਜਥੇਬੰਦੀ ਵਿੱਚ ਕੰਮ ਕਰਦਿਆਂ ਮੁਲਾਜ਼ਮਾਂ ਪ੍ਰਤੀ ਕੀਤੇ ਕੰਮਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਹਨਾਂ ਨੂੰ ਹਰ ਮੌਕੇ ਯਾਦ ਕੀਤਾ ਜਾ ਸਕਦਾ ਹੈ। ਜਿਨ੍ਹਾਂ ਵਿੱਚੋਂ ਨਿਡਰ, ਇਮਾਨਦਾਰ ਅਤੇ ਜਥੇਬੰਦੀ ਦੇ ਵਫਾਦਾਰ ਸਿਪਾਹੀ ਸਨ ਕਾਮਰੇਡ ਗੁਰਬਖਸ਼ ਸਿੰਘ ਮੁੱਲਾਂ। ਇਸ ਮਹਾਨ ਆਗੂ ਦਾ ਜਨਮ 28 ਮਾਰਚ 1931 ਨੂੰ ਰੋਪੜ ਜ਼ਿਲ੍ਹੇ ਦੇ ਪਿੰਡ ਘਨੌਲੀ ਵਿਖੇ ਪਿਤਾ ਮਨਸਾ ਸਿੰਘ ਅਤੇ ਮਾਤਾ ਪ੍ਰਤਾਪ ਕੌਰ ਦੀ ਕੁੱਖ ਤੋਂ ਇੱਕ ਗਰੀਬ ਪਰਵਾਰ ਵਿਚ ਹੋਇਆ। ਆਰਥਿਕ ਪੱਖ ਤੋਂ ਇਹ ਪਰਵਾਰ ਪਛੜਿਆ ਹੋਣ ਕਾਰਨ ਮੁੱਲਾਂ ਪੜ੍ਹਾਈ ਤਾਂ ਨਹੀਂ ਕਰ ਸਕੇ ਪਰ ਉਹ ਪੰਜਾਬ ਰੋਡਵੇਜ਼ ਵਿੱਚ ਭਰਤੀ ਹੋ ਗਏ। ਉਹ ਬਹੁਤ ਮਿਹਨਤੀ, ਇਮਾਨਦਾਰ ਅਤੇ ਜਥੇਬੰਦੀ ਦੀਆਂ ਸਰਗਰਮੀਆਂ ਵਿੱਚ ਹਿੱਸਾ ਲੈਣ ਕਾਰਨ ਸੂਬਾ ਕਮੇਟੀ ਦੇ ਜਨਰਲ ਸਕੱਤਰ ਕਾਮਰੇਡ ਜਸਵੰਤ ਸਿੰਘ ਸਮਰਾ ਅਤੇ ਪ੍ਰਧਾਨ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੇ ਸੰਪਰਕ ਵਿਚ ਆ ਗਏ। ਉਹਨਾਂ ਦੀਆਂ ਸਰਗਰਮੀਆਂ ਨੂੰ ਦੇਖਦਿਆ ਰੋਪੜ ਡਿਪੂ ਦਾ ਪ੍ਰਧਾਨ ਸਭ-ਸੰਮਤੀ ਨਾਲ ਚੁਣ ਲਿਆ ਗਿਆ। ਉਪਰੰਤ ਉਹ ਸੂਬਾ ਜਥੇਬੰਦੀ ਦੇ ਮੀਤ ਪ੍ਰਧਾਨ ਅਤੇ ਫਿਰ ਸੀਨੀਅਰ ਮੀਤ ਪ੍ਰਧਾਨ ਰਿਟਾਇਰਮੈਂਟ ਤੱਕ ਰਹੇ। ਉਹ ਹੋਰ ਵੀ ਕਈ ਜਥੇਬੰਦੀਆਂ ਦੀ ਅਗਵਾਈ ਕਰਦੇ ਸਨ। ਕਾਮਰੇਡ ਮੁੱਲਾਂ 1989 ਵਿੱਚ ਸੇਵਾ-ਮੁਕਤ ਹੋ ਗਏ ਅਤੇ ਇਲਾਕੇ ਵਿਚ ਹੋਰ ਜਥੇਬੰਦੀਆਂ ਵਿਚ ਸੇਵਾ-ਮੁਕਤੀ ਤੋਂ ਬਾਅਦ ਵੀ ਸਰਗਰਮ ਰਹੇ। ਉਹਨਾਂ ਦੇ ਪਰਿਵਾਰ 'ਚ ਵੱਡੇ ਪੁੱਤਰ ਪਿੰਡ ਦੇ ਸਰਪੰਚ ਅਤੇ ਨੂੰਹ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਵੀ ਰਹੇ। 1995 ਵਿੱਚ ਉਹ ਪਰਵਾਰ ਸਮੇਤ ਅਮਰੀਕਾ ਵਿਚ ਸੈੱਟ ਹੋ ਗਏ। ਉਹ ਹਰ ਸਾਲ ਪੰਜਾਬ ਆਉਂਦੇ ਅਤੇ ਹਰ ਇੱਕ ਦੇ ਦੁੱਖ-ਸੁੱਖ ਵਿੱਚ ਸਾਂਝੀ ਸਨ ਅਤੇ ਰੋਡਵੇਜ਼ ਦੀ ਜਥੇਬੰਦੀ ਅਤੇ ਖੱਬੀ-ਪੱਖੀ ਸੋਚ ਨਾਲ ਵਿਦੇਸ਼ ਰਹਿੰਦੇ ਹੋਏ ਵੀ ਜੁੜੇ ਰਹੇ। ਕਾਮਰੇਡ ਮੁੱਲਾਂ ਦਾ ਸਤਿਕਾਰ ਮਹਿਕਮੇ ਅਤੇ ਭਰਾਤਰੀ ਜਥੇਬੰਦੀਆਂ ਵਿੱਚ ਪਹਿਲਾਂ ਦੀ ਤਰ੍ਹਾਂ ਬਰਕਰਾਰ ਸੀ।ਪਰ ਉਹ ਮਹਾਨ ਆਗੂ ਗੁਰਬਖਸ਼ ਸਿੰਘ ਮੁੱਲਾਂ 28 ਮਈ 2020 ਨੂੰ ਅਮਰੀਕਾ ਦੇ ਸਾਲਟ ਲੇਕ ਸਿਟੀ ਵਿੱਚ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਭਾਵੇਂ ਉਹਨਾਂ ਦੇ ਸਦੀਵੀ ਵਿਛੋੜੇ ਦੀ ਖਬਰ ਸੁਣ ਕੇ ਪੰਜਾਬ ਰੋਡਵੇਜ਼ ਦੇ ਸਮੂਹ ਡਿਪੂਆਂ ਵਿੱਚ ਝੰਡੇ ਝੁਕਾ ਕੇ ਸੋਗ ਤਾਂ ਮਨਾਇਆ, ਪਰ ਸਮੂਹ ਸਾਥੀਆਂ ਵੱਲੋਂ ਵਿਸ਼ਵ ਭਰ ਵਿੱਚ ਫੈਲੀ ਕਰੋਨਾ ਮਹਾਂਮਾਰੀ ਕਾਰਨ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਵਿਛੜੇ ਸਾਥੀ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਸ਼ਰਧਾਂਜਲੀ ਦੇਣ ਦੀ ਚੀਸ ਹਮੇਸ਼ਾ ਸਤਾਉਂਦੀ ਰਹੀ। ਅੱਜ ਅਸੀਂ ਸਮੁੱਚੇ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰ ਉਨ੍ਹਾਂ ਮਹਾਨ ਵਿਛੜੇ ਆਗੂਆਂ ਦੇ ਅਧੂਰੇ ਰਹਿ ਗਏ ਕੰਮਾਂ ਨੂੰ ਪੂਰਾ ਕਰਨ ਤੇ ਪਹਿਰਾ ਦੇਣਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

## ਖੋ-ਖੋ ਅੰਡਰ-21 ਮੁਕਾਬਲੇ 'ਚ ਐੱਚ ਐੱਮ ਵੀ ਕਾਲਜ ਪਹਿਲੇ ਸਥਾਨ 'ਤੇ

**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ 'ਚ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਵੱਖ-ਵੱਖ ਖੇਡਾਂ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਖੇਡ ਮੁਕਾਬਲਿਆਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੋ-ਖੋ ਅੰਡਰ-21 ਲੜਕਿਆਂ ਦੇ ਮੁਕਾਬਲੇ ਵਿੱਚ ਹੈਲਪਿੰਗ ਹੈਂਡ ਸਪੋਰਟਸ ਕਲੱਬ ਨੇ ਪਹਿਲਾ ਸਥਾਨ ਹਾਸਲ ਕੀਤਾ। ਜਦਕਿ ਏ.ਵਾਈ. ਸਪੋਰਟਸ ਅਕੈਡਮੀ ਦੂਜੇ ਅਤੇ ਪਿੰਡ ਭਠਨੂਰਾ ਤੇ ਗ੍ਰਾਮ ਪੰਚਾਇਤ ਲਿੱਦੜਾ ਕਲੋਨੀ ਸਾਂਝੇ ਤੌਰ 'ਤੇ ਤੀਜੇ ਸਥਾਨ 'ਤੇ ਰਹੇ। ਅੰਡਰ-21 (ਲੜਕੀਆਂ) ਦੇ ਮੁਕਾਬਲਿਆਂ ਵਿੱਚ ਐੱਚ.ਐੱਮ.ਵੀ. ਕਾਲਜ ਨੇ ਪਹਿਲਾ, ਦੇਵੀ ਸਹਾਇ ਸੀਨੀਅਰ ਸੈਕੰਡਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਨੇ ਦੂਜਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਿਆਸ ਪਿੰਡ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢੇਸੀਆਂ ਕਾਹਨਾ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ।ਜੂਡੋ ਅੰਡਰ-14 ਲੜਕਿਆਂ ਦੇ 45 ਕਿਲੋ ਭਾਰ ਵਰਗ ਮੁਕਾਬਲੇ ਵਿੱਚ ਪ੍ਰੀਤਮ, ਜੂਨੀਅਰ ਮਾਡਲ ਸਕੂਲ ਨੇ ਪਹਿਲਾ, ਸੁਖਦੀਪ, ਸਰਕਾਰੀ ਮਿਡਲ ਸਕੂਲ ਖੁਰਲਾ ਕਿੰਗਰਾ ਨੇ ਦੂਜਾ ਅਤੇ ਇਕਮਜੀਤ ਸਿੰਘ, ਨਕੋਦਰ ਨੇ ਤੀਜਾ ਸਥਾਨ ਹਾਸਲ ਕੀਤਾ। ਅੰਡਰ-14 (ਲੜਕੇ) 30 ਕਿਲੋ ਭਾਰ ਵਰਗ ਵਿੱਚ ਮੋਹਿਤ, ਸਰਕਾਰੀ ਮਿਡਲ ਸਕੂਲ ਖੁਰਲਾ ਕਿੰਗਰਾ ਨੇ ਪਹਿਲਾ, ਹਰਮਨ ਸਿੰਘ ਨੇ ਦੂਜਾ ਅਤੇ ਅਰਮਾਨ, ਕੋਟ ਰਾਮਦਾਸ ਅਤੇ ਅਰਮਾਨ, ਖੁਰਲਾ ਕਿੰਗਰਾ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-14 (ਲੜਕੀਆਂ) 40 ਕਿਲੋ ਭਾਰ ਵਰਗ ਮੁਕਾਬਲੇ ਵਿੱਚ ਰ੍ਰਿਤਿਕਾ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨਹਿਰੂ ਗਾਰਡਨ ਨੇ ਪਹਿਲਾ, ਗੁਰਲੀਨ ਕੌਰ, ਕੈਂਬ੍ਰਿਜ ਸਕੂਲ ਨੇ ਦੂਜਾ ਅਤੇ ਗੁਰਪ੍ਰੀਤ ਕੌਰ ਸਰਕਾਰੀ ਮਿਡਲ ਸਕੂਲ ਖੁਰਲਾ ਕਿੰਗਰਾ ਨੇ ਤੀਜਾ ਸਥਾਨ ਹਾਸਲ ਕੀਤਾ। ਫੁੱਟਬਾਲ ਅੰਡਰ-17 (ਲੜਕਿਆਂ) ਦੇ ਮੁਕਾਬਲੇ ਵਿੱਚ ਦੋਆਬਾ ਖਾਲਸਾ ਸਕੂਲ ਨੇ ਕੁਹਾੜ ਨੂੰ 2-0 ਨਾਲ ਹਰਾਇਆ। ਸੰਤ ਬਾਬਾ ਪ੍ਰਾਗ ਸਿੰਘ ਦੀ ਟੀਮ ਨੇ ਐੱਮ.ਜੀ.ਐੱਨ. ਸਕੂਲ ਨੂੰ 2-0 ਨਾਲ ਹਰਾਇਆ। ਫੁੱਟਬਾਲ ਅੰਡਰ-17 ਲੜਕੀਆਂ ਦੇ ਮੁਕਾਬਲੇ ਵਿੱਚ ਤੁੜਕਾਂ ਕਲਾਂ ਦੀ ਟੀਮ ਨੇ ਸਕਿਲਜ਼ ਫੁੱਟਬਾਲ ਅਕੈਡਮੀ ਨੂੰ 2-0 ਨਾਲ ਹਰਾਇਆ। ਕ੍ਰਿਕਟ ਮੁਕਾਬਲੇ ਵਿੱਚ ਸਰਕਾਰੀ ਕ੍ਰਿਕਟ ਸੈਂਟਰ ਦੀ ਟੀਮ ਨੇ ਜਲੰਧਰ ਵੈਸਟ ਦੀ ਟੀਮ ਨੂੰ ਹਰਾਇਆ। ਮੰਚ ਪ੍ਰਧਾਨ ਇਸ ਮੌਕੇ ਜ਼ਿਲ੍ਹਾ ਖੇਡ ਅਫ਼ਸਰ ਨੇ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਦਾ ਮੁੱਖ ਉਦੇਸ਼ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੁਲਾਰਾ ਦੇਣਾ, ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ, ਉਨ੍ਹਾਂ ਵਿੱਚ ਖੇਡ ਭਾਵਨਾ ਪੈਦਾ ਕਰਨਾ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਉਭਾਰਨ ਲਈ ਉਚਿਤ ਮੰਚ ਪ੍ਰਦਾਨ ਕਰਨਾ ਹੈ।ਅੱਜ ਹੋਏ ਟੈਨਿਸ ਮੁਕਾਬਲਿਆਂ ਦੌਰਾਨ 'ਆਪ' ਆਗੂ ਨਿਤਿਨ ਕੋਹਲੀ ਖਿਡਾਰੀਆਂ ਨੂੰ ਆਸ਼ੀਰਵਾਦ ਦੇਣ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਵਿਪਨ ਚੰਦਰ ਭਠਾਨੀਆਂ, ਸੇਵਾ ਮੁਕਤ ਡਿਪਟੀ ਡਾਇਰੈਕਟਰ, ਬਾਗਬਾਨੀ ਵਿਭਾਗ, ਅਸ਼ੋਕ ਕੁਮਾਰ ਅਸਿਸਟੈਂਟ ਕਮਿਸ਼ਨਰ, ਐਕਸਾਈਜ਼ ਵਿਭਾਗ, ਸ਼੍ਰੀ ਰਮਨ ਅਤੇ ਰਸ਼ਵਿੰਦਰ ਸਿੰਘ ਨੇ ਵੀ ਸ਼ਿਰਕਤ ਕੀਤੀ।



## ਮੁਕਾਬਲੇ ਦੀਆਂ ਪ੍ਰੀਖਿਆਵਾਂ ਰਾਹੀਂ ਕੈਰੀਅਰ ਦੇ ਨਵੇਂ ਰਾਹ ਖੋਲ੍ਹਣ ਲਈ ਵਿਦਿਆਰਥੀਆਂ ਨੂੰ ਕੀਤਾ ਜਾਗਰੂਕ

**ਜਲੰਧਰ (ਨ ਜ਼ ਸ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਦੇ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਦੇ ਨਾਲ-ਨਾਲ ਸਰਕਾਰੀ ਨੌਕਰੀਆਂ ਅਤੇ ਵੱਖ-ਵੱਖ ਮੁਕਾਬਲਾਤੀ ਪ੍ਰੀਖਿਆਵਾਂ ਦੀ ਤਿਆਰੀ ਲਈ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਕਾਮਰਸ ਵਿਭਾਗ ਵੱਲੋਂ ਕਰੀਅਰ ਗਾਈਡੈਂਸ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਮੁਕਾਬਲਾਤੀ ਪ੍ਰੀਖਿਆਵਾਂ ਦੇ ਮੌਕਿਆਂ, ਤਿਆਰੀ ਦੇ ਢੰਗ ਅਤੇ ਭਵਿੱਖ ਵਿੱਚ ਉਪਲਬਧ ਕਰੀਅਰ ਵਿਕਲਪਾਂ ਬਾਰੇ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਸੀ। ਇਹ ਸੈਮੀਨਾਰ ਕਾਲਜ ਦੀ ਓ ਐੱਸ ਡੀ ਪ੍ਰੋ. (ਡਾ.) ਨਵਜੋਤ ਕੌਰ ਦੀ ਅਗਵਾਈ ਹੇਠ ਕਰਵਾਇਆ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਕਰੀਅਰ ਪ੍ਰਤੀ ਸੁਚੇਤ ਰਹਿਣ, ਮੁਕਾਬਲਾਤੀ ਮਾਹੌਲ ਨੂੰ ਸਮਝਣ ਅਤੇ ਨਿਰਧਾਰਤ ਟੀਚੇ ਲਈ ਯੋਜਨਾਬੱਧ ਢੰਗ ਨਾਲ ਤਿਆਰੀ ਕਰਨ ਲਈ ਪ੍ਰੇਰਿਤ ਕੀਤਾ। ਡਾ. ਨਵਜੋਤ ਕੌਰ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਿਦਿਆਰਥੀਆਂ ਲਈ ਸਿਰਫ਼ ਡਿਗਰੀ ਹਾਸਲ ਕਰਨਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਨੂੰ ਆਪਣੀਆਂ ਯੋਗਤਾਵਾਂ ਅਤੇ ਰੁਚੀਆਂ ਅਨੁਸਾਰ ਕਰੀਅਰ ਦੇ ਵੱਖ-ਵੱਖ ਮੌਕਿਆਂ ਦੀ ਜਾਣਕਾਰੀ ਹੋਣੀ ਵੀ ਜ਼ਰੂਰੀ ਹੈ। ਸੈਮੀਨਾਰ ਦੌਰਾਨ ਤੇਜਿੰਦਰ ਕੰਸਲ ਅਤੇ ਮਨਪ੍ਰੀਤ ਸਿੰਘ ਨੇ ਵਿਦਿਆਰਥੀਆਂ ਨਾਲ ਮੁਕਾਬਲਾਤੀ ਪ੍ਰੀਖਿਆਵਾਂ ਸੰਬੰਧੀ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਪ੍ਰੀਖਿਆਵਾਂ ਦੇ ਪੈਟਰਨ, ਤਿਆਰੀ ਦੀ ਰਣਨੀਤੀ, ਅਧਿਐਨ ਸਮੱਗਰੀ ਦੀ ਚੋਣ, ਮੌਕ ਟੈਸਟ ਅਤੇ ਸਮੇਂ ਦੀ ਸਹੀ ਵਰਤੋਂ ਵਰਗੇ ਮਹੱਤਵਪੂਰਨ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਲਗਾਤਾਰ ਮਿਹਨਤ, ਅਨੁਸ਼ਾਸਨ ਅਤੇ ਸਹੀ ਦਿਸ਼ਾ ਵਿੱਚ ਤਿਆਰੀ ਨੂੰ ਸਫਲਤਾ ਦੀ ਕੁੰਜੀ ਦੱਸਿਆ। ਇਸ ਮੌਕੇ ਵਿਦਿਆਰਥੀਆਂ ਲਈ ਐਪਟੀਟਿਊਡ ਨਾਲ ਸਬੰਧਤ ਇੱਕ ਇੰਟਰਐਕਟਿਵ ਸੈਸ਼ਨ ਵੀ ਕਰਵਾਇਆ ਗਿਆ, ਜਿਸ ਵਿੱਚ ਉਨ੍ਹਾਂ ਨੂੰ ਵੱਖ-ਵੱਖ ਤਰ੍ਹਾਂ ਦੇ ਪ੍ਰਸ਼ਨਾਂ ਨੂੰ ਹੱਲ ਕਰਨ ਦੇ ਢੰਗ ਅਤੇ ਤਰਕਸ਼ਕਤੀ ਵਿਕਸਿਤ ਕਰਨ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਤੋਂ ਬਾਅਦ ਵਿਦਿਆਰਥੀਆਂ ਦਾ ਐਪਟੀਟਿਊਡ ਟੈਸਟ ਵੀ ਲਿਆ ਗਿਆ, ਜਿਸ ਰਾਹੀਂ ਉਨ੍ਹਾਂ ਨੂੰ ਆਪਣੀ ਤਿਆਰੀ ਅਤੇ ਯੋਗਤਾ ਦਾ ਅੰਦਾਜ਼ਾ ਲਗਾਉਣ ਦਾ ਮੌਕਾ ਮਿਲਿਆ। ਕਾਮਰਸ ਵਿਭਾਗ ਦੀ ਮੁਖੀ ਡਾ. ਸੋਨੀਆ ਕੁੰਦਰਾ ਨੇ ਵੀ ਵਿਦਿਆਰਥੀਆਂ ਨੂੰ ਅਜਿਹੇ ਸੈਸ਼ਨਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਬਲਜਿੰਦਰ ਕੌਰ, ਸ਼ੀਤਲ, ਭਾਵੀਆ ਤੇ ਨਿਸ਼ਾ ਸਮੇਤ ਵਿਭਾਗ ਦੇ ਹੋਰ ਅਧਿਆਪਕਾਂ ਨੇ ਵੀ ਸਹਿਯੋਗ ਦਿੱਤਾ।




## ਪਰਗਟ ਸਿੰਘ ਦੇ ਪੰਜਾਬ ਕਾਂਗਰਸ ਪ੍ਰਧਾਨ ਬਣਨ ਨਾਲ ਪਾਰਟੀ ਨੂੰ ਨਵੀਂ ਤਾਕਤ ਮਿਲੀ : ਟੁਰਨਾ

**ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਕਾਂਗਰਸ ਦੇ ਸੀਨੀਅਰ ਨੌਜਵਾਨ ਆਗੂ ਰਵਿੰਦਰ ਸਿੰਘ ਟੁਰਨਾ ਨੇ ਪਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਨਿਯੁਕਤੀ ਪਾਰਟੀ ਲਈ ਇੱਕ ਇਤਿਹਾਸਕ ਫੈਸਲਾ ਸਾਬਤ ਹੋਵੇਗੀ। ਆਪਣੇ ਪ੍ਰੈਸ ਬਿਆਨ ਵਿੱਚ ਰਵਿੰਦਰ ਸਿੰਘ ਟੁਰਨਾ ਨੇ ਕਿਹਾ ਕਿ ਅਸੀਂ ਕਾਂਗਰਸ ਪਾਰਟੀ ਹਾਈਕਮਾਂਡ ਸੋਨੀਆ ਗਾਂਧੀ, ਰਾਹੁਲ ਗਾਂਧੀ ਤੇ ਮਲਿਕਾਰਜੁਨ ਖੜਗੇ ਦਾ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਪਰਗਟ ਸਿੰਘ 'ਤੇ ਭਰੋਸਾ ਜਤਾਇਆ ਹੈ। ਟੁਰਨਾ ਨੇ ਕਿਹਾ ਕਿ ਪਰਗਟ ਸਿੰਘ ਦੋ ਵਾਰ ਓਲੰਪੀਅਨ, ਅਰਜੁਨਾ ਐਵਾਰਡੀ ਤੇ ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਰਹੇ ਹਨ। ਉਹਨਾਂ ਨੇ ਖੇਡ ਦੇ ਮੈਦਾਨ ਵਿੱਚ ਦੇਸ਼ ਦਾ ਨਾਂਅ ਰੌਸ਼ਨ ਕੀਤਾ ਹੈ ਅਤੇ ਰਾਜਨੀਤੀ ਵਿੱਚ ਵੀ ਉਹ ਉਸੇ ਇਮਾਨਦਾਰੀ ਅਤੇ ਜੁਝਾਰੂਪਣ ਨਾਲ ਕੰਮ ਕਰਦੇ ਹਨ। ਰਵਿੰਦਰ ਸਿੰਘ ਟੁਰਨਾ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਤੋਂ ਪਾਰਟੀ ਵਿੱਚ ਜੋ ਗੁੱਟਬਾਜ਼ੀ ਦੀਆਂ ਗੱਲਾਂ ਸਾਹਮਣੇ ਆ ਰਹੀਆਂ ਸਨ, ਉਹ ਪਰਗਟ ਸਿੰਘ ਦੇ ਪ੍ਰਧਾਨ ਬਣਨ ਨਾਲ ਖਤਮ ਹੋ ਜਾਣਗੀਆਂ। ਉਹ ਸਾਰੇ ਸੀਨੀਅਰ ਆਗੂਆਂ ਅਤੇ ਵਰਕਰਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਕੇ ਪਾਰਟੀ ਨੂੰ ਮਜ਼ਬੂਤ ਕਰਨ ਦਾ ਕੰਮ ਕਰਨਗੇ। ਉਹਨਾਂ ਦੇ ਪ੍ਰਧਾਨ ਬਣਨ ਨਾਲ ਪਾਰਟੀ ਵਰਕਰਾਂ ਵਿੱਚ ਨਵੀਂ ਊਰਜਾ, ਨਵਾਂ ਜੋਸ਼ ਅਤੇ ਨਵਾਂ ਉਤਸ਼ਾਹ ਆਇਆ ਹੈ।



## ਬਿੰਦਰ ਪ੍ਰੀਤ ਆਜ਼ਾਦ ਸਮਾਜ ਪਾਰਟੀ ਦੇ ਮੁੱਖ ਸੂਬਾ ਸਲਾਹਕਾਰ ਬਣੇ

**ਪੋਜੇਵਾਲ (ਰਾਮ ਲਾਲ)**- ਆਜ਼ਾਦ ਸਮਾਜ ਪਾਰਟੀ (ਕਾਂਸ਼ੀ ਰਾਮ) ਪੰਜਾਬ ਵੱਲੋਂ ਪਾਰਟੀ ਦੇ ਸਰਗਰਮ ਆਗੂ ਬਿੰਦਰ ਪ੍ਰੀਤ ਨੂੰ ਮੁੱਖ ਸੂਬਾ ਸਲਾਹਕਾਰ ਵਜੋਂ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਨਿਯੁਕਤੀ ਨਾਲ ਪਾਰਟੀ ਵਰਕਰਾਂ ਅਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਨਵੀਂ ਜ਼ਿੰਮੇਵਾਰੀ ਮਿਲਣ ਉਪਰੰਤ ਬਿੰਦਰ ਪ੍ਰੀਤ ਨੇ ਪਾਰਟੀ ਦੀ ਕੌਮੀ ਅਤੇ ਸੂਬਾ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜੋ ਭਰੋਸਾ ਪ੍ਰਗਟਾਇਆ ਗਿਆ ਹੈ, ਉਹ ਉਸ 'ਤੇ ਪੂਰਾ ਉਤਰਨ ਲਈ ਪੂਰੀ ਇਮਾਨਦਾਰੀ, ਮਿਹਨਤ ਅਤੇ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਪੰਜਾਬ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਗੰਭੀਰਤਾ ਨਾਲ ਨਿਭਾਉਣਗੇ। ਉਨ੍ਹਾਂ ਨੇ ਕਿਹਾ ਕਿ ਸਮਾਜ ਦੇ ਦੱਬੇ-ਕੁਚਲੇ, ਪੱਛੜੇ ਅਤੇ ਲੋੜਵੰਦ ਵਰਗਾਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਰਹੇਗੀ।ਬਿੰਦਰ ਪ੍ਰੀਤ ਨੇ ਕਿਹਾ ਕਿ ਉਹ ਪਾਰਟੀ ਦੇ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਨਾਲ ਲੈ ਕੇ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਯਤਨਸ਼ੀਲ ਰਹਿਣਗੇ।




## ਆਰ ਬੀ ਯੂ ਦੇ ਫਿਜ਼ੀਓਥੈਰੇਪੀ ਵਿਭਾਗ ਵੱਲੋਂ ਦਿਲ ਦੀ ਦੇਖਭਾਲ 'ਤੇ ਵਿਸ਼ੇਸ਼ ਸਮਾਗਮ

**ਮੋਹਾਲੀ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਫਿਜ਼ੀਓਥੈਰੇਪੀ ਐਂਡ ਰੇਡੀਓਲੋਜੀ (ਯੂ ਐੱਸ ਪੀ ਆਰ) ਵੱਲੋਂ ਚੌਥੇ ਨਿਰੰਤਰ ਮੈਡੀਕਲ ਸਿੱਖਿਆ (ਸੀ ਐੱਮ ਈ) ਪ੍ਰੋਗਰਾਮ ਦੇ ਨਾਲ ਵਿਸ਼ਵ ਫਿਜ਼ੀਓਥੈਰੇਪੀ ਦਿਵਸ ਮਨਾਇਆ ਗਿਆ। ਇਸ ਮੌਕੇ ਦਿਲ ਅਤੇ ਸਟ੍ਰੋਕ ਨਾਲ ਸੰਬੰਧਤ ਬਿਮਾਰੀਆਂ ਦੀ ਰੋਕਥਾਮ, ਜਾਂਚ ਅਤੇ ਪੁਨਰਵਾਸ ਲਈ ਏਕੀਕ੍ਰਿਤ ਪਹੁੰਚ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਸਮਾਗਮ ਦਾ ਮੁੱਖ ਵਿਸ਼ਾ ਏਕੀਕ੍ਰਿਤ ਦਿਲ ਅਤੇ ਸਟ੍ਰੋਕ ਦੇਖਭਾਲ : ਰੋਕਥਾਮ ਅਤੇ ਇਮੇਜਿੰਗ ਤੋਂ ਪੁਨਰਵਾਸ ਤੱਕ ਸੀ। ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਅਤੇ ਯੂ ਐੱਸ ਪੀ ਆਰ ਦੇ ਡੀਨ ਪ੍ਰੋ. (ਡਾ.) ਲਲਿਤ ਕੁਮਾਰ ਗੁਪਤਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਪ੍ਰੋਗਰਾਮ ਦਾ ਤਾਲਮੇਲ ਸੰਗਠਨ ਸਕੱਤਰ ਇਪਸ਼ਿਤਾ ਅਧਿਕਾਰੀ ਅਤੇ ਸਹਿ-ਸੰਗਠਨ ਸਕੱਤਰ ਦਿਵਿਆ ਖਾਤੀ ਵੱਲੋਂ ਕੀਤਾ ਗਿਆ। ਫਿਜ਼ੀਓਥੈਰੇਪੀ, ਰੇਡੀਓਲੋਜੀ ਅਤੇ ਨਿਊਟ੍ਰੀਸ਼ਨ ਐਂਡ ਡਾਇਟੈਟਿਕਸ ਦੇ ਮਾਸਟਰਜ਼ ਵਿਦਿਆਰਥੀਆਂ ਨੇ ਦਿਲ ਅਤੇ ਸਟ੍ਰੋਕ ਦੀ ਰੋਕਥਾਮ, ਡਾਇਗਨੌਸਟਿਕ ਇਮੇਜਿੰਗ, ਪੋਸ਼ਣ ਅਤੇ ਪੁਨਰਵਾਸ ਨਾਲ ਸਬੰਧਤ ਅੰਤਰ-ਵਿਸ਼ਿਆਕ ਵਿਗਿਆਨਕ ਸੈਸ਼ਨ ਪੇਸ਼ ਕੀਤੇ। ਹਾਕਸਫੇਅਰ ਗਲੋਬਲ ਦੇ ਡਾਇਰੈਕਟਰ ਅਮਿਤ ਜੋਤ ਸਿੰਘ, ਕਰੀਅਰ ਕੋਚ ਦੇ ਸੀਈਓ ਅਤੇ ਸੰਸਥਾਪਕ ਤੇਜੇਸ਼ਵਰ ਬਖਸ਼ੀ, ਹਾਕਸਫੇਅਰ ਗਲੋਬਲ ਦੇ ਡਾਇਰੈਕਟਰ ਕੇ. ਅੰਸਾਰੀ ਅਤੇ ਅੰਸ਼ਿਕਾ ਮਾਥਨ ਨੇ ਵਿਦਿਆਰਥੀਆਂ ਨਾਲ ਕਰੀਅਰ ਵਿਕਾਸ ਅਤੇ ਵਿਸ਼ਵ ਪੱਧਰੀ ਮੌਕਿਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਪੋਸਟਰ ਮੁਕਾਬਲੇ ਵਿੱਚ 17 ਟੀਮਾਂ ਨੇ ਭਾਗ ਲਿਆ। ਪਾਇਲ, ਮੁਸਕਾਨ ਤੇ ਕਸ਼ਿਸ਼ ਅਤੇ ਸ਼੍ਰੇਆ ਸ਼ਰਮਾ ਤੇ ਸ਼ਿਲਪਾ ਡੋਗਰਾ ਦੀਆਂ ਟੀਮਾਂ ਨੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਚੈਤੰਨਿਆ ਰਾਜੇਸ਼ ਮਦਰਾ ਅਤੇ ਕਨਨ ਰਾਣਾ ਦੀ ਟੀਮ ਦੂਜੇ ਸਥਾਨ 'ਤੇ ਰਹੀ। ਸਮਾਗਮ ਦਾ ਸਮਾਪਨ ਭੰਗੜਾ, ਗਿੱਧਾ ਅਤੇ ਹਰਿਆਣਵੀ ਨਾਚ ਦੀਆਂ ਰੰਗਾਰੰਗ ਪੇਸ਼ਕਾਰੀਆਂ ਨਾਲ ਹੋਇਆ।



## ਜਮਹੂਰੀ ਕਿਸਾਨ ਸਭਾ ਨੇ ਅਜਨਾਲਾ ਨੂੰ ਕੌਮੀ ਪ੍ਰਧਾਨ ਬਣਨ 'ਤੇ ਦਿੱਤੀਆਂ ਮੁਬਾਰਕਾਂ

**ਜਲੰਧਰ (ਰਾਜੇਸ਼ ਥਾਪਾ)**- ਜਮਹੂਰੀ ਕਿਸਾਨ ਸਭਾ ਪੰਜਾਬ ਦੀ ਸੂਬਾਈ ਮੀਟਿੰਗ ਡਾ. ਸਤਨਾਮ ਸਿੰਘ ਅਜਨਾਲਾ ਦੀ ਪ੍ਰਧਾਨਗੀ ਹੇਠ ਸਭਾ ਦੇ ਸੂਬਾਈ ਦਫ਼ਤਰ ਸ਼ਹੀਦ ਸਰਵਣ ਸਿੰਘ ਚੀਮਾ ਭਵਨ ਗੜ੍ਹਾ, ਜਲੰਧਰ ਵਿਖੇ ਹੋਈ ਜਿਸ ਵਿੱਚ ਅਗਲੇ ਸੰਘਰਸ਼ਾਂ ਦੀ ਵਿਉਂਤਬੰਦੀ ਕੀਤੀ ਗਈ। ਮੀਟਿੰਗ ਦੇ ਸ਼ੁਰੂ ਵਿੱਚ ਸ਼ੋਕ ਮਤਾ ਪੇਸ਼ ਕਰਦਿਆਂ ਵਿਛੜੇ ਸਾਥੀਆਂ ਚੰਦ ਫ਼ਤਿਹਪੁਰੀ, ਪ੍ਰਤਾਪ ਸਿੰਘ ਵੈਰੋਵਾਲ ਅਤੇ ਜਸਪਾਲ ਸਿੰਘ ਦਿਆਲਪੁਰਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਹਨਾਂ ਨੂੰ ਯਾਦ ਕੀਤਾ ਗਿਆ। ਇਸ ਮੌਕੇ ਤੇ ਪਿਛਲੇ ਦਿਨੀ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿੱਚ ਹੋਈ ਕੁੱਲ ਹਿੰਦ ਕਿਸਾਨ ਮਹਾਂ ਸਭਾ ਦੀ ਸਫ਼ਲ ਕੌਮੀ ਕਾਨਫਰੰਸ ਵਿੱਚ ਡਾ. ਸਤਨਾਮ ਸਿੰਘ ਅਜਨਾਲਾ ਨੂੰ ਕੌਮੀ ਪ੍ਰਧਾਨ ਚੁਣੇ ਜਾਣ ਤੇ ਮੁਬਾਰਕਾਂ ਦਿੰਦਿਆਂ ਸੂਬਾ ਕਮੇਟੀ ਨੇ ਆਖਿਆ ਕਿ ਡਾ. ਸਤਨਾਮ ਸਿੰਘ ਅਜਨਾਲਾ ਦੇ ਪ੍ਰਧਾਨ ਬਣਨਾ ਨਾਲ ਕਿਸਾਨ ਲਹਿਰ ਹੋਰ ਮਜ਼ਬੂਤ ਹੋਵੇਗੀ। ਇਸ ਮੌਕੇ ਤੇ ਸੰਬੋਧਨ ਕਰਦਿਆਂ ਡਾ. ਅਜਨਾਲਾ ਨੇ ਆਖਿਆ ਕਿ ਪਿਛਲੇ ਦਿਨੀ ਦੋ ਜਥੇਬੰਦੀਆਂ ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਪੰਜਾਬ ਕਿਸਾਨ ਯੂਨੀਅਨ ਦੀ ਹੋਈ ਏਕਤਾ ਨਾਲ ਕਿਸਾਨ ਲਹਿਰ ਨੂੰ ਨਵਾਂ ਹੁੰਗਾਰਾ ਮਿਲਿਆ ਹੈ। ਇਸ ਮੌਕੇ ਤੇ ਹੋਰਨਾ ਤੋਂ ਇਲਾਵਾ ਰਘਵੀਰ ਸਿੰਘ ਬੈਨੀਪਾਲ, ਮੋਹਣ ਸਿੰਘ ਧਮਾਣਾ, ਪ੍ਰਗਟ ਸਿੰਘ ਜਾਮਾਰਾਏ, ਰਤਨ ਸਿੰਘ ਰੰਧਾਵਾ, ਸੰਤੋਖ ਸਿੰਘ ਬਿਲਗਾ, ਦਰਸ਼ਣ ਸਿੰਘ ਬੇਲੂਮਾਜਰਾ, ਮਨਜੀਤ ਸਿੰਘ ਬੱਗੂ, ਧਰਮਪਾਲ ਸਿੰਘ ਸੈਣੀ, ਵਰਿੰਦਰਜੀਤ ਸਿੰਘ ਪੁਰੀ, ਦਵਿੰਦਰ ਸਿੰਘ ਹੁਸ਼ਿਆਰਪੁਰ, ਗੁਰਮੇਜ ਸਿੰਘ ਤਿਮੋਵਾਲ, ਮੇਜਰ ਸਿੰਘ ਖੁਰਲਾਪੁਰ, ਰੇਸ਼ਮ ਸਿੰਘ ਫੈਲੋਕੇ, ਸੁਖਮਿੰਦਰ ਸਿੰਘ ਧਾਲੀਵਾਲ, ਦਲਜੀਤ ਸਿੰਘ ਦਿਆਲਪੁਰਾ ਆਦਿ ਹਾਜ਼ਰ ਸਨ।



## ਪ੍ਰਗਟ ਸਿੰਘ ਦੇ ਨਵਾਂ ਸੂਬਾ ਪ੍ਰਧਾਨ ਬਣਨ 'ਤੇ ਖੁਸ਼ੀ ਪ੍ਰਗਟ

**ਜਲੰਧਰ (ਇਕਬਾਲ ਸਿੰਘ ਉਭੀ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਕਮਾਨ ਮਾਲਵਾ ਤੋਂ ਦੋਆਬੇ ਵਿੱਚ ਤਬਦੀਲ ਕਰਕੇ ਕਾਂਗਰਸ ਹਾਈਕਮਾਨ ਨੇ ਸਾਬਕਾ ਭਾਰਤੀ ਹਾਕੀ ਕਪਤਾਨ ਅਤੇ ਜਲੰਧਰ ਛਾਉਣੀ ਤੋਂ ਵਿਧਾਇਕ ਪ੍ਰਗਟ ਸਿੰਘ ਨੂੰ ਪੰਜਾਬ ਕਾਂਗਰਸ ਦਾ ਨਵਾਂ ਸੂਬਾ ਪ੍ਰਧਾਨ ਨਿਯੁਕਤ ਕੀਤਾ ਹੈ। ਅਮਰਿੰਦਰ ਸਿੰਘ ਰਾਜਾ ਵੜਿੰਗ ਨੇ 2 ਅਕਤੂਬਰ ਨੂੰ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। ਪ੍ਰਗਟ ਸਿੰਘ ਦੀ ਨਿਯੁਕਤੀ ਅਜਿਹੇ ਸਮੇਂ ਹੋਈ ਹੈ ਜਦੋਂ ਆਪਸੀ ਮਤਭੇਦਾਂ ਵਿਚ ਉਲਝੀ ਪੰਜਾਬ ਕਾਂਗਰਸ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਤਿਆਰੀ ਕਰ ਰਹੀ ਹੈ। ਅਮਰਿੰਦਰ ਸਿੰਘ ਰਾਜਾ ਵੜਿੰਗ ਅਪ੍ਰੈਲ 2022 ਤੋਂ ਪੰਜਾਬ ਕਾਂਗਰਸ ਦੇ ਪ੍ਰਧਾਨ ਰਹੇ ਪਰਗਟ ਸਿੰਘ ਦਾ ਰਾਜਨੀਤਿਕ ਸਫ਼ਰ ਖੇਡ ਖੇਤਰ ਤੋਂ ਰਾਜਨੀਤੀ ਤੱਕ ਫੈਲਿਆ ਹੋਇਆ ਹੈ। ਉਹ ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ, ਪਦਮ ਸ਼੍ਰੀ ਅਤੇ ਅਰਜੁਨ ਪੁਰਸਕਾਰ ਪ੍ਰਾਪਤਕਰਤਾ ਅਤੇ ਜਲੰਧਰ ਛਾਉਣੀ ਤੋਂ ਵਿਧਾਇਕ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਵਿੱਚ ਸਿੱਖਿਆ ਅਤੇ ਖੇਡ ਮੰਤਰੀ ਵਜੋਂ ਵੀ ਸੇਵਾ ਨਿਭਾਈ ਹੈ। ਪਰਗਟ ਸਿੰਘ ਦੇ ਸੂਬਾ ਪ੍ਰਧਾਨ ਬਣਨ ਨਾਲ, ਪੰਜਾਬ ਕਾਂਗਰਸ ਦੀ ਲੀਡਰਸ਼ਿਪ ਆਉਣ ਵਾਲੀਆਂ ਚੋਣਾਂ ਤੋਂ ਪਹਿਲਾਂ ਪਾਰਟੀ ਵਿੱਚ ਨਵੀਂ ਊਰਜਾ ਅਤੇ ਤਾਲਮੇਲ ਪੈਦਾ ਕਰਨ ਦੀ ਕੋਸ਼ਿਸ਼ ਵਜੋਂ ਵੀ ਦੇਖਿਆ ਜਾ ਰਿਹਾ ਹੈ।



## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਡੇਰਾਬੱਸੀ ਤੋਂ ਤਿੰਨ ਬੱਸਾਂ ਰਵਾਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਡੇਰਾਬੱਸੀ ਤੋਂ ਸ਼ਰਧਾਲੂਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਤਿੰਨ ਬੱਸਾਂ ਸ੍ਰੀ ਅੰਮ੍ਰਿਤਸਰ ਸਾਹਿਬ ਸਮੇਤ ਹੋਰ ਧਾਰਮਿਕ ਅਸਥਾਨਾਂ ਲਈ ਰਵਾਨਾ ਕੀਤੀਆਂ ਗਈਆਂ। ਹਲਕਾ ਵਿਧਾਇਕ ਸ੍ਰੀ ਕੁਲਜੀਤ ਸਿੰਘ ਰੰਧਾਵਾ ਵੱਲੋਂ ਡੇਰਾਬੱਸੀ ਦੇ ਵਾਰਡ ਨੰਬਰ 7 ਅਧੀਨ ਆਉਂਦੇ ਗੁਲਮੋਹਰ ਸਿਟੀ ਐਕਸਟੈਂਸ਼ਨ, ਜੀ.ਬੀ.ਪੀ. ਈਕੋ ਗ੍ਰੀਨ, ਹੋਮ-1 ਅਤੇ ਰੋਜ਼ਵੁੱਡ-2 ਤੋਂ ਦੋ ਬੱਸਾਂ, ਜਦਕਿ ਪਿੰਡ ਮੁਕੰਦਪੁਰ ਤੋਂ ਇੱਕ ਬੱਸ ਸ਼ਰਧਾਲੂਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤੀ ਗਈ।ਇਸ ਮੌਕੇ ਸ਼ਰਧਾਲੂਆਂ ਵਿੱਚ ਯਾਤਰਾ ਨੂੰ ਲੈ ਕੇ ਉਤਸ਼ਾਹ ਅਤੇ ਸ਼ਰਧਾ ਦਾ ਮਾਹੌਲ ਦੇਖਣ ਨੂੰ ਮਿਲਿਆ। ਇਸ ਦੌਰਾਨ ਸਥਾਨਕ ਪਾਰਟੀ ਆਗੂਆਂ ਅਤੇ ਵਰਕਰਾਂ ਸਮੇਤ ਇਲਾਕਾ ਵਾਸੀ ਵੀ ਮੌਜੂਦ ਰਹੇ।ਇਸ ਮੌਕੇ ਸ਼ਰਧਾਲੂਆਂ ਨੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਯਾਤਰਾ ਦੀ ਸਹੂਲਤ ਪ੍ਰਦਾਨ ਕਰਨ ਲਈ ਸਰਕਾਰ ਦਾ ਧੰਨਵਾਦ ਕੀਤਾ।



## ਨਸ਼ਿਆਂ ਖ਼ਿਲਾਫ਼ ਨਵਾਂਸ਼ਹਿਰ ਪੁਲਸ ਦਾ ਵੱਡਾ ਸਰਚ ਅਪਰੇਸ਼ਨ

**ਬਲਾਚੌਰ (ਜਸਵਿੰਦਰ ਬੈਂਸ)**- ਡੀ ਜੀ ਪੀ ਪੰਜਾਬ ਤੇ ਐਸ ਐਸ ਪੀ ਸ਼ਹੀਦ ਭਗਤ ਸਿੰਘ ਨਗਰ ਤੁਸ਼ਾਰ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨਵਾਂਸ਼ਹਿਰ ਪੁਲਸ ਵੱਲੋਂ ਜ਼ਿਲ੍ਹੇ ਵਿੱਚ ਨਸ਼ਿਆਂ ਦੀ ਸਪਲਾਈ ਅਤੇ ਤਸਕਰੀ ਨੂੰ ਨੱਥ ਪਾਉਣ ਲਈ ਵਿਸ਼ੇਸ਼ ਸਰਚ ਆਪਰੇਸ਼ਨ ਚਲਾਇਆ ਗਿਆ। ਪੁਲਸ ਦੀਆਂ ਵੱਖ-ਵੱਖ ਟੀਮਾਂ ਨੇ ਸਵੇਰੇ ਤੜਕੇ ਹੀ ਸ਼ੱਕੀ ਠਿਕਾਣਿਆਂ ਅਤੇ ਨਸ਼ਿਆਂ ਨਾਲ ਸਬੰਧਤ ਸੰਭਾਵਿਤ ਥਾਵਾਂ 'ਤੇ ਤਲਾਸ਼ੀ ਮੁਹਿੰਮ ਚਲਾਈ। ਸਰਚ ਆਪਰੇਸ਼ਨ ਦੌਰਾਨ ਪੁਲਿਸ ਵੱਲੋਂ ਨਸ਼ਾ ਵੇਚਣ ਦੇ ਸ਼ੱਕੀ ਅਤੇ ਨਸ਼ਾ ਤਸਕਰੀ ਨਾਲ ਜੁੜੇ ਕਈ ਵਿਅਕਤੀਆਂ ਨੂੰ ਕਾਬੂ ਕਰਕੇ ਪੁੱਛਗਿੱਛ ਕੀਤੀ ਗਈ। ਪੁਲਸ ਵੱਲੋਂ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜਨ ਲਈ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਪੁਲਸ ਵੱਲੋਂ ਸਿਰਫ਼ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਹੀ ਨਹੀਂ ਕੀਤੀ ਜਾ ਰਹੀ, ਸਗੋਂ ਨਸ਼ੇ ਦੀ ਲਤ ਦਾ ਸ਼ਿਕਾਰ ਹੋ ਚੁੱਕੇ ਵਿਅਕਤੀਆਂ ਨੂੰ ਮੁੜ ਮੁੱਖ ਧਾਰਾ ਵਿੱਚ ਲਿਆਉਣ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ੇ ਦੇ ਆਦੀ ਵਿਅਕਤੀਆਂ ਨੂੰ ਇਲਾਜ ਲਈ ਨਸ਼ਾ ਛੁਡਾਊ ਕੇਂਦਰਾਂ ਵਿੱਚ ਭਰਤੀ ਕਰਵਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ ਅਤੇ ਲੋੜ ਅਨੁਸਾਰ ਦਵਾਈਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।



## ਚੰਡੀਗੜ੍ਹ ਪੰਜਾਬੀ ਮੰਚ ਵੱਲੋਂ ਧਰਨਾ 30 ਨੂੰ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਪਿੰਡ ਹੱਲੋਮਾਜਰਾ ਵਿਚ ਕੁਲਦੀਪ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ ਦੀ ਪ੍ਰਧਾਨਗੀ ਹੇਠ ਹੋਈ ਭਰਵੀਂ ਮੀਟਿੰਗ ਵਿਚ ਪਿੰਡ ਦੇ ਲੋਕਾਂ ਵਲੋਂ ਚੰਡੀਗੜ੍ਹ ਪੰਜਾਬੀ ਮੰਚ ਦੇ ਸੱਦੇ ਤੇ 30 ਅਕਤੂਬਰ, ਦਿਨ ਸ਼ੁਕਰਵਾਰ ਨੂੰ ਸੈਕਟਰ-17 ਵਿਚ ਮਾਰੇ ਜਾ ਰਹੇ ਧਰਨੇ ਵਿਚ ਵੱਧ ਤੋਂ ਵੱਧ ਗਿਣਤੀ ਵਿਚ ਪਹੁੰਚਣ ਦਾ ਭਰੋਸਾ ਦਿੱਤਾ। ਮੀਟਿੰਗ ਵਿਚ ਸਾਰੇ ਬੁਲਾਰਿਆਂ ਜਿਹਨਾਂ ਵਿਚ ਸੁਖਜੀਤ ਸਿੰਘ ਪ੍ਰਧਾਨ, ਕਾਮਰੇਡ ਦੇਵੀ ਦਿਆਲ ਸ਼ਰਮਾ ਜਨਰਲ ਸਕੱਤਰ, ਬਾਬਾ ਸਾਧੂ ਸਿੰਘ ਸਾਰੰਗਪੁਰ, ਬਲਕਾਰ ਸਿੱਧੂ ਅਤੇ ਬੀਬੀ ਦਲੀਪ ਕੌਰ ਨੇ ਆਪਣੇ ਵਿਚਾਰ ਰੱਖੇ। ਸਾਰੇ ਬੁਲਾਰਿਆਂ ਨੇ ਦੱਸਿਆ ਕਿ ਚੰਡੀਗੜ੍ਹ ਵਿਚ ਪਹਿਲੀ ਨਵੰਬਰ 1966 ਤੱਕ ਪੰਜਾਬੀ ਭਾਸ਼ਾ ਨੂੰ ਪਹਿਲੀ, ਪ੍ਰਸ਼ਾਸਕੀ ਅਤੇ ਦਫ਼ਤਰੀ ਭਾਸ਼ਾ ਦਾ ਦਰਜਾ ਹਾਸਲ ਸੀ। ਜਿਵੇਂ-ਜਿਵੇਂ ਅਧਿਕਾਰੀ ਬਾਹਰੋਂ ਆਏ ਅਤੇ ਉਹਨਾਂ ਨੇ ਗਿਣੀ-ਮਿਥੀ ਸਾਜ਼ਿਸ਼ ਰਾਹੀਂ ਪੰਜਾਬੀ ਨੂੰ ਪਿੱਛੇ ਧੱਕ ਕੇ ਚੰਡੀਗੜ੍ਹ ਦੇ ਲੋਕਾਂ 'ਤੇ ਅੰਗਰੇਜ਼ੀ ਥੋਪ ਦਿੱਤੀ। ਦੇਸ਼ ਦੇ ਸੰਵਿਧਾਨ ਵਿਚ 22 ਕੌਮੀ ਭਾਸ਼ਾਵਾਂ ਹਨ ਜਿਹਨਾਂ ਵਿਚ ਅੰਗਰੇਜ਼ੀ ਹੈ ਹੀ ਨਹੀਂ। ਦੇਸ਼ ਦੇ ਕਿਸੇ ਵੀ ਸੂਬੇ ਦੀ ਦਫ਼ਤਰੀ ਕੰਮਕਾਰ ਦੀ ਭਾਸ਼ਾ ਅੰਗਰੇਜ਼ੀ ਨਹੀਂ ਹੈ। ਚੰਡੀਗੜ੍ਹ ਦੇ 14 ਲੱਖ ਲੋਕਾਂ ਵਿਚ ਇਕ ਵੀ ਵਿਅਕਤੀ ਦੀ ਮਾਂ-ਬੋਲੀ ਅੰਗਰੇਜ਼ੀ ਨਹੀਂ ਹੈ। 30 ਅਕਤੂਬਰ ਨੂੰ ਮਾਰੇ ਜਾ ਰਹੇ ਧਰਨੇ ਵਿਚ ਸ਼ਹਿਰ ਦੀਆਂ ਤਮਾਮ ਰਾਜਨੀਤਕ ਪਾਰਟੀਆਂ ਨੂੰ ਸੱਦਾ ਦਿੱਤਾ ਹੈ ਕਿ ਧਰਨੇ ਵਿਚ ਆ ਕੇ ਦੱਸਣ ਕਿ ਉਹਨਾਂ ਨੇ ਚੰਡੀਗੜ੍ਹ ਵਿਚ ਪੰਜਾਬੀ ਭਾਸ਼ਾ ਨੂੰ ਬਣਦਾ ਸਥਾਨ ਦਿਲਾਉਣ ਲਈ ਹੁਣ ਤੱਕ ਕੀ ਕੀਤਾ ਹੈ ਤੇ ਅੱਗੇ ਤੋਂ ਕੀ ਕਰਨਗੇ।



## ਲੋਕ-ਰਾਜ ਦੀ ਰਾਖੀ ਦਾ ਇੱਕੋ-ਇੱਕ ਰਾਹ

**ਮੋਦੀ-ਸ਼ਾਹ ਦੀ ਵਿਦਾਇਗੀ ਤੇ ਗਿਆਨੇਸ਼ ਦੀ ਗ੍ਰਿਫ਼ਤਾਰੀ : ਜਾਮਾਰਾਏ, ਰਾਣਾ**

**ਜਲੰਧਰ (ਕੇਸਰ, ਰਾਜੇਸ਼ ਥਾਪਾ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਤੇ ਸੀ ਪੀ ਆਈ (ਐੱਮ ਐੱਲ) ਲਿਬ੍ਰੇਸ਼ਨ ਵਲੋਂ ਆਉਣ ਵਾਲੀ 7 ਤੇ 8 ਅਕਤੂਬਰ ਨੂੰ ਜ਼ਿਲ੍ਹਾ ਤੇ ਤਹਿਸੀਲ ਕੇਂਦਰਾਂ 'ਤੇ ਭਰਵੇਂ ਰੋਸ ਮੁਜ਼ਾਹਰੇ ਕੀਤੇ ਜਾਣਗੇ।ਇਹ ਜਾਣਕਾਰੀ ਇੱਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਆਰ ਐੱਮ ਪੀ ਆਈ ਦੇ ਸੂਬਾ ਪ੍ਰਧਾਨ ਤੇ ਸਕੱਤਰ ਸਾਥੀ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ ਅਤੇ ਲਿਬ੍ਰੇਸ਼ਨ ਦੇ ਸੂਬਾਈ ਕਾਰਜਕਾਰੀ ਸਕੱਤਰ ਤੇ ਸੂਬਾ ਸਕੱਤਰੇਤ ਦੇ ਮੈਂਬਰ ਸਾਥੀ ਰਾਜਬਿੰਦਰ ਸਿੰਘ ਰਾਣਾ ਤੇ ਗੁਲਜ਼ਾਰ ਸਿੰਘ ਭੁੰਬਲੀ ਨੇ ਦਿੱਤੀ ਹੈ।ਆਗੂਆਂ ਨੇ ਦੱਸਿਆ ਹੈ ਕਿ ਉਕਤ ਮੁਜ਼ਾਹਰਿਆਂ ਦੌਰਾਨ ਆਪਣੇ ਗੈਰ-ਕਾਨੂੰਨੀ ਕਾਰਿਆਂ ਰਾਹੀਂ ਲੋਕ-ਰਾਜੀ ਤੇ ਸੰਵਿਧਾਨਕ ਕਦਰਾਂ-ਕੀਮਤਾਂ ਨੂੰ ਤਬਾਹ ਕਰਨ ਵਾਲੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਬਰਖਾਸਤਗੀ ਤੇ ਉਸ ਨੂੰ ਗ੍ਰਿਫਤਾਰ ਕਰਕੇ ਫੌਰੀ ਜੇਲ੍ਹ 'ਚ ਸੁੱਟੇ ਜਾਣ ਦੀ ਜ਼ੋਰਦਾਰ ਮੰਗ ਕੀਤੀ ਜਾਵੇਗੀ। ਦੇਸ਼ ਦੇ ਗਰੀਬਾਂ, ਘੱਟ ਗਿਣਤੀ ਵਸੋਂ, ਦਲਿਤਾਂ-ਔਰਤਾਂ ਤੇ ਹਾਸ਼ੀਆਗਤ ਲੋਕਾਂ ਨੂੰ ਵੋਟ ਦੇ ਹੱਕ ਤੋਂ ਵਾਂਝੇ ਕਰਨ ਦੀ ਆਰ ਐੱਸ ਐੱਸ ਤੇ ਭਾਜਪਾ ਦੀ ਚਿਰੋਕਣੀ ਸਾਜ਼ਿਸ਼ ਤਹਿਤ ਕੀਤੀ ਜਾ ਰਹੀ ਵੋਟ ਸੂਚੀਆਂ ਦੀ 'ਡੂੰਘਾਈ ਨਾਲ ਵਿਸ਼ੇਸ਼ ਸੁਧਾਈ' (ਐੱਸ ਆਈ ਆਰ) ਪੰਜਾਬ ਸਮੇਤ ਸਾਰੇ ਦੇਸ਼ 'ਚ ਫੌਰੀ ਬੰਦ ਕੀਤੇ ਜਾਣ ਦੀ ਵੀ ਮੰਗ ਕੀਤੀ ਜਾਵੇਗੀ। ਐੱਸ ਆਈ ਆਰ ਤਹਿਤ ਕੱਟੀਆਂ 13 ਕਰੋੜ ਤੋਂ ਵੱਧ ਵੋਟਾਂ ਬਹਾਲ ਕੀਤੇ ਜਾਣ, ਐੱਸ ਆਈ ਆਰ ਤੋਂ ਪਿੱਛੋਂ ਹੋਈਆਂ ਸਾਰੀਆਂ ਚੋਣਾਂ ਰੱਦ ਕੀਤੇ ਜਾਣ ਅਤੇ ਅੱਗੇ ਤੋਂ ਈ ਵੀ ਐੱਮ ਦੀ ਬਜਾਏ ਬੈਲਟ ਪੇਪਰ ਨਾਲ ਵੋਟਾਂ ਪਵਾਉਣ ਲਈ ਵੀ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਜਾਵੇਗੀ।

## ਤੱਗੜ 'ਚ ਅਤਿ-ਆਧੁਨਿਕ 100 ਬਿਸਤਰਿਆਂ ਵਾਲਾ ਹਸਪਤਾਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕੈਨੇਡਾ ਵਿੱਚ ਰਹਿਣ ਵਾਲੇ ਇੱਕ ਉਦਯੋਗਪਤੀ ਅਤੇ ਸਮਾਜ ਸੇਵਕ ਓਂਕਾਰ ਸਿੰਘ ਤੱਗੜ ਜੋ ਕਿ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਤੱਗੜ ਤੋਂ ਹੈ ਅਤੇ ਕੈਨੇਡਾ ਵਿੱਚ ਇੱਕ ਵਪਾਰਕ ਪਛਾਣ ਸਥਾਪਤ ਕੀਤੀ ਹੈ, ਨੇ ਆਪਣੇ ਜੱਦੀ ਪਿੰਡ ਅਤੇ ਆਲੇ ਦੁਆਲੇ ਦੇ ਖੇਤਰ ਦੇ ਲੋਕਾਂ ਨੂੰ ਆਧੁਨਿਕ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਇੱਕ ਅਤਿ-ਆਧੁਨਿਕ 100 ਬਿਸਤਰਿਆਂ ਵਾਲਾ ਹਸਪਤਾਲ ਸਥਾਪਤ ਕੀਤਾ ਹੈ। ਅੱਜ ਇਹ ਹਸਪਤਾਲ ਨਾ ਸਿਰਫ਼ ਪਿੰਡ ਤੱਗੜ ਲਈ ਸਗੋਂ ਪੂਰੇ ਖੇਤਰ ਲਈ ਸਿਹਤ ਸੰਭਾਲ ਲਈ ਇੱਕ ਪ੍ਰਮੁੱਖ ਕੇਂਦਰ ਵਜੋਂ ਉੱਭਰਿਆ ਹੈ। ਓਂਕਾਰ ਸਿੰਘ ਤੱਗੜ, ਜੋ ਕਿ ਲਗਭਗ ਪੰਜ ਦਹਾਕੇ ਪਹਿਲਾਂ 1970 ਵਿੱਚ ਕੈਨੇਡਾ ਪਹੁੰਚੇ ਸਨ, ਨੇ ਆਪਣੀ ਮਿਹਨਤ ਨਾਲ ਕਾਰੋਬਾਰ ਵਿੱਚ ਸ਼ਾਨਦਾਰ ਸਫਲਤਾ ਪ੍ਰਾਪਤ ਕੀਤੀ। ਵਿਦੇਸ਼ ਵਿੱਚ ਰਹਿੰਦੇ ਹੋਏ ਵੀ, ਉਨ੍ਹਾਂ ਦਾ ਦਿਲ ਆਪਣੇ ਪਿੰਡ ਅਤੇ ਖੇਤਰ ਦੇ ਲੋਕਾਂ ਨਾਲ ਜੁੜਿਆ ਰਿਹਾ। ਜਦੋਂ ਵੀ ਉਹ ਭਾਰਤ ਜਾਂਦੇ ਸਨ, ਪੇਂਡੂ ਖੇਤਰਾਂ ਵਿੱਚ ਸਿਹਤ ਸਹੂਲਤਾਂ ਦੀ ਘਾਟ ਅਤੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਉਨ੍ਹਾਂ ਨੂੰ ਸੋਚਣ ਲਈ ਮਜਬੂਰ ਕਰਦੀਆਂ ਸਨ। ਇਸ ਖੇਤਰ ਦੇ ਲੋਕਾਂ ਨੂੰ ਗੰਭੀਰ ਬਿਮਾਰੀਆਂ ਦੇ ਇਲਾਜ ਲਈ ਜਲੰਧਰ, ਲੁਧਿਆਣਾ, ਚੰਡੀਗੜ੍ਹ ਜਾਂ ਹੋਰ ਵੱਡੇ ਸ਼ਹਿਰਾਂ ਦੀ ਯਾਤਰਾ ਕਰਨੀ ਪੈਂਦੀ ਸੀ। ਅਕਸਰ, ਸਮੇਂ ਸਿਰ ਇਲਾਜ ਦੀ ਘਾਟ ਅਤੇ ਵਧਦੀਆਂ ਕੀਮਤਾਂ ਕਾਰਨ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਮੁਸ਼ਕਲ ਹਾਲਾਤ ਦਾ ਸਾਹਮਣਾ ਕਰਨਾ ਪੈਂਦਾ ਸੀ। ਤੱਗੜ ਨੂੰ ਅਹਿਸਾਸ ਹੋਇਆ ਕਿ ਜੇਕਰ ਪੇਂਡੂ ਖੇਤਰਾਂ ਵਿੱਚ ਆਧੁਨਿਕ ਡਾਕਟਰੀ ਸਹੂਲਤਾਂ ਉਪਲਬਧ ਹੋਣ, ਤਾਂ ਲੋਕਾਂ ਨੂੰ ਮਹੱਤਵਪੂਰਨ ਰਾਹਤ ਮਿਲ ਸਕਦੀ ਹੈ। ਇਸ ਦ੍ਰਿਸ਼ਟੀਕੋਣ ਨੇ ਇੱਕ ਵੱਡੇ ਸਮਾਜਿਕ ਪ੍ਰੋਜੈਕਟ ਦਾ ਰੂਪ ਧਾਰਨ ਕੀਤਾ। ਲਗਭਗ ਚਾਰ ਸਾਲ ਪਹਿਲਾਂ ਤੱਗੜ ਪਿੰਡ ਵਿੱਚ ਇੱਕ ਆਧੁਨਿਕ ਹਸਪਤਾਲ ਸਥਾਪਤ ਕਰਨ ਦੀ ਯੋਜਨਾ 'ਤੇ ਕੰਮ ਸ਼ੁਰੂ ਹੋਇਆ ਸੀ। ਪਰਮਵੀਰ ਜਗਤ ਨੇ ਇਸ ਮਿਸ਼ਨ ਨੂੰ ਅੱਗੇ ਵਧਾਉਣ ਦੀ ਜ਼ਿੰਮੇਵਾਰੀ ਲਈ ਤੇ ਇੱਕ ਹਸਪਤਾਲ ਬਣਾਉਣ ਦਾ ਸੁਪਨਾ ਸਾਕਾਰ ਹੋਇਆ ਅਤੇ ਇਸਨੂੰ ਲਗਭਗ ਦੋ ਸਾਲ ਪਹਿਲਾਂ ਜਨਤਾ ਨੂੰ ਸਮਰਪਤ ਕੀਤਾ ਗਿਆ ਸੀ। ਅੱਜ ਹਸਪਤਾਲ ਆਧੁਨਿਕ ਸਿਹਤ ਸੰਭਾਲ ਸੇਵਾਵਾਂ ਨਾਲ ਲੈਸ ਹੈ।ਹਫ਼ਤੇ ਦੇ ਸੱਤੇ ਦਿਨ 24 ਘੰਟੇ ਐਮਰਜੈਂਸੀ ਸੇਵਾਵਾਂ ਪ੍ਰਦਾਨ ਕਰਦਾ ਹੈ। ਗੰਭੀਰ ਬਿਮਾਰ ਮਰੀਜ਼ਾਂ ਦੇ ਇਲਾਜ ਲਈ ਆਧੁਨਿਕ ਵੈਂਟੀਲੇਟਰ ਲਗਾਏ ਗਏ ਹਨ। ਨਵਜੰਮੇ ਬੱਚਿਆਂ ਲਈ ਐਨ ਆਈ ਸੀ ਯੂ ਸਹੂਲਤ ਦੀ ਉਪਲਬਧਤਾ ਨੇ ਪੇਂਡੂ ਖੇਤਰਾਂ ਦੇ ਪਰਿਵਾਰਾਂ ਨੂੰ ਮਹੱਤਵਪੂਰਨ ਰਾਹਤ ਪ੍ਰਦਾਨ ਕੀਤੀ ਹੈ। ਹਸਪਤਾਲ ਪ੍ਰਬੰਧਨ ਦੇ ਅਨੁਸਾਰ ਇਲਾਜ ਨਿੱਜੀ ਹਸਪਤਾਲਾਂ ਨਾਲੋਂ ਕਾਫ਼ੀ ਘੱਟ ਕੀਮਤ 'ਤੇ ਪ੍ਰਦਾਨ ਕੀਤਾ ਜਾਂਦਾ ਹੈ। ਸੇਵਾਮੁਕਤ ਪ੍ਰਿੰਸੀਪਲ ਅਮਨਦੀਪ ਧਾਮੀ, ਪਲਵਿੰਦਰ ਕੌਰ ਧਾਮੀ ਅਤੇ ਸਮਾਜ ਸੇਵਕ ਸੋਹਨ ਲਾਲ ਨਾਗਰਵਾਲ ਸਲਾਹਕਾਰ ਵਜੋਂ ਆਪਣੀਆਂ ਸੇਵਾਵਾਂ ਪ੍ਰਦਾਨ ਕਰ ਰਹੇ ਹਨ।



## ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ

**ਕਪੂਰਥਲਾ (ਮਨਜੀਤ ਮਾਨ)**- ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ ਨੇ ਕਿਸਾਨਾਂ ਨੂੰ ਝੋਨੇ ਦੇ ਮੌਜੂਦਾ ਖ਼ਰੀਦ ਸੀਜ਼ਨ ਦੌਰਾਨ ਮੰਡੀਆਂ ਵਿੱਚ 17 ਫ਼ੀਸਦੀ ਜਾਂ ਇਸ ਤੋਂ ਘੱਟ ਨਮੀ ਵਾਲਾ ਸੁੱਕਾ ਝੋਨਾ ਹੀ ਲੈ ਕੇ ਆਉਣ ਦੀ ਅਪੀਲ ਕੀਤੀ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਿਰਧਾਰਤ ਨਮੀ ਦੇ ਮਾਪਦੰਡਾਂ ਦੀ ਪਾਲਣਾ ਨਾਲ ਜ਼ਿਲ੍ਹੇ ਵਿੱਚ ਝੋਨੇ ਦੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਅਤੇ ਨਿਰਵਿਘਨ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਮਦਦ ਮਿਲੇਗੀ। ਉਨ੍ਹਾਂ ਦੱਸਿਆ ਕਿ ਕੰਬਾਈਨ ਹਾਰਵੈਸਟਰਾਂ ਨਾਲ ਝੋਨੇ ਦੀ ਕਟਾਈ ਕਰਨ ਦਾ ਸਮਾਂ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਨਿਰਧਾਰਤ ਕੀਤਾ ਗਿਆ ਹੈ ਅਤੇ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕੰਬਾਈਨਾਂ ਜ਼ਬਤ ਕਰਨ ਸਮੇਤ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨਿਰਧਾਰਤ ਨਮੀ ਦੇ ਮਾਪਦੰਡਾਂ ਅਨੁਸਾਰ ਝੋਨੇ ਦਾ ਇੱਕ-ਇੱਕ ਦਾਣਾ ਬਿਨਾਂ ਕਿਸੇ ਦੇਰੀ ਤੋਂ ਖ਼ਰੀਦਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) 2,461 ਰੁਪਏ ਪ੍ਰਤੀ ਕੁਇੰਟਲ ਤੈਅ ਕੀਤਾ ਗਿਆ ਹੈ।



## ਓਮਾਨ ਤੋਂ ਦੋ ਪੰਜਾਬੀ ਲੜਕੀਆਂ ਦੀ ਸੀਚੇਵਾਲ ਦੇ ਯਤਨਾਂ ਸਦਕਾ ਸੁਰੱਖਿਅਤ ਵਾਪਸੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਵਿਦੇਸ਼ਾਂ ਵਿੱਚ ਰੁਜ਼ਗਾਰ ਦੇ ਸੁਨਹਿਰੀ ਸੁਪਨੇ ਲੈ ਕੇ ਜਾਣ ਵਾਲੀਆਂ ਪੰਜਾਬ ਦੀਆਂ ਧੀਆਂ ਨੂੰ ਕਈ ਵਾਰ ਏਜੰਟਾਂ ਅਤੇ ਵਿਚੋਲਿਆਂ ਦੇ ਧੋਖੇ, ਸ਼ੋਸ਼ਣ ਅਤੇ ਤਸ਼ੱਦਦ ਦਾ ਸਾਹਮਣਾ ਕਰਨਾ ਪੈਂਦਾ ਹੈ। ਅਜਿਹੇ ਹੀ ਦੁਖਦਾਈ ਹਾਲਾਤ ਵਿੱਚ ਓਮਾਨ ਦੇ ਮਸਕਟ ਵਿੱਚ ਫਸੀਆਂ ਜਲੰਧਰ ਅਤੇ ਕਪੂਰਥਲਾ ਜ਼ਿਲ੍ਹਿਆਂ ਨਾਲ ਸੰਬੰਧਤ ਦੋ ਪੰਜਾਬੀ ਲੜਕੀਆਂ ਦੀ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਯਤਨਾਂ ਸਦਕਾ ਸੁਰੱਖਿਅਤ ਭਾਰਤ ਵਾਪਸੀ ਹੋਈ ਹੈ। ਇਨ੍ਹਾਂ ਦੋਵੇਂ ਮਾਮਲਿਆਂ ਵਿੱਚ ਇੰਨ੍ਹਾਂ ਲੜਕੀਆਂ ਨੂੰ ਓਮਾਨ ਲੈ ਜਾਣ ਵਿੱਚ ਲੜਕੀਆਂ ਹੀ ਟ੍ਰੈਵਲ ਏਜੰਟ ਵਜੋਂ ਵਿਚਰ ਰਹੀਆਂ ਸਨ। ਦੋਹਾਂ ਪਰਵਾਰਾਂ ਨੇ ਪੁਲਸ ਕੋਲ ਵੀ ਸ਼ਿਕਾਇਤਾਂ ਦਰਜ ਕਰਵਾਈਆਂ ਹਨ। ਇਹਨਾਂ ਲੜਕੀਆਂ ਦਾ ਕਹਿਣਾ ਸੀ ਕਿ ਉਹਨਾਂ ਨੂੰ ਮੁੰਬਈ ਏਅਰਪੋਰਟ ਤੋਂ ਓਮਾਨ ਲਿਜਾਇਆ ਗਿਆ।ਦੋਵਾਂ ਲੜਕੀਆਂ ਦੇ ਪਰਵਾਰਾਂ ਵੱਲੋਂ ਸੰਤ ਸੀਚੇਵਾਲ ਨੂੰ ਲਿਖਤੀ ਅਰਜ਼ੀਆਂ ਦੇ ਕੇ ਆਪਣੀਆਂ ਧੀਆਂ ਨੂੰ ਓਮਾਨ ਤੋਂ ਸੁਰੱਖਿਅਤ ਵਾਪਸ ਲਿਆਉਣ ਲਈ ਮਦਦ ਦੀ ਗੁਹਾਰ ਲਗਾਈ ਗਈ ਸੀ। ਪਰਵਾਰਾਂ ਵੱਲੋਂ ਦਿੱਤੀਆਂ ਅਰਜ਼ੀਆਂ ਵਿੱਚ ਓਮਾਨ ਵਿੱਚ ਉਨ੍ਹਾਂ ਦੀਆਂ ਧੀਆਂ ਨਾਲ ਹੋ ਰਹੇ ਸ਼ੋਸ਼ਣ, ਕੁੱਟਮਾਰ, ਧਮਕੀਆਂ ਅਤੇ ਵਾਪਸੀ ਲਈ ਪੈਸਿਆਂ ਦੀ ਮੰਗ ਸਬੰਧੀ ਗੰਭੀਰ ਦੋਸ਼ ਲਗਾਏ ਗਏ ਸਨ।ਜਲੰਧਰ ਜ਼ਿਲ੍ਹੇ ਨਾਲ ਸੰਬੰਧਤ ਲੜਕੀ ਦੇ ਪਰਵਾਰ ਨੇ ਦੱਸਿਆ ਕਿ ਉਨ੍ਹਾਂ ਦੀ ਧੀ ਨੂੰ ਓਮਾਨ ਵਿੱਚ ਬਿਊਟੀ ਪਾਰਲਰ ਵਿੱਚ ਨੌਕਰੀ ਅਤੇ ਲਗਭਗ 35 ਹਜ਼ਾਰ ਰੁਪਏ ਮਹੀਨਾਵਾਰ ਤਨਖਾਹ ਦਾ ਭਰੋਸਾ ਦੇ ਕੇ ਮਸਕਟ ਭੇਜਿਆ ਗਿਆ ਸੀ। ਪਰ ਉੱਥੇ ਪਹੁੰਚਣ ਤੋਂ ਬਾਅਦ ਉਸ ਨੂੰ ਪਾਰਲਰ ਦੇ ਕੰਮ ਦੀ ਬਜਾਏ ਗਲਤ ਕੰਮਾਂ ਵੱਲ ਧੱਕਣ ਦੀ ਕੋਸ਼ਿਸ਼ ਕੀਤੀ ਗਈ। ਵਿਰੋਧ ਕਰਨ 'ਤੇ ਉਸ ਨਾਲ ਕੁੱਟਮਾਰ ਅਤੇ ਮਾਨਸਿਕ ਤਸ਼ੱਦਦ ਕੀਤਾ ਗਿਆ। ਪਰਵਾਰ ਨੇ ਇਹ ਵੀ ਦੋਸ਼ ਲਗਾਇਆ ਕਿ ਲੜਕੀ ਦਾ ਪਾਸਪੋਰਟ ਖੋਹ ਲਿਆ ਗਿਆ ਅਤੇ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਤੱਕ ਦਿੱਤੀਆਂ ਗਈਆਂ। ਮਰੀਅਮ ਉਨ੍ਹਾਂ ਕੋਲੋਂ ਕਦੇ 20 ਹਾਜ਼ਰ ਕਦੇ 35 ਹਾਜ਼ਰ ਮੰਗਵਾਉਂਦੀ ਰਹੀ। ਏਸੇ ਤਰ੍ਹਾਂ ਆਪਣੀ ਧੀ ਦੀ ਓਮਾਨ ਵਿੱਚ ਸਲਾਮਤੀ ਲਈ ਆਪਣਾ ਮੋਟਰਸਾਈਕਲ ਵੇਚਣਾ ਪਿਆ।ਪਰਵਾਰ ਨੇ 1 ਜੁਲਾਈ ਨੂੰ ਸੰਤ ਸੀਚੇਵਾਲ ਦੇ ਦਫ਼ਤਰ ਨਾਲ ਸੰਪਰਕ ਕਰਕੇ ਆਪਣੀ ਧੀ ਦੀ ਸੁਰੱਖਿਅਤ ਵਾਪਸੀ ਲਈ ਮਦਦ ਦੀ ਅਪੀਲ ਕੀਤੀ ਸੀ। ਲਗਾਤਾਰ ਯਤਨਾਂ ਤੋਂ ਬਾਅਦ ਲੜਕੀ 7 ਸਤੰਬਰ ਨੂੰ ਸੁਰੱਖਿਅਤ ਆਪਣੇ ਪਰਵਾਰ ਕੋਲ ਭਾਰਤ ਵਾਪਸ ਪਹੁੰਚ ਗਈ।ਇਸੇ ਤਰ੍ਹਾਂ ਕਪੂਰਥਲਾ ਜ਼ਿਲ੍ਹੇ ਨਾਲ ਸੰਬੰਧਤ ਦੂਜੀ ਲੜਕੀ ਦੇ ਪਰਵਾਰ ਨੇ ਦੱਸਿਆ ਕਿ ਉਨ੍ਹਾਂ ਦੀ ਧੀ ਉਹਨਾਂ ਦੇ ਪਿੰਡ ਦੀ ਰਹਿਣ ਵਾਲੀ ਅੰਜੂ ਨਾਂਅ ਦੀ ਲੜਕੀ ਰਾਹੀ ਓਮਾਨ ਵਿੱਚ ਘਰੇਲੂ ਕੰਮ ਕਰਨ ਲਈ ਭੇਜਿਆ ਗਿਆ ਸੀ। ਪਰਵਾਰ ਅਨੁਸਾਰ, ਸ਼ੁਰੂ ਵਿੱਚ ਲਗਭਗ ਦੋ ਮਹੀਨੇ ਤੱਕ ਸਭ ਕੁਝ ਠੀਕ ਰਿਹਾ, ਪਰ ਬਾਅਦ ਵਿੱਚ ਲੜਕੀ ਦੀ ਸਿਹਤ ਖਰਾਬ ਹੋ ਗਈ ਅਤੇ ਉਸ ਨੂੰ ਲੋੜੀਂਦਾ ਇਲਾਜ ਅਤੇ ਦਵਾਈਆਂ ਨਹੀਂ ਮਿਲੀਆਂ। ਪਰਵਾਰ ਨੇ ਦੋਸ਼ ਲਗਾਇਆ ਕਿ ਲੜਕੀ ਨੂੰ ਭਾਰਤ ਵਾਪਸ ਭੇਜਣ ਲਈ ਉਨ੍ਹਾਂ ਕੋਲੋਂ ਇੱਕ ਲੱਖ ਰੁਪਏ ਦੀ ਮੰਗ ਕੀਤੀ ਗਈ ਅਤੇ ਪੈਸੇ ਨਾ ਦੇਣ ਦੀ ਸੂਰਤ ਵਿੱਚ ਵਾਪਸ ਨਾ ਭੇਜਣ ਦੀਆਂ ਧਮਕੀਆਂ ਦਿੱਤੀਆਂ ਗਈਆਂ। ਪਰਵਾਰ ਨੇ ਆਪਣਾ ਘਰ ਅਤੇ ਜਾਇਦਾਦ ਗਿਰਵੀ ਰੱਖ ਕੇ ਇੱਕ ਲੱਖ ਰੁਪਏ ਦਾ ਪ੍ਰਬੰਧ ਕਰਕੇ ਸੰਬੰਧਤ ਵਿਅਕਤੀਆਂ ਨੂੰ ਦਿੱਤੇ। ਇਸ ਦੇ ਬਾਵਜੂਦ ਹੋਰ ਪੈਸਿਆਂ ਦੀ ਮੰਗ ਕੀਤੀ ਗਈ ਅਤੇ ਪਰਵਾਰ 'ਤੇ ਹੋਰ ਲੜਕੀਆਂ ਭੇਜਣ ਲਈ ਵੀ ਦਬਾਅ ਪਾਇਆ ਗਿਆ।ਕਪੂਰਥਲਾ ਜ਼ਿਲ੍ਹੇ ਦੇ ਪਰਵਾਰ ਨੇ 11 ਅਗਸਤ ਨੂੰ ਸੰਤ ਬਲਬੀਰ ਸਿੰਘ ਸੀਚੇਵਾਲ ਕੋਲ ਪਹੁੰਚ ਕਰਕੇ ਆਪਣੀ ਧੀ ਦੀ ਸੁਰੱਖਿਅਤ ਵਾਪਸੀ ਲਈ ਮਦਦ ਦੀ ਅਪੀਲ ਕੀਤੀ ਸੀ। ਸੰਤ ਸੀਚੇਵਾਲ ਦੇ ਯਤਨਾਂ ਤੋਂ ਬਾਅਦ ਇਹ ਲੜਕੀ 23 ਅਗਸਤ ਨੂੰ ਸੁਰੱਖਿਅਤ ਭਾਰਤ ਵਾਪਸ ਆ ਗਈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਵਿਦੇਸ਼ ਵਿੱਚ ਨੌਕਰੀ ਦੇ ਨਾਂ 'ਤੇ ਮਨੁੱਖੀ ਤਸਕਰੀ ਅਤੇ ਸ਼ੋਸ਼ਣ ਦੇ ਮਾਮਲੇ ਬਹੁਤ ਚਿੰਤਾਜਨਕ ਹਨ। ਸਰਕਾਰਾਂ ਨੂੰ ਅਜਿਹੇ ਮਾਮਲਿਆਂ ਵਿੱਚ ਤੁਰੰਤ ਅਤੇ ਪ੍ਰਭਾਵਸ਼ਾਲੀ ਕਾਰਵਾਈ ਕਰਨੀ ਚਾਹੀਦੀ ਹੈ। ਲੋਕਾਂ ਨੂੰ ਵੀ ਵਿਦੇਸ਼ ਭੇਜਣ ਤੋਂ ਪਹਿਲਾਂ ਏਜੰਟ, ਵੀਜ਼ਾ, ਨੌਕਰੀ ਅਤੇ ਕੰਮ ਦੇ ਸਥਾਨ ਦੀ ਪੂਰੀ ਪੜਤਾਲ ਕਰਨੀ ਚਾਹੀਦੀ ਹੈ। ਸੰਤ ਬਲਬੀਰ ਸਿੰਘ ਸੀਚੇਵਾਲ ਦੇ ਦਖਲ ਨਾਲ ਹੁਣ ਤੱਕ ਕਰੀਬ 190 ਲੜਕੀਆਂ ਨੂੰ ਸੁਰੱਖਿਅਤ ਭਾਰਤ ਵਾਪਸ ਲਿਆਂਦਾ ਜਾ ਚੁੱਕਾ ਹੈ। ਇਨ੍ਹਾਂ ਵਿੱਚ ਵੱਖ-ਵੱਖ ਦੇਸ਼ਾਂ ਵਿੱਚ ਫਸੀਆਂ ਜਾਂ ਸ਼ੋਸ਼ਣ ਦਾ ਸ਼ਿਕਾਰ ਹੋਈਆਂ ਲੜਕੀਆਂ ਸ਼ਾਮਲ ਹਨ।



## ਸ੍ਰੀ ਸੁਖਮਨੀ ਸਾਹਿਬ ਸੁਸਾਇਟੀ ਦੀ ਤਰਫੋਂ ਮੇਅਰ ਸਰਬਜੀਤ ਸਿੰਘ ਸਮਾਣਾ ਦਾ ਵਿਸ਼ੇਸ਼ ਸਨਮਾਨ

**ਮੋਹਾਲੀ (ਗੁਰਜੀਤ ਬਿੱਲਾ)**- ਸ੍ਰੀ ਸੁਖਮਨੀ ਸਾਹਿਬ ਸੁਸਾਇਟੀ ਸੈਕਟਰ -70 ਦੀਆਂ ਬੀਬੀਆਂ ਵੱਲੋਂ ਵਿਸ਼ੇਸ਼ ਤੌਰ 'ਤੇ ਸਰਬਜੀਤ ਸਿੰਘ ਸਮਾਣਾ ਮੇਅਰ ਨਗਰ ਨਿਗਮ ਦਾ ਸਨਮਾਨ ਕਰਨ ਦੇ ਲਈ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸਨਮਾਨ ਭਾਵੇਂ ਸਾਨੂੰ ਬਾਹਰੋਂ ਜਿੰਨੇ ਵੀ ਮਿਲਣ, ਪ੍ਰੰਤੂ ਜੋ ਸਨਮਾਨ ਸਾਨੂੰ ਸਾਡੇ ਭਾਈਚਾਰੇ ਵਿੱਚੋਂ, ਸਾਡੇ ਏਰੀਏ ਦੇ ਵਿੱਚੋਂ ਮਿਲਦਾ ਹੈ, ਉਸ ਦਾ ਕੋਈ ਮੁੱਲ ਨਹੀਂ ਹੈ। ਸਰਬਜੀਤ ਸਿੰਘ ਦਾ 70 ਸੈਕਟਰ ਦੇ ਵਿੱਚ ਸਹੁਰਾ ਪਰਵਾਰ ਹੈ, ਅਤੇ ਸਰਬਜੀਤ ਸਿੰਘ ਦੇ ਮੇਅਰ ਬਣਨ ਦੀ ਖੁਸ਼ੀ ਵਿੱਚ ਸਨਮਾਨ ਸਮਾਰੋਹ ਰੱਖਿਆ ਗਿਆ ਹੈ। ਇਸ ਦੇ ਲਈ ਅਸੀਂ ਹਮੇਸ਼ਾ ਸੈਕਟਰ 70 ਦੇ ਨਿਵਾਸੀਆਂ ਦੇ ਰਿਣੀ ਰਹਾਂਗੇ, ਜਿਨਾਂ ਨੇ ਸਰਬਜੀਤ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਹੈ। ਵਿਧਾਇਕ ਕੁਲਵੰਤ ਸਿੰਘ ਸੈਕਟਰ 70 ਵਿਖੇ ਸ੍ਰੀ ਸੁਖਮਨੀ ਸਾਹਿਬ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਮੋਹਾਲੀ ਨਗਰ ਨਿਗਮ ਦੇ ਚੁਣੇ ਗਏ ਮੇਅਰ ਸਰਬਜੀਤ ਸਿੰਘ ਸਮਾਣਾ ਦੇ ਸਨਮਾਨ ਸਮਾਰੋਹ 'ਚ ਰੱਖੇ ਗਏ ਇੱਕ ਵਿਸ਼ੇਸ਼ ਸਮਾਗਮ ਦੇ ਵਿੱਚ ਸ਼ਿਰਕਤ ਕਰਨ ਲਈ ਪੁੱਜੇ ਹੋਏ ਸਨ। ਉਨ੍ਹਾ ਕਿਹਾ ਕਿ ਉਹਨਾਂ ਨੇ ਬਤੌਰ ਮੇਅਰ ਹੁੰਦਿਆਂ ਬਲੌਂਗੀ ਤੋਂ ਬਾਵਾ ਵਾਈਟ ਹਾਊਸ ਵੱਲ ਨੂੰ ਜਾਂਦੀ ਸੜਕ ਵਿੱਚ ਨਵੀਂ ਸੀਵਰੇਜ ਲਾਈਨ ਪਵਾਈ, 26 ਕਰੋੜ ਦੀ ਲਾਗਤ ਨਾਲ ਇਸ ਲਾਈਨ ਨੂੰ ਠੀਕ ਕਰਵਾਇਆ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੋਹਾਲੀ 'ਚ ਹੋਰ ਵੀ ਜਿਹੜੀਆਂ ਅੰਡਰਗਰਾਊਂਡ ਪਾਈਪਾਂ ਹਨ , ਇਹਨਾਂ ਸਭ ਨੂੰ ਲੇਟੈਸਟ ਟੈਕਨੀਕ ਨਾਲ ਚੈੱਕ ਕੀਤਾ ਜਾ ਰਿਹਾ ਹੈ, ਅਤੇ ਜਿੱਥੇ-ਜਿੱਥੇ ਵੀ ਪਾਈਪਾਂ ਬਦਲੀਆਂ ਜਾਣਗੀਆਂ ਜਾਣੀਆਂ ਚਾਹੀਦੀਆਂ ਹਨ, ਉਸ ਨੂੰ ਤੁਰੰਤ ਬਦਲਿਆ ਜਾਵੇਗਾ। ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਸੈਕਟਰ 70 ਵੱਲੋਂ ਕਰਵਾਏ ਗਏ ਸਨਮਾਨ ਸਮਾਰੋਹ ਦੇ ਦੌਰਾਨ ਮੈਡਮ ਰਵੀਦੀਪ ਰਾਣਾ, ਰਾਮਤੇਸ਼ ਸਿੰਘ ਬੈਂਸ ਰਿਟਾ. ਚੀਫ ਇੰਜ਼, ਜਸਪ੍ਰੀਤ ਕੌਰ ਪ੍ਰਿੰਸੀਪਲ ਸਰਕਾਰੀ ਕਾਲਜ ਮੋਹਾਲੀ, ਐਡਵੋਕੇਟ ਟੀ.ਪੀ. ਸਿੰਘ, ਪ੍ਰਿਥੀ ਚੰਦ ਰਿਟਾ ਆਈ ਏ ਐਸ , ਨਿਰਮਲ ਸਿੰਘ ਰਿਟਾ ਚੀਫ਼ ਇਲੈਕਟਰੀਕਲ ਪੰਜਾਬ, ਐਚ.ਪੀ. ਸਿੰਘ ਰਾਇਲ ਪ੍ਰਾਪਰਟੀ, ਐੱਸ.ਐੱਸ. ਘੁੰਮਣ ਰਿਟਾ ਐਕਸੀਅਨ, ਆਰ.ਪੀ. ਸ਼ਰਮਾ ਸੀਨੀਅਰ ਡਿਪਟੀ ਮੇਅਰ, ਹਰਪਾਲ ਸਿੰਘ ਚੰਨਾ ਡਿਪਟੀ ਮੇਅਰ, ਕੁਲਦੀਪ ਸਿੰਘ ਸਮਾਣਾ, ਫੂਲਰਾਜ ਸਿੰਘ -ਸਟੇਟ ਅਵਾਰਡੀ, ਰਣਦੀਪ ਸਿੰਘ, ਦਰਸ਼ਨ ਸਿੰਘ, ਸਤਵਿੰਦਰ ਸਿੰਘ, ਤਰਲੋਚਨ ਸਿੰਘ, ਜਸਪਾਲ ਸਿੰਘ, ਗੋਵੀ ਮਾਵੀ, ਜਗਦੇਵ ਸ਼ਰਮਾ, ਵੀ ਹਾਜ਼ਰ ਸਨ।

